30-DEC-PAGE-1.qxd 12/29/2024 9:52 PM Page 1

ਸੋਮਵਾਰ, 30 ਦਸੰਬਰ, 2024
16 ਪੋਹ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 210

# ਨਵਾਂ ਜ਼ਮਾਨਾ

DAILY NAWAN ZAMANA • MONDAY, 30 DECEMBER, 2024
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ   Regd. No : L-4/Pb-JL-0023/2024-26, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12

# ਜਹਾਜ਼ ਕੰਧ 'ਚ ਵੱਜਾ, 179 ਮੌਤਾਂ

**ਸਿਓਲ** : ਦੱਖਣੀ ਕੋਰੀਆ 'ਚ ਐਤਵਾਰ ਸਵੇਰੇ ਭਿਆਨਕ ਹਾਦਸੇ 'ਚ 179 ਲੋਕਾਂ ਦੀ ਮੌਤ ਹੋ ਗਈ, ਜਦੋਂ ਬੈਂਕਾਕ ਤੋਂ 181 ਲੋਕਾਂ ਨੂੰ ਲੈ ਕੇ ਆਇਆ ਜਹਾਜ਼ ਰਾਜਧਾਨੀ ਸਿਓਲ ਤੋਂ ਲੱਗਭੱਗ 290 ਕਿੱਲੋਮੀਟਰ ਦੱਖਣ 'ਚ ਮੁਆਨ ਏਅਰਪੋਰਟ 'ਤੇ ਉਤਰਨ ਵੇਲੇ ਰਨਵੇਅ ਤੋਂ ਫਿਸਲ ਕੇ ਕੰਧ ਨਾਲ ਟਕਰਾਅ ਗਿਆ।

ਹਵਾਈ ਅੱਡੇ ਦੇ ਅਧਿਕਾਰੀਆਂ ਦੇ ਹਵਾਲੇ ਨਾਲ ਇੱਕ ਰਿਪੋਰਟ 'ਚ ਕਿਹਾ ਗਿਆ ਹੈ ਕਿ ਪਾਇਲਟ ਨੇ ਰੂਟੀਨ ਲੈਂਡਿੰਗ ਦੀ ਕੋਸ਼ਿਸ਼ ਨਾਕਾਮ ਹੋਣ ਤੋਂ ਬਾਅਦ ਕਰੈਸ਼ ਲੈਂਡਿੰਗ ਦੀ ਕੋਸ਼ਿਸ਼ ਕੀਤੀ। ਦੱਸਿਆ ਜਾ ਰਿਹਾ ਹੈ ਕਿ ਇੱਕ ਪੰਛੀ ਦੇ ਟਕਰਾਉਣ ਕਾਰਨ ਜਹਾਜ਼ ਦੀ ਲੈਂਡਿੰਗ 'ਚ ਦਿੱਕਤ ਆਈ। ਜਿਵੇਂ ਹੀ ਪੰਛੀ ਟਕਰਾਇਆ, ਜਹਾਜ਼ ਦਾ ਲੈਂਡਿੰਗ ਗੀਅਰ ਖਰਾਬ ਹੋ ਗਿਆ। ਜਹਾਜ਼ ਨੇ ਬਿਨਾਂ ਲੈਂਡਿੰਗ ਗੀਅਰ ਦੇ ਉਤਰਨ ਦੀ ਕੋਸ਼ਿਸ਼ ਕੀਤੀ ਅਤੇ ਫਿਸਲ ਗਿਆ।

ਟਰਾਂਸਪੋਰਟ ਮੰਤਰਾਲੇ ਨੇ ਦੱਸਿਆ ਕਿ ਜੇਜੂ ਏਅਰ ਦਾ ਬੋਇੰਗ 737-800 ਜੈੱਟ 15 ਸਾਲ ਪੁਰਾਣਾ ਸੀ। ਬਚਾਅਕਾਰੀ ਸਿਰਫ ਦੋ ਪਾਇਲਟਾਂ ਨੂੰ ਹੀ ਬਚਾਅ ਸਕੇ। ਅੱਗ ਬੁਝਾਉਣ ਲਈ 32 ਫਾਇਰ ਟਰੱਕ ਤੇ ਕਈ ਹੈਲੀਕਾਪਟਰ ਲਾਏ ਗਏ। ਲੱਗਭੱਗ 1560 ਬਚਾਅਕਾਰੀ ਮੌਕੇ 'ਤੇ



ਤਾਇਨਾਤ ਕੀਤੇ ਗਏ। ਦੱਖਣੀ ਕੋਰੀਆਈ ਟੀ ਵੀ ਚੈਨਲਾਂ ਮੁਤਾਬਕ ਜਹਾਜ਼ ਪੱਟੀ ਤੋਂ ਫਿਸਲਣ ਵੇਲੇ ਹਾਈ ਸਪੀਡ 'ਚ ਸੀ ਤੇ ਲੈਂਡਿੰਗ ਗੀਅਰ ਨਾ ਖੁੱਲ੍ਹਣ ਕਾਰਨ ਪੱਟੀ ਤੋਂ ਪਾਸੇ ਜਾ ਕੇ ਕੰਧ 'ਚ ਵੱਜਾ। ਇਸ ਤੋਂ ਬਾਅਦ ਧਮਾਕਾ ਹੋ ਗਿਆ।

ਮੁਆਨ ਫਾਇਰ ਸਟੇਸ਼ਨ ਦੇ ਮੁਖੀ ਲੀ ਜਿਓਂਗ-ਹਾਈਓਨ ਨੇ ਦੱਸਿਆ ਕਿ ਜਹਾਜ਼ ਪੂਰੀ ਤਰ੍ਹਾਂ ਤਬਾਹ ਹੋ ਗਿਆ। ਸਿਰਫ ਪੂੰਛ ਹੀ ਬਚੀ। ਟਰਾਂਸਪੋਰਟ ਮੰਤਰਾਲੇ ਦੇ ਅਧਿਕਾਰੀਆਂ ਨੇ ਕਿਹਾ ਕਿ ਸੰਚਾਰ ਰਿਕਾਰਡ ਦੇ ਸ਼ੁਰੂਆਤੀ ਜਾਇਜ਼ੇ ਤੋਂ ਪਤਾ ਲੱਗਦਾ ਹੈ ਕਿ ਏਅਰਪੋਰਟ ਕੰਟਰੋਲ ਟਾਵਰ ਨੇ ਜਹਾਜ਼ ਨੂੰ ਉਤਰਨ ਤੋਂ ਪਹਿਲਾਂ ਪੰਛੀਆਂ ਦੇ ਟਕਰਾਉਣ ਬਾਰੇ ਖਬਰਦਾਰ ਕੀਤਾ ਸੀ ਤੇ ਕਿਸੇ ਹੋਰ ਇਲਾਕੇ 'ਚ

● ਬਾਕੀ ਸਫ਼ਾ 2 'ਤੇ

## ਕੈਨੇਡਾ 'ਚ ਵੀ ਜਹਾਜ਼ ਫਿਸਲਿਆ

**ਓਟਾਵਾ** : ਕੈਨੇਡਾ ਦੇ ਹੈਲੀਫੈਕਸ ਏਅਰਪੋਰਟ 'ਤੇ ਰਨਵੇਅ ਤੋਂ ਫਿਸਲਣ ਕਾਰਨ ਲੈਂਡਿੰਗ ਗੀਅਰ 'ਚ ਖਰਾਬੀ ਆਉਣ 'ਤੇ ਏਅਰ ਕੈਨੇਡਾ ਦੇ ਜਹਾਜ਼ ਦੇ ਇੱਕ ਹਿੱਸੇ 'ਚ ਅੱਗ ਲੱਗ ਗਈ, ਪਰ ਜਾਨੀ ਨੁਕਸਾਨ ਤੋਂ ਬਚਾਅ ਰਿਹਾ। ਏਅਰ ਕੈਨੇਡਾ ਦੀ ਫਲਾਈਟ 2259, ਜੋ ਪੀ ਏ ਐੱਲ ਏਅਰਲਾਈਨਜ਼ ਵੱਲੋਂ ਚਲਾਈ ਜਾਂਦੀ ਹੈ, ਸੇਂਟ ਜੌਨਜ਼, ਨਿਊਫਾਊਂਡਲੈਂਡ ਤੋਂ ਪਹੁੰਚੀ ਸੀ। ਸ਼ੁਰੂਆਤੀ ਰਿਪੋਰਟਾਂ ਅਨੁਸਾਰ ਹਾਦਸਾ ਉਦੋਂ ਵਾਪਰਿਆ, ਜਦੋਂ ਜਹਾਜ਼ ਰਨਵੇਅ ਨੂੰ ਛੂਹ ਗਿਆ, ਪਰ ਟਾਇਰ ਸਹੀ ਤਰ੍ਹਾਂ ਡਿਫਲੇਟ ਨਹੀਂ ਹੋਇਆ। ਇਸ ਕਾਰਨ ਜਹਾਜ਼ ਸੰਤੁਲਨ ਗੁਆ ਬੈਠਾ ਅਤੇ ਇਕ ਵਿੰਗ ਟਾਰਮੈਕ ਨਾਲ ਰਗੜਨਾ ਸ਼ੁਰੂ ਹੋ ਗਿਆ, ਜਿਸ ਕਾਰਨ ਅੱਗ ਲੱਗ ਗਈ।

# ਫਾਸ਼ੀਵਾਦੀ ਸੋਚ ਕਾਰਨ ਸਰਕਾਰ ਨੇ ਸਾਬਕਾ ਪ੍ਰਧਾਨ ਮੰਤਰੀ ਦਾ ਅੰਤਮ ਸੰਸਕਾਰ ਰਾਜਘਾਟ ਵਿਖੇ ਨਹੀਂ ਹੋਣ ਦਿੱਤਾ : ਸੀ ਪੀ ਆਈ

**ਚੰਡੀਗੜ੍ਹ** : ਮੋਦੀ ਸਰਕਾਰ ਵੱਲੋਂ ਰਹਿ ਚੁੱਕੇ ਸੰਸਾਰ ਪ੍ਰਸਿੱਧ ਭਾਰਤੀ ਪ੍ਰਧਾਨ ਮੰਤਰੀ ਸਰਦਾਰ ਮਨਮੋਹਨ ਸਿੰਘ ਦੇ ਮ੍ਰਿਤਕ ਸਰੀਰ ਦਾ ਰਾਜਘਾਟ ਵਿਖੇ ਅੰਤਿਮ ਸੰਸਕਾਰ ਕਰਨ ਦੀ ਇਜਾਜ਼ਤ ਨਾ ਦੇਣ ਦੀ ਸੀ ਪੀ ਆਈ ਨੇ ਸਖਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ।

ਪੰਜਾਬ ਸੀ ਪੀ ਆਈ ਦੇ ਸਕੱਤਰ ਸਾਥੀ ਬੰਤ ਸਿੰਘ ਬਰਾੜ ਨੇ ਕਿਹਾ ਕਿ ਜਦੋਂ ਭਾਰਤ ਦੇ ਸਾਰੇ ਪ੍ਰਧਾਨ ਮੰਤਰੀਆਂ ਦੇ ਅੰਤਿਮ ਸੰਸਕਾਰ ਰਾਜਘਾਟ ਵਿਖੇ ਕੀਤੇ ਗਏ ਹੋਣ ਅਤੇ ਉਥੇ ਹੀ ਉਹਨਾਂ ਦੀਆਂ ਯਾਦਾਂ ਵਿਚ ਸਮਾਧੀਆਂ ਸਥਾਪਤ ਕੀਤੀਆਂ ਗਈਆਂ ਹਨ ਤਾਂ ਸਰਦਾਰ ਮਨਮੋਹਨ ਸਿੰਘ ਪ੍ਰਤੀ ਕੇਂਦਰੀ ਸਰਕਾਰ ਦਾ ਇਹ ਵਤੀਰਾ ਅਤੀ ਨਿੰਦਣਯੋਗ ਹੈ। ਸਰਦਾਰ ਮਨਮੋਹਨ ਸਿੰਘ ਦੀ ਮ੍ਰਿਤਕ ਦੇਹ ਦਾ ਅੰਤਿਮ ਸੰਸਕਾਰ ਨਿਗਮਬੋਧ ਘਾਟ ਵਿਖੇ ਕਰਵਾ ਕੇ ਕੇਂਦਰ ਦੀ ਭਾਜਪਾ ਦੀ ਅਗਵਾਈ ਵਾਲੀ ਐੱਨ ਡੀ ਏ ਦੀ ਸਰਕਾਰ ਨੇ ਆਪਣੀ ਘਟੀਆ ਅਤੇ ਬਹੁਤ ਹੀ ਨੀਵੀਂ ਪੱਧਰ ਦੀ ਮਾਨਸਿਕਤਾ ਦਾ ਪ੍ਰਗਟਾਵਾ ਕੀਤਾ ਹੈ।

ਸਾਥੀ ਬਰਾੜ ਨੇ ਕਿਹਾ ਕਿ ਸਰਦਾਰ ਮਨਮੋਹਨ ਸਿੰਘ ਦੀ ਸਰਕਾਰ ਜਿਸ ਵਿਚ ਸੀ ਪੀ ਆਈ ਵੀ ਸ਼ਾਮਲ ਸੀ, ਨੇ ਕਈ ਮਹੱਤਵਪੂਰਨ ਫੈਸਲੇ ਲਏ ਸਨ, ਜਿਵੇਂ ਮਨਰੇਗਾ, ਸੂਚਨਾ ਦਾ ਅਧਿਕਾਰ, ਖੁਰਾਕ ਸੁਰੱਖਿਆ ਕਾਨੂੰਨ, ਵਿੱਦਿਆ ਦੇ ਅਧਿਕਾਰ ਆਦਿ ਸੰਬੰਧੀ ਕਾਨੂੰਨ ਸਥਾਪਤ ਕੀਤੇ ਗਏ। ਆਰ ਐੱਸ ਐੱਸ ਦੀ ਵਿਚਾਰਧਾਰਾ ਨਾਲ ਪ੍ਰਣਾਈ ਹੋਈ ਕੇਂਦਰ ਦੀ ਮੋਦੀ ਸਰਕਾਰ, ਜਿਹੜੀ ਪਹਿਲਾਂ ਹੀ ਘੱਟ-ਗਿਣਤੀਆਂ ਵਿਰੁੱਧ, ਫੈਡਰਲ ਢਾਂਚੇ ਨੂੰ ਨਸ਼ਟ ਕਰਨ ਅਤੇ ਸੰਵਿਧਾਨ ਨੂੰ ਖਤਮ ਕਰਨ ਲਈ ਤਰਲੋਮੱਛੀ ਹੋ ਰਹੀ ਹੈ ਤੇ ਸੰਵਿਧਾਨ ਦੇ ਘਾੜੇ ਬਾਬਾ ਭੀਮ ਰਾਓ ਅੰਬੇਦਕਰ ਸਾਹਿਬ ਦੀ ਬੇਅਦਬੀ ਕਰ ਰਹੀ ਹੈ, ਨੇ ਹੁਣ ਸਵਰਗਵਾਸੀ ਪ੍ਰਧਾਨ ਮੰਤਰੀ ਸਰਦਾਰ ਮਨਮੋਹਨ ਸਿੰਘ ਦੇ ਸਸਕਾਰ ਸਮੇਂ ਅਜਿਹਾ ਘਟੀਆ ਵਤੀਰਾ ਅਪਣਾ ਕੇ ਜਿਥੇ ਸਮੁੱਚੇ ਸੈਕੂਲਰ ਅਤੇ ਜਮਹੂਰੀਪਸੰਦ ਸ਼ਕਤੀਆਂ ਦੇ ਮਨਾਂ 'ਤੇ ਜ਼ੋਰਦਾਰ ਸੱਟ ਮਾਰੀ ਹੈ, ਉਥੇ ਸਮੁੱਚੇ ਪੰਜਾਬੀਆਂ ਦੀਆਂ ਭਾਵਨਾਵਾਂ ਨੂੰ ਵੀ ਗੰਭੀਰ ਰੂਪ ਵਿਚ ਜ਼ਖਮੀ ਕੀਤਾ ਹੈ।

# ਡਾਕਟਰ ਮਨਮੋਹਨ ਸਿੰਘ ਦੀਆਂ ਅਸਥੀਆਂ ਜਲ ਪ੍ਰਵਾਹ



**ਨਵੀਂ ਦਿੱਲੀ** : ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦੇ ਪਰਵਾਰ ਨੇ ਉਨ੍ਹਾ ਦੀਆਂ ਅਸਥੀਆਂ ਸਿੱਖ ਰਹੁ-ਰੀਤਾਂ ਮੁਤਾਬਕ ਐਤਵਾਰ ਮਜਨੂੰ ਕਾ ਟਿਲਾ ਗੁਰਦੁਆਰੇ ਨੇੜੇ ਯਮੁਨਾ ਨਦੀ ਵਿੱਚ ਜਲ ਪ੍ਰਵਾਹ ਕਰ ਦਿੱਤੀਆਂ। ਪਰਵਾਰ ਨੇ ਸਵੇਰੇ ਨਿਗਮਬੋਧ ਘਾਟ ਤੋਂ ਅਸਥੀਆਂ ਇਕੱਠੀਆਂ ਕੀਤੀਆਂ ਤੇ 'ਅਸਥ ਘਾਟ' ਉੱਤੇ ਲਿਜਾ ਕੇ ਯਮੁਨਾ ਨਦੀ ਵਿੱਚ ਜਲ ਪ੍ਰਵਾਹ ਕਰ ਦਿੱਤੀਆਂ। ਇਸ ਮੌਕੇ ਉਨ੍ਹਾ ਦੀ ਪਤਨੀ ਗੁਰਸ਼ਰਨ ਕੌਰ ਤੇ ਤਿੰਨੋਂ ਧੀਆਂ ਉਪਿੰਦਰ ਸਿੰਘ, ਦਮਨ ਸਿੰਘ ਤੇ ਅੰਮ੍ਰਿਤ ਸਿੰਘ ਵੀ ਮੌਜੂਦ ਸਨ।

ਪਰਵਾਰ ਵੱਲੋਂ ਹੁਣ ਆਪਣੀ ਅਧਿਕਾਰਤ ਰਿਹਾਇਸ਼ 3 ਮੋਤੀਲਾਲ ਨਹਿਰੂ ਮਾਰਗ ਉੱਤੇ ਪਹਿਲੀ ਜਨਵਰੀ ਨੂੰ ਅਖੰਡ ਪਾਠ ਰੱਖਿਆ ਜਾਵੇਗਾ। ਭੋਗ, ਅੰਤਮ ਅਰਦਾਸ ਤੇ ਕੀਰਤਨ ਦੀ ਰਸਮ 3 ਜਨਵਰੀ ਨੂੰ ਸੰਸਦੀ ਕੰਪਲੈਕਸ ਨਜ਼ਦੀਕ ਗੁਰਦੁਆਰਾ ਰਕਾਬਗੰਜ ਵਿਖੇ ਹੋਵੇਗੀ।

# ਅੱਜ ਪੰਜਾਬ ਬੰਦ

**ਚੰਡੀਗੜ੍ਹ** : ਕਿਸਾਨ ਆਗੂ ਸਰਵਣ ਸਿੰਘ ਪੰਧੇਰ ਨੇ ਕਿਹਾ ਹੈ ਕਿ ਕੇਂਦਰ ਤੋਂ ਜਿਨਸਾਂ ਦੀ ਐੱਮ ਐੱਸ ਪੀ ਦੀ ਕਾਨੂੰਨੀ ਗਰੰਟੀ ਤੇ ਹੋਰ ਮੰਗਾਂ ਮੰਨਵਾਉਣ ਲਈ 30 ਦਸੰਬਰ ਦੇ ਪੰਜਾਬ ਬੰਦ ਦੌਰਾਨ ਸੜਕੀ ਆਵਾਜਾਈ, ਰੇਲ ਆਵਾਜਾਈ, ਦੁਕਾਨਦਾਰੀ ਵੀ ਬੰਦ ਰਹੇਗੀ ਅਤੇ ਨਾਲ ਹੀ ਸਰਕਾਰੀ ਤੇ ਗੈਰ-ਸਰਕਾਰੀ ਦਫਤਰ ਵੀ ਬੰਦ ਰਹਿਣਗੇ। ਕੋਈ ਵੀ ਵਿਅਕਤੀ ਸੜਕਾਂ 'ਤੇ ਨਹੀਂ ਹੋਵੇਗਾ। ਸਿਰਫ ਐਮਰਜੈਂਸੀ ਸੇਵਾਵਾਂ ਜਾਰੀ ਰਹਿਣਗੀਆਂ, ਬਾਕੀ ਸਭ ਕੁਝ ਬੰਦ ਰਹੇਗਾ, ਜਿਨ੍ਹਾਂ 'ਚ ਸਬਜ਼ੀ ਮੰਡੀਆਂ, ਪੈਟਰੋਲ ਪੰਪ ਅਤੇ ਗੈਸ ਏਜੰਸੀਆਂ ਵੀ ਸ਼ਾਮਲ ਹਨ। ਮੈਡੀਕਲ ਸੇਵਾ, ਵਿਆਹ, ਨੌਕਰੀ ਲਈ ਇੰਟਰਵਿਊ, ਏਅਰਪੋਰਟ ਜਾਣ ਵਰਗੀਆਂ ਸੇਵਾਵਾਂ ਬਹਾਲ ਰੱਖਾਂਗੇ। ਪੰਜਾਬ ਰੋਡਵੇਜ਼, ਪਨਬਸ ਅਤੇ ਪੀ ਆਰ ਟੀ ਸੀ ਕੰਟਰੈਕਟ ਵਰਕਰਾਂ ਨੇ ਬੰਦ ਦੀ ਹਮਾਇਤ ਦਾ ਐਲਾਨ ਕਰਦਿਆਂ ਕਿਹਾ ਹੈ ਕਿ ਕਿਸਾਨਾਂ ਵੱਲੋਂ ਰੱਖੇ ਸਮੇਂ ਮੁਤਾਬਕ ਸਵੇਰੇ 7 ਵਜੇ ਤੋਂ ਸ਼ਾਮ 4 ਵਜੇ ਦੌਰਾਨ ਬੇਸ਼ੱਕ ਪੂਰੇ ਦਿਨ ਦੀ ਹੜਤਾਲ ਸੰਭਵ ਨਹੀਂ ਹੈ, ਕਿਉਂਕਿ ਉਹ ਲੋਕਾਂ ਨੂੰ ਵੀ ਤੰਗ ਨਹੀਂ ਕਰਨਾ ਚਾਹੁੰਦੇ, ਇਸ ਲਈ ਕਿਸਾਨੀ ਸੰਘਰਸ਼ ਦੀ ਹਮਾਇਤ ਵਿੱਚ ਪੂਰੇ ਪੰਜਾਬ ਅੰਦਰ ਸਵੇਰੇ 10 ਵਜੇ ਤੋਂ ਦੁਪਹਿਰ ਬਾਅਦ 2 ਵਜੇ ਤੱਕ ਮੁਕੰਮਲ ਤੌਰ 'ਤੇ ਬੱਸਾਂ ਦਾ ਚੱਕਾ ਜਾਮ ਕਰਨਗੇ ਅਤੇ ਕਿਸਾਨ ਜਥੇਬੰਦੀਆਂ ਦੇ ਜਿਥੇ ਵੀ ਧਰਨੇ-ਪ੍ਰਦਰਸ਼ਨ ਹੋਣਗੇ, ਉਸ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ।

**ਸੰਪਾਦਕੀ—ਡੱਲੇਵਾਲ ਦੀ ਜਾਨ ਨਾਲ ਨਾ ਖੇਡੋ**

# ਅਖੌਤੀ ਫਿਲਮੀ ਤੇ ਖੇਡ ਹਸਤੀਆਂ ਦਾ ਇਖਲਾਕ ਸਵਾਲਾਂ ਦੇ ਘੇਰੇ 'ਚ

**ਕੋਲਕਾਤਾ** : ਤ੍ਰਿਣਮੂਲ ਕਾਂਗਰਸ ਦੇ ਸਾਂਸਦ ਅਭਿਸ਼ੇਕ ਬੈਨਰਜੀ ਨੇ ਖੇਡ ਤੇ ਫਿਲਮ ਜਗਤ ਦੀਆਂ ਹਸਤੀਆਂ ਦੀ ਐਤਵਾਰ ਨੁਕਤਾਚੀਨੀ ਕੀਤੀ ਕਿ ਉਨ੍ਹਾਂ ਮਹਾਨ ਮੁਦੱਬਰ ਸਾਬਕਾ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਦੇ ਚਲਾਣੇ 'ਤੇ ਸਤਿਕਾਰ 'ਚ ਦੋ ਸ਼ਬਦ ਵੀ ਨਹੀਂ ਉੱਚਰੇ। ਉਨ੍ਹਾ ਕਿਹਾ ਕਿ ਲੱਗਦਾ ਹੈ ਕਿ ਸਰਕਾਰ ਤੋਂ ਡਰਦਿਆਂ ਨੇ ਖਾਮੋਸ਼ੀ ਅਖਤਿਆਰ ਕਰ ਲਈ।



ਬੈਨਰਜੀ ਨੇ ਕਿਹਾ ਕਿ ਇਸ ਨੇ ਉਨ੍ਹਾਂ ਦੀਆਂ ਤਰਜੀਹਾਂ, ਜ਼ਿੰਮੇਵਾਰੀਆਂ ਤੇ ਦਿਆਨਤਦਾਰੀ 'ਤੇ ਸਵਾਲੀਆ ਨਿਸ਼ਾਨ ਲਾ ਦਿੱਤਾ ਹੈ। ਉਨ੍ਹਾ ਕਿਹਾ ਕਿ ਕੌਮੀ ਮੁੱਦਿਆਂ 'ਤੇ ਚੁੱਪ ਵੱਟ ਲੈਣੀ ਇਨ੍ਹਾਂ 'ਆਦਰਸ਼ਾਂ' ਦਾ ਨੇਮ ਹੀ ਬਣ ਗਿਆ ਹੈ। ਇਹ ਲੋਕ ਕਿਸਾਨ ਪ੍ਰੋਟੈਸਟ, ਸੀ ਏ ਏ-ਐੱਨ ਆਰ ਸੀ ਅੰਦੋਲਨ ਤੇ ਮਨੀਪੁਰ ਦੇ ਸੰਕਟ ਬਾਰੇ ਚੁੱਪ ਹੀ ਰਹੇ ਹਨ। ਲੱਗਦਾ ਹੈ ਕਿ ਉਨ੍ਹਾਂ ਨੂੰ ਆਮ ਲੋਕਾਂ ਦੇ ਸੰਘਰਸ਼ਾਂ ਨਾਲ ਕੋਈ ਲੈਣਾ-ਦੇਣਾ ਨਹੀਂ।

ਲੋਕਾਂ ਨੇ ਹੀ ਉਨ੍ਹਾਂ ਨੂੰ ਪ੍ਰਸਿੱਧੀ ਤੇ ਦੌਲਤ ਦਿੱਤੀ ਹੈ, ਪਰ ਫਿਰ ਵੀ ਉਹ ਉਦੋਂ ਨਿੱਕਾ ਜਿਹਾ ਇਖਲਾਕੀ ਸਟੈਂਡ ਲੈਣ ਤੋਂ ਝਿਜਕਦੇ ਹਨ, ਜਦੋਂ ਰਾਸ਼ਟਰ ਨੂੰ ਬਹੁਤ ਲੋੜ ਹੁੰਦੀ ਹੈ। ਬੈਨਰਜੀ ਨੇ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਇਨ੍ਹਾਂ ਵੱਲ ਰੋਲ ਮਾਡਲਾਂ ਵਾਂਗ ਤੱਕਣਾ ਬੰਦ ਕਰਨ ਅਤੇ ਇਨ੍ਹਾਂ ਨੂੰ ਬਹੁਤਾ ਉੱਤੇ ਨਾ ਚੜ੍ਹਾਉਣ, ਕਿਉਂਕਿ ਇਨ੍ਹਾਂ ਨੂੰ ਆਪਣੇ ਕੈਰੀਅਰ ਤੇ ਆਰਾਮ ਦੀ ਹੀ ਚਿੰਤਾ ਹੈ। ਇਨ੍ਹਾਂ ਦੀ ਥਾਂ ਲੋਕ ਉਨ੍ਹਾਂ ਦਾ ਸਤਿਕਾਰ ਕਰਨ, ਜਿਨ੍ਹਾਂ ਰਾਸ਼ਟਰ ਤੇ ਸਮਾਜ ਲਈ ਸੱਚਾ ਯੋਗਦਾਨ ਪਾਇਆ ਹੈ। ਉਹ ਉਨ੍ਹਾਂ ਦੀ ਕਦਰ ਪਾਉਣ, ਜਿਹੜੇ ਇਨਸਾਫ, ਜਮਹੂਰੀਅਤ ਤੇ ਰਾਸ਼ਟਰ ਦੇ ਭਲੇ ਲਈ ਖੜ੍ਹਦੇ ਹਨ।

## ਬਚਾਅ ਨਹੀਂ ਸਕੇ !



**ਭੋਪਾਲ** : ਮੱਧ ਪ੍ਰਦੇਸ਼ ਦੇ ਗੁਨਾ ਜ਼ਿਲ੍ਹੇ ਵਿੱਚ 140 ਫੁੱਟ ਡੂੰਘੇ ਬੋਰਵੈੱਲ 'ਚ ਡਿੱਗੇ 10 ਸਾਲਾ ਮੁੰਡੇ ਸੁਮਿਤ ਮੀਣਾ ਦੀ ਮੌਤ ਹੋ ਗਈ ਹੈ। ਉਸ ਨੂੰ ਬਚਾਉਣ ਦੀਆਂ ਕੋਸ਼ਿਸ਼ਾਂ 16 ਘੰਟੇ ਚੱਲੀਆਂ। ਉਹ ਸਨਿੱਚਰਵਾਰ ਸ਼ਾਮੀਂ ਪੰਜ ਵਜੇ ਦੇ ਕਰੀਬ ਗੁਨਾ ਤੋਂ ਕੋਈ 50 ਕਿੱਲੋਮੀਟਰ ਦੂਰ ਰਾਘੋਗੜ੍ਹ ਅਸੈਂਬਲੀ ਹਲਕੇ ਅਧੀਨ ਆਉਂਦੇ ਪਿਪਲੀਆ ਪਿੰਡ ਵਿੱਚ ਬੋਰ 'ਚ ਡਿੱਗ ਗਿਆ ਸੀ। ਉਸ ਨੂੰ ਐਤਵਾਰ ਸਵੇਰੇ 9:30 ਵਜੇ ਦੇ ਕਰੀਬ ਬੇਸੁੱਧ ਬਾਹਰ ਕੱਢ ਕੇ ਹਸਪਤਾਲ ਲਿਜਾਇਆ ਗਿਆ, ਪਰ ਉੱਥੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਡਾ. ਰਾਜ ਕੁਮਾਰ ਰਿਸ਼ੀਸ਼ਵਰ ਨੇ ਦੱਸਿਆ—ਬੱਚਾ ਪੂਰੀ ਰਾਤ ਠੰਢ 'ਚ ਬੋਰ ਵਿੱਚ ਰਿਹਾ। ਉਸ ਦੇ ਹੱਥ-ਪੈਰ ਭਿੱਜੇ ਹੋਏ ਸਨ ਤੇ ਉਨ੍ਹਾਂ ਉੱਤੇ ਸੋਜ਼ਿਸ਼ ਸੀ। ਉਸ ਦੇ ਕੱਪੜੇ ਵੀ ਗਿੱਲੇ ਸਨ ਤੇ ਮੂੰਹ 'ਚੋਂ ਮਿੱਟੀ ਮਿਲੀ।

# ਜੱਗੂ ਤੇ ਬਾਠ ਗੈਂਗ ਦੇ ਪੰਜ ਮੈਂਬਰ ਗ੍ਰਿਫਤਾਰ

**ਤਰਨ ਤਾਰਨ (ਪ੍ਰਿਤਪਾਲ ਸਿੰਘ)**

ਤਰਨ ਤਾਰਨ ਪੁਲਸ ਨੇ ਜੱਗੂ ਭਗਵਾਨਪੁਰੀਆ ਅਤੇ ਅੰਮ੍ਰਿਤਪਾਲ ਬਾਠ ਗੈਂਗ ਦੇ ਪੰਜ ਮੈਂਬਰਾਂ ਨੂੰ ਗ੍ਰਿਫ਼ਤਾਰ ਕਰਕੇ ਮਿੱਥ ਕੇ ਹੱਤਿਆ ਕਰਨ ਦੀਆਂ ਸੰਭਾਵਤ ਘਟਨਾਵਾਂ ਨੂੰ ਨਾਕਾਮ ਕਰ ਦਿੱਤਾ ਹੈ। ਡੀ ਜੀ ਪੀ ਗੌਰਵ ਯਾਦਵ ਨੇ ਦੱਸਿਆ ਕਿ ਫੜੇ ਗਏ ਵਿਅਕਤੀਆਂ ਦੀ ਪਛਾਣ ਬਟਾਲਾ ਦੇ ਪਿੰਡ ਭਗਵਾਨਪੁਰ ਦੇ ਗੁਰਮੀਤ ਸਿੰਘ ਉਰਫ਼ ਰਾਵਲ, ਗੁਰਦਾਸਪੁਰ ਦੇ ਪਿੰਡ ਨੂਰਪੁਰ ਦੇ ਹਰਪਾਲ ਸਿੰਘ, ਅੰਮ੍ਰਿਤਸਰ ਦੇ ਪਿੰਡ ਨਵਾਂਪਿੰਡ ਦੇ ਲਵਪ੍ਰੀਤ ਸਿੰਘ ਉਰਫ਼ ਐੱਨ ਪੀ, ਸ਼ਮਸ਼ੇਰ ਸਿੰਘ ਉਰਫ਼ ਸ਼ੇਰਾ ਪਾਸੀਆਂ ਅਤੇ ਸੰਦੀਪ ਸਿੰਘ ਉਰਫ਼ ਗੋਲੀ ਵਾਸੀ ਕੋਟ ਖ਼ਾਲਸਾ ਵਜੋਂ ਹੋਈ ਹੈ।

ਪੁਲਸ ਟੀਮਾਂ ਨੇ ਉਨ੍ਹਾਂ ਦੇ ਕਬਜ਼ੇ 'ਚੋਂ, ਜਿਨ੍ਹਾਂ ਵਿੱਚ ਯੂ ਐੱਸ ਏ ਦਾ ਬਣਿਆ 9 ਐੱਮ ਐੱਮ ਗਲਾਕ ਪਿਸਤੌਲ, ਦੋ .32 ਬੋਰ ਦੇ ਪਿਸਤੌਲ ਅਤੇ 15 ਜ਼ਿੰਦਾ ਕਾਰਤੂਸ ਅਤੇ ਤਿੰਨ ਮੈਗਜ਼ੀਨਾਂ ਨਾਲ ਦੇਸੀ ਪਿਸਤੌਲ ਸਮੇਤ ਚਾਰ ਹਥਿਆਰ ਸ਼ਾਮਲ ਹਨ, ਬਰਾਮਦ ਕੀਤੇ ਹਨ। ਇਸ ਤੋਂ ਇਲਾਵਾ ਟੀਮਾਂ ਨੇ ਉਨ੍ਹਾਂ ਵੱਲੋਂ ਅਪਰਾਧ ਨੂੰ ਅੰਜਾਮ ਦੇਣ ਲਈ ਵਰਤੋਂ ਵਿੱਚ ਲਿਆਂਦੀ ਬਿਨਾਂ ਨੰਬਰ ਦੀ ਹੁੰਡਈ ਕਰੇਟਾ ਕਾਰ ਵੀ ਜ਼ਬਤ ਕੀਤੀ ਹੈ।



ਯਾਦਵ ਨੇ ਦੱਸਿਆ ਕਿ ਪੁੱਛਗਿੱਛ ਦੌਰਾਨ ਗ੍ਰਿਫ਼ਤਾਰ ਮੁਲਜ਼ਮਾਂ ਨੇ ਮੰਨਿਆ ਕਿ ਜ਼ਬਤ ਕੀਤੇ ਗਏ ਹਥਿਆਰ ਜੱਗੂ ਭਗਵਾਨਪੁਰੀਆ ਨੇ ਆਪਣੇ ਸਾਥੀ ਰਾਹੀਂ ਸਪਲਾਈ ਕੀਤੇ ਸਨ ਅਤੇ ਉਹ ਗੈਂਗਸਟਰ ਅੰਮ੍ਰਿਤਪਾਲ ਬਾਠ ਦੇ ਇਸ਼ਾਰੇ 'ਤੇ ਟਾਰਗੇਟ ਕਿਲਿੰਗ ਨੂੰ ਅੰਜਾਮ ਦੇਣ ਦੀ ਯੋਜਨਾ ਬਣਾ ਰਹੇ ਸਨ। ਉਨ੍ਹਾਂ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਅਪਰਾਧੀ ਕਤਲ ਦੀ ਕੋਸ਼ਿਸ਼, ਗੈਰ-ਕਾਨੂੰਨੀ ਹਥਿਆਰ ਰੱਖਣ ਅਤੇ ਗੈਂਗ ਨਾਲ ਸੰਬੰਧਤ ਹਿੰਸਾ ਸਮੇਤ ਕਈ ਅਪਰਾਧਿਕ ਮਾਮਲਿਆਂ ਵਿੱਚ ਸ਼ਾਮਲ ਹਨ।

ਡੀ ਜੀ ਪੀ ਨੇ ਦੱਸਿਆ ਕਿ ਤਰਨ ਤਾਰਨ ਖੇਤਰ ਵਿੱਚ ਹਾਲ ਹੀ ਵਿੱਚ ਇਸ ਗਰੋਹ ਵੱਲੋਂ ਮਿੱਥ ਕੇ ਕੀਤੇ ਇੱਕ ਕਤਲ ਵਿੱਚ ਸ਼ਾਮਲ ਸ਼ੂਟਰ ਬਾਰੇ ਅਹਿਮ

● ਬਾਕੀ ਸਫ਼ਾ 2 'ਤੇ

# ਰਿਸ਼ਵਤ ਮਾਮਲੇ 'ਚ ਈ ਡੀ ਅਫਸਰ ਕਾਬੂ

**ਚੰਡੀਗੜ੍ਹ** : ਢਾਈ ਕਰੋੜ ਰੁਪਏ ਦੇ ਰਿਸ਼ਵਤ ਮਾਮਲੇ 'ਚ ਸੀ ਬੀ ਆਈ ਨੇ ਈ ਡੀ ਦੇ ਸ਼ਿਮਲਾ ਜ਼ੋਨਲ ਦਫਤਰ ਦੇ ਇਨਫੋਰਸਮੈਂਟ ਅਫਸਰ ਨੀਰਜ ਨੂੰ ਸ਼ਨਿੱਚਰਵਾਰ ਦੇਰ ਰਾਤ ਭਿਵਾਨੀ ਤੋਂ ਗ੍ਰਿਫ਼ਤਾਰ ਕਰਕੇ ਚੰਡੀਗੜ੍ਹ ਲਿਆਂਦਾ ਅਤੇ ਡਿਊਟੀ ਮੈਜਿਸਟਰੇਟ ਨੇ ਉਸ ਦਾ ਇੱਕ ਦਿਨ ਦਾ ਰਿਮਾਂਡ ਦੇ ਦਿੱਤਾ। ਸੀ ਬੀ ਆਈ ਨੇ ਕਿਹਾ ਕਿ ਮੁਲਜ਼ਮ ਦੀ ਮੋਬਾਈਲ ਕਾਲ ਡਿਟੇਲ ਤੋਂ ਪਤਾ ਲੱਗਿਆ ਹੈ ਕਿ ਰਿਸ਼ਵਤ ਲੈਣ ਵੇਲੇ ਉਹ ਵੀ ਕਾਰ 'ਚ ਮੌਜੂਦ ਸੀ।

ਸੂਤਰਾਂ ਮੁਤਾਬਕ ਨੀਰਜ ਨੇ ਈ ਡੀ ਦੇ ਇਕ ਹੋਰ ਇਨਫੋਰਸਮੈਂਟ ਅਫਸਰ ਸੁਨੀਲ ਨਾਲ ਮਿਲ ਕੇ 20 ਲੱਖ ਰੁਪਏ ਦੀ ਰਿਸ਼ਵਤ ਮੰਗੀ ਸੀ। ਈ ਡੀ ਦੇ ਅਸਿਸਟੈਂਟ ਡਾਇਰੈਕਟਰ ਵਿਸ਼ਾਲਦੀਪ ਦੇ ਭਰਾ ਵਿਕਾਸਦੀਪ ਤੋਂ ਪੁੱਛਗਿੱਛ ਤੋਂ ਬਾਅਦ ਸੀ ਬੀ ਆਈ ਨੇ ਉਸ ਨੂੰ ਫੜਿਆ। ਵਿਕਾਸਦੀਪ ਫਿਲਹਾਲ ਸੀ ਬੀ ਆਈ ਦੀ ਹਿਰਾਸਤ 'ਚ ਹੈ, ਜਦੋਂ ਕਿ ਵਿਸ਼ਾਲਦੀਪ ਅਤੇ ਐਨਫੋਰਸਮੈਂਟ ਅਫਸਰ ਸੁਨੀਲ ਫਰਾਰ ਹਨ। ਇਨ੍ਹਾਂ ਸਾਰਿਆਂ ਨੇ ਮਿਲ ਕੇ ਮਨੀ ਲਾਂਡਰਿੰਗ 'ਚ ਸ਼ਾਮਲ ਦੋ ਮੁਲਜ਼ਮਾਂ ਤੋਂ ਕਰੀਬ 2.5 ਕਰੋੜ ਰੁਪਏ ਦੀ ਰਿਸ਼ਵਤ ਮੰਗੀ ਸੀ। ਸੀ ਬੀ ਆਈ ਇਸ ਮਾਮਲੇ 'ਚ ਦੋ ਵਿਚੋਲਿਆਂ ਮੁਨੱਵਰ ਅਤੇ ਰਹੀਮ ਦੀ ਵੀ ਭਾਲ ਕਰ ਰਹੀ ਹੈ। ਰਿਸ਼ਵਤ ਕਾਂਡ 'ਚ ਸੀ ਬੀ ਆਈ ਨੇ ਮੁਲਜ਼ਮਾਂ ਨੂੰ ਫੜਨ ਲਈ 1 ਲੱਖ ਰੁਪਏ ਦੇ ਜਿਨ੍ਹਾਂ ਨੋਟਾਂ 'ਤੇ ਕੈਮੀਕਲ ਲਗਾਇਆ ਸੀ, ਉਹ ਅਜੇ ਤੱਕ ਨਹੀਂ ਮਿਲੇ ਹਨ। ਸੀ ਬੀ ਆਈ ਨੇ ਵਿਕਾਸਦੀਪ ਕੋਲੋਂ 54 ਲੱਖ ਰੁਪਏ ਬਰਾਮਦ ਕੀਤੇ ਸਨ,

● ਬਾਕੀ ਸਫ਼ਾ 2 'ਤੇ

## ਰੰਗਦਾਰ ਵਿਸ਼ੇਸ਼ ਸਪਲੀਮੈਂਟ



ਮਨੀ ਸਿੰਗਲਾ
ਬਾਘਾ ਪੁਰਾਣਾ
73551-50910



ਅਜੇ ਅਰੋੜਾ
ਕੋਟ ਈਸੇ ਖਾਂ
99143-58312



ਦਿਨੇਸ਼ ਕੁਮਾਰ
ਗੁਰਦਾਸਪੁਰ
94655-83861

**ਨਵੇਂ ਸਾਲ ਦੇ ਸ਼ੁੱਭ ਮੌਕੇ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤੇ ਜਾ ਰਹੇ ਹਨ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਇਨ੍ਹਾਂ ਪੱਤਰਕਾਰਾਂ ਨਾਲ ਸੰਪਰਕ ਕੀਤਾ ਜਾਵੇ। —ਜਨਰਲ ਮੈਨੇਜਰ**

## ਪੰਜਾਬ ਬੰਦ ਕਾਰਨ ਪ੍ਰੀਖਿਆਵਾਂ ਮੁਲਤਵੀ, ਹੁਣ 12 ਨੂੰ

**ਅੰਮ੍ਰਿਤਸਰ** : ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਪਹਿਲਾਂ ਨੈੱਟ 'ਤੇ ਅਪਲੋਡ ਕੀਤੀਆਂ ਡੇਟ-ਸ਼ੀਟਾਂ ਵਿਚੋਂ 20 ਦਸੰਬਰ (ਸ਼ੁੱਕਰਵਾਰ) ਨੂੰ ਹੋਣ ਵਾਲੀਆਂ ਸਾਰੀਆਂ ਸਾਲਾਨਾ ਅਤੇ ਸਮੈਸਟਰ (ਥਿਊਰੀ) ਦੀਆਂ ਪ੍ਰੀਖਿਆਵਾਂ ਮੁਲਤਵੀ ਕਰਕੇ 30 ਦਸੰਬਰ (ਸੋਮਵਾਰ) ਨੂੰ ਰੱਖੀਆਂ ਗਈਆਂ ਸਨ। ਪੰਜਾਬ ਬੰਦ ਹੋਣ ਕਰਕੇ 30 ਦਸੰਬਰ ਨੂੰ ਰੱਖੀਆਂ ਗਈਆਂ ਸਾਰੀਆਂ ਸਾਲਾਨਾ ਅਤੇ ਸਮੈਸਟਰ (ਥਿਊਰੀ) ਪ੍ਰੀਖਿਆਵਾਂ ਹੁਣ ਮਿਤੀ 12 ਜਨਵਰੀ 2025 (ਐਤਵਾਰ) ਨੂੰ ਪਹਿਲਾਂ ਨਿਰਧਾਰਤ ਸਮੇਂ ਅਤੇ ਪ੍ਰੀਖਿਆ ਕੇਂਦਰਾਂ ਅਨੁਸਾਰ ਹੋਣਗੀਆਂ। ਯੂਨੀਵਰਸਿਟੀ ਦੇ ਪ੍ਰੋਫੈਸਰ ਇੰਚਾਰਜ (ਪ੍ਰੀਖਿਆਵਾਂ) ਪ੍ਰੋ. ਸ਼ਾਲਿਨੀ ਬਹਿਲ ਨੇ ਦੱਸਿਆ ਕਿ ਇਹ ਸੂਚਨਾ ਯੂਨੀਵਰਸਿਟੀ ਦੀ ਵੈੱਬਸਾਈਟ 'ਤੇ ਵੀ ਉਪਲੱਬਧ ਹੈ।

## ਕਸ਼ਮੀਰ 'ਚ ਵੀ ਪ੍ਰੀਖਿਆਵਾਂ ਮੁਲਤਵੀ

**ਸ੍ਰੀਨਗਰ** : ਕਸ਼ਮੀਰ ਯੂਨੀਵਰਸਿਟੀ ਨੇ ਤਾਜ਼ਾ ਬਰਫਬਾਰੀ ਤੇ ਖਰਾਬ ਮੌਸਮ ਕਰਕੇ ਸੋਮਵਾਰ ਦੀਆਂ ਸਾਰੀਆਂ ਪ੍ਰੀਖਿਆਵਾਂ ਮੁਲਤਵੀ ਕਰ ਦਿੱਤੀਆਂ ਹਨ। ਯੂਨੀਵਰਸਿਟੀ ਨੇ ਐਤਵਾਰ ਕਿਹਾ ਕਿ ਨਵੀਂਆਂ ਤਰੀਕਾਂ ਦਾ ਐਲਾਨ ਵੱਖਰੇ ਤੌਰ 'ਤੇ ਕੀਤਾ ਜਾਵੇਗਾ। ਭਾਰੀ ਬਰਫਬਾਰੀ ਕਰਕੇ ਵਾਦੀ ਦੇ ਕਈ ਇਲਾਕੇ ਇਕ-ਦੂਜੇ ਨਾਲੋਂ ਕੱਟੇ ਗਏ ਹਨ। ਭਾਵੇਂ ਮੁੱਖ ਸ਼ਾਹਰਾਹਾਂ ਤੇ ਲਿੰਕ ਸੜਕਾਂ ਤੋਂ ਬਰਫ ਹਟਾ ਦਿੱਤੀ ਗਈ ਹੈ, ਪਰ ਦੂਰ-ਦੁਰਾਡੇ ਦੇ ਇਲਾਕਿਆਂ ਵਿੱਚ ਅਜੇ ਵੀ ਕੰਮ ਜਾਰੀ ਹੈ।

# ਮਿਲਕਫੈੱਡ ਨੇ ਬੀਤੇ ਸਾਲ ਨਾਲੋਂ 9.4 ਫੀਸਦੀ ਵੱਧ ਦੁੱਧ ਖਰੀਦਿਆ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬਾ ਸਰਕਾਰ ਨੇ ਸਾਲ 2024 ਵਿੱਚ ਦੁੱਧ ਉਤਪਾਦਕਾਂ ਨੂੰ ਵੱਧ ਭਾਅ ਦੇਣ, ਵੇਰਕਾ ਪਲਾਂਟਾਂ ਦਾ ਵਿਸਥਾਰ ਕਰਨ ਅਤੇ ਨਵੇਂ ਉਤਪਾਦ ਲਾਂਚ ਕਰਕੇ ਸਹਿਕਾਰੀ ਅਦਾਰੇ 'ਮਿਲਕਫੈੱਡ' ਨੂੰ ਹੋਰ ਮਜ਼ਬੂਤ ਕੀਤਾ ਹੈ।

ਇਹ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਦਫ਼ਤਰ ਦੇ ਇਕ ਬੁਲਾਰੇ ਨੇ ਦੱਸਿਆ ਕਿ ਮੁੱਖ ਮੰਤਰੀ ਜਿਨ੍ਹਾਂ ਕੋਲ ਸਹਿਕਾਰਤਾ ਮਹਿਕਮਾ ਵੀ ਹੈ, ਨੇ ਕਿਸਾਨਾਂ ਨੂੰ ਖੇਤੀ ਸਹਾਇਕ ਕਿੱਤਿਆਂ ਨਾਲ ਜੋੜਨ ਲਈ ਮਿਲਕਫੈੱਡ ਨੂੰ ਵਿਸ਼ੇਸ਼ ਤੌਰ 'ਤੇ ਵੱਡੇ ਪ੍ਰਾਜੈਕਟ ਦਿੱਤੇ ਹਨ ਤਾਂ ਕਿ ਦੁੱਧ ਦੇ ਧੰਦੇ ਨੂੰ ਮੁਨਾਫੇ ਵਾਲਾ ਬਣਾਇਆ ਜਾ ਸਕੇ।

ਬੁਲਾਰੇ ਨੇ ਦੱਸਿਆ ਕਿ ਮੁੱਖ ਮੰਤਰੀ ਨੇ ਦੁੱਧ ਉਤਪਾਦਕਾਂ ਦੀ ਸਹਾਇਤਾ ਲਈ ਇਕ ਅਪ੍ਰੈਲ ਤੋਂ 31 ਅਕਤੂਬਰ, 2024 ਤੱਕ ਦੁੱਧ ਦੀ ਖਰੀਦ ਕੀਮਤ ਵਿੱਚ 25 ਰੁਪਏ ਪ੍ਰਤੀ ਕਿਲੋ ਫੈਟ ਦਾ ਵਾਧਾ ਕੀਤਾ ਅਤੇ ਦੁੱਧ ਦੀ ਖਰੀਦ 840 ਰੁਪਏ ਪ੍ਰਤੀ ਕਿਲੋ ਫੈਟ ਦੇ ਮੁਤਾਬਕ ਕੀਤੀ ਜਾ ਰਹੀ ਹੈ। ਜ਼ਿਕਰਯੋਗ ਹੈ ਕਿ ਸੂਬੇ ਵਿੱਚ 6000 ਤੋਂ ਵੱਧ ਦੁੱਧ ਉਤਪਾਦਕ ਸਹਿਕਾਰੀ ਸਭਾਵਾਂ ਹਨ, ਜਿਨ੍ਹਾਂ ਕੋਲ 5 ਲੱਖ ਦੁੱਧ ਉਤਪਾਦਕ ਰਜਿਸਟਰਡ ਹਨ।




ਬੁਲਾਰੇ ਨੇ ਦੱਸਿਆ ਕਿ ਮੁੱਖ ਮੰਤਰੀ ਨੇ ਵੇਰਕਾ ਡੇਅਰੀ ਲੁਧਿਆਣਾ ਵਿਖੇ ਨਵਾਂ ਪਲਾਂਟ ਲੋਕਾਂ ਨੂੰ ਸਮਰਪਿਤ ਕੀਤਾ, ਜਿਸ ਦੀ ਦੁੱਧ ਦੀ ਪ੍ਰੋਸੈਸਿੰਗ ਕਰਨ ਦੀ ਰੋਜ਼ਾਨਾ ਸਮਰੱਥਾ 9 ਲੱਖ ਲੀਟਰ ਹੈ ਅਤੇ ਇਹ ਪਲਾਂਟ 10 ਮੀਟ੍ਰਿਕ ਟਨ ਮੱਖਣ ਸੰਭਾਲਣ ਦੀ ਸਮਰੱਥਾ ਵੀ ਰੱਖਦਾ ਹੈ। ਇਸੇ ਤਰ੍ਹਾਂ ਫਿਰੋਜ਼ਪੁਰ ਵਿਖੇ ਵੇਰਕਾ ਡੇਅਰੀ ਪਲਾਂਟ ਵੀ ਮੁੱਖ ਮੰਤਰੀ ਨੇ ਲੋਕਾਂ ਨੂੰ ਸਮਰਪਿਤ ਕੀਤਾ, ਜੋ ਇਕ ਦਿਨ ਵਿੱਚ ਇਕ ਲੱਖ ਲੀਟਰ ਦੁੱਧ ਦੀ ਪ੍ਰੋਸੈਸਿੰਗ ਤੇ ਪੈਕੇਜਿੰਗ ਕਰਨ ਦੀ ਸਮਰੱਥਾ ਹੈ। ਇਸ ਤੋਂ ਇਲਾਵਾ ਦੁੱਧ ਤੋਂ ਬਣਨ ਵਾਲੇ ਪਦਾਰਥਾਂ ਦੇ ਯੂਨਿਟਾਂ ਦਾ ਵਿਸਥਾਰ ਕਰਨ ਦੇ ਉਦੇਸ਼ ਨਾਲ ਮੁੱਖ

● ਬਾਕੀ ਸਫ਼ਾ 2 'ਤੇ

## ਅੱਜ-ਨਾਮਾ

ਡੱਲੇਵਾਲ ਦਾ ਵਰਤ ਆ ਸੁਰਖੀਆਂ ਵਿੱਚ,
ਕੋਈ ਨਾ ਲੱਭ ਰਿਹਾ ਜਾਪਦਾ ਹੱਲ ਮੀਆਂ।
ਸ਼ੰਭੂ ਬਾਰਡਰ ਤੇ ਚੰਡੀਗੜ੍ਹ ਰਹੀ ਨਹੀਉਂ,
ਸੁਪਰੀਮ ਕੋਰਟ ਵੀ ਪੁੱਜੀ ਹੈ ਗੱਲ ਮੀਆਂ।
ਖਾਲੀ ਦਿਨ ਨਹੀਂ ਲੰਘਦਾ ਕੋਈ ਦਿੱਸਦਾ,
ਨਾਗਿਉਂ ਬਾਝ ਹੈ ਗੱਲ ਰਹੀ ਚੱਲ ਮੀਆਂ।
ਦਿੰਦੀ ਹੁਕਮ ਆ ਕੋਰਟ ਸੁਪਰੀਮ ਜਿੱਦਾਂ,
ਅੜਚਣਾਂ ਲੈਂਦੀਆਂ ਰਾਹ ਈ ਮੱਲ ਮੀਆਂ।
ਕਟਹਿਰੇ ਵਿੱਚ ਪੰਜਾਬ ਕਿਉਂ ਖੜਾ ਦਿੱਸੇ,
ਰੇੜਕੇ ਕੇਂਦਰ ਦੇ ਸਾਰੇ ਹਨ ਪਾਏ ਮੀਆਂ।
ਕੋਈ ਨਾ ਕੇਂਦਰ ਦੇ ਵੱਲ ਉਠਾਏ ਉਂਗਲ,
ਕਦੀ ਤਾਂ ਨੇਕੀ ਦਾ ਰਾਹ ਅਪਣਾਏ ਮੀਆਂ।

-ਤੀਸ ਮਾਰ ਖਾਂ

# ਬੱਸ ਹਾਦਸੇ ਦੇ ਪੀੜਤਾਂ ਨੂੰ ਸਹਾਇਤਾ ਦਾ ਰੇੜਕਾ ਨਿੱਬੜਿਆ

**ਤਲਵੰਡੀ ਸਾਬੋ (ਜਗਦੀਪ ਗਿੱਲ)**

ਇਥੋਂ ਥੋੜ੍ਹੀ ਦੂਰ ਪਿੰਡ ਜੀਵਨ ਸਿੰਘ ਵਾਲਾ ਵਿਖੇ ਵਾਪਰੇ ਬੱਸ ਹਾਦਸੇ ਵਿੱਚ ਪੌਣੀ ਦਰਜਨ ਦੇ ਕਰੀਬ ਗਈਆਂ ਜਾਨਾਂ ਪਿੱਛੋਂ ਪੀੜਤ ਪਰਵਾਰਾਂ ਲਈ ਇਨਸਾਫ ਅਤੇ ਫੌਰੀ ਸਹਾਇਤਾ ਨੂੰ ਲੈ ਕੇ ਬਣਾਈ ਐਕਸ਼ਨ ਕਮੇਟੀ ਅਤੇ ਸਰਕਾਰੀ ਅਧਿਕਾਰੀਆਂ ਵਿਚਕਾਰ ਚੱਲ ਰਿਹਾ ਰੇੜਕਾ ਆਖਰ ਐਤਵਾਰ ਨਿਬੜ ਗਿਆ।

ਭਾਵੇਂ ਸ਼ਨੀਵਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਇੱਕ ਟਵੀਟ ਕਰਦਿਆਂ ਇਹ ਐਲਾਨ ਕਰ ਦਿੱਤਾ ਗਿਆ ਸੀ ਕਿ ਉਕਤ ਹਾਦਸੇ ਵਿੱਚ ਜਾਨਾਂ ਗਵਾ ਚੁੱਕੇ ਵਿਅਕਤੀਆਂ ਦੇ ਵਾਰਸ ਪੀੜਤ ਪਰਵਾਰਾਂ ਨੂੰ ਤਿੰਨ-ਤਿੰਨ ਲੱਖ ਰੁਪਏ ਦੀ ਸਹਾਇਤਾ ਰਾਸ਼ੀ ਸਰਕਾਰ ਵੱਲੋਂ ਦਿੱਤੀ ਜਾਵੇਗੀ, ਪ੍ਰੰਤੂ ਪਤਾ ਨਹੀਂ ਕਿਉਂ ਐਕਸ਼ਨ ਕਮੇਟੀ ਦੇ ਆਗੂਆਂ ਅਤੇ ਅਧਿਕਾਰੀਆਂ ਵਿਚਕਾਰ ਚੱਲਦਾ ਆ ਰਿਹਾ ਮੀਟਿੰਗਾਂ ਦਾ ਦੌਰ ਮੁੱਕਣ ਦਾ ਨਾਂਅ ਨਹੀਂ ਸੀ ਲੈ ਰਿਹਾ।ਸੁਚੇਤ ਲੋਕਾਂ ਦਾ ਮੰਨਣਾ ਹੈ ਕਿ ਉਕਤ ਹਾਦਸੇ ਵਿੱਚ ਹੋਈਆਂ ਮੌਤਾਂ ਪਿੱਛੋਂ ਛਿੜਿਆ ਰਿਲੀਫ ਮਾਮਲਾ ਸ਼ਾਇਦ ਨਾ ਛਿੜਦਾ ਜਾਂ ਏਨਾ ਤੂਲ ਨਾ ਫੜਦਾ ਜੇਕਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਇੱਕ ਟਵੀਟ ਕਰਕੇ ਪੀੜਤ ਪਰਵਾਰਾਂ ਨੂੰ ਕੇਂਦਰ ਸਰਕਾਰ ਵੱਲੋਂ ਦੋ-ਦੋ ਲੱਖ ਅਤੇ ਜ਼ਖਮੀਆਂ ਨੂੰ 50-50 ਹਜ਼ਾਰ ਰੁਪਏ ਦਾ ਐਲਾਨ ਨਾ ਕੀਤਾ ਗਿਆ ਹੁੰਦਾ। ਪੀੜਤ ਪਰਵਾਰਾਂ ਅਤੇ ਉਨ੍ਹਾਂ ਦੇ ਨੇੜਲੇ ਆਮ ਲੋਕਾਂ ਵਿੱਚ ਇਹ ਗੱਲ ਚਲੀ ਗਈ ਕਿ ਪੀੜਤ ਪਰਵਾਰਾਂ ਨੂੰ ਸਹਾਇਤਾ ਦੇਣ ਲਈ ਕੇਂਦਰ ਸਰਕਾਰ ਸੰਜੀਦਾ ਹੈ ਤਾਂ ਪੰਜਾਬ ਸਰਕਾਰ ਕਿਉਂ ਨਹੀਂ? ਤਲਵੰਡੀ ਸਾਬੋ ਅਤੇ ਬਠਿੰਡਾ ਵਿਖੇ ਪਈਆਂ ਪੌਣੀ ਦਰਜਨ ਦੇ ਕਰੀਬ ਮਨੁੱਖੀ ਲਾਸ਼ਾਂ ਅਧਿਕਾਰਤ ਤੌਰ 'ਤੇ ਪੋਸਟਮਾਰਟਮ ਨਾ ਹੋ ਕੇ ਉਹਨਾਂ ਦੀ ਮਿੱਟੀ ਸਮੇਟੀ ਜਾਣ ਦੀ ਪ੍ਰਕਿਰਿਆ ਖੁਣੋਂ ਹਸਪਤਾਲਾਂ ਵਿੱਚ ਰੁਲ ਰਹੀਆਂ ਸਨ। ਇੱਕ ਪਾਸੇ ਪਿਛਲੇ 30 ਘੰਟਿਆਂ ਤੋਂ ਵੱਧ ਸਮੇਂ ਤੋਂ ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਵੱਖ-ਵੱਖ ਜਥੇਬੰਦੀਆਂ, ਬੀ ਕੇ ਯੂ ਉਗਰਾਹਾਂ, ਦਿਹਾਤੀ ਮਜ਼ਦੂਰ ਸਭਾ ਅਤੇ ਕੁਝ ਹੋਰ ਭਰਾਤਰੀ ਜਥੇਬੰਦੀਆਂ ਦੀ ਅਗਵਾਈ ਵਿੱਚ ਹਾਦਸੇ ਦੇ ਪੀੜਤਾਂ ਨੂੰ ਮੁਆਵਜ਼ੇ ਦੀ ਮੰਗ ਨੂੰ ਲੈ ਕੇ ਲਗਾਤਾਰ ਧਰਨਾ ਦਿੱਤਾ ਜਾ ਰਿਹਾ ਸੀ। ਪਿਛਲੇ ਦੋ ਦਿਨਾਂ ਤੋਂ ਚੱਲ ਰਹੇ ਲਗਾਤਾਰ ਧਰਨੇ ਨੂੰ ਬੀ ਕੇ ਯੂ ਉਗਰਾਹਾਂ ਦੇ ਜ਼ਿਲ੍ਹਾ ਪ੍ਰਧਾਨ ਜਗਦੇਵ ਸਿੰਘ ਜੋਗੇਵਾਲਾ, ਬਲਾਕ ਪ੍ਰਧਾਨ ਕੁਲਵਿੰਦਰ ਸਿੰਘ ਗਿਆਨਾ, ਦਿਹਾਤੀ ਮਜ਼ਦੂਰ ਸਭਾ ਵੱਲੋਂ ਮੱਖਣ ਸਿੰਘ, ਰੁਪਿੰਦਰ ਸਿੰਘ ਸਿੱਧੂ, ਸੁਖਮੰਦਰ ਸਿੰਘ ਧਾਲੀਵਾਲ, ਮਿੱਠੂ ਘੁੱਦਾ ਅਤੇ ਸੁਰਜੀਤ ਸਿੰਘ ਕਿਸਾਨ ਆਗੂ ਤਲਵੰਡੀ ਸਾਬੋ ਵੱਲੋਂ ਸੰਬੋਧਨ ਕੀਤਾ ਜਾਂਦਾ ਰਿਹਾ।



ਆਖਰ ਹੋਰ ਪ੍ਰਸ਼ਾਸਨਿਕ ਅਧਿਕਾਰੀਆਂ ਸਮੇਤ ਪੂਨਮ ਸਿੰਘ ਏ ਡੀ ਸੀ ਬਠਿੰਡਾ ਨੇ ਹਸਪਤਾਲ ਵਿਖੇ ਲੱਗੇ ਧਰਨੇ ਵਿੱਚ ਆ ਕੇ ਵਿਸ਼ਵਾਸ ਦਵਾਇਆ ਕਿ ਉਹ ਸਰਕਾਰ ਦੀ ਤਰਫੋਂ ਪੀੜਤ ਪਰਿਵਾਰਾਂ ਦੇ ਨਾਲ ਖੜੇ ਹਨ। ਉਨ੍ਹਾ ਸਹਾਇਤਾ ਫੰਡਾਂ ਤੋਂ ਇਲਾਵਾ ਪੀੜਤ ਪਰਵਾਰਾਂ ਦੀ ਹਰ ਮੁਸ਼ਕਲ ਹੱਲ ਕਰਨ ਦਾ ਆਪਣੇ ਵੱਲੋਂ ਯਕੀਨ ਦਵਾਇਆ। ਉਹਨਾ ਕਿਹਾ ਕਿ ਮਹਾਸ਼ਾ ਸਿੰਘ ਜੀਵਨ ਸਿੰਘ ਵਾਲਾ, ਜਿਨ੍ਹਾਂ ਬਹੁਤ ਸਾਰੇ ਲੋਕਾਂ ਦੀਆਂ ਜਾਨਾਂ ਬਚਾਉਣ ਵਿੱਚ ਵੱਡੀ ਭੂਮਿਕਾ ਨਿਭਾਈ ਹੈ, ਨੂੰ ਆਉਂਦੀ 26 ਜਨਵਰੀ ਵਾਲੇ ਦਿਨ ਸਰਕਾਰ ਦੀ ਤਰਫੋਂ ਉਚੇਚਾ ਸਨਮਾਨਤ ਕੀਤਾ ਜਾਵੇਗਾ। ਏ ਡੀ ਸੀ ਨੇ ਵੱਖ-ਵੱਖ ਪਿੰਡਾਂ ਤੋਂ ਆਏ ਪੀੜਤ ਪਰਵਾਰਾਂ, ਉਨ੍ਹਾਂ ਦੇ ਰਿਸ਼ਤੇਦਾਰਾਂ ਅਤੇ ਹੋਰ ਨਗਰ ਨਿਵਾਸੀਆਂ ਸਮੇਤ ਐਕਸ਼ਨ ਕਮੇਟੀ ਦੇ ਤਮਾਮ ਮੈਂਬਰਾਂ ਦਾ ਪ੍ਰਸ਼ਾਸਨ ਦੀ ਤਰਫੋਂ ਧੰਨਵਾਦ ਕੀਤਾ।

## ਸਿੱਖ ਚਿੰਤਕ 'ਤੇ ਕਾਤਲਾਨਾ ਹਮਲਾ

**ਪਟਿਆਲਾ** : ਸਿੱਖ ਚਿੰਤਕ ਬਾਬਾ ਬਖਸ਼ੀਸ਼ ਸਿੰਘ 'ਤੇ ਸਨਿੱਚਰਵਾਰ ਰਾਤ ਅਣਪਛਾਤੇ ਵਿਅਕਤੀਆਂ ਨੇ ਕਾਤਲਾਨਾ ਹਮਲਾ ਕੀਤਾ। ਉਹ ਵਾਲ-ਵਾਲ ਬਚ ਗਏ, ਪਰ ਇੱਕ ਗੋਲੀ ਉਨ੍ਹਾ ਦੀ ਕਾਰ 'ਚ ਵੱਜੀ। ਉਹ ਅੱਧੀ ਰਾਤ ਨੂੰ ਸਮਾਣਾ ਨੇੜਲੇ ਆਪਣੇ ਪਿੰਡ ਨਿਜ਼ਾਮਨੀਵਾਲਾ ਤੋਂ ਕਾਰ ਰਾਹੀਂ ਪਟਿਆਲਾ ਸਥਿਤ ਘਰ ਵਾਪਸ ਪਰਤ ਰਹੇ ਸਨ। ਨਵੇਂ ਬੱਸ ਸਟੈਂਡ ਕੋਲ ਪੁੱਜੇ ਤਾਂ ਤਿੰਨ ਕਾਰਾਂ ਉਨ੍ਹਾਂ ਦੀ ਕਾਰ ਦਾ ਪਿੱਛਾ ਕਰਨ ਲੱਗੀਆਂ। ਇਨ੍ਹਾਂ ਵਿਚੋਂ ਇੱਕ ਕਾਰ ਨੇ ਉਨ੍ਹਾ ਦੀ ਕਾਰ ਨੂੰ ਫੇਟ ਵੀ ਮਾਰੀ, ਪਰ ਉਨ੍ਹਾ ਦੇ ਡਰਾਈਵਰ ਨੇ ਕਾਰ ਤੇਜ਼ ਕਰ ਲਈ।

ਹਮਲਾਵਰਾਂ ਵਿੱਚੋਂ ਇੱਕ ਨੇ ਉਨ੍ਹਾਂ 'ਤੇ ਗੋਲੀ ਚਲਾਈ, ਜੋ ਕਾਰ ਦੇ ਇੰਜਣ 'ਚ ਜਾ ਵੱਜੀ ਤੇ ਉਹ ਬਚ ਕੇ ਨਿਕਲ ਗਏ। ਥਾਣਾ ਅਰਬਨ ਅਸਟੇਟ ਦੀ ਪੁਲਸ ਨੇ ਕੇਸ ਦਰਜ ਕਰਕੇ ਹਮਲਾਵਰਾਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ। ਦੱਸਿਆ ਜਾ ਰਿਹਾ ਹੈ ਕਿ ਹਮਲਾਵਰ ਸਕਾਰਪੀਓ, ਬ੍ਰੇਜ਼ਾ ਅਤੇ ਸਵਿਫਟ ਕਾਰ 'ਚ ਸਵਾਰ ਸਨ।

## ਐੱਮ ਡੀ ਪਬਲਿਕ ਸਕੂਲ 'ਚ ਸਾਹਿਬਜ਼ਾਦਿਆਂ ਨੂੰ ਸਮਰਪਤ ਪ੍ਰੋਗਰਾਮ



**ਸੁਨਾਮ/ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ ਹਾਕਮ ਭੱਟੀ)**-ਐੱਮ ਡੀ ਪਬਲਿਕ ਸਕੂਲ ਸੁਨਾਮ ਵੱਲੋਂ ਸਾਹਿਬਜ਼ਾਦਿਆਂ ਨੂੰ ਸਮਰਪਤ ਪ੍ਰੋਗਰਾਮ ਕਰਵਾਇਆ ਗਿਆ, ਜਿਸ ਵਿੱਚ ਬੱਚਿਆਂ ਨੂੰ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ, ਬਾਬਾ ਜੁਝਾਰ ਸਿੰਘ, ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਿਹ ਸਿੰਘ, ਮਾਤਾ ਗੁਜਰੀ ਜੀ ਦੀਆਂ ਕੁਰਬਾਨੀਆਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਅਧਿਆਪਕ ਮਨਪ੍ਰੀਤ ਕੌਰ, ਪਰਨੀਤ ਕੌਰ, ਵੀਰਪਾਲ ਕੌਰ, ਸਰੀਤਾ ਮੌਜੂਦ ਸਨ। ਬੱਚੇ ਸੁਖਲੀਨ, ਅਰਸ਼ਦੀਪ, ਖੁਸ਼ਮਮੀਤ ਤਨਵੀਰ, ਗੁਰਲੀਨ ਕੌਰ, ਰੂਬਲ, ਸਿਮਰ, ਦ੍ਰਿਸ਼ਟੀ, ਮਨਸੀਰਤ ਵੀ ਹਾਜ਼ਰ ਸਨ। ਪ੍ਰੋਗਰਾਮ ਪ੍ਰਿੰਸੀਪਲ ਸਸ਼ਾਂਕ ਪਾਠਕ, ਐਮ ਡੀ ਭਰਤ ਹਰੀ ਦੀ ਅਗਵਾਈ ਵਿੱਚ ਕੀਤਾ ਗਿਆ।

## ਰਾਹਗੀਰਾਂ ਤੋਂ ਮੋਬਾਇਲ ਤੇ ਨਕਦੀ ਖੋਹਣ ਵਾਲੇ 3 ਕਾਬੂ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਪੁਲਸ ਵਲੋਂ ਰਾਹਗੀਰਾਂ ਤੋਂ ਮੋਬਾਇਲ ਅਤੇ ਨਕਦੀ ਖੋਹਣ ਦੇ ਮਾਮਲੇ ਵਿਚ 3 ਨੌਜਵਾਨਾਂ ਅਮਨਪ੍ਰੀਤ ਸਿੰਘ, ਜਸਵੀਰ ਰਾਮ ਵਾਸੀ ਮਾਛੀਵਾੜਾ ਅਤੇ ਲਵਪ੍ਰੀਤ ਸਿੰਘ ਗੜ੍ਹੀ ਬੇਟ ਨੂੰ ਗ੍ਰਿਫ਼ਤਾਰ ਕਰਨ ਵਿਚ ਸਫ਼ਲਤਾ ਪ੍ਰਾਪਤ ਕੀਤੀ ਹੈ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਥਾਣਾ ਮੁਖੀ ਪਵਿੱਤਰ ਸਿੰਘ ਨੇ ਦੱਸਿਆ ਕਿ ਦਰਸ਼ਨ ਸਿੰਘ ਵਾਸੀ ਬੁਰਜ ਕੱਚਾ ਆਪਣੇ ਖੇਤਾਂ ਤੋਂ ਵਾਪਸ ਆ ਰਿਹਾ ਸੀ ਤਾਂ ਰਸਤੇ ਵਿਚ 3 ਮੋਟਰਸਾਈਕਲ ਸਵਾਰ ਨੌਜਵਾਨਾਂ ਨੇ ਉਸ ਨੂੰ ਘੇਰ ਕੇ ਉਸ ਤੋਂ ਮੋਬਾਇਲ ਅਤੇ 1 ਹਜ਼ਾਰ ਰੁਪਏ ਨਕਦੀ ਖੋਹ ਲਈ। ਪੁਲਸ ਵਲੋਂ ਦਰਸ਼ਨ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ 3 ਵਿਅਕਤੀਆਂ ਖਿਲਾਫ਼ ਮਾਮਲਾ ਦਰਜ ਕਰ ਤਲਾਸ਼ ਸ਼ੁਰੂ ਕਰ ਦਿੱਤੀ। ਨਾਕਾਬੰਦੀ ਦੌਰਾਨ ਇਹ ਲੁੱਟ ਖੋਹ ਨੂੰ ਅੰਜਾਮ ਦੇਣ ਵਾਲੇ ਤਿੰਨੋ ਨੌਜਵਾਨਾਂ ਨੂੰ ਗ੍ਰਿਫ਼ਤਾਰ ਕਰ ਲਿਆ ਜਿਨ੍ਹਾਂ ਦੀ ਪਹਿਚਾਣ ਅਮਨਪ੍ਰੀਤ ਸਿੰਘ, ਜਸਵੀਰ ਰਾਮ ਅਤੇ ਲਵਪ੍ਰੀਤ ਸਿੰਘ ਵਜੋਂ ਹੋਈ। ਗ੍ਰਿਫ਼ਤਾਰ ਕੀਤੇ ਨੌਜਵਾਨਾਂ ਕੋਲੋਂ ਦਰਸ਼ਨ ਸਿੰਘ ਦਾ ਮੋਬਾਇਲ ਅਤੇ ਨਕਦੀ ਬਰਾਮਦ ਕਰ ਲਈ ਗਈ। ਥਾਣਾ ਮੁਖੀ ਪਵਿੱਤਰ ਸਿੰਘ ਨੇ ਦੱਸਿਆ ਕਿ ਇਨ੍ਹਾਂ ਤਿੰਨੋ ਨੌਜਵਾਨਾਂ 'ਤੇ ਪਹਿਲਾਂ ਵੀ ਅਪਰਾਧਿਕ ਮਾਮਲੇ ਦਰਜ ਹਨ। ਇਨ੍ਹਾਂ ਵਿਚ ਗ੍ਰਿਫ਼ਤਾਰ ਕੀਤੇ ਲਵਪ੍ਰੀਤ ਸਿੰਘ 'ਤੇ ਤਿੰਨ ਮਾਮਲੇ ਦਰਜ ਹਨ। ਜਸਵੀਰ ਰਾਮ ਅਤੇ ਅਮਨਪ੍ਰੀਤ ਸਿੰਘ 'ਤੇ ਲੁੱਟ ਖੋਹ ਦਾ ਇੱਕ ਇੱਕ ਮਾਮਲਾ ਦਰਜ ਹੈ। ਇਹ ਤਿੰਨੋ ਨੌਜਵਾਨ ਜ਼ਮਾਨਤ 'ਤੇ ਰਿਹਾਅ ਹੋ ਕੇ ਆਏ ਸਨ ਅਤੇ ਉਸ ਤੋਂ ਬਾਅਦ ਫਿਰ ਲੁੱਟ ਖੋਹ ਦੀਆਂ ਘਟਨਾਵਾਂ ਨੂੰ ਅੰਜਾਮ ਦੇਣ ਲੱਗ ਪਏ।

## 25ਵੀਂ ਬੱਸ ਯਾਤਰਾ ਸ੍ਰੀ ਸਾਲਾਸਰ ਧਾਮ, ਸ੍ਰੀ ਖਾਟੂ ਸ਼ਾਮ, ਸ੍ਰੀ ਇੱਛਾਪੂਰਨ ਮੰਦਰ ਦੇ ਦਰਸ਼ਨਾਂ ਲਈ ਰਵਾਨਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸ੍ਰੀ ਬਾਲਾ ਜੀ ਬੱਸ ਸੇਵਾ ਮੰਡਲ ਬਾਘਾ ਪੁਰਾਣਾ ਵਲੋਂ 25ਵੀਂ ਬੱਸ ਯਾਤਰਾ ਸ੍ਰੀ ਸਾਲਾਸਰ ਧਾਮ, ਸ੍ਰੀ ਖਾਟੂ ਸ਼ਾਮ ਜੀ, ਸ੍ਰੀ ਇੱਛਾਪੂਰਨ ਮੰਦਰ ਦੇ ਦਰਸ਼ਨ ਲਈ ਭਗਤਾਂ ਦੀ ਇਕ ਬੱਸ ਸ੍ਰੀ ਦੁਰਗਾ ਮੰਦਰ ਕਾਲੇਕੇ ਰੋਡ ਤੋਂ ਰਵਾਨਾ ਕੀਤੀ ਗਈ, ਜਿਸ ਨੂੰ ਹਰੀ ਝੰਡੀ ਦੇਣ ਦੀ ਰਸਮ ਅਦਾ ਗੌਰਵ ਖੁਰਾਣਾ ਮਾਤੂ ਸ੍ਰੀ ਟੈਕਸਟਾਇਲ ਵਾਲੇ ਵਲੋਂ ਅਦਾ ਕੀਤੀ ਗਈ।ਇਹ ਬੱਸ ਸੇਵਾ ਮੰਡਲ ਦੇ ਮੈਂਬਰ ਸੁਰਿੰਦਰ ਬਾਂਸਲ, ਯੋਗੇਸ਼ ਬਾਂਸਲ ਯੋਗੀ, ਕਰਮਵੀਰ ਕਟਾਰੀਆ, ਨਰੇਸ਼ ਕੁਮਾਰ ਮੋਗਾ, ਚੰਦਰ ਬਾਂਸਲ, ਰਾਜ ਦਵਿੰਦਰ ਕਟਾਰੀਆ, ਸਚਿਨ ਸਿੰਗਲਾ, ਰਮੇਸ਼ ਕੁਮਾਰ ਟੋਨੀ, ਆਸ਼ੂਤੋਸ਼ ਭੰਡਾਰੀ ਵਿੱਕੀ ਲੂਬਾ, ਵਿੱਕੀ ਲੂੰਬਾ, ਸੂਰਜ ਗਰਗ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਗਤਾਂ ਲਈ ਚਾਹ, ਸਵੇਰ ਦਾ ਨਾਸ਼ਤਾ, ਲੰਚ, ਡਿਨਰ ਅਤੇ ਰਾਤ ਨੂੰ ਰਹਿਣ ਲਈ ਵਧੀਆ ਕਮਰੇ ਦਿੱਤੇ ਜਾਂਦੇ ਹਨ ਅਤੇ ਕਿਸੇ ਵੀ ਭਗਤ ਨੂੰ ਕੋਈ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਂਦੀ।

## ਸਫਰ-ਏ-ਸ਼ਹਾਦਤ 7 ਰੋਜ਼ਾ ਚੌਥਾ ਗੁਰਮਤਿ ਸਮਾਗਮ ਸੰਪੰਨ



**ਜਲਾਲਾਬਾਦ (ਜੰਗੀਰ ਕੌਰ ਫਲੀਆਂਵਾਲਾ, ਜੀਤ ਕੁਮਾਰ)**-ਪਿੰਡ ਚੱਕ ਅਰਾਈਆਂਵਾਲਾ (ਫਲੀਆਂਵਾਲਾ) ਵਿਖੇ ਸਥਿਤ ਗੁਰਦੁਆਰਾ ਚਾਰ ਸਾਹਿਬਜ਼ਾਦੇ ਵਿਖੇ 7 ਰੋਜ਼ਾ ਸਫ਼ਰ-ਏ-ਸ਼ਹਾਦਤ ਚੌਥਾ ਗੁਰਮਤਿ ਸਮਾਗਮ ਸਮਾਪਤ ਹੋ ਗਿਆ ਹੈ। ਇਸ ਗੁਰਮਤਿ ਸਮਾਗਮ ਦੌਰਾਨ ਭਾਈ ਸੂਬਾ ਸਿੰਘ, ਭਾਈ ਜਸਪਾਲ ਸਿੰਘ ਭਾਈ ਗੁਰਪ੍ਰਤਾਪ ਸਿੰਘ ਜਾਂਚਕ, ਭਾਈ ਅਮਨਦੀਪ ਸਿੰਘ, ਭਾਈ ਬਾਜ ਸਿੰਘ ਨਿਮਾਣਾ, ਭਾਈ ਸੁਖਜੀਤ ਸਿੰਘ, ਭਾਈ ਨਿਰਮਲ ਸਿੰਘ ਤੇ ਭਾਈ ਸੁਖਦੀਪ ਸਿੰਘ ਜੀ ਵੱਲੋਂ ਸੰਗਤਾਂ ਨੂੰ ਗੁਰਬਾਣੀ ਵਿਚਾਰੇ ਸੁਣਾ ਕਰ ਨਿਹਾਲ ਕੀਤਾ ਅਤੇ ਇਸ ਦੇ ਨਾਲ ਹੀ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਫਰਜੰਦ ਸਾਹਿਬਜ਼ਾਦਿਆਂ ਤੇ ਮਾਤਾ ਗੁਜਰ ਕੌਰ ਜੀ ਦੀ ਸ਼ਹਾਦਤ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ ਗਿਆ। ਇਸ ਸਮਾਗਮ ਵਿੱਚ ਹਰ ਰੋਜ਼ ਸੰਗਤਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਨੱਤ ਮਸਤਕ ਹੋ ਕੇ ਆਪਣੀ ਆਪਣੀ ਹਾਜ਼ਰੀ ਲਗਵਾਈ। ਆਖਿਰੀ ਦਿਨ ਸ੍ਰੀ ਸੁਖਮਨੀ ਸਾਹਿਬ ਪਾਠ ਦੇ ਭੋਗ ਤੋਂ ਉਪਰੰਤ ਕੀਰਤਨ ਤੇ ਕਥਾ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸ੍ਰੀ ਅੰਮ੍ਰਿਤਸਰ ਦਰਬਾਰ ਸਾਹਿਬ ਦੀ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਸੁਖਦੀਪ ਸਿੰਘ ਫਿਰੋਜ਼ਪੁਰੀ ਨੇ ਕਥਾ ਕਰਕੇ ਸੰਗਤਾਂ ਨੂੰ ਗੁਰੂ ਗੋਬਿੰਦ ਸਿੰਘ ਦੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ। ਦੁਪਹਿਰ ਬਾਅਦ ਇਸ ਸਮਾਗਮ ਦੀ ਸਮਾਪਤੀ ਦੇ ਬਾਅਦ ਗੁਰੂ ਕਾ ਅਟੁੱਟ ਲੰਗਰ ਸੰਗਤਾਂ ਵਿੱਚ ਵਰਤਾਇਆ ਗਿਆ।

## ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਨੂੰ ਸਮਰਪਤ ਖ਼ੂਨਦਾਨ ਕੈਂਪ



**ਦੋਰਾਹਾ (ਹਰਮਿੰਦਰ ਸੇਠ)**-ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਨੂੰ ਸਮਰਪਤ ਏ ਐੱਸ ਸੀਨੀਅਰ ਸੈਕੰਡਰੀ ਸਕੂਲ ਖੰਨਾ ਵਿਖੇ ਸਰਬੱਤ ਦਾ ਭਲਾ ਨਿਸ਼ਕਾਮ ਸੇਵਾ ਸੁਸਾਇਟੀ (ਰਜਿ.) ਖੰਨਾ ਵੱਲੋਂ ਇੱਕ ਵਿਸ਼ਾਲ ਖ਼ੂਨਦਾਨ ਕੈਂਪ ਲਗਾਇਆ ਗਿਆ, ਜਿਸ ਦਾ ਉਦੇਸ਼ ਮਾਨਵਤਾ ਦੀ ਬਿਨਾਂ ਕਿਸੇ ਭੇਦ ਭਾਵ ਤੋਂ ਸੇਵਾ ਕਰਨੀ ਹੈ।ਇਸ ਕੈਂਪ ਵਿੱਚ ਸ਼ਹਿਰ ਦੇ ਨਾਮਵਾਰ ਸ਼ਖ਼ਸੀਅਤਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ।ਕੈਬਨਿਟ ਮੰਤਰੀ ਤੁਰਨਪ੍ਰੀਤ ਸਿੰਘ ਸੌਂਦ ਦੇ ਪਿਤਾ ਸ੍ਰ. ਭੁਪਿੰਦਰ ਸਿੰਘ ਤੋਂ ਇਲਾਵਾ ਮਿਊਂਸਪਲ ਕਮੇਟੀ ਖੰਨਾ ਦੇ ਪ੍ਰਧਾਨ ਕਮਲਜੀਤ ਸਿੰਘ ਲੱਧੜ, ਨਾਗਪਾਲ ਸਿੰਘ ਐੱਮ. ਸੀ., ਪ੍ਰਿੰਸੀਪਲ ਇੰਦਰਜੀਤ ਸਿੰਘ, ਡਾ. ਕਮਲਜੀਤ ਸਿੰਘ ਫਿਜ਼ੀਓਥੈਰੇਪੀ ਨੇ ਆਪਣੀ ਹਾਜ਼ਰੀ ਲਗਵਾਈ।ਇਸ ਕੈਂਪ ਵਿੱਚ ਸਿਵਲ ਹਸਪਤਾਲ ਖੰਨਾ ਦੀ ਟੀਮ ਵੱਲੋਂ ਲਗਭਗ 41 ਯੂਨਿਟ ਖ਼ੂਨ ਇਕੱਠਾ ਕੀਤਾ ਗਿਆ। ਇਸ ਕੈਂਪ ਵਿੱਚ ਸੁਸਾਇਟੀ ਦੇ ਮੈਂਬਰ ਬਲਜੀਤ ਸਿੰਘ, ਨਰਸੀ ਸਿੰਘ, ਗੁਰਪਾਲ ਸਿੰਘ, ਅਵਤਾਰ ਸਿੰਘ, ਗੌਰਵ ਸ਼ਰਮਾ, ਪ੍ਰਤਾਪਇੰਦਰਵੀਰ ਸਿੰਘ, ਕਰਨੈਲ ਸਿੰਘ, ਕਰਮਜੀਤ ਸਿੰਘ, ਸੁਖਵਿੰਦਰ ਕੌਰ, ਸੀਮਾ ਜੋਸ਼ੀ, ਸੁਮਿਤ ਨਰੂਲਾ, ਨਿਰਮਲ ਸਿੰਘ ਆਦਿ ਮੈਂਬਰ ਹਾਜ਼ਰ ਸਨ।ਸਟੇਜ ਦੀ ਭੂਮਿਕਾ ਸ੍ਰੀ ਧਰਮਿੰਦਰ ਸ਼ਾਹਿਦ ਨੇ ਬਹੁਤ ਹੀ ਬਾਖ਼ੂਬੀ ਨਿਭਾਈ।ਅੰਤ ਵਿੱਚ ਸੁਸਾਇਟੀ ਦੇ ਚੇਅਰਮੈਨ ਬਲਜੀਤ ਸਿੰਘ ਨੇ ਸਮੂਹ ਡੋਨਰਾਂ ਦਾ ਤੇ ਸੁਸਾਇਟੀ ਦੇ ਮੈਂਬਰਾਂ ਦਾ ਸਨਮਾਨ ਚਿੰਨ੍ਹ ਨਾਲ ਧੰਨਵਾਦ ਕੀਤਾ।

## ਟੀ ਐੱਲ ਐੱਫ ਸਕੂਲ 'ਚ ਅਤਿ-ਆਧੁਨਿਕ ਬੋਰਡਿੰਗ ਸਕੂਲ ਦੀ ਸ਼ੁਰੂਆਤ

**ਮੋਗਾ (ਇਕਬਾਲ ਸਿੰਘ ਖਹਿਰਾ)**-ਸ਼ਹਿਰ ਦੀ ਪ੍ਰਮੁੱਖ ਵਿੱਦਿਅਕ ਸੰਸਥਾ ਦਿ ਲਰਨਿੰਗ ਫੀਲਡ ਏ ਗਲੋਬਲ ਸਕੂਲ ਮੋਗਾ ਵੱਲੋਂ ਲੜਕੇ ਤੇ ਲੜਕੀਆਂ ਲਈ ਬੋਰਡਿੰਗ ਦੀ ਸਹੂਲਤ ਸ਼ੁਰੂ ਕੀਤੀ ਗਈ ਹੈ। ਇਸ ਦਾ ਉਦਘਾਟਨ ਆਈਐਸਐਫ ਕਾਲਜ ਆਫ਼ ਫਾਰਮੇਸੀ ਦੇ ਚੇਅਰਮੈਨ ਪ੍ਰਵੀਨ ਗਰਗ ਤੇ ਸਕੂਲ ਚੇਅਰਮੈਨ ਇੰਜੀ. ਜਨੇਸ਼ ਗਰਗ, ਡਾਇਰੈਕਟਰ ਡਾ: ਮੁਸਕਾਨ ਗਰਗ, ਪ੍ਰਿੰਸੀਪਲ ਰਣਜੀਤ ਭਾਟੀਆ, ਵਾਈਸ ਪ੍ਰਿੰਸੀਪਲ ਸ਼ਰਦ ਅਗਰਵਾਲ, ਪਰਮਿੰਦਰ ਤੂਰ ਸ਼ਾਮਲ ਸਨ। ਇਸ ਮੌਕੇ ਮੁੱਖ ਮਹਿਮਾਨ ਚੇਅਰਮੈਨ ਪ੍ਰਵੀਨ ਗਰਗ ਤੇ ਚੇਅਰਮੈਨ ਇੰਜੀ. ਪ੍ਰਿੰਸੀਪਲ ਤੇ ਅਧਿਆਪਕਾਂ ਨੇ ਜਨੇਸ਼ ਗਰਗ ਦਾ ਗੁਲਦਸਤੇ ਦੇ ਕੇ ਸਵਾਗਤ ਕੀਤਾ। ਇਸ ਮੌਕੇ ਸਕੂਲ ਦੇ ਚੇਅਰਮੈਨ ਇੰਜੀ. ਜਨੇਸ਼ ਗਰਗ ਨੇ ਦੱਸਿਆ ਕਿ ਦ ਲਰਨਿੰਗ ਫੀਲਡ ਏ ਗਲੋਬਲ ਸਕੂਲ ਨੇ ਮੋਗਾ ਵਿੱਚ ਇੱਕ ਪਹਿਲ ਸ਼ੁਰੂ ਕੀਤੀ ਹੈ, ਜਿਸ ਤਹਿਤ ਸਕੂਲ ਵਿੱਚ ਗਰੇਡ 1 ਤੋਂ ਸ਼ੁਰੂ ਹੋਣ ਵਾਲੇ ਲੜਕੇ ਅਤੇ ਲੜਕੀਆਂ ਲਈ ਆਪਣੀ ਅਤਿ ਆਧੁਨਿਕ ਬੋਰਡਿੰਗ ਸਹੂਲਤ ਨਾਲ ਲੈਸ ਹੋਵੇਗਾ, ਜੋ ਕਿ ਮੋਗਾ ਸ਼ਹਿਰ ਵਿੱਚ ਸਿੱਖਿਆ ਦੇ ਖੇਤਰ ਵਿੱਚ ਇੱਕ ਅਹਿਮ ਮੀਲ ਪੱਥਰ ਸਾਬਤ ਹੋਵੇਗਾ। ਉਨ੍ਹਾਂ ਕਿਹਾ ਕਿ ਲੜਕਿਆਂ ਅਤੇ ਲੜਕੀਆਂ ਲਈ ਬੋਰਡਿੰਗ ਸਹੂਲਤਾਂ ਨਾਲ ਲੈਸ ਕੀਤਾ ਗਿਆ ਹੈ, ਜੋ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਤੇ ਸਰਵਪੱਖੀ ਵਿਕਾਸ ਲਈ ਸਕੂਲ ਦੀ ਵਚਨਬੱਧਤਾ ਵਿੱਚ ਮਦਦਗਾਰ ਹੋਵੇਗਾ। ਉਨ੍ਹਾਂ ਦੱਸਿਆ ਕਿ ਨਵੇਂ ਸ਼ੁਰੂ ਕੀਤੇ ਬੋਰਡਿੰਗ ਵਿੱਚ ਅਤਿ-ਆਧੁਨਿਕ ਹੋਸਟਲ ਸਹੂਲਤਾਂ ਵਿੱਚ ਵਿਦਿਆਰਥੀਆਂ ਲਈ ਸਿਹਤਮੰਦ, ਪੌਸ਼ਟਿਕ ਭੋਜਨ, ਦੇਖਭਾਲ ਅਤੇ ਧਿਆਨ,



ਸੁਰੱਖਿਆ ਲਈ 24/7 ਨਿਗਰਾਨੀ, ਇਨਡੋਰ ਤੇ ਆਊਟਡੋਰ ਖੇਡਾਂ ਦੀਆਂ ਸਹੂਲਤਾਂ, ਸਵੇਰ ਅਤੇ ਸ਼ਾਮ ਯੋਗਾ, ਆਊਟਿੰਗ ਆਦਿ ਸ਼ਾਮਲ ਹੋਣਗੇ। ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਟੀ.ਐਲ.ਐਫ. ਸਕੂਲ ਦੁਆਰਾ ਇਹ ਪਹਿਲਕਦਮੀ ਵਿਦਿਆਰਥੀਆਂ ਲਈ ਇੱਕ ਪਾਲਣ ਪੋਸ਼ਣ ਅਤੇ ਸੁਰੱਖਿਅਤ ਮਾਹੌਲ ਬਣਾਉਣ, ਉਨ੍ਹਾਂ ਦੇ ਅਕਾਦਮਿਕ, ਸਰੀਰਕ ਤੇ ਭਾਵਨਾਤਮਕ ਵਿਕਾਸ ਨੂੰ ਉਤਸ਼ਾਹਤ ਕਰਨ ਲਈ ਟੀ ਐੱਲ ਐੱਫ ਦੀ ਵਚਨਬੱਧਤਾ ਦਾ ਪ੍ਰਮਾਣ ਹੈ। ਉਨ੍ਹਾਂ ਕਿਹਾ ਕਿ ਅਚਾਨਕ ਮੋਗਾ ਜ਼ਿਲ੍ਹੇ ਦੇ ਟੀ.ਐੱਲ.ਐੱਫ. ਇਹ ਇੱਕ ਅਜਿਹਾ ਸਕੂਲ ਹੈ ਜਿਸ ਦੁਆਰਾ ਇੱਕ ਅਤਿ-ਆਧੁਨਿਕ ਬੋਰਡਿੰਗ ਸਕੂਲ ਸ਼ੁਰੂ ਕੀਤਾ ਜਾ ਰਿਹਾ ਹੈ।

## ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਪੰਜਾਬ ਬੰਦ ਦਾ ਸਮੱਰਥਨ

**ਨਿਹਾਲ ਸਿੰਘ ਵਾਲਾ (ਲਵਲੀ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ 30 ਦਸੰਬਰ ਦੇ ਬੰਦ ਦੇ ਸੱਦੇ ਨੂੰ ਲੈ ਕੇ ਪੂਰਨ ਸਮੱਰਥਨ ਦਿੱਤਾ ਜਾ ਰਿਹਾ ਹੈ।

ਇਸ ਸਬੰਧੀ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਬਲਾਕ ਪ੍ਰਧਾਨ ਇੰਦਰਮੋਹਨ ਸਿੰਘ ਪੱਤੋ ਨੇ ਕਿਹਾ ਕਿ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ 26 ਨਵੰਬਰ ਤੋਂ ਲਗਾਤਾਰ ਮਰਨ ਵਰਤ 'ਤੇ ਬੈਠੇ ਹਨ, ਉਨ੍ਹਾਂ ਦੀ ਹਾਲਤ ਗੰਭੀਰ ਬਣੀ ਹੋਈ ਹੈ ਇਸ ਲਈ ਪੰਜਾਬ ਭਰ ਦੇ ਸਾਰੇ ਵਰਗਾ ਨੂੰ ਅਪੀਲ ਹੈ ਕਿ 30 ਦਸੰਬਰ ਨੂੰ ਪੰਜਾਬ ਬੰਦ ਨੂੰ ਸਫ਼ਲ ਬਣਾਇਆ ਜਾਵੇ।

ਇਸ ਮੌਕੇ ਹਰ ਜੀਵਨ ਸਿੰਘ ਖਹਿਰਾ, ਬਲਵੀਰ ਸਿੰਘ ਪੱਤੋ, ਸੱਤੀ ਪੱਤੋ, ਸੁਖਮੰਦਰ ਨੰਗਲ, ਅਰਥ ਨੰਗਲ, ਸੋਨੀ ਨੰਗਲ, ਕਾਲਾ ਨੰਗਲ, ਗੁਰਦੀਪ ਹਿੰਮਤਪੁਰਾ ਆਦਿ ਹਾਜ਼ਰ ਸਨ।

## ਭਾਰਤੀ ਅੰਬੇਡਕਰ ਮਿਸ਼ਨ ਭਾਰਤ ਦੀਆਂ ਸਾਰੀਆਂ ਇਕਾਈਆਂ ਭੰਗ

### 15 ਜਨਵਰੀ ਨੂੰ ਹੋਵੇਗਾ ਮੁੜ ਇਕਾਈਆਂ ਦਾ ਗਠਨ

**ਸੰਗਰੂਰ (ਪ੍ਰਵੀਨ ਸਿੰਘ)**

ਸਮਾਜਿਕ ਜਥੇਬੰਦੀ ਭਾਰਤੀ ਅੰਬੇਡਕਰ ਮਿਸ਼ਨ ਭਾਰਤ ਦੇ ਕੌਮੀ ਪ੍ਰਧਾਨ ਦਰਸ਼ਨ ਸਿੰਘ ਕਾਂਗੜਾ ਵੱਲੋਂ ਮਿਸ਼ਨ ਦੇ ਮੁੱਖ ਸਰਪ੍ਰਸਤ ਮੈਡਮ ਪੂਨਮ ਕਾਂਗੜਾ ਦੀ ਅਨੁਮਤੀ ਨਾਲ ਮਿਸ਼ਨ ਦੀ ਸੂਬਾ, ਜ਼ਿਲ੍ਹਾ ਤੇ ਬਲਾਕ ਪੱਧਰੀ ਸਾਰੀਆਂ



ਇਕਾਈਆਂ ਨੂੰ ਭੰਗ ਕਰ ਦਿੱਤਾ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਦਰਸ਼ਨ ਕਾਂਗੜਾ ਨੇ ਕਿਹਾ ਕਿ ਭਾਰਤੀ ਅੰਬੇਡਕਰ ਮਿਸ਼ਨ ਭਾਰਤ ਦੀ ਇਕ ਸਮਾਜਿਕ ਜਥੇਬੰਦੀ ਹੈ, ਜਿਸ ਵਿੱਚ ਭਾਰਤੀ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ: ਭੀਮ ਰਾਓ ਅੰਬੇਡਕਰ ਜੀ ਦੀ ਵਿਚਾਰਧਾਰਾ ਨੂੰ ਮੰਨਣ ਵਾਲੇ ਵੱਡੀ ਗਿਣਤੀ ਹਰ ਵਰਗ ਦੇ ਲੋਕ ਸ਼ਾਮਲ ਹਨ, ਜੋ ਦੇਸ਼ ਹਰ ਕੋਨੇ ਵਿੱਚ ਸੂਬਾ, ਜ਼ਿਲ੍ਹਾ ਤੇ ਬਲਾਕ ਪੱਧਰ 'ਤੇ ਮਿਸ਼ਨ ਨਾਲ ਜੁੜ ਕੇ ਸੇਵਾਵਾਂ ਨਿਭਾਅ ਰਹੇ ਹਨ, ਜੋ ਹਰ ਪੱਧਰ ਤੋਂ ਉਪਰ ਉੱਠ ਕੇ ਲੋਕਾਂ ਨੂੰ ਇਨਸਾਫ਼ ਦਿਵਾਉਣ ਤੇ ਲੋਕ ਭਲਾਈ ਦੇ ਕੰਮ ਕਰ ਰਹੇ ਹਨ।

ਸ੍ਰੀ ਕਾਂਗੜ ਨੇ ਮਿਸ਼ਨ ਦੇ ਮੁੱਖ ਦਫ਼ਤਰ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਹ ਜਥੇਬੰਦੀ ਪਿਛਲੇ ਕਰੀਬ 26 ਸਾਲਾਂ ਤੋਂ ਦੇਸ਼ ਦੇ ਵੱਖ ਵੱਖ ਹਿੱਸਿਆਂ ਵਿੱਚ ਬਾਬਾ ਸਾਹਿਬ ਜੀ ਦੀ ਸੋਚ ਨੂੰ ਘਰ ਘਰ ਪਹੁੰਚਾਉਣ ਤੇ ਬਾਬਾ ਸਾਹਿਬ ਦੀ ਵਿਚਾਰਧਾਰਾ ਨੂੰ ਮੰਨਣ ਵਾਲੇ ਲੋਕਾਂ ਨੂੰ ਇਕਜੁੱਟ ਕਰਨ ਲਈ ਕੰਮ ਕਰ ਰਹੀ ਹੈ, ਜਿਸ ਵਿੱਚ ਹਰ ਸਾਲ ਨਵੀਂ ਟੀਮ ਦਾ ਗਠਨ ਕੀਤਾ ਜਾਂਦਾ ਹੈ ਤੇ ਸਾਲ 2025 ਲਈ ਨਵੀਂ ਟੀਮ ਦਾ 15 ਜਨਵਰੀ ਤੱਕ ਗਠਨ ਕੀਤਾ ਜਾਵੇਗਾ। ਕੌਮੀ ਪ੍ਰਧਾਨ ਨੇ ਕਿਹਾ ਕਿ ਭਾਰਤੀ ਅੰਬੇਡਕਰ ਮਿਸ਼ਨ, ਭਾਰਤ ਵਿਚ ਸ਼ਾਮਲ ਹੋਣ ਲਈ ਕੋਈ ਜਾਤੀ ਬੰਧਨ ਨਹੀਂ ਹੈ। ਉਨ੍ਹਾ ਕਿਹਾ ਕਿ ਸਮਾਜ ਸੇਵਾ ਨੂੰ ਸਮਰਪਤ ਯੋਗ ਆਗੂਆਂ ਨੂੰ ਮਿਸ਼ਨ ਵਿੱਚ ਸ਼ਾਮਲ ਕਰਕੇ ਮਿਸ਼ਨ ਦਾ ਹਿੱਸਾ ਬਣਾਇਆ ਜਾਵੇਗਾ। ਸ੍ਰੀ ਕਾਂਗੜਾ ਨੇ ਕਿਹਾ ਕਿ ਬਾਬਾ ਸਾਹਿਬ ਦੀ ਵਿਚਾਰਧਾਰਾ ਨੂੰ ਮੰਨਣ ਵਾਲੇ ਸਭਨਾਂ ਨੂੰ ਮਿਸ਼ਨ ਨਾਲ ਜੁੜਨ ਲਈ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ।

## ਜਨ ਹਿੱਤ ਸੰਮਤੀ ਵੱਲੋਂ ਰਿਕਸ਼ਾ ਰੇਹੜੀ ਚਾਲਕਾਂ ਨੂੰ ਜੈਕਟਾਂ ਦੇਣਾ ਸ਼ਲਾਘਾਯੋਗ ਉਪਰਾਲਾ : ਡਾਕਟਰ ਗਾਂਧੀ, ਕੋਹਲੀ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਜ਼ਿਲ੍ਹੇ ਦੀ ਨਾਮਵਰ ਸਮਾਜ ਸੇਵੀ ਸੰਸਥਾ ਜਨ ਹਿੱਤ ਸੰਮਤੀ ਵੱਲੋਂ ਪ੍ਰਧਾਨ ਐੱਸ ਕੇ ਗੌਤਮ ਤੇ ਜਰਨਲ ਸਕੱਤਰ ਸਟੇਟ ਐਵਾਰਡੀ ਵਿਨੋਦ ਸ਼ਰਮਾ ਦੀ ਅਗਵਾਈ ਹੇਠ ਚਿਲਡਰਨਜ਼ ਪਾਰਕ ਵਿਖੇ 100 ਰੇਹੜੀ ਚਾਲਕਾਂ, ਕੂੜਾ ਚੁੱਕਣ ਵਾਲੇ ਵਿਅਕਤੀਆਂ ਨੂੰ ਜੈਕਟਾਂ ਵੰਡ ਸਮਾਰੋਹ ਤੇ ਫਲਾਵਰ ਸ਼ੋ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਮੁੱਖ ਮਹਿਮਾਨ ਡਾਕਟਰ ਧਰਮਵੀਰ ਗਾਂਧੀ ਮੈਂਬਰ ਪਾਰਲੀਮੈਂਟ ਪਟਿਆਲਾ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਐੱਮ ਐੱਲ ਏ ਪਟਿਆਲਾ ਸ਼ਹਿਰੀ ਅਜੀਤਪਾਲ ਸਿੰਘ ਕੋਹਲੀ ਨੇ ਕੀਤੀ। ਵਿਸ਼ੇਸ਼ ਤੌਰ 'ਤੇ ਰਾਜਦੀਪ ਸਿੰਘ ਈ ਟੀ ਓ, ਜਸਵਿੰਦਰ ਸਿੰਘ ਸਾਬਕਾ ਫੂਡ ਸਪਲਾਈ ਅਫ਼ਸਰ, ਐੱਮ ਸੀ ਜਸਬੀਰ ਗਾਂਧੀ, ਐੱਮ ਸੀ ਤੇਜਿੰਦਰ ਮਹਿਤਾ, ਐੱਮ ਸੀ ਕੁੰਦਨ ਗੋਗੀਆ, ਐੱਮ ਸੀ ਕਵਲਜੀਤ ਕੌਰ, ਸੀਨੀਅਰ ਕਾਂਗਰਸੀ ਆਗੂ ਸੰਦੀਪ ਸਿੰਗਲਾ, ਅਬਦੁਲ ਵਾਹਿਦ, ਕਾਂਗਰਸ ਸਪੋਕਸਮੈਨ ਗੌਰਵ ਸੰਧੂ, ਪ੍ਰੈੱਸ ਸਕੱਤਰ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਯੂਥ ਆਗੂ ਜਗਤਾਰ ਸਿੰਘ ਜੱਗੀ ਜੁਆਇੰਟ ਸਕੱਤਰ, ਸਤਪਾਲ ਪਰਾਸ਼ਰ, ਵਿਨੇ ਸ਼ਰਮਾ, ਜੀ ਐੱਸ ਆਨੰਦ, ਇੰਦਰਜੀਤ ਦੂਆ, ਡਾਕਟਰ ਹਰੀ ਓਮ ਅਗਰਵਾਲ, ਸੁਰਿੰਦਰ ਸਿੰਘ, ਲੱਕੀ ਹਰਦਾਸਪੁਰ, ਰੁਦਰਪ੍ਰਤਾਪ ਸਿੰਘ ਪ੍ਰਧਾਨ ਯੁਵਕ ਸੇਵਾਵਾਂ ਕਲੱਬ ਦੀਪਨਗਰ, ਸੁੰਦਰ ਲਾਲ, ਪ੍ਰੇਮ ਸ਼ਰਮਾ ਸਾਬਕਾ ਬਾਕਸਿੰਗ ਕੋਚ ਐੱਨ ਆਈ ਐੱਸ, ਤਰਸੇਮ ਬਾਂਸਲ, ਲਾਲ ਸਿੰਘ, ਵਿਕਰਮ ਕੁਮਾਰ, ਸੰਤੋਸ਼ ਕੁਮਾਰ, ਹਰਿੰਦਰ ਸ਼ਰਮਾ, ਹਰਪਾਲ ਮਾਨ ਨੇ ਸ਼ਿਰਕਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਮੈਂਬਰ ਪਾਰਲੀਮੈਂਟ ਧਰਮਬੀਰ ਗਾਂਧੀ ਤੇ ਐੱਮ ਐੱਲ ਏ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਜਨ ਹਿੱਤ ਸੰਮਤੀ ਵੱਲੋਂ ਲੋੜਵੰਦਾਂ ਦੀ ਮਦਦ ਕਰਨਾ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਜਨ ਹਿੱਤ ਸੰਮਤੀ ਵੱਲੋਂ



ਪ੍ਰਧਾਨ ਐੱਸ ਕੇ ਗੌਤਮ ਤੇ ਜਰਨਲ ਸਕੱਤਰ ਸਟੇਟ ਐਵਾਰਡੀ ਵਿਨੋਦ ਸ਼ਰਮਾ ਦੀ ਅਗਵਾਈ ਹੇਠ ਪਟਿਆਲਾ ਸ਼ਹਿਰ ਦੇ ਪਾਰਕਾਂ ਦੀ ਸਾਂਭ ਸੰਭਾਲ ਕਰਨੀ, ਲੋੜਵੰਦਾਂ ਦੀ ਮਦਦ ਲਈ ਪੰਜ ਫਰੀ ਐਂਬੂਲੈਂਸ ਚਲਾਉਣੀਆਂ, ਰਾਜਿੰਦਰਾ ਹਸਪਤਾਲ ਵਿੱਚ ਲੋੜਵੰਦ ਮਰੀਜ਼ਾਂ ਲਈ ਵ੍ਹੀਲਚੇਅਰ, ਟਰਾਈਸਾਈਕਲ, ਮੁਫ਼ਤ ਦਵਾਈਆਂ ਦੇਣੀਆਂ, ਲੋੜਵੰਦ ਲੜਕੀਆਂ ਤੇ ਔਰਤਾਂ ਲਈ ਫਰੀ ਸਿਲਾਈ ਕਢਾਈ ਸੈਂਟਰ, ਕੰਪਿਊਟਰ ਸੈਂਟਰ, ਬਿਊਟੀ ਪਾਰਲਰ ਦੇ ਕੋਰਸ ਕਰਵਾਏ ਜਾ ਰਹੇ ਹਨ, ਉਹੋ ਬਹੁਤ ਪ੍ਰਸੰਸਾਯੋਗ ਹੈ। ਉਨ੍ਹਾਂ ਕਿਹਾ ਕਿ ਜਨ ਹਿੱਤ ਸੰਮਤੀ ਵਰਗੀ ਸਮਾਜ ਸੇਵੀ ਸੰਸਥਾ ਤੋਂ ਸੇਧ ਲੈ ਕੇ ਹੋਰਨਾਂ ਸੰਸਥਾਵਾਂ ਨੂੰ ਵੀ ਲੋੜਵੰਦਾਂ ਦੀ ਮਦਦ ਲਈ ਅੱਗੇ ਆਉਣਾ ਚਾਹੀਦਾ ਹੈ। ਇਸ ਮੌਕੇ ਪ੍ਰੋਗਰਾਮ ਦੌਰਾਨ ਪਹੁੰਚੇ ਵੱਖ ਵੱਖ ਮਹਿਮਾਨਾਂ ਵੱਲੋਂ ਫਲਾਵਰ ਸ਼ੋ ਦਾ ਆਨੰਦ ਵੀ ਮਾਣਿਆ।

## ਪੰਜਾਬ ਬੰਦ ਨੂੰ ਰਾਸ਼ਨ ਡਿੱਪੂ ਹੋਲਡਰ ਫੈਡਰੇਸ਼ਨ ਵੱਲੋਂ ਪੂਰਨ ਸਮਰਥਨ : ਕਾਂਝਲਾ

**ਮਾਲੇਰਕੋਟਲਾ (ਅਸਗਰ ਪਰਿਹਾਰ)**-ਰਾਸ਼ਨ ਡਿੱਪੂ ਹੋਲਡਰ ਫੈਡਰੇਸ਼ਨ (ਰਜਿ.) 118 ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਕਾਂਝਲਾ ਨੇ



ਕਿਹਾ ਕਿ ਕਿਸਾਨ ਜਥੇਬੰਦੀਆਂ ਵੱਲੋਂ 30 ਦਸੰਬਰ ਨੂੰ ਪੰਜਾਬ ਬੰਦ ਦਾ ਸਮਥਨ ਕਰਦੇ ਹਾਂ।ਉਨ੍ਹਾ ਕਿਹਾ ਕਿ ਸਾਡੇ ਕਿਸਾਨ ਆਗੂ ਸ. ਜਗਜੀਤ ਸਿੰਘ ਡੱਲੇਵਾਲ ਨੂੰ ਪਿਛਲੇ ਦਿਨੀਂ ਪਿਛਲੇ ਦਿਨ ਹੀ ਮਿਲ ਕੇ ਆਏ ਹਾਂ ਉਨ੍ਹਾਂ ਦੀ ਸਿਹਤ ਬਹੁਤ ਨਾਜ਼ੁਕ ਹੈ ਕੇਂਦਰ ਤੇ ਸੂਬਾ ਸਰਕਾਰ ਨੂੰ ਉਨ੍ਹਾਂ ਦੀ ਕੋਈ ਪ੍ਰਵਾਹ ਨਹੀਂ ਹੈ, ਡੱਲੇਵਾਲ ਪਿਛਲੇ ਲਗਭਗ ਇਕ ਮਹੀਨੇ ਤੋਂ ਕਿਸਾਨਾਂ ਦੀਆਂ ਮੰਗਾਂ ਲਈ ਭੁੱਖ ਹੜਤਾਲ 'ਤੇ ਬੈਠੇ ਸਨ, ਸ੍ਰੀ ਕਾਂਝਲਾ ਨੇ ਕਿਹਾ ਕਿ ਸਾਡੀ ਰਾਸ਼ਨ ਡਿੱਪੂ ਯੂਨੀਅਨ ਵੱਲੋਂ ਜਗਜੀਤ ਸਿੰਘ ਡੱਲੇਵਾਲ ਤੇ ਸਮੂਹ ਕਿਸਾਨ ਜਥੇਬੰਦੀਆਂ ਨੂੰ ਪੂਰਨ ਸਮਰਥਨ ਦਾ ਐਲਾਨ ਕਰਦੇ ਹਾਂ।ਸੂਬਾ ਪ੍ਰਧਾਨ ਕਾਂਝਲਾ ਨੇ ਕਿਹਾ ਕਿ ਕਿਸਾਨੀ ਹਰੇਕ ਵਰਗ ਦੀ ਆਰਥਿਕਤਾ ਦਾ ਧੁਰਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ 18500 ਡਿੱਪੂ ਹੋਲਡਰ ਆਪੋ ਆਪਣੇ ਜ਼ਿਲ੍ਹਿਆਂ 'ਚ ਵੱਖ-ਵੱਖ ਥਾਵਾਂ 'ਤੇ ਬੰਦ ਦਾ ਸਮਰਥਨ ਕਰਨਗੇ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸੁਰਜੀਤ ਸਿੰਘ, ਪ੍ਰਧਾਨ ਪਰਮਜੀਤ ਸਿੰਘ ਹਾਡਾ ਸੁਨਾਮ, ਸੁਦਾਗਰ ਅਲੀ ਬਲਾਕ ਪ੍ਰਧਾਨ ਮਾਲੇਰਕੋਟਲਾ, ਕਰਮਜੀਤ ਰਟੋਲਾ, ਮੱਖਣ ਗਰਗ, ਸੂਬਾ ਪ੍ਰੈੱਸ ਸਕੱਤਰ ਮੁਹੰਮਦ ਸਲੀਮ, ਕੇਵਲ ਕ੍ਰਿਸ਼ਨ ਧਨੋ, ਰੋਜ਼ੀ ਨਾਰੀਕੇ, ਬਿੱਕਰ ਸਿੰਘ ਰਾੜਵਾ, ਨਜੀਰ ਮੁਹੰਮਦ ਬਿੰਜੋਕੀ, ਸੰਦੀਪ ਸਿੰਘ ਆਦਮਵਾਲ ਸੁਰਾਜਦੀਨ ਕੇਲੋਂ ਆਦਿ ਤੋਂ ਇਲਾਵਾ ਹੋਰ ਵੀ ਡਿੱਪੂ ਹੋਲਡਰ ਹਾਜ਼ਰ ਸਨ।

## ਵਿਆਹੁਤਾ ਨੂੰ ਕੁੱਟਮਾਰ ਕਰਕੇ ਘਰੋਂ ਕੱਢਿਆ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਿਆਹੁਤਾ ਕੋਲੋਂ ਹੋਰ ਦਾਜ ਮੰਗਣ ਤੇ ਕੁੱਟਮਾਰ ਕਰਕੇ ਘਰੋਂ ਕੱਢਣ ਦੇ ਦੋਸ਼ ਵਿੱਚ ਥਾਣਾ ਵੂਮੈਨ ਫਿਰੋਜ਼ਪੁਰ ਪੁਲਸ ਨੇ ਵਿਆਹੁਤਾ ਦੇ ਪਤੀ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਦਰਸ਼ਨ ਸਿੰਘ ਨੇ ਦੱਸਿਆ ਦਰਖਾਸਤ ਨੰਬਰ 400872 ਰਾਹੀਂ ਮਾਨਸੀ ਸ਼ਰਮਾ ਪੁੱਤਰੀ ਸੁਰਿੰਦਰ ਕੁਮਾਰ ਵਾਸੀਅਨ ਮਕਾਨ ਨੰਬਰ 811 ਦਸਮੇਸ਼ ਨਗਰ ਸਿਟੀ ਫਿਰੋਜ਼ਪੁਰ ਨੇ ਦੱਸਿਆ ਕਿ ਉਸ ਦਾ ਵਿਆਹ ਗੁਰਸਾਹਿਬ ਸਿੰਘ ਪੁੱਤਰ ਨਛੱਤਰ ਸਿੰਘ ਵਾਸੀ ਬਸਤੀ ਮੁਹੰਮਦ ਅਲੀ ਸ਼ਾਹ ਨਾਲ 7 ਫਰਵਰੀ 2021 ਨੂੰ ਹੋਇਆ ਸੀ। ਵਿਆਹੁਤਾ ਨੇ ਦੱਸਿਆ ਕਿ ਉਸ ਦੇ ਵਿਆਹ ਸਮੇਂ ਉਸ ਦੇ ਮਾਤਾ-ਪਿਤਾ ਨੇ ਆਪਣੀ ਹੈਸੀਅਤ ਤੋਂ ਵੱਧ ਦਾਜ ਦਹੇਜ ਇਸਤਰੀ ਧਨ ਵਜੋਂ ਦਿੱਤਾ ਸੀ, ਪਰ ਦੋਸ਼ੀ ਇਸ ਤੋਂ ਖ਼ੁਸ਼ ਨਹੀਂ ਸੀ। ਵਿਆਹੁਤਾ ਮਾਨਸੀ ਸ਼ਰਮਾ ਨੇ ਦੱਸਿਆ ਕਿ ਦੋਸ਼ੀ, ਜੋ ਉਸ ਕੋਲੋਂ ਹੋਰ ਦਾਜ ਦੀ ਮੰਗ ਕਰਦਾ ਸੀ, ਉਸ ਵੱਲੋਂ ਇਨਕਾਰ ਕਰਨ 'ਤੇ ਉਸ ਨੂੰ ਕੁੱਟਮਾਰ ਕਰਕੇ ਘਰੋਂ ਕੱਢ ਦਿੱਤਾ। ਜਾਂਚਕਰਤਾ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਵਿਆਹੁਤਾ ਦੇ ਪਤੀ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

## ਪੰਜਾਬ ਬੰਦ ਨੂੰ ਸਫਲ ਬਣਾਉਣ ਲਈ ਹਰ ਸੰਭਵ ਯਤਨ ਕਰਾਂਗੇ : ਭਾਈ ਜਸਪਾਲ ਸਿੰਘ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਕਿਸਾਨ ਜਥੇਬੰਦੀਆਂ ਵੱਲੋਂ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਲੜੇ ਜਾ ਰਹੇ ਸੰਘਰਸ਼ ਦੌਰਾਨ 30 ਦਸੰਬਰ ਨੂੰ ਪੰਜਾਬ ਬੰਦ ਦੇ ਕੀਤੇ ਐਲਾਨ ਨੂੰ ਜਿੱਥੇ ਹੋਰ ਵੀ ਕਈ ਜਥੇਬੰਦੀਆਂ ਕਿਸਾਨਾਂ ਦੀ ਹਮਾਇਤ 'ਤੇ ਆ ਗਈਆਂ ਹਨ, ਉਥੇ ਇਲਾਕੇ ਵਿੱਚ ਆਪਣਾ ਕਾਫੀ ਪ੍ਰਭਾਵ ਰੱਖਣ ਵਾਲੀ ਧਾਰਮਿਕ ਜਥੇਬੰਦੀ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਨੇ ਵੀ ਇਸ ਬੰਦ ਨੂੰ ਸਫਲ ਬਣਾਉਣ ਅਤੇ ਕਿਸਾਨੀ ਅੰਦੋਲਨ ਦੀ ਹਮਾਇਤ ਦਾ ਐਲਾਨ ਕੀਤਾ ਹੈ।ਇਕ ਜਾਰੀ ਪ੍ਰੈੱਸ ਨੋਟ ਵਿਚ ਫੈਡਰੇਸ਼ਨ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਭਾਈ ਜਸਪਾਲ ਸਿੰਘ ਨੇ ਕਿਸਾਨਾਂ ਦੇ ਹੱਕ ਵਿੱਚ ਹਾਅ ਦਾ ਨਾਹਰਾ ਮਾਰਿਆ ਹੈ, ਉਥੇ ਕੇਂਦਰ ਸਰਕਾਰ ਨੂੰ ਦਲੀਲ ਦਿੱਤੀ ਕਿ ਉਹ ਕਿਸਾਨਾਂ ਨਾਲ ਟਕਰਾਅ ਦੀ ਸਥਿਤੀ ਛੱਡ ਕੇ ਉਨ੍ਹਾਂ ਦੀ ਹੱਕੀ ਮੰਗਾਂ ਨੂੰ ਤੁਰੰਤ ਪ੍ਰਵਾਨ ਕਰੇ।ਭਾਈ ਜਸਪਾਲ ਸਿੰਘ ਤੇ ਸਾਥੀਆਂ ਨੇ 30 ਦਸੰਬਰ ਦੇ ਬੰਦ ਦੇ ਸੱਦੇ ਨੂੰ ਸਫਲ ਬਣਾਉਣ ਬਾਰੇ ਸਪੱਸ਼ਟ ਕੀਤਾ ਕਿ ਉਨ੍ਹਾਂ ਦੇ ਵਰਕਰ ਉਸ ਦਿਨ ਕਿਸਾਨਾਂ ਦਾ ਪੂਰਾ ਸਾਥ ਦੇਣਗੇ ਤੇ ਬੰਦ ਨੂੰ ਸਫਲ ਵੀ ਬਣਾਉਣਗੇ।ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਜ਼ਰੂਰੀ ਵਸਤਾਂ ਦੀ ਸਪਲਾਈ ਯਕੀਨੀ ਬਣਾਈ ਜਾਵੇਗੀ ਤੇ ਕਿਸੇ ਮਰੀਜ਼, ਮੈਡੀਕਲ ਤੇ ਵਿਆਹ ਦੇ ਕਾਰਜ ਕਰਨ ਵਾਲਿਆਂ ਨੂੰ ਪ੍ਰੇਸ਼ਾਨ ਨਹੀਂ ਕੀਤਾ ਜਾਵੇਗਾ।ਇਸ ਸਮੇਂ ਭਾਈ ਜਸਪਾਲ ਸਿੰਘ ਦੇ ਨਾਲ ਭਾਈ ਸੁਖਦੇਵ ਸਿੰਘ ਲਾਡਾ, ਜਰਨੈਲ ਸਿੰਘ ਗਾਬੜੀਆ, ਡਾ. ਗੁਰਮੀਤ ਸਿੰਘ, ਜਸਬੀਰ ਸਿੰਘ ਤੇਗਾ ਸਿੰਘ ਵਾਲਾ, ਅਵਤਾਰ ਸਿੰਘ ਜ਼ੋਸਨ, ਗਗਨਦੀਪ ਸਿੰਘ ਚਾਵਲਾ, ਗੁਰਦਰਸ਼ਨ ਸਿੰਘ ਬੱਬੀ, ਕੁਲਦੀਪ ਸਿੰਘ ਲੋਕੋ, ਕਰਮਜੀਤ ਸਿੰਘ ਬੱਬਾ, ਕੁਲਦੀਪ ਸਿੰਘ ਨੰਦਾ, ਕਿਰਨਦੀਪ ਸਿੰਘ ਭੁੱਲਰ, ਗੁਰਵਰਪ੍ਰੀਤ ਸਿੰਘ ਗੋਰਾ, ਗੁਰਮੇਲ ਸਿੰਘ, ਲਕਸ਼ਦੀਪ ਸਿੰਘ ਆਦਿ ਆਗੂ ਹਾਜ਼ਰ ਸਨ।



## ...ਸਫ਼ਾ 1 ਦੇ ਬਾਕੀ

### ਜਹਾਜ਼ ਕੰਧ 'ਚ...

ਉਤਰਨ ਦੀ ਆਗਿਆ ਦਿੱਤੀ। ਪਾਇਲਟ ਨੇ ਜਹਾਜ਼ ਦੇ ਫਿਸਲਣ ਤੋਂ ਪਹਿਲਾਂ ਬਿਪਤਾ ਦਾ ਸੰਕੇਤ ਦਿੱਤਾ ਤੇ ਫਿਰ ਕੰਧ 'ਚ ਜਾ ਵੱਜਾ। ਇਹ ਦੱਖਣੀ ਕੋਰੀਆ ਦੇ ਹਵਾਬਾਜ਼ੀ ਇਤਿਹਾਸ ਦੇ ਮਾਰੂ ਹਾਦਸਿਆਂ ਵਿੱਚੋਂ ਇੱਕ ਹੈ। ਇਸ ਤੋਂ ਪਹਿਲਾਂ 1997 'ਚ ਗੁਆਮ 'ਚ 228 ਲੋਕ ਮਾਰੇ ਗਏ ਸਨ। 2013 'ਚ ਏਸ਼ੀਆਨਾ ਏਅਰਲਾਈਨਜ਼ ਦਾ ਜਹਾਜ਼ ਸਾਨ ਫਰਾਂਸਿਸਕੋ ਵਿੱਚ ਤਬਾਹ ਹੋਣ ਨਾਲ ਤਿੰਨ ਲੋਕ ਮਾਰੇ ਗਏ ਸਨ ਤੇ ਕਰੀਬ 200 ਜ਼ਖਮੀ ਹੋ ਗਏ ਸਨ।

ਇਹ ਹਾਦਸਾ ਲੈਂਡਿੰਗ ਵੇਲੇ ਵਾਪਰਨ ਵਾਲੇ ਭਿਆਨਕ ਹਾਦਸਿਆਂ 'ਚੋਂ ਇੱਕ ਹੈ। ਜੁਲਾਈ 2007 ਵਿੱਚ ਬਰਾਜ਼ੀਲ ਦੇ ਸਾਓ ਪੌਲੋ 'ਚ ਏਅਰਬੱਸ ਏ-320 ਫਿਸਲ ਕੇ ਨੇੜਲੀ ਇਮਾਰਤ 'ਚ ਵੱਜਣ ਨਾਲ ਉਸ ਵਿੱਚ ਸਵਾਰ ਸਾਰੇ 187 ਲੋਕ ਮਾਰੇ ਗਏ ਸਨ ਤੇ ਹੇਠਾਂ ਵੀ 12 ਲੋਕ ਮਾਰੇ ਗਏ ਸਨ। 2010 ਵਿੱਚ ਏਅਰ ਇੰਡੀਆ ਐਕਸਪ੍ਰੈੱਸ ਦਾ ਜਹਾਜ਼ ਕਰਨਾਟਕ ਦੇ ਮੈਂਗਲੁਰੂ 'ਚ ਰਨਵੇਅ ਤੋਂ ਅੱਗੇ ਖੱਡ 'ਚ ਡਿੱਗਣ ਕਾਰਨ 158 ਲੋਕ ਮਾਰੇ ਗਏ ਸਨ।

ਸਾਬਕਾ ਪਾਇਲਟ ਸਮੇਤ ਸੋਸ਼ਲ ਮੀਡੀਆ ਯੂਜ਼ਰਜ਼ ਨੇ ਹਾਦਸੇ 'ਤੇ ਕਈ ਸਵਾਲ ਖੜ੍ਹੇ ਕੀਤੇ ਹਨ। ਇਕ ਯੂਜ਼ਰ ਨੇ ਕਿਹਾ ਕਿ ਤਿੰਨ ਕਿਲੋਮੀਟਰ ਤੋਂ ਘੱਟ ਲੰਬੇ ਰਨਵੇਅ 'ਤੇ ਲੈਂਡ ਕਰਦੇ ਸਮੇਂ ਜਹਾਜ਼ ਦੀ ਤੇਜ਼ ਰਫਤਾਰ ਵੀ ਇਸ ਦਾ ਕਾਰਨ ਹੋ ਸਕਦੀ ਹੈ। ਦੂਜਿਆਂ ਨੇ ਪੁੱਛਿਆ ਹੈ ਕਿ ਜੇ ਇਹ ਯੋਜਨਾਬੱਧ ਬੈਲੀ ਲੈਂਡਿੰਗ ਸੀ ਤਾਂ ਰਨਵੇਅ ਦੇ ਨੇੜੇ ਫਾਇਰ ਫਾਈਟਰਾਂ ਨੂੰ ਕਿਉਂ ਨਹੀਂ ਤਾਇਨਾਤ ਕੀਤਾ ਗਿਆ ਸੀ। ਇਕ ਹੋਰ ਸਵਾਲ ਇਹ ਹੈ ਕਿ ਏਅਰਕ੍ਰਾਫਟ ਟ੍ਰੈਜੈਕਟਰੀ ਦਰਸਾਉਂਦੀ ਹੈ ਕਿ ਬੈਲੀ ਲੈਂਡਿੰਗ ਦੀ ਕੋਸ਼ਿਸ਼ ਕਰਨ ਤੋਂ ਪਹਿਲਾਂ ਜਹਾਜ਼ ਨੇ ਚੱਕਰ ਨਹੀਂ ਲਗਾਇਆ ਸੀ।

ਮੁਆਨ ਫਾਇਰ ਸਟੇਸ਼ਨ ਦੇ ਮੁਖੀ ਲੀ ਜੇਓਂਗ-ਹਿਊਨ ਨੇ ਕਿਹਾ ਕਿ ਦੁਰਘਟਨਾ ਦਾ ਕਾਰਨ ਖਰਾਬ ਮੌਸਮ ਦੇ ਨਾਲ-ਨਾਲ ਪੰਛੀਆਂ ਦੀ ਟੱਕਰ ਲੱਗਦਾ ਹੈ। ਹਾਲਾਂਕਿ ਸਹੀ ਕਾਰਨ ਦਾ ਐਲਾਨ ਸਾਂਝੀ ਜਾਂਚ ਤੋਂ ਬਾਅਦ ਕੀਤਾ ਜਾਵੇਗਾ।

### ਜੱਗੂ ਤੇ ਬਾਠ ਗੈਂਗ...

ਜਾਣਕਾਰੀਆਂ ਸਾਹਮਣੇ ਆਈਆਂ ਹਨ। ਉਨ੍ਹਾ ਕਿਹਾ ਕਿ ਇਸ ਕੇਸ ਦੇ ਅਗਲੇ-ਪਿਛਲੇ ਸੰਬੰਧਾਂ ਦਾ ਪਤਾ ਲਾਉਣ ਲਈ ਅਗਲੇਰੀ ਜਾਂਚ ਜਾਰੀ ਹੈ।

ਐੱਸ ਐੱਸ ਪੀ ਤਰਨ ਤਾਰਨ ਅਭਿਮਨਿਊ ਰਾਣਾ ਨੇ ਦੱਸਿਆ ਕਿ ਹੁੰਡਈ ਕਰੇਟਾ ਕਾਰ ਵਿੱਚ ਸਵਾਰ ਸ਼ੱਕੀ ਵਿਅਕਤੀਆਂ ਦੀ ਸੂਚਨਾ ਮਿਲਣ ਤੋਂ ਬਾਅਦ ਇੰਚਾਰਜ ਸੀ ਆਈ ਏ ਸਟਾਫ ਤਰਨ ਤਾਰਨ ਅਮਨਦੀਪ ਸਿੰਘ ਦੀ ਅਗਵਾਈ ਵਿੱਚ ਪੁਲਸ ਟੀਮ ਨੇ ਜੰਡਿਆਲਾ ਤੋਂ ਤਰਨ ਤਾਰਨ ਰੋਡ 'ਤੇ ਨਾਕਾ ਲਗਾਇਆ ਅਤੇ ਨਾਕਾਬੰਦੀ ਕਰ ਕੇ ਕਰੇਟਾ ਕਾਰ ਨੂੰ ਰੋਕਣ 'ਚ ਕਾਮਯਾਬ ਰਹੇ, ਜਿਸ ਦੇ ਸਿੱਟੇ ਵਜੋਂ ਗੁਰਮੀਤ ਸਿੰਘ ਉਰਫ਼ ਰਾਵਲ, ਲਵਪ੍ਰੀਤ ਸਿੰਘ ਉਰਫ਼ ਐੱਨ ਪੀ ਅਤੇ ਹਰਪਾਲ ਸਿੰਘ ਨੂੰ ਤੁਰੰਤ ਗ੍ਰਿਫ਼ਤਾਰ ਕਰ ਲਿਆ। ਉਨ੍ਹਾ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਦੋਸ਼ੀਆਂ ਤੋਂ ਪੁੱਛਗਿੱਛ ਉਪਰੰਤ ਗੈਂਗ ਦੇ ਦੋ ਹੋਰ ਮੈਂਬਰਾਂ ਸ਼ਮਸ਼ੇਰ ਸਿੰਘ ਉਰਫ ਸ਼ੇਰਾ ਪਾਸੀਆਂ ਅਤੇ ਸੰਦੀਪ ਸਿੰਘ ਉਰਫ ਗੋਲੀ ਨੂੰ ਵੀ ਗ੍ਰਿਫਤਾਰ ਕੀਤਾ ਗਿਆ ਹੈ।

### ਰਿਸ਼ਵਤ ਮਾਮਲੇ 'ਚ...

ਜਦਕਿ ਮੁਲਜ਼ਮ 55 ਲੱਖ ਰੁਪਏ ਲੈ ਕੇ ਫਰਾਰ ਹੋਇਆ ਸੀ। ਉਸ ਕੋਲੋਂ ਬਰਾਮਦ ਹੋਏ ਬੈਗ 'ਚ 1 ਲੱਖ ਰੁਪਏ ਘੱਟ ਸਨ। ਸੀ ਬੀ ਆਈ ਇੱਕ ਲੱਖ ਰੁਪਏ ਦੇ ਨੋਟਾਂ ਦੀ ਵੀ ਤਲਾਸ਼ ਕਰ ਰਹੀ ਹੈ। ਵਿਸ਼ਾਲਦੀਪ ਨੇ ਕਾਲਾ ਅੰਬ, ਜ਼ਿਲ੍ਹਾ ਸਿਰਮੌਰ (ਹਿਮਾਚਲ ਪ੍ਰਦੇਸ਼) ਦੀ ਵਿਦਿਅਕ ਸੰਸਥਾ ਦੇ ਚੇਅਰਮੈਨ ਰਜਨੀਸ਼ ਬਾਂਸਲ ਅਤੇ ਇੱਕ ਹੋਰ ਵਿਅਕਤੀ ਭੁਪਿੰਦਰ ਸ਼ਰਮਾ ਖਿਲਾਫ ਮਨੀ ਲਾਂਡਰਿੰਗ ਦੀ ਜਾਂਚ ਕੀਤੀ ਸੀ। ਵਿਸ਼ਾਲਦੀਪ, ਨੀਰਜ ਅਤੇ ਸੁਨੀਲ ਨੇ ਇਨ੍ਹਾਂ ਵਿਅਕਤੀਆਂ ਤੋਂ ਰਿਸ਼ਵਤ ਦੀ ਮੰਗ ਕੀਤੀ ਤੇ ਰਿਸ਼ਵਤ ਦੀ ਡਿਲੀਵਰੀ ਲਈ ਚੰਡੀਗੜ੍ਹ ਬੁਲਾਇਆ ਸੀ। ਸ਼ਿਕਾਇਤਕਰਤਾਵਾਂ ਨੇ ਇਸ ਸੰਬੰਧੀ ਸੀ ਬੀ ਆਈ ਨੂੰ ਦੱਸ ਦਿੱਤਾ ਤੇ ਸੀ ਬੀ ਆਈ ਦੇ ਕਹਿਣ 'ਤੇ ਉਨ੍ਹਾਂ ਮੁਲਜ਼ਮਾਂ ਨੂੰ ਜ਼ੀਰਕਪੁਰ ਅਤੇ ਸੈਕਟਰ-22 ਪੰਚਕੂਲਾ ਬੁਲਾਇਆ ਸੀ। ਸੀ ਬੀ ਆਈ ਦੀ ਟੀਮ ਪਹਿਲਾਂ ਹੀ ਉਥੇ ਮੌਜੂਦ ਸੀ, ਪਰ ਮੁਲਜ਼ਮ ਸੀ ਬੀ ਆਈ ਨੂੰ ਚਕਮਾ ਦੇ ਕੇ ਫਰਾਰ ਹੋ ਗਏ। ਹਾਲਾਂਕਿ ਬਾਅਦ 'ਚ ਵਿਕਾਸਦੀਪ ਨੂੰ ਸੀ ਬੀ ਆਈ ਨੇ ਫੜ ਲਿਆ ਸੀ। ਰਿਸ਼ਵਤ ਲੈਣ ਲਈ ਵਰਤੀ ਗਈ ਗੱਡੀ ਵੀ ਬਰਾਮਦ ਕਰ ਲਈ ਗਈ ਹੈ।

### ਮਿਲਕਫੈੱਡ ਨੇ ਬੀਤੇ ...

ਮੰਤਰੀ ਨੇ ਜਲੰਧਰ ਵਿਖੇ ਵੇਰਕਾ ਡੇਅਰੀ ਪਲਾਂਟ ਵਿੱਚ 1.25 ਲੱਖ ਲੀਟਰ ਪ੍ਰਤੀ ਦਿਨ (ਐੱਲ.ਐੱਲ.ਪੀ.ਡੀ.) ਦੀ ਸਮਰੱਥਾ ਵਾਲੇ ਫਰਮੈਂਟਡ ਉਤਪਾਦਾਂ (ਦਹੀ ਤੇ ਲੱਸੀ) ਦੀ ਪ੍ਰੋਸੈਸਿੰਗ ਤੇ ਪੈਕੇਜਿੰਗ ਲਈ ਨਵੇਂ ਆਟੋਮੈਟਿਕ ਯੂਨਿਟ ਦਾ ਉਦਘਾਟਨ ਕੀਤਾ। ਬੁਲਾਰੇ ਨੇ ਅੱਗੇ ਦੱਸਿਆ ਕਿ ਮਿਲਕਫੈੱਡ ਨੇ ਕਿਸਾਨਾਂ ਦੀ ਆਮਦਨ ਵਧਾਉਣ ਲਈ ਪਿੰਡਾਂ ਵਿੱਚ ਦੁੱਧ ਦੀ ਖਰੀਦ ਤੇ ਸਪਲਾਈ ਲਈ ਅਤਿ-ਆਧੁਨਿਕ ਬੁਨਿਆਦੀ ਢਾਂਚੇ ਦੀ ਸਥਾਪਨਾ ਕੀਤੀ ਹੈ।

ਵਿੱਤੀ ਵਰ੍ਹੇ ਸਾਲ 2023-24 ਵਿੱਚ ਮਿਲਕਫੈੱਡ ਨੇ ਪ੍ਰਤੀ ਦਿਨ 20.01 ਲੱਖ ਲੀਟਰ ਦੁੱਧ ਦੀ ਖਰੀਦ ਕੀਤੀ ਹੈ, ਜੋ ਕਿ ਪਿਛਲੇ ਸਾਲ ਦੀ ਇਸੇ ਮਿਆਦ ਦੇ ਮੁਕਾਬਲੇ 9.4 ਫੀਸਦੀ ਵੱਧ ਹੈ। ਇਸ ਸਮੇਂ ਦੌਰਾਨ ਸਹਿਕਾਰੀ ਅਦਾਰੇ ਨੇ ਸਖ਼ਤ ਮੁਕਾਬਲੇ ਦੇ ਬਾਵਜੂਦ ਪ੍ਰਤੀ ਦਿਨ 12.66 ਲੱਖ ਲੀਟਰ ਪੈਕੇਟ ਵਾਲਾ ਦੁੱਧ ਵੇਚਿਆ, ਜਦਕਿ ਬੀਤੇ ਸਾਲ ਇਸ ਦੀ ਵਿਕਰੀ 12.01 ਲੱਖ ਲੀਟਰ ਸੀ, ਜਿਸ ਨਾਲ 5 ਫੀਸਦੀ ਦਾ ਵਾਧਾ ਦਰਜ ਕੀਤਾ ਗਿਆ ਹੈ। ਸਾਲ 2024 ਵਿੱਚ ਮਿਲਕਫੈੱਡ ਨੇ ਲੋਕਾਂ ਦੀ ਮੰਗ ਮੁਤਾਬਕ ਪਹਿਲੀ ਵਾਰ ਬਿਨਾਂ ਸ਼ੂਗਰ ਵਾਲੀ ਖੀਰ ਅਤੇ ਮਿਲਕ ਕੇਕ ਅਤੇ ਹੋਰ ਉਤਪਾਦਾਂ ਦੀ ਵਿਕਰੀ ਸ਼ੁਰੂ ਕੀਤੀ।

## ਟੈਲੀਗ੍ਰਾਮ 'ਤੇ ਪੈਸੇ ਇਨਵੈਸਟ ਕਰਕੇ ਮੁਨਾਫਾ ਕਮਾਉਣ ਦਾ ਝਾਂਸਾ ਦੇ ਕੇ 7.97 ਲੱਖ ਠੱਗੇ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ 'ਚ ਟੈਲੀਗ੍ਰਾਮ 'ਤੇ ਪੈਸੇ ਇਨਵੈਸਟ ਕਰਕੇ ਮੁਨਾਫਾ ਕਮਾਉਣ ਦਾ ਝਾਂਸਾ ਦੇ ਕੇ ਇਕ ਵਿਅਕਤੀ ਨਾਲ 7 ਲੱਖ 97 ਹਜ਼ਾਰ 700 ਰੁਪਏ ਦੀ ਠੱਗੀ ਮਾਰਨ ਦੇ ਦੋਸ਼ ਵਿੱਚ ਸਾਈਬਰ ਕਰਾਈਮ ਨੇ ਅਣਪਛਾਤੇ ਵਿਅਕਤੀਆਂ ਖਿਲਾਫ 318 (4), 61 (2) ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਪਰਵਿੰਦਰ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਪਿੰਡ ਮੋਹਕਮ ਭੱਟੀ ਨੇ ਦੱਸਿਆ ਕਿ ਉਸ ਨੂੰ ਟੈਲੀਗ੍ਰਾਮ ਉਪਰ ਪੈਸੇ ਇਨਵੈਸਟ ਕਰਕੇ ਮੁਨਾਫਾ ਕਮਾਉਣ ਦੀ ਐਪਲੀਕੇਸ਼ਨ ਆਈ, ਜਿਸ 'ਤੇ ਕਿ ਆਨਲਾਇਨ ਸਾਮਾਨ ਖਰੀਦ ਕੇ ਮੁਨਾਫਾ ਪ੍ਰਾਪਤ ਹੋਣਾ ਸੀ, ਜੋ ਅਣਪਛਾਤੇ ਵਿਅਕਤੀਆਂ ਨੇ ਉਸ ਨੂੰ ਝਾਂਸੇ ਵਿੱਚ ਲੈ ਕੇ ਉਸ ਨਾਲ 7 ਲੱਖ 97 ਹਜ਼ਾਰ 700 ਰੁਪਏ ਦੀ ਠੱਗੀ ਮਾਰੀ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਇੰਸਪੈਕਟਰ ਨਵਨੀਤ ਕੌਰ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

## ਹੈਰੋਇਨ ਸਮੇਤ ਦੋ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਲੱਖੋਕੇ ਬਹਿਰਾਮ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਦੋ ਵਿਅਕਤੀਆਂ ਨੂੰ 141 ਗ੍ਰਾਮ ਹੈਰੋਇਨ, ਇਕ ਮੋਬਾਇਲ ਫੋਨ ਤੇ 1 ਕਾਰ ਰਿਟਜ਼ ਸਮੇਤ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਬ ਇੰਸਪੈਕਟਰ ਕੁਲਵੰਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਸਬੰਧੀ ਪਿੰਡ ਕਰੀ ਕਲਾਂ ਵਿਖੇ ਮੌਜੂਦ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ੀਆਨ ਲਖਵਿੰਦਰ ਸਿੰਘ ਉਰਫ ਨਿੱਕਾ ਪੁੱਤਰ ਜਗਮੀਤ ਸਿੰਘ ਵਾਸੀ ਪਿੰਡ ਫਤੂਹੀ ਖੇੜਾ ਥਾਣਾ ਲੰਬੀ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਤੇ ਗਿਰਧਾਰੀ ਲਾਲ ਪੁੱਤਰ ਰੱਤੀ ਰਾਮ ਵਾਸੀ ਸਿੱਖ ਵਾਲਾ, ਥਾਣਾ ਲੰਬੀ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਨਸ਼ਾ ਵੇਚਣ ਦੇ ਆਦੀ ਹਨ, ਜੋ ਅੱਜ ਵੀ ਹੈਰੋਇਨ ਵੇਚਣ ਲਈ ਕਾਰ ਰਿਟਜ਼ ਨੰਬਰ ਪੀਬੀ 53 ਡੀ 3904 'ਤੇ ਸਵਾਰ ਹੋ ਕੇ ਪਿੰਡ ਕਿਲੀ ਵਾਲੀ ਸਾਇਡ ਤੋਂ ਆ ਰਹੇ ਹਨ। ਜਾਂਚਕਰਤਾ ਨੇ ਦੱਸਿਆ ਕਿ ਪੁਲਸ ਨੇ ਉਕਤ ਦੋਸ਼ੀਆਨ ਨੂੰ ਕਾਬੂ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 141 ਗ੍ਰਾਮ ਹੈਰੋਇਨ ਤੇ ਇਕ ਮੋਬਾਇਲ ਫੋਨ ਬਰਾਮਦ ਕੀਤਾ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

## ਮੁਸਲਿਮ ਫੈਡਰੇਸ਼ਨ ਤੇ ਮੁਸਲਿਮ ਭਾਈਚਾਰੇ ਦਾ ਪੰਜਾਬ ਬੰਦ ਨੂੰ ਪੂਰਨ ਸਮਰਥਨ

### *ਕੇਂਦਰ ਸਰਕਾਰ ਨੂੰ ਕਿਸਾਨਾਂ ਦਾ ਮਸਲਾ ਛੇਤੀ ਤੋਂ ਛੇਤੀ ਨਿਪਟਾਉਣਾ ਚਾਹੀਦੈ : ਐਡਵੋਕੇਟ ਫਾਰੂਕੀ*

**ਮਲੇਰਕੋਟਲਾ (ਅਸਗਰ ਪਰਿਹਾਰ)**-ਕਿਸਾਨ ਜਥੇਬੰਦੀਆਂ ਵੱਲੋਂ 30 ਦਸੰਬਰ ਨੂੰ ਦਿੱਤੀ ਪੰਜਾਬ ਬੰਦ ਦੀ ਕਾਲ ਨੂੰ ਮੁਸਲਿਮ ਫੈਡਰੇਸ਼ਨ ਆਫ ਪੰਜਾਬ ਆਪਣਾ ਪੂਰਨ ਸਮਥਨ ਦਿੰਦੀ ਹੈ।ਸਾਡੇ ਸੀਨੀਅਰ ਕਿਸਾਨ ਆਗੂ ਸ੍ਰੀ ਜਗਜੀਤ ਸਿੰਘ ਡੱਲੇਵਾਲ ਪਿਛਲੇ ਇੱਕ ਮਹੀਨੇ ਤੋਂ ਜ਼ਿਆਦਾ ਸਮਾਂ ਤੋਂ ਭੁੱਖ ਹੜਤਾਲ ਉੱਤੇ ਬੈਠੇ ਹਨ, ਪ੍ਰੰਤੂ ਕੇਂਦਰ ਸਰਕਾਰ ਵੱਲੋਂ ਹਾਲੇ ਤੱਕ ਉਨ੍ਹਾਂ ਦੀਆਂ ਕਿਸਾਨ ਤੇ ਲੋਕ ਪੱਖੀ ਮੰਗਾਂ ਨੂੰ ਨਜ਼ਰਅੰਦਾਜ਼ ਕਰਕੇ ਬਹੁਤ ਹੀ ਗਲਤ ਸੰਦੇਸ਼ ਦੇਸ਼ ਦੀ ਜਨਤਾ ਨੂੰ



ਦਿੱਤਾ ਜਾ ਰਿਹਾ ਹੈ।ਇਸ ਤੋਂ ਕੇਂਦਰ ਸਰਕਾਰ ਦੀ ਦੇਸ਼ ਦੇ ਕਿਸਾਨਾਂ ਪ੍ਰਤੀ ਤੇ ਖਾਸ ਕਰ ਪੰਜਾਬ ਦੇ ਪ੍ਰਤੀ ਮੰਸ਼ਾ ਸਾਫ ਜ਼ਾਹਰ ਹੁੰਦੀ ਹੈ।ਮੁਸਲਿਮ ਫੈਡਰੇਸ਼ਨ ਆਫ ਪੰਜਾਬ ਵੱਲੋਂ ਮਾਲੇਰਕੋਟਲਾ ਵਾਸੀਆਂ ਨੂੰ ਪੁਰਜ਼ੋਰ ਅਪੀਲ ਕੀਤੀ ਜਾਂਦੀ ਹੈ ਕਿ 30 ਦਸੰਬਰ ਨੂੰ ਕਿਸਾਨ ਜਥੇਬੰਦੀਆਂ ਦੇ ਬੰਦ ਦੇ ਸੱਦੇ ਨੂੰ ਪੂਰਨ ਸਮਰਥਨ ਦੇਈਏ ਅਤੇ ਅਸੀਂ ਆਪਣੇ ਕਾਰੋਬਾਰ ਉਸ ਦਿਨ ਬੰਦ ਰੱਖੀਏ ਤਾਂ ਜੋ ਇਹ ਬੰਦ ਦੀ ਕਾਲ ਸਫਲ ਹੋ ਸਕੇ ਅਤੇ ਕੇਂਦਰ ਸਰਕਾਰ ਦੀ ਨੀਂਦ ਖੁੱਲ੍ਹੇ ਅਤੇ ਪਿਛਲੇ ਕਈ ਸਾਲਾਂ ਤੋਂ ਆਪਣੇ ਘਰ ਬਾਰ ਛੱਡ ਕੇ ਦੇਸ਼ ਦੀ ਆਮ ਜਨਤਾ ਲਈ ਸੰਘਰਸ਼ ਕਰਦੇ ਆ ਰਹੇ ਕਿਸਾਨਾਂ ਦੀਆਂ ਮੰਗਾਂ ਨੂੰ ਮੰਨਣ ਦਾ ਜ਼ਰੀਆ ਬਣ ਸਕੇ।ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਅਸੀਂ ਸਾਰੇ ਮਾਲੇਰਕੋਟਲਾ ਦੀ ਹਾਅ ਦਾ ਨਾਅਰਾ ਦੀ ਧਰਤੀ ਤੋਂ ਹੱਕ ਸੱਚ ਦੀ ਇਸ ਲੜਾਈ ਲਈ ਇੱਕ ਵਾਰ ਫੇਰ ਤੋਂ ਹਾਅ ਦਾ ਨਾਅਰਾ ਮਾਰੀਏ।

## ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਅੱਖਾਂ ਦਾ ਮੁਫ਼ਤ ਜਾਂਚ ਕੈਂਪ

**ਲੰਬੀ/ਮਲੋਟ (ਗੁਰਮੀਤ ਸਿੰਘ ਮੱਕੜ)**-ਚਾਰ ਸਾਹਿਬਜ਼ਾਦਿਆਂ ਦੀ ਸ਼ਹੀਦੀ ਦਿਹਾੜੇ ਨੂੰ ਸਮਰਪਤ ਹਲਕਾ ਲੰਬੀ ਦੇ ਪਿੰਡ ਫੁੱਲੂ ਖੇੜਾ ਅਰਨੀਵਾਲਾ ਵਜ਼ੀਰਾ ਦੀਆਂ ਪੰਚਾਇਤਾਂ ਵੱਲੋਂ ਬਲੱਡ ਡੋਨੇਸ਼ਨ ਗਰੁੱਪ ਵੱਲੋਂ ਪਿੰਡ ਵਿਖੇ ਪੰਚਾਇਤਾਂ ਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਮੁਫ਼ਤ ਅੱਖਾਂ ਦਾ ਜਾਂਚ ਕੈਂਪ ਲਗਵਾਇਆ, ਜਿੱਥੇ



ਜੈਤੋ ਤੋਂ ਅੱਖਾਂ ਦੇ ਮਾਹਰ ਡਾਕਟਰਾਂ ਦੀ ਟੀਮ ਨੇ ਮਰੀਜ਼ਾਂ ਦਾ ਜਾਂਚ ਕੀਤਾ ਅਤੇ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ। ਇਸ ਮੌਕੇ ਪਿੰਡ ਦੇ ਸਰਪੰਚ ਤੇ ਮੋਹਤਵਰ ਵਾਸੀਆਂ ਨੇ ਦੱਸਿਆ ਕਿ ਅੱਜ ਦੋਵੇਂ ਪਿੰਡਾਂ ਦੀਆਂ ਪੰਚਾਇਤਾਂ ਤੇ ਕਲੱਬ ਦੇ ਸਹਿਯੋਗ ਨਾਲ ਪਹਿਲਾ ਅੱਖਾਂ ਦਾ ਵਿਸ਼ਾਲ ਜਾਂਚ ਕੈਂਪ ਲਗਾਇਆ ਗਿਆ ਹੈ, ਜਿੱਥੇ ਮਰੀਜ਼ਾਂ ਦੀਆਂ ਮੁਫ਼ਤ ਅੱਖਾਂ ਦਾ ਚੈੱਕਅਪ ਕੀਤਾ ਗਿਆ ਅਤੇ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ, ਜੋ ਮਰੀਜ਼ਾਂ ਜਿਨ੍ਹਾਂ ਦਾ ਆਪ੍ਰੇਸ਼ਨ ਹੋਣ ਵਾਲਾ ਹੈ, ਉਨ੍ਹਾਂ ਦਾ ਮੁਫ਼ਤ ਆਪ੍ਰੇਸ਼ਨ ਕੀਤਾ ਜਾਵੇਗਾ, ਜਿਨ੍ਹਾਂ ਦਾ ਸਾਰਾ ਖਰਚ ਦੋਵੇਂ ਪਿੰਡਾਂ ਦੀਆਂ ਪੰਚਾਇਤਾਂ ਤੇ ਕਲੱਬ ਵੱਲੋਂ ਕੀਤਾ ਜਾਵੇਗਾ।

## ਪੀ ਏ ਯੂ 'ਚ ਇੱਕ ਪ੍ਰੋਗਰਾਮ ਲਈ ਕੱਟੇ ਜਾ ਰਹੇ ਦਰੱਖਤਾਂ ਦੀ ਜਾਂਚ ਹੋਵੇ-ਭਾਰਤ ਜਨ ਗਿਆਨ ਵਿਗਿਆਨ ਜੱਥਾ

**ਲੁਧਿਆਣਾ (ਐੱਮ ਐੱਸ ਭਾਟੀਆ)**-ਪਹਿਲਾਂ ਹੀ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਿੱਚ ਦਿਲਜੀਤ ਦੋਸਾਂਝ ਦੇ ਪ੍ਰੋਗਰਾਮ ਨੂੰ ਲੈ ਕੇ ਲੋਕ ਗੱਲਾਂ ਕਰ ਰਹੇ ਸਨ ਕਿ ਪਹਿਲਾਂ ਤਾਂ ਕਦੀ ਵੀ ਇਸ ਤਰ੍ਹਾਂ ਦੇ ਕਿਸੇ ਪ੍ਰੋਗਰਾਮ ਨੂੰ ਪੀਏਯੂ ਵਿੱਚ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਗਈ।ਅਜੇ ਇਹ ਚਰਚਾ ਚੱਲ ਹੀ ਰਹੀ ਸੀ ਕਿ ਅੱਜ ਨਵੀਂ ਗੱਲ ਸਾਹਮਣੇ ਆ ਗਈ ਕਿ ਕੁਝ ਅਖਬਾਰਾਂ ਵਿੱਚ ਇਹ ਰਿਪੋਰਟ ਛਪੀ ਹੈ ਕਿ ਦਲਜੀਤ ਦੇ ਪ੍ਰੋਗਰਾਮ ਲਈ ਕੁਝ ਦਰੱਖਤਾਂ ਨੂੰ ਕੱਟਿਆ ਜਾ ਰਿਹਾ ਹੈ।ਇਸ ਖ਼ਬਰ ਦਾ ਸੰਗਿਆਨ ਲੈਂਦੇ ਹੋਏ ਕਿ ਪ੍ਰੋਗਰਾਮ ਲਈ ਪੇੜ ਕੱਟੇ ਜਾ ਰਹੇ ਹਨ ਭਾਰਤ ਜਨ ਗਿਆਨ ਵਿਗਿਆਨ ਜੱਥਾ, ਜੋ ਲੁਧਿਆਣਾ ਵਿੱਚ ਵਾਤਾਵਰਨ ਦੀ ਸੰਭਾਲ ਲਈ ਪਿਛਲੇ ਤਿੰਨ ਦਹਾਕਿਆਂ ਤੋਂ ਕੰਮ ਕਰ ਰਿਹਾ ਹੈ, ਨੇ ਮੰਗ ਕੀਤੀ ਕਿ ਇਸ ਦੀ ਪੂਰੀ ਛਾਣਬੀਣ ਹੋਣੀ ਚਾਹੀਦੀ ਹੈ।ਇਥੇ ਜਾਰੀ ਬਿਆਨ ਵਿੱਚ ਭਾਰਤ ਜਨ ਗਿਆਨ ਵਿਗਿਆਨ ਜਥਾ ਦੇ ਪ੍ਰਧਾਨ ਰਣਜੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਡਾਕਟਰ ਅਰੁਣ ਮਿੱਤਰਾ, ਜਨਰਲ ਸਕੱਤਰ ਡਾਕਟਰ ਕੁਸਮ ਲਤਾ, ਜਥੇਬੰਦਕ ਸਕੱਤਰ ਡਾਕਟਰ ਰਜਿੰਦਰ ਪਾਲ ਸਿੰਘ ਔਲਖ ਤੇ ਸਕੱਤਰ ਐੱਮ ਐੱਸ ਭਾਟੀਆ ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਜੇ ਇਹ ਸੱਚ ਹੈ ਤਾਂ ਜ਼ਿਲ੍ਹਾ ਜੰਗਲਾਤ ਅਫਸਰ, ਡਿਪਟੀ ਕਮਿਸ਼ਨਰ ਲੁਧਿਆਣਾ ਤੇ ਨੈਸ਼ਨਲ ਗਰੀਨ ਟ੍ਰਿਬਿਊਨਲ ਨੂੰ ਇਸ ਦਾ ਨੋਟਿਸ ਲੈਣਾ ਚਾਹੀਦਾ ਹੈ ਅਤੇ ਬਣਦੀ ਕਾਰਵਾਈ ਕਰਨੀ ਚਾਹੀਦੀ ਹੈ। ਯੂਨੀਵਰਸਿਟੀ ਦੇ ਅਧਿਕਾਰੀਆਂ ਨੂੰ ਇਸ ਬਾਰੇ ਜਵਾਬਦੇਹ ਬਣਾਉਣਾ ਚਾਹੀਦਾ ਹੈ।ਇੱਕ ਪਾਸੇ ਤਾਂ ਵਾਤਾਵਰਨ ਵਿੱਚ ਨਿਘਾਰ ਆ ਰਿਹਾ ਹੈ, ਦੂਜੇ ਪਾਸੇ ਜੇ ਖੇਤੀਬਾੜੀ ਯੂਨੀਵਰਸਿਟੀ ਹੀ ਖੁਦ ਪੇੜ ਕੱਟੇਗੀ ਤਾਂ ਇਸ ਦਾ ਕੀ ਸੁਨੇਹਾ ਜਾਏਗਾ।

## ਫ਼ਿਰੋਜ਼ਪੁਰ ਨੰਬਰਦਾਰ ਯੂਨੀਅਨ ਵੱਲੋਂ ਪੰਜਾਬ ਬੰਦ ਦਾ ਸਮਰਥਨ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਫ਼ਿਰੋਜ਼ਪੁਰ ਨੰਬਰਦਾਰ ਯੂਨੀਅਨ ਦੇ ਅਹੁਦੇਦਾਰਾਂ ਨੇ ਕਿਸਾਨ ਬੰਦ ਸਬੰਧੀ ਇੱਕ ਅਹਿਮ ਮੀਟਿੰਗ ਯੂਨੀਅਨ ਦੇ ਪ੍ਰਧਾਨ ਸੁਖਰਾਜ ਸਿੰਘ, ਰਾਜੇਸ਼ ਕੁਮਾਰ ਖੰਨਾ, ਜਨਰਲ ਸਕੱਤਰ ਤੇ ਪ੍ਰੈੱਸ ਸਕੱਤਰ ਪਰਮਜੀਤ ਕੌਰ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸਰਬਸੰਮਤੀ ਨਾਲ ਮਤਾ ਪਾਸ ਕਰਕੇ ਐਲਾਨ ਕੀਤਾ ਗਿਆ ਕਿ ਨੰਬਰਦਾਰ ਯੂਨੀਅਨ ਕਿਸਾਨਾਂ ਵੱਲੋਂ 30 ਦਸੰਬਰ ਨੂੰ ਸੱਦੇ ਗਏ ਪੰਜਾਬ ਬੰਦ ਦਾ ਪੂਰਾ ਸਮਰਥਨ ਕਰੇਗੀ ਤੇ ਕਿਸਾਨਾਂ ਨੂੰ ਹਰ ਸੰਭਵ ਸਹਿਯੋਗ ਦੇਵੇਗੀ।ਇਸ ਦੌਰਾਨ ਯੂਨੀਅਨ ਦੇ ਪ੍ਰਮੁੱਖ ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਕਿਸਾਨਾਂ 'ਤੇ ਤਸ਼ੱਦਦ ਕਰਨ ਦੀ ਬਜਾਏ ਉਨ੍ਹਾਂ ਦੀਆਂ ਮੰਗਾਂ ਸੁਣ ਕੇ ਪਹਿਲ ਦੇ ਆਧਾਰ 'ਤੇ ਪੂਰੀਆਂ ਕਰਨ ਤਾਂ ਜੋ ਕਿਸਾਨ ਆਪਣਾ ਧਰਨਾ ਬੰਦ ਕਰਕੇ ਆਪਣਾ ਕੰਮ ਕਰ ਸਕਣ।ਇਸ ਮੌਕੇ ਨੰਬਰਦਾਰ ਯੂਨੀਅਨ ਦੇ ਆਗੂ ਸੰਪੂਰਨ ਸਿੰਘ, ਐੱਚਐੱਸ ਚਾਵਲਾ, ਅੰਗਰੇਜ਼ ਸਿੰਘ, ਬਿੱਲਾ ਨੰਬਰਦਾਰ, ਬਲਵਿੰਦਰ ਸਿੰਘ, ਸੁਰਜੀਤ ਸਿੰਘ, ਅਨੂਪ ਸਿੰਘ, ਰਿੰਪਾ ਨੰਬਰਦਾਰ ਫਿਰੋਜ਼ਸ਼ਾਹ ਆਦਿ ਹਾਜ਼ਰ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri
ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਡੱਲੇਵਾਲ ਦੇ ਸਮਰਥਨ 'ਚ ਅੱਜ ਮੁਕੰਮਲ ਬੰਦ ਦਾ ਸੱਦਾ

## ਕਿਸਾਨ ਆਗੂਆਂ ਦੁਕਾਨਾਂ 'ਤੇ ਜਾ ਕੇ ਬੰਦ ਰੱਖਣ ਦੀ ਕੀਤੀ ਅਪੀਲ



**ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)**

ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੇ ਸਮਰਥਨ ਵਿੱਚ 30 ਦਸੰਬਰ ਨੂੰ ਪੰਜਾਬ ਮੁਕੰਮਲ ਤੌਰ 'ਤੇ ਬੰਦ ਕੀਤਾ ਜਾਵੇਗਾ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਸਬਾ ਡੇਰਾ ਬਾਬਾ ਨਾਨਕ ਦੇ ਵੱਖ-ਵੱਖ ਬਾਜ਼ਾਰਾਂ ਵਿੱਚ ਦੁਕਾਨਦਾਰਾਂ ਨੂੰ 30 ਦੇ ਬੰਦ ਦੀ ਅਪੀਲ ਕਰਨ ਤੋਂ ਬਾਅਦ ਕਿਸਾਨ ਤੇ ਜਵਾਨ ਭਲਾਈ ਯੂਨੀਅਨ ਦੇ ਆਗੂ ਕੰਵਲਜੀਤ ਸਿੰਘ ਖੁਸ਼ਹਾਲਪੁਰ ਤੇ ਪਰਮਪਾਲ ਸਿੰਘ ਮੇਤਲਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਕੀਤਾ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਮੰਨੀਆਂ ਹੋਈਆਂ ਮੰਗਾਂ ਮਨਵਾਉਣ ਲਈ ਕਿਸਾਨ ਆਗੂ ਡੱਲੇਵਾਲ 26 ਨਵੰਬਰ ਤੋਂ ਮਰਨ ਵਰਤ 'ਤੇ ਬੈਠੇ ਹੋਏ ਹਨ ਪਰ ਭਾਰਤ ਦੀ ਗੂੰਗੀ ਬੋਲੀ ਸਰਕਾਰ ਦੇ ਕੰਨਾਂ ਉਤੇ ਜੂੰ ਨਹੀਂ ਸਰਕ ਰਹੀ। ਉਨ੍ਹਾਂ ਕਿਹਾ ਕਿ ਕਿਸਾਨ ਤੇ ਜਵਾਨ ਭਲਾਈ ਯੂਨੀਅਨ ਐੱਸ. ਕੇ. ਐੱਮ. ਗੈਰ-ਰਾਜਨੀਤਕ ਦੇ ਸੱਦੇ 'ਤੇ 30 ਦਸੰਬਰ ਨੂੰ ਮੁਕੰਮਲ ਤੌਰ 'ਤੇ ਬੰਦ ਕਰਨ ਦੀ ਬੇਨਤੀ ਕਰਦੀ ਹੈ ਤਾਂ ਕਿ ਸੁੱਤੀ ਪਈ ਸਰਕਾਰ ਨੂੰ ਜਗਾਇਆ ਜਾ ਸਕੇ। ਕਿਸਾਨ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਨੂੰ 23 ਫਸਲਾਂ 'ਤੇ ਐੱਮਐੱਸਪੀ ਦੇਣ ਦੇ ਵਾਅਦੇ ਨਾਲ ਲੋਕਾਂ ਕੋਲੋਂ ਵੋਟਾਂ ਲੈ ਕੇ ਹੋਂਦ ਵਿੱਚ ਆਈ ਸੀ, ਪਰ ਮਾਨ ਸਰਕਾਰ ਵੀ ਆਪਣੇ ਵਾਅਦਿਆਂ ਤੋਂ ਮੁੱਕਰ ਗਈ ਹੈ ਤੇ ਇਸ ਸੰਘਰਸ਼ ਵਿੱਚ ਮਾਨ ਸਰਕਾਰ ਨੇ ਕਿਸਾਨਾਂ ਦੀ ਕੋਈ ਸਾਰ ਨਹੀਂ ਲਈ ਜਿਸ ਦਾ ਖਮਿਆਜ਼ਾ ਆਉਣ ਵਾਲੇ ਸਮੇਂ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਭੁਗਤਣਾ ਪਵੇਗਾ।ਉਨ੍ਹਾਂ ਕਿਹਾ ਕਿ ਡੱਲੇਵਾਲ ਨੂੰ ਅਗਰ ਕੁਝ ਹੋ ਗਿਆ ਤਾਂ ਲੋਕ ਮਾਨ ਸਰਕਾਰ ਦੇ ਐੱਮਐੱਲਏ ਤੇ ਵਜ਼ੀਰਾਂ ਨੂੰ ਸੜਕਾਂ 'ਤੇ ਨਹੀਂ ਚੜ੍ਹਨ ਦੇਣਗੇ। ਉਨ੍ਹਾਂ ਕਸਬੇ ਦੇ ਸਮੂਹ ਦੁਕਾਨਦਾਰਾਂ, ਵਪਾਰੀਆਂ ਤੇ ਟਰਾਂਸਪੋਰਟਰਾਂ ਨੂੰ ਅਪੀਲ ਕੀਤੀ ਕਿ 30 ਦਸੰਬਰ ਨੂੰ ਮੁਕੰਮਲ ਤੌਰ 'ਤੇ ਬੰਦ ਰੱਖਿਆ ਜਾਵੇ।ਇਸ ਮੌਕੇ ਵਿਪਨ ਸੋਨੀ ਪ੍ਰਧਾਨ ਵਪਾਰ ਮੰਡਲ ਡੇਰਾ ਬਾਬਾ ਨਾਨਕ, ਰਜਿੰਦਰ ਸਿੰਘ ਭਗਠਾਣਾ, ਸਤਿੰਦਰ ਸਿੰਘ, ਅਮਰੀਕ ਸਿੰਘ ਫੌਜੀ, ਸਤਨਾਮ ਸਿੰਘ ਜੌੜੀਆਂ, ਗੁਰਪ੍ਰੀਤ ਸਿੰਘ ਬਾਦਲ, ਸਾਬਕਾ ਕੌਂਸਲਰ ਬਲਦੇਵ ਰਾਜ ਡਾਇਮੰਡ, ਸਾਬਕਾ ਕੌਂਸਲਰ ਤਰਲੋਚਨ ਸਿੰਘ ਤੇ ਮਿੰਟਾ ਰੰਧਾਵਾ ਆਦਿ ਹਾਜ਼ਰ ਸਨ।

# ਸੰਯੁਕਤ ਕਿਸਾਨ ਮੋਰਚੇ ਵੱਲੋਂ ਅੱਜ ਦੇ ਬੰਦ ਨੂੰ ਸਮਰਥਨ ਦਾ ਐਲਾਨ

**ਧਾਰੀਵਾਲ (ਗੁਰਦਾਸਪੁਰ), (ਮਨਦੀਪ ਸਿੰਘ ਵਿੱਕੀ)**

ਡੱਲੇਵਾਲ ਦੀ ਜਾਨ ਬਚਾਉਣ ਹਿੱਤ ਐੱਮਐੱਸਪੀ ਦਾ ਕਾਨੂੰਨ ਲਾਗੂ ਕਰਨ, ਨਵਾਂ ਮੰਡੀਕਰਨ ਖਰੜਾ ਰੱਦ ਕਰਨ ਅਤੇ ਕਿਸਾਨਾਂ ਨੂੰ ਦਿੱਲੀ ਜਾਣ ਤੋਂ ਰੋਕਣ ਵਿਰੁੱਧ 30 ਦਸੰਬਰ ਨੂੰ ਜੋ ਪੰਜਾਬ ਬੰਦ ਦਾ ਸੱਦਾ ਦਿੱਤਾ ਗਿਆ ਹੈ, ਸੰਯੁਕਤ ਕਿਸਾਨ ਮੋਰਚਾ ਜ਼ਿਲਾ ਗੁਰਦਾਸਪੁਰ ਇਸ ਦਾ ਭਰਪੂਰ ਸਮਰਥਨ ਕਰਦਾ ਹੈ ਅਤੇ ਸਮੂਹ ਲੋਕਾਂ ਨੂੰ ਇਸ ਵਿੱਚ ਸ਼ਾਮਿਲ ਹੋਣ ਦੀ ਅਪੀਲ ਕਰਦਾ ਹੈ। ਸੰਯੁਕਤ ਕਿਸਾਨ ਮੋਰਚਾ ਜ਼ਿਲਾ ਗੁਰਦਾਸਪੁਰ ਨਾਲ ਸੰਬੰਧਿਤ ਸਮੂਹ ਜਥੇਬੰਦੀਆਂ ਦੇ ਆਗੂਆਂ ਮੱਖਣ ਸਿੰਘ ਕੁਹਾੜ, ਰਾਜ ਗੁਰਵਿੰਦਰ ਸਿੰਘ ਲਾਡੀ ਘੁਮਾਣ, ਬਲਵਿੰਦਰ ਸਿੰਘ ਔਲਖ, ਹਰਜੀਤ ਸਿੰਘ ਕਾਹਲੋਂ, ਬਲਬੀਰ ਸਿੰਘ ਬੈਂਸ, ਤਰਲੋਕ ਸਿੰਘ ਬਹਿਰਾਮਪੁਰ, ਦਿਲਬਾਗ ਸਿੰਘ ਡੋਗਰ, ਅਜੀਤ ਸਿੰਘ ਠੱਕਰਸੰਧੂ, ਅਸ਼ਵਨੀ ਕੁਮਾਰ ਲਖਨ ਕਲਾਂ, ਲਖਵਿੰਦਰ ਸਿੰਘ ਮੰਜਿਆਂਵਾਲੀ, ਕਰਨੈਲ ਸਿੰਘ ਸ਼ੇਰਪੁਰ, ਗੁਰਵਿੰਦਰ ਸਿੰਘ ਜੀਵਨ ਚੱਕ, ਗੁਰਮੀਤ ਸਿੰਘ ਮਗਰਾਲਾ, ਐੱਸਪੀ ਸਿੰਘ ਗੋਸਲ, ਸਤਬੀਰ ਸਿੰਘ ਸੁਲਤਾਨੀ, ਸੁਰਿੰਦਰ ਸਿੰਘ ਕੋਠੇ, ਗੁਲਜ਼ਾਰ ਸਿੰਘ ਬਸੰਤਕੋਟ, ਸੁਖਦੇਵ ਸਿੰਘ ਭਾਗੋਕਾਵਾਂ, ਕਸ਼ਮੀਰ ਸਿੰਘ ਤੁਗਲਵਾਲ, ਮੰਗਤ ਸਿੰਘ ਜੀਵਨ ਚੱਕ ਆਦਿ ਨੇ ਕਿਹਾ ਕਿ ਕੇਂਦਰ ਦੀ ਸਰਕਾਰ ਦੇਸ਼ ਦੇ ਕਿਸਾਨਾਂ ਨੂੰ ਤਬਾਹ ਕਰਨ ਦੇ ਤੁਲੀ ਹੋਈ ਹੈ ਖਾਸ ਕਰਕੇ ਪੰਜਾਬ ਨਾਲ ਉਹ ਮਤਰੇਈ ਮਾਂ ਵਾਲਾ ਸਲੂਕ




ਕਰਦਿਆਂ ਇਸ ਨਾਲ ਦੁਸ਼ਮਣਾਂ ਵਾਲਾ ਵਿਹਾਰ ਕਰ ਰਹੀ ਹੈ। ਆਗੂਆਂ ਕਿਹਾ ਕਿ 30 ਦਸੰਬਰ ਨੂੰ ਭਾਰਤ ਬੰਦ ਦਾ ਜੋ ਸੱਦਾ ਦਿੱਤਾ ਗਿਆ ਹੈ, ਸੰਯੁਕਤ ਕਿਸਾਨ ਮੋਰਚਾ ਜ਼ਿਲਾ ਗੁਰਦਾਸਪੁਰ ਉਸ ਦਾ ਭਰਪੂਰ ਸਮਰਥਨ ਕਰਦਾ ਹੈ ਅਤੇ ਸਮੂਹ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਬੰਦ ਵਿੱਚ ਸ਼ਾਮਿਲ ਹੋਣ। ਬੁਲਾਰਿਆਂ ਚਿਤਵਨੀ ਦਿੱਤੀ ਕਿ ਅਗਰ ਜਗਜੀਤ ਸਿੰਘ ਡੱਲੇਵਾਲ ਦੀ ਜਾਨ ਨਾ ਬਚਾਈ ਅਤੇ ਕਿਸਾਨੀ ਮਸਲੇ ਹੱਲ ਨਾ ਕੀਤੇ ਤਾਂ ਮੋਦੀ ਸਰਕਾਰ ਨੂੰ ਇਸ ਦੀ ਬਹੁਤ ਮਹਿੰਗੀ ਕੀਮਤ ਅਦਾ ਕਰਨੀ ਪਵੇਗੀ।

# 'ਲੋਕ ਮਿਲਣੀ' ਦੌਰਾਨ ਸੇਖਵਾਂ ਨੇ ਸਮੱਸਿਆਵਾਂ ਸੁਣ ਕੇ ਮੌਕੇ 'ਤੇ ਕੀਤਾ ਨਿਪਟਾਰਾ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**

ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਪਿੰਡ ਸੇਖਵਾਂ ਵਿਖੇ ਆਪਣੇ ਗ੍ਰਹਿ ਵਿਖੇ 'ਲੋਕ ਮਿਲਣੀ' ਪ੍ਰੋਗਰਾਮ ਤਹਿਤ ਲੋਕਾਂ ਦੀਆਂ ਸਮੱਸਿਆਵਾਂ ਸੁਣ ਕੇ ਉਨ੍ਹਾਂ ਦਾ ਨਿਪਟਾਰਾ ਕੀਤਾ।ਇਸ ਲੋਕ ਮਿਲਣੀ ਮੌਕੇ ਵਿਧਾਨ ਸਭਾ ਹਲਕਾ ਕਾਦੀਆਂ ਸਮੇਤ ਸਮੁੱਚੇ ਜ਼ਿਲ੍ਹੇ ਦੇ ਲੋਕਾਂ ਨੇ ਵੱਡੀ ਗਿਣਤੀ ਵਿਚ ਸ਼ਮੂਲੀਅਤ ਕਰਕੇ ਆਪਣੇ ਸ਼ਹਿਰਾਂ, ਪਿੰਡਾਂ, ਗਲੀ, ਮੁਹੱਲਿਆਂ ਤੇ ਇਲਾਕੇ ਦੀਆਂ ਮੁਸ਼ਕਲਾਂ ਤੋਂ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੂੰ ਜਾਣੂ ਕਰਵਾਇਆ, ਜਿਸ ਤੋਂ ਬਾਅਦ ਉਨ੍ਹਾਂ ਨੇ ਸਬੰਧਿਤ ਅਧਿਕਾਰੀਆਂ ਨੂੰ ਯੋਗ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ।ਅੱਜ ਦੀ ਲੋਕ ਮਿਲਣੀ ਦੌਰਾਨ ਲੋਕਾਂ ਨੇ ਜਿੱਥੇ ਆਪਣੀਆਂ ਨਿੱਜੀ ਸਮੱਸਿਆਵਾਂ/ਕੰਮ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੂੰ ਦੱਸੇ ਉਥੇ ਹਲਕੇ ਦੇ ਲੋਕਾਂ ਨੇ ਆਪਣੇ ਪਿੰਡਾਂ ਦੇ ਵਿਕਾਸ ਸਬੰਧੀ ਮਸਲੇ ਵੀ ਉਨ੍ਹਾਂ ਦੇ ਧਿਆਨ ਵਿਚ ਲਿਆਂਦੇ।ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਮ ਲੋਕਾਂ ਦੀ ਸਰਕਾਰ ਹੈ ਅਤੇ ਇਸ ਸਰਕਾਰ ਵੱਲੋਂ ਆਮ ਲੋਕਾਂ ਦੇ ਮਸਲੇ ਪਹਿਲ ਦੇ ਅਧਾਰ 'ਤੇ ਹੱਲ ਕੀਤੇ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਰਾਜ ਸਰਕਾਰ ਵੱਲੋਂ ਇੱਕ-ਇੱਕ ਕਰਕੇ ਗਰੰਟੀਆਂ ਨੂੰ ਪੂਰਾ ਕੀਤਾ ਜਾ ਰਿਹਾ ਹੈ ਜਿਸ ਤੋਂ ਸੂਬਾ ਵਾਸੀ ਪੂਰੀ ਤਰ੍ਹਾਂ ਸੰਤੁਸ਼ਟ ਹਨ।

# ਪੰਜਾਬ ਸਰਕਾਰ ਸੂਬੇ 'ਚ 350 ਆਂਗਣਵਾੜੀ ਕੇਂਦਰਾਂ ਨੂੰ ਕਰ ਰਹੀ ਹੈ ਅਪਗ੍ਰੇਡ : ਅਮਰਪਾਲ ਸਿੰਘ

**ਬਟਾਲਾ (ਡਾ. ਮਲਵਿੰਦਰ ਸਿੰਘ)**-ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ 1,000 ਆਂਗਣਵਾੜੀ ਕੇਂਦਰਾਂ ਦਾ ਨਿਰਮਾਣ ਕਰਕੇ ਆਂਗਣਵਾੜੀ ਕੇਂਦਰਾਂ ਵੱਲੋਂ ਮੁਹੱਈਆ ਕਰਵਾਈਆਂ ਜਾਂਦੀਆਂ ਸੇਵਾਵਾਂ ਦੀ ਗੁਣਵੱਤਾ ਵਿੱਚ ਵਾਧਾ ਕਰਨ ਦੇ ਉਦੇਸ਼ ਨਾਲ ਮਹੱਤਵਪੂਰਨ ਕਦਮ ਚੁੱਕਿਆ ਹੈ।ਉਨ੍ਹਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮਹਾਤਮਾ ਗਾਂਧੀ ਰਾਸ਼ਟਰੀ ਪੇਂਡੂ ਰੁਜ਼ਗਾਰ ਗਾਰੰਟੀ ਐਕਟ (ਮਗਨਰੇਗਾ) ਤਹਿਤ 1,000 ਆਂਗਣਵਾੜੀ ਕੇਂਦਰਾਂ ਦਾ ਨਿਰਮਾਣ ਕੀਤਾ ਜਾਣਾ ਹੈ।ਹਰੇਕ ਆਂਗਣਵਾੜੀ ਕੇਂਦਰ ਨੂੰ 12 ਲੱਖ ਰੁਪਏ ਦੀ ਲਾਗਤ ਨਾਲ ਬਣਾਇਆ ਜਾ ਰਿਹਾ ਹੈ।ਇਨ੍ਹਾਂ ਕੇਂਦਰਾਂ ਵਿੱਚ ਬੱਚਿਆਂ ਅਤੇ ਮਾਵਾਂ ਲਈ ਅਨੁਕੂਲ ਵਾਤਾਵਰਣ ਨੂੰ ਯਕੀਨੀ ਬਣਾਉਣ ਲਈ ਸਹੀ ਫਲੋਰਿੰਗ, ਪੇਂਟਿੰਗ, ਪਲੰਬਿੰਗ, ਬਿਜਲੀਕਰਨ ਅਤੇ ਲੱਕੜ ਦਾ ਕੰਮ ਕਰਵਾਇਆ ਜਾਵੇਗਾ।ਉਨ੍ਹਾਂ ਨੇ ਦੱਸਿਆ ਕਿ ਨਵੇਂ ਕੇਂਦਰਾਂ ਦੀ ਉਸਾਰੀ ਕਰਨ ਤੋਂ ਇਲਾਵਾ ਪੰਜਾਬ ਸਰਕਾਰ ਸੂਬੇ ਭਰ ਵਿੱਚ ਮੌਜੂਦਾ 350 ਆਂਗਣਵਾੜੀ ਕੇਂਦਰਾਂ ਨੂੰ ਅਪਗ੍ਰੇਡ ਕਰ ਰਹੀ ਹੈ।ਅੱਪਗਰੇਡ ਕੀਤੇ ਗਏ ਕੇਂਦਰਾਂ ਵਿੱਚ ਲਾਭਪਾਤਰੀਆਂ ਲਈ ਬਿਹਤਰ ਸੇਵਾ ਪ੍ਰਦਾਨ ਕਰਨ ਨੂੰ ਯਕੀਨੀ ਬਣਾਉਣ ਲਈ ਬਿਹਤਰ ਸੁਵਿਧਾਵਾਂ ਸ਼ਾਮਲ ਕੀਤੀਆਂ ਜਾਣਗੀਆਂ।

# ਆਰ ਐੱਮ ਪੀ ਆਈ ਜ਼ਿਲ੍ਹਾ ਕਮੇਟੀ ਨੇ ਦੇਸ਼ ਦੇ ਸਿਆਸੀ ਹਾਲਾਤ 'ਤੇ ਕੀਤੀ ਵਿਚਾਰ-ਚਰਚਾ

**ਤਰਨ ਤਾਰਨ, ਖਡੂਰ ਸਾਹਿਬ (ਪ੍ਰਿਤਪਾਲ ਸਿੰਘ, ਸਰਬਜੋਤ ਸਿੰਘ ਸੰਧਾ)**

ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਦੀ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਚਮਨ ਲਾਲ ਦਰਾਜਕੇ ਦੀ ਪ੍ਰਧਾਨਗੀ ਹੇਠ ਹੋਈ ।ਮੀਟਿੰਗ ਨੂੰ ਪਾਰਟੀ ਦੇ ਸੂਬਾ ਸਕੱਤਰ ਪਰਗਟ ਸਿੰਘ ਜਾਮਾਰਾਏ ਨੇ ਦੇਸ਼ ਦੀ ਰਾਜਨੀਤਿਕ ਅਵਸਥਾ ਤੇ ਵਿਸਥਾਰ ਨਾਲ ਚਰਚਾ ਕੀਤੀ ।ਉਨ੍ਹਾਂ ਦੱਸਿਆ ਕਿ ਪਾਰਟੀ ਵੱਲੋਂ 2 ਜਨਵਰੀ ਨੂੰ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਸਵਿੰਧਾਨ ਦੇ ਨਿਰਮਾਤਾ ਡਾ. ਭੀਮਰਾਓ ਅੰਬੇਡਕਰ ਸਾਹਿਬ ਖਿਲਾਫ ਅਪਸ਼ਬਦ ਬੋਲਣ ਅਤੇ ਘੱਟ ਗਿਣਤੀ ਲੋਕਾਂ ਤੇ ਹਮਲੇ ਕਰਨ ਵਿਰੁੱਧ ਸੂਬੇ ਭਰ 'ਚ ਰੋਸ ਪ੍ਰਦਰਸ਼ਨ ਕੀਤੇ ਜਾ ਰਹੇ ਹਨ।26 ਫਰਵਰੀ ਨੂੰ ਸੂਬਾ ਪੱਧਰੀ ਚੰਡੀਗੜ੍ਹ 'ਚ ਇਤਿਹਾਸਕ ਰੈਲੀ ਕੀਤੀ ਜਾ ਰਹੀ ਹੈ ।ਰੈਲੀ ਦੀਆਂ ਤਿਆਰੀਆਂ ਪਿੰਡਾਂ 'ਚ ਮੀਟਿੰਗ ਮਾਰਚ ਸੈਮੀਨਾਰ ਕਰਕੇ ਕਰਨ ਦਾ ਫੈਸਲਾ ਕੀਤਾ ਗਿਆ ।ਮੀਟਿੰਗ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਜ਼ਿਲ੍ਹਾ ਸਕੱਤਰ ਮੁਖਤਾਰ ਸਿੰਘ ਮੱਲਾ, ਬਲਦੇਵ ਸਿੰਘ ਪੰਡੋਰੀ ਨੇ ਕਿਹਾ ਕਿ ਰਾਜ ਕਰਦੀ ਹਾਕਮ ਧਿਰ ਵੱਲੋਂ ਪ੍ਰੈੱਸ ਨੂੰ ਦਬਕਾਉਣ ਧਮਕਾਉਣ ਦੀ ਜ਼ੋਰਦਾਰ ਨਿੰਦਾ ਕਰਦਿਆਂ ਕਿਹਾ ਕਿ ਲੋਕਾਂ ਦੀ ਆਵਾਜ਼ ਨੂੰ ਹਾਕਮ ਜਮਾਤਾਂ ਵੱਲੋਂ ਦਬਾਉਣ ਧਮਕਾਉਣ ਨਹੀਂ ਦਿੱਤਾ ਜਾਵੇਗਾ। ਪਾਰਟੀ ਇਸ ਦਾ ਜ਼ੋਰਦਾਰ ਵਿਰੋਧ ਕਰਗੀ ।ਪ੍ਰੈੱਸ ਦੀ ਆਜ਼ਾਦੀ ਨੂੰ ਬਹਾਲ ਰੱਖਣ ਲਈ ਹਰ ਤਰ੍ਹਾਂ ਦਾ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ ।ਮੀਟਿੰਗ ਵਿੱਚ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਭੀਮ ਰਾਓ ਡਾਕਟਰ ਅੰਬੇਡਕਰ ਸਾਹਿਬ ਦੇ ਖਿਲਾਫ ਅਪਸ਼ਬਦ ਬੋਲਣ ਅਤੇ ਘੱਟ ਗਿਣਤੀ ਲੋਕਾਂ 'ਤੇ ਹਮਲੇ ਕਰਨ ਦੀ ਨਿਖੇਧੀ ਕਰਦਿਆਂ ਜ਼ੋਰਦਾਰ ਆਵਾਜ਼ ਬੁਲੰਦ ਕੀਤੀ ਜਾਵੇਗੀ ।ਇਨ੍ਹਾਂ ਆਗੂਆਂ ਨੇ ਕਿਹਾ ਕਿ ਆਰ. ਐੱਸ. ਐੱਸ. ਵੱਲੋਂ ਵੱਖ-ਵੱਖ ਧਰਮਾਂ ਦੇ ਲੋਕਾਂ ਨੂੰ ਪਾੜਨ ਦੇ ਯਤਨ ਕੀਤੇ ਜਾ ਰਹੇ ਹਨ, ਕਦੇ ਵੀ ਸਫਲ ਨਹੀਂ ਹੋਣ ਦਿੱਤੇ ਜਾਣਗੇ ।ਇਸ ਮੌਕੇ ਦਲਜੀਤ ਸਿੰਘ, ਮਨਜੀਤ ਸਿੰਘ, ਸੁਲੱਖਣ ਸਿੰਘ, ਰੇਸ਼ਮ ਸਿੰਘ, ਦਾਰਾ ਸਿੰਘ, ਹਰਭਜਨ ਸਿੰਘ, ਧਰਮ ਸਿੰਘ ਆਦਿ ਹਾਜ਼ਰ ਸਨ ।



# ਪੰਜਾਬ ਸਿਵਲ ਸਕੱਤਰੇਤ -1 ਅਤੇ -2 ਲਈ ਈ ਪਾਸ ਸੇਵਾ ਸ਼ੁਰੂ : ਬਲਬੀਰ ਸਿੰਘ ਪੰਨੂੰ

**ਬਟਾਲਾ, (ਡਾ. ਮਲਵਿੰਦਰ ਸਿੰਘ)**-ਬਲਬੀਰ ਸਿੰਘ ਪੰਨੂੰ ਚੇਅਰਮੈਨ ਪਨਸਪ ਪੰਜਾਬ ਨੇ ਦੱਸਿਆ ਕਿ ਨਾਗਰਿਕਾਂ ਦੀ ਸਹੂਲਤ ਲਈ ਇੱਕ ਅਹਿਮ ਕਦਮ ਚੁੱਕਦਿਆਂ ਪੰਜਾਬ ਸਰਕਾਰ ਨੇ ਚੰਡੀਗੜ੍ਹ ਵਿੱਚ ਸਥਿਤ ਪੰਜਾਬ ਸਿਵਲ ਸਕੱਤਰੇਤ-1 ਅਤੇ -2 ਲਈ ਈ-ਪਾਸ ਸੇਵਾ ਸ਼ੁਰੂ ਕੀਤੀ ਹੈ ਤਾਂ ਜੋ ਲੋਕਾਂ ਨੂੰ ਵਿਜ਼ਟਰ ਪਾਸ ਲਈ ਲਾਈਨਾਂ ਵਿੱਚ ਨਾ ਖੜ੍ਹਨਾ ਪਵੇ।ਚੇਅਰਮੈਨ ਪੰਨੂੰ ਨੇ ਦੱਸਿਆ ਕਿ ਇਸ ਕਦਮ ਨਾਲ ਵਿਜ਼ਟਰ ਪਾਸ ਪ੍ਰਕਿਰਿਆ ਨੂੰ ਹੋਰ ਸੁਚਾਰੂ ਤੇ ਆਸਾਨ ਬਣਾਇਆ ਗਿਆ ਹੈ ਤਾਂ ਜੋ ਕੰਮ ਲਈ ਆਉਣ ਵਾਲੇ ਲੋਕਾਂ ਅਤੇ ਸਰਕਾਰੀ ਕਰਮਚਾਰੀਆਂ-ਅਧਿਕਾਰੀਆਂ ਨੂੰ ਪਾਸ ਬਣਾਉਣ ਲਈ ਉਡੀਕ ਨਾ ਕਰਨੀ ਪਵੇ।ਪ੍ਰਸ਼ਾਸਨਿਕ ਸੁਧਾਰ ਵਿਭਾਗ ਵੱਲੋਂ ਤਿਆਰ ਕੀਤੀ ਗਈ ਈ-ਪਾਸ ਪ੍ਰਣਾਲੀ ਨਾਗਰਿਕਾਂ ਦੇ ਨਾਲ ਨਾਲ ਸਰਕਾਰੀ ਅਧਿਕਾਰੀਆਂ ਲਈ ਵੀ ਕੰਮ ਨੂੰ ਸੌਖਾ ਕਰੇਗੀ।ਇਸ ਨਵੀਂ ਪ੍ਰਣਾਲੀ ਦੇ ਲਾਭਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਨੇ ਦੱਸਿਆ ਕਿ ਨਾਗਰਿਕ ਅਤੇ ਸਰਕਾਰੀ ਅਧਿਕਾਰੀ ਕੁਨੈਕਟ ਪੋਰਟਲ connect.punjab.gov.in ਰਾਹੀਂ ਜਾਂ PCS-A ਅਤੇ PCS-B ਦੇ ਰਿਸੈਪਸ਼ਨ ਕਾਊਂਟਰ 'ਤੇ ਸੁਵਿਧਾਜਨਕ ਤੌਰ 'ਤੇ ਵਿਜ਼ਟਰ ਪਾਸਾਂ ਲਈ ਆਨਲਾਈਨ ਅਪਲਾਈ ਕਰ ਸਕਦੇ ਹਨ।ਹੁਣ ਬਿਨੈਕਾਰ ਆਪਣੀਆਂ ਅਰਜ਼ੀਆਂ ਦੀ ਸਥਿਤੀ ਨੂੰ ਆਨਲਾਈਨ ਟਰੈਕ ਕਰ ਸਕਦੇ ਹਨ।

# ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਪ੍ਰਭਾਤ ਫੇਰੀਆਂ ਸ਼ੁਰੂ



**ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)**

ਸਰਬੰਸ ਦਾਨੀ ਦਸਮ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਸਬੰਧੀ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਕ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਤੋਂ ਪਹਿਲੀ ਪ੍ਰਭਾਤ ਫੇਰੀ ਆਰੰਭ ਕੀਤੀ ਗਈ।ਇਸ ਮੌਕੇ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਦੇ ਹੈੱਡ ਗ੍ਰੰਥੀ ਭਾਈ ਨਛੱਤਰ ਸਿੰਘ ਵੱਲੋਂ ਅਰਦਾਸ ਕਰਨ ਉਪਰੰਤ ਜੈਕਾਰਿਆਂ ਦੀ ਗੂੰਜ ਨਾਲ ਪਹਿਲੀ ਪ੍ਰਭਾਤ ਫੇਰੀ ਆਰੰਭ ਕੀਤੀ ਗਈ। ਇਸ ਪ੍ਰਭਾਤ ਫੇਰੀ ਦੌਰਾਨ ਸਤਿਨਾਮ ਵਾਹਿਗੁਰੂ ਦਾ ਜਾਪ ਤੇ ਕਸਬੇ ਦੀ ਪਰਿਕਰਮਾ ਕਰਦੀਆਂ ਸੰਗਤਾਂ ਫਿਰ ਵਾਪਸ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਵਿਖੇ ਪੁੱਜੀਆਂ।ਪ੍ਰਭਾਤ ਫੇਰੀ ਦੇ ਸਵਾਗਤ ਲਈ ਕਸਬੇ ਦੀਆਂ ਸੰਗਤਾਂ ਵੱਲੋਂ ਵੱਖ-ਵੱਖ ਥਾਵਾਂ 'ਤੇ ਕਈ ਪ੍ਰਕਾਰ ਦੇ ਲੰਗਰ ਲਗਾਏ ਹੋਏ ਸਨ।ਇਸ ਮੌਕੇ ਹੈੱਡ ਗ੍ਰੰਥੀ ਭਾਈ ਨਛੱਤਰ ਸਿੰਘ, ਬਾਬਾ ਬਿਸ਼ਨ ਸਿੰਘ ਪੱਪੂ, ਬਾਬਾ ਅਮਰਦੀਪ ਸਿੰਘ, ਹਰਵਿੰਦਰ ਸਿੰਘ, ਕੁਲਵਿੰਦਰ ਸਿੰਘ ਬੇਦੀ, ਗੁਰਵਿੰਦਰ ਸਿੰਘ ਬੇਦੀ, ਗਗਨਦੀਪ ਸਿੰਘ ਬੇਦੀ, ਮਹਿਤਾਬ ਸਿੰਘ, ਜਗਜੀਤ ਸਿੰਘ, ਬੂਟਾ ਸਿੰਘ, ਪ੍ਰਿੰ. ਅਸਵਿੰਦਰ ਕੌਰ ਬੇਦੀ, ਗੁਲਜ਼ਾਰ ਸਿੰਘ, ਲਵਲੀ ਬੇਦੀ, ਰਵਿੰਦਰ ਸਿੰਘ, ਗੁਰਪ੍ਰੀਤ ਸਿੰਘ ਬਾਦਲ, ਕਸ਼ਮੀਰ ਸਿੰਘ ਬਹਿਲੋਲਪੁਰ, ਸਤਪਾਲ ਮੱਤਰੀ, ਗੁਰਦੀਪ ਸਿੰਘ ਬੇਦੀ, ਡਾ. ਪਲਵਿੰਦਰ ਸਿੰਘ ਪੱਖੋਕੇ, ਸਤਿਨਾਮ ਸਿੰਘ ਘੁੰਮਣ, ਗੁਰਇਕਬਾਲ ਸਿੰਘ, ਮਨਦੀਪ ਸਿੰਘ ਤੇ ਗੁਰਨਾਮ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਪਿੰਡਾਂ ਦਾ ਸਰਬਪੱਖੀ ਵਿਕਾਸ ਹੀ 'ਆਪ' ਦੀ ਮੁੱਖ ਤਰਜੀਹ : ਸਰਪੰਚ ਕਰਮਜੀਤ ਸਿੰਘ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**

ਆਮ ਆਦਮੀ ਪਾਰਟੀ ਦੇ ਹਲਕਾ ਬਟਾਲਾ ਤੋਂ ਵਿਧਾਇਕ ਸੂਬਾ ਕਾਰਜਕਾਰੀ ਪ੍ਰਧਾਨ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਵੱਲੋਂ ਲਗਾਤਾਰ ਪਿੰਡਾਂ ਦੇ ਵਿਕਾਸ ਲਈ ਰਿਕਾਰਡ ਤੋੜ ਕੰਮ ਕੀਤੇ ਜਾ ਰਹੇ ਹਨ ਅਤੇ ਪਿੰਡਾਂ ਦੇ ਸਰਬਪੱਖੀ ਵਿਕਾਸ ਵੱਲ ਧਿਆਨ ਦਿੱਤਾ ਜਾ ਰਿਹਾ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਿਧਾਨ ਸਭਾ ਹਲਕਾ ਬਟਾਲਾ ਦੇ ਅਧੀਨ ਆਉਂਦੇ ਪਿੰਡ ਲੋਹਚਪ ਤੋਂ ਸਰਪੰਚ ਕਰਮਜੀਤ ਸਿੰਘ ਵੱਲੋਂ ਕੀਤਾ ਗਿਆ ।ਉਨ੍ਹਾਂ ਗੱਲਬਾਤ ਦੌਰਾਨ ਦੱਸਿਆ ਕਿ ਆਮ ਆਦਮੀ ਪਾਰਟੀ ਵੱਲੋਂ 600 ਯੂਨਿਟ ਮੁਫਤ ਬਿਜਲੀ, ਪਿੰਡਾਂ ਵਿੱਚ ਖੇਡ ਸਟੇਡੀਅਮ, ਸਿਹਤ ਸਹੂਲਤ ਲਈ ਆਮ ਆਦਮੀ ਕਲੀਨਿਕ ਅਤੇ ਸਿੱਖਿਆ ਪ੍ਰਤੀ ਸਰਕਾਰੀ ਸਕੂਲਾਂ ਨੂੰ ਅਪਗ੍ਰੇਡ ਕੀਤਾ ਗਿਆ। ਹਲਕਾ ਬਟਾਲਾ ਅਧੀਨ ਆਉਂਦੇ ਪਿੰਡਾਂ ਦੇ ਵਿਕਾਸ ਵੱਲ ਸ਼ੈਰੀ ਕਲਸੀ ਵੱਲੋਂ ਲਗਾਤਾਰ ਕੰਮ ਕੀਤਾ ਜਾ ਰਿਹਾ ।ਬਟਾਲਾ ਸ਼ਹਿਰ ਵਿੱਚ ਕਰੋੜਾਂ ਰੁਪਏ ਦਾ ਵਿਕਾਸ ਮੌਜੂਦਾ ਵਿਧਾਇਕ ਵੱਲੋਂ ਕਰਵਾਇਆ ਗਿਆ। ਆਉਣ ਵਾਲੇ ਸਮਿਆਂ ਵਿੱਚ ਪਿੰਡਾਂ ਦੀ ਨੁਹਾਰ ਨੂੰ ਹੋਰ ਸੁੰਦਰ ਤਰੀਕੇ ਨਾਲ ਬਦਲਿਆ ਜਾਵੇਗਾ।ਉਨ੍ਹਾਂ ਕਿਹਾ ਕਿ ਪਹਿਲੀਆਂ ਰਵਾਇਤੀ ਪਾਰਟੀਆਂ ਨੇ ਜੋ ਪਿੰਡਾਂ ਦੇ ਵਿਕਾਸ ਨੂੰ ਪਛਾੜ ਦਿੱਤਾ ਸੀ ਉਸ ਵਿਕਾਸ ਨੂੰ ਹੁਣ ਆਮ ਆਦਮੀ ਪਾਰਟੀ ਦੇ ਵਿਧਾਇਕ ਵੱਲੋਂ ਤੇਜ਼ ਕਰਦਿਆਂ ਪਿੰਡਾਂ ਦੇ ਵਿਕਾਸ ਵੱਲ ਖਾਸ ਧਿਆਨ ਦਿੱਤਾ ਜਾ ਰਿਹਾ ਜਿਸ ਨੂੰ ਦੇਖਦੇ ਹੋਏ ਆਮ ਆਦਮੀ ਪਾਰਟੀ ਨਾਲ ਲੋਕ ਧੜੱਲੇ ਨਾਲ ਜੁੜ ਰਹੇ ਹਨ। ਇੰਝ ਲੱਗਦੇ ਜਿਵੇਂ ਆਮ ਆਦਮੀ ਪਾਰਟੀ ਦੂਸਰੀ ਵਾਰ ਵੀ ਪੰਜਾਬ 'ਚ ਸਰਕਾਰ ਬਣਾਵੇਗੀ।

# ਅੱਬਲ਼ਖੈਰ ਸਥਿਤ ਪਾਰਟੀ ਦਫਤਰ ਵਿਖੇ ਚੇਅਰਮੈਨ ਸ਼ਮਸ਼ੇਰ ਸਿੰਘ ਨੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**

ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਸ਼ਹਿਰੀ ਅਤੇ ਹਲਕਾ ਇੰਚਾਰਜ ਦੀਨਾਨਗਰ ਸ਼ਮਸ਼ੇਰ ਸਿੰਘ ਨੇ ਪਿੰਡ ਅੱਬਲ਼ਖੈਰ ਸਥਿਤ ਪਾਰਟੀ ਦਫਤਰ ਵਿਖੇ ਹਲਕੇ ਦੇ ਵੱਖ-ਵੱਖ ਪਿੰਡਾਂ ਤੋਂ ਆਏ ਲੋਕਾਂ ਦੀਆਂ ਸਮੱਸਿਆਵਾਂ ਸੁਣ ਕੇ ਉਨ੍ਹਾਂ ਦਾ ਨਿਪਟਾਰਾ ਕੀਤਾ।ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਮ ਲੋਕਾਂ ਦੀ ਸਰਕਾਰ ਹੈ ਜਿਸ ਵੱਲੋਂ ਦਿਨ-ਰਾਤ ਲੋਕਾਂ ਦੀ ਸੇਵਾ ਕਰਦਿਆਂ ਆਮ ਲੋਕਾਂ ਦੇ ਮਸਲੇ ਪਹਿਲ ਦੇ ਆਧਾਰ 'ਤੇ ਹੱਲ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਮੰਤਵ ਲੋਕਾਂ ਦੀਆਂ ਮੁਸ਼ਕਲਾਂ ਨੂੰ ਜ਼ਮੀਨੀ ਪੱਧਰ 'ਤੇ ਜਾਣ ਕੇ ਉਨ੍ਹਾਂ ਦਾ ਚੰਗੇ ਤਰੀਕੇ ਨਾਲ ਹੱਲ ਕਰਨਾ ਹੈ।ਲੋਕ ਮਿਲਣੀ ਦੌਰਾਨ ਉਨ੍ਹਾਂ ਨੇ ਜਿੱਥੇ ਆਪਣੀਆਂ ਨਿੱਜੀ ਸਮੱਸਿਆਵਾਂ ਅਤੇ ਪਿੰਡਾਂ ਦੇ ਵਿਕਾਸ ਸਬੰਧੀ ਮਸਲੇ ਲੈ ਕੇ ਆਏ ਲੋਕਾਂ ਦੀ ਗੱਲ ਸੁਣੀ ਜਿਸ ਮਗਰੋਂ ਉਨ੍ਹਾਂ ਨੇ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਗੱਲ ਕਰਕੇ ਲੋਕਾਂ ਦੇ ਮਸਲੇ ਪਹਿਲ ਦੇ ਆਧਾਰ 'ਤੇ ਹੱਲ ਕਰਨ ਦੇ ਨਿਰਦੇਸ਼ ਦਿੱਤੇ।ਉਨ੍ਹਾਂ ਕਿਹਾ ਕਿ ਵਿਧਾਨਸਭਾ ਹਲਕਾ ਦੀਨਾਨਗਰ ਦੇ ਲੋਕ ਉਨ੍ਹਾਂ ਦੇ ਪਰਿਵਾਰ ਵਾਂਗ ਹਨ ਅਤੇ ਉਹ ਵੀ ਦਿਨ-ਰਾਤ ਹਲਕੇ ਦੇ ਲੋਕਾਂ ਦੀ ਸੇਵਾ ਵਿੱਚ ਲੱਗੇ ਹੋਏ ਹਨ। ਇਸ ਮੌਕੇ ਸਰਪੰਚ ਬਲਵਿੰਦਰ ਕੁਮਾਰ ਦਾਊਵਾਲ, ਜੋਗਿੰਦਰ ਪਾਲ ਜਗਤਪੁਰ ਕਲਾਂ, ਸਰਪੰਚ ਕੇਸ਼ਵ ਸ਼ਰਮਾ ਘੁੱਲਾ, ਬਲਜੀਤ ਸਿੰਘ ਸਾਹੋਵਾਲ ਅਤੇ ਮਨੋਜ ਕੁਮਾਰ ਘੇਸਲ ਵੀ ਹਾਜ਼ਰ ਸਨ।



# 'ਮੁਸਲਿਮ ਜਮਾਤ ਅਹਿਮਦੀਆ ਦਾ ਸਾਲਾਨਾ ਜਲਸਾ ਸਾਰੇ ਧਰਮਾਂ ਦੀ ਏਕਤਾ ਦਾ ਅਲੰਬਰਦਾਰ'

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**

ਮੁਸਲਿਮ ਜਮਾਤ ਅਹਿਮਦੀਆ ਦਾ ਦੂਸਰੇ ਦਿਨ ਦਾ ਜਲਸਾ ਸਾਲਾਨਾ ਪਵਿੱਤਰ ਕੁਰਾਨ ਸ਼ਰੀਫ ਦੀ ਤਿਲਾਵਤ ਦੇ ਨਾਲ ਆਰੰਭ ਹੋਇਆ। ਜਲਸਾ ਸਾਲਾਨਾ ਕਾਦੀਆਂ ਦੀ ਬੁਨਿਆਦ ਖੁਦਾ ਤਾਅਲਾ ਦੇ ਹੁਕਮ ਅਤੇ ਇਸ ਯੁੱਗ ਦੇ ਇਮਾਮ ਹਜ਼ਰਤ ਮਿਰਜ਼ਾ ਗੁਲਾਮ ਅਹਿਮਦ ਸਾਹਿਬ ਕਾਦੀਆਨੀ ਅਲੈਹ ਸਲਾਮ ਨੇ ਸੰਨ 1891 ਵਿੱਚ ਰੱਖੀ ਸੀ। ਇਹ ਜਲਸਾ ਸਾਰੇ ਧਰਮਾਂ ਦੀ ਆਪਸੀ ਭਾਈਚਾਰਕ ਸਾਂਝ ਅਤੇ ਏਕਤਾ ਦਾ ਇੱਕ ਅਜ਼ੀਮੁਸ਼ਾਨ ਨਜ਼ਾਰਾ ਪੇਸ਼ ਕਰਦਾ ਹੈ। ਇਸ ਖਾਲਸ ਰੂਹਾਨੀ ਜਲਸੇ ਬਾਰੇ ਬਾਨੀ ਮੁਸਲਿਮ ਜਮਾਤ ਅਹਿਮਦੀਆ ਹਜ਼ਰਤ ਅਕਦਸ ਮਸੀਹੇ ਮਾਊਦ ਅਲੈਹ ਸਲਾਮ ਨੇ ਸਾਰੇ ਧਰਮਾਂ ਦਾ ਸਤਿਕਾਰ ਅਤੇ ਉਨ੍ਹਾਂ ਦੇ ਧਾਰਮਿਕ ਜਜ਼ਬਾਤ ਵੱਲ ਵਿਸ਼ੇਸ਼ ਧਿਆਨ ਦਿਵਾਇਆ ਹੈ।ਬਾਨੀ ਮੁਸਲਿਮ ਜਮਾਤ ਅਹਿਮਦੀਆ ਹਜ਼ਰਤ ਮਿਰਜ਼ਾ ਗੁਲਾਮ ਅਹਿਮਦ ਸਾਹਿਬ ਕਾਦੀਆਨੀ ਅਲੈਹ ਸਲਾਮ ਫਰਮਾਉਂਦੇ ਹਨ।ਜਲਸੇ 'ਚ ਹਰ ਸ਼ਾਮਿਲ ਹੋਣ ਵਾਲੇ ਨੇ ਜਮਾਤ ਅਹਿਮਦੀਆ ਦੀ ਅਮਨ ਦੀ ਸਥਾਪਨਾ ਦੀਆਂ ਕੋਸ਼ਿਸ਼ਾਂ ਨੂੰ ਸਰਾਹਿਆ ।ਜਮਾਤ ਅਹਿਮਦੀਆ ਦੇ ਮਾਟੋ ਪ੍ਰੇਮ ਸਭਨਾਂ ਲਈ ਅਤੇ ਨਫਰਤ ਕਿਸੇ ਤੋਂ ਨਹੀਂ, ਨੂੰ ਖਰਾਜੇ ਤਹਿਸੀਨ ਪੇਸ਼ ਕੀਤਾ ।ਗਿਆਨੀ ਤਨਵੀਰ ਅਹਿਮਦ ਖਾਦਿਮ ਨੇ ਵੀ ਸਬੰਧੋਨ ਕੀਤਾ। ਅੱਜ ਦੇ ਇਸ ਜਲਸੇ ਨੂੰ ਹੋਰਨਾਂ ਤੋਂ ਇਲਾਵਾ ਮੌਲਾਨਾ ਰਫੀਕ ਅਹਿਮਦ ਬੇਗ, ਮੁਨੀਰ ਅਹਿਮਦ ਖਾਦਿਮ, ਮੌਲਾਨਾ ਮੁਜ਼ੱਫਰ ਅਹਿਮਦ ਖਾਨ ਨੇ ਵੀ ਸੰਬੋਧਨ ਕੀਤਾ। ਜਲਸਾ ਸਾਲਾਨਾ ਦੀ ਮੁਬਾਰਕਬਾਦ ਭੇਟ ਕਰਨ ਆਏ ਪਤਵੰਤਿਆਂ ਦਾ ਜਮਾਤ ਅਹਿਮਦੀਆ ਦੇ ਲੰਗਰਖਾਨਾ ਹਜ਼ਰਤ ਮਸੀਹੇ ਮਾਊਦ ਅਲੈ ਸਲਾਮ ਵਿਖੇ ਨਿੱਘਾ ਸਵਾਗਤ ਕੀਤਾ ਗਿਆ।




# ਸਰਪੰਚ ਮਨਜਿੰਦਰ ਸੰਧੂ ਨੇ ਪਿੰਡ ਅਵਾਣ ਦੀ ਗਲੀ 'ਚ ਲਗਵਾਈਆਂ ਇੰਟਰਲਾਕ ਟਾਈਲਾਂ



**ਕਾਦੀਆਂ( ਯਾਦਵਿੰਦਰ ਸਿੰਘ ਮਲਹੋਤਰਾ)**-ਵਿਧਾਨ ਸਭਾ ਹਲਕਾ ਬਟਾਲਾ ਅਧੀਨ ਪੈਂਦੇ ਪਿੰਡ ਅਵਾਣ ਵਿੱਚ ਸਰਪੰਚ ਮਨਜਿੰਦਰ ਸਿੰਘ ਸੰਧੂ ਵੱਲੋਂ ਲਗਾਤਾਰ ਸਰਪੰਚ ਬਣਨ ਤੋਂ ਬਾਅਦ ਪਿੰਡਾਂ ਦੀਆਂ ਗਲੀਆਂ ਨੂੰ ਪੱਕਿਆਂ ਕਰਵਾਇਆ ਜਾ ਰਿਹਾ ਅਤੇ ਉਨ੍ਹਾਂ ਵੱਲੋਂ ਇਸੇ ਲੜੀ ਤਹਿਤ ਪਿਛਲੇ ਲੰਮੇ ਸਮੇਂ ਤੋਂ ਲੋਕਾਂ ਦੀ ਮੰਗ ਨੂੰ ਪੂਰਾ ਕਰਦਿਆਂ ਇਸ ਗਲੀ ਨੂੰ ਬਣਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪਿੰਡ ਦੇ ਸਰਪੰਚ ਮਨਜਿੰਦਰ ਸਿੰਘ ਸੰਧੂ ਨੇ ਦੱਸਿਆ ਕਿ ਪਿਛਲੇ ਲੰਮੇ ਸਮੇਂ ਤੋਂ ਇਸ ਗਲੀ ਦੇ ਵਿੱਚ ਇੱਟ ਨਹੀਂ ਸੀ ਲੱਗੀ ਅਤੇ ਲੋਕਾਂ ਦੀ ਮੰਗ ਸੀ ਜਿਸ ਨੂੰ ਉਨ੍ਹਾਂ ਦੇ ਵੱਲੋਂ ਬਟਾਲਾ ਤੋਂ ਵਿਧਾਇਕ ਸੂਬਾ ਕਾਰਜਕਾਰੀ ਪ੍ਰਧਾਨ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਦੇ ਯਤਨਾਂ ਸਦਕਾ ਇਸ ਮੰਗ ਨੂੰ ਪੂਰਾ ਕਰਦਿਆਂ ਗਲੀ ਵਿੱਚ ਇੰਟਰਲਾਕ ਇੱਟ ਲਗਾ ਕੇ ਗਲੀ ਨੂੰ ਪੱਕਿਆਂ ਕੀਤਾ ਗਿਆ ।ਇਸ ਮੌਕੇ ਪਿੰਡ ਦੇ ਸਰਪੰਚ ਸਮੇਤ ਲੋਕਾਂ ਵੱਲੋਂ ਆਮ ਆਦਮੀ ਪਾਰਟੀ ਦੇ ਸੂਬਾ ਕਾਰਜਕਾਰੀ ਪ੍ਰਧਾਨ ਵਿਧਾਇਕ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਤੇ ਡੀਡੀਪੀਓ ਗੁਰਦਾਸਪੁਰ ਗੁਰਪ੍ਰੀਤ ਸਿੰਘ ਭੁੱਲਰ ਜੇਈ ਅਜੇ ਕਸ਼ਪ, ਏਪੀਓ ਸਿਮਰਨਜੀਤ ਕੌਰ, ਸੈਕਟਰੀ ਗੁਰਪ੍ਰੀਤ ਸਿੰਘ ਦਾ ਤਹਿ ਦਿਲ ਤੋਂ ਧੰਨਵਾਦ ਕੀਤਾ।ਸਰਪੰਚ ਮਨਜਿੰਦਰ ਸਿੰਘ ਨੇ ਦੱਸਿਆ ਕਿ ਪਿੰਡ ਦੇ ਵਿਕਾਸ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ।ਇਸ ਮੌਕੇ ਸਰਪੰਚ ਮਨਜਿੰਦਰ ਸਿੰਘ ਤੋਂ ਇਲਾਵਾ ਮੈਂਬਰ ਕਰਨੈਲ ਸਿੰਘ, ਮੇਜਰ ਸਿੰਘ, ਰਤਨ ਸਿੰਘ, ਅਮਰਜੀਤ ਕੌਰ, ਹਰਦੀਪ ਸਿੰਘ ,ਨਿਸ਼ਾਨ ਸਿੰਘ, ਰਵਿੰਦਰ ਸਿੰਘ, ਅਜੀਤ ਸਿੰਘ ਆਦਿ ਹਾਜ਼ਰ ਸਨ ।

# ਸੰਘਰਸ਼ ਨੂੰ ਹੋਰ ਤਿੱਖਾ ਕਰਨ ਲਈ ਪੰਜਾਬ ਬੰਦ ਦਾ ਪ੍ਰਚਾਰ ਜ਼ੋਰਾਂ 'ਤੇ: ਦਿਉਲ/ਕੋਟਲੀ



**ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਖਨੌਰੀ ਬਾਰਡਰ 'ਤੇ ਲੰਮੇ ਸਮੇਂ ਤੋਂ ਚਲ ਰਹੇ ਧਰਨੇ ਵਿੱਚ ਆਪਣੀ ਜਾਨ ਦੀ ਬਾਜ਼ੀ ਲਾਈ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦਾ ਮਰਨ ਵਰਤ 33ਵੇਂ ਦਿਨ ਵਿੱਚ ਚਲ ਰਿਹਾ ਹੈ। ਡੱਲੇਵਾਲ ਮਾਨਸਿਕ ਤੌਰ 'ਤੇ ਚੜ੍ਹਦੀ ਕਲਾ ਵਿੱਚ ਹਨ ਪਰ ਹਰ ਦਿਨ ਉਨ੍ਹਾਂ ਦਾ ਸਰੀਰ ਕਮਜ਼ੋਰ ਤੇ ਬਿਮਾਰ ਹੋ ਰਿਹਾ ਹੈ। ਦੇਸ਼ ਪ੍ਰਦੇਸ ਵਿੱਚ ਉਨ੍ਹਾਂ ਦੀ ਸਿਹਤ ਲਈ ਅਰਦਾਸ ਬੇਨਤੀ ਹੋ ਰਹੀ ਹੈ। ਸਭ ਜਥੇਬੰਦੀਆਂ ਪੱਬਾਂ ਭਾਰ ਹੋ ਕੇ ਇਸ ਕਿਸਾਨੀ ਘੋਲ ਨੂੰ ਕਾਮਯਾਬ ਕਰਨ ਲਈ ਲੱਗੀਆਂ ਹੋਈਆਂ ਹਨ ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਜ਼ਿਲੇ ਦੇ ਵਾਈਸ ਪ੍ਰਧਾਨ ਡਾ. ਦਲਜੀਤ ਸਿੰਘ ਦਿਉਲ ਤੇ ਬਲਾਕ ਵਲਟੋਹਾ ਦੇ ਕੈਸ਼ੀਅਰ ਡਾ. ਬਲਵਿੰਦਰ ਸਿੰਘ ਕੋਟਲੀ ਨੇ ਸਾਂਝੇ ਬਿਆਨ ਵਿੱਚ ਆਖਿਆ ਕਿ ਕਿਸਾਨ ਦੇਸ਼ ਦੇ ਲੋਕਾਂ ਲਈ ਰੀੜ੍ਹ ਦੀ ਹੱਡੀ ਨੇ ਪਰ ਸਰਕਾਰ ਹਰ ਪਾਸੇ ਨਿੱਜੀਕਰਨ ਵੱਲ ਧਿਆਨ ਦੇ ਰਹੀ ਹੈ। ਜੇਕਰ ਸਰਕਾਰ ਆਪਣੇ ਮਨਸੂਬਿਆਂ ਵਿੱਚ ਕਾਮਯਾਬ ਹੁੰਦੀ ਹੈ ਤਾਂ ਦੇਸ਼ ਦੀ ਜਨਤਾ ਆਉਣ ਵਾਲੇ ਸਮੇ ਵਿੱਚ ਪੂੰਜੀਪਤੀਆਂ ਦੀ ਗੁਲਾਮ ਹੋਵੇਗੀ। ਇਸ ਲਈ ਅਸੀਂ ਆਪਣੇ ਹੱਕਾਂ ਲਈ ਬਾਰਡਰ 'ਤੇ ਬੈਠੇ ਕਿਸਾਨਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਸਾਥ ਦੇਵਾਂਗੇ ।ਪੰਜਾਬ ਬੰਦ ਨੂੰ ਕਾਮਯਾਬ ਕਰਾਂਗੇ ।

# ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਲੰਗਰ ਦੀ ਸੇਵਾ




**ਮਜੀਠਾ (ਸੋਇਮ ਆਨੰਦ)**-ਮਜੀਠਾ ਦੇ ਸ਼ਿਵਜੋਤ ਹਸਪਤਾਲ ਦੇ ਮੁਖੀ ਡਾ. ਦੀਦਾਰ ਸਿੰਘ, ਡਾ. ਹਰਪ੍ਰੀਤ ਸਿੰਘ, ਗੁਰਪ੍ਰੀਤ ਸਿੰਘ ਤੇ ਸਮੁੱਚੇ ਸਟਾਫ ਵੱਲੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦੇ ਸ਼ਹੀਦ ਬਾਬਾ ਜ਼ੋਰਾਵਰ ਸਿੰਘ, ਸ਼ਹੀਦ ਬਾਬਾ ਫਤਿਹ ਸਿੰਘ, ਮੋਤੀ ਰਾਮ ਮਹਿਰਾ, ਟੋਡਰਮੱਲ ਤੇ ਹੋਰ ਸ਼ਹੀਦਾਂ ਦਾ ਸ਼ਹੀਦੀ ਦਿਹਾੜਾ ਮਨਾਉਂਦਿਆਂ ਮਜੀਠਾ ਵਿਖੇ ਚਾਰ ਦਿਨਾਂ ਤੋਂ ਵੱਖ-ਵੱਖ ਪ੍ਰਕਾਰ ਦੇ ਲੰਗਰ ਲਗਾਏ ਜਾ ਰਹੇ ਸੀ।ਸੰਗਤਾਂ ਨੂੰ ਲੰਗਰ ਛਕਾਉਣ ਦੀ ਸੇਵਾ ਸਮੁੱਚੀ ਪ੍ਰਬੰਧਕੀ ਟੀਮ ਵੱਲੋਂ ਸਤਿਨਾਮ ਵਾਹਿਗੁਰੂ ਦੇ ਜਾਪ ਕਰਦਿਆਂ ਬਹੁਤ ਹੀ ਸ਼ਰਧਾ ਭਾਵਨਾ ਨਾਲ ਨਿਭਾਈ ਗਈ।ਇਸ ਮੌਕੇ ਪ੍ਰਬੰਧਕਾਂ ਵਿੱਚ ਉਕਤ ਤੋਂ ਇਲਾਵਾ ਓਂਕਾਰ ਸਿੰਘ ਮਜੀਠਾ, ਸਾਰਜ ਸਿੰਘ ਸੋਨੂੰ ਰਾਇਲ ਵਿੱਲਾ ਵਾਲੇ, ਗੁਰਪ੍ਰੀਤ ਸਿੰਘ ਸੋਨੂੰ ਸਰਾਫ ਮਜੀਠਾ, ਕਰਨਪਾਲ ਸਿੰਘ, ਪ੍ਰਿੰਸਦੀਪ ਸਿੰਘ, ਜਸ਼ਨਪ੍ਰੀਤ ਸਿੰਘ, ਜਸਪਾਲ ਸਿੰਘ, ਕਵਲਜੀਤ ਕੌਰ, ਅੰਜੂ, ਅੰਜਲੀ, ਮਾਨਸੀ, ਰਿੱਤੂ ਸਮੇਤ ਸਮੁੱਚਾ ਸਟਾਫ ਹਾਜ਼ਰ ਸੀ।

# ਚੀਫ਼ ਖ਼ਾਲਸਾ ਦੀਵਾਨ ਵੱਲੋਂ ਡਾ. ਮਨਮੋਹਨ ਸਿੰਘ ਦੇ ਦਿਹਾਂਤ 'ਤੇ ਦੁੱਖ ਪ੍ਰਗਟ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਚੀਫ਼ ਖ਼ਾਲਸਾ ਦੀਵਾਨ ਦੇ ਅਹੁਦੇਦਾਰਾਂ ਵੱਲੋਂ ਲਗਾਤਾਰ 10 ਸਾਲ ਭਾਰਤ ਦੇ ਪ੍ਰਧਾਨ ਮੰਤਰੀ ਵਜੋਂ ਸੇਵਾਵਾਂ ਨਿਭਾਉਂਦਿਆਂ ਆਪਣੀ ਅਮਿੱਟ ਛਾਪ ਛੱਡਣ ਵਾਲੇ ਡਾ. ਮਨਮੋਹਨ ਸਿੰਘ ਦੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਅਤੇ ਆਨਰੇਰੀ ਸਕੱਤਰ ਸਵਿੰਦਰ ਸਿੰਘ ਕੱਥੂਨੰਗਲ ਨੇ ਡਾ. ਮਨਮੋਹਨ ਸਿੰਘ ਪ੍ਰਤੀ ਅਤਿ ਆਦਰ ਅਤੇ ਸਨਮਾਨ ਪ੍ਰਗਟ ਕਰਦਿਆਂ ਕਿਹਾ ਕਿ ਭਾਰਤ ਦੇ ਪ੍ਰਧਾਨ ਮੰਤਰੀ ਵਜੋਂ ਆਪਣੀ ਯੋਗ ਅਗਵਾਈ ਹੇਠ ਉਨ੍ਹਾਂ ਦੇਸ਼ ਨੂੰ ਆਰਥਿਕ ਸੰਕਟ ਵਿਚੋਂ ਕੱਢ ਕੇ ਸਮੁੱਚੀ ਦੁਨੀਆ ਵਿਚ ਆਪਣੀ ਵਿਲੱਖਣ ਬੌਧਿਕ ਪ੍ਰਤਿਭਾ ਅਤੇ ਕਾਬਲੀਅਤ ਦਾ ਲੋਹਾ ਮੰਨਵਾਇਆ ਅਤੇ ਇਤਿਹਾਸ ਵਿਚ ਪਹਿਲੇ ਸਿੱਖ ਪ੍ਰਧਾਨ ਮੰਤਰੀ ਵਜੋਂ ਦੇਸ਼ ਅਤੇ ਕੌਮ ਦਾ ਨਾਇਕ ਬਣ ਕੇ ਦੇਸ਼ ਦੇ ਨਾਲ-ਨਾਲ ਕੌਮ ਦਾ ਸਿਰ ਵੀ ਵਿਸ਼ਵ ਪੱਧਰ ਤੇ ਉੱਚਾ ਕੀਤਾ। ਗੁਰੂ ਨਗਰੀ ਸ੍ਰੀ ਅੰਮ੍ਰਿਤਸਰ ਦੇ ਵਸਨੀਕ ਰਹੇ ਡਾ. ਮਨਮੋਹਨ ਸਿੰਘ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਅਧਿਐਨ ਕੇਂਦਰ ਸਥਾਪਿਤ ਕੀਤਾ ਗਿਆ ਅਤੇ ਸ਼ਹਿਰ ਦੇ ਵਿਕਾਸ ਲਈ ਵੀ ਵਿਸ਼ੇਸ਼ ਯਤਨ ਕੀਤੇ ਗਏ। ਉਨ੍ਹਾਂ ਨੇ ਕਿਹਾ ਕਿ ਗਲੋਬਲ ਵਿੱਤੀ ਅਤੇ ਆਰਥਿਕ ਖੇਤਰ ਦੀ ਉੱਘੀ ਸ਼ਖ਼ਸੀਅਤ ਦਾ ਸਦੀਵੀ ਵਿਛੋੜਾ ਦੇ ਜਾਣਾ ਦੇਸ਼ ਲਈ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਹੈ। ਹਲੀਮੀ, ਸਾਦਗੀ ਅਤੇ ਤੀਖਣ ਬੁੱਧੀ ਨਾਲ ਭਰਪੂਰ ਡਾ. ਮਨਮੋਹਨ ਸਿੰਘ ਤੇ ਸਿੱਖ ਕੌਮ, ਦੇਸ਼ ਵਾਸੀਆਂ ਅਤੇ ਖਾਸਕਰ ਸ਼ਹਿਰ ਵਾਸੀਆਂ ਨੂੰ ਹਮੇਸ਼ਾ ਮਾਣ ਰਹੇਗਾ।

# ਕਨਵਰ ਸਿੰਘ ਮਾਨ ਗੁ. ਬੀੜ ਬਾਬਾ ਬੁੱਢਾ ਸਾਹਿਬ ਵਿਖੇ ਹੋਏ ਨਤਮਸਤਕ

**ਝਬਾਲ (ਹਰਜਿੰਦਰ ਸਿੰਘ ਸੋਨੀ)**

ਪੁੱਤਰਾਂ ਦੇ ਦਾਨੀ ਮਹਾਨ ਬ੍ਰਹਮ ਗਿਆਨੀ ਧੰਨ ਬਾਬਾ ਬੁੱਢਾ ਜੀ ਦੇ ਪਵਿੱਤਰ ਇਤਿਹਾਸਕ ਅਸਥਾਨ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਵਿਖੇ ਨੌਰਵੇ ਦੀ ਪਾਰਲੀਮੈਂਟ ਦੇ ਸੀਨੀਅਰ ਐਡਵਾਈਜ਼ਰ ਕਨਵਰ ਸਿੰਘ ਮਾਨ ਆਪਣੇ ਪਰਿਵਾਰ ਸਮੇਤ ਨਤਮਸਤਕ ਹੋਏ।ਇਸ ਮੌਕੇ ਉਨ੍ਹਾਂ ਨੇ ਸਰਬੱਤ ਦੇ ਭਲੇ ਲਈ ਅਰਦਾਸ ਕਰਵਾਈ ਤੇ ਨਵੇਂ ਸਾਲ ਦੀ ਆਮਦ 'ਤੇ ਸਭ ਸੰਗਤਾਂ ਨੂੰ ਗੁਰੂ ਘਰ ਵਿਖੇ ਮੱਥਾ ਟੇਕ ਕੇ ਸ਼ਬਦ ਕੀਰਤਨ ਸੁਣਨ ਦੀ ਬੇਨਤੀ ਕੀਤੀ।ਉਨ੍ਹਾਂ ਨੇ ਦੱਸਿਆ ਕਿ ਉਹ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਸਬੰਧੀ ਚੱਲ ਰਹੇ ਸਫਰ-ਏ-ਸ਼ਹਾਦਤ ਸਬੰਧੀ ਨੌਰਵੇ ਤੋਂ ਆਪਣੇ ਸ਼ਹਿਰ ਫ਼ਗਵਾੜਾ ਪੰਜਾਬ ਆਏ ਸਨ ਤੇ ਘਰ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਕਰਵਾਉਣ ਉਪ੍ਰੰਤ ਸ੍ਰੀ ਫਤਿਹਗੜ੍ਹ ਸਾਹਿਬ ਦੀ ਧਰਤੀ ਨੂੰ ਕੋਟਿਨ ਕੋਟ ਪ੍ਰਣਾਮ ਤੇ ਸਿਜਦਾ ਕਰਨ ਉਪ੍ਰੰਤ ਮਾਝੇ ਦੇ ਪ੍ਰਸਿੱਧ ਧਾਰਮਿਕ ਅਸਥਾਨਾਂ ਦੇ ਦਰਸ਼ਨ ਦੀਦਾਰੇ ਕਰ ਰਹੇ ਹਨ ਜਿਸ ਤਹਿਤ ਉਹ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਦੇ ਦਰਸ਼ਨਾਂ ਲਈ ਆਏ ਹਨ।ਇਸ ਮੌਕੇ ਦਫ਼ਤਰ ਵਿਖੇ ਪੁੱਜਣ 'ਤੇ ਕਨਵਰ ਸਿੰਘ ਮਾਨ, ਧਰਮ ਪਤਨੀ ਹਰਪ੍ਰੀਤ ਕੌਰ ਮਾਨ, ਪੁੱਤਰ ਜੈਵੀਰ ਸਿੰਘ ਮਾਨ ਦਾ ਐੱਸਜੀਪੀਸੀ ਸਟਾਫ ਦੇ ਭਾਈ ਜਸਪਾਲ ਸਿੰਘ ਨੌਸ਼ਹਿਰਾ ਢਾਲਾ ਵੱਲੋਂ ਬਾਬਾ ਬੁੱਢਾ ਸਾਹਿਬ ਜੀ ਦੀ ਯਾਦਗਾਰੀ ਤਸਵੀਰ ਦੇ ਕੇ ਸਨਮਾਨ ਕੀਤਾ ਗਿਆ।



# ਗਿਆਨੀ ਗੁਰਮੁੱਖ ਸਿੰਘ ਦੀ ਮਾਤਾ ਦੇ ਅਕਾਲ ਚਲਾਣੇ 'ਤੇ ਦੁੱਖ ਦਾ ਪ੍ਰਗਟਾਵਾ

**ਅੰਮ੍ਰਿਤਸਰ (ਜਸਬੀਰ ਸਿੰਘ, ਕੰਵਲਜੀਤ ਸਿੰਘ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਾਬਕਾ ਜਥੇਦਾਰ ਗਿਆਨੀ ਗੁਰਮੁੱਖ ਸਿੰਘ ਦੀ ਮਾਤਾ ਬੀਬੀ ਬਲਵਿੰਦਰ ਕੌਰ ਦੇ ਅਕਾਲ ਚਲਾਣਾ ਕਰ ਜਾਣ 'ਤੇ ਗਹਿਰੇ ਦੁੱਖ ਦਾ ਇਜ਼ਹਾਰ ਕੀਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਮਾਂ ਦਾ ਰਿਸ਼ਤਾ ਅਮੁੱਲ ਹੈ ਅਤੇ ਮਾਂ ਦਾ ਸੰਸਾਰ ਤੋਂ ਚਲੇ ਜਾਣਾ ਪਰਿਵਾਰ ਲਈ ਵੱਡਾ ਘਾਟਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਗਿਆਨੀ ਗੁਰਮੁੱਖ ਸਿੰਘ ਤੇ ਉਨ੍ਹਾਂ ਦੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਵਾਹਿਗੁਰੂ ਦੇ ਚਰਨਾਂ ਵਿਚ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿਚ ਨਿਵਾਸ ਦੇਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬੱਲ ਪ੍ਰਦਾਨ ਕਰਨ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਵੀ ਗਿਆਨੀ ਗੁਰਮੁੱਖ ਸਿੰਘ ਅਤੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਬੀਬੀ ਬਲਵਿੰਦਰ ਕੌਰ ਦੇ ਚਲਾਣੇ 'ਤੇ ਦੁੱਖ ਪ੍ਰਗਟ ਕੀਤਾ ਅਤੇ ਵਿਛੜੀ ਰੂਹ ਨਮਿੱਤ ਅਰਦਾਸ ਕੀਤੀ।

# ਲੰਬੇ ਸਮੇਂ ਤੋਂ ਰੁਕੇ ਪਿੰਡ ਦੇ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਨੇਪਰੇ ਚੜ੍ਹਾਵਾਂਗਾ : ਸਰਵਣ ਸਿੰਘ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਪਾਰਟੀਬਾਜ਼ੀ ਤੋਂ ਉਪਰ ਉਠ ਕੇ ਪਿੰਡ ਬਿੰਦ ਦੇ ਵਿਕਾਸ ਵੱਲ ਧਿਆਨ ਦਿੱਤਾ ਜਾਵੇਗਾ ਅਤੇ ਪਿੰਡ ਦੇ ਰੁਕੇ ਹੋਏ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਬਟਾਲਾ ਦੇ ਪਿੰਡ ਥਿੰਦ ਤੋਂ ਸਰਪੰਚ ਸਰਵਣ ਸਿੰਘ ਪੁੱਤਰ ਜੋਗਿੰਦਰ ਸਿੰਘ ਦੇ ਵੱਲੋਂ ਕੀਤਾ ਗਿਆ। ਗੱਲਬਾਤ ਕਰਦੇ ਹੋਏ ਉਨ੍ਹਾਂ ਕਿਹਾ ਕਿ ਪਿੰਡ ਦੇ ਵਿਕਾਸ ਲਈ ਕੋਈ ਵਿਤਕਰਾ ਨਹੀਂ ਕੀਤਾ ਜਾਵੇਗਾ ਕਿਉਂਕਿ ਉਨ੍ਹਾਂ ਦਾ ਮਕਸਦ ਹੈ ਪਿੰਡ ਦਾ ਵਿਕਾਸ ਕਰਨਾ ਨਾ ਕਿ ਪਾਰਟੀਬਾਜ਼ੀ 'ਚ ਪੈਣਾ। ਇਸ ਮੌਕੇ ਉਨ੍ਹਾਂ ਨੇ ਆਪਣੇ ਪਿੰਡ ਵਾਸੀਆਂ ਤੇ ਸਮਰਥਕਾਂ ਦਾ ਧੰਨਵਾਦ ਕੀਤਾ।ਇਸ ਮੌਕੇ ਉਨ੍ਹਾਂ ਦੇ ਨਾਲ ਮੈਂਬਰ ਸਰਵਣ ਸਿੰਘ, ਮੈਂਬਰ ਹਰਦੀਪ ਸਿੰਘ, ਮੈਂਬਰ ਸੁਰਿੰਦਰ ਕੌਰ, ਮੈਂਬਰ ਰਾਜਵਿੰਦਰ ਕੌਰ ਪਤਨੀ ਸਤਨਾਮ ਸਿੰਘ, ਮੈਂਬਰ ਰਾਜਵਿੰਦਰ ਕੌਰ ਪਤਨੀ ਮੇਜਰ ਸਿੰਘ ਤੋਂ ਇਲਾਵਾ ਗੁਰਵਿੰਦਰ ਸਿੰਘ, ਸਰਮੇਸ਼ ਸਿੰਘ, ਹਰਦਿਆਲ ਸਿੰਘ, ਪਰਮਿੰਦਰ ਸਿੰਘ, ਅਜੀਤ ਸਿੰਘ, ਸਵਰਨ ਸਿੰਘ, ਹਰਭਜਨ ਸਿੰਘ, ਗੁਰਮੀਤ ਸਿੰਘ, ਹਰਦੀਪ ਸਿੰਘ, ਹੈਪੀ ਸਿੰਘ, ਸਰਬਜੀਤ ਸਿੰਘ, ਨਿਰਮਲ ਸਿੰਘ, ਲਖਵਿੰਦਰ ਸਿੰਘ, ਸੁਰਿੰਦਰ ਸਿੰਘ, ਪਲਵਿੰਦਰ ਸਿੰਘ ਅਤੇ ਲਖਵਿੰਦਰ ਸਿੰਘ ਆਦਿ ਹਾਜ਼ਰ ਸਨ।



# ਅਕਾਲ ਅਕੈਡਮੀ ਤਿੱਬੜ ਵਿਖੇ ਸ਼ਹੀਦੀ ਹਫ਼ਤੇ ਦੌਰਾਨ ਗੁਰਮਤਿ ਸਮਾਗਮ ਕਰਵਾਏ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**

ਅਕਾਲ ਅਕੈਡਮੀ ਤਿੱਬੜ ਵਿਖੇ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦੇ ਅਜੀਤ ਸਿੰਘ, ਜੁਝਾਰ ਸਿੰਘ, ਜ਼ੋਰਾਵਰ ਸਿੰਘ ਅਤੇ ਫ਼ਤਹਿ ਸਿੰਘ ਅਤੇ ਮਾਤਾ ਗੁਜਰੀ ਜੀ ਦੇ ਜੀਵਨ ਅਤੇ ਸ਼ਹਾਦਤ ਨੂੰ ਸਮਰਪਿਤ ਸ਼ਹੀਦੀ ਹਫਤਾ ਮਨਾਇਆ। ਇਸ ਸਬੰਧੀ ਅਕੈਡਮੀ ਦੇ ਪ੍ਰਿੰ. ਗੁਰਵਿੰਦਰ ਕੌਰ ਦੇ ਪ੍ਰਬੰਧਾਂ ਹੇਠ ਗੁਰਮਤਿ ਸਮਾਗਮਾਂ ਦੌਰਾਨ ਪੂਰਾ ਹਫਤਾ ਅਕੈਡਮੀ ਦੇ ਵਿਦਿਆਰਥੀਆਂ ਅਤੇ ਸੰਗਤਾਂ ਨੇ ਸ਼ਹਾਦਤ ਦੇ ਸਫਰ ਸਬੰਧੀ ਜਾਣਕਾਰੀ ਪ੍ਰਾਪਤ ਕੀਤੀ। ਪ੍ਰਿੰ. ਗੁਰਵਿੰਦਰ ਕੌਰ ਨੇ ਦੱਸਿਆ ਕਿ ਇਸ ਮਹਾਨ ਸ਼ਹਾਦਤ ਨੂੰ ਨਮਸਕਾਰ ਕਰਦੇ ਹੋਏ ਸਫਰ-ਏ-ਸ਼ਹਾਦਤ ਤਹਿਤ ਰੋਜ਼ਾਨਾ ਲੜੀਵਾਰ ਸਮਾਗਮਾਂ ਦੌਰਾਨ ਅਧਿਆਪਕਾ ਦਲਜੀਤ ਕੌਰ ਨੇ ਗੁਰੂ ਜੀ ਤੇ ਸਿੰਘਾਂ ਦੁਆਰਾ ਆਨੰਦਪੁਰ ਦਾ ਕਿਲ੍ਹਾ ਛੱਡਣ ਬਾਰੇ ਜਾਣਕਾਰੀ ਦਿੱਤੀ। ਅਧਿਆਪਕ ਸੁਖਵਿੰਦਰ ਸਿੰਘ ਨੇ ਸਰਸਾ ਦੇ ਕੰਢੇ ਯੁੱਧ ਤੇ ਪਰਿਵਾਰ ਵਿਛੋੜੇ ਬਾਰੇ ਜਾਣਕਾਰੀ ਦਿੱਤੀ। ਹਰਪ੍ਰੀਤ ਕੌਰ ਨੇ ਚਮਕੌਰ ਦੇ ਯੁੱਧ ਬਾਰੇ ਦੱਸਿਆ। ਵੱਡੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਤੇ ਸਿੰਘਾਂ ਦੀ ਸ਼ਹੀਦੀ ਤੇ ਸੰਸਕਾਰ, ਬੀਬੀ ਹਰਸ਼ਰਨ ਕੌਰ ਦੀ ਸ਼ਹੀਦੀ ਸੁਣ ਕੇ ਸੰਗਤਾਂ ਦੀਆਂ ਅੱਖਾਂ ਨਮ ਹੋ ਗਈਆਂ। ਪਰਵਿੰਦਰ ਕੌਰ ਨੇ ਸਾਕਾ ਸਰਹੰਦ ਬਾਰੇ ਜਾਣਕਾਰੀ ਦਿੰਦਿਆਂ ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰ ਕੌਰ ਜੀ ਦੀ ਸ਼ਹੀਦੀ ਬਾਰੇ ਦੱਸਿਆ, ਦੀਵਾਨ ਟੋਡਰਮੱਲ, ਭਾਈ ਮੋਤੀ ਰਾਮ ਮਹਿਰਾ, ਸ਼ੇਰ ਖਾਨ ਮੁਹੰਮਦ ਨੂੰ ਯਾਦ ਕੀਤਾ ਗਿਆ। ਪ੍ਰਿੰ. ਗੁਰਵਿੰਦਰ ਕੌਰ ਨੇ ਦੱਸਿਆ ਕਿ ਮਾਤਾ ਗੁਜਰੀ ਜੀ ਤੇ ਸਾਹਿਬਜ਼ਾਦਿਆਂ ਦਾ ਸੰਸਕਾਰ ਕਰਨ ਲਈ ਦੀਵਾਨ ਟੋਡਰਮੱਲ ਨੇ ਆਪਣਾ ਸਾਰਾ ਕੁੱਝ ਵੇਚ ਕੇ ਸੰਸਕਾਰ ਕਰਨ ਲਈ ਜ਼ਮੀਨ ਖਰੀਦੀ, ਗੁਰੂ ਜੀ ਦਾ ਚਮਕੌਰ ਦੀ ਗੜ੍ਹੀ ਛੱਡਣਾ, ਭਾਈ ਸੰਗਤ ਸਿੰਘ ਜੀ ਦੀ ਸ਼ਹੀਦੀ, ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੀਆਂ ਲਾਸਾਨੀ ਕੁਰਬਾਨੀਆਂ ਦੀ ਜਾਣਕਾਰੀ ਦਿੱਤੀ। ਸਕੂਲੀ ਬੱਚਿਆਂ ਨੇ ਕਵਿਤਾਵਾਂ ਤੇ ਕਵੀਸ਼ਰੀ ਰਾਹੀਂ ਸ਼ਹਾਦਤ ਦੇ ਅਨੋਖੇ ਸਫਰ ਦੀ ਦਾਸਤਾਨ ਸੁਣਾਈ। ਸਮਾਗਮਾਂ ਦੇ ਆਖਰੀ ਦਿਨ ਅਨੰਦ ਸਾਹਿਬ ਦੀਆਂ ਛੇ ਪਉੜੀਆਂ ਦੇ ਜਾਪ ਕੀਤੇ ਗਏ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕਰਕੇ ਕੜਾਹ ਪ੍ਰਸ਼ਾਦ ਦੀ ਦੇਗ ਵਰਤਾਈ ਗਈ।



ਨਵਾਂ ਜ਼ਮਾਨਾ
ਸੋਮਵਾਰ, 30 ਦਸੰਬਰ 2024

# ਡੱਲੇਵਾਲ ਦੀ ਜਾਨ ਨਾਲ ਨਾ ਖੇਡੋ

*ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦਾ ਮਰਨ ਵਰਤ ਪੰਜਵੇਂ ਹਫ਼ਤੇ ਵਿੱਚ ਪਹੁੰਚ ਚੁੱਕਾ ਹੈ। ਡਾਕਟਰਾਂ ਮੁਤਾਬਕ ਉਸ ਦੀ ਸਿਹਤ ਲਗਾਤਾਰ ਵਿਗੜ ਰਹੀ ਹੈ। ਜਾਪਦਾ ਹੈ ਕਿ ਪੂਰਾ ਸਿਸਟਮ ਡੱਲੇਵਾਲ ਦੀ ਜ਼ਿੰਦਗੀ ਨਾਲ ਖਿਲਵਾੜ ਕਰ ਰਿਹਾ ਹੈ। ਡੱਲੇਵਾਲ ਬਾਰੇ ਸੁਪਰੀਮ ਕੋਰਟ ਦਾ ਤਾਜ਼ਾ ਹੁਕਮ ਹੈਰਾਨ ਕਰਨ ਵਾਲਾ ਹੈ। ਕਿਸਾਨਾਂ ਦੀ ਮੁੱਖ ਮੰਗ ਕਿਸਾਨੀ ਜਿਨਸਾਂ 'ਤੇ ਐੱਮ ਐੱਸ ਪੀ ਦੀ ਕਾਨੂੰਨੀ ਗਰੰਟੀ ਦੇਣ ਦੀ ਹੈ। ਇਹ ਉਹੋ ਮੰਗ ਹੈ, ਜਿਸ ਬਾਰੇ ਦਿੱਲੀ ਮੋਰਚੇ ਨੂੰ ਸਮਾਪਤ ਕਰਾਉਣ ਸਮੇਂ ਕੇਂਦਰ ਸਰਕਾਰ ਨੇ ਹਾਮੀ ਭਰੀ ਸੀ। ਸਪੱਸ਼ਟ ਹੈ ਕਿ ਕਿਸਾਨਾਂ ਦੀ ਲੜਾਈ ਨਾ ਪੰਜਾਬ ਸਰਕਾਰ ਨਾਲ ਹੈ ਤੇ ਨਾ ਹਰਿਆਣਾ ਸਰਕਾਰ ਨਾਲ। ਐੱਮ ਐੱਸ ਪੀ ਦੀ ਮੰਗ ਸਿਰਫ਼ ਕੇਂਦਰ ਸਰਕਾਰ ਹੀ ਪੂਰੀ ਕਰ ਸਕਦੀ ਹੈ।*

*ਸ਼ੰਭੂ ਬਾਰਡਰ 'ਤੇ ਡੇਰਾ ਲਾਈ ਬੈਠੇ ਕਿਸਾਨ ਮੰਗ ਕਰ ਰਹੇ ਸਨ ਕਿ ਉਨ੍ਹਾਂ ਨੂੰ ਦਿੱਲੀ ਪਹੁੰਚ ਕੇ ਆਪਣਾ ਪੱਖ ਕੇਂਦਰ ਸਰਕਾਰ ਸਾਹਮਣੇ ਰੱਖਣ ਲਈ ਇਜਾਜ਼ਤ ਦਿੱਤੀ ਜਾਵੇ। ਹਰਿਆਣਾ ਸਰਕਾਰ ਉਨ੍ਹਾਂ ਨੂੰ ਦਿੱਲੀ ਜਾਣ ਤੋਂ ਰੋਕਦੀ ਰਹੀ ਹੈ। ਕਿਸਾਨਾਂ ਨੇ ਇਹ ਵੀ ਕਿਹਾ ਕਿ ਉਨ੍ਹਾਂ ਦੇ 101 ਕਿਸਾਨਾਂ ਦੇ ਜਥੇ ਨੂੰ ਪੈਦਲ ਜਾਣ ਦੀ ਹੀ ਇਜਾਜ਼ਤ ਦਿੱਤੀ ਜਾਵੇ, ਪਰ ਹਰਿਆਣਾ ਦੀ 'ਡਬਲ ਇੰਜਣ' ਸਰਕਾਰ ਨੇ ਇਹ ਢੁੱਚਰ ਡਾਹ ਦਿੱਤੀ ਕਿ ਕਿਸਾਨਾਂ ਪਾਸ ਦਿੱਲੀ ਪੁਲਸ ਦੀ ਇਜਾਜ਼ਤ ਹੋਣੀ ਚਾਹੀਦੀ ਹੈ। ਭਲਾ ਹਰਿਆਣੇ ਵਿੱਚੋਂ ਲੰਘਣ ਲਈ ਦਿੱਲੀ ਪੁਲਸ ਦੀ ਇਜਾਜ਼ਤ ਦੀ ਕੀ ਲੋੜ ਹੈ, ਉਹ ਤਾਂ ਉਦੋਂ ਦੇਖੀ ਜਾਵੇਗੀ, ਜਦੋਂ ਕਿਸਾਨ ਜਥਾ ਦਿੱਲੀ ਦੀ ਹੱਦ ਉੱਤੇ ਪੁੱਜੇਗਾ। ਅਸਲ ਵਿੱਚ ਕੇਂਦਰ ਸਰਕਾਰ ਦਾ ਜਨਤਕ ਮੰਗਾਂ ਪ੍ਰਤੀ ਰਵੱਈਆ ਸਦਾ ਤਾਨਾਸ਼ਾਹੀ ਵਾਲਾ ਰਿਹਾ ਹੈ। ਇਹ ਮਨੀਪੁਰ ਦੀ ਸਥਿਤੀ ਪ੍ਰਤੀ ਉਸ ਦੀ ਪਹੁੰਚ ਤੇ ਲੱਦਾਖ ਤੋਂ 800 ਕਿਲੋਮੀਟਰ ਪੈਦਲ ਚੱਲ ਕੇ ਦਿੱਲੀ ਦੀ ਹੱਦ 'ਤੇ ਪੁੱਜੇ ਪੈਦਲ ਜਥੇ ਨਾਲ ਕੀਤੇ ਗਏ ਵਿਹਾਰ ਤੋਂ ਦੇਖਿਆ ਜਾ ਸਕਦਾ ਹੈ। ਤਾਨਾਸ਼ਾਹ ਹਾਕਮਾਂ ਨੂੰ ਚੋਣ ਜਿੱਤਣ ਦੀ ਪਤਾ ਨਹੀਂ ਕਿਹੜੀ ਗਿੱਦੜਸਿੰਗੀ ਲੱਭ ਗਈ ਹੈ ਕਿ ਉਨ੍ਹਾਂ ਲੋਕਤੰਤਰ ਦੀ ਬੁਨਿਆਦ ਜਨਤਾ ਨੂੰ ਟਿੱਚ ਸਮਝਣਾ ਸ਼ੁਰੂ ਕਰ ਦਿੱਤਾ ਹੈ।*

*ਹੈਰਾਨੀ ਤਾਂ ਇਹ ਹੈ ਕਿ ਡੱਲੇਵਾਲ ਦੇ ਮਰਨ ਵਰਤ ਸੰਬੰਧੀ ਸੁਪਰੀਮ ਕੋਰਟ ਦਾ ਤਾਜ਼ਾ ਫੈਸਲਾ ਵੀ ਕੇਂਦਰ ਤੇ ਉਸ ਦੀ 'ਡਬਲ ਇੰਜਣ' ਕਹੀ ਜਾਂਦੀ ਹਰਿਆਣਾ ਸਰਕਾਰ ਨੂੰ ਕਲੀਨ ਚਿੱਟ ਦੇਣ ਵਾਲਾ ਹੈ। ਇਹ ਹਰ ਕੋਈ ਜਾਣਦਾ ਹੈ ਕਿ ਕਿਸਾਨਾਂ ਦੀ ਲੜਾਈ ਕੇਂਦਰ ਨਾਲ ਹੈ। ਮਸਲੇ ਦਾ ਹੱਲ ਸਿਰਫ਼ ਕੇਂਦਰ ਸਰਕਾਰ ਕਰ ਸਕਦੀ ਹੈ। ਪਿਛਲੇ ਦਿਨੀ ਡੱਲੇਵਾਲ ਨੇ ਪ੍ਰਧਾਨ ਮੰਤਰੀ ਦੇ ਨਾਂਅ ਲਿਖੀ ਆਪਣੀ ਚਿੱਠੀ ਵਿੱਚ ਲਿਖਿਆ ਸੀ ਕਿ ਜੇਕਰ ਕੇਂਦਰ ਸਰਕਾਰ ਕਿਸਾਨਾਂ ਨਾਲ ਗੱਲਬਾਤ ਸ਼ੁਰੂ ਕਰ ਦੇਵੇ ਤਾਂ ਉਹ ਆਪਣਾ ਮਰਨ ਵਰਤ ਅੱਗੇ ਪਾ ਦੇਣਗੇ। ਪਾਰਲੀਮੈਂਟ ਦੀ ਸਟੈਂਡਿੰਗ ਕਮੇਟੀ ਵੀ ਸਰਕਾਰ ਨੂੰ ਐੱਮ ਐੱਸ ਪੀ ਸੰਬੰਧੀ ਸਿਫਾਰਸ਼ ਕਰ ਚੁੱਕੀ ਹੈ। ਸੁਪਰੀਮ ਕੋਰਟ ਵੱਲੋਂ ਬਣਾਈ ਕਮੇਟੀ ਵੀ ਕਹਿ ਚੁੱਕੀ ਹੈ ਕਿ ਜਿਨਸਾਂ ਦੇ ਭਾਅ ਲਾਗਤ ਕੀਮਤ ਤੋਂ ਘੱਟ ਹੋਣ ਕਾਰਨ ਪੰਜਾਬ ਤੇ ਹਰਿਆਣਾ ਦੇ ਕਿਸਾਨਾਂ ਸਿਰ ਕਰਜ਼ਾ ਚੜ੍ਹ ਚੁੱਕਾ ਹੈ। ਇਸ ਹਾਲਤ ਵਿੱਚ ਸੁਪਰੀਮ ਕੋਰਟ ਨੂੰ ਚਾਹੀਦਾ ਸੀ ਕਿ ਉਹ ਸਰਕਾਰ ਨੂੰ ਕਿਸਾਨਾਂ ਨਾਲ ਗੱਲਬਾਤ ਸ਼ੁਰੂ ਕਰਨ ਲਈ ਕਹਿੰਦੀ, ਪਰ ਉਸ ਨੇ ਪੰਜਾਬ ਪ੍ਰਸ਼ਾਸਨ ਨੂੰ ਹੀ ਕਟਹਿਰੇ ਵਿੱਚ ਖੜ੍ਹਾ ਕਰ ਦਿੱਤਾ ਹੈ।*

*ਸੁਪਰੀਮ ਕੋਰਟ ਲੋਕਤੰਤਰੀ ਅਧਿਕਾਰਾਂ ਦੀ ਪਹਿਰੂ ਹੁੰਦੀ ਹੈ। ਭਾਵੇਂ ਅਸੀਂ ਮਰਨ ਵਰਤ ਦੇ ਹੱਕ ਵਿੱਚ ਨਹੀਂ, ਪਰ ਆਪਣੀਆਂ ਮੰਗਾਂ ਲਈ ਭੁੱਖ ਹੜਤਾਲ ਕਰਨਾ ਡੱਲੇਵਾਲ ਦਾ ਲੋਕਤੰਤਰੀ ਅਧਿਕਾਰ ਹੈ। ਸੁਪਰੀਮ ਕੋਰਟ ਨੇ ਜਿਵੇਂ ਡੀ ਜੀ ਪੀ ਨੂੰ ਹਰ ਹਾਲਤ 'ਚ ਡੱਲੇਵਾਲ ਨੂੰ ਹਸਪਤਾਲ ਵਿੱਚ ਦਾਖ਼ਲ ਕਰਾਉਣ ਦਾ ਸਖ਼ਤ ਹੁਕਮ ਚਾੜ੍ਹਿਆ ਹੈ ਤੇ ਡੱਲੇਵਾਲ ਦੀ ਰਾਖੀ ਲਈ ਤਾਇਨਾਤ ਵਲੰਟੀਅਰਾਂ ਨੂੰ ਉਸ ਦੀ ਆਤਮ-ਹੱਤਿਆ ਦੇ ਦੋਸ਼ੀ ਤੱਕ ਕਹਿ ਦਿੱਤਾ ਹੈ, ਟਕਰਾਅ ਦੀ ਸਥਿਤੀ ਪੈਦਾ ਕਰ ਸਕਦਾ ਹੈ। ਸੁਪਰੀਮ ਕੋਰਟ ਦਾ ਹੁਕਮ ਕੇਂਦਰ ਤੇ ਹਰਿਆਣਾ ਸਰਕਾਰ, ਜੋ ਹਾਲਤ ਵਿਗਾੜਨ ਲਈ ਜ਼ਿੰਮੇਵਾਰ ਹਨ, ਨੂੰ ਬਚਾਉਣ ਤੇ ਸਾਰਾ ਦੋਸ਼ ਪੰਜਾਬ ਸਰਕਾਰ ਸਿਰ ਮੜ੍ਹਨ ਵਾਲਾ ਹੈ।*

*ਯਾਦ ਰਹੇ ਡੱਲੇਵਾਲ ਨੇ ਮਰਨ ਵਰਤ ਰੱਖਣ ਤੋਂ ਪਹਿਲਾਂ ਆਪਣੀ ਸਾਰੀ ਜਾਇਦਾਦ ਆਪਣੇ ਵਾਰਸਾਂ ਵਿੱਚ ਵੰਡ ਦਿੱਤੀ ਸੀ ਤੇ ਕਹਿ ਦਿੱਤਾ ਸੀ ਕਿ ਉਹ ਕਿਸਾਨਾਂ ਲਈ ਐੱਮ ਐੱਸ ਪੀ ਹਾਸਲ ਕੀਤੇ ਬਿਨਾਂ ਵਾਪਸ ਨਹੀਂ ਆਉਣਗੇ। ਅਸੀਂ ਸਮਝਦੇ ਹਾਂ ਕਿ ਕੇਂਦਰ ਸਰਕਾਰ ਨੂੰ ਸਮੇਂ ਦੀ ਨਜ਼ਾਕਤ ਸਮਝਦਿਆਂ ਗੱਲਬਾਤ ਦਾ ਰਾਹ ਖੋਲ੍ਹਣਾ ਚਾਹੀਦਾ ਹੈ। ਕਿਸਾਨ ਮਸਲੇ ਦਾ ਹੱਲ ਗੱਲਬਾਤ ਨਾਲ ਕਰਨ ਦੀ ਪਹੁੰਚ ਅਪਣਾ ਕੇ ਡੱਲੇਵਾਲ ਦੀ ਜ਼ਿੰਦਗੀ ਨੂੰ ਬਚਾਉਣਾ ਚਾਹੀਦਾ ਹੈ।*

**-ਚੰਦ ਫਤਿਹਪੁਰੀ**

## ਬੁੱਕਲ 'ਚ ਗੁੜ ?

*ਤਖ਼ਤ ਸਾਹਿਬ ਦਾ ਹੁਕਮ ਅਣਡਿੱਠ ਕੀਤਾ,*
*ਨਿੱਤ 'ਚੁਸਤ-ਚਲਾਕੀਆਂ' ਕਰੀ ਜਾਂਦੇ।*
*ਚਿੰਤਾ ਕਰਦੇ ਨੇ ਸੱਜਣ ਕਈ ਪਾਰਟੀ ਦੀ,*
*ਚਮਚੇ 'ਟੱਬਰ' ਦੇ ਹਿੱਤ ਲਈ ਮਰੀ ਜਾਂਦੇ।*
*ਅੰਦਰਖਾਤੇ ਸਰਗਰਮ ਕਰ 'ਜੁੰਡਲੀ' ਨੂੰ,*
*'ਕਾਲੇ ਕਾਰੇ' ਇਤਿਹਾਸ ਵਿੱਚ ਭਰੀ ਜਾਂਦੇ।*
*ਹਿਰਖ ਲੋਕਾਂ ਦਾ ਦਿਨੋਂ-ਦਿਨ ਵਧੀ ਜਾਵੇ,*
*ਸੁਣ ਕੇ ਲਾਹਨਤਾਂ 'ਢੀਠ ਬਣ' ਜਰੀ ਜਾਂਦੇ।*
*ਜਿਸ ਦਿਨ ਲਹੇਗੀ 'ਬਾਦਲੀ-ਵੇਲ' ਉੱਤੋਂ,*
*'ਦਲ' ਦੇ ਵਾਸਤੇ ਉਹ ਵੀ ਦਿਨ ਧੰਨ ਹੋਣਾ।*
*'ਸੋਸ਼ਲ ਮੀਡੀਏ' ਵਾਲੇ ਇਸ ਦੌਰ ਅੰਦਰ,*
*'ਗੁੜ ਬੁੱਕਲ' ਵਿੱਚ ਹੁਣ ਨਹੀਂ ਭੰਨ ਹੋਣਾ।*

**-ਤਰਲੋਚਨ ਸਿੰਘ ਦੁਪਾਲਪੁਰ, 001-408-915-1268**

# ਸਰਕਾਰ ਰੱਦ ਕੀਤੇ ਖੇਤੀ ਕਾਨੂੰਨਾਂ ਨੂੰ ਫਿਰ ਲਿਆਉਣ ਦੀ ਤਾਕ 'ਚ

**ਮੂਲ : ਆਰ ਐੱਸ ਯਾਦਵ**
**ਅਨੁਵਾਦ - ਪਿਰਥੀਪਾਲ ਸਿੰਘ ਮਾੜੀਮੇਘਾ**

ਸੰਯੁਕਤ ਕਿਸਾਨ ਮੋਰਚੇ ਵੱਲੋਂ 13 ਮਹੀਨੇ ਤੋਂ ਜ਼ਿਆਦਾ ਦਿੱਲੀ ਬਾਰਡਰ ਤੇ ਚੱਲੇ ਇਤਿਹਾਸਕ ਸੰਘਰਸ਼ ਅੱਗੇ ਝੁਕਦਿਆਂ ਮੋਦੀ ਸਰਕਾਰ ਨੂੰ ਖੇਤੀਬਾੜੀ ਵਿਰੋਧੀ ਤਿੰਨ ਘਾਤਕ ਕਾਨੂੰਨ ਵਾਪਸ ਲੈਣੇ ਪਏ ਸਨ। ਇਹ ਬਿੱਲ ਕਿਸਾਨਾਂ ਦੇ ਹਿੱਤਾਂ ਦੇ ਖਿਲਾਫ ਤੇ ਕਾਰਪੋਰੇਟ ਭਾਵ ਲੁਟੇਰੇ ਅਰਬਪਤੀਆਂ ਦੇ ਹੱਕ ਵਿੱਚ ਸਨ। ਕਿਸਾਨਾਂ ਦੇ ਸੰਘਰਸ ਦੇ ਦਬਾਅ ਹੇਠ ਆ ਕੇ ਸਰਕਾਰ ਨੇ ਉਨ੍ਹਾਂ ਕਾਨੂੰਨਾਂ ਨੂੰ ਵਾਪਸ ਤੇ ਜ਼ਰੂਰ ਲੈ ਲਿਆ, ਪਰ ਸਰਕਾਰ ਨੇ ਇਸ ਤਰ੍ਹਾਂ ਦੇ ਕਿਸਾਨ ਵਿਰੋਧੀ ਕਾਨੂੰਨਾਂ ਨੂੰ ਲਿਆਉਣ ਦੇ ਆਪਣੇ ਮਨਸੂਬੇ ਨੂੰ ਨਹੀਂ ਛੱਡਿਆ। ਖੇਤੀ ਕਾਨੂੰਨਾਂ ਨੂੰ ਵਾਪਸ ਲੈਣ ਤੋਂ ਬਾਅਦ ਵੀ ਸਰਕਾਰ ਵੱਲੋਂ ਦਾਅਵੇ ਕੀਤੇ ਜਾਂਦੇ ਰਹੇ ਕਿ ਇਹ ਖੇਤੀ ਕਾਨੂੰਨ ਕਿਸਾਨਾਂ ਦੇ ਹਿੱਤ ਵਿੱਚ ਹਨ।

ਕੇਂਦਰ ਦੀ ਮੋਦੀ ਸਰਕਾਰ ਨੇ ਹਾਲ ਵਿੱਚ ਇੱਕ ਕੌਮੀ ਖੇਤੀ ਨੀਤੀ ਦਾ ਇੱਕ ਖਰੜਾ ਜਾਰੀ ਕੀਤਾ ਹੈ, ਜਿਸ ਵਿੱਚ ਕਈ ਅਜਿਹੇ ਸੁਧਾਰਾਂ ਦੀ ਸਿਫਾਰਸ਼ ਕੀਤੀ ਗਈ ਹੈ, ਜਿਨ੍ਹਾਂ ਵਿੱਚ ਜ਼ਿਆਦਾ ਉਨ੍ਹਾਂ ਤਿੰਨ ਵਿਵਾਦ ਵਾਲੇ ਖੇਤੀ ਕਾਨੂੰਨਾਂ ਦਾ ਹਿੱਸਾ ਹੈ, ਜਿਨ੍ਹਾਂ ਨੂੰ ਸਰਕਾਰ 2021 ਵਿੱਚ ਵਾਪਸ ਲੈਣ ਲਈ ਮਜਬੂਰ ਹੋਈ ਸੀ। ਜੂਨ 2024 ਵਿੱਚ ਤੀਸਰੀ ਵਾਰ ਰਾਜ-ਸੱਤਾ ਵਿੱਚ ਆਉਂਦਿਆਂ ਹੀ ਮੋਦੀ ਸਰਕਾਰ ਨੇ ਖੇਤੀ ਵਪਾਰ (ਐਗਰੀਕਲਚਰ ਮਾਰਕੀਟਿੰਗ) 'ਤੇ ਕੌਮੀ ਨੀਤੀ ਦੀ ਰੂਪਰੇਖਾ ਦਾ ਖਰੜਾ ਤਿਆਰ ਕਰਨ ਲਈ ਮੁੱਖ ਅਧਿਕਾਰੀ ਫੈਜ਼ ਅਹਿਮਦ ਕਿਦਵਈ ਦੀ ਪ੍ਰਧਾਨਗੀ ਹੇਠ ਇੱਕ ਕਮੇਟੀ ਬਣਾਈ ਹੈ। ਹਾਲ ਹੀ ਵਿੱਚ ਖਰੜੇ ਨੂੰ ਅੰਤਮ ਰੂਪ ਦੇਣ ਵਾਲੀ ਕਮੇਟੀ ਨੇ 'ਵਸਤੂ ਤੇ ਸੇਵਾ ਕਰ ਨੂੰ ਲਾਗੂ ਕਰਨ ਲਈ ਬਣਾਈ ਕਮੇਟੀ ਦੀ ਤਰਜ਼ 'ਤੇ' ਇੱਕ ਅਧਿਕਾਰ ਪ੍ਰਾਪਤ ਕੇਂਦਰ -ਰਾਜ ਕਮੇਟੀ ਬਣਾਉਣ ਦੀ ਸਿਫਾਰਸ ਕੀਤੀ ਹੈ।

ਖਰੜੇ ਵਿੱਚ ਪੇਸ਼ ਕੀਤਾ ਗਿਆ ਹੈ ਕਿ ਸਰਕਾਰ ਲੈਣ-ਦੇਣ ਖੇਤੀ ਉਪਜ ਬਾਜ਼ਾਰ ਕਮੇਟੀਆਂ (ਏ ਪੀ ਐੱਮ ਸੀ) ਦੇ ਘੇਰੇ ਤੋਂ ਬਾਹਰ ਥੋਕ ਬਾਜ਼ਾਰ ਸਥਾਪਤ ਕਰਨ, ਖੇਤੀ ਬਾਜ਼ਾਰਾਂ ਵਿੱਚ ਚੰਗੀ ਕਾਰਜਕੁਸ਼ਲਤਾ ਨਾਲ ਦੂਜੇ ਨੂੰ ਜਿੱਤਣਾ, ਏ ਪੀ ਐੱਮ ਸੀ ਨੂੰ ਦਰਕਿਨਾਰ ਕਰਕੇ ਕਿਸਾਨਾਂ ਤੋਂ ਸਿੱਧੀ ਫਸਲ ਖਰੀਦ ਕਰਨੀ ਅਤੇ ਕਾਨੂੰਨ ਲਾਗੂ ਕਰਨ ਲਈ ਖੇਤੀ ਦੇ ਸੰਬੰਧ ਵਿੱਚ ਨੀਤੀ ਬਣਾਉਣ ਵਰਗੀਆਂ ਗੱਲਾਂ ਸ਼ਾਮਲ ਹਨ। ਇਹ ਸਾਰੀਆਂ ਸਕੀਮਾਂ ਉਨ੍ਹਾਂ ਤਿੰਨ ਕਿਸਾਨ ਵਿਰੋਧੀ ਜਾਂ ਕਾਰਪੋਰੇਟ ਪੱਖੀ ਕਾਨੂੰਨਾਂ ਦਾ ਹਿੱਸਾ ਸਨ, ਜਿਨ੍ਹਾਂ ਕਰਕੇ ਸਰਕਾਰ ਨੂੰ 2021 ਵਿੱਚ ਕਿਸਾਨਾਂ ਦੇ ਸੰਘਰਸ਼ ਅੱਗੇ ਮਜਬੂਰੀਵੱਸ ਵਾਪਸ ਲੈਣਾ ਪਿਆ ਸੀ।

ਖਰੜੇ ਵਿੱਚ ਕਿਹਾ ਗਿਆ ਹੈ ਕਿ ਸਰਕਾਰ ਦਾ ਇਰਾਦਾ ਦੇਸ਼ ਵਿੱਚ ਇੱਕ ਅਜਿਹਾ ਜੀਵਤ ਵਪਾਰ ਦਾ ਅਧਿਐਨ ਕਰਨ ਵਾਲੇ ਤੰਤਰ ਦਾ ਨਿਰਮਾਣ ਕਰਨ ਦਾ ਹੈ, ਜਿਸ ਵਿੱਚ ਕਿਸਾਨ ਆਪਣੀ ਪਸੰਦ ਦਾ ਬਾਜ਼ਾਰ ਲੱਭ ਸਕੇ ਅਤੇ ਆਪਣੀ ਫਸਲ ਦਾ ਵਧੇਰੇ ਮੁੱਲ ਪ੍ਰਾਪਤ ਕਰ ਸਕੇ। ਸਰਕਾਰ ਦਾ ਇਰਾਦਾ ਇਸ ਸਮੇਂ ਘੱਟੋ-ਘੱਟ ਸਮਰਥਨ ਮੁੱਲ 'ਤੇ ਜੋ ਫਸਲਾਂ ਖਰੀਦੀਆਂ ਜਾਂਦੀਆਂ ਹਨ, ਉਸ ਦਾ ਉਕਤ ਬਦਲ ਹੈ। ਇਹ ਕਹਿਣਾ ਉਚਿਤ ਹੋਵੇਗਾ ਕਿ ਚਲਾਕੀ ਭਰੀ ਸ਼ਬਦਾਵਲੀ ਦੀ ਆੜ ਹੇਠ ਸਰਕਾਰ ਘੱਟੋ-ਘੱਟ ਸਮਰਥਨ ਮੁੱਲ ਤੇ ਖਰੀਦ ਪ੍ਰਣਾਲੀ ਨੂੰ ਖਤਮ ਕਰਨ ਦੀ ਦਿਸ਼ਾ ਵਿੱਚ ਤਿਕੜਮ ਕਰ ਰਹੀ ਹੈ।

ਨਿੱਜੀ ਬਾਜ਼ਾਰਾਂ ਦਾ ਸੁਝਾਅ ਦਿੰਦਿਆਂ ਹੋਇਆਂ ਖਰੜੇ ਵਿੱਚ ਕਿਹਾ ਗਿਆ ਹੈ ਕਿ ਕਿਸਾਨਾਂ ਨੂੰ ਵਪਾਰ ਦੇ ਕਿਸੇ ਵੀ ਚੈਨਲ (ਏ ਪੀ ਐੱਮ ਸੀ) ਮੰਡੀ, ਨਿੱਜੀ ਬਾਜ਼ਾਰ, ਸਾਫ ਨਜ਼ਰ ਆਉਣ ਵਾਲਾ ਵਪਾਰ , ਈ- ਟਰੇਡਿੰਗ ਪਲੇਟਫਾਰਮਾਂ ਜ਼ਰੀਏ ਆਨਲਾਈਨ, ਇਲੈਕਟ੍ਰਾਨਿਕ ਕਮੋਡਿਟੀ ਦੇ ਰਾਹੀਂ ਟਰਾਂਸਪੋਰਟ ਤੱਕ ਪਹੁੰਚ ਹੋਣੀ ਚਾਹੀਦਾ ਹੈ। ਯਾਦ ਦਿਵਾਉਣਾ ਉਚਿਤ ਹੋਵੇਗਾ ਕਿ ਵਾਪਸ ਲਏ ਗਏ ਖੇਤੀ ਕਾਨੂੰਨਾਂ ਵਿੱਚ ਇਹ ਇੱਕ ਪ੍ਰਮੁੱਖ ਕੰਮ ਜਾਂ ਕਾਰਪੋਰੇਟ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨਾ ਸੀ।

ਖਰੜੇ ਵਿੱਚ ਕਿਹਾ ਗਿਆ ਹੈ ਕਿ 'ਨਿੱਜੀ ਬਾਜ਼ਾਰਾਂ ਨੂੰ ਆਪਸ ਵਿੱਚ ਅਤੇ ਏ ਪੀ ਐੱਮ ਸੀ ਬਜ਼ਾਰਾਂ ਨਾਲ ਵਪਾਰ ਦੇ ਸਾਰੇ ਚੈਨਲਾਂ ਦੇ ਨਾਲ ਕਾਰਜਕੁਸ਼ਲਤਾ ਨਾਲ ਵਪਾਰ ਵਿੱਚ ਜਿੱਤ ਪ੍ਰਾਪਤ ਕਰਨੀ ਹੋਵੇਗੀ। ਖਰੜੇ ਵਿੱਚ ਖਾਧ ਖੁਰਾਕ ਵਾਲੇ ਪਦਾਰਥ ਨੂੰ ਮੂਲ ਰੂਪ ਵਿੱਚ ਨਾ ਵਰਤ ਸਕਣ ਕਰਕੇ ਉਸ ਨੂੰ ਸੋਧ ਕੇ ਮੁੜ ਕੰਮ ਲੈਣ ਅਤੇ ਦੂਜੇ ਦੇਸ਼ਾਂ ਤੋਂ ਮਾਲ ਲੈਣ ਤੇ ਦੇਣ ਵਾਲੇ ਦੁਆਰਾ ਸਪੱਸ਼ਟ ਦਿੱਸਣ ਵਾਲੀ ਥੋਕ ਖਰੀਦ ਦੀ ਵੀ ਸਿਫਾਰਸ਼ ਕੀਤੀ ਗਈ ਹੈ।

ਠੇਕਾ ਖੇਤੀ ਦੀ ਸਿਫਾਰਸ਼ ਕਰਦੇ ਹੋਏ ਖਰੜੇ ਵਿੱਚ ਕਿਹਾ ਗਿਆ ਹੈ ਕਿ ਇਸ ਤਰ੍ਹਾਂ ਦੇ ਖੇਤੀ ਕਾਨੂੰਨ ਲਾਗੂ ਹੋਣ ਵਾਲਾ ਸਮਝੌਤਾ ਪੂਰਨ ਸਹਿਮਤੀ ਮੁੱਲ ਤੇ ਲਾਗਤ ਨਤੀਜਾ ਕੱਢੋ ਉਤਪਾਦਨ ਅਤੇ ਯਕੀਨੀ ਬਣਾਉਣ ਵਾਲਾ ਬਾਜ਼ਾਰ ਹੀ ਮੂਰਤ ਰੂਪ ਦੇਣ ਵਿੱਚ ਸਹਾਇਕ ਹੋ ਸਕਦੇ ਹਨ।

ਖਰੜੇ ਵਿੱਚ ਐੱਮ ਐੱਸ ਪੀ ਦੀ ਗੱਲ ਨਹੀਂ ਕੀਤੀ ਗਈ। ਖਰੜੇ ਨੂੰ ਵੇਖ ਕੇ ਇਹ ਸਮਝਦਿਆਂ ਦੇਰ ਨਹੀਂ ਲਗਦੀ ਕਿ ਮੋਦੀ ਸਰਕਾਰ ਵਾਪਸ ਲਏ ਗਏ ਤਿੰਨਾਂ ਘਾਤਕ ਖੇਤੀ ਕਾਨੂੰਨਾਂ ਨੂੰ ਢੱਕ ਕੇ ਇੱਕ ਨਵੇਂ ਰੂਪ ਵਿੱਚ ਫਿਰ ਤੋਂ ਲਿਆਉਣ ਦੀ ਤਿਕੜਮ ਕਰ ਰਹੀ ਹੈ।

**ਅਮੀਰ ਅਤੇ ਗਰੀਬ ਦੇ ਵਿਚਕਾਰ ਵਧਦਾ ਫਾਸਲਾ**

ਕੇਂਦਰ ਸਰਕਾਰ, ਜੋ ਹਿੰਦੁਸਤਾਨ ਵਿੱਚ ਖੇਤੀਬਾੜੀ ਦਾ ਮੁੱਖ ਉਦਯੋਗ ਹੈ, ਉਸ ਨੂੰ ਕਾਰਪੋਰੇਟਾਂ ਦੇ ਹਵਾਲੇ ਕਰਕੇ ਦੇਸ਼ ਵਿੱਚ ਗਰੀਬਾਂ ਨੂੰ ਹੋਰ ਗਰੀਬ ਕਰਨ ਅਤੇ ਅਮੀਰਾਂ ਚੋਂ ਸੁਪਰ ਅਮੀਰ ਕਰਨ ਦੇ ਰਾਹ ਤੁਰੀ ਹੈ ਜਦੋਂ ਕਿ ਪਹਿਲਾਂ ਹੀ ਦੁਨੀਆਂ ਭਰ ਦੇ ਦੇਸਾਂ ਵਿੱਚ ਆਰਥਿਕ ਪੱਧਰ ਦਾ ਅਧਿਐਨ ਕਰਨ ਵਾਲੇ ਪ੍ਰਸਿੱਧ ਅਰਥ ਸ਼ਾਸਤਰੀ 'ਥਾਮਸ ਪਿਕੇਟੀ' ਦੇ ਅਨੁਸਾਰ ਭਾਰਤ ਦੁਨੀਆ ਦੇ ਉਨ੍ਹਾਂ ਦੇਸ਼ਾਂ ਵਿੱਚ ਸ਼ਾਮਲ ਹੈ, ਜਿਥੇ ਅਮੀਰ ਤੇ ਗਰੀਬ ਵਿੱਚ ਫਾਸਲਾ ਸਭ ਨਾਲੋਂ ਤੇਜ਼ੀ ਨਾਲ ਵਧ ਰਿਹਾ ਹੈ। 'ਪਿਕੇਟੀ' ਅਨੁਸਾਰ ਅਮੀਰ ਅਤੇ ਗਰੀਬ ਵਿੱਚ ਵਧਦੇ ਇਸ ਫਾਸਲੇ ਨੂੰ ਘੱਟ ਕਰਨ ਦਾ ਇੱਕ ਕਾਰਗਰ ਤਰੀਕਾ ਇਹ ਹੈ ਕਿ ਜੋ ਲੋਕ ਬਹੁਤ ਜ਼ਿਆਦਾ ਅਮੀਰ ਹਨ, ਉਨ੍ਹਾਂ ਉੱਪਰ 'ਸੁਪਰ ਰਿੱਚ ਟੈਕਸ' (ਜ਼ਿਆਦਾ ਅਮੀਰੀ ਦਾ ਟੈਕਸ) ਲਾਇਆ ਜਾਵੇ। ਉਨ੍ਹਾਂ ਦੇ ਅਨੁਸਾਰ ਭਾਰਤ ਵਿੱਚ ਦੇਸ਼ ਦੇ ਸਿਰਫ 167 ਅਰਬਪਤੀਆਂ 'ਤੇ ਕੇਵਲ ਦੋ ਪ੍ਰਤੀਸਤ 'ਸੁਪਰ ਰਿੱਚ ਟੈਕਸ' ਲਗਾ ਦਿੱਤਾ ਜਾਵੇ ਤਾਂ ਉਸ ਨਾਲ ਏਨਾ ਪੈਸਾ ਮਿਲ ਜਾਵੇਗਾ, ਜੋ ਵਿਦਿਆ, ਸਿਹਤ ਸੇਵਾਵਾਂ ਵਰਗੀਆਂ ਅਹਿਮ ਸੇਵਾਵਾਂ 'ਤੇ ਪੂਰਾ ਖਰਚ ਕੀਤਾ ਜਾ ਸਕਦਾ ਹੈ।

'ਥਾਮਸ ਪਿਕੇਟੀ' ਅੱਜਕੱਲ ਭਾਰਤ ਆਏ ਹੋਏ ਹਨ। ਦਸੰਬਰ 13 ਨੂੰ ਉਨ੍ਹਾਂ ਭਾਰਤ ਸਰਕਾਰ ਨਾਲ ਖਾਸ ਤੌਰ 'ਤੇ ਦੇਸ਼ ਦੇ ਅਰਬਪਤੀਆਂ ਜਾਂ ਸਭ ਤੋਂ ਅਮੀਰ 100 ਲੋਕਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦੇ ਹੋਏ ਵਿਸਥਾਰ ਸਹਿਤ ਕਰ ਟੈਕਸ ਦਾ ਡੈਟਾ ਜਾਰੀ ਕਰਨ ਦਾ ਸੱਦਾ ਦਿੱਤਾ ਹੈ । ਉਨ੍ਹਾਂ ਕਿਹਾ ਕਿ 60 ਸਾਲ ਪਹਿਲਾਂ ਦੀ ਤੁਲਨਾ ਵਿੱਚ 'ਸੂਚਨਾ ਦੀ ਪਾਰਦਰਸ਼ਤਾ ਅਤੇ ਗੁਣਵੱਤਾ ਵਿੱਚ ਗਿਰਾਵਟ ਆਈ ਹੈ।' ਜਦੋਂ ਕਿ ਧਿਆਨ ਦੇਣ ਯੋਗ ਹੈ ਕਿ ਕੰਪਿਊਟਰ ਤੇ ਸੂਚਨਾ ਉਦਯੋਗ ਵਿੱਚ ਜ਼ਬਰਦਸਤ ਤਰੱਕੀ ਦੇ ਹੁੰਦਿਆਂ ਹੋਇਆਂ 60 ਸਾਲ ਪਹਿਲਾਂ ਦੀ ਤੁਲਨਾ ਵਿੱਚ ਅੱਜ ਸੂਚਨਾ ਨੂੰ ਪ੍ਰਾਪਤ ਕਰਨਾ ਅਤੇ ਸੂਚਨਾ ਦੀ ਗੁਣਵੱਤਾ ਨੂੰ ਬਿਹਤਰ ਬਣਾਉਣਾ ਜ਼ਿਆਦਾ ਆਸਾਨ ਹੈ। ਫਿਰ ਕੀ ਕਾਰਨ ਹਨ ਕਿ ਸੂਚਨਾ ਦੀ ਪਾਰਦਰਸ਼ਤਾ ਅਤੇ ਗੁਣਵੱਤਾ ਵਿੱਚ ਗਿਰਾਵਟ ਆਈ ਹੈ। ਇਸ ਦਾ ਸਿੱਧਾ ਜਿਹਾ ਉੱਤਰ ਹੈ ਕਿ ਸਰਕਾਰ ਇਸ ਦੇ ਸੰਬੰਧ ਵਿੱਚ ਸੂਚਨਾ ਨੂੰ ਲੁਕਾਉਂਦੀ ਹੈ।

ਜਦੋਂ 'ਪਿਕੇਟੀ' ਦੁਆਰਾ ਹਿੰਦੁਸਤਾਨ ਦੇ ਸਿਰਫ 167 ਅਰਬਪਤੀਆਂ 'ਤੇ ਸਿਰਫ ਦੋ ਪ੍ਰਤੀਸਤ 'ਸੁਪਰ ਰਿੱਚ ਟੈਕਸ' ਲਾਉਣ ਦੀ ਗੱਲ ਕਹੀ ਤੇ ਦੋ ਘੰਟਿਆਂ ਬਾਅਦ ਭਾਰਤ ਸਰਕਾਰ ਦੇ ਮੁੱਖ ਆਰਥਿਕ ਸਲਾਹਕਾਰ ਨੇ ਉਨ੍ਹਾ ਦੇ ਕਥਨ ਨੂੰ ਖਾਰਜ ਕਰਨ ਦੀ ਤਰਜ਼ 'ਤੇ ਕਿਹਾ ਕਿ ਅਜਿਹੇ ਕਿਸੇ ਵੀ ਟੈਕਸ ਨਾਲ ਪੂੰਜੀ ਦਾ ਇੱਕ ਜਗ੍ਹਾ ਤੋਂ ਦੂਜੀ ਜਗ੍ਹਾ ਪਲਾਇਨ ਹੋਵੇਗਾ ਅਤੇ ਪੈਦਾ ਕਰਨ ਲਈ ਧਨ ਲਾਉਣ ਵਾਲੇ ਲਈ ਮਾਹੌਲ ਖਰਾਬ ਹੋਵੇਗਾ।

**# ਸੰਪਰਕ : 98760-78731**

# ਚੁਣੌਤੀ ਬਣਿਆ ਸਿੰਗਲ ਯੂਜ਼ ਪਲਾਸਟਿਕ

**ਪ੍ਰਿੰ. ਹਰੀ ਕ੍ਰਿਸ਼ਨ ਮਾਇਰ**

ਪਲਾਸਟਿਕ ਸਾਡੀ ਜ਼ਿੰਦਗੀ ਨੂੰ ਇਸ ਕਦਰ ਲਪੇਟਾ ਮਾਰੀ ਬੈਠਾ ਹੈ ਕਿ ਇਸ ਤੋਂ ਬਗੈਰ ਸਾਡਾ ਗੁਜ਼ਾਰਾ ਹੋਣਾ ਕਠਿਨ ਹੋ ਗਿਆ ਹੈ।ਇੰਜ ਲੱਗਦਾ ਹੈ ਕਿ ਪਲਾਸਟਿਕ ਸਾਡੀ ਮਜਬੂਰੀ ਬਣ ਗਿਆ ਹੈ।ਦੂਜੇ ਪਾਸੇ ਪਲਾਸਟਿਕ ਪ੍ਰਦੂਸ਼ਨ ਸਾਡੇ ਪਾਣੀਆਂ, ਸਾਡੀ ਮਿੱਟੀ ਅਤੇ ਹਵਾ ਵਿੱਚ ਵਿਸ਼ੈਲੇ ਪਦਾਰਥ ਘੋਲ ਰਿਹਾ ਹੈ। ਅਸਲ ਵਿੱਚ ਪਲਾਸਟਿਕ ਸਾਡੇ ਲਈ ਇਕ ਗੰਭੀਰ ਚੁਣੌਤੀ ਬਣ ਗਿਆ ਹੈ। ਇਸ ਮੁੱਦੇ 'ਤੇ ਚਰਚਾ ਹੋਣੀ ਚਾਹੀਦੀ ਹੈ, ਤਾਂ ਕਿ ਲੋਕ ਇਸ ਦੇ ਮਾਰੂ ਪ੍ਰਭਾਵਾਂ ਪ੍ਰਤੀ ਸੁਚੇਤ ਹੋ ਜਾਣ ।ਵਾਰ-ਵਾਰ ਪਾਬੰਦੀਆਂ ਲਗਾਉਣ ਦੇ ਬਾਵਜੂਦ ਅਸੀਂ ਹੁਣ ਤੱਕ ਪਲਾਸਟਿਕ ਤੋਂ ਨਜਾਤ ਕਿਉਂ ਨਹੀਂ ਪਾ ਸਕੇ ?

ਅਸੀਂ ਹਰ ਵਰ੍ਹੇ ਲੱਖਾਂ ਟਨ ਪਲਾਸਟਿਕ ਕੂੜਾ ਪੈਦਾ ਕਰਦੇ ਹਾਂ, ਜਿਸ ਵਿੱਚ ਤਕਰੀਬਨ ਅੱਧਾ ਕੂੜਾ ਸਿੰਗਲ ਯੂਜ਼ ਪਲਾਸਟਿਕ (Single Use plastic) ਦਾ ਹੁੰਦਾ ਹੈ, ਜਿਸ ਦਾ ਆਮ ਤੌਰ 'ਤੇ ਪੁਨਰ ਨਵੀਨੀਕਰਨ (Recycling) ਨਹੀਂ ਹੋ ਸਕਦਾ ।ਸਿੰਗਲ ਯੂਜ਼ ਪਲਾਸਟਿਕ ਵਿੱਚ ਪਲਾਸਟਿਕ ਦੀਆਂ ਥੈਲੀਆਂ, ਪਾਲੀਥੀਨ ਦੇ ਲਿਫ਼ਾਫ਼ੇ, ਦੁੱਧ ਦੇ ਖਾਲ਼ੀ ਲਿਫ਼ਾਫ਼ੇ, ਪਾਊਚ, ਕਾਂਟੇ-ਛੁਰੀਆਂ, ਸਟਰਾਅ, ਇਸ਼ਤਿਹਾਰਾਂ ਦੇ ਕਾਗਜ਼ ,ਪਲਾਸਟਿਕ ਦੇ ਗਿਲਾਸ, ਕੱਪ-ਪਲੇਟਾਂ, ਚਮਚੇ, ਸੋਢੇ ਅਤੇ ਪਾਣੀ ਦੀਆਂ ਬੋਤਲਾਂ, ਥਰਮੋਕੋਲ , ਮਠਿਆਈਆਂ ਦੇ ਡੱਬੇ, ਰੈਪਰ, ਖਾਣ ਵਾਲ਼ੀਆਂ ਵਸਤਾਂ ਦੀ ਪੈਕਿੰਗ ਦਾ ਸਾਮਾਨ, ਪਲਾਸਟਿਕ ਦੀਆਂ ਰੱਸੀਆਂ, ਸਟਿੱਕਰ ਆਦਿ ਸ਼ਾਮਿਲ ਹਨ।

ਸਿੰਗਲ ਯੂਜ਼ ਪਲਾਸਟਿਕ ਉਹ ਪਲਾਸਟਿਕ ਵਸਤਾਂ ਹੁੰਦੀਆਂ ਹਨ, ਜਿਨ੍ਹਾਂ ਨੂੰ ਇਕ ਵਾਰ ਇਸਤੇਮਾਲ ਕਰ ਲੈਣ ਉਪਰੰਤ ਅਸੀਂ ਕਚਰੇ ਵਿੱਚ ਸੁੱਟ ਦਿੰਦੇ ਹਾਂ ।ਉਨ੍ਹਾਂ ਨੂੰ ਮੁੜ ਕੇ ਵਰਤੋਂ ਵਿੱਚ ਨਹੀਂ ਲਿਆਇਆ ਜਾਂਦਾ।ਪਲਾਸਟਿਕ ਦੀਆਂ ਥੈਲੀਆਂ ਅਤੇ ਲਿਫ਼ਾਫ਼ਿਆਂ ਦਾ ਜੈਵਿਕ ਵਿਘਟਨ ਨਹੀਂ ਹੁੰਦਾ ।ਇਹ ਜਾਂ ਤਾਂ ਜ਼ਮੀਨ ਵਿੱਚ ਦੱਬ ਜਾਂਦੇ ਹਨ ਜਾਂ ਪਾਣੀ ਨਾਲ ਵਹਿ ਕੇ ਨਦੀਆਂ, ਦਰਿਆਵਾਂ, ਸਮੁੰਦਰਾਂ ਵਿੱਚ ਚਲੇ ਜਾਂਦੇ ਹਨ ।ਖੇਤਾਂ ਦੀ ਮਿੱਟੀ ਵਿੱਚ ਦੱਬੇ ਸਿੰਗਲ ਯੂਜ਼ ਪਲਾਸਟਿਕ ਦੇ ਛੋਟੇ-ਛੋਟੇ ਕਿਣਕੇ ਮਿੱਟੀ ਵਿੱਚ ਵਿਸ਼ੈਲੇ ਪਦਾਰਥ ਛੱਡਣ ਲੱਗਦੇ ਹਨ ।ਇਹ ਨਾ ਤਾਂ ਬੀਜਾਂ ਨੂੰ ਉੱਗਣ ਦੇਂਦੇ ਹਨ, ਨਾ ਹੀ ਸਿੰਚਾਈ ਦਾ ਪਾਣੀ ਪੌਦਿਆਂ ਦੀਆਂ ਜੜ੍ਹਾਂ ਤੀਕ ਪਹੁੰਚਣ ਦਿੰਦੇ ਹਨ।ਜਦੋਂ ਪਲਾਸਟਿਕ ਟੁੱਟਦਾ ਹੈ ਤਾਂ ਮੀਥੇਨ ਗੈਸ ਉਤਪੰਨ ਹੁੰਦੀ ਹੈ।ਮੀਥੇਨ ਇਕ 'ਹਰਾ ਗ੍ਰਹਿ ਗੈਸ' ਹੈ ।ਇਸ ਨਾਲ ਉਪਜਿਆ 'ਹਰਾ ਗ੍ਰਹਿ ਪ੍ਰਭਾਵ' (Green house effect) 'ਆਲ਼ਮੀ ਤਪਸ਼' ( Global warming) ਦਾ ਕਾਰਨ ਬਣਦਾ ਹੈ ।ਇਸ ਨਾਲ ਧਰਤੀ ਹੋਰ ਗਰਮ ਹੋਈ ਜਾ ਰਹੀ ਹੈ।ਸਾਡੇ ਤਾਂ ਪੀਣ ਵਾਲੇ ਪਾਣੀ ਵਿਚ ਵੀ ਪਲਾਸਟਿਕ ਹੁੰਦਾ ਹੈ।ਸਾਡੀ ਹਵਾ ਵਿੱਚ ਵੀ ਪਲਾਸਟਿਕ ਦੇ ਉੱਡਦੇ ਕਿਣਕੇ ਸਾਹ ਰਾਹੀਂ ਸਾਡੇ ਸਰੀਰ ਵਿੱਚ ਦਾਖਲ ਹੋ ਜਾਂਦੇ ਹਨ।ਕਹਿੰਦੇ ਇਕ ਹਫ਼ਤੇ ਅੰਦਰ ਇਕ ਕ੍ਰੈਡਿਟ ਕਾਰਡ ਜਿੰਨਾ ਪਲਾਸਟਿਕ ਧੂੜਾ ਅਸੀਂ ਸਾਹ ਰਾਹੀਂ ਆਪਣੇ ਅੰਦਰ ਨਿਗਲ ਜਾਂਦੇ ਹਾਂ।

ਲੋਕ ਸੈਰ-ਸਪਾਟੇ 'ਤੇ ਸਮੁੰਦਰ ਕੰਢੇ ਆਉਂਦੇ ਹਨ, ਮੌਜ-ਮਸਤੀ ਕਰਕੇ ਖਾ-ਪੀ ਕੇ ਪਲਾਸਟਿਕ ਕੂੜਾ ਉੱਥੇ ਹੀ ਛੱਡ ਜਾਂਦੇ ਹਨ । ਹਵਾ ਉਸ ਕੂੜੇ ਨੂੰ ਚੁੱਕ ਕੇ ਸਮੁੰਦਰ ਵਿੱਚ ਧਕੇਲ ਦਿੰਦੀ ਹੈ।

ਪਲਾਸਟਿਕ ਦੇ ਬਰੀਕ ਦਾਣੇ ਖ਼ਾ ਕੇ ਹਜ਼ਾਰਾਂ ਕੱਛੂਕੁੰਮਿਆਂ ਦੇ ਮਰਨ ਦੀਆ ਰਿਪੋਰਟਾਂ ਮਿਲੀਆਂ ਹਨ।ਪਲਾਸਟਿਕ ਖ਼ਾ ਕੇ ਵੇਲ੍ਹ ਮੱਛੀਆਂ ਕਰਾਹ-ਕਰਾਹ ਕੇ ਮਰਨ ਦੀਆਂ ਰਿਪੋਰਟਾਂ ਸਾਨੂੰ ਸ਼ਰਮਸਾਰ ਕਰ ਰਹੀਆਂ ਹਨ।ਸਮੁੰਦਰੀ ਪੰਛੀਆਂ ਦੀਆਂ ਸੌ ਤੋਂ ਉੱਪਰ ਜਨ-ਜਾਤੀਆਂ ਪਲਾਸਟਿਕ ਦੇ ਕੂੜੇ ਤੋਂ ਪੀੜਤ ਹਨ।ਪਲਾਸਟਿਕ ਜਲ ਜੀਵਾਂ ਦੀਆਂ ਅੰਤੜੀਆਂ ਵਿੱਚ ਜੰਮ ਜਾਂਦਾ ਹੈ, ਹਜ਼ਮ ਨਹੀਂ ਹੁੰਦਾ। ਉਨ੍ਹਾਂ ਨੂੰ ਮੌਤ ਵੱਲ ਧੱਕ ਦੇਂਦਾ ਹੈ ।ਸਿੰਗਲ ਯੂਜ਼ ਪਲਾਸਟਿਕ ਤਾਂ ਪੰਛੀਆਂ ਦੇ ਆਲ੍ਹਣਿਆਂ ਤੀਕ ਵੀ ਪਹੁੰਚ ਗਿਆ ਹੈ।

ਪਲਾਸਟਿਕ ਵਿਚਲੇ ਰਸਾਇਣਾਂ ਨੂੰ ਮਨੁੱਖੀ ਚਮੜੀ ਜਜ਼ਬ ਕਰ ਲੈਂਦੀ ਹੈ।ਇਸ ਨਾਲ ਚਮੜੀ ਜਲਣ ਦਾ ਰੋਗ ਲੱਗ ਜਾਂਦਾ ਹੈ ।ਕਈ ਤਰਾਂ ਦੇ ਲਿਫ਼ਾਫ਼ਿਆਂ ਦਾ ਪਲਾਸਟਿਕ ਪੁਨਰ-ਨਵੀਨੀਕਰਨ ਤੋਂ ਬਾਅਦ ਵੀ ਰੋਗਾਣੂ ਮੁਕਤ ਨਹੀਂ ਹੁੰਦਾ ।ਅਜਿਹੇ ਲਿਫਾਫੇ ਵਿੱਚ ਜਦੋਂ ਕੋਈ ਖਾਣ ਵਾਲੀ ਚੀਜ਼ ਸਾਡੇ ਘਰ ਆਉਂਦੀ ਹੈ ਤਾਂ ਰੋਗਾਣੂ ਇਸ ਨਾਲ ਚਿੰਬੜ ਕੇ ਸਾਡੇ ਸਰੀਰ ਨਾਲ ਰਾਬਤਾ ਬਣਾ ਲੈਂਦੇ ਹਨ।ਇੰਜ ਸਾਡੇ ਅੰਦਰ ਰੋਗ ਪਨਪਦੇ ਹਨ ।ਇਹੀ ਪਲਾਸਟਿਕ ਜਦੋਂ ਸੀਵਰੇਜ ਲਈ ਅੜਿੱਕਾ ਬਣ ਜਾਂਦਾ ਹੈ, ਤਾਂ ਗੰਦਾ ਪਾਣੀ ਸਾਡੇ ਦਰਾਂ ਤੱਕ ਪਹੁੰਚ ਜਾਂਦਾ ਹੈ।ਮੱਛਰਾਂ, ਮੱਖੀਆਂ ਦੁਰਗੰਧਾਂ ਦਾ ਬੋਲ ਬਾਲਾ ਹੋ ਜਾਂਦਾ ਹੈ ।ਪੁਰਾਣੇ ਸਮੇਂ ਵਿਆਹ ਸ਼ਾਦੀ ਸਮਾਗਮ ਵਿੱਚ ਲੋੜ ਪੈਂਦੀ ਸੀ ਤਾਂ ਲੋਕ ਸਾਂਝੇ ਬਰਤਨ ਲੈ ਲਏ ਜਾਂਦੇ ਸਨ ।ਨਾ ਵਾਰ-ਵਾਰ ਖ਼ਰਚਾ ਕਰਨਾ ਪੈਂਦਾ ਸੀ ਅਤੇ ਡਿਸਪੋਜ਼ੇਬਲ ਪਲਾਸਟਿਕ ਸਾਡੇ ਘਰ ਨਹੀਂ ਸੀ ਵੜਦਾ ।ਕੀ ਇਸ ਪ੍ਰਥਾ ਨੂੰ ਪੁਨਰ-ਸੁਰਜੀਤ ਨਹੀਂ ਕੀਤਾ ਜਾ ਸਕਦਾ ?

ਅਸਲ ਵਿੱਚ ਸਾਨੂੰ ਦਿਖਾਵੇ ਅਤੇ ਸਾਡੀ ਫੋਕੀ ਫੂੰ-ਫਾਂ ਅਤੇ ਅਕਾਂਖਿਆ ਨੇ ਘੇਰ ਲਿਆ ਹੈ ।ਅਸੀਂ ਇਕੱਲ ਪਸੰਦ ਕਰਦੇ ਹਾਂ। ਪਦਾਰਥਾਂ ਦੀ ਦੌੜ ਵਿੱਚ ਇਕ-ਦੂਜੇ ਨਾਲ ਦੌੜ ਦੌੜਨ ਲੱਗੇ ਹਾਂ ।ਇਕ-ਦੂਜੇ ਤੋਂ ਮੂਹਰੇ ਨਿਕਲਣ ਦੀ ਤਾਕ ਵਿੱਚ ਰਹਿੰਦੇ ਹਾਂ ।

ਜਨਤਕ ਥਾਵਾਂ 'ਤੇ ਪਲਾਸਟਿਕ ਕੂੜਾ-ਦਾਨ ਰੱਖੇ ਜਾਣੇ ਚਾਹੀਦੇ ਹਨ।ਨਾਲ ਹੀ ਸਿੰਗਲ ਯੂਜ਼ ਪਲਾਸਟਿਕ ਦੇ ਦੁਰ ਪ੍ਰਭਾਵ ਦਰਸਾਉਂਦੇ ਪੋਸਟਰ ਵੀ ਜਨਤਕ ਥਾਵਾਂ, ਕੇ ਲਗਾਏ ਜਾਣੇ ਚਾਹੀਦੇ ਹਨ ।

ਲਿਫਾਫੇ ਉਹ ਹੀ ਵਰਤੇ ਜਾਣ, ਜੋ ਵਾਤਾਵਰਨ ਪੱਖੀ ਹੋਣ। ਜਿਨ੍ਹਾਂ ਦਾ ਪੁਨਰ-ਨਵੀਨੀਕਰਨ ਕੀਤਾ ਜਾ ਸਕੇ ।ਜਿਨ੍ਹਾਂ ਦਾ ਜੈਵਿਕ ਵਿਘਟਨ ਹੋ ਸਕੇ।ਨਹੀਂ ਤਾਂ ਕੱਪੜੇ ਦਾ ਥੈਲਾ ਘਰੋਂ ਲੈ ਕੇ ਜਾਣ ਵਿੱਚ ਕਿਹੜਾ ਸਾਡੀ ਸ਼ਾਨ ਘਟਦੀ ਹੈ।

ਜੇਕਰ ਆਪਣੇ ਆਪ 'ਤੇ ਪਾਬੰਦੀਆਂ ਲਗਾਵਾਂਗੇ ਤਾਂ ਧਰਤੀ ਸਿੰਗਲ ਯੂਜ਼ ਪਲਾਸਟਿਕ ਤੋਂ ਮੁਕਤ ਹੋ ਜਾਵੇਗੀ ।

**# ਸੰਪਰਕ : 97806-67686**

# ਖੁਰ ਰਿਹਾ ਲੋਕਤੰਤਰ, ਵਧ ਰਿਹਾ ਗਰੀਬ-ਅਮੀਰ ਦਾ ਪਾੜਾ

**ਚਰਨ ਸਿੰਘ ਸਰਾਭਾ**

ਸਾਲ 2024 ਸੰਸਾਰ ਦੀਆਂ ਪ੍ਰਮੁੱਖ ਮੰਨੀਆਂ ਜਾਂਦੀਆਂ ਦੋ ਲੋਕਤੰਤਰਕ ਦੇਸ਼ਾਂ ਦੀਆਂ ਚੋਣਾਂ ਦਾ ਸਾਲ ਰਿਹਾ ਹੈ। ਜਿਨ੍ਹਾਂ ਵਿੱਚੋਂ ਵੋਟਰਾਂ ਦੀ ਗਿਣਤੀ ਦੇ ਅਧਾਰ 'ਤੇ ਸਭ ਤੋਂ ਵੱਡੇ ਮੰਨੇ ਜਾਂਦੇ ਲੋਕਤੰਤਰ ਭਾਰਤ ਦੀਆਂ ਚੋਣਾਂ ਮਈ 2024 ਵਿੱਚ ਹੋਈਆਂ ਅਤੇ ਸੰਸਾਰ ਦੀ ਪੁਰਾਣੀ ਮੰਨੀ ਜਾਂਦੀ ਲੋਕਤੰਤਰ ਪ੍ਰਣਾਲੀ ਅਮਰੀਕਾ ਦੇ ਰਾਸ਼ਟਰਪਤੀ ਦੀ ਚੋਣ ਅਕਤੂਬਰ-ਨਵੰਬਰ ਮਹੀਨੇ ਵਿੱਚ ਸਮਾਪਤ ਹੋਈ। ਸਾਡੇ ਦੇਸ਼ ਭਾਰਤ ਵਿੱਚ ਕਈ ਹੋਰ ਵੱਖ-ਵੱਖ ਵਿਧਾਨ ਸਭਾਵਾਂ ਅਤੇ ਜ਼ਿਮਨੀ ਚੋਣਾਂ ਦਾ ਦੌਰ ਵੀ ਜਾਰੀ ਰਿਹਾ। ਜਦੋਂ ਅਸੀਂ ਅਜਿਹੀਆਂ ਚੋਣਾਂ ਦੀ ਗੱਲ ਕਰਦੇ ਹਾਂ ਤਾਂ ਸਾਡੀ ਸਮਝ ਹੁੰਦੀ ਹੈ ਕਿ ਲੋਕਤੰਤਰਕ ਅਖਵਾਉਂਦੇ ਰਾਜਨੀਤਕ ਪ੍ਰਬੰਧਾਂ ਵਿੱਚ ਚੋਣਾਂ ਹੋਣੀਆਂ ਲੋਕਤੰਤਰ ਦਾ ਇਕ ਜ਼ਰੂਰੀ ਪੱਖ ਹੈ, ਜਦੋਂ ਕਿ ਲੋਕਤੰਤਰੀ ਸਰਕਾਰਾਂ ਦੀ ਪੂਰਨ ਪਰਿਭਾਸ਼ਾ ਅਨੁਸਾਰ ਲੋਕਾਂ ਰਾਹੀਂ, ਲੋਕਾਂ ਵਾਸਤੇ, ਲੋਕਾਂ ਦੀ ਸਰਕਾਰ ਦੇ ਉਦੇਸ਼ਾਂ ਵਾਲਾ ਲੋਕਤੰਤਰ । ਇਸ ਸਾਲ 2024 ਵਿੱਚ ਜਦੋਂ ਕੌਮੀ ਅਤੇ ਕੌਮਾਂਤਰੀ ਪੱਧਰ ਦੀਆਂ ਵੱਖ-ਵੱਖ ਦੇਸ਼ਾਂ ਦੀਆਂ ਚੋਣਾਂ ਦੀ ਗੱਲ ਕਰਦੇ ਹਾਂ ਤਾਂ ਇਹ ਵੀ ਵਿਚਾਰ ਕਰਨਾ ਬਣਦਾ ਹੈ ਕਿ ਕੀ ਇਸ ਪਰਿਭਾਸ਼ਾ ਅਨੁਸਾਰ ਸੰਸਾਰ ਭਰ ਦੇ ਅਤੇ ਸਾਡੇ ਆਪਣੇ ਲੋਕਤੰਤਰਕ ਅਖਵਾਉਂਦੇ ਦੇਸ਼ਾਂ ਵਿੱਚ ਲੋਕਤੰਤਰ ਪੂਰੀ ਤਰ੍ਹਾਂ ਲਾਗੂ ਹੈ ?

ਸਾਡੇ ਵਿਚਾਰ ਵਿੱਚ ਇਹ ਪ੍ਰਸ਼ਨ ਉੱਠਣ ਸੰਬੰਧੀ ਕਾਰਨ ਬਣਿਆ ਮਿਤੀ 19.11.2024 ਦੇ ਭਾਰਤ ਦੇ ਇੱਕ ਪ੍ਰਸਿੱਧ ਅੰਗਰੇਜ਼ੀ ਅਖ਼ਬਾਰ ਵਿੱਚ ਛਪਿਆ ਇਕ ਲੇਖ। ਜਿਸ ਵਿੱਚ ਅਮਰੀਕਾ ਦੇ ਪ੍ਰਸਿੱਧ ਅਖਬਾਰ 'ਨਿਊ ਯਾਰਕ ਟਾਈਮਜ਼' ਦੀ ਖ਼ਬਰ ਦਾ ਹਵਾਲਾ ਦੇ ਕੇ ਇਕ ਸਰਵੇਖਣ ਦੀ ਰਿਪੋਰਟ ਦਾ ਜ਼ਿਕਰ ਸੀ, ਜਿਸ ਅਨੁਸਾਰ ਅਮਰੀਕਾ ਦੇ 45 ਫੀਸਦੀ ਨਾਗਰਿਕਾਂ ਦੀ ਰਾਇ ਹੈ ਕਿ ਅਮਰੀਕਾ ਵਿੱਚ ਲੋਕਤੰਤਰ ਜਨ-ਸਮੂਹਾਂ ਦੇ ਹਿੱਤਾਂ ਦੀ ਨੁਮਾਇੰਦਗੀ ਕਰਨ ਵਾਲਾ ਲੋੜੀਂਦਾ ਕੰਮ ਨਹੀਂ ਕਰਦਾ। ਇਸ ਤੋਂ ਬਿਨਾਂ 76 ਪ੍ਰਤੀਸ਼ਤ ਅਮਰੀਕੀਆਂ ਦਾ ਕਹਿਣਾ ਹੈ ਕਿ ਅਮਰੀਕੀ ਲੋਕਤੰਤਰ ਨੂੰ ਅੰਦਰੂਨੀ ਭ੍ਰਿਸ਼ਟਾਚਾਰ ਤੋਂ ਖ਼ਤਰਾ ਹੈ। ਸਾਡੇ ਆਪਣੇ ਭਾਰਤ ਵਿੱਚ ਵੀ ਵਿਕਾਸ ਸੰਬੰਧੀ ਵਿਚਾਰ ਦਿੰਦਿਆਂ ਭਾਰਤੀ ਨੀਤੀ ਅਯੋਗ ਦੇ ਉੱਚ ਅਧਿਕਾਰੀ ਨੇ ਮਾਰਚ-2020 ਵਿੱਚ ਕਿਹਾ ਸੀ ਕਿ ਭਾਰਤ ਵਿੱਚ ਲੋਕਤੰਤਰ ਵਧੇਰੇ ਹੋਣ ਕਾਰਨ ਵਿਕਾਸ ਵਿੱਚ ਵੱਡੇ ਅੜਿੱਕੇ ਹਨ। ਇਸ ਤੋਂ ਬਿਨਾਂ ਦੇਸ਼ ਵਿੱਚ ਠੋਸੀ ਜਾ ਰਹੀ ਸਿੱਖਿਆ ਨੀਤੀ, ਕਿਸਾਨੀ ਹਿੱਤਾਂ ਵਿਰੁੱਧ ਨਵੇਂ ਕਾਨੂੰਨ, ਟਰੇਡ ਯੂਨੀਅਨ ਹੱਕਾਂ ਨੂੰ ਕੁਚਲਦੇ-4 ਲੇਬਰ ਕੋਡ, ਸਰਕਾਰੀ ਵਿਭਾਗਾਂ ਵਿੱਚ ਠੇਕੇ 'ਤੇ ਨਿਯੁਕਤੀਆਂ, ਬਰਾਬਰ ਕੰਮ ਬਰਾਬਰ ਤਨਖ਼ਾਹ ਲਾਗੂ ਨਾ ਕਰਨਾ, ਪੁਰਾਣੀ ਪੈਨਸ਼ਨ ਲਾਗੂ ਨਾ ਕਰਨਾ ਲੋਕਤੰਤਰ ਨੂੰ ਖੋਰਾ ਲਾਉਂਦੇ ਫੈਸਲੇ ਹੀ ਹਨ।

ਇਹ ਸਤਰਾਂ ਲਿਖਣ ਸਮੇਂ ਯਾਦਾਂ ਵਿੱਚ ਆ ਜਾਂਦਾ ਹੈ ਸਾਲ 2014 ਵਿੱਚ ਇਕ ਅੰਗਰੇਜ਼ੀ ਸਪਤਾਹਕ ਰਸਾਲੇ 'ਮੇਲਾ ਸਟਰੀਮ' ਦੇ 25 ਜੁਲਾਈ ਦੇ ਅੰਕ ਵਿੱਚ ਛਪਿਆ ਇਕ ਲੇਖ, ਜਿਸ ਦਾ ਸਿਰਲੇਖ ਸੀ, 'ਲੋਕਤੰਤਰ ਜੋ ਕਾਰਪੋਰੇਟ ਦੀ ਪਸੰਦ ਨਹੀਂ ਹੈ, ਵਿੱਚ ਦਸਿਆ ਗਿਆ ਸੀ ਕਿ ਅਮਰੀਕਾ ਦੇ ਰਾਸ਼ਟਰਪਤੀ ਆਈਜਨਹਾਵਰ ਨੇ ਆਪਣੇ ਰਾਸ਼ਟਰਪਤੀ ਵਜੋਂ ਵਿਦਾਇਗੀ ਭਾਸ਼ਣ ਸਮੇਂ ਦੇਸ਼ ਦੇ ਲੋਕਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਸੀ ਕਿ ਉਨ੍ਹਾਂ ਉੱਪਰ ਦੇਸ਼ ਦਾ 'ਸਨਅਤੀ ਫੌਜੀ' ਗੱਠਜੋੜ ਰਾਜ ਕਰਦਾ ਹੈ। ਉਨ੍ਹਾਂ ਕੋਲ ਹੀ ਸਾਰੀ ਸ਼ਕਤੀ ਕੇਂਦਰਤ ਹੈ। 25 ਫ਼ਰਵਰੀ 2022 ਨੂੰ ਇੱਕ ਭਾਰਤੀ ਅੰਗਰੇਜ਼ੀ ਰਸਾਲੇ 'ਫਰੰਟ ਲਾਈਨ' ਦੇ ਇੱਕ ਲੇਖ ਅਨੁਸਾਰ ਭਾਰਤ ਦੇ ਸਾਡੇ ਪ੍ਰਧਾਨ ਮੰਤਰੀ ਜੀ ਨੇ ਜਨਵਰੀ 2022 ਵਿੱਚ ਇਕ ਵਾਰਤਾਲਾਪ ਵਿੱਚ ਕਿਹਾ ਸੀ, 'ਭਾਰਤੀ ਆਜ਼ਾਦੀ ਪ੍ਰਾਪਤੀ ਦੇ 75 ਸਾਲਾਂ ਵਿੱਚ ਹੱਕਾਂ ਨੂੰ ਕੇਂਦਰੀ ਬਿੰਦੂ ਬਣਾਉਣ ਕਾਰਨ ਭਾਰਤ ਕਮਜ਼ੋਰ ਹੋਇਆ ਹੈ ਅਤੇ ਹੁਣ ਆਉਂਦੇ 25 ਸਾਲਾਂ ਤੱਕ ਫਰਜ਼ਾਂ 'ਤੇ ਜ਼ੋਰ ਦਿੱਤਾ ਜਾਵੇ।' ਇਸ ਕਥਨ ਦੇ ਭਾਵ ਪਾਠਕ ਆਪ ਹੀ ਵਿਚਾਰ ਸਕਦੇ ਹਨ।

19.11.2024 ਵਾਲੇ ਉੱਪਰ ਦੱਸੇ ਲੇਖ ਅਨੁਸਾਰ ਹੀ ਅੱਜ ਸੰਸਾਰ ਸੰਕਟ ਵਿੱਚ ਅਨੁਭਵ ਕਰਦਾ ਹੈ। ਨਵ-ਉਦਾਰਵਾਦੀਏ ਵੀ ਇਹ ਸਮਝਣਯੋਗ ਨਹੀਂ ਹੋ ਸਕੇ ਕਿ ਉਨ੍ਹਾਂ ਦੀਆਂ ਨੀਤੀਆਂ ਅਤੇ ਵਿਚਾਰਾਂ ਨੇ ਤਾਨਾਸ਼ਾਹੀ ਨੂੰ ਕਿਵੇਂ ਵਧਾਇਆ ਹੈ। ਵਿਸ਼ਾਲ ਵਿਚਾਰਾਂ ਰਾਹੀਂ ਨਿਰਣਾ ਕਰਨ ਦੀ ਲੋੜ ਹੈ ਕਿ ਕਿਹੜੇ ਵਿਚਾਰਾਂ ਨੇ 21ਵੀਂ ਸਦੀ ਵਿੱਚ ਆਰਥਿਕ ਅਤੇ ਸਮਾਜਿਕ ਸੰਸਥਾਵਾਂ ਨੂੰ ਪ੍ਰਭਾਵਤ ਕੀਤਾ ਹੈ। ਅਜਿਹਾ ਨਿਰਣਾ ਸਪੱਸ਼ਟ ਕਰ ਦੇਵੇਗਾ ਕਿ ਪੂੰਜੀ ਦੀ ਵਧਦੀ ਸ਼ਕਤੀ ਨੇ ਸੰਸਾਰ ਪੱਧਰ ਤੱਕ ਰਾਜਨੀਤੀ, ਪ੍ਰਚਾਰ ਮਾਧਿਅਮ, ਨੀਤੀ ਘੜਨ ਵਾਲੇ ਵਿਚਾਰਧਾਰਕ ਅਤੇ ਵਿਦਿਅਕ ਸੰਸਥਾਵਾਂ ਤੱਕ ਪੈਸੇ ਵਾਲੇ ਦੀ ਤੂਤੀ ਬੋਲਦੀ ਹੈ। ਆਰਥਿਕ, ਸਮਾਜਿਕ ਅਤੇ ਸਰਕਾਰੀ ਪ੍ਰਬੰਧ ਸਾਰੇ ਪੂੰਜੀ ਭਾਵ ਧਨ-ਸ਼ਕਤੀ ਤੋਂ ਪ੍ਰਭਾਵਤ ਹਨ। ਅਸੀਂ ਦੇਖਦੇ ਹਾਂ ਕਿ ਅਜਿਹੀਆਂ ਸੰਸਾਰ ਪੱਧਰੀ ਹਾਲਤਾਂ ਵਿੱਚ ਹੋ ਰਹੀਆਂ ਚੋਣਾਂ ਵੀ ਵਧੇਰੇ ਕਰਕੇ ਪੈਸੇ ਵਾਲੀਆਂ ਰਾਜਸੀ ਪਾਰਟੀਆਂ ਜਾਂ ਉਮੀਦਵਾਰ ਹੀ ਲੜ ਸਕਦੇ ਹਨ। ਚੋਣਾਂ ਵਿੱਚ ਧਨ ਦੇ ਦਖਲ ਸੰਬੰਧੀ ਇਸੇ ਲੇਖ ਵਿੱਚ ਹੀ ਜ਼ਿਕਰ ਹੈ ਕਿ ਅਮਰੀਕਾ ਦੀਆਂ ਹੋਈਆਂ ਚੋਣਾਂ ਵਿੱਚ 16 ਅਰਬ ਡਾਲਰ ਖਰਚ ਹੋਇਆ ਹੈ। ਧਨ ਦੇ ਦਖਲ ਸੰਬੰਧੀ ਪ੍ਰੈੱਸ ਦੀਆਂ ਖ਼ਬਰਾਂ ਅਨੁਸਾਰ ਭਾਰਤ ਵਿੱਚ ਵੀ ਚੋਣ ਬਾਂਡਾਂ ਰਾਹੀਂ ਧਨ ਇਕੱਠਾ ਕਰਨ ਦੀ ਚਰਚਾ ਭਾਰਤੀ ਸੁਪਰੀਮ ਕੋਰਟ ਤਕ ਪੁਜ ਚੁੱਕੀ ਹੈ।

ਅੱਜ ਦੇ ਸਮੇਂ ਵਿੱਚ ਸੰਸਾਰ ਪੱਧਰ 'ਤੇ ਹੀ ਅਮਰੀਕਾ ਦੀ 'ਵਾਸ਼ਿੰਗਟਨ ਆਮ ਸਹਿਮਤੀ' ਵਾਲੀ ਆਰਥਿਕ ਨੀਤੀ ਦੇ ਹੀ ਵਧੇਰੇ ਪ੍ਰਭਾਵ ਵਾਲੀਆਂ ਸੰਸਥਾਵਾਂ ਸੰਸਾਰ ਬੈਂਕ, ਕੌਮਾਂਤਰੀ ਮੁਦਰਾ ਕੋਸ਼ ਰਾਹੀਂ ਅਖੌਤੀ ਸਹਾਇਤਾ, ਕਰਜ਼ਿਆਂ ਦੀ ਆੜ ਵਿੱਚ ਮਾਰੂ ਸ਼ਰਤਾਂ ਅਧੀਨ ਦੂਜੇ ਦੇਸ਼ਾਂ ਉੱਪਰ ਲੋਕਤੰਤਰ ਅਤੇ ਆਮ ਲੋਕਾਂ ਦੇ ਹਿੱਤਾਂ ਵਿਰੋਧੀ ਨੀਤੀਆਂ ਧੱਕੇ ਨਾਲ ਠੋਸੀਆਂ ਜਾਂਦੀਆਂ ਹਨ, ਜਿਨ੍ਹਾਂ ਰਾਹੀਂ ਸੰਬੰਧਤ ਦੇਸ਼ ਦੇ ਵਿਸ਼ੇਸ਼ ਹਿੱਤਾਂ ਵਾਲੇ ਕੁਝ ਰਾਜਸੀ ਆਗੂਆਂ ਅਤੇ ਚੋਣਵੇਂ ਪੂੰਜੀਪਤੀਆਂ ਨੂੰ ਵਿਸ਼ੇਸ਼ ਲਾਭ ਵੀ ਪੁਚਾਏ ਜਾਂਦੇ ਹਨ ਅਤੇ ਆਮ ਜਨਸਮੂਹਾਂ ਦੇ ਪਹਿਲੇ ਪ੍ਰਾਪਤ ਕੀਤੇ ਜਮਹੂਰੀ ਹੱਕਾਂ ਅਤੇ ਸਹੂਲਤਾਂ ਨੂੰ ਖੋਰਾ ਲਾਇਆ ਜਾਂਦਾ ਹੈ ਅਤੇ ਆਮ ਲੋਕਾਂ ਦੀ ਆਵਾਜ਼ ਦਬਾਅ ਕੇ ਲੋਕਤੰਤਰ ਨੂੰ ਵੀ ਕਮਜ਼ੋਰ ਕੀਤਾ ਜਾਂਦਾ ਹੈ। ਕਿਸਾਨਾਂ-ਮਜ਼ਦੂਰਾਂ ਅਤੇ ਆਮ ਲੋਕਾਂ ਦੇ ਸੰਵਿਧਾਨਕ ਅਤੇ ਮਨੁੱਖੀ ਹੱਕਾਂ ਨੂੰ ਖ਼ਤਮ ਕਰਦੇ ਸਰਕਾਰੀ ਕਾਨੂੰਨ ਬਣਾਏ ਜਾਂਦੇ ਹਨ। ਸਰਕਾਰੀ ਵਿਭਾਗਾਂ ਅਤੇ ਜਨਤਕ ਅਦਾਰਿਆਂ ਨੂੰ ਅਤੇ ਸਰਕਾਰੀ ਵਿਭਾਗਾਂ ਦਾ ਪ੍ਰਾਈਵੇਟਕਰਨ ਦੀ ਨੀਤੀ ਰਾਹੀਂ ਵੱਡੇ ਸਥਾਨਕ ਅਜਾਰੇਦਾਰਾਂ ਅਤੇ ਵਿਦੇਸ਼ੀ ਕੰਪਨੀਆਂ ਵੱਲੋਂ ਦੇਸ਼ ਦੇ ਕੁਦਰਤੀ ਅਤੇ ਮਨੁੱਖੀ ਸਾਧਨਾਂ ਦੀ ਲੁੱਟ ਵਧਾਈ ਜਾਂਦੀ ਹੈ। ਕਿਸਾਨਾਂ-ਮਜ਼ਦੂਰਾਂ ਅਤੇ ਆਮ ਲੋਕਾਂ ਦੇ ਸੰਵਿਧਾਨਕ ਅਤੇ ਮਨੁੱਖੀ ਹੱਕਾਂ ਨੂੰ ਖ਼ਤਮ ਕਰਦੇ ਸਰਕਾਰੀ ਕਾਨੂੰਨ ਬਣਾਏ ਜਾਂਦੇ ਹਨ। ਸਰਕਾਰੀ ਵਿਭਾਗਾਂ ਅਤੇ ਜਨਤਕ ਅਦਾਰਿਆਂ ਦੇ ਪ੍ਰਾਈਵੇਟ ਕਰਨ ਨਾਲ ਪੜ੍ਹੇ-ਲਿਖੇ ਨੌਜਵਾਨ ਵਰਗ ਲਈ ਸਥਾਈ, ਸੁਰੱਖਿਅਤ ਅਤੇ ਸਵੈਮਾਣ ਵਾਲੇ ਰੈਗੂਲਰ ਰੁਜ਼ਗਾਰ ਪ੍ਰਾਪਤੀ ਦੇ ਅਵਸਰ ਲਗਾਤਾਰ ਸੀਮਤ ਹੁੰਦੇ ਜਾਂਦੇ ਹਨ, ਤਾਂ ਦੇਸ਼ ਦੀ ਬੇਰੁਜ਼ਗਾਰੀ ਵਿੱਚ ਨਿਰੰਤਰ ਵਾਧਾ ਹੁੰਦਾ ਹੈ ਅਤੇ ਸਮਾਜ ਵਿੱਚ ਅਮੀਰ-ਗਰੀਬ ਦਾ ਪਾੜਾ ਅਤੇ ਵਿਤਕਰਾ ਲਗਾਤਾਰ ਵਧਦਾ ਹੈ। ਜਿਵੇਂ ਕਿ ਅੱਜ ਸੰਸਾਰ ਪੱਧਰ 'ਤੇ ਹਰ ਉਸ ਦੇਸ਼ ਵਿੱਚ ਹੋ ਰਿਹਾ ਹੈ, ਜਿੱਥੇ ਸੰਸਾਰ ਬੈਂਕ ਮਾਰਕਾ ਨਵ-ਉਦਾਰਵਾਦੀ ਨੀਤੀਆਂ ਧਾਰਨ ਕੀਤੀਆਂ ਹੋਈਆਂ ਹਨ। ਜਦੋਂ ਅਜਿਹੀਆਂ ਸਥਿਤੀਆਂ ਵਿੱਚ ਆਮ ਚੋਣਾਂ ਹੁੰਦੀਆਂ ਹਨ ਤਾਂ ਪੈਸੇ ਦੇ ਜ਼ੋਰ 'ਤੇ ਅਮੀਰ ਪਾਰਟੀਆਂ ਜਾਂ ਉਮੀਦਵਾਰ ਵੱਲੋਂ ਹੀ ਵਧੇਰੇ ਕਰਕੇ ਜਿੱਤ ਲਈਆਂ ਜਾਂਦੀਆਂ ਹਨ ਅਤੇ ਫਿਰ ਇਨ੍ਹਾਂ ਅਮੀਰਾਂ ਦੇ ਪ੍ਰਭਾਵ ਹੇਠ ਹੀ ਅਜਿਹੀਆਂ ਸਰਕਾਰੀ ਨੀਤੀਆਂ ਬਣਾਈਆਂ ਜਾਂਦੀਆਂ ਹਨ, ਜੋ ਅਮੀਰਾਂ ਲਈ ਲਾਭ ਪ੍ਰਾਪਤੀ ਦੇ ਹੋਰ ਨਵੇਂ ਰਾਹ ਖੋਹਲਦੀਆਂ ਹਨ। ਆਮ ਲੋਕਾਂ, ਵਿਦਿਆਰਥੀਆਂ ਅਤੇ ਨੌਜਵਾਨ ਵਰਗ, ਮਜ਼ਦੂਰਾਂ, ਕਿਸਾਨਾਂ ਦੇ ਬਣਦੇ ਲੋਕਤੰਤਰ ਅਤੇ ਇਨਸਾਫ਼ ਅਧਾਰਤ ਹੱਕਾਂ ਦੀ ਗੱਲ ਤੱਕ ਨਹੀਂ ਕੀਤੀ ਜਾਂਦੀ।

ਸਮੁੱਚੇ ਰੂਪ ਵਿੱਚ ਜਿੱਥੇ ਅਜਿਹੀਆਂ ਸਥਿਤੀਆਂ ਤੋਂ ਸਪੱਸ਼ਟ ਹੋ ਜਾਂਦਾ ਹੈ ਕਿ ਲੋਕਤੰਤਰ ਵਿੱਚ ਚੋਣਾਂ ਰਾਹੀਂ ਸਰਕਾਰ ਬਣਾਉਣਾ ਲੋਕਤੰਤਰ ਦਾ ਮਹੱਤਵਪੂਰਨ ਅੰਗ ਹੈ, ਉਥੇ ਇਹ ਵੀ ਸਪੱਸ਼ਟ ਹੋ ਰਿਹਾ ਹੈ ਕਿ ਚੋਣਾਂ ਵਿੱਚ ਜਿੱਤੀਆਂ ਅਤੇ ਧੰਨਤੰਤਰ ਦੇ ਪ੍ਰਭਾਵ ਵਾਲੀਆਂ ਸਰਕਾਰਾਂ ਆਪ ਦੀ ਕਾਰਕਰਦਗੀ ਰਾਹੀਂ ਲੋਕਤੰਤਰਿਕ ਸਰਕਾਰਾਂ ਵਾਲੀ ਪਰਿਭਾਸ਼ਾ ਪੂਰੀ ਨਹੀਂ ਕਰਦੀਆਂ। ਕਿਸੇ ਵੀ ਸਰਕਾਰ ਦਾ ਲੋਕਤੰਤਰਕ ਲਈ ਤਿੰਨ ਮੁਢਲੀਆਂ ਵਿਵਸਥਾਵਾਂ ਦਿਸ਼ਾ-ਨਿਰਦੇਸ਼ ਕਰਦੀਆਂ ਹਨ। ਪਹਿਲਾ-ਸਰਕਾਰੀ ਜ਼ਿੰਮੇਵਾਰੀ ਅਧੀਨ ਸੰਬੰਧਤ ਦੇਸ਼ ਦੇ ਸਾਰੇ ਬੱਚਿਆਂ ਨੂੰ ਸਿੱਖਿਆ ਪ੍ਰਾਪਤੀ ਦੇ ਬਰਾਬਰੀ ਲਿਆਉਣ ਵਾਲੇ ਅਵਸਰ ਪ੍ਰਦਾਨ ਕਰਨ ਲਈ ਕਾਮਨ ਸਕੂਲ ਪ੍ਰਣਾਲੀ ਲਾਗੂ ਕਰਨਾ। ਦੂਜਾ-ਦੇਸ਼ ਦੇ ਸਮੁੱਚੇ ਜਨ-ਸਮੂਹਾਂ ਲਈ ਸਿਹਤ ਸੰਭਾਲ ਦੇ ਸੰਵਿਧਾਨਕ ਹੱਕ ਦੀ ਕਾਨੂੰਨੀ ਵਿਵਸਥਾ ਸਥਾਪਤ ਕਰਨਾ। ਤੀਜਾ-ਦੇਸ਼ ਦੇ ਹਰ ਪੜ੍ਹੇ-ਲਿਖੇ ਨੌਜਵਾਨ ਲਈ ਯੋਗਤਾ ਅਤੇ ਦੇਸ਼ ਦੀ ਲੋੜ ਅਨੁਸਾਰ ਰੁਜ਼ਗਾਰ ਪ੍ਰਾਪਤੀ ਦਾ ਸੰਵਿਧਾਨਕ ਕਾਨੂੰਨੀ ਹੱਕ ਲਾਗੂ ਕਰਨਾ। ਇਸ ਦੇ ਨਾਲ ਹੀ ਦੇਸ਼ ਦੇ ਮਜ਼ਦੂਰ ਵਰਗ ਲਈ ਉਸ ਦੇ ਮਨੁੱਖੀ ਸਮਾਜਿਕ ਸਵੈਮਾਣ ਨੂੰ ਸੁਰੱਖਿਅਤ ਕਰਦੀ ਘੱਟੋ-ਘੱਟ ਉਜਰਤ ਪ੍ਰਣਾਲੀ ਅਤੇ ਕਿਸਾਨਾਂ ਦੀਆਂ ਫ਼ਸਲਾਂ ਦੇ ਘੱਟੋ-ਘੱਟ ਮੁੱਲ ਦੀ ਗਰੰਟੀ, ਜੋ ਦੇਸ਼ ਦੇ ਵਿਕਾਸ ਨਾਲ ਜੁੜੇ ਫੈਸਲਾਕੁਨ ਮੁੱਦੇ ਹਨ, ਵੀ ਸੰਜੀਦਗੀ ਨਾਲ ਆਰਥਿਕ ਨੀਤੀਆਂ ਦਾ ਹਿੱਸਾ ਬਣਾਉਣੇ ਜ਼ਰੂਰੀ ਹਨ। ਕੋਈ ਵੀ ਸਰਕਾਰ ਜੋ ਇਨ੍ਹਾਂ ਆਰੰਭਕ ਗੱਲਾਂ ਦੀ ਵਿਵਸਥਾ ਲਾਗੂ ਨਹੀਂ ਕਰਦੀ, ਉਸ ਸਰਕਾਰ ਦੀ ਕਾਰਕਰਦਗੀ ਲੋਕਤੰਤਰਕ ਨਹੀਂ ਹੋ ਸਕਦੀ, ਚੋਣਾਂ ਵਿੱਚ ਉਸ ਨੇ ਭਾਵੇਂ ਕਿੰਨੀਆਂ ਸੀਟਾਂ ਵੀ ਜਿੱਤੀਆਂ ਕਿਉਂ ਨਾ ਹੋਣ।

ਅੰਤ ਵਿੱਚ ਇਹ ਅਨੁਭਵ ਬਣਦਾ ਹੈ ਕਿ ਸੰਸਾਰ ਪੱਧਰ ਤੇ ਦੇਸ਼ ਪੱਧਰ 'ਤੇ ਖੁਰ ਰਹੇ ਲੋਕਤੰਤਰ, ਵਧ ਰਹੇ ਗਰੀਬ-ਅਮੀਰ ਦੇ ਪਾੜੇ ਅਤੇ ਨਿਰੰਤਰ ਵਧ ਰਹੀ ਬੇਰੁਜ਼ਗਾਰੀ ਵਾਲੀਆਂ ਸਥਿਤੀਆਂ ਨੂੰ ਬਦਲਣ ਲਈ ਅਤੇ ਮਨੁੱਖਤਾ ਪੱਖੀ ਸਹਿਹੋਂਦ ਨੂੰ ਅਧਾਰ ਬਣਾਉਣ ਲਈ ਵੱਡੀ ਲੋੜ ਹੈ ਵਿਸ਼ਾਲ ਚੇਤੰਨ ਜਨਤਕ ਲਾਮਬੰਦੀ ਅਤੇ ਲੋਕ ਲਹਿਰ ਦੀ ਉਸਾਰੀ, ਕਿਉਂਕਿ ਲੋਕਤੰਤਰ ਦੀ ਰਾਖੀ ਲੋਕਾਂ ਦੀ ਲੋੜ ਹੁੰਦੀ ਹੈ ਅਤੇ ਇਸ ਦੀ ਰਾਖੀ ਵੀ ਲੋਕਾਂ ਨੇ ਹੀ ਕਰਨੀ ਹੁੰਦੀ ਹੈ।

**# ਸੰਪਰਕ : 94177-51888**

30-DEC-PAGE-5.qxd 12/29/2024 9:57 PM Page 1



# ਅੰਗਹੀਣਾਂ ਵੱਲੋਂ ਮਾਨਸਾ 'ਚ ਲੜੀਵਾਰ ਰੋਸ ਧਰਨਾ ਸ਼ੁਰੂ

## ਪੰਜਾਬ ਸਰਕਾਰ 'ਤੇ ਚੋਣ ਵਾਅਦਿਆਂ ਤੋਂ ਭੱਜਣ ਦੇ ਲਗਾਏ ਦੋਸ਼



**ਮਾਨਸਾ (ਆਤਮਾ ਸਿੰਘ ਪਮਾਰ)**

ਫਿਜੀਕਲੀ ਹੈਂਡੀਕੈਪਡ ਐਸੋਸੀਏਸ਼ਨ ਵੱਲੋਂ ਅੰਗਹੀਣ ਵਰਗ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਦੇ ਸਬੰਧੀ ਅੱਜ ਇੱਥੋਂ ਦੇ ਬੱਸ ਅੱਡੇ ਨੇੜੇ ਠੀਕਰੀਵਾਲਾ ਚੌਕ 'ਚ ਲੜੀਵਾਰ ਰੋਸ ਧਰਨਾ ਸ਼ੁਰੂ ਕਰ ਦਿੱਤਾ ਹੈ।

ਆਗੂਆਂ ਨੇ ਗੱਲ ਬਾਤ ਦੌਰਾਨ ਦੱਸਿਆ ਕਿ ਪੰਜਾਬ ਆਪ ਦੇ ਵਿਧਾਇਕਾਂ ਤੇ ਵਜ਼ੀਰਾਂ ਨੂੰ ਅਨੇਕਾਂ ਮੰਗ ਪੱਤਰ ਦਿੱਤੇ ਅਤੇ ਫਿਰ ਯਾਦ ਪੱਤਰ ਵੀ ਦਿੱਤੇ ਜਾ ਚੁੱਕੇ ਹਨ, ਪ੍ਰੰਤੂ ਸਾਡੀ ਫ਼ਰਿਆਦ ਨੂੰ ਅਣਗੌਲਿਆ ਕੀਤਾ ਗਿਆ।ਇਸ ਕਰਕੇ ਸਰਕਾਰ ਵਿਰੁੱਧ ਰੋਸ ਜ਼ਾਹਰ ਕਰਨ ਲਈ ਇਹ ਰੋਸ ਧਰਨਾ ਲਗਾਉਣ ਦਾ ਫੈਸਲਾ ਲੈਣਾ ਪਿਆ ਹੈ।ਉਨ੍ਹਾਂ ਕਿਹਾ ਕਿ ਰੋਸ ਧਰਨਾ ਰੋਜ਼ਾਨਾ 11 ਵਜੇ ਤੋਂ 2 ਵਜੇ ਤੱਕ ਲਾਗਾਇਆ ਜਾਵੇਗਾ ਤੇ ਧਰਨੇ 'ਤੇ 10 ਅੰਗਹੀਣ ਸਾਥੀ ਬੈਠਿਆਂ ਕਰਨਗੇ।ਅੱਜ ਦੇ ਧਰਨੇ 'ਚ ਮਜ਼ਦੂਰ ਮੁਕਤੀ ਮੋਰਚਾ (ਲਿਬਰੇਸ਼ਨ) ਦੇ ਆਗੂ ਗੁਰਸੇਵਕ ਸਿੰਘ ਮਾਨਬੀਬੜੀਆਂ ਤੇ ਭਾਰਤੀ ਕਿਸਾਨ ਯੂਨੀਅਨ (ਡਕੌਂਦਾ) ਦੇ ਜਨਰਲ ਸਕੱਤਰ ਬਲਵਿੰਦਰ ਸਿੰਘ ਸੱਦਾ ਸਿੰਘ ਵਾਲਾ ਨੇ ਸ਼ਮੂਲੀਅਤ ਕਰਕੇ ਹਮਾਇਤ ਦਾ ਐਲਾਨ ਕੀਤਾ।

ਐਸੋਸੀਏਸ਼ਨ ਦੇ ਪ੍ਰਧਾਨ ਅਵਿਨਾਸ਼ ਸ਼ਰਮਾ ਨੇ ਦੋਸ਼ ਲਾਇਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲਗਾਤਾਰ ਅੰਗਹੀਣਾਂ ਨੂੰ ਖੱਜਲ-ਖੁਆਰ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਵੋਟਾਂ ਤੋਂ ਪਹਿਲਾਂ ਅੰਗਹੀਣਾਂ ਦੇ ਧਰਨਿਆਂ 'ਚ ਸ਼ਮੂਲੀਅਤ ਕਰਕੇ ਆਪਣੀ ਸਰਕਾਰ ਬਣਨ 'ਤੇ ਮੰਗਾਂ ਪੂਰੀਆਂ ਕਰਨ ਦਾ ਭਰੋਸਾ ਦੇਣ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਹੁਣ ਅੰਗਹੀਣਾਂ ਨੂੰ ਦਰਕਿਨਾਰ ਕਰ ਰਹੀ ਹੈ।ਬਲਾਕ ਪ੍ਰਧਾਨ ਅਸੀਮ ਗੋਇਲ, ਸ਼ਹਿਰੀ ਪ੍ਰਧਾਨ ਵਿਜੇ ਮੌਂਗਾ ਤੇ ਭੀਮ ਭੁਪਾਲ ਨੇ ਕਿਹਾ ਕਿ ਬੇਰੋਜ਼ਗਾਰੀ ਕਾਰਨ ਉਨ੍ਹਾਂ ਦੀ ਉਮਰ ਤੇ ਜ਼ਿੰਮੇਵਾਰੀਆਂ ਦਾ ਬੋਝ ਵਧਦਾ ਜਾ ਰਿਹਾ ਹੈ।ਇਸ ਲਈ ਪੰਜਾਬ ਸਰਕਾਰ ਪੜ੍ਹੇ-ਲਿਖੇ ਅੰਗਹੀਣ ਵਿਅਕਤੀਆਂ ਨੂੰ ਰਾਖਵੇਂ ਕੋਟੇ ਅਧੀਨ ਖਾਲੀ ਪਈਆਂ ਹਜ਼ਾਰਾਂ ਅਸਾਮੀਆਂ ਨੂੰ ਭਰਨ, ਪੈਨਸ਼ਨ ਰਾਸ਼ੀ ਵਧਾ ਕੇ ਪੰਜ ਹਜ਼ਾਰ ਰੁਪਏ ਕਰਨ ਦਾ ਪ੍ਰਬੰਧ ਕਰੇ।ਇਸ ਤੋਂ ਇਲਾਵਾ ਉਨ੍ਹਾਂ ਦੀਆਂ ਪਤਨੀਆਂ ਸਮੇਤ ਦੋ ਬੱਚਿਆਂ ਨੂੰ ਪਿਛਲੀਆਂ ਸਰਕਾਰਾਂ ਵੱਲੋਂ ਵਿੱਤੀ ਸਹਾਇਤਾ ਸਕੀਮ ਅਧੀਨ ਪੈਨਸ਼ਨ ਦਿੱਤੀ ਜਾਂਦੀ ਸੀ, ਪਰ ਹੁਣ ਆਪ ਸਰਕਾਰ ਵੱਲੋਂ ਇਸ 'ਤੇ ਰੋਕ ਲਗਾ ਦਿੱਤੀ ਹੈ, ਅਜਿਹਾ ਕਰਕੇ ਪੰਜਾਬ ਸਰਕਾਰ ਵੱਲੋਂ ਅੰਗਹੀਣ ਵਰਗ ਨਾਲ ਸਰੇਆਮ ਧੱਕਾ ਹੈ।ਉਨ੍ਹਾਂ ਮੰਗ ਕੀਤੀ ਕਿ ਪੰਜਾਬ ਸਰਕਾਰ ਅੰਗਹੀਣਾਂ ਦੇ ਪਰਿਵਾਰਕ ਮੈਂਬਰਾਂ ਨੂੰ ਮਿਲਣ ਵਾਲੀ ਵਿੱਤੀ ਸਹਾਇਤਾ ਸਕੀਮ ਨੂੰ ਮੁੜ ਬਹਾਲ ਕਰੇ ਨਹੀਂ ਤਾਂ ਉਹ ਸੰਘਰਸ਼ ਨੂੰ ਹੋਰ ਤੇਜ਼ ਕਰਨ ਲਈ ਮਜਬੂਰ ਹੋਣਗੇ।ਇਸ ਮੌਕੇ ਅਜਮੇਰ ਸਿੰਘ ਬਰੇਟਾ, ਗਮਦੂਰ ਸਿੰਘ ਬੁਢਲਾਡਾ, ਭੀਮ ਭੁਪਾਲ, ਅਸੀਮ ਗੋਇਲ, ਵਿਜੇ ਮੌਂਗਾ, ਬਲਵਿੰਦਰ ਸਿੰਘ, ਜਗਮੇਲ ਸਿੰਘ, ਗੁਰਪ੍ਰੀਤ ਸਿੰਘ, ਸੱਜਨ ਸਿੰਘ, ਰਾਜ ਸਿੰਘ, ਪਾਲੋ ਕੌਰ, ਜਸਵੀਰ ਕੌਰ, ਸਤਿਕਾਰ ਕੌਰ, ਕੁਲਵਿੰਦਰ ਕੌਰ, ਸਤਿਗੁਰ ਸਿੰਘ, ਨਸੀਬ ਕੌਰ, ਰਾਜ ਕੌਰ, ਮਹਿੰਦਰ ਕੌਰ, ਜਸਪਾਲ ਸਿੰਘ, ਸਮਿਤ ਕੁਮਾਰ, ਤਰਸੇਮ ਸਿੰਘ, ਹਰਜੀਤ ਸਿੰਘ, ਅੰਮ੍ਰਿਤਪਾਲ ਸਿੰਘ ਮੌਜੀਆਂ ਆਦਿ ਮੌਜੂਦ ਸਨ।

# ਡੱਲੇਵਾਲ ਦਾ ਮਰਨ ਵਰਤ ਜਾਰੀ, ਕਿਸਾਨ ਯੂਨੀਅਨਾਂ ਤੇ ਸਰਕਾਰ ਆਹਮੋ-ਸਾਹਮਣੇ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਜਗਜੀਤ ਸਿੰਘ ਡੱਲੇਵਾਲ ਦੇ ਮਰਨ ਵਰਤ ਰੱਖਣ ਤੋਂ ਬਾਅਦ ਖਿਲਰੀਆਂ ਹੋਈਆਂ ਕਿਸਾਨ ਯੂਨੀਅਨਾਂ ਤੇ ਬੇਲਾਗ ਹੋਈਆਂ ਸਿਆਸੀ ਪਾਰਟੀਆਂ ਨੂੰ ਖਨੌਰੀ ਬਾਰਡਰ ਯਾਦ ਆਉਣ ਲੱਗਾ ਹੈ।ਕਿਸਾਨ ਯੂਨੀਅਨਾਂ ਦਾ ਕਾਡਰ ਆਪੋ ਆਪਣੀਆਂ ਲੀਡਰਸ਼ਿਪਾਂ ਨੂੰ ਘੋਲਾਂ 'ਚ ਸ਼ਾਮਲ ਹੋਣ ਲਈ ਤੇ ਡੱਲੇਵਾਲ ਦੀ ਜਾਨ ਬਚਾਉਣ ਲਈ ਮਜ਼ਬੂਰ ਕਰ ਰਿਹਾ ਹੈ।

ਇਹ ਵੱਖਰੀ ਗੱਲ ਹੈ ਕਿ ਪਹਿਲਾਂ ਡੱਲੇਵਾਲ-ਪੰਧੇਰ ਗੱਠਜੋੜ ਨੇ ਸਾਰੀਆਂ ਕਿਸਾਨ ਯੂਨੀਅਨਾਂ ਨੂੰ ਪਾਸੇ ਛੱਡਦਿਆਂ ਮੋਰਚਾ ਸ਼ੁਰੂ ਕੀਤਾ ਸੀ, ਜਿਸ ਨੂੰ ਸਰਕਾਰ ਨੇ ਭੋਰਾ ਭਰ ਵੀ ਨਹੀਂ ਗੌਲਿਆ।ਦਿੱਲੀ ਨੂੰ ਪੈਦਲ ਜਾਣ ਵਾਲੇ ਕਿਸਾਨ ਜਥਿਆਂ ਦਾ ਹਰਿਆਣਾ ਪੁਲਸ ਨੇ ਅੱਥਰੂਗੈਸ ਤੇ ਪਲਾਸਟਿਕ ਦੀਆਂ ਗੋਲੀਆਂ ਨਾਲ ਸਵਾਗਤ ਕੀਤਾ।ਪ੍ਰਧਾਨ ਮੰਤਰੀ ਨੇ ਅਜੇ ਤੱਕ ਡੱਲੇਵਾਲ ਦੀਆਂ ਚਿੱਠੀਆਂ ਦਾ ਜਵਾਬ ਦੇਣ ਦੀ ਹਿਕਾਮਤ ਨਹੀਂ ਕੀਤੀ।ਇੱਥੋਂ ਤੱਕ ਕਿ ਸਰਕਾਰ ਨੇ ਅਜੇ ਤੱਕ ਕਿਸਾਨਾਂ ਨਾਲ ਰਸਮੀ ਮੀਟਿੰਗ ਕਰਨ ਦੀ ਭੋਰਾ ਭਰ ਵੀ ਗੱਲ ਨਹੀਂ ਕੀਤੀ।ਅਦਾਲਤਾਂ ਵੀ ਡੱਲੇਵਾਲ ਦੀ ਭਾਸ਼ਾ 'ਚ ਕੇਂਦਰ ਦੀ ਗੱਲ ਕਰ ਰਹੀਆਂ ਹਨ।ਕੇਂਦਰ ਨੂੰ ਮੰਗਾਂ ਮੰਨਣ ਦੀ ਥਾਂ ਉਸ ਦੀ ਭੁੱਖ ਹੜਤਾਲ ਤੁੜਵਾਉਣ ਲਈ ਕਹਿ ਰਹੀਆਂ ਹਨ।ਸੁਪਰੀਮ ਕੋਰਟ ਨੇ ਪੰਜਾਬ ਸਰਕਾਰ 'ਤੇ ਅਦਾਲਤ ਦੀ ਹੁਕਮ ਅਦੂਲੀ (ਹੱਤਕ ਇੱਜ਼ਤ) ਕਰਨ ਦਾ ਐਲਾਨ ਕਰਦਿਆਂ ਅਗਲੀ ਤਾਰੀਖ 'ਤੇ ਤਿਆਰ ਰਹਿਣ ਦਾ ਆਦੇਸ਼ ਦੇ ਦਿੱਤਾ ਹੈ।ਉੱਧਰ ਸੰਯੁਕਤ ਕਿਸਾਨ ਮੋਰਚੇ (ਗੈਰ-ਸਿਆਸੀ) ਨੇ 30 ਦਸੰਬਰ ਨੂੰ ਪੰਜਾਬ ਬੰਦ ਤੇ 4 ਜਨਵਰੀ ਨੂੰ ਖਨੌਰੀ ਬਾਰਡਰ 'ਤੇ ਸਾਰੇ ਦੇਸ਼ ਤੋਂ ਇਕੱਠ ਕਰਨ ਦਾ ਸੱਦਾ ਦਿੱਤਾ ਹੈ।ਮੋਦੀ ਸਰਕਾਰ ਅਜੇ ਕਿਸਾਨਾਂ ਦੇ ਭੈਅ ਤੋਂ ਬੇਖੌਫ ਉਨ੍ਹਾਂ ਨੂੰ ਅਣਗੌਲਿਆ ਕਰਕੇ ਤਿੰਨ ਖੇਤੀ ਕਾਨੂੰਨ ਲਾਗੂ ਕਰਨ ਦੀ ਵਿਉਂਤ ਬਣਾ ਰਹੀ ਹੈ।ਹਾਲਾਤ ਅਜਿਹੇ ਬਣਦੇ ਜਾ ਰਹੇ ਹਨ ਕਿ ਸਰਕਾਰ ਆਪਣੀ ਹੇਠੀ ਦਾ ਬਦਲਾ ਲੈਣ ਲਈ ਤੇ ਕਾਰਪੋਰੇਟਾਂ ਲਈ ਖੇਤੀ ਨੂੰ ਹੜੱਪਣ ਦਾ ਰਾਹ ਖੋਲ੍ਹਣ ਲਈ ਮੁੜ ਕਾਹਲੀ ਵਿੱਚ ਹੈ।ਉਹ ਕਿਸਾਨਾਂ ਦੇ ਖਿੰਡਾਅ ਨੂੰ ਗਣੀਮਤ ਮੌਕਾ ਜਾਣ ਕੇ ਸੂਬਾ ਸਰਕਾਰਾਂ ਨੂੰ ਖੇਤੀ ਮਾਰਕੀਟਿੰਗ ਦਾ ਨਵਾਂ ਖਰੜਾ ਭੇਜ ਕੇ ਪਾਸ ਕਰਵਾਉਣਾ ਚਾਹੁੰਦੀ ਹੈ।

ਹੁਣ ਬਾਜ਼ੀ ਕਿਸਾਨ ਯੂਨੀਅਨਾਂ ਦੀ ਲੀਡਰਸ਼ਿਪ ਦੇ ਹੱਥ 'ਚ ਹੈ।ਉਹ ਚਾਹੁਣ ਤਾਂ ਮੋਦੀ ਸਰਕਾਰ ਨੂੰ ਦਿੱਲੀ ਮੋਰਚੇ ਦੀ ਤਰ੍ਹਾਂ ਉਲਟੀ ਬਾਜ਼ੀ ਵੀ ਲਗਾ ਸਕਦੀਆਂ ਹਨ ਅਤੇ ਆਪਣੀ ਹਾਊਮੈਂ ਨੂੰ ਪੱਠੇ ਪਾਉਣ ਲਈ ਖਿੰਡਾਅ ਮੁਖੀ ਵਰਤਾਰੇ ਨੂੰ ਹੋਰ ਹਵਾ ਦੇ ਕੇ ਸਰਕਾਰ ਲਈ ਕਾਲੇ ਕਾਨੂੰਨਾਂ ਨੂੰ ਨਵੇਂ ਰੂਪ 'ਚ ਲਿਆਉਣ ਲਈ ਰਾਹ ਵੀ ਖੋਲ੍ਹ ਸਕਦੀਆਂ ਹਨ।ਡੱਲੇਵਾਲ ਅੱਜ ਤੱਕ ਆਪਣੇ ਸੰਕਲਪ 'ਤੇ ਦ੍ਰਿੜ ਹਨ। ਉਹ ਕਹਿ ਰਹੇ ਹਨ ਕਿ ਜਾਂ ਤਾਂ ਸਰਕਾਰ ਐੱਮ ਐੱਸ ਪੀ ਨੂੰ ਕਾਨੂੰਨੀ ਰੂਪ ਦੇਵੇ, ਨਹੀਂ ਤਾਂ ਮੇਰੀ ਜਾਨ ਲੈ ਲਵੇ।ਹੁਣ ਸਭ ਤੋਂ ਗੰਭੀਰ ਸਵਾਲ ਇਹ ਖੜ੍ਹਾ ਹੋ ਗਿਆ ਹੈ ਕਿ ਜੇਕਰ ਸਰਕਾਰ ਨਹੀਂ ਮੰਨਦੀ ਤੇ ਡੱਲੇਵਾਲ ਸ਼ਹੀਦੀ ਪਾ ਜਾਂਦੇ ਹਨ ਤਾਂ ਅੱਗੇ ਕੀ ਹੋਵੇਗਾ? ਕੀ ਕਿਸਾਨ ਚੁੱਪ ਚਾਪ ਇਹ ਸਹਿਣ ਕਰ ਲੈਣਗੇ ਜਾਂ ਇਹ ਅੱਗ ਹੋਰ ਭੜਕ ਜਾਵੇਗੀ? ਇਹ ਸਵਾਲ ਕਿਸਾਨਾਂ ਦੇ ਨਾਲ ਸਰਕਾਰਾਂ ਨੂੰ ਵੀ ਬੇਚੈਨ ਕਰ ਰਿਹਾ ਹੈ।

# ਬੀ ਕੇ ਯੂ ਲੱਖੋਵਾਲ ਨੇ ਮਨਾਇਆ ਮਾਤਾ ਗੁਜਰੀ ਤੇ ਸਾਹਿਬਜ਼ਾਦਿਆਂ ਦਾ ਸ਼ਹੀਦੀ ਦਿਹਾੜਾ



**ਮੋਗਾ (ਇਕਬਾਲ ਸਿੰਘ ਖਹਿਰਾ)**

ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਮੀਡੀਆ ਇੰਚਾਰਜ ਬਲਕਰਨ ਸਿੰਘ ਢਿੱਲੋਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੀਕੇਯੂ ਲੱਖੋਵਾਲ ਦੇ ਮੋਗਾ ਜ਼ਿਲ੍ਹਾ ਦਫਤਰ ਵਿਖੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਤੇ ਸਮੁੱਚੀ ਜ਼ਿਲ੍ਹਾ ਲੱਖੋਵਾਲ ਟੀਮ ਵੱਲੋਂ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਰਿਵਾਰ ਵਿਛੋੜਾ, ਚਾਰੇ ਸਾਹਿਬਜ਼ਾਦਿਆਂ ਮਾਤਾ ਗੁਜਰ ਕੌਰ ਤੇ ਨਾਲ ਸ਼ਹੀਦ ਹੋਏ ਸਮੂਹ ਸਿੰਘ ਸਿੰਘਣੀਆਂ ਦੀਆਂ ਸ਼ਹਾਦਤਾਂ ਨੂੰ ਮੁੱਖ ਰੱਖਦੇ ਹੋਏ ਗਿਆਨੀ ਸਰਬਜੀਤ ਸਿੰਘ ਵੱਲੋਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠਾਂ ਦੇ ਭੋਗ ਪਾਉਣ ਉਪਰੰਤ ਗਿਆਨੀ ਪਰਮਿੰਦਰ ਸਿੰਘ ਜੀ ਅਨੰਦਪੁਰ ਸਾਹਿਬ ਵਾਲਿਆਂ ਨੇ ਸ਼ਹੀਦਾਂ ਦੀਆਂ ਸ਼ਹੀਦੀਆਂ 'ਤੇ ਕਥਾ ਵਿਚਾਰਾਂ ਕੀਤੀਆਂ। ਉਪਰੰਤ ਕੜਾਹ ਪ੍ਰਸ਼ਾਦ ਦੀ ਦੇਗ ਵਰਤਣ ਤੋਂ ਬਾਅਦ ਗੁਰੂ ਕੇ ਲੰਗਰ ਵੱਡਾ ਗੁਰਦੁਆਰਾ ਸਾਹਿਬ ਪਿੰਡ ਖੋਸਾ ਰਣਧੀਰ ਤੋਂ ਸੇਵਾਦਾਰ ਜਗਪਾਲ ਸਿੰਘ, ਮੱਖਣ ਸਿੰਘ, ਸੇਵਕ ਸਿੰਘ ਲੈ ਕੇ ਆਏ, ਜੋ ਨਾਲ ਦਾਲ ਪ੍ਰਸ਼ਾਦਾ ਤੇ ਦੁੱਧ ਦੇ ਲੰਗਰ ਅਤੁੱਟ ਚਲਾਏ ਗਏ। ਇਸ ਸਮੇਂ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਸਮੂਹ ਆਗੂਆਂ ਨੇ ਕਿਹਾ ਕਿ ਅਸੀਂ ਵੱਧ ਤੋਂ ਵੱਧ ਕੋਸ਼ਿਸ਼ ਕਰਾਂਗੇ ਕਿ ਅਸੀਂ ਦਫਤਰ ਵਿੱਚ ਇਹੋ ਜਿਹੇ ਧਾਰਮਿਕ ਪ੍ਰੋਗਰਾਮ ਕਰਵਾਉਂਦੇ ਰਹੀਏ ਤਾਂ ਜੋ ਗੁਰੂ ਗ੍ਰੰਥ ਸਾਹਿਬ ਜੀ ਕਿਸਾਨਾਂ ਤੇ ਕਿਸਾਨੀ ਉੱਪਰ ਆਪਣਾ ਮਿਹਰ ਭਰਿਆ ਹੱਥ ਰੱਖਣ। ਇਸ ਸਮੇਂ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ, ਰਵਿੰਦਰ ਸਿੰਘ ਭੋਲਾ ਜ਼ਿਲ੍ਹਾ ਜਨਰਲ ਸਕੱਤਰ, ਸੂਬਾ ਮੀਤ ਪ੍ਰਧਾਨ ਗੁਲਜਾਰ ਸਿੰਘ ਘੱਲ ਕਲਾਂ, ਸੂਬਾ ਮੀਤ ਪ੍ਰਧਾਨ ਭੁਪਿੰਦਰ ਸਿੰਘ ਮਹੇਸ਼ਰੀ, ਸੂਬਾ ਮੀਤ ਪ੍ਰਧਾਨ ਮੁਖਤਿਆਰ ਸਿੰਘ ਦੀਨਾ ਸਾਹਿਬ, ਸੂਬਾ ਮੀਤ ਪ੍ਰਧਾਨ ਪ੍ਰੀਤਮ ਸਿੰਘ ਬਰਾੜ ਬਾਘਾ ਪੁਰਾਣਾ, ਗੁਰਬਚਨ ਸਿੰਘ ਚੰਨੂਆਣਾ ਸੂਬਾ ਆਗੂ, ਮੁਕੰਦ ਕਮਲ ਬਾਘਾ ਪੁਰਾਣਾ, ਪ੍ਰਕਾਸ਼ ਸਿੰਘ ਇਕਾਈ ਪ੍ਰਧਾਨ, ਮਨਜੀਤ ਸਿੰਘ ਬਲਾਕ ਪ੍ਰਧਾਨ, ਲਖਵਿੰਦਰ ਸਿੰਘ ਰੌਲੀ, ਸਾਬਕਾ ਜ਼ਿਲ੍ਹਾ ਮੀਤ ਪ੍ਰਧਾਨ ਸੁਖਦੇਵ ਸਿੰਘ ਚੋਟੀਆਂ, ਜ਼ਿਲ੍ਹਾ ਮੀਤ ਪ੍ਰਧਾਨ ਜੱਗੀ ਬਾਘਾ ਪੁਰਾਣਾ, ਸੂਬਾ ਆਗੂ ਮੰਦਰਜੀਤ ਸਿੰਘ ਮਨਾਵਾਂ, ਸੂਬਾ ਆਗੂ ਹਰਨੇਕ ਸਿੰਘ ਫਤਿਹਗੜ੍ਹ, ਪਿਛੌਰਾ ਸਿੰਘ ਬਲਾਕ ਪ੍ਰਧਾਨ, ਸੁਖਮੀਤ ਸਿੰਘ ਬਲਾਕ ਪ੍ਰਧਾਨ, ਗੁਰਦੇਵ ਸਿੰਘ ਬਾਘਾ ਪੁਰਾਣਾ ਬਲਾਕ ਪ੍ਰਧਾਨ, ਹਰਭਗਵਾਨ ਸਿੰਘ ਚੋਟੀਆਂ, ਨਿਰਮਲ ਸਿੰਘ ਬਲਾਕ ਪ੍ਰਧਾਨ, ਗੁਰਮੇਲ ਸਿੰਘ ਡਰੋਲੀ ਭਾਈ, ਗੁਰਤੇਜ ਸਿੰਘ, ਹਰਜੀਵਨ ਸਿੰਘ ਮੋਗਾ, ਗੁਰਮੀਤ ਸਿੰਘ ਸੰਧੂਆਣਾ,ਸੁਰਿੰਦਰ ਸਿੰਘ ਸੰਧੂਆਣਾ ਆਦਿ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

## ਕਾਤਰਾਂ

### ਨਸ਼ੀਲੀਆਂ ਗੋਲੀਆਂ ਤੇ ਕੈਪਸੂਲ ਬਰਾਮਦ

**ਜਗਰਾਉਂ (ਅਮਿਤ ਖੰਨਾ)**-ਸ੍ਰੀ ਨਵਨੀਤ ਸਿੰਘ ਬੈਂਸ ਪੁਲਿਸ ਕਪਤਾਨ ਲੁਧਿਆਣਾ (ਦਿਹਾਤੀ), ਪਰਮਿੰਦਰ ਸਿੰਘ ਐਸ ਪੀ (ਡੀ) ਲੁਧਿਆਣਾ (ਦਿਹਾਤੀ) ਅਤੇ ਜਸਜਯੋਤ ਸਿੰਘ ਡੀ ਐਸ ਪੀ ਸਿਟੀ ਜਗਰਾਉਂ ਦੇ ਦਿਸ਼ਾ ਨਿਰਦੇਸ਼ਾਂ ਹੇਠ ਐਸ.ਆਈ ਅਮਰਜੀਤ ਸਿੰਘ ਗਿੱਲ ਮੁੱਖ ਅਫਸਰ ਥਾਣਾ ਸਿਟੀ ਜਗਰਾਉਂ ਨੇ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਥਾਣਾ ਸਿਟੀ ਜਗਰਾਉਂ ਵਿੱਚ ਤਾਇਨਾਤ ਐਸ.ਆਈ ਹਰਪ੍ਰੀਤ ਸਿੰਘ ਥਾਣਾ ਸਿਟੀ ਜਗਰਾਉਂ ਨੇ ਸਮੇਤ ਪੁਲਸ ਪਾਰਟੀ ਇਲਾਕੇ ਵਿੱਚ ਗਸ਼ਤ ਦੋਸ਼ੀ ਕਰਨੈਲ ਸਿੰਘ ਪੁੱਤਰ ਕਰਮ ਸਿੰਘ ਪੁੱਤਰ ਹਰਨਾਮ ਸਿੰਘ ਵਾਸੀ ਰੜਾ ਅਗਵਾੜ ਨੇੜੇ ਚੁੰਗੀ ਨੰਬਰ 7 ਜਗਰਾਉਂ ਨੂੰ ਡੱਲਾ ਰੋਡ ਜਗਰਾਉਂ ਤੋਂ ਕਾਬੂ ਕਰਕੇ ਇਸ ਦੇ ਕਬਜ਼ੇ ਵਿੱਚੋਂ ਨਸ਼ੀਲੀਆਂ ਗੋਲੀਆਂ ਮਾਰਕਾ ਗੋਲੀਆਂ ਅਤੇ ਲਾਲ ਰੰਗ ਦੇ ਖੁੱਲ੍ਹੇ ਨਸ਼ੀਲੇ ਕੈਪਸੂਲ ਬ੍ਰਾਮਦ ਕੀਤੇ, ਜਿਸ ਖਿਲਾਫ ਮੁਕੱਦਮਾ ਥਾਣਾ ਸਿਟੀ ਜਗਰਾਉਂ ਦਰਜ ਰਜਿਸਟਰ ਕਰਕੇ ਤਫਤੀਸ਼ ਅਮਲ ਵਿੱਚ ਲਿਆਂਦੀ ਗਈ ਹੈ ਅਤੇ ਦੋਸ਼ੀ ਕੋਲੋਂ ਪੁੱਛਗਿੱਛ ਦੌਰਾਨ ਹੋਰ ਵੀ ਰਿਕਵਰੀ ਦੀ ਸੰਭਾਵਨਾ ਹੈ।

### ਭਾਜਪਾ ਆਗੂ ਗੁਰਪਰਵੇਜ ਸਿੰਘ ਸ਼ੈਲੇ ਸੰਧੂ ਨੂੰ ਸਦਮਾ, ਪਿਤਾ ਦਾ ਦੇਹਾਂਤ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਗੁਰੂਹਰਸਹਾਏ ਵਿਧਾਨ ਸਭਾ ਦੀ ਚੋਣ ਲੜ ਚੁੱਕੇ ਭਾਜਪਾ ਦੇ ਸੀਨੀਅਰ ਆਗੂ ਗੁਰਪਰਵੇਜ ਸਿੰਘ ਸ਼ੈਲੇ ਸੰਧੂ ਨੂੰ ਉਸ ਵੇਲੇ ਭਾਰੀ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਪਿਤਾ ਬਲਰਾਜ ਸਿੰਘ ਸੰਧੂ ਜ਼ੈਲਦਾਰ ਇਸ ਫਾਨੀ ਸੰਸਾਰ ਤੋਂ ਕੂਚ ਕਰ ਗਏ।ਉਨ੍ਹਾਂ ਦਾ ਧਾਰਮਿਕ ਰੀਤੀ ਰਿਵਾਜਾਂ ਅਨੁਸਾਰ ਅੱਜ ਅੰਤਿਮ ਸੰਸਕਾਰ ਕੀਤਾ ਗਿਆ।ਸਿਆਸੀ ਹਲਕਿਆਂ 'ਚ ਵੱਡੀ ਪੈਂਠ ਰੱਖਣ ਵਾਲੇ ਗੁਰੂਹਰਸਹਾਏ ਵਿਧਾਨ ਸਭਾ ਦੇ ਪਿੰਡ ਝੋਕ ਮੋਹੜੇ ਨਾਲ ਸਬੰਧਤ ਬਲਰਾਜ ਸਿੰਘ ਸੰਧੂ ਤਕੜੇ ਜ਼ਿਮੀਂਦਾਰ ਤੇ ਆਪਣੇ ਸਮੇਂ ਦੇ ਫਿਰੋਜ਼ਪੁਰ ਜ਼ਿਲ੍ਹੇ ਦੇ ਉਂਗਲਾਂ 'ਤੇ ਗਿਣੇ ਜਾਣ ਵਾਲੇ ਸਿਆਸੀ ਲੋਕਾਂ ਚੋਂ ਇੱਕ ਸਨ।ਬਲਰਾਜ ਸਿੰਘ ਦੇ ਅਚਨਚੇਤ ਅਕਾਲ ਚਲਾਣੇ 'ਤੇ ਪੂਰੇ ਇਲਾਕੇ 'ਚ ਰੋਸ ਦੀ ਲਹਿਰ ਦੌੜ ਗਈ।ਬਲਰਾਜ ਸਿੰਘ ਸੰਧੂ ਦਾ ਅੰਤਿਮ ਸੰਸਕਾਰ ਸ਼ਨੀਵਾਰ ਨੂੰ ਪਿੰਡ ਝੋਕ ਮੋਹੜੇ, ਵਿਧਾਨ ਸਭਾ ਗੁਰੂਹਰਸਹਾਏ, ਜ਼ਿਲ੍ਹਾ ਫਿਰੋਜ਼ਪੁਰ ਵਿਖੇ ਕੀਤਾ ਗਿਆ। ਇਲਾਕੇ ਦੀਆਂ ਵੱਡੀਆਂ ਹਸਤੀਆਂ ਨੇ ਵੀ ਇਸ ਮੌਕੇ ਹਾਜ਼ਰੀ ਭਰੀ।

### ਕੋਟਕਪੂਰਾ ਵਿਸ਼ਵਾਸ ਲਾਇਨਜ਼ ਕਲੱਬ ਵੱਲੋਂ ਪੰਜਾਬ ਬੰਦ ਦਾ ਸਮਰਥਨ

**ਕੋਟਕਪੂਰਾ (ਰਛਪਾਲ ਭੁੱਲਰ)**-ਕੋਟਕਪੂਰਾ ਵਿਸ਼ਵਾਸ ਲਾਇਨਜ਼ ਕਲੱਬ ਦੇ ਅਹੁਦੇਦਾਰਾਂ ਲਾਇਨ ਰਜਿੰਦਰ ਸਿੰਘ ਸਰਾਂ, ਲਾਇਨ ਐੱਮਜੇਐੱਫ ਗੁਰਦੀਪ ਸਿੰਘ, ਲਾਇਨ ਰਛਪਾਲ ਸਿੰਘ ਭੁੱਲਰ, ਲਾਇਨ ਐਡਵੋਕੇਟ ਚਰਨਜੀਤ ਸਿਡਾਨਾ ਨੇ ਪ੍ਰੈੱਸ ਵਾਰਤਾ ਦੌਰਾਨ ਦੱਸਿਆ ਕਿ ਉਨ੍ਹਾਂ ਦਾ ਕਲੱਬ ਕਿਸਾਨਾਂ ਦੀਆਂ ਸਾਰੀਆਂ ਮੰਗਾਂ ਨਾਲ ਸਹਿਮਤ ਹੈ, ਜਿਸ ਕਾਰਨ 30 ਦਸੰਬਰ ਨੂੰ ਕੀਤੇ ਜਾ ਪੰਜਾਬ ਬੰਦ ਦੀ ਕਾਲ ਦਾ ਸਮਰਥਨ ਕਰਦਾ ਹੈ।ਉਨ੍ਹਾਂ ਹਰ ਵਰਗ ਦੇ ਵਿਅਕਤੀਆਂ ਨੂੰ ਅਪੀਲ ਕੀਤੀ ਹੈ ਕਿ ਪੰਜਾਬ ਬੰਦ ਨੂੰ ਕਾਮਯਾਬ ਕਰਨ ਲਈ ਹਰ ਸੰਭਵ ਸਹਾਇਤਾ ਕੀਤੀ ਜਾਵੇ।ਉਨ੍ਹਾਂ ਪੰਜਾਬ ਸਰਕਾਰ ਤੇ ਕੇਂਦਰ ਸਰਕਾਰ ਨੂੰ ਬੇਨਤੀ ਕੀਤੀ ਕਿ ਕਿਸਾਨਾਂ ਦੀਆਂ ਮੰਗਾਂ ਤੁਰੰਤ ਮੰਨ ਕੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਜਾਨ ਬਚਾਈ ਜਾਵੇ।

# ਕਿਸਾਨ ਯੂਨੀਅਨਾਂ ਵੱਲੋਂ ਅੱਜ ਪੰਜਾਬ ਬੰਦ ਦਾ ਸੱਦਾ, ਸਰਕਾਰੀ ਦਫ਼ਤਰ ਵੀ ਹੋਣਗੇ ਬੰਦ

**ਸ਼ੰਭੂ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕਿਸਾਨਾਂ ਮੰਗਾਂ ਨੂੰ ਲੈ ਕੇ ਚੱਲ ਰਹੇ ਸੰਘਰਸ਼ ਦੇ ਤਹਿਤ ਕਿਸਾਨ ਯੂਨੀਅਨਾਂ ਵੱਲੋਂ 30 ਦਸੰਬਰ ਨੂੰ ਪੰਜਾਬ ਬੰਦ ਦਾ ਸੱਦਾ ਦਿੱਤਾ ਗਿਆ ਹੈ।ਸੋਮਵਾਰ ਨੂੰ ਸਵੇਰੇ 7 ਵਜੇ ਤੋਂ ਸ਼ਾਮ 4 ਵਜੇ ਤੱਕ ਪੰਜਾਬ ਬੰਦ ਦਾ ਐਲਾਨ ਕੀਤਾ ਗਿਆ ਹੈ।ਕਿਸਾਨਾਂ ਵੱਲੋਂ ਸੱਦਾ ਦਿੱਤਾ ਗਿਆ ਹੈ ਕਿ ਭਲਕੇ ਕਿਸਾਨ ਨਾ ਤਾਂ ਸਬਜ਼ੀਆਂ ਲੈ ਕੇ ਆਉਣਗੇ ਤੇ ਨਾ ਹੀ ਕੋਈ ਦੁੱਧ ਦੇਣ ਵਾਲਾ ਦੁੱਧ ਦੇਣ ਲਈ ਸ਼ਹਿਰ ਜਾਵੇਗਾ।ਸਾਰੀਆਂ ਦੁਕਾਨਾਂ ਵੀ ਬੰਦ ਰੱਖਣ ਦਾ ਸੱਦਾ ਦਿੱਤਾ ਗਿਆ ਹੈ। ਇਸ ਬੰਦ ਦੌਰਾਨ ਪੈਟਰੋਲ ਪੰਪ ਤੇ ਗੈਸ ਏਜੰਸੀਆਂ, ਰੇਲ ਸੇਵਾਵਾਂ ਤੇ ਸੜਕੀ ਆਵਾਜਾਈ ਪੂਰੀ ਤਰ੍ਹਾਂ ਠੱਪ ਰਹੇਗੀ।

ਇਸ ਸਮੇਂ ਦੌਰਾਨ, ਸਿਰਫ ਐਮਰਜੈਂਸੀ ਸੇਵਾਵਾਂ ਬਹਾਲ ਕੀਤੀਆਂ ਜਾਣਗੀਆਂ, ਜਿਵੇਂ ਮੈਡੀਕਲ ਸੇਵਾਵਾਂ, ਵਿਆਹ ਪ੍ਰੋਗਰਾਮ, ਹਵਾਈ ਅੱਡੇ ਜਾਣਾ ਆਦਿ।ਇਸ ਦੇ ਨਾਲ ਹੀ ਜੇਕਰ ਕਿਸੇ ਦੀ ਅਹਿਮ ਇੰਟਰਵਿਊ ਹੈ ਤਾਂ ਉਸ ਨੂੰ ਰੋਕਿਆ ਨਹੀਂ ਜਾਵੇਗਾ।ਕਿਸਾਨ ਆਗੂ ਸਰਵਣ ਸਿੰਘ ਪੰਧੇਰ ਨੇ ਕਿਹਾ ਕਿ ਸਵੇਰੇ 7 ਵਜੇ ਤੋਂ ਸ਼ਾਮ 4 ਵਜੇ ਤੱਕ ਪੂਰਾ ਪੰਜਾਬ ਬੰਦ ਰਹੇਗਾ।ਇਸ ਬੰਦ ਨੂੰ ਸਮੂਹ ਦੁਕਾਨਦਾਰਾਂ, ਵਿਦਿਆਰਥੀ ਯੂਨੀਅਨ, ਵਪਾਰੀਆਂ, ਟਰਾਂਸਪੋਰਟਰਾਂ, ਕਿਸਾਨਾਂ ਤੇ ਆਮ ਲੋਕਾਂ ਦਾ ਭਰਪੂਰ ਸਮਰਥਨ ਮਿਲ ਰਿਹਾ ਹੈ।ਉਨ੍ਹਾਂ ਕਿਹਾ ਕਿ ਉਹ ਸਾਰਿਆਂ ਨੂੰ ਇਸ ਬੰਦ ਦਾ ਸਮਰਥਨ ਕਰਨ ਦੀ ਅਪੀਲ ਕਰਦੇ ਹਨ।

# ਪ੍ਰੋ. ਬਡੂੰਗਰ ਤੇ ਸ਼੍ਰੋਮਣੀ ਕਮੇਟੀ ਮੈਂਬਰਾਂ ਨੇ ਗੈਸ ਸਪਲਾਈ ਲਾਈਨ ਦੀ ਕੀਤੀ ਸ਼ੁਰੂਆਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਨੌਂਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਜੋੜ ਮੇਲ ਦੌਰਾਨ ਪਾਵਨ ਅਸਥਾਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਐੱਲ.ਪੀ.ਜੀ. ਗੈਸ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ।ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ ਨਿਰਦੇਸ਼ਾਂ 'ਤੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਤੇ ਬੀਬੀ ਕੁਲਦੀਪ ਕੌਰ ਟੌਹੜਾ ਦੇ ਕਰਮ ਕਮਲਾਂ ਨਾਲ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਗੁਰੂ ਘਰ ਦੇ ਨਿਰੰਤਰ ਚੱਲਦੇ ਲੰਗਰਾਂ ਲਈ ਐਲਪੀਜੀ ਗੈਸ ਪ੍ਰੋਜੈਕਟ ਦਾ ਉਦਘਾਟਨ ਕੀਤਾ ਗਿਆ।

ਇਸ ਮੌਕੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਤੇ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਨੇ ਕਿਹਾ ਕਿ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਵੱਡੀ ਗਿਣਤੀ ਵਿੱਚ ਪੁੱਜੀਆਂ ਸੰਗਤਾਂ ਦੀ ਆਮਦ ਤੇ ਨਿਰੰਤਰ ਚੱਲਦਿਆਂ ਲੰਗਰਾਂ ਲਈ ਕਾਫੀ ਸਮੇਂ ਤੋਂ ਸੰਗਤਾਂ ਦੀ ਹੀ ਮੰਗ ਸੀ, ਜਿਸ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਹੋਰਨਾਂ ਨੇ ਅੰਤ੍ਰਿੰਗ ਕਮੇਟੀ ਦੀ ਪਲੇਠੀ ਬੈਠਕ ਵਿਚ ਇਸ ਮਤੇ ਨੂੰ ਪ੍ਰਵਾਨਗੀ ਦਿੱਤੀ ਸੀ, ਜਿਸ ਤਹਿਤ ਇਹ ਪ੍ਰੋਜੈਕਟ ਸੰਗਤਾਂ ਨੂੰ ਸਮਰਪਿਤ ਕੀਤਾ ਗਿਆ।

ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਤੇ ਸਮੁੱਚੀ ਐਗਜ਼ੈਕਟਿਵ ਦਾ ਧੰਨਵਾਦ ਕੀਤਾ, ਜਿਨ੍ਹਾਂ ਸਦਕਾ ਇਹ ਸਦਕਾ ਦੀ ਮੰਗ ਮੁਕੰਮਲ ਹੋ ਸਕੀ ਹੈ।ਇਸ ਪ੍ਰੋਜੈਕਟ ਦੀ ਸ਼ੁਰੂਆਤ ਹੈੱਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਤੇ ਕਥਾਵਾਚਕ ਗਿਆਨੀ ਪ੍ਰਿਤਪਾਲ ਸਿੰਘ ਵੱਲੋਂ ਕੀਤੀ ਅਰਦਾਸ ਉਪਰੰਤ ਹੋਈ।ਇਸ ਦੌਰਾਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਮੈਨੇਜਰ ਨਿਸ਼ਾਨ ਸਿੰਘ ਜੱਫਰਵਾਲ ਨੇ ਕਿਹਾ ਕਿ ਗੁਰਦੁਆਰਾ ਪ੍ਰਬੰਧ ਅਧੀਨ ਵੱਖ ਵੱਖ ਪ੍ਰੋਜੈਕਟ ਨਿਰਮਾਣ ਅਧੀਨ ਹਨ, ਜਿਸ ਵਿੱਚ ਲੰਗਰ ਇਮਾਰਤ, ਸਰਾਵਾਂ ਆਦਿ ਤੋਂ ਇਲਾਵਾ ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ ਦੇ ਦਫਤਰ ਦਾ ਨਵੀਨੀਕਰਨ ਦੇ ਪ੍ਰੋਜੈਕਟ ਸ਼ਾਮਲ ਹਨ, ਜੋ ਜਲਦ ਮੁਕੰਮਲ ਕਰ ਲਏ ਜਾਣਗੇ।

ਮੈਨੇਜਰ ਨਿਸ਼ਾਨ ਸਿੰਘ ਜੱਫਰਵਾਲ ਨੇ ਕਿਹਾ ਕਿ ਨੌਂਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪਾਵਨ ਅਸਥਾਨ 'ਤੇ ਦੂਰ ਦੁਰਾਡੇ ਤੋਂ ਸੰਗਤਾਂ ਵੱਡੀ ਗਿਣਤੀ ਵਿੱਚ ਨਤਮਸਤਕ ਹੋਣ ਪੁੱਜਦੀਆਂ ਹਨ ਅਤੇ ਗੈਸ ਸਪਲਾਈ ਲਾਈਨ ਦੀ ਸ਼ੁਰੂਆਤ ਨਾਲ ਗੁਰੂ ਘਰ ਦੇ ਲੰਗਰਾਂ ਤੇ ਕੜਾਹ ਪ੍ਰਸ਼ਾਦ ਕਾਊਂਟਰਾਂ ਦੇ ਕਾਰਜਾਂ ਨੂੰ ਹੋਰ ਵੀ ਸੁਚਾਰੂ ਬਣਾਇਆ ਜਾਵੇਗਾ।ਇਸ ਦੌਰਾਨ ਗੁਰਦੁਆਰਾ ਪ੍ਰਬੰਧਕਾਂ ਵੱਲੋਂ ਐੱਲਪੀਜੀ ਗੈਸ ਪ੍ਰੋਜੈਕਟ ਸਥਾਪਤ ਕਰਨ ਵਾਲੀ ਕੰਪਨੀ ਦੇ ਮੈਨੇਜਰ ਤੇ ਸੰਚਾਲਕਾਂ ਨੂੰ ਵੀ ਸਨਮਾਨਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਾਬਾ ਇੰਦਰ ਸਿੰਘ ਕਾਰ ਸੇਵਾ ਵਾਲੇ, ਮੀਤ ਮੈਨੇਜਰ ਭਾਗ ਸਿੰਘ ਚੌਹਾਨ, ਮਨਦੀਪ ਸਿੰਘ ਭਲਵਾਨ, ਅਕਾਊਂਟੈਂਟ ਗੁਰਮੀਤ ਸਿੰਘ, ਭਾਈ ਜਸਵਿੰਦਰ ਸਿੰਘ, ਭਾਈ ਸਰਬਜੀਤ ਸਿੰਘ, ਭਾਈ ਜਗਜੀਤ ਸਿੰਘ ਖਾਲਸਾ, ਭਾਈ ਤਰਸਵੀਰ ਸਿੰਘ, ਭਾਈ ਹਜ਼ੂਰ ਸਿੰਘ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਅਧਿਕਾਰੀ ਅਤੇ ਸਟਾਫ ਮੈਂਬਰ ਆਦਿ ਸ਼ਾਮਲ ਸਨ।

# ਸੀ ਪੀ ਆਈ ਮਾਨਸਾ ਵੱਲੋਂ ਵਿਸ਼ਾਲ ਰਾਜਸੀ ਰੈਲੀ ਅੱਜ, ਕੇਂਦਰੀ ਤੇ ਸੂਬਾਈ ਆਗੂ ਕਰਨਗੇ ਸੰਬੋਧਨ : ਚੌਹਾਨ

## ਰੈਲੀ ਦੀਆਂ ਤਿਆਰੀਆਂ ਮੁਕੰਮਲ, ਹਜ਼ਾਰਾਂ ਕਿਰਤੀ ਲੋਕ ਹੋਣਗੇ ਸ਼ਾਮਲ



**ਮਾਨਸਾ (ਆਤਮਾ ਸਿੰਘ ਪਮਾਰ)**

ਸੀ ਪੀ ਆਈ ਦੀ 100ਵੀਂ ਵਰ੍ਹੇਗੰਢ ਨੂੰ ਸਮਰਪਤ ਵਿਸ਼ਾਲ ਰਾਜਸੀ ਰੈਲੀ ਅੱਜ 30 ਦਸੰਬਰ ਨੂੰ ਮਾਨਸਾ ਦੀ ਨਵੀਂ ਅਨਾਜ ਮੰਡੀ 'ਚ ਹੋ ਰਹੀ ਹੈ।ਰੈਲੀ ਨੂੰ ਸੰਬੋਧਨ ਕਰਨ ਲਈ ਕੇਂਦਰੀ ਤੇ ਸੂਬਾਈ ਆਗੂ ਸ਼ਿਰਕਤ ਕਰਨਗੇ।ਉਕਤ ਸ਼ਬਦਾਂ ਦਾ ਪ੍ਰਗਟਾਵਾ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਸਾਥੀ ਕ੍ਰਿਸ਼ਨ ਚੌਹਾਨ ਨੇ ਰੈਲੀ ਦੀਆਂ ਤਿਆਰੀਆਂ ਦੇ ਜਾਇਜ਼ੇ ਮੌਕੇ ਇੱਕ ਪ੍ਰੈੱਸ ਬਿਆਨ ਜਾਰੀ ਕਰਦਿਆਂ ਕੀਤਾ।ਇਸ ਮੌਕੇ ਚੌਹਾਨ ਨੇ ਕਿਹਾ ਕਿ ਆਗੂਆਂ ਵੱਲੋਂ ਕੇਂਦਰ ਦੀ ਮੋਦੀ ਸਰਕਾਰ ਦੀਆਂ ਲੋਕ ਵਿਰੋਧੀ, ਅੰਬਾਨੀ-ਅਡਾਨੀ ਪੱਖੀ ਤੇ ਫੁੱਟ-ਪਾਊ ਫਿਰਕੂ ਨੀਤੀਆਂ ਵਿਰੁੱਧ, ਪੰਜਾਬ ਸਰਕਾਰ ਦੀਆਂ ਨਾਕਾਮੀਆਂ ਨੂੰ ਉਜਾਗਰ ਕਰਨ, ਨਵੀਂ ਖੇਤੀ ਮੰਡੀਕਰਨ ਪਾਲਿਸੀ ਵਿਰੁੱਧ, ਛੋਟੇ ਕਾਰੋਬਾਰ 'ਚੋਂ ਲਗਾਤਾਰ ਸੰਕਟ ਦੇ ਹੋ ਰਹੇ ਸ਼ਿਕਾਰ ਤੋਂ ਬਚਾਉਣ, ਸਮੇਤ ਮਨਰੇਗਾ ਕਾਨੂੰਨ ਨੂੰ ਮਜ਼ਬੂਤ ਕਰਨ ਆਦਿ ਲੋਕ ਪੱਖੀ ਨੀਤੀਆਂ 'ਤੇ ਵਿਚਾਰ ਚਰਚਾ ਕੀਤੀ ਜਾਵੇਗੀ।ਇਸ ਮੌਕੇ ਸ਼ਹਿਰੀ ਸਕੱਤਰ ਰਤਨ ਭੋਲਾ ਨੇ ਸ਼ਹਿਰੀਆਂ ਤੇ ਦੁਕਾਨਦਾਰਾਂ ਨੂੰ ਪ੍ਰਚੂਨ ਵਪਾਰ ਨੂੰ ਬਚਾਉਣ ਲਈ ਰੈਲੀ ਵਿੱਚ ਸ਼ਾਮਲ ਹੋਣ ਦੀ ਪੁਰਜ਼ੋਰ ਅਪੀਲ ਕੀਤੀ।

# ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਸੰਬੰਧੀ ਪ੍ਰਭਾਤ ਫੇਰੀਆਂ ਸ਼ੁਰੂ



**ਜਲਾਲਾਬਾਦ (ਜੀਤ ਕੁਮਾਰ/ਜੰਗੀਰ ਕੌਰ)**-ਧੰਨ-ਧੰਨ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਦਿਹਾੜਾ ਹਰ ਸਾਲ ਦੀ ਤਰ੍ਹਾਂ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਜਲਾਲਾਬਾਦ ਵੱਲੋਂ ਮਨਾਇਆ ਜਾ ਰਿਹਾ ਹੈ। ਇਸ ਪਵਿੱਤਰ ਦਿਹਾੜੇ ਨੂੰ ਲੈ ਕੇ ਪ੍ਰਭਾਤ ਫੇਰੀ ਹਰ ਰੋਜ਼ ਸਵੇਰੇ ਕੱਢੀ ਜਾ ਰਹੀ ਹੈ, ਜਿਸ ਦੇ ਤਹਿਤ ਅੱਜ ਐੱਮ. ਸੀ. ਸਟ੍ਰੀਟ, ਪੁਰਾਣੀ ਕਣਕ ਮੰਡੀ, ਆਰਿਆਂ ਵਾਲਾ ਰੋਡ ਤੇ ਬਾਹਮਣੀਵਾਲਾ ਰੋਡ, ਗਾਂਧੀ ਨਗਰ, ਜੰਮੂ ਬਸਤੀ, ਹਾਈ ਸਕੂਲ ਬਸਤੀ, ਬਾਗ ਕਲੋਨੀ, ਰੇਲਵੇ ਰੋਡ ਪ੍ਰਭਾਤ ਫੇਰੀ ਕੱਢੀ ਗਈ, ਜਿਸ ਵਿੱਚ ਅੰਮ੍ਰਿਤ ਵੇਲੇ ਸੰਗਤਾਂ ਨੇ ਹਾਜ਼ਰੀ ਭਰੀ। 30 ਦਸੰਬਰ ਨੂੰ ਪੁਰਾਣਾ ਸਿਵਲ ਹਸਪਤਾਲ ਰੋਡ, ਭਾਈ ਸੰਤ ਸਿੰਘ ਵਾਲੀ ਗਲੀ, ਇੰਦਰ ਨਗਰੀ, ਗੁਰਦੁਆਰਾ ਰਾਮਗੜ੍ਹੀਆ ਸਾਹਿਬ ਤੇ ਇਹ ਪ੍ਰਭਾਤ ਫੇਰੀ ਪ੍ਰੋਗਰਾਮ ਲਗਾਤਾਰ 3 ਜਨਵਰੀ ਤੱਕ ਚੱਲੇਗਾ।

4 ਜਨਵਰੀ 2025 ਨੂੰ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਅਰੰਭ ਹੋਣਗੇ ਤੇ ਇਸ ਦੇ ਬਾਅਦ 11.30 ਵਜੇ ਜਲਾਲਾਬਾਦ ਸ਼ਹਿਰ ਵਿੱਚ ਵਿਸ਼ਾਲ ਨਗਰ ਕੀਰਤਨ ਪੰਜ ਪਿਆਰਿਆ ਦੀ ਅਗਵਾਈ ਹੇਠ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਹੇਠ ਕੱਢਿਆ ਜਾਵੇਗਾ। 6 ਜਨਵਰੀ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਸਵੇਰੇ 10 ਵਜੇ ਪਾਏ ਜਾਣਗੇ। ਇਸ ਦੇ ਬਾਅਦ ਦੀਵਾਨ ਸਜਾਏ ਜਾਣਗੇ, ਜਿਸ ਵਿੱਚ ਗੁਰਬਾਣੀ ਵਿਚਾਰਾਂ ਸੁਣਾ ਕੇ ਸੰਗਤਾਂ ਨੂੰ ਮਹਾਨ ਰਾਗੀ ਤੇ ਕੀਰਤਨੀ ਜੱਥੇ ਨਿਹਾਲ ਕਰਨਗੇ।

# ਭਾਰਤੀ ਮਾਰਕਸਵਾਦੀ ਕਮਿਊਨਿਸਟ ਪਾਰਟੀ (ਯੂਨਾਈਟਡ) ਦੀ ਸੂਬਾ ਕਮੇਟੀ ਦੀ ਮੀਟਿੰਗ



**ਦੋਰਾਹਾ (ਹਰਮਿੰਦਰ ਸੇਠ)**

ਭਾਰਤੀ ਮਾਰਕਸਵਾਦੀ ਕਮਿਊਨਿਸਟ ਪਾਰਟੀ (ਯੂਨਾਈਟਡ) ਦੀ ਪਵਨ ਕੁਮਾਰ ਕੌਸ਼ਲ ਦੀ ਪ੍ਰਧਾਨਗੀ ਹੇਠ ਹੋਈ ਸੂਬਾ ਕਮੇਟੀ ਦੀ ਮੀਟਿੰਗ ਦੇ ਸ਼ੁਰੂ ਵਿੱਚ ਵਿਸ਼ਵ ਭਰ 'ਚ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਸੰਘਰਸ਼ਾਂ ਦੌਰਾਨ ਕੁਰਬਾਨ ਹੋਏ ਲੋਕਾਂ ਤੇ ਭਾਰਤ ਦੇ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।

ਐੱਮ ਸੀ ਪੀ ਆਈ (ਯੂ) ਦੇ ਕੌਮੀ ਜਨਰਲ ਸਕੱਤਰ ਕਾ. ਕੁਲਦੀਪ ਸਿੰਘ ਸਿੰਘ ਨੇ ਪੇਸ਼ ਕੀਤੀ ਆਪਣੀ ਰਿਪੋਰਟ ਵਿੱਚ ਅੰਤਰ-ਰਾਸ਼ਟਰੀ ਤੇ ਰਾਸ਼ਟਰੀ ਹਾਲਾਤ ਦਾ ਵਰਨਣ ਕਰਦਿਆਂ ਕਿਹਾ ਕਿ ਵਿਸ਼ਵ ਅੱਜ ਆਰਥਕ ਮੰਦੀ ਦੇ ਦੌਰ ਵਿੱਚੋਂ ਦੀ ਗੁਜ਼ਰ ਰਹਾ ਹੈ।ਇਜ਼ਰਾਈਲ-ਪਲਸਤੀਨ ਵਿੱਚਕਾਰ ਯੁੱਧ, ਰੂਸ-ਯੂਕਰੇਨ ਯੁੱਧ ਤੇ ਹੁਣ ਸੀਰੀਆ ਦੇ ਹਾਲਾਤ ਅਤੇ ਇਨ੍ਹਾਂ ਪ੍ਰਤੀ ਅਮਰੀਕਨ ਸਾਮਰਾਜ ਦੀ ਭਰਾ ਮਾਰੂ ਨੀਤੀ ਵਿਸ਼ਵ ਸ਼ਾਂਤੀ ਲਈ ਖਤਰਾ ਬਣੇ ਹੋਏ ਹਨ।ਭਾਰਤ ਅੰਦਰ ਆਰਥਕ ਅਸਮਾਨਤਾ ਵਧਦੀ ਜਾ ਰਹੀ ਹੈ।ਸਰਕਾਰ ਦੀਆਂ ਫਿਰਕਾਪ੍ਰਸਤ ਤੇ ਏਕਾ-ਅਧਿਕਾਰਵਾਦੀ ਨੀਤੀਆਂ ਦੇਸ਼ ਅੰਦਰ ਫਿਰਕੂ ਧਰੁਵੀਕਰਨ ਨੂੰ ਉਤਸ਼ਾਹਤ ਕਰਕੇ ਘੱਟ ਗਿਣਤੀ ਫਿਰਕਿਆਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ।

ਐੱਮ ਸੀ ਪੀ ਆਈ (ਯੂ) ਦੇ ਪੋਲਟਿ ਬਿਊਰੋ ਮੈਂਬਰ ਤੇ ਏ ਆਈ ਕੇ ਐੱਫ ਦੇ ਕੌਮੀ ਪ੍ਰਧਾਨ ਕਾ. ਪ੍ਰੇਮ ਸਿੰਘ ਭੰਗੂ ਨੇ ਦੇਸ਼ ਅੰਦਰ ਕਿਸਾਨਾਂ ਮਜ਼ਦੂਰਾਂ ਤੇ ਆਮ ਲੋਕਾਂ ਦੇ ਆਪਣੀਆਂ ਹੱਕੀ ਮੰਗਾਂ ਅਤੇ ਜਮਹੂਰੀ ਹਕਾਂ ਲਈ ਕੀਤੇ ਜਾ ਰਹੇ ਸੰਘਰਸ਼ਾਂ ਨੂੰ ਕੁਚਲਣ ਲਈ ਅਣ-ਮਨੁੱਖੀ ਤਸ਼ਦਦ ਕੀਤਾ ਜਾ ਰਿਹਾ ਹੈ।ਸਰਕਾਰ ਦੀ ਖੇਤੀ ਨੀਤੀ ਨੂੰ ਸਾਰਿਆਂ ਲਈ ਖਤਰਨਾਕ ਦੱਸਦਿਆਂ ਕਿਹਾ ਕਿ ਇਸ ਰਾਹੀਂ ਖੇਤੀ ਦਾ ਕਾਰਪੋਰੇਟੀਕਰਨ ਕੀਤੇ ਜਾਣਾ, ਠੇਕੇ 'ਤੇ ਅਧਾਰਤ ਖੇਤੀ ਕਰਨਾ, ਫਸਲਾਂ ਦੇ ਭਵਿੱਖੀ ਸੌਦੇ ਕਰਨਾ, ਸਮੁੱਚੇ ਅਨਾਜ ਉੱਪਰ ਕਬਜ਼ਾ ਕਰਨ ਦੀ ਨੀਤੀ ਅਧੀਨ ਖੇਤੀ ਨੂੰ ਕਾਰਪੋਰੇਟ ਘਰਾਣਿਆਂ ਅਧੀਨ ਲਿਆਉਣਾ ਤੇ ਮੰਡੀਕਰਨ ਦੀ ਨੀਤੀ ਆਦਿ ਸ਼ਾਮਲ ਹੈ।

ਮੀਟਿੰਗ ਵਿੱਚ ਮਰਨਵਰਤ ਉੱਤੇ ਬੈਠੇ ਕਿਸਾਨ ਨੇਤਾ ਡੱਲੇਵਾਲ ਦੀ ਵਿਗੜ ਰਹੀ ਸਿਹਤ 'ਤੇ ਚਿੰਤਾ ਪ੍ਰਗਟ ਕਰਦੇ ਹੋਏ ਸਰਕਾਰ ਤੋਂ ਕਿਸਾਨੀ ਮੰਗਾਂ ਨੂੰ ਫੌਰੀ ਤੌਰ 'ਤੇ ਮੰਨ ਕੇ ਉਨ੍ਹਾਂ ਦੀ ਜਾਨ ਬਚਾਉਣ ਦੀ ਮੰਗ ਕੀਤੀ ਗਈ, 9 ਜਨਵਰੀ ਨੂੰ ਸੰਯੁਕਤ ਕਿਸਾਨ ਮੋਰਚਾ ਵੱਲੋਂ ਮੋਗਾ ਵਿਖੇ ਕੀਤੀ ਜਾ ਰਹੀ ਰੈਲੀ ਦਾ ਪੁਰਜ਼ੋਰ ਸਮਰਥਨ ਕੀਤਾ ਗਿਆ, ਠੇਕਾ ਅਧਾਰਤ ਖੇਤੀ, ਮੰਡੀਕਰਨ ਦੀ ਨੀਤੀ, ਖੇਤੀ ਦੇ ਕਾਰਪੋਰੇਟੀਕਰਨ ਕਰਨ ਦੀਆਂ ਨੀਤੀਆਂ ਨੂੰ ਰੱਦ ਕਰਨ ਦੀ ਮੰਗ ਕੀਤੀ ਗਈ।ਪੰਜਾਬ ਦੀ ਵਿਗੜਦੀ ਜਾ ਰਹੀ ਅਮਨ ਕਾਨੂੰਨ ਦੀ ਸਥਿਤੀ ਉੱਪਰ ਚਿੰਤਾ ਪ੍ਰਗਟ ਕਰਦਿਆਂ ਅਜਿਹੇ ਹਾਲਾਤ ਅੰਦਰ ਮੁੱਖ ਮੰਤਰੀ ਵੱਲੋਂ ਆਸਟਰੇਲੀਆ ਜਾਣ ਦੀ ਨਿਖੇਧੀ ਕੀਤੀ।

ਸਥਾਨਕ ਸਰਕਾਰਾਂ ਦੀਆਂ ਹੋਈਆਂ ਚੋਣਾਂ ਦੌਰਾਨ ਹੋਈਆਂ ਧਾਂਦਲੀਆਂ ਤੇ ਕਥਿਤ ਪੁਲਸ ਮੁਕਾਬਲੇ ਵਿੱਚ ਮਾਰੇ ਗਏ ਨੌਜਵਾਨਾਂ ਦੀ ਉੱਚ ਪੱਧਰੀ ਜਾਂਚ ਦੀ ਮੰਗ ਵੀ ਕੀਤੀ ਗਈ।ਮੀਟਿੰਗ ਵਿੱਚ ਹੋਈ ਚਰਚਾ ਵਿੱਚ ਜ਼ੋਰਾ ਸਿੰਘ, ਪ੍ਰੇਮ ਸਿੰਘ, ਇਕਬਾਲ ਸਿੰਘ, ਸਾਹਿਬ ਸਿੰਘ, ਗੁਰਪ੍ਰੀਤ ਨਾਸਤਿਕ, ਪਵਨ ਸੋਗਲਪੁਰ, ਮਲਕੀਤ ਸਿੰਘ ਚੰਡੀਗੜ੍ਹ ਨੇ ਭਾਗ ਲਿਆ।

# ਅੱਜ ਸਬਜ਼ੀ ਮੰਡੀ ਬੰਦ ਰਹੇਗੀ

**ਮਾਲੇਰਕੋਟਲਾ (ਅਸਗਰ ਪਰਿਹਾਰ)**-30 ਦਸੰਬਰ 2024 ਨੂੰ ਕਿਸਾਨ ਜਥੇਬੰਦੀਆਂ ਵੱਲੋਂ ਆਪਣੇ ਮੁੱਦਿਆਂ ਨੂੰ ਲੈ ਕੇ ਦਿੱਤੇ ਪੰਜਾਬ ਬੰਦ ਦੇ ਸੱਦੇ ਦੇ ਮੱਦੇਨਜ਼ਰ ਮਾਲੇਰਕੋਟਲਾ ਸਬਜ਼ੀ ਮੰਡੀ ਆੜ੍ਹਤੀਆ ਐਸੋਸੀਏਸ਼ਨ ਵੱਲੋਂ ਸਬਜ਼ੀ ਮੰਡੀ ਬੰਦ ਰੱਖਣ ਦਾ ਐਲਾਨ ਕੀਤਾ ਗਿਆ ਹੈ।ਗੱਲਬਾਤ ਦੌਰਾਨ ਐਸੋਸੀਏਸ਼ਨ ਦੇ ਪ੍ਰਧਾਨ ਚੌਧਰੀ ਮੁਹੰਮਦ ਬਸ਼ੀਰ ਨੇ ਦੱਸਿਆ ਕਿ ਸਬਜ਼ੀ ਮੰਡੀ ਦਾ ਕਿਉਂ ਜੋ ਕੰਮਕਾਜ ਕਿਸਾਨਾਂ ਨਾਲ ਹੀ ਜੁੜਿਆ ਹੋਇਆ ਹੈ ਅਤੇ ਕਿਸਾਨ ਜਥੇਬੰਦੀਆਂ ਲੰਬੇ ਅਰਸੇ ਤੋਂ ਪੰਜਾਬ ਵਾਸੀਆਂ ਦੇ ਮਸਲੇ ਹੱਲ ਕਰਵਾਉਣ ਲਈ ਦ੍ਰਿੜ੍ਹ ਹਨ, ਇਸ ਕਰਕੇ ਸਾਡਾ ਸਭਨਾਂ ਦਾ ਫਰਜ਼ ਬਣਦਾ ਹੈ ਕਿ ਅਸੀਂ ਵੀ ਕਿਸਾਨ ਜਥੇਬੰਦੀਆਂ ਵੱਲੋਂ ਦਿੱਤੇ ਬੰਦ ਦੇ ਸੱਦੇ ਨੂੰ ਹੋਰ ਮਜ਼ਬੂਤ ਕਰੀਏ।ਇਸ ਮੌਕੇ ਉਨ੍ਹਾਂ ਨਾਲ ਹੋਰਨਾਂ ਤੋਂ ਇਲਾਵਾ ਸਰਪ੍ਰਸਤ ਹਾਜੀ ਮੁਹੰਮਦ ਰਮਜ਼ਾਨ, ਉੱਪ ਪ੍ਰਧਾਨ ਹਾਜੀ ਮੁਹੰਮਦ ਅਖਤਰ, ਤਾਜ ਮੁਹੰਮਦ, ਮੁਹੰਮਦ ਸਲੀਮ, ਅਮਜਦ ਖੁਸ਼ੀ, ਮੁਹੰਮਦ ਇਕਬਾਲ, ਮੁਹੰਮਦ ਸਲੀਮ 01 ਨੰਬਰ ਵਾਲੇ ਤੇ ਮੁਹੰਮਦ ਸ਼ਮਸ਼ਾਦ (ਸਾਰੇ ਮੈਂਬਰ) ਮੌਜੂਦ ਸਨ।

# ਸੀਨੀਅਰ ਸਿਟੀਜ਼ਨ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਮਹੀਨਾਵਾਰ ਜਨਮ ਦਿਨ ਸਮਾਰੋਹ ਮੁਲਤਵੀ

**ਸੰਗਰੂਰ (ਪ੍ਰਵੀਨ ਸਿੰਘ)**-ਸੀਨੀਅਰ ਸਿਟੀਜਨ ਵੈੱਲਫੇਅਰ ਐਸੋਸੀਏਸ਼ਨ ਸੰਗਰੂਰ ਵੱਲੋਂ ਭਾਰਤ ਦੇ ਸਾਬਕਾ ਪ੍ਰਧਾਨ ਮੰਤਰੀ ਡਾਕਟਰ ਮਨਮੋਹਨ ਸਿੰਘ ਦੇ ਅਚਾਨਕ ਹੋਏ ਦਿਹਾਂਤ ਕਰਕੇ ਐਤਵਾਰ ਨੂੰ ਹੋਣ ਵਾਲਾ ਮਹੀਨਾਵਾਰ ਜਨਮ ਦਿਨ ਸਮਾਰੋਹ ਮੁਲਤਵੀ ਕਰ ਦਿੱਤਾ ਗਿਆ।ਸੀਨੀਅਰ ਸਿਟੀਜਨ ਵੈੱਲਫੇਅਰ ਐਸੋਸੀਏਸ਼ਨ ਦੇ ਜਰਨਲ ਸਕੱਤਰ ਜਗਜੀਤ ਸਿੰਘ ਜੱਸਲ ਨੇ ਦੱਸਿਆ ਕਿ ਸੰਸਥਾ ਦੇ ਮੈਂਬਰਾਂ ਨੇ ਸੰਸਥਾ ਦੇ ਕੰਪਲੈਕਸ ਵਿੱਚ ਸਾਬਕਾ ਪ੍ਰਧਾਨ ਮੰਤਰੀ ਨੂੰ ਦੋ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਪੇਸ਼ ਕੀਤੀ ਅਤੇ ਸ਼ੋਕ ਮਤਾ ਪਾਸ ਕਰ ਕੇ ਅਕੀਦਤ ਦੇ ਫੁੱਲ ਭੇਟ ਕੀਤੇ।ਐਸੋਸੀਏਸ਼ਨ ਦੇ ਪ੍ਰਧਾਨ ਡਾਕਟਰ ਨਰਵਿੰਦਰ ਸਿੰਘ ਕੌਸ਼ਲ ਨੇ ਕਿਹਾ ਕਿ ਡਾਕਟਰ ਮਨਮੋਹਨ ਸਿੰਘ ਜਿੱਥੇ ਉੱਘੇ ਅਰਥ-ਸ਼ਾਸਤਰੀ ਸਨ, ਉਥੇ ਹੀ ਦਰਵੇਸ਼ ਸਿਆਸਤਦਾਨ ਸਨ।ਉਨ੍ਹਾ ਦੱਸਿਆ ਕਿ ਮਨਰੇਗਾ, ਆਰ.ਟੀ.ਆਈ. ਤੇ ਹਰ ਇਕ ਨੂੰ ਸਿੱਖਿਆ ਅਧਿਕਾਰ ਆਦਿ ਕਾਨੂੰਨ ਡਾਕਟਰ ਮਨਮੋਹਨ ਸਿੰਘ ਦੀ ਹੀ ਦੇਣ ਹਨ।ਇਸ ਮੌਕੇ ਸੰਸਥਾ ਦੇ ਚੇਅਰਮੈਨ ਪ੍ਰਵੀਨ ਬਾਂਸਲ, ਸੁਧੀਰ ਵਾਲੀਆ, ਭੁਪਿੰਦਰ ਸਿੰਘ ਜੱਸੀ, ਵਿੱਤ ਸਕੱਤਰ ਸ਼ਕਤੀ ਮਿੱਤਲ, ਸੱਤਦੇਵ ਸ਼ਰਮਾ, ਗੁਰਿੰਦਰਜੀਤ ਵਾਲੀਆ, ਜਸਵੰਤ ਸਿੰਘ ਸ਼ਾਹੀ, ਪਵਨ ਕੁਮਾਰ ਮਿੱਤਲ ਆਦਿ ਹਾਜ਼ਰ ਸਨ।

# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ 'ਵਰਸਿਟੀ ਵਿਖੇ ਸੱਤ ਰੋਜ਼ਾ ਐੱਨ ਐੱਸ ਐੱਸ ਕੈਂਪ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਹਿਗੜ੍ਹ ਸਾਹਿਬ ਵਿਖੇ 'ਮੇਰੇ ਭਾਰਤ ਲਈ ਨੌਜਵਾਨ ਤੇ ਡਿਜੀਟਲ ਸਾਖਰਤਾ' ਵਿਸ਼ੇ 'ਤੇ 23 ਤੋਂ 29 ਦਸੰਬਰ 2024 ਤੱਕ ਸੱਤ ਰੋਜ਼ਾ ਐੱਨ ਐੱਸ ਐੱਸ ਵਿਸ਼ੇਸ਼ ਕੈਂਪ ਲਾਇਆ ਗਿਆ। ਉਦਘਾਟਨੀ ਸਮਾਰੋਹ ਵਿੱਚ ਵਾਈਸ ਚਾਂਸਲਰ ਪ੍ਰੋ: ਪ੍ਰਿਤਪਾਲ ਸਿੰਘ ਤੇ ਅਕਾਦਮਿਕ ਮਾਮਲਿਆਂ ਦੇ ਡੀਨ ਪ੍ਰੋ: ਸੁਖਵਿੰਦਰ ਸਿੰਘ ਬਿਲਿੰਗ ਹਾਜ਼ਰ ਸਨ।ਇਹ ਕੈਂਪ ਭਾਈਚਾਰਕ ਸੇਵਾ, ਡਿਜੀਟਲ ਸਾਖਰਤਾ ਤੇ ਨੈਤਿਕ ਲੀਡਰਸ਼ਿਪ ਰਾਹੀਂ ਸਮਾਜਿਕ ਤਬਦੀਲੀ ਲਿਆਉਣ ਵਿੱਚ ਨੌਜਵਾਨਾਂ ਦੀ ਭੂਮਿਕਾ 'ਤੇ ਕੇਂਦਰਤ ਸੀ।

ਪ੍ਰੋਫੈਸਰ (ਡਾ.) ਪ੍ਰਿਤਪਾਲ ਸਿੰਘ ਨੇ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਵਿੱਚ ਸੇਵਾ, ਅਨੁਸ਼ਾਸਨ ਤੇ ਜ਼ਿੰਮੇਵਾਰੀ ਦੀਆਂ ਕਦਰਾਂ-ਕੀਮਤਾਂ ਪੈਦਾ ਕਰਨ ਲਈ ਯੂਨੀਵਰਸਿਟੀ ਦੀ ਅਟੁੱਟ ਵਚਨਬੱਧਤਾ 'ਤੇ ਚਾਨਣਾ ਪਾਇਆ।ਪ੍ਰੋਫੈਸਰ (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ ਨੇ ਨਸ਼ਿਆਂ ਦੀ ਦੁਰਵਰਤੋਂ ਤੇ ਸਾਈਬਰ ਸੁਰੱਖਿਆ ਵਰਗੀਆਂ ਸਮਕਾਲੀ ਸਮਾਜਿਕ ਚੁਣੌਤੀਆਂ ਨਾਲ ਨਜਿੱਠਣ ਲਈ ਗਤੀਵਿਧੀਆਂ ਦੇ ਆਯੋਜਨ ਲਈ ਐੱਨ ਐੱਸ ਐੱਸ ਯੂਨਿਟਾਂ ਦੀ ਸਰਗਰਮ ਪਹੁੰਚ ਦੀ ਸ਼ਲਾਘਾ ਕੀਤੀ। ਚਾਰ ਐੱਨ ਐੱਸ ਐੱਸ ਯੂਨਿਟਾਂ ਦੀ ਨੁਮਾਇੰਦਗੀ ਕਰਨ ਵਾਲੇ 200 ਐੱਨਐੱਸਐੱਸ ਵਲੰਟੀਅਰਾਂ ਦੇ ਇਸ ਪ੍ਰੋਗਰਾਮ ਦੀ ਅਗਵਾਈ ਡਾ. ਹਰਨੀਤ ਬਿਲਿੰਗ, ਪ੍ਰੋਗਰਾਮ ਕੋਆਰਡੀਨੇਟਰ (ਐੱਨਐੱਸਐੱਸ) ਨੇ ਕੀਤੀ। ਪ੍ਰੋਗਰਾਮ ਅਫਸਰ ਡਾ: ਸੁਮਨ ਪ੍ਰੀਤ ਕੌਰ ਤੇ ਡਾ: ਮੋਨਿਕਾ ਐਰੀ ਤੋਂ ਇਲਾਵਾ ਫੈਕਲਟੀ ਮੈਂਬਰ ਸ੍ਰੀਮਤੀ ਨਵਜੋਤ ਕੌਰ, ਸ੍ਰੀਮਤੀ ਪਵਨਜੋਤ ਕੌਰ, ਸ੍ਰੀਮਤੀ ਗੁਰਵਿੰਦਰ ਕੌਰ, ਡਾ: ਕਮਲਜੀਤ ਕੌਰ, ਸ੍ਰੀ ਗੁਰਵਿੰਦਰ ਸੋਢੀ ਤੇ ਸ੍ਰੀ ਰਮਨਦੀਪ ਸਿੰਘ ਨੇ ਉਨ੍ਹਾਂ ਦਾ ਪੂਰਾ ਸਾਥ ਦਿੱਤਾ। ਇਸ ਕੈਂਪ ਵਿੱਚ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀ ਯਾਦ ਵਿੱਚ ਗੁਰਦੁਆਰਾ ਫਤਹਿਗੜ੍ਹ ਸਾਹਿਬ ਤੇ ਗੁਰਦੁਆਰਾ ਜੋਤੀ ਸਰੂਪ ਸਾਹਿਬ ਵਿਖੇ ਸੇਵਾ ਸਮੇਤ ਕਈ ਤਰ੍ਹਾਂ ਦੀਆਂ ਗਤੀਵਿਧੀਆਂ 'ਚ ਵਿਦਿਆਰਥੀ ਸ਼ਾਮਲ ਹੋਏ।

# ਸੋਸ਼ਲ ਵੈੱਲਫੇਅਰ ਐਸੋ: ਵੱਲੋਂ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਤ ਸਮਾਗਮ

## ਸਾਬਕਾ ਪ੍ਰਧਾਨ ਮੰਤਰੀ ਡਾ: ਮਨਮੋਹਨ ਸਿੰਘ ਨੂੰ ਦਿੱਤੀ ਸ਼ਰਧਾਂਜਲੀ



**ਸੰਗਰੂਰ (ਪ੍ਰਵੀਨ ਸਿੰਘ)**

ਜ਼ਿਲ੍ਹਾ ਪੈਨਸ਼ਨਰ ਭਵਨ ਤਹਿਸੀਲ ਕੰਪਲੈਕਸ ਵਿਖੇ ਸਮਾਜ ਸੇਵੀ ਸੰਸਥਾ ਸੰਗਰੂਰ ਸੋਸ਼ਲ ਵੈੱਲਫ਼ੇਅਰ ਐਸੋਸੀਏਸ਼ਨ ਦੀ ਮਹੀਨਾਵਾਰ ਇਕੱਤਰਤਾ ਐਸੋ: ਦੇ ਪ੍ਰਧਾਨ ਰਾਜ ਕੁਮਾਰ ਅਰੋੜਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਵੱਖ ਵੱਖ ਸਰਕਾਰੀ ਤੇ ਅਰਧ ਸਰਕਾਰੀ ਸੇਵਾ ਮੁਕਤ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਸ਼ਮੂਲੀਅਤ ਕੀਤੀ। ਉਨ੍ਹਾਂ ਨਾਲ ਪ੍ਰਧਾਨਗੀ ਮੰਡਲ ਵਿੱਚ ਚੇਅਰਮੈਨ ਰਜਵਿੰਦਰ ਸਿੰਘ ਗੁੱਡੂ, ਵਾਇਸ ਚੇਅਰਮੈਨ ਲਾਲ ਚੰਦ ਸੈਣੀ, ਸੀਨੀਅਰ ਮੀਤ ਪ੍ਰਧਾਨ ਓ. ਪੀ. ਖਿੱਪਲ, ਜਸਵੀਰ ਸਿੰਘ ਖਾਲਸਾ, ਕਰਨੈਲ ਸਿੰਘ ਸੇਖੋਂ, ਮੁੱਖ ਸਲਾਹਕਾਰ ਆਰ. ਐੱਲ. ਪਾਂਧੀ, ਬਾਪੂ ਰਾਮ ਸਰੂਪ ਅਲੀਸ਼ੇਰ, ਨੈਸ਼ਨਲ ਐਵਾਰਡੀ ਸਤਦੇਵ ਸ਼ਰਮਾ, ਜਨਰਲ ਸਕੱਤਰ ਕੰਵਲਜੀਤ ਸਿੰਘ, ਵਿੱਤ ਸਕੱਤਰ ਸੁਰਿੰਦਰ ਸਿੰਘ ਸੋਢੀ, ਸਕੱਤਰ ਜਨਰਲ ਤਿਲਕ ਰਾਜ ਸਤੀਜਾ, ਮੀਤ ਪ੍ਰਧਾਨ ਰਜਿੰਦਰ ਸਿੰਘ ਚੰਗਾਲ, ਰਜਿੰਦਰ ਕੁਮਾਰ ਆਦਿ ਜਨਕ ਰਾਜ ਜੋਸ਼ੀ ਆਦਿ ਸਨ।

ਇਕੱਤਰਤਾ ਨੂੰ ਸੰਬੋਧਨ ਕਰਦਿਆਂ ਬੁਲਾਰਿਆਂ ਨੇ ਗੁਰੂ ਗੋਬਿੰਦ ਸਿੰਘ ਜੀ ਦੇ ਪਰਿਵਾਰ ਵਿਛੋੜੇ, ਚਮਕੌਰ ਦੀ ਜੰਗ ਵਿੱਚ ਵੱਡੇ ਸਾਹਿਬਜ਼ਾਦਿਆਂ ਦੀ ਸ਼ਹਾਦਤ, ਦਾਦੀ ਮਾਂ ਦੀ ਪੋਤਿਆਂ ਨੂੰ ਦਿੱਤੀ ਸਿੱਖਿਆ, ਵਜ਼ੀਦ ਖਾਂ ਦੀ ਕਚਹਿਰੀ ਵਿੱਚ ਸਾਹਿਬਜ਼ਾਦਿਆਂ ਦੀ ਦਲੇਰੀ, ਅਡੋਲਤਾ ਦੀ ਮਿਸਾਲ, ਦੀਵਾਰ ਵਿੱਚ ਚਿਣੇ ਜਾਣ ਅਤੇ ਦੀਵਾਨ ਟੋਡਰ ਮੱਲ ਵੱਲੋਂ ਸਸਕਾਰ ਆਦਿ ਇਤਿਹਾਸ ਦਾ ਜ਼ਿਕਰ ਕਰਦਿਆਂ ਸ਼ਹੀਦਾਂ ਨੂੰ ਸਿਜਦਾ ਕੀਤਾ।

ਇਸ ਦੌਰਾਨ ਬੁਲਾਰਿਆਂ ਨੇ ਭਾਰਤ ਦੇ ਸਾਬਕਾ ਪ੍ਰਧਾਨ ਮੰਤਰੀ ਡਾ: ਮਨਮੋਹਨ ਸਿੰਘ ਦੇ ਸਵਰਗਵਾਸ 'ਤੇ ਸ਼ਰਧਾਂਜਲੀ ਭੇਟ ਕੀਤੀ ਤੇ ਉਨ੍ਹਾਂ ਦੇ ਜੀਵਨ 'ਤੇ ਵਿਸਥਾਰ ਪੂਰਵਕ ਚਾਨਣਾ ਪਾਇਆ। ਸ੍ਰੀ ਅਰੋੜਾ ਨੇ ਦੱਸਿਆ ਕਿ ਡਾ: ਮਨਮੋਹਨ ਸਿੰਘ ਜੀ ਦੇ ਸਵਰਗਵਾਸ ਹੋਣ ਕਾਰਨ ਐਸੋ: ਵੱਲੋਂ ਹੋਣ ਵਾਲਾ ਸਨਮਾਨ ਤੇ ਸੱਭਿਆਚਾਰਕ ਸਮਾਰੋਹ ਮੁਲਤਵੀ ਕਰ ਦਿੱਤਾ ਹੈ, ਜੋ ਹੁਣ 11 ਜਨਵਰੀ ਨੂੰ ਸ਼ਹਿਰ ਦੇ ਕੇ. ਆਰ. ਬਲੈਸਿੰਗ ਹੋਟਲ ਵਿਖੇ ਸਵੇਰੇ 10:00 ਵਜੇ ਹੋਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੰਗਤ ਰਾਮ ਸਖ਼ੀਜਾ, ਮਹਿੰਦਰ ਸਿੰਘ ਢੀਂਡਸਾ, ਦਰਸ਼ਨ ਸਿੰਘ ਰਤਨ, ਨਰਿੰਦਰ ਕੌਸ਼ਲ, ਮਹੇਸ਼ ਜੌਹਰ, ਮਾ: ਪ੍ਰੀਤਮ ਸਿੰਘ, ਮਦਨ ਗੋਪਾਲ, ਵੈਦ ਹਾਕਮ ਸਿੰਘ, ਸੂਬੇਦਾਰ ਨਛੱਤਰ ਸਿੰਘ, ਜਗਦੀਸ਼ ਸਿੰਘ, ਰਾਜ ਕੁਮਾਰ ਸ਼ਰਮਾ, ਦਰਸ਼ਨ ਸਿੰਘ, ਅਸ਼ੋਕ ਕੁਮਾਰ, ਸੁਭਾਸ਼ ਚੰਦ, ਸਿੰਦਰਪਾਲ, ਅਸ਼ੋਕ ਕੁਮਾਰ ਕਾਂਸਲ, ਨਰੇਸ਼ ਭੱਲਾ ਤੇ ਸਤਪਾਲ ਸਿੰਗਲਾ ਆਦਿ ਹਾਜ਼ਰ ਸਨ।

# ਕਰਨਵੀਰ ਹਸਪਤਾਲ ਵੱਲੋਂ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਤ ਚਾਹ-ਪਕੌੜਿਆਂ ਦਾ ਲੰਗਰ



**ਮਾਲੇਰਕੋਟਲਾ (ਅਸਗਰ ਪਰਿਹਾਰ)**

ਸਥਾਨਕ ਕਰਨਵੀਰ ਮੈਟਰਨਿਟੀ ਤੇ ਇੰਨਫਰਟੀਲਿਟੀ ਹਸਪਤਾਲ ਵੱਲੋਂ ਛੋਟੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਤ ਚਾਹ-ਬਰੈੱਡ ਪਕੌੜਿਆਂ ਦਾ ਲੰਗਰ ਲਗਾਇਆ ਗਿਆ।ਇਸ ਮੌਕੇ ਡਾ. ਕਰਨਵੀਰ, ਡਾ. ਪ੍ਰਭਲੀਨ, ਪਿਤਾ ਸੁਰਿੰਦਰ ਸਿੰਘ, ਮਾਤਾ ਸ਼ਸ਼ੀ ਤੇ ਸਹਾਰਾ ਮੁਸਲਿਮ ਵੈੱਲਫੇਅਰ ਸੁਸਾਇਟੀ (ਰਜਿ.) ਦੇ ਪ੍ਰਧਾਨ ਅਜ਼ਹਰ ਮੁਨੀਮ ਨੇ ਧੰਨ ਧੰਨ ਸਾਹਿਬਜ਼ਾਦਾ ਬਾਬਾ ਜੋਰਾਵਰ ਸਿੰਘ ਤੇ ਧੰਨ ਧੰਨ ਬਾਬਾ ਫ਼ਤਹਿ ਸਿੰਘ ਜੀ ਨੂੰ ਯਾਦ ਕਰਦਿਆਂ ਸ਼ਰਧਾਂਜਲੀ ਭੇਟ ਕੀਤੀ।ਇਸੇ ਦੌਰਾਨ ਉਨ੍ਹਾਂ ਗੁਰੂ ਚਰਨਾਂ 'ਚ ਸਰਬੱਤ ਦੇ ਭਲੇ ਦੀ ਅਰਦਾਸ ਕਰਦੇ ਹੋਏ ਚਾਹ, ਬਰੈੱਡ ਪਕੌੜਿਆਂ ਦਾ ਲੰਗਰ ਵਰਤਾਉਣ ਦੀ ਸ਼ੁਰੂਆਤ ਕੀਤੀ।

ਇਸ ਮੌਕੇ ਡਾ. ਕਰਨਵੀਰ ਸਿੰਘ ਨੇ ਦੱਸਿਆ ਕਿ ਇਹ ਲੰਗਰ ਸ਼ਹੀਦੀ ਜੋੜ ਮੇਲ ਦੌਰਾਨ ਸ੍ਰੀ ਫ਼ਤਿਹਗੜ੍ਹ ਸਾਹਿਬ ਵਿਖੇ ਜਾਣ ਵਾਲੀ ਸੰਗਤ ਲਈ ਲਾਇਆ ਗਿਆ ਹੈ।ਉਨ੍ਹਾਂ ਸੰਗਤ ਨੂੰ ਗੁਰੂ ਸਾਹਿਬ ਵੱਲੋਂ ਦਰਸਾਏ ਗਏ ਮਾਰਗ 'ਤੇ ਚੱਲ ਕੇ ਜੀਵਨ ਸਫ਼ਲ ਬਣਾਉਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਨੇ ਸਰਵੰਸ ਦਾਨੀ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਜ਼ੁਲਮ ਤੇ ਜ਼ਾਲਮਾਂ ਵਿਰੁੱਧ ਲੋਕਾਂ ਦੀ ਹਰੇਕ ਪੱਖੋਂ ਰੱਖਿਆ ਲਈ ਦਿੱਤੀ ਗਈ ਲਾਸਾਨੀ ਕੁਰਬਾਨੀ ਨੂੰ ਨਮਸਤਕ ਹੁੰਦਿਆਂ ਸੰਗਤ ਨੂੰ ਗੁਰੂ ਚਰਨਾਂ ਵਿਚ ਜੁੜਨ ਦੀ ਅਪੀਲ ਕੀਤੀ। ਇਸ ਮੌਕੇ ਡਾ. ਕਰਨਵੀਰ, ਡਾ. ਪ੍ਰਭਲੀਨ, ਸੁਰਿੰਦਰ ਸਿੰਘ, ਸ੍ਰੀਮਤੀ ਸ਼ਸ਼ੀ ਤੇ ਸਹਾਰਾ ਮੁਸਲਿਮ ਵੈੱਲਫੇਅਰ ਸੁਸਾਇਟੀ (ਰਜਿ.) ਦੇ ਪ੍ਰਧਾਨ ਅਜ਼ਹਰ ਮੁਨੀਮ ਤੋਂ ਇਲਾਵਾ ਸ਼ਮਸ਼ਾਦ ਸਾਦੂ, ਮੁਨੀਬ ਆਲਮ, ਇਨਤਖਾਬ ਆਲਮ, ਲਿਆਕਤ ਅਲੀ, ਅਖਤਰ ਪਠਾਨ, ਅਕਾਸ਼ਦੀਪ ਸਿੰਘ, ਲਖਵੀਰ ਸਿੰਘ, ਮਹਿਮੂਦ ਰਾਣਾ, ਵਰੁਣ ਜਿੰਦਲ, ਸਾਹਿਲ ਚੋਪੜਾ, ਡਾ. ਚਮਨਜੋਤ ਤੇ ਅਖਤਰ ਜੂਸ ਵਾਲੇ ਆਦਿ ਹਾਜ਼ਰ ਸਨ।

## ਮੁਹੰਮਦ ਰਫ਼ੀ ਦਾ 100ਵਾਂ ਜਨਮ ਦਿਵਸ ਮਨਾਇਆ



**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ)**-ਵਿਰਸਾ ਵਿਹਾਰ ਅੰਮ੍ਰਿਤਸਰ ਅਤੇ ਯੂ. ਐੱਨ. ਇੰਟਰਟੇਨਮੈਂਟ ਸੁਸਾਇਟੀ ਵੱਲੋਂ ਸੰਸਾਰ ਪ੍ਰਸਿੱਧ ਮਰਹੂਮ ਗਾਇਕ ਮੁਹੰਮਦ ਰਫ਼ੀ ਸਾਹਿਬ ਦੇ 100ਵੇਂ ਜਨਮਦਿਵਸ ਨੂੰ ਸਮਰਪਿਤ ਸੰਗੀਤਮਈ ਸ਼ਾਮ ਦਾ ਆਯੋਜਨ ਕੀਤਾ ਗਿਆ।ਇਸ ਸ਼ਾਮ ਦਾ ਸ਼ੁਭ ਆਰੰਭ ਵਿਰਸਾ ਵਿਹਾਰ ਵਿਖੇ ਲੱਗੇ ਹੋਏ ਮੁਹੰਮਦ ਰਫ਼ੀ ਦੇ ਬੁੱਤ 'ਤੇ ਫੁੱਲ ਮਾਲਾ ਪਹਿਨਾ ਕੇ ਕੀਤਾ ਗਿਆ ਜਿਸ ਵਿੱਚ ਮੁੱਖ ਮਹਿਮਾਨ ਸੈਸ਼ਨ ਜੱਜ ਪਰਮਿੰਦਰ ਰਾਏ, ਪੀ. ਸੀ. ਐੱਸ. ਸੁਨੀਲ ਕਹਿਰ, ਸਾਬਕਾ ਸੀਨੀ. ਡਿਪਟੀ ਮੇਅਰ ਰਮਨ ਬਖ਼ਸ਼ੀ, ਪ੍ਰਿੰ. ਆਂਚਲ ਮਹਾਜਨ, ਮਨਜਿੰਦਰ ਸਿੰਘ ਮੁੱਖੀ ਪੰਜਾਬੀ ਵਿਭਾਗ ਗੁਰੂ ਨਾਨਕ ਦੇਵ ਯੂਨੀਵਰਸਿਟੀ, ਵਿਰਸਾ ਵਿਹਾਰ ਸੁਸਾਇਟੀ ਦੇ ਪ੍ਰਧਾਨ ਕੇਵਲ ਧਾਲੀਵਾਲ, ਗਾਇਕ ਹਰਿੰਦਰ ਸੋਹਲ ਆਦਿ ਨੇ ਸ਼ਮ੍ਹਾ ਰੌਸ਼ਨ ਕਰਕੇ ਪ੍ਰੋਗਰਾਮ ਦਾ ਆਗਾਜ਼ ਕੀਤਾ।ਇਸ ਪ੍ਰੋਗਰਾਮ ਵਿੱਚ ਅਸ਼ੋਕ ਵਾਟਿਕਾ ਦੇ ਸਕੂਲ ਦੇ ਵਿਦਿਆਰਥੀਆਂ ਲੋਕ ਸਾਜ਼ਾਂ ਦੀ ਜੁਗਲਬੰਦੀ ਨੂੰ ਸ਼ਾਨਦਾਰ ਤਰੀਕੇ ਨਾਲ ਪੇਸ਼ ਕੀਤਾ।ਇਸ ਸੰਗੀਤਮਈ ਸ਼ਾਮ ਦੇ ਗਾਇਕ ਡਾ. ਅਮਿਤ ਧਵਨ, ਕੁਲਬੀਰ ਸਿੰਘ, ਪਵਨ ਕਪੂਰ, ਗੁਰਪ੍ਰੀਤ ਸਿੰਘ, ਡਾ. ਹਰਪ੍ਰੀਤ ਸਿੰਘ, ਮਨਜੀਤ ਇੰਦਰ, ਮਨੀਸ਼ ਸਹਿਦੇਵ, ਸੁਨੀਲ ਕੁਮਾਰ, ਹਰਜੀਤ ਸਿੰਘ, ਜਤਿੰਦਰ ਸਿੰਘ, ਸੁਖਵੰਤ ਸਿੰਘ, ਵਿਜੇ ਅਰੋੜਾ, ਪਰਦੀਪ, ਦਵਿੰਦਰ ਖੋਸਲਾ, ਜਸਪਿੰਦਰ ਸਿੰਘ, ਸੁਸ਼ੀਲ ਕੁਮਾਰ, ਭੁਪਿੰਦਰ ਸਿੰਘ ਨੇ ਮੁਹੰਮਦ ਰਫ਼ੀ ਸਾਹਿਬ ਦੇ ਗਾਏ ਹੋਏ ਗੀਤ ਪੇਸ਼ ਕੀਤੇ। ਗਾਇਕ ਹਰਿੰਦਰ ਸੋਹਲ ਵੱਲੋਂ ਰਫ਼ੀ ਦੇ ਜੀਵਨ ਉਨ੍ਹਾਂ ਦੇ ਸੰਘਰਸ਼ਾਂ ਅਤੇ ਗੀਤਾਂ ਬਾਰੇ ਵਿਸਥਾਰ ਨਾਲ ਦਰਸ਼ਕਾਂ ਅਤੇ ਕਲਾਕਾਰਾਂ ਨਾਲ ਸਾਂਝੀਆਂ ਕੀਤੀਆਂ। ਪ੍ਰੋਗਰਾਮ ਦੇ ਅੰਤ ਵਿੱਚ ਆਏ ਹੋਏ ਮਹਿਮਾਨ ਅਤੇ ਗਾਇਕਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ।ਇਸ ਮੌਕੇ ਰਾਣਾ ਪ੍ਰਤਾਪ ਸ਼ਰਮਾ, ਜਸਪਾਲ ਸਿੰਘ (ਕਾਰ ਸ਼ਿੰਗਾਰ), ਗੁਰਤੇਜ ਮਾਨ, ਸਾਵਨ ਵੇਰਕਾ, ਗੁਰਪ੍ਰੀਤ ਸਿੰਘ ਆਦਿ ਕਲਾਕਾਰ ਅਤੇ ਦਰਸ਼ਕ ਵੱਡੀ ਗਿਣਤੀ ਵਿੱਚ ਮੌਜੂਦ ਸਨ।

## ਮੁੱਖ ਮੰਤਰੀ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਕਰ ਰਹੀ ਪ੍ਰਦਾਨ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਪੰਜਾਬ ਦੇ ਲੋਕਾਂ ਨੂੰ ਵਿਸ਼ਵ ਪੱਧਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੇ ਮਕਸਦ ਨਾਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਪੰਜਾਬ ਵਿੱਚ ਪਹਿਲੇ, ਦੂਜੇ ਅਤੇ ਤੀਜੇ ਦਰਜੇ ਦੀਆਂ ਸਿਹਤ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਵੱਖ-ਵੱਖ ਪਹਿਲਕਦਮੀਆਂ ਕੀਤੀਆਂ ਜਾ ਰਹੀਆਂ ਹਨ। ਪੰਜਾਬ ਦੇ ਸਿਹਤ ਤੇ ਪਰਵਾਰ ਭਲਾਈ ਅਤੇ ਮੈਡੀਕਲ ਸਿੱਖਿਆ ਤੇ ਖੋਜ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਪ੍ਰਾਇਮਰੀ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਅਤੇ ਇਸ ਦੇ ਕਾਇਆ ਕਲਪ ਕਰਨ ਲਈ ਸ਼ੁਰੂ ਕੀਤੇ ਸੁਪਨਮਈ ਪ੍ਰਾਜੈਕਟ ਆਮ ਆਦਮੀ ਕਲੀਨਿਕ ਨੂੰ ਵੱਡੀ ਸਫਲਤਾ ਹਾਸਲ ਹੋਈ ਹੈ। ਇਨ੍ਹਾਂ ਕਲੀਨਿਕਾਂ ਤੋਂ 2.58 ਕਰੋੜ (1.08 ਕਰੋੜ ਪਹਿਲੀ ਵਾਰ ਆਉਣ ਵਾਲੇ ਮਰੀਜ਼/1.5 ਕਰੋੜ ਦੁਬਾਰਾ ਦਵਾਈ ਲੈਣ ਵਾਲੇ ਮਰੀਜ਼) ਲੋਕਾਂ ਨੇ ਮੁਫ਼ਤ ਇਲਾਜ ਦੀ ਸਹੂਲਤ ਦਾ ਲਾਭ ਲਿਆ ਹੈ।ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਮਾਨ ਨੇ 75ਵੇਂ ਸੁਤੰਤਰਤਾ ਦਿਵਸ ਮੌਕੇ 75 ਆਮ ਆਦਮੀ ਕਲੀਨਿਕ ਸੂਬੇ ਦੇ ਲੋਕਾਂ ਨੂੰ ਸਮਰਪਿਤ ਕੀਤੇ ਸਨ, ਜਿਸ ਨਾਲ ਇਹਨਾਂ ਕਲੀਨਿਕਾਂ ਦੀ ਕੁੱਲ ਗਿਣਤੀ ਹੁਣ 881 ਹੋ ਗਈ ਹੈ। ਇਨ੍ਹਾਂ ਕਲੀਨਿਕਾਂ ਨੇ ਸੂਬੇ ਦੇ ਲੋਕਾਂ ਨੂੰ ਸਿਹਤ ਸੰਭਾਲ'ਤੇ ਆਉਣ ਵਾਲੇ ਖਰਚੇ ਨੂੰ 1200 ਕਰੋੜ ਰੁਪਏ ਤੱਕ ਘਟਾਉਣ ਵਿੱਚ ਯੋਗਦਾਨ ਪਾਇਆ ਹੈ।ਇਸ ਤੋਂ ਇਲਾਵਾ ਸੂਬੇ ਦੇ ਲੋਕਾਂ ਨੂੰ ਵਿਆਪਕ ਪ੍ਰਾਇਮਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਸੂਬੇ ਵਿੱਚ 3134 ਸਿਹਤ ਅਤੇ ਤੰਦਰੁਸਤੀ ਕੇਂਦਰ ਕਾਰਜਸ਼ੀਲ ਹਨ। ਇਸ ਦੇ ਨਾਲ ਹੀ ਨਵਾਂ ਸਟਾਫ਼ ਭਾਵ ਕਮਿਊਨਿਟੀ ਹੈਲਥ ਅਫਸਰ ਵੀ ਸ਼ਾਮਲ ਕੀਤੇ ਗਏ ਹਨ।ਪੰਜਾਬ ਸਰਕਾਰ ਵੱਲੋਂ ਸੈਕੰਡਰੀ ਸਿਹਤ ਸਹੂਲਤਾਂ ਵਿੱਚ ਜ਼ਰੂਰੀ ਦਵਾਈਆਂ ਦੀ ਸੂਚੀ (ਈ.ਡੀ.ਐਲ.) ਅਧੀਨ ਆਉਂਦੀਆਂ ਸਾਰੀਆਂ ਦਵਾਈਆਂ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ ਜਨਵਰੀ 2024 ਵਿੱਚ ਫ੍ਰੀ ਡਰੱਗ ਪਹਿਲਕਦਮੀ ਦੀ ਸ਼ੁਰੂਆਤ ਕੀਤੀ ਗਈ ਹੈ।ਸਿਹਤ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਮੌਜੂਦਾ ਸਰਕਾਰੀ ਸਿਹਤ ਸੰਸਥਾਵਾਂ ਨੂੰ ਹੋਰ ਮਜ਼ਬੂਤ ਕਰਨ ਦੇ ਨਾਲ ਨਾਲ ਇਸ ਸਾਲ ਜਨਵਰੀ ਵਿੱਚ ਡਾਇਗਨੌਸਟਿਕ ਇਨੀਸ਼ੀਏਟਿਵ ਵੀ ਸ਼ੁਰੂ ਕੀਤਾ ਗਿਆ ਸੀ, ਜਿਸ ਤਹਿਤ ਸਾਰੀਆਂ ਸੈਕੰਡਰੀ ਸਿਹਤ ਸਹੂਲਤਾਂ ਵਿਖੇ ਐਕਸ-ਰੇ ਅਤੇ ਅਲਟਰਾਸਾਊਂਡ ਦੀ ਸਹੂਲਤ ਪ੍ਰਦਾਨ ਕੀਤੀ ਜਾਂਦੀ ਹੈ। ਇਸ ਸਬੰਧ ਵਿੱਚ ਕੁੱਲ 202 ਐਕਸ-ਰੇ ਕੇਂਦਰਾਂ ਅਤੇ 389 ਅਲਟਰਾਸਾਊਂਡ ਕੇਂਦਰਾਂ ਨੂੰ ਸੂਚੀਬੱਧ ਕੀਤਾ ਗਿਆ ਹੈ ਜੋ ਸਰਕਾਰ ਵੱਲੋਂ ਨਿਰਧਾਰਤ ਕਿਫ਼ਾਇਤੀ ਕੀਮਤ 'ਤੇ ਸੇਵਾਵਾਂ ਪ੍ਰਦਾਨ ਕਰ ਰਹੇ ਹਨ।ਉਨ੍ਹਾਂ ਦੱਸਿਆ ਕਿ ਜਨਵਰੀ 2024 ਤੋਂ ਬਾਅਦ ਕਲਰ ਡੋਪਲਰ/ਅਲਟਰਾਸਾਊਂਡ ਮਸ਼ੀਨਾਂ ਦੀ ਗਿਣਤੀ 65 ਤੋਂ ਵਧਾ ਕੇ 98 ਅਤੇ ਐਕਸ-ਰੇ ਮਸ਼ੀਨਾਂ ਦੀ ਗਿਣਤੀ 368 ਤੋਂ ਵਧਾ ਕੇ 384 ਕਰ ਦਿੱਤੀ ਗਈ ਹੈ। ਉਨ੍ਹਾਂ ਅੱਗੇ ਦੱਸਿਆ ਕਿ ਹੁਣ ਸਾਰੇ ਜ਼ਿਲ੍ਹਾ ਹਸਪਤਾਲ (ਡੀ.ਐਚਜ਼), ਸਬ-ਡਵੀਜ਼ਨਲ ਹਸਪਤਾਲ (ਐਸ.ਡੀ.ਐਚਜ਼) ਅਤੇ ਕਮਿਊਨਿਟੀ ਹੈਲਥ ਸੈਂਟਰ (ਸੀ.ਐਚ.ਸੀਜ਼) ਵਿਖੇ ਐਕਸ-ਰੇ ਅਤੇ ਅਲਟਰਾਸਾਊਂਡ ਸਹੂਲਤਾਂ ਉਪਲਬਧ ਹਨ।ਵਿਭਾਗ ਨੇ ਸਿਹਤ ਸੰਭਾਲ ਬੁਨਿਆਦੀ ਢਾਂਚੇ ਅਤੇ ਸੇਵਾਵਾਂ ਦੇ ਵਿਸਤਾਰ ਵਿੱਚ ਵੀ ਮਹੱਤਵਪੂਰਨ ਪ੍ਰਗਤੀ ਕੀਤੀ ਹੈ। ਇਸ ਪ੍ਰਗਤੀ ਵਿੱਚ ਪਟਿਆਲਾ ਵਿਖੇ ਨੈਸ਼ਨਲ ਮਿਡਵਾਈਫਰੀ ਟਰੇਨਿੰਗ ਇੰਸਟੀਚਿਊਟ (ਐਨ.ਐਮ.ਟੀ.ਆਈ.) ਨੂੰ ਕਾਰਜਸ਼ੀਲ ਕਰਨ, ਨਵੇਂ ਮਦਰ ਐਂਡ ਚਾਈਲਡ ਹੈਲਥਕੇਅਰ (ਐਮ.ਸੀ.ਐਚ.) ਵਿੰਗਾਂ ਦੀ ਸਥਾਪਨਾ ਅਤੇ ਮਾਹਰ ਡਾਕਟਰਾਂ ਦੀ ਘਾਟ ਨੂੰ ਦੂਰ ਕਰਨ ਲਈ ਡੀ.ਐਨ.ਬੀ. ਪ੍ਰੋਗਰਾਮ ਦਾ ਵਿਸਤਾਰ ਸ਼ਾਮਲ ਹੈ।ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਹੱਬ ਅਤੇ ਸਪੋਕ ਮਾਡਲ 'ਤੇ ਆਧਾਰਿਤ ਪੰਜਾਬ ਸਟੇਮੀ ਪ੍ਰਾਜੈਕਟ ਨੂੰ ਅੱਠ ਜ਼ਿਲ੍ਹਿਆਂ ਵਿੱਚ ਸਫਲਤਾਪੂਰਵਕ ਲਾਗੂ ਕੀਤਾ ਗਿਆ ਹੈ, ਜਿਸ ਵਿੱਚ ਛਾਤੀ ਦੇ ਦਰਦ ਵਾਲੇ 7,000 ਤੋਂ ਵੱਧ ਮਰੀਜ਼ ਸ਼ਾਮਲ ਹਨ। ਇਸ ਪ੍ਰਾਜੈਕਟ ਦਾ ਮੰਤਵ ਥ੍ਰੋਮਬੋਲਾਈਸਿਸ 'ਤੇ ਧਿਆਨ ਕੇਂਦ੍ਰਤ ਕਰਦਿਆਂ, ਸਟੇਮੀ (ਦਿਲ ਦਾ ਦੌਰਾ) ਦੇ ਮਰੀਜ਼ਾਂ ਲਈ ਸਮੇਂ ਸਿਰ ਅਤੇ ਪ੍ਰਭਾਵੀ ਇਲਾਜ ਪ੍ਰਦਾਨ ਕਰਨਾ ਹੈ। ਟੈਨਿਕਟੀਪਲੇਸ ਇੰਜੈਕਸ਼ਨ- ਜੋ ਦਿਲ ਵਿੱਚ ਖੂਨ ਦੇ ਥੱਕੇ ਨੂੰ ਖੋਰਨ ਵਿੱਚ ਮਦਦ ਕਰਦਾ ਹੈ- ਜਿਸ ਦੀ ਕੀਮਤ 25000 ਤੋਂ 35000 ਰੁਪਏ ਤੱਕ ਹੈ, ਨੂੰ ਇਸ ਪ੍ਰਾਜੈਕਟ ਤਹਿਤ ਮੁਫਤ ਲਗਾਇਆ ਜਾ ਰਿਹਾ ਹੈ। ਇਹ ਟੀਕਾ ਦਿਲ ਵਿੱਚ ਖੂਨ ਦੇ ਥੱਕੇ ਨੂੰ ਖੋਰਨ ਵਿੱਚ ਮਦਦ ਕਰਦਾ ਹੈ। ਇਸ ਪ੍ਰਾਜੈਕਟ ਦਾ ਵਿਸਤਾਰ ਹੁਣ ਬਾਕੀ 15 ਜ਼ਿਲ੍ਹਿਆਂ ਵਿੱਚ ਵੀ ਕੀਤਾ ਜਾ ਰਿਹਾ ਹੈ, ਜਿਸ ਵਿੱਚ ਤਿੰਨ ਸਰਕਾਰੀ ਮੈਡੀਕਲ ਕਾਲਜ ਅਤੇ ਏਮਜ਼ ਬਠਿੰਡਾ ਸਮੇਤ 4 ਨਵੇਂ ਹੱਬ ਸ਼ਾਮਲ ਹਨ।ਪੰਜਾਬ ਸਰਕਾਰ ਵੱਲੋਂ ਅਕਤੂਬਰ 2024 ਵਿੱਚ ਪੰਜਾਬ ਸਟ੍ਰੋਕ ਪ੍ਰਾਜੈਕਟ ਵੀ ਸ਼ੁਰੂ ਕੀਤਾ ਗਿਆ ਹੈ, ਜਿਸ ਦਾ ਉਦੇਸ਼ ਇਸਕੇਮਿਕ ਸਟ੍ਰੋਕ ਤੋਂ ਪੀੜਤ ਲਗਭਗ 200 ਸਟ੍ਰੋਕ ਮਰੀਜ਼ਾਂ ਨੂੰ ਮੁਫਤ ਮਕੈਨੀਕਲ ਥਰੋਮਬੈਕਟੋਮੀ ਪ੍ਰਦਾਨ ਕਰਨਾ ਹੈ।ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੀ ਗਈ ਡੇਂਗੂ ਵਿਰੋਧੀ ਮੁਹਿੰਮ 'ਹਰ ਸ਼ੁੱਕਰਵਾਰ, ਡੇਂਗੂ 'ਤੇ ਵਾਰ' ਸਫ਼ਲਤਾਪੂਰਵਕ ਚੱਲ ਰਹੀ ਹੈ ਅਤੇ ਸਾਲ 2024 ਵਿੱਚ ਡੇਂਗੂ ਦੇ ਕੇਸਾਂ ਵਿੱਚ ਪਿਛਲੇ ਸਾਲ ਦੇ ਮੁਕਾਬਲੇ ਲਗਭਗ 55 ਫੀਸਦੀ ਦੀ ਕਮੀ ਦਰਜ ਕੀਤੀ ਗਈ ਹੈ ਅਤੇ ਡੇਂਗੂ ਕਾਰਨ ਹੋਣ ਵਾਲੀਆਂ ਮੌਤਾਂ ਵਿੱਚ 70 ਫੀਸਦੀ ਦੀ ਆਈ ਹੈ।ਉਨ੍ਹਾਂ ਦੱਸਿਆ ਕਿ ਗੁਰਦਿਆਂ ਦੀਆਂ ਬਿਮਾਰੀਆਂ ਨਾਲ ਪੀੜਤ ਮਰੀਜ਼ਾਂ ਲਈ ਸਿਹਤ ਸਹੂਲਤਾਂ ਨੂੰ ਹੋਰ ਮਜ਼ਬੂਤ ਕਰਨ ਲਈ ਪੰਜਾਬ ਸਰਕਾਰ ਵੱਲੋਂ ਹੰਸ ਫਾਊਂਡੇਸ਼ਨ, ਮਾਤਾ ਗੁਜਰੀ ਟਰੱਸਟ ਜਗਰਾਉਂ ਅਤੇ ਹੈਲਪਫੁੱਲ ਐਨ ਜੀ ਓ ਸਮੇਤ ਗੈਰ ਸਰਕਾਰੀ ਸੰਗਠਨਾਂ ਦੇ ਸਹਿਯੋਗ ਨਾਲ ਮਰੀਜ਼ਾਂ ਨੂੰ ਮੁਫਤ ਡਾਇਲਸਿਸ ਦੀ ਸਹੂਲਤ ਪ੍ਰਦਾਨ ਕੀਤੀ ਜਾ ਰਹੀ ਹੈ। ਮੌਜੂਦਾ ਸਮੇਂ, 23 ਜ਼ਿਲ੍ਹਾ ਹਸਪਤਾਲਾਂ, 14 ਸਬ-ਡਵੀਜ਼ਨਲ ਹਸਪਤਾਲਾਂ, ਤਿੰਨ ਕਮਿਊਨਿਟੀ ਹੈਲਥ ਸੈਂਟਰਾਂ ਵਿਖੇ ਸਥਿਤ 40 ਡਾਇਲਸਿਸ ਕੇਂਦਰਾਂ ਵਿੱਚ 168 ਡਾਇਲਸਿਸ ਮਸ਼ੀਨਾਂ ਉਪਲੱਬਧ ਹਨ। ਸਿਹਤ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੜਕ ਹਾਦਸਿਆਂ ਦੇ ਪੀੜਤਾਂ ਨੂੰ ਤੁਰੰਤ ਤੇ ਨਿਰਵਿਘਨ ਇਲਾਜ ਮੁਹੱਈਆ ਕਰਵਾਉਣ ਲਈ ਸ਼ੁਰੂ ਕੀਤੀ ਗਈ ਫਰਿਸ਼ਤੇ ਸਕੀਮ ਕੀਮਤੀ ਜਾਨਾਂ ਬਚਾਉਣ ਲਈ ਵਰਦਾਨ ਸਾਬਤ ਹੋ ਰਹੀ ਹੈ। ਆਮ ਲੋਕਾਂ ਨੂੰ ਅੱਗੇ ਆਉਣ ਅਤੇ ਸੜਕ ਹਾਦਸਿਆਂ ਦੇ ਪੀੜਤਾਂ ਦੀ ਮਦਦ ਕਰਨ ਅਤੇ ਪੀੜਤਾਂ ਦੀ ਜਾਨ ਬਚਾਉਣ ਲਈ ਉਤਸ਼ਾਹਿਤ ਕਰਨ ਵਾਸਤੇ ਅਜਿਹੇ ਫਰਿਸ਼ਤਿਆਂ ਨੂੰ 2000 ਰੁਪਏ ਦੇ ਨਕਦ ਇਨਾਮ, ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਤ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਐਸ.ਏ.ਐਸ.ਨਗਰ ਵਿਖੇ ਪੰਜਾਬ ਦਾ ਪਹਿਲਾ ਇੰਸਟੀਚਿਊਟ ਆਫ਼ ਲਿਵਰ ਐਂਡ ਬਿਲੀਏਰੀ ਸਾਇੰਸਜ਼ ਵੀ ਲੋਕਾਂ ਨੂੰ ਸਮਰਪਤ ਕੀਤਾ ਗਿਆ ਹੈ ਜਿੱਥੇ ਲੋਕ ਯੂ.ਜੀ.ਆਈ. ਐਂਡੋਸਕੋਪੀ, ਫਾਈਬਰੋਸਕਨ, ਐਂਡੋਸਕੋਪਿਕ ਅਲਟਰਾਸਾਊਂਡ ਅਤੇ ਈ.ਆਰ.ਸੀ.ਪੀ. ਵਰਗੀਆਂ ਸੇਵਾਵਾਂ ਦਾ ਲਾਭ ਲੈ ਸਕਦੇ ਹਨ। ਇਸ ਇੰਸਟੀਚਿਊਟ ਨੂੰ ਦਿ ਇੰਸਟੀਚਿਊਟ ਆਫ਼ ਲਿਵਰ ਐਂਡ ਬਿਲੀਏਰੀ ਸਾਇੰਸਜ਼ (ਆਈ.ਐਲ.ਬੀ.ਐਸ.), ਨਵੀਂ ਦਿੱਲੀ ਦੀ ਤਰਜ਼ 'ਤੇ ਸਥਾਪਤ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਅੰਮ੍ਰਿਤਸਰ, ਪਟਿਆਲਾ ਅਤੇ ਫਰੀਦਕੋਟ ਸਮੇਤ ਸਰਕਾਰੀ ਮੈਡੀਕਲ ਕਾਲਜਾਂ ਵਿੱਚ ਤੀਜੇ ਦਰਜੇ ਦੀਆਂ ਦੇਖਭਾਲ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਜਦਕਿ ਮੁੱਖ ਮੰਤਰੀ ਪੰਜਾਬ ਕੈਂਸਰ ਰਾਹਤ ਕੋਸ਼ ਸਕੀਮ ਤਹਿਤ ਸੂਬੇ ਦੇ ਸਾਰੇ ਸਰਕਾਰੀ ਮੈਡੀਕਲ ਕਾਲਜਾਂ, ਹੋਮੀ ਭਾਬਾ ਕੈਂਸਰ ਹਸਪਤਾਲ ਸੰਗਰੂਰ, ਹੋਮੀ ਭਾਬਾ ਕੈਂਸਰ ਹਸਪਤਾਲ ਅਤੇ ਖੋਜ ਕੇਂਦਰ (ਐਚ.ਬੀ.ਸੀ.ਐਚ.ਆਰ.ਸ.) ਮੁੱਲਾਂਪੁਰ ਅਤੇ ਐਡਵਾਂਸਡ ਕੈਂਸਰ ਇੰਸਟੀਚਿਊਟ ਬਠਿੰਡਾ ਵਿਖੇ ਕੈਂਸਰ ਦਾ ਮੁਫ਼ਤ ਇਲਾਜ ਮੁਹੱਈਆ ਕਰਵਾਇਆ ਜਾ ਰਿਹਾ ਹੈ।ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਸੀ.ਐਮ. ਦੀ ਯੋਗਸ਼ਾਲਾ ਦੀ ਸਾਰੇ ਜ਼ਿਲ੍ਹਿਆਂ ਵਿੱਚ ਸਫਲਤਾਪੂਰਵਕ ਸ਼ੁਰੂਆਤ ਤੋਂ ਬਾਅਦ, ਪੰਜਾਬ ਦੇ ਲੋਕਾਂ ਨੂੰ ਤੰਦਰੁਸਤ ਅਤੇ ਸਿਹਤਯਾਬ ਰੱਖਣ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ ਇਸ ਜਨਤਕ ਮੁਹਿੰਮ ਨੂੰ ਪਿੰਡ ਅਤੇ ਬਲਾਕ ਪੱਧਰ 'ਤੇ ਵੀ ਭਰਵਾਂ ਹੁੰਗਾਰਾ ਮਿਲਿਆ ਹੈ। ਸਰਕਾਰ ਵੱਲੋਂ 580 ਯੋਗਾ ਟ੍ਰੇਨਰਾਂ ਦੀ ਭਰਤੀ ਕੀਤੀ ਹੈ ਅਤੇ ਮੌਜੂਦਾ ਸਮੇਂ ਰੋਜ਼ਾਨਾ ਸਵੇਰੇ 3284 'ਸੀ.ਐਮ. ਦੀ ਯੋਗਸ਼ਾਲਾ' ਦਾ ਆਯੋਜਨ ਕੀਤਾ ਜਾ ਰਿਹਾ ਹੈ, ਜਿਸ ਵਿੱਚ 1 ਲੱਖ ਤੋਂ ਵੱਧ ਲੋਕ ਲਾਭ ਲੈ ਰਹੇ ਹਨ।

## ਇੰਡਸਟਰੀਜ਼ ਦੇ ਧਨਾਢ ਧੜੇ ਵੱਲੋਂ ਛੋਟੀਆਂ ਇਕਾਈਆਂ ਨੂੰ ਦਬਾਉਣ ਦੀ ਨਾਕਾਮ ਕੋਸ਼ਿਸ਼ : ਬਲਜੀਤ ਸਿੰਘ



**ਮੋਹਾਲੀ, (ਗੁਰਜੀਤ ਬਿੱਲਾ)**-ਮੋਹਾਲੀ ਇੰਡਸਟਰੀਜ਼ ਐਸੋਸੀਏਸ਼ਨ (ਐਮ. ਆਈ. ਏ.) ਵਿਚ ਪ੍ਰਧਾਨਗੀ ਦੇ ਅਹੁਦੇ ਨੂੰ ਲੈ ਕੇ ਖਿੱਚੋਤਾਣ ਹੱਥੋਪਾਈ ਤੱਕ ਪਹੁੰਚ ਚੁੱਕੀ ਹੈ। ਬੀਤੇ ਦਿਨੀਂ ਇਸ ਝਗੜੇ ਦਾ ਇਹ ਮਾਮਲਾ ਐਸ.ਡੀ.ਐਮ. ਮੋਹਾਲੀ ਕੋਲ ਪਹੁੰਚ ਗਿਆ ਹੈ। ਇਸ ਦੌਰਾਨ ਮੌਜੂਦਾ ਪ੍ਰਧਾਨ ਸ. ਬਲਜੀਤ ਸਿੰਘ ਨੇ ਵਿਰੋਧੀ ਧਿਰ ਵੱਲੋਂ ਲਗਾਏ ਜਾ ਰਹੇ ਦੋਸ਼ਾਂ ਸਬੰਧੀ ਆਪਣਾ ਸਪੱਸ਼ਟੀਕਰਨ ਦਿੰਦਿਆਂ ਕਿਹਾ ਕਿ ਜੇਕਰ ਉਹਨਾਂ ਨੇ ਕਿਸੇ ਨਾਲ ਵੀ ਅਹੁਦੇ ਉਤੇ ਰਹਿੰਦਿਆਂ ਕੋਈ ਗਲਤ ਲੈਣ-ਦੇਣ ਕੀਤਾ, ਤਾਂ ਉਹ ਮੈਨੂੰ ਸਬੂਤ ਦਿਖਾਉਣ ਤਾਂ ਉਹ ਤੁਰੰਤ ਅਹੁਦੇ ਤੋਂ ਅਸਤੀਫਾ ਦੇ ਦੇਣਗੇ।ਇਸ ਸਬੰਧੀ ਅੱਜ ਮੋਹਾਲੀ ਪ੍ਰੈਸ ਕਲੱਬ ਵਿਖੇ ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਮੋਹਾਲੀ ਇੰਡਸਟਰੀਜ਼ ਐਸੋਸੀਏਸ਼ਨ ਦੇ ਮੌਜੂਦਾ ਪ੍ਰਧਾਨ ਬਲਜੀਤ ਸਿੰਘ ਨੇ ਦੱਸਿਆ ਕਿ ਇੰਡਸਟਰੀਜ਼ ਦੇ ਧਨਾਢ ਧੜੇ ਵਲੋਂ ਛੋਟੀਆਂ ਇਕਾਈਆਂ ਨੂੰ ਦਬਾਉਣ ਦੀ ਨਾਕਾਮ ਕੋਸ਼ਿਸ਼ ਕੀਤੀ ਗਈ। ਉਹਨਾਂ ਦੱਸਿਆ ਕਿ ਅਖੌਤੀ ਪ੍ਰਧਾਨ ਅਤੇ ਉਸ ਦੇ ਸਮਰਥਕਾਂ ਵੱਲੋਂ ਕਥਿਤ ਤੌਰ 'ਤੇ ਬੀਤੀ 27 ਦਸੰਬਰ 2024 ਨੂੰ ਜ਼ਬਰਦਸਤੀ ਕਬਜ਼ਾ ਲੈਣ ਲਈ ਐਮ.ਆਈ.ਏ. ਦਫਤਰ 'ਤੇ ਹਮਲਾ ਕੀਤਾ ਗਿਆ, ਜਦੋਂ ਉਹ ਐਸੋਸੀਏਸ਼ਨ ਦੇ ਮੈਂਬਰਾਂ ਨਾਲ ਮੀਟਿੰਗ ਕਰ ਰਹੇ ਸਨ। ਉਹਨਾਂ ਕਿਹਾ ਕਿ ਮੁਕੇਸ਼ ਬਾਂਸਲ ਦੇ ਸਮਰਥਕਾਂ ਨੇ ਐਮ.ਆਈ.ਏ ਦੇ ਮੈਂਬਰਾਂ ਨਾਲ ਦੁਰਵਿਵਹਾਰ ਕੀਤਾ, ਜਦੋਂਕਿ ਉਨ੍ਹਾਂ ਨੇ ਇਸ ਝਗੜੇ ਨੂੰ ਸ਼ਾਂਤ ਕਰਨ ਦੀ ਕੋਸ਼ਿਸ਼ ਕੀਤੀ। ਜਿਸ ਦੌਰਾਨ ਸਾਡੇ ਇਕ ਸਤਿਕਾਰਯੋਗ ਮੈਂਬਰ ਦੀ ਦਸਤਾਰ ਉਤਾਰ ਕੇ ਉਸ ਦੀ ਬੇਅਦਬੀ ਵੀ ਕੀਤੀ ਗਈ। ਬਲਜੀਤ ਸਿੰਘ ਨੇ ਅੱਗੇ ਕਿਹਾ ਕਿ ਉਹ ਬੀਤੇ ਇਕ ਸਾਲ ਤੋਂ ਪ੍ਰਧਾਨ ਵਜੋਂ ਸੇਵਾਵਾਂ ਨਿਭਾਅ ਰਹੇ ਹਨ। ਸਾਡੀ ਟੀਮ ਵਲੋਂ ਬਹੁਤ ਹੀ ਵਧੀਆ ਢੰਗ ਨਾਲ ਉਦਯੋਗਿਕ ਖੇਤਰ ਨਾਲ ਸਬੰਧਤ ਸਮੱਸਿਆਵਾਂ ਦਾ ਕੰਮ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਹੁਣ ਇਕ ਸਾਲ ਪੂਰਾ ਹੋਣ ਬਾਅਦ ਕਰੀਬ 80 ਤੋਂ 90 ਫੀਸਦੀ ਮੈਂਬਰਾਂ ਨੇ ਬੀਤੀ 6 ਅਗਸਤ 2024 ਨੂੰ ਆਪਣਾ ਬਹੁਮਤ ਦੇ ਕੇ ਉਹਨਾਂ ਨੂੰ ਮੁੜ ਦੂਜੇ ਸਾਲ ਲਈ ਪ੍ਰਧਾਨਗੀ ਸੌਂਪੀ ਹੈ। ਉਹਨਾਂ ਕਿਹਾ ਕਿ ਵਿਰੋਧੀ ਧਿਰ ਅਤੇ ਕੁਝ ਐਗਜ਼ੈਕਟਿਵ ਮੈਂਬਰਾਂ ਨੂੰ ਇਹ ਸਭ ਹਜ਼ਮ ਨਹੀਂ ਹੋ ਰਿਹਾ ਅਤੇ ਇਕ ਮਤਾ ਪਾ ਕੇ ਆਪਣਾ ਪ੍ਰਧਾਨ ਚੁਣ ਲਿਆ ਗਿਆ, ਜੋ ਸਰਾਸਰ ਇੰਡਸਟਰੀਜ਼ ਐਸੋਸੀਏਸ਼ਨ ਦੇ ਉਪ-ਨਿਯਮਾਂ ਦੇ ਖਿਲਾਫ ਹੈ।ਉਹਨਾਂ ਦੱਸਿਆ ਕਿ ਅਸੀਂ ਪ੍ਰਸ਼ਾਸਨ ਨੂੰ ਦੋਸ਼ੀਆਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕਰਨ ਲਈ ਪਹੁੰਚ ਕੀਤੀ ਹੈ। ਜਦਕਿ ਵਿਰੋਧੀ ਧਿਰ ਵੱਲੋਂ ਐਸ.ਡੀ.ਐਮ ਦਫ਼ਤਰ ਦੀ ਐਡਵਾਈਜ਼ਰੀ ਨੂੰ ਪ੍ਰੈਸ ਅਤੇ ਮੀਡੀਆ ਨੂੰ ਗਲਤ ਤਰੀਕੇ ਨਾਲ ਪੇਸ਼ ਕੀਤਾ ਗਿਆ। ਐਸ ਡੀ ਐਮ ਦਫ਼ਤਰ ਨੇ ਇਹ ਵੀ ਸਲਾਹ ਦਿੱਤੀ ਹੈ ਕਿ ਨਵੀਆਂ ਚੋਣਾਂ ਕਰਵਾਉਣ ਤੋਂ ਪਹਿਲਾਂ ਉਪ-ਨਿਯਮਾਂ ਵਿੱਚ ਅਸਪਸ਼ਟਤਾ ਕਾਰਨ ਉਦਯੋਗਾਂ ਦੀਆਂ ਤਿੰਨੇ ਸ਼੍ਰੇਣੀਆਂ ਦੀ ਨੁਮਾਇੰਦਗੀ ਨੂੰ ਸਹੀ ਕੀਤਾ ਜਾਵੇ। ਐਮ.ਆਈ.ਏ. ਦੀ ਕਾਰਜਕਾਰੀ ਕਮੇਟੀ ਅਤੇ ਪਿਛਲੀ ਜਨਰਲ ਬਾਡੀ ਮੀਟਿੰਗ ਵਿੱਚ ਪੈਦਾ ਹੋਈ ਅਜਿਹੀ ਹੀ ਇੱਕ ਅਜੀਬ ਸਥਿਤੀ ਵਿੱਚ ਫੈਸਲੇ ਵਿਚ ਸੋਧ ਕਰਨ ਦੀ ਲੋੜ ਹੈ। ਐਮ ਆਈ ਏ ਦੀ ਚੋਣ ਕਿਸੇ ਵਿਵਾਦ ਦੀ ਸਥਿਤੀ ਵਿੱਚ ਪਾਰਟੀਆਂ ਨੂੰ ਉਪਬੰਧਾਂ ਦੇ ਅਨੁਸਾਰ ਸਿਵਲ ਕੋਰਟ ਵਿੱਚ ਜਾਣ ਦੀ ਸਲਾਹ ਦਿੱਤੀ ਜਾਂਦੀ ਹੈ।ਇਸ ਦੌਰਾਨ ਪ੍ਰਧਾਨ ਬਲਜੀਤ ਸਿੰਘ ਤੋਂ ਇਲਾਵਾ ਇੰਜ: ਹਰਬੀਰ ਸਿੰਘ ਢੀਂਡਸਾ, ਰਾਕੇਸ਼ ਵਿੱਗ, ਗਰੀਸ਼ ਭਨੋਟ, ਪਰਮਜੀਤ ਸਿੰਘ ਸੈਣੀ, ਮਨਮੋਹਨ ਸਿੰਘ ਜੰਡੂ, ਦਪਿੰਦਰਨੈਣ ਸਿੰਘ, ਗੁਰਬਖ਼ਸ਼ ਸਿੰਘ, ਜਸਵੰਤ ਸਿੰਘ ਭੁੱਲਰ, ਪ੍ਰਧਾਨ ਆਰ. ਡਬਲਿਊ. ਏ. ਸੈਕਟਰ 90-91 ਰਾਜਿੰਦਰ ਸਿੰਘ ਸਿੱਧੂ, ਸੁਰਜੀਤ ਸਿੰਘ, ਜਗਤਾਰ ਸਿੰਘ, ਪ੍ਰਧਾਨ ਗੁ: ਫੇਜ਼ 3ਬੀ1 ਕਰਮ ਸਿੰਘ ਬਬਰਾ, ਗੁਰਮੀਤ ਸਿੰਘ, ਮੁੱਖ ਬੁਲਾਰਾ ਕਿਸਾਨ ਯੂਨੀਅਨ ਪੰਜਾਬ ਪਰਮਜੀਤ ਮਾਵੀ, ਹਰਮੀਤ ਸਿੰਘ, ਪ੍ਰਧਾਨ ਗੁ: ਸਾਹਿਬ ਫੇਜ਼-5 ਸ. ਸ਼ੀਵਿੰਦਰ ਸਿੰਘ ਆਦਿ ਹਾਜ਼ਰ ਸਨ। ਦੂਜੇ ਪਾਸੇ ਮੋਹਾਲੀ ਇੰਡਸਟਰੀਜ਼ ਐਸੋਸੀਏਸ਼ਨ ਦੇ ਮੁਅੱਤਲ ਕੀਤੇ ਮੈਂਬਰ ਮੁਕੇਸ਼ ਬਾਂਸਲ ਨੇ ਇਹਨਾਂ ਸਾਰੇ ਦੋਸ਼ਾਂ ਨੂੰ ਨਿਰਾਧਾਰ ਦੱਸਿਆ। ਉਹਨਾਂ ਕਿਹਾ ਕਿ ਦਫ਼ਤਰ ਵਿਚ ਬੈਠੇ ਮੈਂਬਰਾਂ ਨੇ ਉਸ ਨੂੰ ਕੁੱਟਿਆ ਮਾਰਿਆ ਅਤੇ ਉਸ ਦੇ ਸਿਰ ਉਤੇ ਜ਼ਖ਼ਮ ਹੋ ਗਏ। ਉਹ ਉਥੇ ਕੀ ਕਰਨ ਆਏ ਸੀ ਦੇ ਜਵਾਬ ਵਿਚ ਬਾਂਸਲ ਨੇ ਕਿਹਾ ਕਿ ਡਿਪਟੀ ਕਮਿਸ਼ਨਰ ਮੋਹਾਲੀ ਨੇ ਐਮ.ਆਈ.ਏ. ਦੀ ਦੁਬਾਰਾ ਚੋਣ ਕਰਵਾਉਣ ਦੇ ਹੁਕਮ ਦਿੱਤੇ ਸਨ, ਜਿਸ ਬਾਰੇ ਉਹ ਗੱਲ ਕਰਨ ਆਏ ਸਨ। ਉਹਨਾਂ ਕਿਹਾ ਕਿ ਅਸੀਂ ਕਿਸੇ ਵੀ ਮੈਂਬਰ ਦੀ ਪੱਗ ਨਹੀਂ ਉਤਾਰੀ, ਇਹ ਗੱਲ ਬਿਲਕੁੱਲ ਝੂਠ ਹੈ।

## ਪਟਵਾਰਖਾਨਾ ਵਿਖੇ ਸੁਖਮਨੀ ਸਾਹਿਬ ਦੇ ਪਾਠ ਕਰਵਾਏ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਪਟਵਾਰ ਖਾਨਾ ਜ਼ਿਲ੍ਹਾ ਪ੍ਰੀਸ਼ਦ ਨੇੜੇ ਰੇਲਵੇ ਪੁਲ ਫਿਰੋਜ਼ਪੁਰ ਸ਼ਹਿਰ ਵਿਖੇ ਸਰਬੰਸਦਾਨੀ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ, ਮਾਤਾ ਗੁਜਰ ਕੌਰ ਜੀ, ਚਾਰ ਸਾਹਿਬਜ਼ਾਦੇ ਤੇ ਅਨੇਕਾਂ ਸਿੱਖ ਕੌਮ ਦੇ ਮਹਾਨ ਸ਼ਹੀਦਾਂ ਦੀ ਯਾਦ ਨੂੰ ਸਮਰਪਤ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ ਗਏ।ਪਾਠ ਉਪਰੰਤ ਕੀਰਤਨ ਜਥਿਆਂ ਵੱਲੋਂ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਧੰਨ-ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ, ਮਾਤਾ ਗੁਜਰ ਕੌਰ, ਚਾਰ ਸਾਹਿਬਜ਼ਾਦਿਆਂ ਦੇ ਜੀਵਨ ਬਾਰੇ ਵਿਸਥਾਰਪੂਰਵਕ ਸੰਗਤਾਂ ਨੂੰ ਜਾਣੂ ਕਰਵਾਇਆ ਤੇ ਕਿਹਾ ਕਿ 20 ਦਸੰਬਰ ਤੋਂ ਲੈ ਕੇ 28 ਦਸੰਬਰ ਤੱਕ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦਾ ਸਾਰਾ ਪਰਿਵਾਰ ਸ਼ਹੀਦ ਹੋ ਗਿਆ, ਸਾਨੂੰ ਉਨ੍ਹਾਂ ਦੀ ਕੁਰਬਾਨੀ ਨੂੰ ਕਦੇ ਵੀ ਭੁਲਾਉਣਾ ਨਹੀਂ ਚਾਹੀਦਾ।ਇਸ ਮੌਕੇ ਸਮੂਹ ਪਟਵਾਰੀ ਤੇ ਕਾਨੂੰਗੋ ਅਤੇ ਹੋਰ ਵੀ ਬਹੁਤ ਸਾਰੀਆਂ ਸੰਗਤਾਂ ਹਾਜ਼ਰ ਸਨ।ਇਸ ਮੌਕੇ ਗੁਰੂ ਕਾ ਲੰਗਰ, ਚਾਹ ਮੱਠੀ ਤੇ ਬਿਸਕੁਟਾਂ ਦਾ ਲੰਗਰ ਅਤੁੱਟ ਵਰਤਾਇਆ ਗਿਆ।

## 'ਜੀ ਐੱਨ ਡੀ ਯੂ ਹਾਸ਼ੀਏ 'ਤੇ ਜਾ ਰਹੇ ਲੋਕਾਂ ਤੇ ਪੱਛੜੇ ਭਾਈਚਾਰਿਆਂ ਦੀ ਮਾਨਸਿਕ ਸਿਹਤ ਲਈ ਵਚਨਬੱਧ'



**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ)**-ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਚ ਹੋ ਰਹੀ ਵਿਗਿਆਨਕ ਖੋਜ ਜਿਥੇ ਸਮਾਜ ਵਿਚ ਚੰਗੇ ਰਹਿਣ-ਸਹਿਣ ਦੀ ਦਿਸ਼ਾ ਵਿਚ ਕੰਮ ਕਰਦੀ ਹੈ ਉਥੇ ਯੂਨੀਵਰਸਿਟੀ ਦਾ ਸਮਾਜ ਵਿਗਿਆਨ ਤੇ ਭਾਸ਼ਾ ਨਾਲ ਸਬੰਧਤ ਵਿਭਾਗਾਂ ਵੱਲੋਂ ਵੀ ਸਮਾਜ ਦੀ ਬਿਹਤਰੀ ਲਈ ਖੋਜ ਕਾਰਜ ਕੀਤੇ ਜਾਂਦੇ ਹਨ।ਇਸੇ ਤਰ੍ਹਾਂ ਯੂਨੀਵਰਸਿਟੀ ਦਾ ਮਨੋਵਿਗਿਆਨ ਵਿਭਾਗ ਵੀ ਪੰਜਾਬ ਦੀ ਸਮਾਜਿਕ ਬਿਹਤਰੀ ਲਈ ਮਨੋਵਿਗਿਆਨਕ ਖੋਜ ਵਿਚ ਆਪਣਾ ਬਣਦਾ ਯੋਗਦਾਨ ਪਾ ਰਿਹਾ ਹੈ।ਪਿਛਲੇ ਕੁੱਝ ਸਮੇਂ ਦੌਰਾਨ ਇਸ ਵਿਭਾਗ ਵੱਲੋਂ ਪੰਜਾਬ 'ਚ ਹਾਸ਼ੀਏ 'ਤੇ ਜਾ ਰਹੇ ਲੋਕਾਂ ਅਤੇ ਪੱਛੜੇ ਭਾਈਚਾਰਿਆਂ ਵਿਚ ਵੱਧ ਰਹੀਆਂ ਮਾਨਸਿਕ ਸਿਹਤ ਮੁਸ਼ਕਲਾਂ ਵੱਲ ਧਿਆਨ ਕੇਂਦਰਿਤ ਕੀਤਾ ਗਿਆ।ਇਸ ਵਿਭਾਗ ਨੇ ਉਨ੍ਹਾਂ ਲੋਕਾਂ ਤੇ ਧਿਆਨ ਕੇਂਦਰਿਤ ਕੀਤਾ ਹੈ ਜੋ ਸਾਡੇ ਸਮਾਜ ਵਿਚ ਕਾਫੀ ਲੰਮੇ ਸਮੇਂ ਤੋਂ ਇਕ ਹੀ ਅਣਉਨਤ ਸਥਿਤੀ ਵਿਚ ਰੁਕੇ ਹੋਏ ਜੀਵਨ ਬਤੀਤ ਕਰ ਰਹੇ ਹਨ।ਇਸ ਵਿਭਾਗ ਵੱਲੋਂ ਆਪਣੀ ਤਰੱਕੀ ਅਤੇ ਉਨਤੀ ਵਿਚ ਪਿੱਛੇ ਅਤੇ ਹਾਸ਼ੀਏ 'ਤੇ ਲੋਕਾਂ ਅਤੇ ਪੱਛੜੇ ਭਾਈਚਾਰਿਆਂ ਵਿੱਚ ਵੱਧ ਰਹੀਆਂ ਮਾਨਸਿਕ ਸਿਹਤ ਚੁਣੌਤੀਆਂ ਨਾਲ ਨਜਿੱਠਣ ਲਈ ਮਹੱਤਵਪੂਰਨ ਕਦਮ ਚੁੱਕੇ ਜਾ ਰਹੇ ਹਨ।ਇਸ ਵਿਭਾਗ ਵੱਲੋਂ ਪੰਜਾਬ ਦੇ ਸਰਕਾਰੀ ਸਕੂਲਾਂ ਵਿਚ ਅਜਿਹੇ ਪ੍ਰੋਗਰਾਮ ਅਰੰਭੇ ਗਏ ਹਨ ਜਿਨ੍ਹਾਂ ਨਾਲ ਇਨ੍ਹਾਂ ਲੋਕਾਂ ਦੀ ਮਾਨਸਿਕ ਸਿਹਤ ਨੂੰ ਉਚਾ ਚੁੱਕਣ ਲਈ ਜਾਗਰੂਕਤਾ ਪੈਦਾ ਹੋਵੇ, ਇਨ੍ਹਾਂ ਨੂੰ ਆਪਣੀ ਪਛਾਣ ਦਾ ਅਹਿਸਾਸ ਹੋਵੇਗ ਅਤੇ ਮਨੋਵਿਗਿਆਨਕ ਸਹਾਇਤਾ ਫੌਰੀ ਤੌਰ ਤੇ ਮਿਲ ਸਕੇ।ਵਿਭਾਗ ਨੇ ਲਚਕੀਲੇਪਨ, ਮਾਨਸਿਕ ਤੰਦਰੁਸਤੀ ਅਤੇ ਵੱਖ-ਵੱਖ ਪ੍ਰਸਥਿਤੀਆਂ ਨਾਲ ਮੁਕਾਬਲਾ ਕਰਨ ਦੀਆਂ ਰਣਨੀਤੀਆਂ ਨੂੰ ਉਤਸ਼ਾਹਿਤ ਕਰਨ ਲਈ ਸਰਕਾਰੀ ਸਕੂਲਾਂ ਵਿੱਚ ਆਊਟਰੀਚ ਪ੍ਰੋਗਰਾਮ ਸ਼ੁਰੂ ਕੀਤੇ ਹਨ।ਡਾ. ਰੂਪਨ ਢਿੱਲੋਂ, ਐਸੋਸੀਏਟ ਪ੍ਰੋਫੈਸਰ ਅਤੇ ਮੁਖੀ, ਮਨੋਵਿਗਿਆਨ ਵਿਭਾਗ ਅਤੇ ਡਾ. ਬਲਬਿੰਦਰ ਸਿੰਘ, ਸਹਾਇਕ ਪ੍ਰੋਫੈਸਰ ਨੇ ਦੱਸਿਆ ਕਿ ਵਿਭਾਗ ਵੱਲੋਂ ਏਂਜਲਸ ਪਬਲਿਕ ਸਕੂਲ ਰੋੜਾਂਵਾਲਾ ਵਿਖੇ ਮਾਨਸਿਕ ਸਿਹਤ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਸੈਸ਼ਨ ਨੇ ਲਿੰਗ ਸੰਵੇਦਨਸ਼ੀਲਤਾ ਅਤੇ ਸ਼ਖਸੀਅਤੀ ਵਿਕਾਸ ਨੂੰ ਉਤਸ਼ਾਹਿਤ ਕਰਦੇ ਹੋਏ ਚਿੰਤਾ, ਉਦਾਸੀ ਅਤੇ ਲੜਕੀ ਸਸ਼ਕਤੀਕਰਨ ਕਰਨ 'ਤੇ ਧਿਆਨ ਕੇਂਦਰਿਤ ਕੀਤਾ।ਉਨ੍ਹਾਂ ਦੱਸਿਆ ਕਿ ਸਰਕਾਰੀ ਐਲੀਮੈਂਟਰੀ ਸਕੂਲ, ਘਰਿੰਡਾ ਵਿਖੇ ਇੱਕ ਦਿਲਚਸਪ ਪ੍ਰੋਗਰਾਮ ਕਰਵਾਇਆ ਗਿਆ ਜਿਸ ਵਿਚ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਇੰਟਰਐਕਟਿਵ ਗਤੀਵਿਧੀਆਂ ਵਿੱਚ ਸ਼ਾਮਲ ਕਰਦਿਆਂ ਹੋਇਆਂ ਮਾਨਸਿਕ ਸਿਹਤ ਜਾਗਰੂਕਤਾ, ਚਿੰਤਾ ਪ੍ਰਬੰਧਨ ਅਤੇ ਸਿੱਖਿਆ ਤੇ ਮਾਨਸਿਕ ਤੰਦਰੁਸਤੀ ਦੇ ਮਆਈਨੇ ਸਮਝਾਏ ਗਏ।ਵਿਭਾਗ ਦੇ ਮੁਖੀ ਨੇ ਦੱਸਿਆ ਕਿ ਅਜਿਹੀਆਂ ਪਹਿਲਕਦਮੀਆਂ ਨੂੰ ਕਾਇਮ ਰੱਖਣ ਲਈ ਸਟੇਕਹੋਲਡਰ ਸਹਿਯੋਗ, ਲੰਬੇ ਸਮੇਂ ਲਈ ਫੰਡਿੰਗ ਅਤੇ ਸਰਕਾਰੀ ਸਹਾਇਤਾ ਦੀ ਜ਼ਰੂਰੀ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਸਮਾਜ ਦੇ ਕਿਸੇ ਵੀ ਵਰਗ ਨੂੰ ਨਜ਼ਰਅੰਦਾਜ਼ ਨਾ ਕੀਤਾ ਜਾਵੇ।ਇਹ ਪ੍ਰੋਗਰਾਮ ਮਾਨਸਿਕ ਸਿਹਤ ਸਾਖਰਤਾ ਨੂੰ ਬਿਹਤਰ ਬਣਾਉਣ ਲਈ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀ ਚੰਗੇ ਸਮਾਜ ਦੀ ਸਿਰਜਣਾ ਪ੍ਰਤੀ ਵਚਨਬੱਧਤਾ ਨੂੰ ਉਜਾਗਰ ਕਰਦੇ ਹਨ।

## ਕਿਸਾਨਾਂ 'ਤੇ ਜਬਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ : ਰਾਜੇਵਾਲ



**ਨਾਭਾ (ਵਰਿੰਦਰ ਵਰਮਾ)**-ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਜ਼ਿਲ੍ਹਾ ਮੀਤ ਪ੍ਰਧਾਨ ਜਗਜੀਤ ਸਿੰਘ ਮੋਹਲਗੁਆਰਾ ਦੇ ਪੁੱਤਰ ਨੇਤਰ ਸਿੰਘ ਦੀ ਅੰਤਿਮ ਅਰਦਾਸ ਮੌਕੇ ਨਾਭਾ ਦੇ ਗੁਰਦੁਆਰਾ ਘੋੜਿਆਂ ਵਾਲਾ ਵਿਖੇ ਸ਼ਿਰਕਤ ਕਰਨ ਆਏ ਬਲਵੀਰ ਸਿੰਘ ਰਾਜੇਵਾਲ ਨੇ ਅਰਦਾਸ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਰਕਾਰ ਕਿਸਾਨਾਂ ਨਾਲ ਸ਼ਰੇਆਮ ਧੱਕਾ ਕਰ ਰਹੀ ਹੈ। ਉਨ੍ਹਾਂ ਨੇ ਆਪਣੇ ਵੱਲੋਂ ਸੁਪਰੀਮ ਕੋਰਟ ਦੇ ਚੀਫ ਜਸਟਿਸ ਨੂੰ ਲਿਖੀ ਚਿੱਠੀ ਦਾ ਜ਼ਿਕਰ ਕਰਦਿਆਂ ਕਿਹਾ ਕਿ ਮਾਨਯੋਗ ਚੀਫ ਜਸਟਿਸ ਸਾਨੂੰ ਇਹ ਤਾਂ ਦੱਸ ਦੇਣ ਕਿ ਸੰਵਿਧਾਨ ਦੀ ਕਿਹੜੀ ਧਾਰਾ ਹੈ, ਜਿਸ ਦੇ ਤਹਿਤ ਹਰਿਆਣਾ ਸਰਕਾਰ ਸ਼ਾਂਤਮਈ ਤਰੀਕੇ ਨਾਲ ਕਿਸਾਨਾਂ ਨੂੰ ਦਿੱਲੀ ਜਾਣ ਤੋਂ ਰੋਕ ਰਹੀ ਹੈ।ਰੋਕ ਹੀ ਨਹੀਂ ਰਹੀ, ਸਗੋਂ ਗੰਦੇ ਪਾਣੀ ਦੀਆਂ ਬੁਛਾੜਾਂ ਤੇ ਅੰਨ੍ਹੇਵਾਹ ਅੱਥਰੂ ਗੈਸ ਦੇ ਗੋਲੇ ਵੀ ਸੁੱਟੇ ਜਾ ਰਹੇ ਹਨ। ਪੱਤਰਕਾਰਾਂ ਵੱਲੋਂ ਏਕਤਾ ਬਾਰੇ ਪੁੱਛੇ ਸਵਾਲ ਤੇ ਰਾਜੇਵਾਲ ਨੇ ਕਿਹਾ ਕਿ ਐੱਸ ਕੇ ਐੱਮ ਵੱਲੋਂ ਲਗਾਤਾਰ ਕੋਸ਼ਿਸ਼ ਜਾਰੀ ਹੈ।ਸਾਂਝੀਆਂ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।ਇਸ ਤੋਂ ਇਲਾਵਾ ਉਨ੍ਹਾਂ ਨੇ ਦੱਸਿਆ ਕਿ ਸੁਪਰੀਮ ਕੋਰਟ ਵੱਲੋਂ ਕਿਸਾਨਾਂ ਨਾਲ ਗੱਲਬਾਤ ਕਰਨ ਲਈ ਬਣਾਈ ਗਈ ਕਮੇਟੀ ਕੋਲ ਤਿੰਨ ਜਨਵਰੀ ਨੂੰ ਉਹ ਕਿਸਾਨਾਂ ਦਾ ਕੇਸ ਰੱਖਣਗੇ।ਉਸ ਦੀ ਤਿਆਰੀ ਲਈ ਉਹ ਮੁੱਖ ਫਸਲਾਂ 'ਤੇ ਹੋਣ ਵਾਲਾ ਖਰਚਾ ਤੇ ਉਨ੍ਹਾਂ ਤੋਂ ਹੋਣ ਵਾਲੀ ਆਮਦਨ ਅਤੇ ਬੱਚਤ ਬਾਰੇ ਇੱਕ ਡਾਟਾ ਤਿਆਰ ਕਰ ਰਹੇ ਹਨ, ਜਿਹੜਾ ਸਬੂਤਾਂ ਸਹਿਤ ਕਮੇਟੀ ਕੋਲ ਪੇਸ਼ ਕੀਤਾ ਜਾਵੇਗਾ।ਇਸ ਮੌਕੇ ਸੀਨੀਅਰ ਆਗੂ ਨੇਕ ਸਿੰਘ ਖੋਖ, ਓਂਕਾਰ ਸਿੰਘ ਅਗੌਲ, ਘੁੰਮਣ ਸਿੰਘ ਰਾਜਗੜ੍ਹ, ਹਰਦੀਪ ਸਿੰਘ, ਅਵਤਾਰ ਸਿੰਘ ਕੈਦੂਪੁਰ, ਲਾਭ ਸਿੰਘ ਦਿੱਤੂਪੁਰ, ਅਵਤਾਰ ਸਿੰਘ ਪੇਧਨ ਤੋਂ ਇਲਾਵਾ ਅੱਛਰ ਸਿੰਘ ਭੋਜੋ ਮਾਜਰੀ ਤੇ ਗੁਰਮੇਲ ਸਿੰਘ ਪੂਨੀਵਾਲ ਹਾਜ਼ਰ ਸਨ।

## ਬੀ ਕੇ ਯੂ ਏਕਤਾ ਡਕੌਂਦਾ ਮਹਿਮਾ ਇਕਾਈ ਦੀ ਚੋਣ



**ਫਿਰੋਜ਼ਪੁਰ, (ਅਸ਼ੋਕ ਸ਼ਰਮਾ)** : ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜ਼ਿਲ੍ਹਾ ਫਿਰੋਜ਼ਪੁਰ ਵੱਲੋਂ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਤੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਦਰਸ਼ਨ ਸਿੰਘ ਕੜਮਾ ਦੀ ਅਗਵਾਈ ਹੇਠ ਪਿੰਡ ਮਹਿਮਾ ਵਿਖੇ ਪਿੰਡ ਇਕਾਈ ਦੀ ਚੋਣ ਕੀਤੀ ਗਈ।ਇਸ ਮੌਕੇ ਬੁਲਾਰਿਆਂ ਨੇ ਬੋਲਦਿਆਂ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਮਾਰੂ ਨੀਤੀਆਂ ਤੋਂ ਕਿਸਾਨਾਂ ਨੂੰ ਜਾਗਰੂਕ ਕਰਵਾਇਆ ਕਿ 13 ਮਹੀਨੇ ਦੇ ਲਗਭਗ ਦਿੱਲੀ ਵਿਖੇ ਚੱਲੇ ਇਤਿਹਾਸਕ ਘੋਲ ਰਾਹੀਂ ਤਿੰਨ ਖੇਤੀ ਕਾਨੂੰਨਾਂ ਨੂੰ ਰੱਦ ਕਰਵਾਇਆ ਗਿਆ, ਪਰ ਕੇਂਦਰ ਤੇ ਪੰਜਾਬ ਸਰਕਾਰ ਉਨ੍ਹਾਂ ਤਿੰਨਾਂ ਕਾਨੂੰਨਾਂ ਨੂੰ ਚੋਰ ਮੋਰੀ ਰਾਹੀਂ ਦੁਬਾਰਾ ਤੋਂ ਫਿਰ ਲਾਗੂ ਕਰਨ ਦੀਆਂ ਕੋਸ਼ਿਸ਼ਾਂ ਕਰ ਰਹੀਆਂ ਹਨ, ਜਿਸ ਦੀ ਤਿਆਰੀ ਵਜੋਂ ਲੋਕਾਂ ਨੂੰ ਜਥੇਬੰਦ ਹੋਣ ਦੀ ਅਪੀਲ ਕੀਤੀ ਗਈ। ਇਸੇ ਹੀ ਲੜੀ ਤਹਿਤ ਪਿੰਡ ਮਹਿਮਾ ਵਿਖੇ 21 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਖਜ਼ਾਨਚੀ ਜਤਿੰਦਰ ਸਿੰਘ ਰਿੰਕੂ ਕੜਮਾ, ਜਸ਼ਨ ਸਿੰਘ ਅਟਾਰੀ ਵਾਲਾ, ਅੰਗਰੇਜ਼ ਸਿੰਘ ਜਾਗੋ ਕੇ, ਅਵਤਾਰ ਸਿੰਘ ਭੋਲਾ, ਜਸ਼ਨਪ੍ਰੀਤ ਸਿੰਘ ਜੰਗ, ਲਖਵਿੰਦਰ ਸਿੰਘ, ਸਤਨਾਮ ਸਿੰਘ, ਗੁਰਭੇਜ ਸਿੰਘ ਕਿਰਪਾਲਕੇ, ਜਸਬੀਰ ਸਿੰਘ ਭੰਗੂ, ਗੁਰਮੰਦਰ ਸਿੰਘ, ਜਗਮੀਤ ਸਿੰਘ ਮੁਕਾਮ, ਸੁਰਜੀਤ ਸਿੰਘ ਅਟਾਰੀ ਵਾਲਾ, ਅਮਰਜੀਤ ਸਿੰਘ ਭੰਗੂ, ਪਰਮਜੀਤ ਸਿੰਘ, ਪ੍ਰੀਤਮ ਸਿੰਘ, ਗੁਰਮੁਖ ਸਿੰਘ ਭਿੰਦਾ ਪਟਵਾਰੀ, ਸਰਬਜੀਤ ਸਿੰਘ ਬੁੱਧੋ ਕਾ, ਕਲਗਾ ਸਿੰਘ, ਜਰਮਲ ਸਿੰਘ ਭੰਗੂ ਆਦਿ ਹਾਜ਼ਰ ਸਨ।

## ਬੱਬਰ ਖ਼ਾਲਸਾ ਇੰਟਰਨੈਸ਼ਨਲ ਮਡਿਊਲ ਦੇ ਪੰਜ ਮੈਂਬਰ ਗ੍ਰਿਫ਼ਤਾਰ

**ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)** ਪੰਜਾਬ ਪੁਲਸ ਨੇ ਪਾਕਿਸਤਾਨ-ਆਈ ਐੱਸ ਆਈ ਹਮਾਇਤ ਪ੍ਰਾਪਤ ਅੱਤਵਾਦੀ ਮਡਿਊਲ ਦੇ ਪੰਜ ਮੈਂਬਰਾਂ, ਜਿਹਨਾਂ ਵਿੱਚ ਬਟਾਲਾ ਅਤੇ ਗੁਰਦਾਸਪੁਰ ਦੇ ਪੁਲਸ ਅਦਾਰਿਆਂ 'ਤੇ ਹੋਏ ਹੈਂਡ ਗ੍ਰਨੇਡ ਹਮਲੇ ਦਾ ਮਾਸਟਰਮਾਈਂਡ ਅਭਿਜੋਤ ਸਿੰਘ ਵੀ ਸ਼ਾਮਲ ਹੈ, ਨੂੰ ਗ੍ਰਿਫ਼ਤਾਰ ਕਰਕੇ ਇਸ ਮਡਿਊਲ ਦਾ ਪਰਦਾ ਫਾਸ਼ ਕੀਤਾ ਹੈ। ਦੱਸਣਯੋਗ ਹੈ ਕਿ ਇਹ ਮਡਿਊਲ ਵਿਦੇਸ਼ ਅਧਾਰਤ ਹਰਪ੍ਰੀਤ ਸਿੰਘ ਉਰਫ਼ ਹੈਪੀ ਪਾਸੀਆਂ ਅਤੇ ਸ਼ਮਸ਼ੇਰ ਉਰਫ਼ ਹਨੀ ਵੱਲੋਂ ਚਲਾਏ ਜਾ ਰਹੇ ਬੱਬਰ ਖ਼ਾਲਸਾ ਇੰਟਰਨੈਸ਼ਨਲ (ਬੀ ਕੇ ਆਈ) ਵੱਲੋਂ ਸੰਚਾਲਿਤ ਕੀਤਾ ਜਾ ਰਿਹਾ ਸੀ। ਇਹ ਜਾਣਕਾਰੀ ਐਤਵਾਰ ਡੀ ਜੀ ਪੀ ਪੰਜਾਬ ਗੌਰਵ ਯਾਦਵ ਨੇ ਦਿੱਤੀ। ਡੀ ਜੀ ਪੀ ਨੇ ਦੱਸਿਆ ਕਿ ਪੁਲਸ ਅਦਾਰਿਆਂ 'ਤੇ ਹੋਏ ਹਮਲਿਆਂ ਦੀਆਂ ਸਾਰੀਆਂ ਗੁੱਥੀਆਂ ਨੂੰ ਸੁਲਝਾ ਲਿਆ ਹੈ।ਗ੍ਰਿਫ਼ਤਾਰ ਕੀਤੇ ਗਏ ਬਾਕੀ ਚਾਰ ਵਿਅਕਤੀਆਂ ਦੀ ਪਛਾਣ ਕੁਲਜੀਤ ਸਿੰਘ, ਰੋਹਿਤ ਉਰਫ਼ ਘੇਸੀ, ਸ਼ੁਭਮ ਅਤੇ ਗੁਰਜਿੰਦਰ ਸਿੰਘ ਉਰਫ਼ ਰਾਜਾ ਸਾਰੇ ਵਾਸੀ ਕਿਲ੍ਹਾ ਲਾਲ ਸਿੰਘ, ਬਟਾਲਾ ਵਜੋਂ ਹੋਈ ਹੈ। ਇਨ੍ਹਾਂ ਦੇ ਕਬਜ਼ੇ 'ਚੋਂ ਦੋ ਪਿਸਤੌਲ, ਜਿਹਨਾਂ ਵਿੱਚ ਇੱਕ 9 ਐੱਮ ਐੱਮ ਗਲਾਕ ਅਤੇ ਇੱਕ .32 ਬੋਰ ਦਾ ਪਿਸਤੌਲ ਸ਼ਾਮਲ ਹੈ, ਵੀ ਬਰਾਮਦ ਕੀਤੇ ਹਨ। ਇਹ ਸਫ਼ਲਤਾ ਬਟਾਲਾ ਦੇ ਘਣੀਏ ਕੇ ਬਾਂਗਰ ਪੁਲਸ ਸਟੇਸ਼ਨ 'ਤੇ 12 ਦਸੰਬਰ ਨੂੰ ਰਾਤ 10.20 ਵਜੇ ਦੇ ਕਰੀਬ ਕੁਝ ਵਿਅਕਤੀਆਂ ਵੱਲੋਂ ਹੈਂਡ ਗ੍ਰਨੇਡ ਸੁੱਟੇ ਜਾਣ ਉਪਰੰਤ ਅਤੇ 20 ਦਸੰਬਰ ਰਾਤ 9.30 ਵਜੇ ਦੇ ਕਰੀਬ ਗੁਰਦਾਸਪੁਰ ਦੀ ਵਡਾਲਾ ਬਾਂਗਰ ਪੁਲਸ ਚੌਂਕੀ 'ਤੇ ਹੋਏ ਹਮਲੇ ਉਪਰੰਤ ਕੁਝ ਦਿਨਾਂ ਬਾਅਦ ਹਾਸਲ ਹੋਈ ਹੈ। ਬੀ ਕੇ ਆਈ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਤੇ ਵੱਖ-ਵੱਖ ਸੋਸ਼ਲ ਮੀਡੀਆ ਪੋਸਟਾਂ ਰਾਹੀਂ ਇਹਨਾਂ ਅੱਤਵਾਦੀ ਹਮਲਿਆਂ ਦੀ ਜ਼ਿੰਮੇਵਾਰੀ ਲਈ ਸੀ। ਡੀ ਜੀ ਪੀ ਨੇ ਦੱਸਿਆ ਕਿ ਜਦੋਂ ਮੁਲਜ਼ਮ ਅਭੀਜੋਤ ਸਿੰਘ ਅਤੇ ਕੁਲਜੀਤ ਸਿੰਘ ਨੂੰ ਰਿਕਵਰੀ ਲਈ ਲਿਜਾਇਆ ਗਿਆ ਤਾਂ ਉਨ੍ਹਾਂ ਹਿਰਾਸਤ ਤੋਂ ਭੱਜਣ ਲਈ ਪੁਲਸ ਟੀਮ 'ਤੇ ਹਮਲਾ ਕਰ ਦਿੱਤਾ, ਜਿਸ ਦੇ ਜਵਾਬ ਵਿੱਚ ਪੁਲਸ ਨੇ ਸਵੈ-ਰੱਖਿਆ ਲਈ ਗੋਲੀਬਾਰੀ ਕੀਤੀ, ਜਿਸ ਦੇ ਚਲਦਿਆਂ ਦੋਵਾਂ ਨੂੰ ਗੋਲੀਆਂ ਲੱਗੀਆਂ। ਮੁਲਜ਼ਮਾਂ ਨੂੰ ਬਟਾਲਾ ਦੇ ਸਿਵਲ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ ਹੈ, ਜਿੱਥੇ ਉਨ੍ਹਾਂ ਦੀ ਹਾਲਤ ਸਥਿਰ ਦੱਸੀ ਜਾ ਰਹੀ ਹੈ। ਡਿਪਟੀ ਇੰਸਪੈਕਟਰ ਜਨਰਲ ਆਫ਼ ਪੁਲਸ (ਡੀ ਆਈ ਜੀ) ਬਾਰਡਰ ਰੇਂਜ ਸਤਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਅਦਾਰਿਆਂ 'ਤੇ ਹੋਏ ਹਮਲੇ ਉਪਰੰਤ ਬਟਾਲਾ ਪੁਲਸ ਵੱਲੋਂ ਦੋਸ਼ੀਆਂ ਨੂੰ ਫੜਨ ਲਈ ਵਿਸ਼ੇਸ਼ ਮੁਹਿੰਮ ਚਲਾਈ ਗਈ। ਤਕਨੀਕੀ ਅਤੇ ਮਨੁੱਖੀ ਸੂਹਾਂ 'ਤੇ ਕਾਰਵਾਈ ਕਰਦਿਆਂ ਐੱਸ ਐੱਸ ਪੀ ਬਟਾਲਾ ਸੁਹੇਲ ਕਾਸਿਮ ਮੀਰ ਦੀ ਨਿਗਰਾਨੀ ਹੇਠ ਪੁਲਸ ਟੀਮਾਂ ਨੇ ਸਾਰੇ ਮੁਲਜ਼ਮਾਂ ਦਾ ਪਤਾ ਲਗਾ ਕੇ ਉਨ੍ਹਾਂ ਨੂੰ ਕਾਬੂ ਕਰ ਲਿਆ। ਐੱਸ ਐੱਸ ਪੀ ਨੇ ਦੱਸਿਆ ਕਿ ਅਗਲੇਰੀ ਜਾਂਚ ਜਾਰੀ ਹੈ।


## ਕਲਾਸੀਫਾਈਡ ਇਸ਼ਤਿਹਾਰ

### Change of Name

I, Sukhvinder Kour W/o Parvinder Singh R/o 1637/10, Gali Shaheedan Chowk Pragdas, Amritsar have changed my name from Sukhvinder Kour to Sukhvinder Kaur.

I, Sunaina Bedi, W/O Dheeraj Chandna R/o 6696, Krishan Pura, Near Almast Mandir, Rewari, Haryana- 123401. have changed my name and shall hereafter be Known as Chandni Chandna.

I, Anshu Monga S/O Pawan Kumar, R/o Flat No 201, Shree Ram Apartment, Street No-185, Laxman Vihar, Daultabad Flyover, Daultabad (53), Gurgaon, Haryana-122006, I have changed the name of my minor Son Eklavya aged about 7 years and He shall hereafter be known as Ekklavya Monga.

I, Dalbir Singh S/O Rajbir, R/o Village, Karad (64), Panipat, Haryana-132107, have changed my name and shall hereafter be Known as Dalbir Malik.

I, Shwet Awasthi S/O Kamal Nain Awasthi, R/o Plot No 27, Ground Floor, K-4-1, Vatika Inxt, Sector-83, Gurgaon, Haryana- 122004, I have changed the name of my minor Son Marmik Awasthi aged about 6 Years and He shall hereafter be known as Maarmik Awasth.

I, Niyati D/O Pankaj, R/o 141/11, Kishanpura, Ganaur, Sonipat, Haryana-131101. Declare that Name of My Mother has been wrongly written as Pratibha in my 10th Class Certificate. The actual name of My Mother is Sunita Devi, which may be amended accordingly.

I, Aabha W/o Kapil Tandon R/o H.No. 1169/05, Adampur Doaba, Jalandhar, Punjab have changed my name to Abha Tandon. All concerned please note.

I Ashwani Kumar Gill S/o Raj Kumar R/o H.No. W D-297, Ali Mohalla , Jalandhar -144001, have changed my name from Ashwani Kumar Gill to Ashwani Kumar.All concerned noted.

I Som Raj S/o Sadhu Ram Indra Colony, Dina Nagar,Gurdaspur - 143531, have changed my name from Som Raj Sidhu to Som Raj. All concerned noted.

I Rimple Gill W/o Ashwani Kumar R/o H.No. 69, New Anand Nagar, Jalandhar -144008, have changed my name from Rimple Gill to Rimple Sidhu.All concerned noted.

I, Vijay Krishan S/o Jai Krishan R/o H.No. B-7/270/2, Jallow Khanna, Kapurthala have changed my daughter name from Kiana to Kiana Parbhakar. All Please Note.

### Change of Name

I, Kaushalya W/O Rajinder Kumar R/O Vill. Nangal karar Khan, PO. Kukar Pind, Distt. Jalandhar - 144024, Punjab have changed the name of my minor son from Abhishek to Abhishek Midda.(Midda As surname).

I, Joravar Singh s/o Karamjit Singh r/o VPO. Surkhpur, Distt. Kapurthala have added my surname to Singh Joravar (Surname as Singh). All Please Note.

I, Parmita Bhatti d/o Faqir Chand r/o 3573, W.No.12, Mohalla Gazipur, Po. Adampur Doaba, Jalandhar have changed my name to given name as Parmita and Surname as Bhatti. All Please Note.

I, Narinder Kumar Malhotra s/o Har Parkash Malhotra r/o H.No. 381, Bank Enclave, Model Town, Jalandhar, Punjab have changed my name to Narinder Malhotra. All Please Note.

I, Vijay Krishan S/o Jai Krishan R/o H.No. B-7/270/2, Jallow Khanna, Kapurthala have changed my daughter name from Tejal to Tejal Parbhakar. All Please Note.

I, Parbeen Kumari W/o Jaswinder Pal R/o Vill. Wazidowal, Po. Mehli, Tehsil Phagwara, Distt. Kapurthala-144401, Punjab have changed my name from Parbeen Kumari to Parveen Kumari. All Please Note.

I, hitherto known as Gurudeet Singh S/o Pardhan Singh R/o Vill. ChanChak, Po & Tehsil Bholath, Distt. Kapurthala, Punjab-144622, have changed my name and shall hereafter be known as Singh Gurudeet.

I, Ripudaman Singh Sehgal S/O Jit Singh Sehgal R/O H.No. 29, M.I.G. Flats, Urban Estate, Phase-1, Garha, Jalandhar, Punjab-144022, India Have Changed The Name Of My Minor Son From Kunwarjot Singh To Kunwarjot Singh Sehgal. All Concerned Please Note.

### Public Notice

I Lankesh kumar Rana S/o Shri Anil Rana, Occupation service and resident of Jalandhar declare that I have changed my son Divyanshu incorrect Date of birth 31/01/2018 as per service documents to 31/01/2020 as per child relevant documents notified vide affidavit Dated 28th dec 2024 Affidavit attested by Notary Jalandhar.)

### Change of Name

I, Mohit Kumar S/o Pawan Kumar R/o H.No. 46-A, Old Jawahar Nagar, Jalandhar, Punjab have changed my name to Given name as Mohit & Surname as Kumar. All Please Note.

### ਬੇਦਖਲੀ ਨੋਟਿਸ

ਮੈਂ, ਸਰਬਜੀਤ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਪਿੰਡ ਕਿੜੀਆਂ ਤਹਿਸੀਲ ਪੱਟੀ ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਕਵਲਪ੍ਰੀਤ ਕੌਰ ਮੇਰੇ ਕਹਿਣੇ ਸੁਣਨੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ ਇਸ ਨਾਲ ਕਿਸੇ ਵੀ ਕਿਸਮ ਦਾ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਸੰਤੋਖ ਸਿੰਘ ਪੁੱਤਰ ਮੱਖਨ ਸਿੰਘ ਵਾਸੀ ਪਿੰਡ ਝਬਾਲ ਕਲਾਂ, ਤਹਿ. ਤੇ ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਵਜੀਰ ਸਿੰਘ ਤੇ ਮੇਰੀ ਨੂੰਹ ਰੰਜੂ ਦੇਵੀ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਇਨ੍ਹਾਂ ਨਾਲ ਕੋਈ ਰਿਸ਼ਤਾ ਨਹੀਂ ਹੈ।

ਮੈਂ, ਜਨਕ ਸਿੰਘ ਪੁੱਤਰ ਮੱਖਨ ਸਿੰਘ ਵਾਸੀ ਪਿੰਡ ਹਰੀਕੇ, ਤਹਿਸੀਲ ਪੱਟੀ, ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਬਚਿੱਤਰ ਸਿੰਘ ਤੇ ਮੇਰੀ ਨੂੰਹ ਪਵਨਦੀਪ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਘਰ ਵਿਚ ਸਾਡੇ ਨਾਲ ਲੜਾਈ-ਝਗੜਾ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਇਨ੍ਹਾਂ ਨਾਲ ਕੋਈ ਰਿਸ਼ਤਾ ਨਹੀਂ ਹੈ।

ਅਸੀਂ, ਮਨਜੀਤ ਸਿੰਘ ਪੁੱਤਰ ਭਾਨ ਸਿੰਘ ਅਤੇ ਸਤਨਾਮ ਕੌਰ ਪਤਨੀ ਮਨਜੀਤ ਸਿੰਘ ਵਾਸੀ ਭਟਨੂਰਾਂ ਕਲਾਂ, ਤਹਿਸੀਲ ਭੁਲੱਥ, ਜ਼ਿਲ੍ਹਾ ਕਪੂਰਥਲਾ ਬਿਆਨ ਕਰਦੇ ਹਾਂ ਕਿ ਸਾਡਾ ਬੇਟਾ ਪਰਮਿੰਦਰ ਸਿੰਘ ਅਤੇ ਨੂੰਹ ਸੰਦੀਪ ਕੌਰ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡਾ ਅਤੇ ਸਾਡੇ ਬਾਕੀ ਪਰਵਾਰ ਦਾ ਇਨ੍ਹਾਂ ਨਾਲ ਕੋਈ ਸਬੰਧ ਨਹੀਂ ਹੈ।

ਮੈਂ, ਗਿਆਨ ਸਿੰਘ ਪੁੱਤਰ ਫਤਿਹ ਸਿੰਘ ਵਾਸੀ ਪਿੰਡ ਪੱਤੋ ਕਲਾਂ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਪ੍ਰੀਤ ਸਿੰਘ ਉਰਫ ਗੋਪੀ ਅਤੇ ਉਸ ਦੀ ਪਤਨੀ ਬਲਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਅਤੇ ਮੇਰੇ ਬਾਕੀ ਪਰਵਾਰ ਦਾ ਇਨ੍ਹਾਂ ਨਾਲ ਕੋਈ ਸਬੰਧ ਨਹੀਂ ਹੈ।

### ਆਮ ਸੂਚਨਾ

ਮੈਂ, ਸੁਨੀਤਾ ਰਾਣੀ ਪਤਨੀ ਅਸ਼ੋਕ ਕੁਮਾਰ ਪੁੱਤਰ ਓਮ ਪ੍ਰਕਾਸ਼, ਵਾਸੀ ਬੇਦੀਆ ਮੁਹੱਲਾ, ਮੇਹਲੀ ਗੇਟ, ਫਗਵਾੜਾ, ਜ਼ਿਲ੍ਹਾ ਕਪੂਰਥਲਾ ਹਲਫੀਆ ਬਿਆਨ ਕਰਦੀ ਹਾਂ ਕਿ ਮੇਰਾ ਪਤੀ ਸਾਡੇ ਨਾਲ ਲੜਾਈ-ਝਗੜਾ ਕਰਦਾ ਹੈ ਅਤੇ ਉਹ ਪਤੀ ਵਾਲਾ ਫਰਜ਼ ਅਤੇ ਰਿਸ਼ਤਾ ਨਹੀਂ ਨਿਭਾ ਰਿਹਾ। ਉਹ ਸਾਡੇ ਕਹਿਣੇ ਤੋਂ ਬਾਹਰ ਹੈ। ਉਸ ਨਾਲ ਕਿਸੇ ਕਿਸਮ ਦਾ ਲੈਣ-ਦੇਣ ਕਰਨ ਵਾਲਾ ਖ਼ੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।


## ਬਲਬੀਰ ਚਾਨਾ ਦੀ ਚੌਥੀ ਬਰਸੀ ਮੌਕੇ ਧਾਰਮਿਕ ਸਮਾਗਮ



**ਸ੍ਰੀ ਅਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ)**-ਸਮਾਜ ਸੇਵੀ ਸਵਰਗਵਾਸੀ ਬਲਬੀਰ ਸਿੰਘ ਚਾਨਾ ਦੀ ਚੌਥੀ ਬਰਸੀ ਮੌਕੇ ਉਹਨਾਂ ਦੇ ਪਰਵਾਰ ਵੱਲੋਂ ਇਕ ਧਾਰਮਿਕ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ, ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ, ਪੰਜਾਬ ਵਿਧਾਨ ਸਭਾ ਦੇ ਸਾਬਕਾ ਸਪੀਕਰ ਰਾਣਾ ਕੇ ਪੀ ਸਿੰਘ, ਸ਼੍ਰੋਮਣੀ ਕਮੇਟੀ ਦੇ ਐਗਜ਼ੈਕਟਿਵ ਮੈਂਬਰ ਦਲਜੀਤ ਸਿੰਘ ਭਿੰਡਰ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਅਤੇ ਵੱਡੀ ਗਿਣਤੀ 'ਚ ਧਾਰਮਿਕ, ਸਮਾਜਿਕ ਤੇ ਰਾਜਸੀ ਆਗੂਆਂ ਵੱਲੋਂ ਸ਼ਿਰਕਤ ਕੀਤੀ ਗਈ। ਸਭ ਤੋਂ ਪਹਿਲਾਂ ਚਾਨਾ ਪਰਵਾਰ ਵੱਲੋਂ ਆਪਣੇ ਗ੍ਰਹਿ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ ਉਪਰੰਤ ਡੇਰਾ ਕੁਕੜ ਬੁੰਗਾ ਨਜ਼ਦੀਕ ਪੰਜ ਪਿਆਰਾ ਪਾਰਕ ਵਿਖੇ ਖੁੱਲ੍ਹੇ ਦੀਵਾਨ ਸਜਾਏ ਗਏ। ਰਾਗੀ ਸਿੰਘਾਂ ਵੱਲੋਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਜੋੜਿਆ ਗਿਆ। ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਗੁਰੂ ਸਾਹਿਬ ਦੇ ਦਰਸਾਏ ਮਾਰਗ 'ਤੇ ਚਲਦਿਆਂ ਇਨਸਾਨ ਨੂੰ ਦੁਨਿਆਵੀ ਕੰਮਾਂ ਦੇ ਨਾਲ ਨਾਲ ਆਪਣਾ ਸਮਾਂ ਨਾਮ ਜਪਣ ਤੇ ਕਿਰਤ ਕਰਨ ਵਿੱਚ ਲਗਾਉਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਮੌਤ ਇੱਕ ਅਟੱਲ ਸਚਾਈ ਹੈ ਜਿਸ ਨੂੰ ਝੁਠਲਾਇਆ ਨਹੀਂ ਜਾ ਸਕਦਾ ਪ੍ਰੰਤੂ ਇਨਸਾਨੀ ਜਾਮੇ 'ਚ ਰਹਿੰਦਿਆਂ ਇਨਸਾਨ ਦਾ ਮੁੱਖ ਮਕਸਦ ਜੰਮਣ ਮਰਨ ਦੇ ਚੱਕਰ ਚੋਂ ਸਦਾ ਲਈ ਬਾਹਰ ਹੋ ਕੇ ਪਰਮ ਪਿਤਾ ਪਰਮਾਤਮਾ ਦੇ ਚਰਨਾਂ ਵਿੱਚ ਜਾ ਬਿਰਾਜਣਾ ਹੈ। ਉਹਨਾਂ ਕਿਹਾ ਕਿ ਸਵਰਗਵਾਸੀ ਬਲਬੀਰ ਸਿੰਘ ਚਾਨਾ ਆਪਣੇ ਪਿੱਛੇ ਹੱਸਦਾ ਵਸਦਾ ਪਰਵਾਰ ਛੱਡ ਕੇ ਗਏ ਹਨ। ਇਸ ਮੌਕੇ ਗਿਆਨੀ ਸੁਲਤਾਨ ਸਿੰਘ ਨੇ ਕਿਹਾ ਕਿ ਪੂਰਾ ਚਾਨਾ ਪਰਵਾਰ ਮਿਲਾਪੜੇ ਸੁਭਾਅ ਦਾ ਹੈ ਅਤੇ ਇਹ ਸਾਰੇ ਗੁਣ ਸਵਰਗਵਾਸੀ ਬਲਬੀਰ ਸਿੰਘ ਚਾਨਾ ਵੱਲੋਂ ਆਪਣੇ ਬੱਚਿਆਂ ਨਿਗਰਾਨ ਇੰਜੀਨੀਅਰ ਭੁਪਿੰਦਰ ਸਿੰਘ ਚਾਨਾ, ਪ੍ਰੋਫੈਸਰ ਡਾ.ਬਲਜੀਤ ਸਿੰਘ ਚਾਨਾ, ਜੁਡੀਸ਼ਲ ਮੈਜਿਸਟ੍ਰੇਟ ਦਵਿੰਦਰ ਸਿੰਘ ਚਾਨਾ ਨੂੰ ਦਿੱਤੇ ਗਏ। ਉਹਨਾਂ ਕਿਹਾ ਕਿ ਕਿਸੇ ਦੇ ਜਾਣ ਦਾ ਦੁੱਖ ਜ਼ਰੂਰ ਹੁੰਦਾ ਹੈ ਪ੍ਰੰਤੂ ਜੇਕਰ ਪਰਵਾਰ ਆਪਣੇ ਬਜ਼ੁਰਗਾਂ ਨੂੰ ਹਮੇਸ਼ਾ ਯਾਦ ਰੱਖੇ ਤੇ ਉਹਨਾਂ ਦੇ ਦਰਸਾਏ ਪੂਰਨਿਆਂ ਤੇ ਚੱਲੇ ਤਾਂ ਇਹੀ ਸਭ ਤੋਂ ਵੱਡੀ ਸ਼ਰਧਾਂਜਲੀ ਹੁੰਦੀ ਹੈ। ਇਸ ਮੌਕੇ ਪੰਜਾਬ ਵਿਧਾਨ ਸਭਾ ਦੇ ਸਾਬਕਾ ਸਪੀਕਰ ਰਾਣਾ ਕੇਪੀ ਸਿੰਘ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਨੇ ਸਮੂਹ ਸੰਗਤਾਂ ਦਾ ਸਮਾਗਮ ਵਿੱਚ ਸ਼ਾਮਲ ਹੋਣ ਲਈ ਪਰਵਾਰ ਵੱਲੋਂ ਧੰਨਵਾਦ ਕੀਤਾ। ਦੋਵੇਂ ਆਗੂਆਂ ਨੇ ਕਿਹਾ ਕਿ ਸਵਰਗਵਾਸੀ ਬਲਬੀਰ ਸਿੰਘ ਚਾਨਾ ਵੱਲੋਂ ਜਿੱਥੇ ਸਮਾਜ ਸੇਵਾ ਦੇ ਖੇਤਰ ਵਿੱਚ ਵਡਮੁੱਲਾ ਯੋਗਦਾਨ ਪਾਇਆ ਜਾਂਦਾ ਰਿਹਾ ਉੱਥੇ ਹੀ ਹੁਣ ਉਹਨਾਂ ਦੇ ਬੱਚੇ ਆਪਣੇ ਆਪਣੇ ਖੇਤਰ ਵਿੱਚ ਜਿੱਥੇ ਵਧੀਆ ਕੰਮ ਕਰ ਰਹੇ ਹਨ, ਸਮਾਜ ਸੇਵਾ ਵਿੱਚ ਵੀ ਵਧ ਚੜ੍ਹ ਕੇ ਹਿੱਸਾ ਲੈ ਰਹੇ ਹਨ। ਦੋਵੇਂ ਸਨਮਾਨਯੋਗ ਸ਼ਖ਼ਸ਼ੀਅਤਾਂ ਵੱਲੋਂ ਵਿਸ਼ੇਸ਼ ਤੌਰ 'ਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਅਤੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਦਾ ਵੀ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਐਗਜ਼ੈਕਟਿਵ ਮੈਂਬਰ ਦਲਜੀਤ ਸਿੰਘ ਭਿੰਡਰ, ਤਖਤ ਸਾਹਿਬ ਦੇ ਮੈਨੇਜਰ ਭਾਈ ਮਲਕੀਤ ਸਿੰਘ, ਮੈਨੇਜਰ ਐਡਵੋਕੇਟ ਹਰਦੇਵ ਸਿੰਘ ਹੈਪੀ, ਸੰਦੀਪ ਸਿੰਘ ਕਲੌਤਾ, ਹਰਬੰਸ ਲਾਲ ਮਹਿਦਲੀ, ਕਮਲਦੇਵ ਜੋਸ਼ੀ, ਪ੍ਰੇਮ ਸਿੰਘ ਬਾਸੋਵਾਲ, ਨਗਰ ਕੌਂਸਲ ਸ੍ਰੀ ਅਨੰਦਪੁਰ ਸਾਹਿਬ ਦੇ ਪ੍ਰਧਾਨ ਹਰਜੀਤ ਸਿੰਘ ਜੀਤਾ, ਵਪਾਰ ਮੰਡਲ ਦੇ ਪ੍ਰਧਾਨ ਇੰਦਰਜੀਤ ਸਿੰਘ ਅਰੋੜਾ, ਚੇਅਰਮੈਨ ਰਾਮ ਕੁਮਾਰ ਮਕਾਰੀ, ਮੰਤਰੀ ਹਰਜੋਤ ਬੈਂਸ ਦੇ ਮੀਡੀਆ ਕੋਆਰਡੀਨੇਟਰ ਦੀਪਕ ਸੋਨੀ, ਨਰਿੰਦਰ ਸਿੰਘ ਨਿੰਦਾ, ਗੁਰਿੰਦਰ ਸਿੰਘ ਵਾਲੀਆ, ਰਾਜਕੁਮਾਰ ਸੈਣੀ, ਡਾ. ਆਤਮਾ ਸਿੰਘ ਰਾਣਾ, ਠੇਕੇਦਾਰ ਗੁਰਨਾਮ ਸਿੰਘ, ਡਾ. ਰਵਿੰਦਰ ਦੀਵਾਨ, ਭਾਜਪਾ ਮੰਡਲ ਪ੍ਰਧਾਨ ਐਡਵੋਕੇਟ ਸਤਵੀਰ ਚੰਦੇਲ, ਸਾਬਕਾ ਐਸ ਡੀ ਓ ਰਜਿੰਦਰ ਸਿੰਘ, ਐਡਵੋਕੇਟ ਸਚਿਨ ਕੌਸ਼ਲ, ਐਡਵੋਕੇਟ ਪ੍ਰੇਮ ਕੁਮਾਰ ਉਪਲ, ਰਾਜਪਾਲ ਆਗਰਾ, ਰਵਿੰਦਰ ਦੀਵਾਨ, ਪ੍ਰਤਾਪ ਸੈਣੀ, ਕਪੂਰ ਸਿੰਘ ਅਤੇ ਵੱਡੀ ਗਿਣਤੀ 'ਚ ਸਮਾਜ ਦੇ ਵੱਖ ਵੱਖ ਖੇਤਰਾਂ ਨਾਲ ਜੁੜੇ ਲੋਕ ਮੌਜੂਦ ਸਨ।


### PUBLIC NOTICE

I, Sanju Rani W/o Rajesh Kumar R/o H.No. 338-A, New Jaina Nagar, Basti Sheikh, Jalandhar City. Affirming that I have lost original Sale Deed No.1043 dated 30.04.2013 S.R Jalandhr executed by Sunil Anand in favour of Jyoti Anand W/o Sunil Anand and Original GPA No.2661 dated 14.01.2014 S.R. Jalandhar executed by Jyoti Anand W/o Sunil Anand in favour of Gurwinder Singh S/o Sohan Singh. I have lodged the online complaint SR No.552107/2024 dated 26.12.2024 at Community Policing Wing, Punjab. Though if any person find the same kindly return me on above noted address & contact me Jatinder Kanda Advocate Mob.No.98141-46020. All please note.

### Public Notice

It is brought to the notice of Public at large that Mrs. Sunita Rani Proprietor of J D Alloys has applied for credit facilities amounting Rs. 49900000/- from HDFC Bank Limited Jalandhar Branch by creating equitable mortgage of B.D.A Enclave, Village Reru, Tehsil and District Jalandhar Presently Owned by Smt. Gitanjli Gupta and Sonia Gupta and they were required to deposit the Original GPA dated 16.12.1998 no. 7619 as executed and registered by Sh. Rajinder Kumar in favor of Sh. Balbir Kumar, Original Sale deed dated 11.11.2004 no. 4883 as executed and registered by Smt. Balbir Kaur in favor of Sh. lnder Kumar Aggarwal, Original Sale deed dated 10.07.2008 no. 2652 as executed and registered by M/s A.P.J Steel Casting @ B.D.A Steel Pvt Ltd. in favour of Sh. Atul Gupta, Original GPA dated 02.11.1999 no. 4275 as executed and registered by Smt. Balbir Kaur in favor of Sh. Sanjeev Kumar, Original sale deed dated 01.07.1999 no. 3702 as executed and registered in favor of Smt Balbir Kaur, Original sale deed dated 19.12.1997 no. 12152 as executed and registered in favor of Sh. Rajinder Kumar is lost and she has also got registered one lost information report regarding loss of said documentation LR N: 552050/2024 dated 26/12/2024, but these documents are claimed to be lost by the said borrower, and stated to be not involved in any dispute/litigation and charge and are stated to be not mortgaged with, any Bank or Financial Institution. If anybody have any objection regarding this publication or the mortgage of above said property with HDFC Bank Jalandhar Branch. may respond within 15 Days to Chander Parkash Working as Operation Manager with HDFC Bank Jalandhar at his mobile no. 9888302048 or may contact to Sh. Vikas Kumar Gupta, Advocate Jalandhar for HDFC Bank at his mobile no. 9463182928. After expiry of stipulated period no claim would be entitled regarding any charge of any Bank or Financial Institution on Said Documents.


## ਹਰਪ੍ਰੀਤ ਸਿੰਘ ਪੰਡੋਰੀ ਸਿੱਧਵਾਂ ਨੂੰ ਸਦਮਾ, ਪਿਤਾ ਦਾ ਦਿਹਾਂਤ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਆਗੂ ਤੇ ਜ਼ੋਨ ਬਾਬਾ ਦੀਪ ਸਿੰਘ ਜੀ ਦੀ ਕੋਰ ਕਮੇਟੀ ਦੇ ਮੈਂਬਰ ਹਰਪ੍ਰੀਤ ਸਿੰਘ ਪੰਡੋਰੀ ਸਿੱਧਵਾਂ ਦੇ ਪਿਤਾ ਬਲਦੇਵ ਸਿੰਘ ਪੰਡੋਰੀ ਸਿੱਧਵਾਂ ਭਰੇ ਸੰਸਾਰ ਨੂੰ ਅਲਵਿਦਾ ਕਹਿ ਗਏ। ਸੂਬਾ ਆਗੂ ਹਰਪ੍ਰੀਤ ਸਿੰਘ ਪੰਡੋਰੀ ਸਿੱਧਵਾਂ ਅਤੇ ਸਿੱਧਵਾਂ ਪਰਿਵਾਰ ਜਥੇਬੰਦੀ ਨਾਲ ਪਿਛਲੇ 20-22 ਸਾਲਾਂ ਤੋਂ ਸੇਵਾ ਕਰਦੇ ਆ ਰਿਹਾ। ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਆਗੂਆਂ ਨੇ ਪੀੜਤ ਪਰਿਵਾਰ ਨਾਲ ਦੁੱਖ ਸਾਂਝ ਕੀਤਾ। ਜ਼ਿਲ੍ਹਾ ਆਗੂ ਹਰਪਾਲ ਸਿੰਘ ਪੰਡੋਰੀ ਸਿੱਧਵਾਂ, ਜ਼ੋਨ ਪ੍ਰਧਾਨ ਮਨਜਿੰਦਰ ਸਿੰਘ ਗੋਹਲਵੜ, ਜ਼ੋਨ ਮੀਤ ਪ੍ਰਧਾਨ ਅੰਗਰੇਜ਼ ਸਿੰਘ ਦਬੁਰਜੀ, ਜ਼ੋਨ ਸਕੱਤਰ ਹਰਦੀਪ ਸਿੰਘ ਜੌਹਲ, ਜ਼ੋਨ ਖਜ਼ਾਨਚੀ ਹਰਜਿੰਦਰ ਸਿੰਘ ਪੰਡੋਰੀ ਸਿੱਧਵਾਂ, ਪ੍ਰਧਾਨ ਸਤਵਿੰਦਰ ਸਿੰਘ ਪੰਡੋਰੀ ਸਿੱਧਵਾਂ ਨੇ ਪਰਿਵਾਰ ਨਾਲ ਦੁੱਖ ਵੰਡਾਇਆ।

## ਲੁੱਟਾਂ-ਖੋਹਾਂ ਕਰਨ ਵਾਲੇ ਗੈਂਗ ਦੇ ਦੋ ਵਿਅਕਤੀ ਕਾਬੂ



**ਜਗਰਾਉਂ** (ਅਮਿਤ ਖੰਨਾ)-ਥਾਣਾ ਸਿਟੀ ਦੀ ਪੁਲਸ ਵੱਲੋਂ ਲੁੱਟਾਂ ਖੋਹਾਂ ਕਰਨ ਵਾਲੇ ਗੈਂਗ ਦੇ ਦੋ ਨੌਜਵਾਨਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਥਾਣਾ ਸਿਟੀ ਜਗਰਾਉਂ ਦੇ ਮੁੱਖ ਅਫਸਰ ਅਮਰਜੀਤ ਸਿੰਘ ਨੇ ਦੱਸਿਆ ਕਿ ਐਸ ਐਸ ਪੀ ਨਵਨੀਤ ਸਿੰਘ ਬੈਂਸ ਸਮੇਤ ਹੋਰ ਉੱਚ ਅਧਿਕਾਰੀਆਂ ਦੇ ਦਿਸ਼ਾ ਨਿਰਦੇਸ਼ਾਂ ਹੇਠ ਏ.ਐਸ.ਆਈ ਸੁਖਵਿੰਦਰ ਸਿੰਘ ਇੰਚਾਰਜ ਚੌਕੀ ਬੱਸ ਸਟੈਂਡ ਅਤੇ ਏ.ਐਸ.ਆਈ ਕੁਲਦੀਪ ਸਿੰਘ ਵੱਲੋਂ ਸਮੇਤ ਟੀਮ ਲੁੱਟਾਂ ਖੋਹਾਂ ਕਰਨ ਵਾਲੇ ਗੈਂਗ ਦੇ 2 ਦੋਸ਼ੀਆਂ ਗੁਰਵਿੰਦਰ ਸਿੰਘ ਉਰਫ ਗਗਨ ਪੁੱਤਰ ਰਤਨ ਸਿੰਘ ਵਾਸੀ ਇੰਦਰਾ ਕਲੋਨੀ ਜਗਰਾਉਂ ਅਤੇ ਮੋਨੂੰ ਰਾਏ ਉਰਫ ਗੋਲੂ ਉਰਫ ਗੁੰਡਾ ਪੁੱਤਰ ਭਰਤ ਰਾਏ ਉਰਫ ਗਣੇਸ਼ ਵਾਸੀ ਮਾਈ ਜੀਨਾ ਮੁਹੱਲਾ ਜਗਰਾਉਂ ਨੂੰ ਗ੍ਰਿਫਤਾਰ ਕਰਕੇ ਪੁਲਸ ਰਿਮਾਂਡ ਕਰਨ ਉਪਰੰਤ ਇਨ੍ਹਾਂ ਪਾਸੋਂ ਖੋਹ ਕੀਤੇ 3 ਮੋਬਾਇਲ ਫੋਨ ਅਤੇ ਖੋਹ ਸਮੇਂ ਵਰਤਿਆ ਮੋਟਰਸਾਈਕਲ ਬਰਾਮਦ ਕੀਤਾ ਗਿਆ ਹੈ। ਉਹਨਾਂ ਦੱਸਿਆ ਕਿ ਇਸ ਤੋਂ ਪਹਿਲਾਂ ਇੱਕ ਦੋਸ਼ੀ ਨੂੰ ਗ੍ਰਿਫਤਾਰ ਕੀਤਾ ਗਿਆ ਸੀ, ਜਿਸ ਦਾ ਸਾਥੀ ਮੋਨੂੰ ਰਾਏ ਉਰਫ ਗੋਲੂ ਉਰਫ ਗੁੰਡਾ ਉਕਤ ਨੂੰ ਇਸ ਮੁਕੱਦਮਾ ਵਿੱਚ ਗ੍ਰਿਫਤਾਰ ਕਰਕੇ ਇਸ ਪਾਸੋਂ ਖੋਹ ਦੌਰਾਨ ਵਰਤਿਆ ਮੋਟਰਸਾਈਕਲ ਵੀ ਬਰਾਮਦ ਕੀਤਾ ਗਿਆ ਹੈ। ਇਸ ਮੁਕੱਦਮਾ ਵਿੱਚ ਖੋਹ ਕੀਤਾ ਮੋਬਾਇਲ ਫੋਨ ਪਹਿਲਾਂ ਗ੍ਰਿਫਤਾਰ ਹੋ ਚੁੱਕੇ ਦੋਸ਼ੀ ਬੁੱਧ ਰਾਮ ਵਾਸੀ ਇੰਦਰਾ ਕਲੋਨੀ ਜਗਰਾਉਂ ਤੋਂ ਪਹਿਲਾਂ ਹੀ ਬ੍ਰਾਮਦ ਕਰਾਇਆ ਜਾ ਚੁੱਕਾ ਹੈ।

### ਮਾਮਲਾ ਸਿੱਖ ਨੌਜਵਾਨਾਂ ਨੂੰ ਝੂਠੇ ਪੁਲਸ ਮੁਕਾਬਲਿਆਂ 'ਚ ਮਾਰਨ ਦਾ

## ਪੀੜਤ ਪਰਵਾਰਾਂ ਵੱਲੋਂ ਇਨਸਾਫ਼ ਲਈ ਵਿਸ਼ਾਲ ਮਾਰਚ




**ਫਤਹਿਗੜ੍ਹ ਸਾਹਿਬ** (ਪ੍ਰਮੋਦ ਭਾਰਦਵਾਜ)-ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਮੌਜੂਦਾ ਸਿੱਖ ਸੰਘਰਸ਼ ਵਿੱਚ ਸ਼ਹੀਦ ਹੋਏ ਸਿੱਖ ਨੌਜਵਾਨਾਂ ਦੇ ਪਰਿਵਾਰਕ ਮੈਂਬਰਾਂ ਨੂੰ ਅੱਗੇ ਰੱਖ ਕੇ, ਪੰਜਾਬ ਦੇ ਜਾਲਮ ਪੁਲਸ ਅਫਸਰਾਂ ਵਿਰੁੱਧ ਕਾਰਵਾਈ ਦੀ ਮੰਗ ਰੱਖੀ, ਜਿਨ੍ਹਾਂ ਨੇ ਤਸੀਹਾ ਕੇਂਦਰਾਂ ਵਿੱਚ ਸਿੱਖ ਨੌਜਵਾਨਾਂ 'ਤੇ ਅਣਮਨੁੱਖੀ ਅੱਤਿਆਚਾਰ ਕਰਕੇ ਝੂਠੇ ਪੁਲਸ ਮੁਕਾਬਲਿਆਂ ਵਿੱਚ ਸ਼ਹੀਦ ਕੀਤਾ। ਸਮੇਂ ਸਮੇਂ ਬਣੀਆਂ ਸਰਕਾਰਾਂ ਨੇ ਸਿੱਖਾਂ ਵਿਰੁੱਧ ਜਾਬਰ ਕਾਨੂੰਨ ਬਣਾ ਕੇ ਸਿੱਖਾਂ ਦਾ ਸ਼ਿਕਾਰ ਕੀਤਾ, ਅਖੌਤੀ ਪੰਥਕ ਸਰਕਾਰ ਨੇ ਸਿੱਖਾਂ ਦੀਆਂ ਵੋਟਾਂ ਪ੍ਰਾਪਤ ਕਰਕੇ ਸਿੱਖ ਕੌਮ 'ਤੇ ਜ਼ੁਲਮ ਕਰਨ ਵਾਲੇ ਅਫਸਰਾਂ ਨੂੰ ਤਰੱਕੀਆਂ ਦੇ ਕੇ ਸਨਮਾਨਜਨਕ ਅਹੁਦੇ ਪ੍ਰਦਾਨ ਕੀਤੇ, ਜਾਲਮ ਸੁਮੇਧ ਸੈਣੀ ਨੂੰ ਪੰਜਾਬ ਦਾ ਡੀ ਜੀ ਪੀ ਬਣਾਇਆ ਗਿਆ।ਇਜ਼ਹਾਰ ਆਲਮ, ਜਿਸ ਨੇ ਆਲਮ ਸੈਨਾ ਬਣਾ ਕੇ ਸਿੱਖਾਂ ਦੇ ਖੂਨ ਦੀ ਹੋਲੀ ਖੇਡੀ, ਉਸ ਦੀ ਘਰਵਾਲੀ ਨੂੰ ਬਾਦਲ ਦਲ ਨੇ ਮਲੇਰਕੋਟਲਾ ਤੋਂ ਟਿਕਟ ਦੇ ਕੇ ਆਪਣੀ ਸਰਕਾਰ ਵਿੱਚ ਪਾਰਲੀਮਾਨੀ ਸਕੱਤਰ ਬਣਾਇਆ।ਸ਼ਹੀਦ ਪਰਵਾਰਾਂ ਦੇ ਹੱਥਾਂ ਵਿੱਚ ਫੜੇ ਬੈਨਰਾਂ ਰਾਹੀਂ ਇਨ੍ਹਾਂ ਪੁਲਸ ਅਫ਼ਸਰਾਂ ਵਿਰੁੱਧ ਕਾਨੂੰਨੀ ਕਾਰਵਾਈ ਕਰਕੇ ਇਨਸਾਫ ਦੀ ਮੰਗ ਕੀਤੀ ਗਈ। ਇਨ੍ਹਾਂ ਪਰਵਾਰਾਂ ਵਿੱਚ ਸ਼ਾਮਲ ਗੁਰਦਾਸਪੁਰ ਇਲਾਕੇ ਦੇ ਉਹ ਪੀੜਤ ਪਰਵਾਰ ਸਨ, ਜਿਨ੍ਹਾਂ ਦੇ ਨੌਜਵਾਨ ਪੁੱਤਰਾਂ ਨੂੰ ਗੁਰਦਾਸਪੁਰ ਦੇ ਉਸ ਸਮੇਂ ਦੇ ਐੱਸ ਐੱਸ ਪੀ ਸਮਿਤ ਗੋਇਲ ਨੇ ਸਿੱਖ ਪਰਵਾਰਾਂ ਨੂੰ ਤਬਾਹ ਕੀਤਾ, ਸੈਂਕੜਿਆਂ ਦੀ ਤਾਦਾਦ ਵਿੱਚ ਨੌਜਵਾਨਾਂ ਨੂੰ ਖ਼ਤਮ ਕੀਤਾ। ਉਸ ਦੇ ਖਿਲਾਫ਼ ਜ਼ੋਰਦਾਰ ਅਵਾਜ਼ ਬੁਲੰਦ ਕੀਤੀ।ਸਮਿਤ ਗੋਇਲ ਇੰਡੀਆ ਦੀ ਖੁਫ਼ੀਆ ਏਜੰਸੀ ਰਾਅ ਦਾ ਮੁਖੀ ਬਣਿਆ। ਇਸ ਵਕਤ ਮੋਦੀ, ਅਮਿਤ ਸ਼ਾਹ, ਜੈ ਸ਼ੰਕਰ, ਅਜੀਤ ਡੋਵਾਲ ਦੀ ਜੁੰਡਲੀ ਦਾ ਮੋਹਰਾ ਬਣ ਕੇ ਵਿਦੇਸ਼ਾਂ ਵਿੱਚ ਅਜ਼ਾਦੀ ਪਸੰਦ ਸਿੱਖ ਨੂੰ ਮਾਰਨ ਵਿੱਚ ਅਹਿਮ ਰੋਲ ਨਿਭਾਅ ਰਿਹਾ ਹੈ।

## ਪੰਡੋਰੀ 'ਚ ਦਰਜਨ ਕਿਸਾਨਾਂ ਦੀਆਂ ਖੇਤੀ ਮੋਟਰਾਂ ਤੋਂ ਕੇਬਲਾਂ ਚੋਰੀ

**ਮਹਿਲ ਕਲਾਂ** (ਪ੍ਰਦੀਪ ਸਿੰਘ ਲੋਹਗੜ੍ਹ)-ਪਿੰਡ ਪੰਡੋਰੀ ਤੋਂ ਛਾਪਾ ਨੂੰ ਜਾਂਦੀ ਸੜਕ ਉੱਪਰ ਪੈਂਦੇ ਖੇਤਾਂ ਵਿੱਚੋਂ ਇੱਕ ਦੇ ਕਰੀਬ ਕਿਸਾਨਾਂ ਦੀਆਂ ਖੇਤੀ ਮੋਟਰਾਂ ਤੋਂ ਕੇਬਲ ਤਾਰਾਂ ਚੋਰੀ ਹੋ ਜਾਣ ਦਾ ਪਤਾ ਲੱਗਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪੀੜਤ ਕਿਸਾਨਾਂ ਗੁਰਮੁੱਖ ਸਿੰਘ, ਮੱਖਣ ਸਿੰਘ, ਕਰਮਜੀਤ ਸਿੰਘ, ਹਰਲੇਕ ਸਿੰਘ, ਏਕਮ ਸਿੰਘ, ਜੱਗਾ ਸਿੰਘ, ਨਾਹਰ ਸਿੰਘ, ਅਮਰ ਸਿੰਘ, ਪਿਆਰਾ ਸਿੰਘ, ਬਿੰਦਰ ਸਿੰਘ, ਮਨਜੀਤ ਸਿੰਘ ਆਦਿ ਨੇ ਦੱਸਿਆ ਕਿ ਉਨ੍ਹਾਂ ਦੇ ਛਾਪਾ, ਕੁਤਬਾ ਸੜਕ ਉੱਪਰ ਪੈਂਦੇ ਖੇਤਾਂ 'ਚੋਂ ਬੀਤੀ ਰਾਤ ਚੋਰ ਗ੍ਰੋਹ ਵੱਲੋਂ ਖੇਤੀ ਮੋਟਰਾਂ ਦੀਆਂ ਕੇਬਲਾਂ ਕੱਟ ਕੇ ਚੋਰੀ ਕਰ ਲਈਆਂ ਗਈਆਂ ਹਨ।ਇਸ ਚੋਰੀ ਦੀ ਘਟਨਾ ਸਬੰਧੀ ਸਵੇਰੇ ਵੇਲੇ ਉਸ ਸਮੇਂ ਪਤਾ ਲੱਗਿਆ, ਜਦੋਂ ਉਹ ਖੇਤਾਂ ਵਿੱਚ ਗੇੜਾ ਮਾਰਨ ਗਏ ਸਨ।ਪੀੜਤ ਕਿਸਾਨਾਂ ਦਾ ਕਹਿਣਾ ਹੈ ਕਿ ਸਰਕਾਰਾਂ ਦੀਆਂ ਗਲਤ ਨੀਤੀਆਂ ਕਾਰਨ ਕਿਸਾਨ ਪਹਿਲਾਂ ਹੀ ਆਰਥਿਕ ਤੰਗੀ ਵਿੱਚੋਂ ਗੁਜ਼ਰ ਰਹੇ ਹਨ।ਇਸ ਤੋਂ ਪਹਿਲਾਂ ਕਦੇ ਟਰਾਂਸਫਾਰਮਰ ਚੋਰ, ਹੁਣ ਕੇਬਲ ਤਾਰ ਚੋਰ ਗ੍ਰੋਹ ਨੇ ਲੋਕਾਂ ਦਾ ਨੱਕ 'ਚ ਦਮ ਕਰ ਰੱਖਿਆ ਹੈ।ਵੱਖ-ਵੱਖ ਕਿਸਾਨ ਆਗੂਆਂ ਨੇ ਇਸ ਚੋਰੀ ਦੀ ਘਟਨਾ ਦੀ ਨਿੰਦਾ ਕਰਦਿਆਂ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਗ੍ਰੋਹ ਨੂੰ ਤੁਰੰਤ ਗ੍ਰਿਫਤਾਰ ਕਰਕੇ ਪੀੜਤ ਕਿਸਾਨ ਪਰਵਾਰਾਂ ਨੂੰ ਰਾਹਤ ਦਿੱਤੀ ਜਾਵੇ।

## ਮਾਸਟਰ ਰਾਮ ਸਿੰਘ ਚੜ੍ਹੀ ਨੂੰ ਸੇਜਲ ਅੱਖਾਂ ਨਾਲ ਸਪੁਰਦ ਏ-ਖਾਕ ਕੀਤਾ



**ਦੋਰਾਹਾ** (ਸੇਠ)-ਲੰਮੀ ਬਿਮਾਰੀ ਨਾਲ ਜੂਝਦੇ ਹੋਏ ਇਨਕਲਾਬੀ ਜਮਹੂਰੀ ਲਹਿਰ ਦੇ ਦ੍ਰਿੜ੍ਹ ਸਮਰਥਕ ਚਲੇ ਆ ਰਹੇ ਸੇਵਾ ਮੁਕਤ ਅਧਿਆਪਕ ਸਾਥੀ ਰਾਮ ਸਿੰਘ ਚੜ੍ਹੀ ਸਮੁੱਚੇ ਪਰਵਾਰ/ਰਿਸ਼ਤੇਦਾਰਾਂ ਨੂੰ ਦਰਦਨਾਕ ਵਿਛੋੜਾ ਦੇ ਗਏ। ਇਥੋਂ ਨੇੜੇ ਉਹਨਾਂ ਦੇ ਗ੍ਰਹਿ ਪਿੰਡ ਚੜ੍ਹੀ ਵਿਖੇ ਅੱਜ ਉਹਨਾਂ ਦੇ ਭੌਤਿਕ ਸਰੀਰ ਨੂੰ ਲਾਲ ਝੰਡੇ 'ਚ ਲਪੇਟ ਕੇ ਸਮੁੱਚੇ ਪਰਵਾਰ, ਰਿਸ਼ਤੇਦਾਰਾਂ/ਨਗਰ ਵਾਸੀਆਂ ਤੇ ਇਨਕਲਾਬੀ ਜਮਹੂਰੀ ਲਹਿਰ ਦੇ ਸੰਗੀ-ਸਾਥੀਆਂ ਵਲੋਂ ਸਾਥੀ ਰਾਮ ਸਿੰਘ -ਅਮਰ ਰਹੇ ਦੇ ਨਾਅਰਿਆਂ ਰਾਹੀਂ ਅੰਤਿਮ ਵਿਦਾਇਗੀ ਦੇ ਕੇ ਨਮ ਅੱਖਾਂ ਨਾਲ ਸਸਕਾਰ ਕੀਤਾ ਗਿਆ। ਅੰਤਿਮ ਵਿਦਾਇਗੀ ਮੌਕੇ ਸਮੁੱਚੇ ਪਰਵਾਰ/ਰਿਸ਼ਤੇਦਾਰਾਂ ਦੇ ਦੁੱਖ 'ਚ ਸ਼ਰੀਕ ਨਗਰ ਦੇ ਮਜ਼ਦੂਰਾਂ-ਕਿਸਾਨਾਂ ਤੋਂ ਇਲਾਵਾ ਇਨਕਲਾਬੀ ਜਮਹੂਰੀ ਲਹਿਰ ਤੇ ਸੰਘਰਸ਼ਸ਼ੀਲ ਮਜ਼ਦੂਰ-ਮੁਲਾਜ਼ਮ, ਅਧਿਆਪਕ ਹਿੱਸੇ ਸ਼ਾਮਲ ਹੋਏ। ਜਿਹਨਾਂ ਨੇ ਸਾਥੀ ਰਾਮ ਸਿੰਘ ਚੜ੍ਹੀ ( 68) ਜ਼ਿੰਦਗੀ ਦੇ ਆਖਰੀ ਸਾਹਾਂ ਤੱਕ ਆਪਣੀ ਪਰਵਾਰਕ/ਸਮਾਜਿਕ ਜ਼ਿੰਮੇਵਾਰੀਆਂ ਦੇ ਨਾਲ- ਨਾਲ ਮਜ਼ਦੂਰ -ਮੁਲਾਜ਼ਮ ਹਿੱਤਾਂ ਤੇ ਇਨਕਲਾਬੀ ਜਮਹੂਰੀ ਲਹਿਰ ਦੇ ਦ੍ਰਿੜ੍ਹ ਸਮਰਥਕ ਦੇ ਤੌਰ 'ਤੇ ਨਿਭਾਈ ਭੂਮਿਕਾ ਨੂੰ ਸਲਾਮ ਕਰਦੇ ਹੋਏ ਇਨਕਲਾਬੀ ਨਾਅਰਿਆਂ ਨਾਲ ਅੰਤਿਮ ਵਿਦਾਇਗੀ ਦਿੱਤੀ। ਇਸ ਮੌਕੇ ਮਜ਼ਦੂਰ ਆਗੂ ਮਲਕੀਤ ਸਿੰਘ, ਮੇਵਾ ਸਿੰਘ ਚੜ੍ਹੀ, ਹਰਜਿੰਦਰ ਸਿੰਘ ਤੋਂ ਇਲਾਵਾ ਬਿਕਰਮ ਸਿੰਘ ਲੈਕਚਰਾਰ, ਸ:ਸੈ: ਸ: ਚੜ੍ਹੀ, ਹਰਚਰਨ ਸਿੰਘ ਰਿਟਾਇਰ ਪ੍ਰਿੰਸੀਪਲ ਚੜ੍ਹੀ, ਸੱਤਪਾਲ ਸਿੰਘ ਰਿਟਾ: ਪ੍ਰਿੰਸੀਪਲ ਸ: ਸੀ: ਸੈ: ਸਕੂਲ ਖਮਾਣੋਂ, ਸੱਜਣ ਸਿੰਘ,ਪਾਲ ਸਿੰਘ ਰਿਟਾ: ਅਧਿਆਪਕ ਫਰੌਰ, ਹਰਪ੍ਰੀਤ ਸਿੰਘ ਕਲਰਕ ਚੜ੍ਹੀ, ਰਾਜਿੰਦਰ ਸਿੰਘ ਪੀ ਟੀ ਭਾਂਬਰੀ, ਰਣਜੀਤ ਸਿੰਘ ਲੈਕਚਰਾਰ ਭੜੀ, ਭਗਤ ਸਿੰਘ ਸਰੋਆ ਲੈਕਚਰਾਰ, ਆਤਮਾ ਸਿੰਘ ਕੋਟਲਾ, ਬਲਵੀਰ ਸਿੰਘ ਚੰਡੀਗੜ੍ਹ ਆਦਿ ਸ਼ਾਮਲ ਹੋਏ। ਵਰਗ ਚੇਤਨਾ ਮੰਚ ਦੇ ਕਨਵੀਨਰ ਯਸ਼ਪਾਲ ਨੇ ਵੀ ਸ਼ੋਕ ਸੰਦੇਸ਼ ਭੇਜਿਆ। ਮਜ਼ਦੂਰ ਆਗੂਆਂ ਨੇ ਦੱਸਿਆ ਕਿ ਪਰਵਾਰ ਵੱਲੋਂ 5 ਜਨਵਰੀ ਦਿਨ ਐਤਵਾਰ, ਦੁਪਹਿਰ 12 ਵਜੇ ਤੋਂ 1:30 ਵਜੇ ਤੱਕ ਭੋਗ ਸਮਾਗਮ ਮੌਕੇ ਸਾਥੀ ਰਾਮ ਸਿੰਘ ਨੂੰ ਸ਼ਰਧਾਂਜਲੀ ਅਰਪਿਤ ਕੀਤੀ ਜਾਵੇਗੀ।

## ਗੁਰੂ ਹਰਿਗੋਬਿੰਦ ਪਬਲਿਕ ਸਕੂਲ 'ਚ ਸ਼ਹੀਦੀ ਦਿਹਾੜਾ ਮਨਾਇਆ



**ਮਹਿਲ ਕਲਾਂ** (ਪ੍ਰਦੀਪ ਸਿੰਘ ਲੋਹਗੜ੍ਹ)-ਗੁਰੂ ਹਰਿਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੱਧਾਹੂਰ-ਗੋਬਿੰਦਗੜ੍ਹ ਵਿਖੇ ਚਾਰ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਸਮਰਪਤ ਵਿਦਿਆਰਥੀਆਂ ਨੂੰ ਚਾਰ ਸਾਹਿਬਜ਼ਾਦੇ ਫਿਲਮ ਦਿਖਾਈ ਗਈ।ਬਾਅਦ ਵਿੱਚ ਸਾਹਿਬਜ਼ਾਦਿਆਂ ਦੀ ਲਾਸਾਨੀ ਕੁਰਬਾਨੀ ਸਬੰਧੀ ਸੁਆਲ ਪੁੱਛੇ ਗਏ।ਮੈਡਮ ਪ੍ਰਭਜੋਤ ਕੌਰ ਨੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਵਿਚਾਰ ਰੱਖੇ।ਡਾਇਰੈਕਟਰ ਮਨਜੀਤ ਸਿੰਘ ਤੂਰ, ਪ੍ਰਿੰਸੀਪਲ ਸ੍ਰੀਮਤੀ ਪ੍ਰਿਤਪਾਲ ਕੌਰ ਤੂਰ ਨੇ ਬੱਚਿਆਂ ਨੂੰ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ, ਮਾਤਾ ਗੁਜਰ ਕੌਰ, ਚਾਰ ਸਾਹਿਬਜ਼ਾਦਿਆਂ ਦੇ ਕੁਰਬਾਨੀਆਂ ਭਰੇ ਜੀਵਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਨੌਜਵਾਨਾਂ ਨੂੰ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਅਨੁਸਾਰ ਸਮਾਜਿਕ ਅਲਾਮਤਾਂ ਤੋਂ ਦੂਰ ਰਹਿ ਕੇ ਗੁਰਸਿੱਖੀ ਧਾਰਨ ਕਰਨ ਲਈ ਅੱਗੇ ਆਉਣ ਦੀ ਅਪੀਲ ਕੀਤੀ। ਸ਼ਹੀਦੀ ਦਿਹਾੜੇ ਨੂੰ ਸਮਰਪਤ ਸਕੂਲ ਪ੍ਰਿੰਸੀਪਲ, ਮੈਨੇਜਮੈਂਟ ਕਮੇਟੀ, ਸਮੂਹ ਸਟਾਫ਼ ਤੇ ਡਰਾਇਵਰ ਵੀਰਾਂ ਵੱਲੋਂ ਦੁੱਧ, ਚਾਹ ਦਾ ਲੰਗਰ ਲਗਾਇਆ ਗਿਆ।ਇਸ ਮੌਕੇ ਹਰਕਰਨ ਸਿੰਘ, ਬਲਵੀਰ ਕੌਰ, ਪ੍ਰਭਜੋਤ ਕੌਰ, ਰਮਨਦੀਪ ਕੌਰ, ਜਗਪ੍ਰੀਤ ਕੌਰ, ਪ੍ਰਦੀਪ ਕੌਰ, ਗੁਰਵੀਰ ਕੌਰ, ਜਸਬੀਰ ਸਿੰਘ, ਖੁਸ਼ਕਿਰਨ ਕੌਰ, ਮਨਪ੍ਰੀਤ ਕੌਰ, ਅਮਨਦੀਪ ਕੌਰ, ਨਵਪ੍ਰੀਤ ਕੌਰ, ਕੁਲਦੀਪ ਕੌਰ, ਰਾਜਵਿੰਦਰ ਕੌਰ, ਕਿਰਨਜੀਤ ਕੌਰ, ਸਵਰਨਪ੍ਰੀਤ ਕੌਰ ਤੇ ਜਸਵੀਰ ਕੌਰ ਸਮੂਹ ਸਟਾਫ਼ ਹਾਜ਼ਰ ਸੀ।

## ਕਿਸਾਨੀ ਅੰਦੋਲਨ ਦੇ ਹੱਕ 'ਚ ਅੱਜ ਦਾ ਪੰਜਾਬ ਬੰਦ ਲਾਮਿਸਾਲ ਹੋਵੇਗਾ : ਬੱਗਾ/ਬਰਮਾ

**ਸਮਰਾਲਾ** (ਸੁਰਜੀਤ ਸਿੰਘ)-ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਜ਼ਿਲ੍ਹਾ ਪ੍ਰਧਾਨ ਲੁਧਿਆਣਾ ਸੁਪਿੰਦਰ ਸਿੰਘ ਬੱਗਾ ਅਤੇ ਗੁਰਦੀਪ ਸਿੰਘ ਬਰਮਾ ਨੇ ਪ੍ਰੈਸ ਬਿਆਨ ਜਾਰੀ ਕਰਦੇ ਹੋਏ ਕਿਹਾ ਕਿ ਕਿਸਾਨਾਂ ਮਜ਼ਦੂਰਾਂ ਦੀਆਂ ਮੰਗਾਂ ਨੂੰ ਲਾਗੂ ਕਰਵਾਉਣ ਲਈ ਜਗਜੀਤ ਸਿੰਘ ਡੱਲੇਵਾਲ ਵੱਲੋਂ ਮਰਨ ਵਰਤ ਉੱਪਰ ਬੈਠਿਆਂ ਅੱਜ 33 ਦਿਨ ਹੋ ਗਏ ਹਨ, ਜਿਸ ਕਾਰਨ ਉਹਨਾਂ ਦੀ ਸਿਹਤ ਚਿੰਤਾਜਨਕ ਬਣੀ ਹੋਈ ਹੈ ਪਰ ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਸਰਕਾਰ ਮੰਨੀਆਂ ਹੋਈਆਂ ਮੰਗਾਂ ਨੂੰ ਲਾਗੂ ਕਰਨ ਦੀ ਬਜਾਏ ਸਰਕਾਰ ਕਾਰਪੋਰੇਟ ਘਰਾਣਿਆਂ ਦਾ ਪੱਖ ਪੂਰਨ ਦੀਆਂ ਹੀ ਕੋਸ਼ਿਸ਼ਾਂ ਕਰ ਰਹੀ ਹੈ, ਜਿਸ ਲਈ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਕ ਅਤੇ ਕਿਸਾਨ ਮਜ਼ਦੂਰ ਮੋਰਚਾ ਵੱਲੋਂ ਪੰਜਾਬ ਦੀਆਂ ਸਮੂਹ ਧਾਰਮਿਕ, ਸਮਾਜਿਕ, ਵਪਾਰਕ, ਸੱਭਿਆਚਾਰਕ, ਮੁਲਾਜ਼ਮ, ਮਜ਼ਦੂਰ, ਨੰਬਰਦਾਰ, ਡਰਾਈਵਰ ਅਤੇ ਵਿਦਿਆਰਥੀ ਯੂਨੀਅਨਾਂ ਆਦਿ ਨਾਲ 30 ਦਸੰਬਰ ਨੂੰ ਸਵੇਰੇ 7 ਵਜੇ ਤੋਂ ਸ਼ਾਮ 4 ਵਜੇ ਤੱਕ ਪੰਜਾਬ ਬੰਦ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ। ਕਿਸਾਨ ਆਗੂਆਂ ਨੇ ਕਿਹਾ ਕਿ ਜਗਜੀਤ ਸਿੰਘ ਡੱਲੇਵਾਲ 26 ਨਵੰਬਰ ਤੋਂ ਮਰਨ ਵਰਤ 'ਤੇ ਬੈਠੇ ਹਨ, ਹੁਣ ਉਹਨਾਂ ਦੀ ਸਿਹਤ ਦੇ ਹਾਲਾਤ ਚਿੰਤਾਜਨਕ ਸਥਿਤੀ ਵਿੱਚ ਪਹੁੰਚ ਚੁੱਕੇ ਹਨ। ਕਿਸਾਨ ਆਗੂਆਂ ਨੇ ਇਸ ਜਨ ਅੰਦੋਲਨ ਵਿੱਚ ਸ਼ਮੂਲੀਅਤ ਕਰਨ ਲਈ ਸਾਰੇ ਵਰਗਾਂ ਦੇ ਲੋਕਾਂ ਨੂੰ ਬੇਨਤੀ ਕਰਦੇ ਹੋਏ ਕਿਹਾ ਕਿ ਇਸ ਜਨ ਅੰਦੋਲਨ ਵਿੱਚ ਸ਼ਮੂਲੀਅਤ ਕਰਨ ਅਤੇ ਲੋਕਾਈ ਦੇ ਹਿੱਤਾਂ ਲਈ ਲੜੇ ਜਾ ਰਹੇ ਅੰਦੋਲਨ ਨੂੰ ਸਫਲ ਬਣਾਉਣ ਵਿੱਚ ਸਹਿਯੋਗ ਦੇਣ।

## ਮਾਤਾ ਗੁਜਰੀ ਤੇ ਸਾਹਿਬਜ਼ਾਦਿਆਂ ਦੀ ਯਾਦ 'ਚ ਸਮਾਗਮ



**ਮਹਿਲ ਕਲਾਂ** (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਮਾਤਾ ਗੁਜਰ ਕੌਰ ਜੀ ਤੇ ਚਾਰ ਸਾਹਿਬਜ਼ਾਦਿਆਂ ਦੀ ਯਾਦ 'ਚ ਸਾਲਾਨਾ ਧਾਰਮਿਕ ਸਮਾਗਮ ਮੁੱਖ ਮਾਰਗ ਉੱਪਰ ਗੋਲਡਨ ਕਲੋਨੀ ਮਹਿਲ ਕਲਾਂ ਵਿਖੇ ਸਮੂਹ ਸੰਗਤਾਂ ਦੇ ਸਹਿਯੋਗ ਸਦਕਾ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ।ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਭਾਈ ਜਗਸੀਰ ਸਿੰਘ ਖ਼ਾਲਸਾ ਦੇ ਰਾਗੀ ਜਥੇ ਨੇ ਕੀਰਤਨ ਦੁਆਰਾ ਮਹਾਨ ਸ਼ਹੀਦਾਂ ਦੀ ਸ਼ਹਾਦਤ ਨੂੰ ਸਿੱਜਦਾ ਕੀਤਾ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਪ੍ਰਬੰਧਕਾਂ ਦੇ ਇਸ ਉੱਦਮ ਦੀ ਸ਼ਲਾਘਾ ਕਰਦਿਆਂ ਦਸ਼ਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ, ਮਾਤਾ ਗੁਜਰ ਕੌਰ, ਸਹਿਬਜ਼ਾਦਿਆਂ ਤੇ ਸਮੂਹ ਸ਼ਹੀਦਾਂ ਨੂੰ ਸ਼ਰਧਾਂਜ਼ਲੀ ਅਰਪਿਤ ਕੀਤੀ।ਉਨ੍ਹਾ ਕਿਹਾ ਕਿ ਸਿੱਖ ਧਰਮ ਕੁਰਬਾਨੀਆਂ ਭਰਿਆ ਹੈ, ਇਸ ਤੋਂ ਸੇਧ ਲੈ ਕੇ ਨਵੀਂ ਉਮਰ ਦੇ ਬੱਚਿਆਂ ਨੂੰ ਸ਼ਹੀਦਾਂ ਦੀ ਸ਼ਹਾਦਤ ਬਾਰੇ ਜਾਣਕਾਰੀ ਦੇਣੀ ਚਾਹੀਦੀ ਹੈ।ਉਨ੍ਹਾਂ ਪ੍ਰਬੰਧਕਾਂ ਨੂੰ ਅਪੀਲ ਕੀਤੀ ਕਿ ਮਹਾਨ ਸ਼ਹੀਦਾਂ ਦੀ ਲਾਸਾਨੀ ਸ਼ਹਾਦਤ ਬਾਰੇ ਕਿਤਾਬਾਂ ਬੱਚਿਆਂ ਨੂੰ ਮੁਫਤ ਵੰਡਣੀਆਂ ਚਾਹੀਦੀਆਂ ਹਨ, ਤਾਂ ਜੋ ਸ਼ੁਰੂ ਤੋਂ ਹੀ ਬੱਚਿਆਂ ਨੂੰ ਗੁਰਮਤਿ ਨਾਲ ਜੋੜਿਆ ਜਾ ਸਕੇ।ਪ੍ਰਧਾਨ ਬਾਬਾ ਸ਼ੇਰ ਸਿੰਘ ਨੇ ਸਹਿਯੋਗ ਲਈ ਸਾਰਿਆਂ ਦਾ ਧੰਨਵਾਦ ਕੀਤਾ।ਇਸ ਮੌਕੇ ਡੀ ਐੱਸ ਪੀ ਸੁਬੇਗ ਸਿੰਘ, ਸਰਪੰਚ ਸਰਬਜੀਤ ਸਿੰਘ ਸ਼ੰਭੂ, ਐੱਸ ਐੱਚ ਓ ਜਗਜੀਤ ਸਿੰਘ ਘੁਮਾਣ, ਪੀ ਏ ਪੰਡੋਰੀ ਡਾ: ਲਖਵੀਰ ਸਿੰਘ, ਆੜ੍ਹਤੀਆ ਸਰਬਜੀਤ ਸਿੰਘ ਸਰਬੀ, ਅਰੁਣ ਕੁਮਾਰ ਬਾਂਸਲ, ਅਵਤਾਰ ਸਿੰਘ ਅਣਖੀ, ਹਰਵਿੰਦਰ ਕੁਮਾਰ ਜਿੰਦਲ, ਰਾਜਿੰਦਰਪਾਲ ਬਿੱਟੂ, ਭਾਈ ਬਹਾਦਰ ਸਿੰਘ ਘਨੌਰੀ ਦੀ ਐਕਟ ਇੰਮੀਗਰੇਸ਼ਨ, ਡਾ: ਦਲਬਾਰ ਸਿੰਘ, ਮੰਗਤ ਸਿੰਘ ਸਿੱਧੂ, ਮੇਜਰ ਸਿੰਘ ਕਲੇਰ, ਗੁਰਪ੍ਰੀਤ ਸਿੰਘ ਚੀਨਾ, ਗੁਰਦੀਪ ਸਿੰਘ ਟਿਵਾਣਾ, ਰੂਬਲ ਗਿੱਲ ਮਹਿਲ ਖ਼ੁਰਦ, ਹਰੀ ਸਿੰਘ ਕਟਹਿਰੀਆ, ਰਾਜਾ ਘੁਮਾਣ, ਰਾਜ ਸਿੰਘ ਭਾਂਬੜ, ਗੁਰਦੇਵ ਸਿੰਘ ਰਾਹਲ, ਜਸਵਿੰਦਰ ਸਿੰਘ ਮਾਂਗਟ, ਮਾ: ਹਰਮਨਦੀਪ ਸਿੰਘ ਕੁਤਬਾ, ਭਾਈ ਪਰਮਜੀਤ ਸਿੰਘ ਢਾਡੀ, ਅਮਰਜੀਤ ਸਿੰਘ ਬੱਸੀਆਂ, ਜਸਪਾਲ ਸਿੰਘ ਭੱਟੀ, ਪਰਮਜੀਤ ਸਿੰਘ ਜਗਦੇ ਆਦਿ ਹਾਜ਼ਰ ਸਨ।

## ਗੁਰੂ ਹਰਿਗੋਬਿੰਦ ਪਬਲਿਕ ਸਕੂਲ ਵਿਖੇ ਚਾਰ ਸਾਹਿਬਜ਼ਾਦਾ ਫਿਲਮ ਵਿਖਾਈ

**ਮਹਿਲ ਕਲਾਂ** (ਪ੍ਰਦੀਪ ਸਿੰਘ ਲੋਹਗੜ੍ਹ)-ਗੁਰੂ ਹਰਿਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੱਧਾਹੂਰ-ਗੋਬਿੰਦਗੜ੍ਹ ਵਿਖੇ ਚਾਰ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਸਮਰਪਤ ਵਿਦਿਆਰਥੀਆਂ ਨੂੰ ਚਾਰ ਸਾਹਿਬਜ਼ਾਦੇ ਫਿਲਮ ਦਿਖਾਈ ਗਈ।ਬਾਅਦ ਵਿੱਚ ਸਾਹਿਬਜ਼ਾਦਿਆਂ ਦੀ ਲਾਸਾਨੀ ਕੁਰਬਾਨੀ ਸਬੰਧੀ ਸੁਆਲ ਪੁੱਛੇ ਗਏ।ਮੈਡਮ ਪ੍ਰਭਜੋਤ ਕੌਰ ਨੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਵਿਚਾਰ ਰੱਖੇ।ਡਾਇਰੈਕਟਰ ਮਨਜੀਤ ਸਿੰਘ ਤੂਰ, ਪ੍ਰਿੰਸੀਪਲ ਸ੍ਰੀਮਤੀ ਪ੍ਰਿਤਪਾਲ ਕੌਰ ਤੂਰ ਨੇ ਬੱਚਿਆਂ ਨੂੰ ਦਸਮੇਸ਼ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ, ਮਾਤਾ ਗੁਜਰ ਕੌਰ, ਚਾਰ ਸਾਹਿਬਜ਼ਾਦਿਆਂ ਦੇ ਕੁਰਬਾਨੀਆਂ ਭਰੇ ਜੀਵਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਨੌਜਵਾਨਾਂ ਨੂੰ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਅਨੁਸਾਰ ਸਮਾਜਿਕ ਅਲਾਮਤਾਂ ਤੋਂ ਦੂਰ ਰਹਿ ਕੇ ਗੁਰਸਿੱਖੀ ਧਾਰਨ ਕਰਨ ਲਈ ਅੱਗੇ ਆਉਣ ਦੀ ਅਪੀਲ ਕੀਤੀ।

ਸ਼ਹੀਦੀ ਦਿਹਾੜੇ ਨੂੰ ਸਮਰਪਤ ਸਕੂਲ ਪ੍ਰਿੰਸੀਪਲ, ਮੈਨੇਜਮੈਂਟ ਕਮੇਟੀ, ਸਮੂਹ ਸਟਾਫ਼ ਤੇ ਡਰਾਇਵਰ ਵੀਰਾਂ ਵੱਲੋਂ ਦੁੱਧ, ਚਾਹ ਦਾ ਲੰਗਰ ਲਗਾਇਆ ਗਿਆ।ਇਸ ਮੌਕੇ ਹਰਕਰਨ ਸਿੰਘ, ਬਲਵੀਰ ਕੌਰ, ਪ੍ਰਭਜੋਤ ਕੌਰ, ਰਮਨਦੀਪ ਕੌਰ, ਜਗਪ੍ਰੀਤ ਕੌਰ, ਪ੍ਰਦੀਪ ਕੌਰ, ਗੁਰਵੀਰ ਕੌਰ, ਜਸਬੀਰ ਸਿੰਘ, ਖੁਸ਼ਕਿਰਨ ਕੌਰ, ਮਨਪ੍ਰੀਤ ਕੌਰ, ਅਮਨਦੀਪ ਕੌਰ, ਨਵਪ੍ਰੀਤ ਕੌਰ, ਕੁਲਦੀਪ ਕੌਰ, ਰਾਜਵਿੰਦਰ ਕੌਰ, ਕਿਰਨਜੀਤ ਕੌਰ, ਸਵਰਨਪ੍ਰੀਤ ਕੌਰ, ਜਸਵੀਰ ਕੌਰ ਤੇ ਸਮੂਹ ਸਟਾਫ਼ ਹਾਜ਼ਰ ਸੀ।

## ਡਾ. ਮਨਮੋਹਨ ਸਿੰਘ ਦੇ ਦੇਹਾਂਤ ਨਾਲ ਪਾਰਟੀ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ : ਬਲਤੇਜ ਬਰਾੜ



**ਜਲਾਲਾਬਾਦ** (ਜੰਗੀਰ ਕੌਰ ਫਲੀਆਂਵਾਲਾ)-ਸੀਨੀਅਰ ਕਾਂਗਰਸੀ ਆਗੂ ਬਲਤੇਜ ਸਿੰਘ ਬਰਾੜ ਨੇ ਸਾਬਕਾ ਪ੍ਰਧਾਨ ਮੰਤਰੀ ਸਵ. ਡਾ. ਮਨਮੋਹਨ ਸਿੰਘ ਦੇ ਅਚਾਨਕ ਦਿਹਾਂਤ 'ਤੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਕਿਹਾ ਕਿ ਉਨ੍ਹਾਂ ਦੇ ਅਚਾਨਕ ਅਕਾਲ ਚਲਾਣੇ ਨਾਲ ਕਾਂਗਰਸ ਪਾਰਟੀ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਬਲਤੇਜ ਸਿੰਘ ਬਰਾੜ ਨੇ ਕਿਹਾ ਕਿ ਸਾਬਕਾ ਪ੍ਰਧਾਨ ਮੰਤਰੀ ਸਵ. ਮਨਮੋਹਨ ਸਿੰਘ ਵੱਲੋਂ ਦੇਸ਼ ਦੀ ਤਰੱਕੀ ਵਿੱਚ ਪਾਏ ਯੋਗਦਾਨ ਨੂੰ ਕਦੇ ਵੀ ਅਜਾਈਂ ਨਹੀਂ ਕਿਹਾ ਜਾ ਸਕਦਾ। ਉਹ ਇਮਾਨਦਾਰ, ਮਿਹਨਤੀ ਤੇ ਸਫਲ ਪ੍ਰਧਾਨ ਮੰਤਰੀ ਸਨ, ਜਿਨ੍ਹਾਂ 'ਤੇ ਪੂਰੇ ਦੇਸ਼ ਨੂੰ ਮਾਣ ਹੈ, ਸੀ ਤੇ ਹਮੇਸ਼ਾ ਰਹੇਗਾ। ਉਨ੍ਹਾ ਕਿਹਾ ਕਿ ਮਨਮੋਹਨ ਸਿੰਘ ਦੇ ਅਚਾਨਕ ਦਿਹਾਂਤ ਨਾਲ ਦੇਸ਼ ਵਾਸੀਆਂ ਵਿੱਚ ਸੋਗ ਦੀ ਲਹਿਰ ਹੈ। ਸਵ. ਮਨਮੋਹਨ ਸਿੰਘ ਨੇ ਜਿੱਥੇ ਆਪਣੇ ਕਾਰਜਕਾਲ ਦੌਰਾਨ ਦੇਸ਼ ਦੀ ਤਰੱਕੀ ਲਈ ਕਈ ਅਹਿਮ ਫੈਸਲੇ ਲਏ, ਉੱਥੇ ਹੀ ਉਨ੍ਹਾਂ ਨੇ ਦੇਸ਼ ਦੇ ਲੋਕਾਂ ਦੀ ਭਲਾਈ ਲਈ ਕਈ ਯੋਜਨਾਵਾਂ ਸ਼ੁਰੂ ਕੀਤੀਆਂ, ਜੋ ਕਿ ਕਾਂਗਰਸ ਪਾਰਟੀ ਦੇ ਨਾਲ-ਨਾਲ ਹੋਰਨਾਂ ਪਾਰਟੀਆਂ ਲਈ ਵੀ ਲਾਭਦਾਇਕ ਹੋਣਗੀਆਂ।

## ਯੁਵਕ ਸੇਵਾਵਾਂ ਵਿਭਾਗ ਵੱਲੋਂ ਨਸ਼ਿਆਂ ਖਿਲਾਫ ਫੇਮੀਵਾਲਾ 'ਚ ਸੈਮੀਨਾਰ



**ਜ਼ੀਰਾ** (ਨਰਿੰਦਰ ਅਨੇਜਾ)

ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਦਵਿੰਦਰ ਸਿੰਘ ਸਹਾਇਕ ਡਾਇਰੈਕਟਰ, ਯੁਵਕ ਸੇਵਾਵਾਂ ਵਿਭਾਗ ਫਿਰੋਜ਼ਪੁਰ ਦੀ ਅਗਵਾਈ ਵਿੱਚ ਵਿਭਾਗ ਨਾਲ ਐਫੀਲੀਏਟਡ ਯੂਥ ਕਲੱਬਾਂ ਰਾਹੀਂ ਕਰਵਾਏ ਜਾ ਰਹੇ ਨਸ਼ਿਆਂ ਵਿਰੁੱਧ ਜਾਗਰੂਕਤਾ ਅਭਿਆਨ ਤਹਿਤ ਜ਼ੀਰਾ ਹਲਕੇ ਦੇ ਪਿੰਡ ਫੇਮੀਵਾਲਾ ਵਿੱਚ ਸੈਮੀਨਾਰ ਤੇ ਨੁੱਕੜ ਨਾਟਕ ਰਾਹੀਂ ਨਸ਼ਿਆਂ ਦੇ ਬੁਰੇ ਪ੍ਰਭਾਵਾਂ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਇਸ ਸਮੇਂ ਦਵਿੰਦਰ ਸਿੰਘ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਫ਼ਿਰੋਜ਼ਪੁਰ ਵੱਲੋਂ ਨਸ਼ਿਆਂ ਰਾਹੀਂ ਵੱਧ ਰਹੇ ਜੁਰਮਾਂ ਨੂੰ ਰੋਕਣ ਬਾਰੇ ਵਿਚਾਰ ਸਾਂਝੇ ਕੀਤੇ ਗਏ ਤੇ ਨਸ਼ਿਆਂ ਦੇ ਬੁਰੇ ਪ੍ਰਭਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।

ਅੰਤ ਵਿੱਚ ਕਲੱਬ ਪ੍ਰਧਾਨ ਵੱਲੋਂ ਆਏ ਹੋਏ ਯੁਵਕ ਸੇਵਾਵਾਂ ਵਿਭਾਗ ਦੀ ਸਾਰੀ ਟੀਮ, ਨੁੱਕੜ ਨਾਟਕ ਦੀ ਟੀਮ ਤੇ ਪਿੰਡ ਦੇ ਆਏ ਹੋਏ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਵਿਸ਼ਾਲ ਸਿੰਘ ਪ੍ਰੋਗਰਾਮ ਅਫ਼ਸਰ ਨੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਸਰਕਾਰ ਵੱਲੋਂ ਪੰਜਾਬ ਦੀ ਨੌਜਵਾਨੀ ਨੂੰ ਬਚਾਉਣ ਲਈ ਯੁਵਕ ਸੇਵਾਵਾਂ ਵਿਭਾਗ, ਪੰਜਾਬ ਰਾਹੀਂ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਨਸ਼ਿਆਂ ਵਿਰੁੱਧ ਚਲਾਏ ਜਾ ਰਹੇ ਜਾਗਰੂਕਤਾ ਅਭਿਆਨ ਸਬੰਧੀ ਜਾਣਕਾਰੀ ਦਿੱਤੀ।ਇਸ ਉਪਰੰਤ ਨੁੱਕੜ ਨਾਟਕ ਦੀ ਟੀਮ ਨੂੰ ਸਰਟੀਫਿਕੇਟ ਤੇ ਯਾਦਗਾਰੀ ਚਿੰਨ੍ਹ ਦੇ ਸਨਮਾਨ ਕੀਤਾ ਗਿਆ।ਇਸ ਦੇ ਨਾਲ ਹੀ ਕਲੱਬ ਪ੍ਰਧਾਨ ਗੁਰਜੀਤ ਸਿੰਘ ਤੋਂ ਇਲਾਵਾ ਬਲਾਕ ਪ੍ਰਧਾਨ ਹਰਦਵਿੰਦਰ ਸਿੰਘ ਫੇਮੀ ਵਾਲਾ, ਕਲੱਬ ਮੈਂਬਰ ਪਿੰਡ ਦੇ ਲੋਕ ਤੇ ਪ੍ਰਭਜੀਤ ਸਿੰਘ ਸਰਪੰਚ ਬਸਤੀ ਉਜਾਗਰ ਸਿੰਘ, ਕਾਰਜ ਸਿੰਘ ਸਰਪੰਚ ਰਸੂਲਪੁਰ, ਤਰਨਜੀਤ ਕੌਰ ਤੇ ਬਲਕਾਰ ਸਿੰਘ ਹਾਜ਼ਰ ਸਨ। ਕੈਪਸ਼ਨ ਫੋਟ-ਨਸ਼ਿਆਂ ਵਿਰੁੱਧ ਨੁੱਕੜ ਨਾਟਕ ਪੇਸ਼ ਕਰਦੀ ਟੀਮ।

## ਲਾਇਨਜ਼ ਕਲੱਬ ਨੇ ਟੀ ਬੀ ਮਰੀਜ਼ਾਂ ਨੂੰ ਕੰਬਲ ਵੰਡੇ



**ਨਿਹਾਲ ਸਿੰਘ ਵਾਲਾ** (ਲਵਲੀ ਮਾੜੀਕੇ)

ਲਾਇਨਜ਼ ਕਲੱਬ ਨਿਹਾਲ ਸਿੰਘ ਵਾਲਾ ਵੱਲੋਂ ਪ੍ਰਧਾਨ ਪ੍ਰੇਮ ਗੋਇਲ ਦੀ ਪ੍ਰਧਾਨਗੀ ਹੇਠ ਉੱਘੇ ਵਪਾਰੀ ਰਾਜ ਕੁਮਾਰ ਗਰਗ ਵੱਲੋਂ ਆਪਣੀ ਪਤਨੀ ਤੇ ਉੱਘੇ ਵਪਾਰੀ ਲਾਇਨ ਗੁਲਸ਼ਨ ਗਰਗ ਗੋਗੀ ਅਤੇ ਲਾਇਨ ਦੀਪਕ ਗਰਗ ਸੋਨਾ ਵੱਲੋਂ ਆਪਣੇ ਸਤਿਕਾਰ ਯੋਗ ਮਾਤਾ ਆਸ਼ਾ ਰਾਣੀ ਗਰਗ ਦੀ ਯਾਦ ਨੂੰ ਸਮਰਪਤ ਜ਼ਿਆਦਾ ਸਰਦੀ ਨੂੰ ਦੇਖਦੇ ਹੋਏ ਮੈਡੀਸਨਮੈਨ ਰਜਿੰਦਰ ਸਿੰਘ ਖੋਟੇ ਦੀ ਦੇਖ ਰੇਖ ਹੇਠ ਟੀ ਬੀ ਮਰੀਜ਼ਾਂ ਨੂੰ ਗਰਮ ਕੰਬਲ ਵੰਡੇ ਗਏ।ਇਨ੍ਹਾਂ ਕੰਬਲਾਂ ਦੀ ਵੰਡ ਨਗਰ ਪੰਚਾਇਤ ਨਿਹਾਲ ਸਿੰਘ ਵਾਲਾ ਦੇ ਪ੍ਰਧਾਨ ਜਗਦੀਪ ਸਿੰਘ ਗਟਰਾ ਤੇ ਗਰਗ ਪਰਵਾਰ ਵੱਲੋਂ ਕੀਤੀ ਗਈ।ਇਸ ਮੌਕੇ ਪ੍ਰਧਾਨ ਜਗਦੀਪ ਸਿੰਘ ਗਟਰਾ ਨੇ ਕਿਹਾ ਕਿ ਗਰਗ ਪਰਵਾਰ ਸਮਾਜ ਸੇਵਾ ਤੇ ਲੋਕ ਭਲਾਈ ਦੇ ਕੰਮਾਂ ਵਿੱਚ ਵਧ ਚੜ੍ਹ ਕੇ ਹਿੱਸਾ ਲੈਂਦਾ ਹੈ।ਉਨ੍ਹਾਂ ਦੱਸਿਆ ਕਿ ਗਰਗ ਪਰਵਾਰ ਵੱਲੋਂ ਪਹਿਲਾਂ ਵੀ ਪਿਛਲੇ ਸਾਲ ਹੀ ਟੀ ਬੀ ਮਰੀਜ਼ਾਂ ਤੇ ਜ਼ਰੂਰਤਮੰਦਾਂ ਨੂੰ ਗਰਗ ਕੰਬਲ ਵੰਡਣ ਦੀ ਮੁਹਿੰਮ ਚਲਾਈ ਗਈ ਸੀ।ਉਨ੍ਹਾ ਦੱਸਿਆ ਕਿ ਇਸ ਵਾਰ ਵੀ ਗਰਗ ਪਰਵਾਰ ਵੱਲੋਂ ਮੈਡੀਸਨਮੈਨ ਰਜਿੰਦਰ ਸਿੰਘ ਖੋਟੇ ਦੀ ਦੇਖ ਰੇਖ ਹੇਠ ਟੀ ਬੀ ਮਰੀਜ਼ਾਂ ਨੂੰ ਪੂਰੀ ਸਰਦੀ ਗਰਮ ਕੰਬਲ ਵੰਡੇ ਜਾਣਗੇ।ਇਸ ਮੌਕੇ ਪ੍ਰਧਾਨ ਪ੍ਰੇਮ ਗੋਇਲ ਤੇ ਮੈਡੀਸਨਮੈਨ ਰਜਿੰਦਰ ਸਿੰਘ ਖੋਟੇ ਨੇ ਗਰਗ ਪਰਵਾਰ ਵੱਲੋਂ ਕੀਤੇ ਗਏ ਇਸ ਨੇਕ ਕੰਮ 'ਤੇ ਧੰਨਵਾਦ ਕੀਤਾ।ਇਸ ਮੌਕੇ ਪ੍ਰਧਾਨ ਜਗਦੀਪ ਸਿੰਘ ਗਟਰਾ, ਵਾਲਾ ਰਾਜ ਕੁਮਾਰ ਗਰਗ, ਪ੍ਰਧਾਨ ਪ੍ਰੇਮ ਗੋਇਲ, ਗੁਲਸ਼ਨ ਗਰਗ, ਦੀਪਕ ਗਰਗ, ਪ੍ਰਧਾਨ ਜਤਿਨ ਸਿੰਗਲਾ, ਪ੍ਰਦੀਪ ਗਰਗ, ਜ਼ੋਨ ਚੇਅਰਮੈਨ ਕਮਲ ਮੰਗਲਾ, ਜਗਰੂਪ ਸਿੰਘ ਸੈਦੋਕੇ, ਕ੍ਰਿਸ਼ਨ ਗਰਗ, ਅਮਨ ਬਾਂਸਲ, ਗੌਤਮ ਗਰਗ, ਕਰਨ ਜੌੜਾ, ਸਤਨਾਮ ਸਿੰਘ ਸਿੱਧੂ, ਮਿਤਨ ਗਰਗ ਆਦਿ ਹਾਜ਼ਰ ਸਨ।

## ਮਾਂ ਦੀ ਯਾਦ 'ਚ ਬਿਰਧ ਆਸ਼ਰਮ ਵਿਖੇ ਲੰਗਰ ਛਕਾਇਆ, ਬਜ਼ੁਰਗਾਂ ਨੂੰ ਗਰਮ ਸੂਟ ਵੀ ਦਿੱਤੇ



**ਨਿਹਾਲ ਸਿੰਘ ਵਾਲਾ** (ਲਵਲੀ ਮਾੜੀਕੇ)-ਆਪਣੇ ਸਵਰਗਵਾਸੀ ਮਾਤਾ ਆਸ਼ਾ ਰਾਣੀ ਦੀ ਯਾਦ ਵਿੱਚ ਉਨ੍ਹਾਂ ਦੇ ਪੁੱਤਰ ਗੁਲਸ਼ਨ ਗਰਗ ਤੇ ਦੀਪਕ ਗਰਗ ਵੱਲੋਂ ਬਿਰਧ ਆਸ਼ਰਮ ਮੋਗਾ ਵਿਖੇ ਲੰਗਰ ਛਕਾਇਆ ਗਿਆ ਅਤੇ ਉਸ ਤੋਂ ਇਲਾਵਾ ਬਾਅਦ ਵਿੱਚ ਸਾਰੇ ਬਜ਼ੁਰਗਾਂ ਨੂੰ ਤਕਰੀਬਨ 40 ਦੇ ਕਰੀਬ ਗਰਮ ਸੂਟ ਦਿੱਤੇ ਗਏ।ਇਸ ਮੌਕੇ ਰਾਜ ਕੁਮਾਰ ਗਰਗ, ਗੁਲਸ਼ਨ ਗਰਗ, ਨੀਵ ਗਰਗ, ਪ੍ਰਦੀਪ ਗਰਗ, ਕਮਲ ਮੰਗਲਾ ਤੇ ਕਲੱਬ ਪ੍ਰਧਾਨ ਪ੍ਰੇਮ ਗੋਇਲ, ਦੀਪਕ ਗਰਗ ਆਦਿ ਹਾਜ਼ਰ ਸਨ।

## ਮਜਲਿਸ ਅਹਿਰਾਰ ਇਸਲਾਮ ਹਿੰਦ ਨੇ 95ਵਾਂ ਸਥਾਪਨਾ ਦਿਵਸ ਮਨਾਇਆ

### ਅੰਗ੍ਰੇਜ਼ ਤਾਂ ਭਾਰਤ ਛੱਡ ਗਏ, ਪਰ ਉਸ ਦੇ ਕਈ ਟੋਡੀ ਅੱਜ ਵੀ ਮੌਜੂਦ : ਸ਼ਾਹੀ ਇਮਾਮ



**ਲੁਧਿਆਣਾ** (ਰਾਜ ਸਿੰਗਲਾ)

ਭਾਰਤ ਦੀ ਅਜ਼ਾਦੀ ਦੀ ਲੜਾਈ 'ਚ ਵੱਧ-ਚੜ੍ਹ ਕੇ ਕੁਰਬਾਨੀਆਂ ਦੇਣ ਵਾਲੀ ਪਾਰਟੀ ਮਜਲਿਸ ਅਹਿਰਾਰ ਇਸਲਾਮ ਹਿੰਦ ਦੇ 95ਵੇਂ ਸਥਾਪਨਾ ਦਿਵਸ ਮੌਕੇ ਇੱਥੇ ਜਾਮਾ ਮਸਜਿਦ ਲੁਧਿਆਣਾ 'ਚ ਪਾਰਟੀ ਦੇ ਕੌਮੀ ਪ੍ਰਧਾਨ ਤੇ ਸ਼ਾਹੀ ਇਮਾਮ ਪੰਜਾਬ ਮੌਲਾਨਾ ਮੁਹੰਮਦ ਉਸਮਾਨ ਲੁਧਿਆਣਵੀ ਦੀ ਪ੍ਰਧਾਨਗੀ ਹੇਠ ਸਥਾਪਨਾ ਦਿਵਸ ਮਨਾਇਆ ਗਿਆ।ਇਸ ਮੌਕੇ ਮੌਲਾਨਾ ਉਸਮਾਨ ਨੇ ਕਿਹਾ ਕਿ ਇਸ ਪਾਰਟੀ ਦੀ ਸਥਾਪਨਾ ਭਾਰਤ ਦੇ ਪ੍ਰਸਿੱਧ ਅਜ਼ਾਦੀ ਘੁਲਾਟੀ ਰਈਸ-ਉੱਲ-ਅਹਿਰਾਰ ਮੌਲਾਨਾ ਹਬੀਬ ਉਰ ਰਹਿਮਾਨ ਲੁਧਿਆਣਵੀ (ਪਹਿਲਾ), ਸਈਯਦ ਉਲ ਅਹਿਰਾਰ ਸਈਯਦ ਅਤਾਉੱਲਾਹ ਸ਼ਾਹ ਬੁਖ਼ਾਰੀ, ਚੌਧਰੀ ਅਫਜ਼ਲ ਹੱਕ ਨੇ 29 ਦਸੰਬਰ 1929 ਈ. ਨੂੰ ਲਾਹੌਰ ਦੇ ਹਬੀਬ ਹਾਲ 'ਚ ਕੀਤੀ ਸੀ।ਅਹਿਰਾਰ ਪਾਰਟੀ ਦੀ ਸਥਾਪਨਾ ਇਸ ਲਈ ਕੀਤੀ ਗਈ ਸੀ ਕਿ ਅਸੀਂ ਦੇਸ਼ 'ਚ ਉਸ ਸਮੇਂ ਮੌਜੂਦ ਜ਼ਾਲਮ ਅੰਗ੍ਰੇਜ਼ ਸਰਕਾਰ ਨੂੰ ਦੇਸ਼ ਤੋਂ ਬਾਹਰ ਕੱਢਣਾ ਤੇ ਅਹਿਰਾਰ ਪਾਰਟੀ ਦੇ ਵਰਕਰਾਂ ਨੇ ਆਪਣੇ ਇਸ ਫਰਜ਼ ਨੂੰ ਚੰਗੀ ਤਰ੍ਹਾਂ ਨਿਭਾਇਆ।ਇੱਕ-ਦੋ ਨਹੀਂ ਸਗੋਂ ਹਜ਼ਾਰਾਂ ਅਹਿਰਾਰੀ ਵਰਕਰਾਂ ਨੇ ਅਜ਼ਾਦੀ ਦੀ ਲੜਾਈ 'ਚ ਜੇਲ੍ਹਾਂ ਕੱਟੀਆਂ।ਸ਼ਾਹੀ ਇਮਾਮ ਨੇ ਕਿਹਾ ਕਿ ਜੇਕਰ ਅੱਜ ਵੀ ਜ਼ਰੂਰਤ ਪਈ ਤਾਂ ਅਸੀਂ ਆਪਣੇ ਦੇਸ਼ ਦੀ ਅਖੰਡਤਾ ਲਈ ਖੂਨ ਦਾ ਆਖਰੀ ਕਤਰਾ ਵੀ ਵਹਾ ਦੇਵਾਂਗੇ, ਪਰ ਜੋ ਫਿਰਕਾਪ੍ਰਸਤ ਤਾਕਤਾਂ ਦੇਸ਼ ਦੇ ਮੁਸਲਮਾਨਾਂ ਨੂੰ ਡਰਾਉਣਾ ਚਾਹੁੰਦੀਆਂ ਹਨ, ਉਹ ਕੰਨ ਖੋਲ੍ਹ ਕੇ ਸੁਣ ਲੈਣ ਕਿ ਮੁਸਲਮਾਨ ਕਿਸੇ ਦੀਆਂ ਗਿੱਦੜ ਭਬਕੀਆਂ ਤੋਂ ਡਰਨ ਵਾਲੇ ਨਹੀਂ।ਸ਼ਾਹੀ ਇਮਾਮ ਮੌਲਾਨਾ ਉਸਮਾਨ ਨੇ ਕਿਹਾ ਕਿ ਅੰਗ੍ਰੇਜ਼ ਤਾਂ ਭਾਰਤ ਛੱਡ ਗਏ, ਪਰ ਉਸ ਦੇ ਕਈ ਟੋਡੀ ਅੱਜ ਵੀ ਦੇਸ਼ 'ਚ ਮੌਜੂਦ ਹਨ, ਜਿਨ੍ਹਾਂ ਨੂੰ ਅਸੀਂ ਬੇਨਕਾਬ ਕਰਦੇ ਰਹਾਂਗੇ।ਸ਼ਾਹੀ ਇਮਾਮ ਨੇ ਕਿਹਾ ਕਿ ਕੇਂਦਰ ਤੇ ਰਾਜ ਸਰਕਾਰਾਂ ਨਫ਼ਰਤ ਫੈਲਾਉਣ ਵਾਲਿਆਂ ਖ਼ਿਲਾਫ ਚੁੱਪ ਕਿਉਂ ਹੈ, ਇਹ ਹੈਰਤ ਦੀ ਗੱਲ ਹੈ। ਉਨ੍ਹਾ ਕਿਹਾ ਕਿ ਦੇਸ਼ ਦੇ ਸੰਵਿਧਾਨ ਮੁਤਾਬਕ ਹਰ ਇੱਕ ਵਿਅਕਤੀ ਆਪਣੇ ਧਰਮ ਤੇ ਸ਼ਰਧਾ ਦੇ ਮੁਤਾਬਕ ਜੀਵਨ ਬਿਤਾਉਣ ਲਈ ਆਜ਼ਾਦ ਹੈ ਅਤੇ ਸਾਡੀ ਇਹ ਅਜ਼ਾਦੀ ਕੋਈ ਰਾਜਨੀਤਕ ਪਾਰਟੀ ਨਹੀਂ ਖੋਹ ਸਕਦੀ।ਇਸ ਮੌਕੇ ਗੁਲਾਮ ਹਸਨ ਕੈਸਰ, ਕਾਰੀ ਮੋਹਤਰਮ, ਕਾਰੀ ਅਬਦੁਰ ਰਹਿਮਾਨ, ਕਾਰੀ ਇਬ੍ਰਾਹੀਮ, ਮੁਫਤੀ ਨੂਰ ਉੱਲ ਹੁਦਾ, ਹਾਫਿਜ਼ ਜੈਨੁਲ ਆਬੇਦੀਨ, ਮੌਲਾਨਾ ਸੁਲੇਮਾ ਤੇ ਮੁਹੰਮਦ ਮੁਸਤਕੀਮ ਨੇ ਵੀ ਸੰਬੋਧਨ ਕੀਤਾ।

## ਪੰਜਾਬ ਬੰਦ ਨੂੰ ਲੈ ਕੇ ਕਿਸਾਨ ਯੂਨੀਅਨ ਖੋਸਾ ਵੱਲੋਂ ਸਹਿਯੋਗ ਦੀ ਮੰਗ



**ਮਲੋਟ** (ਗੁਰਮੀਤ ਸਿੰਘ ਮੱਕੜ)-ਕਿਸਾਨ ਸੰਯੁਕਤ ਮੋਰਚੇ ਵੱਲੋਂ 30 ਦਸੰਬਰ ਦੀ ਕਾਲ ਉੱਤੇ ਪੂਰਾ ਪੰਜਾਬ ਬੰਦ ਕਰਨ ਦਾ ਐਲਾਨ ਕੀਤਾ ਗਿਆ ਹੈ। ਇਸ ਨੂੰ ਸਫਲ ਬਣਾਉਣ ਲਈ ਕਿਸਾਨ ਯੂਨੀਅਨ ਖੋਸਾ ਦੇ ਸੂਬਾ ਮੀਤ ਪ੍ਰਧਾਨ ਦੀ ਅਗਵਾਈ ਹੇਠ ਮਲੋਟ ਵਿਖੇ ਵੱਖ-ਵੱਖ ਯੂਨੀਅਨਾਂ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਕਿਸਾਨ ਯੂਨੀਅਨ ਖੋਸਾ ਦੇ ਸੂਬਾ ਮੀਤ ਪ੍ਰਧਾਨ ਭਗਵੰਤ ਸਿੰਘ ਮਿੱਡਾ ਨੇ ਆਪਣੇ ਸਾਥੀਆਂ ਸਮੇਤ ਮਲੋਟ ਵਿੱਚ ਵੱਖ-ਵੱਖ ਯੂਨੀਅਨਾਂ ਨਾਲ ਮੀਟਿੰਗ ਕਰਨ ਉਪਰੰਤ ਦੱਸਿਆ ਕਿ ਕਿਸਾਨਾਂ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਲਗਾਤਾਰ ਧਰਨਾ ਦਿੱਤਾ ਜਾ ਰਿਹਾ ਹੈ, ਪਰ ਕੇਂਦਰ ਸਰਕਾਰ ਦੇ ਕੰਨ 'ਤੇ ਜੂੰ ਨਹੀਂ ਸਰਕੀ। ਉਸ ਨੂੰ ਜਗਾਉਣ ਦੇ ਮਕਸਦ ਨਾਲ ਕਿਸਾਨ ਸੰਯੁਕਤ ਮੋਰਚਾ ਗੈਰ-ਰਾਜਨੀਤਕ ਵੱਲੋਂ 30 ਦਸੰਬਰ ਨੂੰ ਪੂਰਨ ਪੰਜਾਬ ਬੰਦ ਕਰਨ ਦਾ ਐਲਾਨ ਕੀਤਾ ਗਿਆ ਹੈ, ਜਿਸ ਨੂੰ ਸਫਲ ਬਣਾਉਣ ਲਈ ਅੱਜ ਮਲੋਟ ਦੇ ਵਪਾਰ ਮੰਡਲ, ਟਰੱਕ ਯੂਨੀਅਨ, ਕਰਿਆਨਾ ਯੂਨੀਅਨ, ਸੁਨਿਆਰ ਯੂਨੀਅਨ ਨਾਲ ਮੀਟਿੰਗ ਕਰਕੇ ਉਨ੍ਹਾਂ ਦੇ ਸਹਿਯੋਗ ਦੀ ਮੰਗ ਕੀਤੀ, ਜਿਨ੍ਹਾਂ ਨੇ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਵੱਲੋਂ ਪੂਰਨ ਸਾਥ ਦਿੱਤਾ ਜਾਵੇਗਾ।

## ਮਾਤਾ ਗੁਜਰੀ ਤੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਤ ਲੰਗਰ ਲਗਾਇਆ



**ਸੰਗਰੂਰ** (ਪ੍ਰਵੀਨ ਸਿੰਘ)-ਹਰੇੜੀ ਰੋਡ ਸੰਗਰੂਰ ਵਿਖੇ ਸਥਿਤ ਮਾਰਕੀਟ 'ਚ ਮਾਤਾ ਗੁਜਰ ਕੌਰ ਤੇ ਛੋਟੇ ਸਾਹਿਬਜ਼ਾਦਿਆਂ ਦੀ ਅਦੁੱਤੀ ਕੁਰਬਾਨੀ ਨੂੰ ਸਮਰਪਤ ਤਿੰਨ ਦਿਨਾਂ ਅਤੁੱਟ ਲੰਗਰ ਲਗਾਇਆ ਗਿਆ। ਇਸ ਮੌਕੇ ਸੇਵਾਦਾਰ ਗੁਰਮੁੱਖ ਮੋਖਾ ਬਡਰੁੱਖਾਂ, ਹਿੰਦਾ ਬਡਰੁੱਖਾਂ, ਦਵਿੰਦਰਪਾਲ ਸ਼ਰਮਾ ਤੇ ਰਾਜਵੀਰ ਬਡਰੁੱਖਾਂ ਨੇ ਦਸਮਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤੇ ਉਨ੍ਹਾਂ ਦੇ ਸਮੁੱਚੇ ਪਰਵਾਰ ਦੀ ਅਦੁੱਤੀ ਕੁਰਬਾਨੀ ਸਬੰਧੀ ਵਿਸਥਾਰ ਸਹਿਤ ਚਾਨਣਾ ਪਾਉਂਦਿਆਂ ਕਿਹਾ ਕਿ ਗੁਰੂ ਜੀ ਤੇ ਉਨ੍ਹਾਂ ਦੇ ਪਰਵਾਰ ਦੀ ਲਾਸਾਨੀ ਗੁਰਬਾਨੀ ਅੱਗੇ ਪੂਰੀ ਦੁਨੀਆ ਦਾ ਸੀਸ ਝੁੱਕਦਾ ਹੈ। ਇਸ ਮੌਕੇ ਮੌਂਟੀ ਮੰਗਵਾਲ, ਰਿਸ਼ੀ ਸੰਗਰੂਰ, ਮਣੀ ਮਜੀਠੀਆ, ਕੁਲਾਰਾਂ, ਰਿਕੂ ਬਡਰੁੱਖਾਂ, ਆਸ਼ੀ ਸੰਗਰੂਰ, ਡਾ: ਵਿੱਕੀ ਗਰਗ, ਜਸਵਿੰਦਰ ਸਿੰਘ, ਮਾਤਾ ਸਤਵੰਤ ਕੌਰ ਬਡਰੁੱਖਾਂ ਤੇ ਹੋਰ ਸੇਵਾਦਾਰਾਂ ਵੱਲੋਂ ਸ਼ਰਧਾ ਭਾਵਨਾ ਨਾਲ ਸੇਵਾ ਨਿਭਾਈ ਗਈ।

## ਬਿਲਾਸਪੁਰ ਦੀ ਨਵੀਂ ਪੰਚਾਇਤ ਨੇ ਚਾਰਜ ਸੰਭਾਲਿਆ



**ਦੋਰਾਹਾ** (ਹਰਮਿੰਦਰ ਸੇਠ)-ਪਿੰਡ ਬਿਲਾਸਪੁਰ ਬਲਾਕ ਦੋਰਾਹਾ ਤਹਿਸੀਲ ਪਾਇਲ ਜ਼ਿਲ੍ਹਾ ਲੁਧਿਆਣਾ ਦੇ ਪੈਂਦੇ ਪਿੰਡ ਬਿਲਾਸਪੁਰ ਦੀ ਨਵੀਂ ਬਣੀ ਪੰਚਾਇਤ ਨੂੰ ਚਾਰਜ ਦਿੰਦੇ ਹੋਏ ਪੰਚਾਇਤ ਸਕੱਤਰ ਦਰਬਾਰਾ ਸਿੰਘ ਤੇ ਜੀ ਆਰ ਐਸ ਜਸਵਿੰਦਰ ਸਿੰਘ ਬੀਡੀਪੀਓ ਦਫਤਰ ਦੋਰਾਹਾ ਨੇ ਸਰਪੰਚ ਰਣਜੀਤ ਸਿੰਘ ਬਿੱਲੂ ਨੂੰ ਚਾਰਜ ਸੰਭਾਲਿਆ। ਇਸ ਇਸ ਮੌਕੇ ਹਾਜ਼ਰ ਪਰਮਜੀਤ ਸਿੰਘ ਪੰਚ, ਕੁਲਬੀਰ ਰਾਮ ਪੰਚ, ਬਲਵੀਰ ਕੌਰ ਪੰਚ, ਅਮਰਵੀਰ ਕੌਰ ਪੰਚ, ਹਰਜੋਤ ਕੌਰ ਪੰਚ, ਕੁਲਵਿੰਦਰ ਸਿੰਘ ਲੱਧੜ ਪੰਚ, ਸੁਖਵਿੰਦਰ ਸਿੰਘ ਪੰਚ, ਸਲਿੰਦਰ ਸਿੰਘ ਪੰਚ, ਡਾਕਟਰ ਸਰਬਜੀਤ ਸਿੰਘ ਲੱਧੜ, ਮਨਪ੍ਰੀਤ ਸਿੰਘ ਝੱਜ, ਆਜ਼ਾਦਵਿੰਦਰ ਸਿੰਘ ਝੱਜ ਮੌਕੇ 'ਤੇ ਹਾਜ਼ਰ ਸਨ।

## ਡੀ ਬੀ ਯੂ ਦੇ ਏਅਰ ਵਿੰਗ ਕੈਡਿਟਾਂ ਵੱਲੋਂ ਸਾਲਾਨਾ ਸਿਖਲਾਈ ਕੈਂਪ 'ਚ ਪ੍ਰਤਿਭਾ ਦਾ ਪ੍ਰਦਰਸ਼ਨ



**ਮੰਡੀ ਗੋਬਿੰਦਗੜ੍ਹ** (ਪ੍ਰਮੋਦ ਭਾਰਦਵਾਜ)-ਦੇਸ਼ ਭਗਤ ਯੂਨੀਵਰਸਿਟੀ, ਮੰਡੀ ਗੋਬਿੰਦਗੜ੍ਹ ਦੇ ਏਅਰ ਵਿੰਗ ਕੈਡਿਟਾਂ ਨੇ ਚੰਡੀਗੜ੍ਹ ਯੂਨੀਵਰਸਿਟੀ ਵਿੱਚ ਲਗਾਏ ਗਏ ਸਾਲਾਨਾ ਸਿਖਲਾਈ ਕੈਂਪ ਦੌਰਾਨ ਆਪਣੀ ਪ੍ਰਤਿਭਾ ਤੇ ਸਮਰਪਣ ਦਾ ਪ੍ਰਦਰਸ਼ਨ ਕੀਤਾ।ਹਫ਼ਤਾ ਭਰ ਚੱਲਿਆ ਇਹ ਕੈਂਪ ਕੈਡਿਟਾਂ ਦੇ ਸਰੀਰਕ, ਮਾਨਸਿਕ ਤੇ ਲੀਡਰਸ਼ਿਪ ਹੁਨਰਾਂ ਨੂੰ ਵਧਾਉਣ ਅਤੇ ਅਨੁਸ਼ਾਸਨ ਤੇ ਦੋਸਤੀ ਨੂੰ ਵੀ ਉਤਸ਼ਾਹਤ ਕੀਤਾ ਗਿਆ ਸੀ।ਕੈਡਿਟਾਂ ਨੇ ਡਰਿਲ ਸਿਖਲਾਈ, ਸ਼ੂਟਿੰਗ ਅਭਿਆਸ, ਫਲਾਇੰਗ ਤੇ ਸੱਭਿਆਚਾਰਕ ਪ੍ਰਦਰਸ਼ਨਾਂ ਸਮੇਤ ਵੱਖ-ਵੱਖ ਗਤੀਵਿਧੀਆਂ ਵਿੱਚ ਹਿੱਸਾ ਲਿਆ, ਜਿਸ ਨਾਲ ਉਨ੍ਹਾਂ ਦੇ ਮਿਸਾਲੀ ਪ੍ਰਦਰਸ਼ਨ ਲਈ ਪ੍ਰਸੰਸਾ ਪ੍ਰਾਪਤ ਹੋਈ।ਕੈਡਿਟਾਂ ਨੇ ਦੇਸ਼ ਭਗਤ ਯੂਨੀਵਰਸਿਟੀ ਦੁਆਰਾ ਦਿੱਤੇ ਗਏ ਮੁੱਲਾਂ ਨੂੰ ਦਰਸਾਉਂਦੇ ਹੋਏ ਸ਼ਾਨਦਾਰ ਟੀਮ ਭਾਵਨਾ ਤੇ ਵਚਨਬੱਧਤਾ ਦਾ ਪ੍ਰਦਰਸ਼ਨ ਕੀਤਾ।ਕੈਂਪ ਅਧਿਕਾਰੀਆਂ ਦੁਆਰਾ ਉਨ੍ਹਾਂ ਦੇ ਸਮਰਪਣ ਤੇ ਸਖ਼ਤ ਮਿਹਨਤ ਨੂੰ ਮਾਨਤਾ ਦਿੱਤੀ ਗਈ, ਜਿਨ੍ਹਾਂ ਨੇ ਹਰ ਗਤੀਵਿਧੀ ਵਿੱਚ ਉਨ੍ਹਾਂ ਦੇ ਅਨੁਸ਼ਾਸਨ ਤੇ ਉਤਸ਼ਾਹ ਦੀ ਸ਼ਲਾਘਾ ਕੀਤੀ।

ਉਨ੍ਹਾਂ ਦੀ ਵਾਪਸੀ 'ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਤੇ ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ, ਪ੍ਰੈਜ਼ੀਡੈਂਟ ਡਾ. ਸੰਦੀਪ ਸਿੰਘ ਤੇ ਵਾਈਸ ਪ੍ਰੈਜ਼ੀਡੈਂਟ ਡਾ. ਹਰਸ਼ ਸਦਾਵਰਤੀ ਨੇ ਸ੍ਰੀ ਗੁਰਜੀਤ ਸਿੰਘ ਪੰਧੇਰ ਕੇਅਰ ਟੇਕਰ ਅਫਸਰ, ਏਅਰ ਵਿੰਗ, ਐੱਨਸੀਸੀ ਤੇ ਕੈਡਿਟਾਂ ਨੂੰ ਵਧਾਈ ਦਿੱਤੀ ਅਤੇ ਦੇਸ਼ ਦੇ ਭਵਿੱਖ ਦੇ ਨੇਤਾਵਾਂ ਨੂੰ ਆਕਾਰ ਦੇਣ ਵਿੱਚ ਅਜਿਹੇ ਪ੍ਰੋਗਰਾਮਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਡਾ. ਜ਼ੋਰਾ ਸਿੰਘ ਨੇ ਕਿਹਾ ਕਿ ਕੈਡਿਟਾਂ ਨੇ ਕੈਂਪ ਵਿੱਚ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਸਾਨੂੰ ਮਾਣ ਮਹਿਸੂਸ ਕਰਵਾਇਆ ਹੈ।ਸਿਖਲਾਈ ਯਾਫਤਾ ਕੈਡਿਟਾਂ ਵਿੱਚ ਮੋਹਿਤ ਜੋਸ਼ੀ-ਸੀਨੀਅਰ ਕੈਡੇਟ, ਕਾਰਤਿਕ, ਅਰਸ਼ਦੀਪ ਸਿੰਘ, ਰਾਜਦੀਪ ਕੌਰ, ਨੀਸ਼ੂ ਤੇ ਗੁਰਮੀਤ ਕੌਰ ਸ਼ਾਮਲ ਸਨ, ਜਿਨ੍ਹਾਂ ਨੇ ਆਪਣੀ ਸਮਰਪਣ ਭਾਵਨਾ ਦਿਖਾਈ ਤੇ ਕੈਂਪ ਨੂੰ ਸਫਲਤਾਪੂਰਵਕ ਪੂਰਾ ਕੀਤਾ।

## ਲਾਜਵੰਤ ਰਾਏ ਦੀ ਯਾਦ 'ਚ ਅੱਖਾਂ ਦਾ ਫ੍ਰੀ ਚੈੱਕਅੱਪ ਕੈਂਪ ਲਾਇਆ



**ਬਰੇਟਾ** (ਗੋਬਿੰਦ ਸ਼ਰਮਾ)

ਆਸਰਾ ਫਾਊਂਡੇਸ਼ਨ ਬਰੇਟਾ ਵੱਲੋਂ ਸੱਚਖੰਡ ਵਾਸੀ ਲਾਜਵੰਤ ਰਾਏ ਸਵਰਨਕਾਰ ਦੀ ਯਾਦ ਵਿੱਚ ਸੁਖਮਣੀ ਸਾਹਿਬ ਦੇ ਭੋਗ ਉਪਰੰਤ ਅੱਖਾਂ ਦਾ ਤੀਜਾ ਤੇ ਫਾਊਂਡੇਸ਼ਨ ਦਾ 122ਵਾਂ ਕੈਂਪ ਗੁਰਦੁਆਰਾ ਸਾਹਿਬ ਭਾਈ ਘਨ੍ਹੱਈਆ ਜੀ ਵਿਖੇ ਸ਼ੰਕਰਾ ਆਈ ਹਸਪਤਾਲ ਲੁਧਿਆਣਾ ਦੀ ਟੀਮ ਵੱਲੋਂ ਲਗਾਇਆ ਗਿਆ, ਜਿਸ ਵਿੱਚ 395 ਲੋੜਵੰਦ ਚੈੱਕ ਕਰਕੇ 72 ਮਰੀਜ਼ ਫਰੀ ਲੈਂਜ ਪਾਉਣ ਲਈ ਸਿਲੈਕਟ ਕੀਤੇ ਗਏ।ਟੀਮ ਆਸਰਾ ਦੇ ਅਹੁਦੇਦਾਰ ਸ੍. ਮਹਿੰਦਰ ਸਿੰਘ ਬਹਾਦਰਪੁਰ, ਇੰਸਪੈਕਟਰ ਜਰਨੈਲ ਸਿੰਘ ਬਰੇਟਾ ਤੇ ਜਲਵਿੰਦਰ ਸਿੰਘ ਜੋਰਾ ਕੁਲਰੀਆਂ ਨੇ ਆਏ ਹੋਏ ਮਰੀਜ਼ਾਂ ਨੂੰ ਅੱਖਾਂ ਦੀ ਸੰਭਾਲ ਤੇ ਬਿਮਾਰੀਆਂ ਬਾਰੇ ਵਿਸਥਾਰ ਪੂਰਵਕ ਦੱਸਿਆ ਕਿ ਲਾਜਵੰਤ ਰਾਏ ਬਰੇਟਾ ਮੰਡੀ ਵਿੱਚ ਲੋੜਵੰਦਾਂ ਦੇ ਮਸੀਹਾ, ਬਹੁਤ ਹੀ ਮਿਹਨਤੀ, ਸਮਾਜਸੇਵੀ ਤੇ ਲੋੜਵੰਦਾਂ ਵਿੱਚ ਵਿਚਰਨ ਵਾਲੇ ਬਹੁਤ ਨੇਕ ਇਨਸਾਨ ਸਨ ਉਨ੍ਹਾਂ ਦੇ ਪਰਿਵਾਰ ਵੱਲੋਂ ਉਨ੍ਹਾਂ ਦੇ ਨੇਕ ਮਾਰਗ 'ਤੇ ਚੱਲਦਿਆਂ ਹਰ ਸਾਲ ਉਨ੍ਹਾਂ ਦੀ ਬਰਸੀ ਨੂੰ ਸਮਰਪਤ ਅੱਖਾਂ ਦਾ ਕੈਂਪ ਤੇ ਲੰਗਰ ਲਗਾਇਆ ਜਾਂਦਾ ਹੈ। ਟੀਮ ਆਸਰਾ ਦੇ ਅਹੁਦੇਦਾਰ ਪ੍ਰਧਾਨ ਡਾਕਟਰ ਗਿਆਨ ਚੰਦ ਆਜ਼ਾਦ, ਸੈਕਟਰੀ ਅਜੈਬ ਸਿੰਘ ਬਹਾਦਰਪੁਰ ਤੇ ਮੁੱਖ ਸਲਾਹਕਾਰ ਸੁਖਪਾਲ ਸਿੰਘ ਪੰਜਾਬ ਪੁਲਸ ਨੇ ਪਰਵਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਆਪਣੇ ਬਜ਼ੁਰਗਾਂ ਦੀ ਯਾਦ ਵਿੱਚ ਚੰਗੇ ਕੰਮ ਚੰਗੇ ਪਰਵਾਰਾਂ ਦੇ ਹਿੱਸੇ ਆਉਂਦੇ ਹਨ। ਇਸ ਸਮੇਂ ਇਲਾਕੇ ਤੇ ਸ਼ਹਿਰ ਨਿਵਾਸੀਆ ਤੋਂ ਇਲਾਵਾ ਪਰਿਵਾਰਕ ਮੈਂਬਰ ਮਾਤਾ ਸੁਰਜੀਤ ਕੌਰ ਧਰਮ ਪਤਨੀ, ਤਰਸੇਮ ਚੰਦ, ਪਵਨ ਕੁਮਾਰ ਬੇਟੇ, ਅਮਰ ਜੋਤੀ ਬੇਟੀ, ਰਜੀਵ ਕੁਮਾਰ, ਅਮਰਿੰਦਰ ਸਿੰਘ, ਰਾਹੁਲ ਵਰਮਾ ਪੋਤਰੇ, ਸੋਫੀਆ ਰਾਣੀ ਪੋਤਰੀ, ਮਾਤਾ ਗੁਜਰੀ ਜੀ ਭਲਾਈ ਕੇਂਦਰ ਬੁਢਲਾਡਾ, ਸੰਜੀਵਨੀ ਵੈੱਲਫੇਅਰ ਸੋਸਾਇਟੀ ਬੁਢਲਾਡਾ, ਜ਼ਿਲ੍ਹਾ ਰੂਰਲ ਯੂਥ ਕਲੱਬਜ਼ ਐਸੋਸੀਏਸ਼ਨ ਮਾਨਸਾ, ਭਾਰਤ ਵਿਕਾਸ ਪ੍ਰੀਸ਼ਦ ਬਰੇਟਾ, ਅਰਿਹੰਤ ਕਾਲਜ ਆਫ ਐਜੂਕੇਸ਼ਨ ਤੋਂ ਇਲਾਵਾ ਆਸਰਾ ਫਾਊਂਡੇਸ਼ਨ ਬਰੇਟਾ ਦੀ ਸਾਰੀ ਟੀਮ ਹਾਜ਼ਰ ਸੀ।

# .ਗਰੀਬਾਂ ਤੋਂ ਸਿੱਖਿਆ ਖੋਹਣ ਦੇ ਰਾਹ ਪਈ ਪੰਜਾਬ ਸਰਕਾਰ : ਜੀ ਟੀ ਯੂ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਪੰਜਾਬ ਵਿੱਚ ਸਿੱਖਿਆ ਕ੍ਰਾਂਤੀ ਲਿਆਉਣ ਦੇ ਨਾਂਅ 'ਤੇ ਬਣੀ ਪੰਜਾਬ ਸਰਕਾਰ ਸਿੱਖਿਆ ਵਿਭਾਗ ਨੂੰ ਚਲਾਉਣ ਵਿੱਚ ਹੀ ਅਸਫ਼ਲ ਨਜ਼ਰ ਆ ਰਹੀ ਹੈ, ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਹੁਣ ਤੱਕ ਦਾ ਸਭ ਤੋਂ ਅਸਫ਼ਲ ਸਿੱਖਿਆ ਮੰਤਰੀ ਸਾਬਿਤ ਹੋਇਆ ਹੈ। ਇਹਨਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਅਮਨਦੀਪ ਸ਼ਰਮਾ ਅਤੇ ਜ਼ਿਲ੍ਹਾ ਜਨਰਲ ਸਕੱਤਰ ਜਸਵੀਰ ਤਲਵਾੜਾ ਨੇ ਕਿਹਾ ਹੈ ਕਿ ਵਿਭਾਗ ਵਿੱਚ ਹਜ਼ਾਰਾਂ ਅਸਾਮੀਆਂ ਖਾਲੀ ਹੋਣ ਦੇ ਬਾਵਜੂਦ ਇੰਟਰਵਿਊ ਮੁਕੰਮਲ ਕਰ ਚੁੱਕੇ ਈ ਟੀ ਟੀ ਟੈੱਟ ਪਾਸ 5994 ਅਤੇ 2364 ਬੇਰੁਜ਼ਗਾਰ ਅਧਿਆਪਕ ਸਟੇਸ਼ਨ ਲੈਣ ਲਈ ਟੈਂਕੀਆਂ 'ਤੇ ਚੜ੍ਹੇ ਹੋਏ ਹਨ ਤੇ 1158 ਅੰਦੋਲਨਕਾਰੀ ਪ੍ਰੋਫ਼ੈਸਰਾਂ ਨੂੰ ਨੌਕਰੀ ਦੇਣ ਦੀ ਬਜਾਏ ਜੇਲ੍ਹਾਂ ਵਿੱਚ ਰੁਲਣ ਲਈ ਮਜਬੂਰ ਹੋਣਾ ਪੈ ਰਿਹਾ ਹੈ। ਪਿਛਲੇ 18 ਸਾਲ ਤੋਂ ਸਿੱਖਿਆ ਵਿਭਾਗ ਵਿੱਚ ਨੌਕਰੀ ਕਰ ਰਹੇ 7000 ਕੰਪਿਊਟਰ ਅਧਿਆਪਕਾਂ ਦੀ ਸੁਣਵਾਈ ਨਾ ਹੋਣ ਕਰਕੇ ਉਹ ਪਿਛਲੇ ਚਾਰ ਮਹੀਨਿਆਂ ਤੋਂ ਮੁੱਖ ਮੰਤਰੀ ਦੇ ਹਲਕੇ ਵਿੱਚ ਅੰਦੋਲਨ ਕਰ ਰਹੇ ਹਨ। ਉਹ ਭੁੱਖ ਹੜਤਾਲ ਤੋਂ ਮਰਨ ਵਰਤ ਤੱਕ ਪੁੱਜ ਗਏ ਹਨ। ਪਰ ਸਰਕਾਰ ਕਿਸੇ ਦਾ ਦੁੱਖ ਸੁਣਨ ਨੂੰ ਤਿਆਰ ਨਹੀਂ। ਅੰਦੋਲਨ ਤੋਂ ਬਾਅਦ ਈ ਟੀ ਟੀ ਤੋਂ ਮਾਸਟਰ ਕੇਡਰ ਤੇ ਮਾਸਟਰ ਕੇਡਰ ਤੋਂ ਪ੍ਰਮੋਟ ਹੋਏ ਲੈਕਚਰਾਰਾਂ ਨੂੰ ਦੂਰ ਦੁਰਾਡੇ ਦੇ ਸਟੇਸ਼ਨ ਦਿੱਤੇ ਜਾ ਰਹੇ ਹਨ। ਜਿਸ ਕਾਰਨ ਬਹੁਤੇ ਅਧਿਆਪਕ ਤਰੱਕੀ ਲੈਣ ਤੋਂ ਹੀ ਇਨਕਾਰ ਕਰ ਰਹੇ ਹਨ। ਪੀ ਟੀ ਆਈ ਤੇ ਏ ਸੀ ਟੀ ਦੀ ਤਨਖਾਹ ਕਟੌਤੀ ਦਾ ਪੱਤਰ ਧੱਕੇ ਨਾਲ ਲਾਗੂ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਜਿਸ ਕਾਰਨ ਸਾਂਝਾ ਅਧਿਆਪਕ ਮੋਰਚਾ ਪੰਜਾਬ ਲਗਾਤਾਰ ਅੰਦੋਲਨ ਕਰ ਰਿਹਾ ਹੈ ਤੇ ਸੁਣਵਾਈ ਨਾ ਹੋਣ ਕਾਰਨ ਸਿੱਖਿਆ ਮੰਤਰੀ ਦੀਆਂ ਅਰਥੀਆਂ ਫੂਕ ਰਿਹਾ ਹੈ। ਇਸ ਮੌਕੇ ਆਗੂਆਂ ਨੇ ਹੋਰ ਕਿਹਾ ਕਿ ਸਿੱਖਿਆ ਵਿਭਾਗ ਵਿੱਚ ਬੇਲੋੜੇ ਪ੍ਰੋਜੈਕਟ ਚਾਲੂ ਕਰਕੇ ਬੱਚਿਆਂ ਨੂੰ ਅਸਲ ਸਿੱਖਿਆ ਅਤੇ ਸਿਲੇਬਸ ਤੋਂ ਲਾਂਭੇ ਕਰਕੇ ਸਿਰਫ਼ ਅੰਕੜਿਆਂ ਦਾ ਫ਼ਰਜ਼ੀਵਾੜਾ ਸਿਰਜਿਆ ਜਾ ਰਿਹਾ ਹੈ। ਯਾਦ ਰਹੇ ਪਹਿਲਾਂ ਵੀ ਇਸ ਤਰ੍ਹਾਂ ਦੇ ਬੀਤੇ ਸਮੇਂ ਵਿੱਚ ਬਹੁਤ ਪ੍ਰੋਜੈਕਟ ਚਲਾਏ ਗਏ ਹਨ ਪਰ ਨਤੀਜਾ ਜ਼ੀਰੋ ਹੀ ਰਿਹਾ ਤੇ ਉਲਟਾ ਬੱਚਿਆਂ ਦਾ ਘਾਣ ਕੀਤਾ ਗਿਆ। ਆਗੂਆਂ ਨੇ ਕਿਹਾ ਕਿ ਸਿੱਖਿਆ ਕ੍ਰਾਂਤੀ ਦੇ ਨਾਂਅ 'ਤੇ ਬਣੀ ਪੰਜਾਬ ਸਰਕਾਰ ਨੇ ਸਿੱਖਿਆ ਦਾ ਪੂਰੀ ਤਰ੍ਹਾਂ ਬੇੜਾ ਗ਼ਰਕ ਕਰ ਦਿੱਤਾ ਹੈ, ਸਿਰਫ਼ ਅੰਕੜਿਆਂ ਵਿੱਚ ਮੋਹਰੀ ਦਿਸਣ ਅਤੇ ਰਾਜਨੀਤਕ ਲਾਭ ਲਈ ਸਿੱਖਿਆ ਦੀ ਬਲੀ ਲਈ ਜਾ ਰਹੀ ਹੈ। ਇਸ ਮੌਕੇ ਸੁਨੀਲ ਕੁਮਾਰ, ਪ੍ਰਿਤਪਾਲ ਸਿੰਘ ਚੌਟਾਲਾ, ਲੈਕਚਰਾਰ ਅਮਰ ਸਿੰਘ, ਲੈਕਚਰਾਰ ਉਪਿੰਦਰ ਸਿੰਘ, ਵਿਕਾਸ ਸ਼ਰਮਾ, ਸੰਜੀਵ ਧੂਤ, ਪ੍ਰਿੰਸ ਗੜ੍ਹਦੀਵਾਲਾ, ਰਜਤ ਮਹਾਜਨ, ਲੈਕਚਰਾਰ ਹਰਵਿੰਦਰ ਸਿੰਘ, ਸ਼ਾਮ ਸੁੰਦਰ ਕਪੂਰ, ਕਮਲਦੀਪ ਸਿੰਘ, ਅਨੁਪਮ ਰਤਨ, ਹੈੱਡਮਾਸਟਰ ਸੰਦੀਪ ਬਡੇਸਰੋਂ, ਹੈੱਡ-ਮਾਸਟਰ ਨਸੀਬ ਸਿੰਘ, ਅਸ਼ੋਕ ਕੁਮਾਰ, ਨਰੇਸ਼ ਕੁਮਾਰ ਮਿੱਢਾ, ਚਮਨ ਲਾਲ, ਅਮਰਜੀਤ ਸਿੰਘ, ਪਰਸ ਰਾਮ, ਬਲਵਿੰਦਰ ਸਿੰਘ, ਰਾਜੇਸ਼ ਅਰੋੜਾ, ਉਮੇਸ਼ ਕੁਮਾਰ, ਸਰਬਜੀਤ ਸਿੰਘ, ਨਰਿੰਦਰ ਮੰਗਲ, ਸਰਬਜੀਤ ਸਿੰਘ, ਸਚਿਨ ਕੁਮਾਰ, ਜਸਵਿੰਦਰਪਾਲ, ਰਾਜ ਕੁਮਾਰ, ਸੰਦੀਪ ਕੁਮਾਰ, ਲੈਕਚਰਾਰ ਪ੍ਰਭਜੋਤ ਸਿੰਘ, ਰਣਵੀਰ ਸਿੰਘ, ਸਤਵਿੰਦਰ ਸਿੰਘ, ਪਰਮਜੀਤ ਕਾਤਿਬ, ਨਰਿੰਦਰ ਅਜਨੋਹਾ, ਲੈਕਚਰਾਰ ਪਵਨ ਕੁਮਾਰ ਗੋਇਲ, ਦਵਿੰਦਰ ਸਿੰਘ, ਅਸ਼ਵਨੀ ਰਾਣਾ, ਨਰਿੰਦਰ ਸਿੰਘ, ਮੈਡਮ ਪਰਮਜੀਤ ਕੌਰ ਸੂਸ, ਜਸਪ੍ਰੀਤ ਕੌਰ, ਬਲਜੀਤ ਕੌਸ਼ਲ, ਜਸਵੰਤ ਮੁਕੇਰੀਆਂ, ਮਨਜੀਤ ਸਿੰਘ, ਵਰਿੰਦਰ ਨਿਮਾਣਾ, ਸਤੀਸ਼ ਕੁਮਾਰ, ਪਰਮਜੀਤ ਸਿੰਘ, ਸੁਸ਼ੀਲ ਕੁਮਾਰ ਅਵਤਾਰ ਸਿੰਘ, ਲੈਕਚਰਾਰ ਨਰੇਸ਼ ਗੜ੍ਹਸ਼ੰਕਰ ਸਮੇਤ ਵੱਡੀ ਗਿਣਤੀ 'ਚ ਅਧਿਆਪਕ ਆਗੂ ਹਾਜ਼ਰ ਸਨ।



# ਜਗਤਾਰ ਸਿੰਘ ਭੁੰਗਰਨੀ ਨੂੰ ਸਦਮਾ, ਭਣਵੱਈਏ ਦਾ ਦੇਹਾਂਤ

**ਮੇਹਟੀਆਣਾ (ਪੱਤਰ ਪ੍ਰੇਰਕ)**- ਪੰਜਾਬ ਪੈਨਸ਼ਨਰ ਯੂਨੀਅਨ ਦੇ ਸਾਰੇ ਪੈਨਸ਼ਨਰ ਸਾਥੀਆਂ ਨੂੰ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਜਥੇਬੰਦੀ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਅਤੇ ਜ਼ਿਲ੍ਹਾ ਜਲੰਧਰ ਬ੍ਰਾਂਚ ਦੇ ਪ੍ਰਧਾਨ ਜਗਤਾਰ ਸਿੰਘ ਭੁੰਗਰਨੀ ਦੇ ਭਣਵੱਈਏ ਸੀਤਲ ਸਿੰਘ ਅਕਾਲਗੜ੍ਹ (ਨਵਾਂ ਪਿੰਡ) ਜੋ ਇੰਗਲੈਂਡ ਵਿੱਚ ਸਨ, ਜੋ ਲੰਬੀ ਬਿਮਾਰੀ ਉਪਰੰਤ 27 ਦਸੰਬਰ ਨੂੰ ਸਦੀਵੀ ਵਿਛੋੜਾ ਦੇ ਗਏ । ਪੰਜਾਬ ਪੈਨਸ਼ਨ ਯੂਨੀਅਨ ਜ਼ਿਲ੍ਹਾ ਜਲੰਧਰ ਬ੍ਰਾਂਚ ਵੱਲੋਂ ਇਸ ਦੁਖਦਾਈ ਘੜੀ ਮੌਕੇ ਪਰਵਾਰ ਨਾਲ ਦੁੱਖ ਸਾਂਝਾ ਕਰਦੇ ਹੋਏ ਵਾਹਿਗੁਰੂ ਅੱਗੇ ਅਰਦਾਸ ਕਰਦੇ ਹਾਂ ਕਿ ਇਸ ਵਿਛੜੀ ਰੂਹ ਨੂੰ ਪ੍ਰਮਾਤਮਾ ਆਪਣੇ ਚਰਨਾਂ 'ਚ ਨਿਵਾਸ ਦੇਣ ਅਤੇ ਪਿੱਛੇ ਪਰਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ। ਚੇਅਰਮੈਨ ਮਦਨ ਲਾਲ ਚੀਮਾ, ਸੀਨੀਅਰ ਮੀਤ ਪ੍ਰਧਾਨ ਦਵਿੰਦਰ ਪਾਲ ਸਿੰਘ, ਜਨਰਲ ਸਕੱਤਰ ਵਿਜੇ ਕੁਮਾਰ ਸ਼ਰਮਾ ਪੰਜਾਬ ਪੈਨਸ਼ਨ ਯੂਨੀਅਨ ਜ਼ਿਲ੍ਹਾ ਜਲੰਧਰ।



# ਖੋਥੜਾਂ 'ਚ ਆਮ ਇਜਲਾਸ ਦੌਰਾਨ ਹੋਣ ਵਾਲੇ ਕਾਰਜਾਂ ਸੰਬੰਧੀ ਹੋਈ ਚਰਚਾ

**ਬੰਗਾ (ਅਵਤਾਰ ਕਲੇਰ)**

ਪਿੰਡ ਖੋਥੜਾਂ ਵਿਖੇ ਪੰਚਾਇਤ ਦੇ ਆਮ ਇਜਲਾਸ ਦੌਰਾਨ ਪਿੰਡ 'ਚ ਹੋਣ ਵਾਲੇ ਵੱਖ-ਵੱਖ ਵਿਕਾਸ ਕਾਰਜਾਂ ਸੰਬੰਧੀ ਚਰਚਾ ਕੀਤੀ ਗਈ। ਵਿਸ਼ੇਸ਼ ਤੌਰ 'ਤੇ ਪਹੁੰਚੇ ਬੀ.ਡੀ.ਪੀ.ਓ. ਆਦੇਸ਼ ਕੁਮਾਰ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਵਲੋਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਪੰਜ ਹਜ਼ਾਰ ਆਬਾਦੀ ਵਾਲੇ ਤਿੰਨ ਪਿੰਡ ਚੁਣੇ ਹਨ, ਜਿਨ੍ਹਾਂ ਵਿੱਚ ਪਿੰਡ ਖੋਥੜਾਂ ਨੂੰ ਵੀ ਲਿਆ ਗਿਆ ਹੈ। ਇਨ੍ਹਾਂ ਪਿੰਡਾਂ ਨੂੰ ਸਰਕਾਰ ਵਲੋਂ ਬਿਜਲੀ ਸੋਲਰ ਸਿਸਟਮ (ਘਰਾਂ, ਖੇਤੀਬਾੜੀ ਆਦਿ) ਲਗਾਉਣ ਲਈ ਖਾਸ ਰਿਆਇਤਾਂ ਦਿੱਤੀਆਂ ਜਾਣਗੀਆਂ ਤਾਂ ਜੋ ਪਿੰਡਾਂ ਵਿੱਚ ਸੋਲਰ ਸਿਸਟਮ ਲਗਾਉਣ ਲਈ ਲੋਕਾਂ ਨੂੰ ਵੱਧ ਤੋਂ ਵੱਧ ਉਤਸ਼ਾਹਤ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਇਨ੍ਹਾਂ ਪਿੰਡਾਂ ਵਿੱਚੋਂ ਜੋ ਵੀ ਪਿੰਡ ਸਭ ਤੋਂ ਵੱਧ ਸੋਲਰ ਸਿਸਟਮ ਲਗਾਉਂਦਾ ਹੈ ਉਸ ਨੂੰ ਸਰਕਾਰ ਵਲੋਂ ਵਿਸ਼ੇਸ਼ ਗ੍ਰਾਂਟ ਦਿੱਤੀ ਜਾਵੇਗੀ। ਸਰਪੰਚ ਸੰਦੀਪ ਕੁਮਾਰ ਵਲੋਂ ਆਈਆਂ ਹੋਈਆਂ ਪ੍ਰਮੁੱਖ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਕਮਲ ਕੁਮਾਰ ਕਲਰਕ, ਸੈਕਟਰੀ ਸੁਖਵਿੰਦਰ ਕੁਮਾਰ, ਹਰਮਿੰਦਰ ਸਿੰਘ, ਬਲਵਿੰਦਰ ਸਿੰਘ, ਡੀ. ਐੱਮ. ਸ਼ੁਭਕਰਨ ਸਿੰਘ, ਜੇ.ਈ. ਮੁਹੰਮਦ ਰਾਜਾ ਆਦਿ ਤੋਂ ਇਲਾਵਾ ਸਮੂਹ ਪੰਚਾਇਤ ਮੈਂਬਰ ਓਤੇ ਨਗਰ ਨਿਵਾਸੀ ਹਾਜ਼ਰ ਸਨ।



# ਸਤਿਸੰਗ ਘਰ ਤੋਂ ਗਾਖਲਾਂ ਵਾਲੇ ਪੁਲ ਤੱਕ ਸੜਕ ਥਾਂ-ਥਾਂ ਤੋਂ ਟੁੱਟੀ



**ਬਸਤੀ ਸ਼ੇਖ (ਜਲੰਧਰ)-(ਲਖਵਿੰਦਰ ਸਿੰਘ)**- ਬਸਤੀ ਦਾਨਿਸ਼ਮੰਦਾਂ ਮੇਨ ਬਾਜ਼ਾਰ ਜਾ ਰਹੀ ਸੜਕ ਜੋ ਕਿ ਰਾਧਾ ਸੁਆਮੀ ਸਤਿਸੰਗ ਘਰ ਤੋਂ ਲੈ ਕੇ ਗਾਖਲਾਂ ਵਾਲੇ ਪੁਲ ਤੱਕ ਥਾਂ ਥਾਂ ਤੋਂ ਟੁੱਟੀ ਹੋਈ ਹੈ। ਬੀਤੇ ਦਿਨ ਮੀਂਹ ਪੈਣ ਕਰਕੇ ਬਜ਼ਾਰ ਨੂੰ ਜਾਣ ਵਾਲੀ ਸੜਕ ਛੱਪੜ ਦਾ ਰੂਪ ਧਾਰਨ ਕਰ ਚੁੱਕੀ ਹੈ ਕਿਉਂਕਿ ਪਾਣੀ ਦਾ ਨਿਕਾਸ ਹੈ ਨਹੀਂ। ਦੁਕਾਨਦਾਰਾਂ ਦਾ ਕਹਿਣਾ ਹੈ ਕਿ ਕਰੀਬ 10-12 ਸਾਲਾਂ ਤੋਂ ਇਸ ਸੜਕ ਵੱਲ ਧਿਆਨ ਨਹੀਂ ਦਿੱਤਾ ਹਰ ਵੇਰ ਵੋਟਾਂ ਵੇਲੇ ਲਾਰੇ ਲਾ ਕੇ ਚਲੇ ਜਾਂਦੇ ਹਨ ਪਰ ਫਿਰ ਮੁੜ ਕੋਈ ਸਾਰ ਨਹੀਂ ਲੈਂਦਾ। ਇਲਾਕਾ ਨਿਵਾਸੀਆਂ ਤੇ ਦੁਕਾਨਦਾਰਾਂ ਵਲੋਂ ਸਰਕਾਰ ਨੂੰ ਪੁਰਜ਼ੋਰ ਅਪੀਲ ਕੀਤੀ ਹੈ ਕਿ ਸੜਕ ਨੂੰ ਪਹਿਲ ਦੇ ਆਧਾਰ 'ਤੇ ਬਣਾਇਆ ਜਾਵੇ ।

# ਹਰਿਆਣਾ ਮਨੁੱਖੀ ਸਰੋਤ ਪ੍ਰਬੰਧਨ ਪ੍ਰਣਾਲੀ (ਪ੍ਰਸ਼ਾਸਨ) ਨੀਤੀ, 2024 ਖਰੜਾ ਨੀਤੀ ਨੂੰ ਪ੍ਰਵਾਨਗੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਹਰਿਆਣਾ ਕੈਬਨਿਟ ਮੀਟਿੰਗ ਵਿਚ ਹਰਿਆਣਾ ਮਨੁੱਖੀ ਸਰੋਤ ਪ੍ਰਬੰਧਨ ਪ੍ਰਣਾਲੀ (ਪ੍ਰਸ਼ਾਸਨ) ਨੀਤੀ, 2024 ਖਰੜੇ ਨੂੰ ਪ੍ਰਵਾਨਗੀ ਦਿੱਤੀ ਹੈ।ਇਸ ਨੀਤੀ ਦਾ ਮੰਤਵ ਕਰਮਚਾਰੀਆਂ ਦੀਆਂ ਸੇਵਾਵਾਂ ਦੀ ਸਹੀ ਵਰਤੋਂ ਕਰਨਾ ਹੈ। ਇਹ ਨੀਤੀ ਹਰਿਆਣਾ ਸਰਕਾਰ ਦੇ ਅਧੀਨ ਵੱਖ-ਵੱਖ ਵਿਭਾਗਾਂ ਅਤੇ ਸੰਗਠਨਾਂ ਵਿਚ ਕੰਮ ਕਰਦੇ ਸਾਰੇ ਹਰਿਆਣਾ ਸਰਕਾਰ ਦੇ ਕਰਮਚਾਰੀਆਂ 'ਤੇ ਲਾਗੂ ਹੋਵੇਗੀ, ਭਾਵੇਂ ਉਹ ਰੈਗੂਲਰ ਜਾਂ ਠੇਕੇ 'ਤੇ ਕੰਮ ਕਰ ਰਹੇ ਹੋਣ। ਈ-ਐਚ.ਆਰ.ਐਮ.ਐਸ. 2.0 ਵਿਭਾਗਾਂ/ਨਿਗਮਾਂ ਵਿਚ ਕਰਮਚਾਰੀਆਂ ਲਈ ਪਲੇਸਮੈਂਟ, ਤਬਾਦਲਾ/ਪੋਸਟਿੰਗ ਅਤੇ ਸੇਵਾ ਦੀ ਹੋਰ ਸ਼ਰਤਾਂ ਦੇ ਪ੍ਰਬੰਧਨ ਲਈ ਸਿੰਗਲ ਪਲੇਟਫਾਰਮ ਵਜੋਂ ਕੰਮ ਕਰੇਗਾ।ਮਨੁੱਖੀ ਸਰੋਤ ਵਿਭਾਗ ਇਹ ਯਕੀਨੀ ਕਰਨ ਲਈ ਜ਼ਿੰਮੇਵਾਰ ਹੋਵੇਗਾ ਕਿ ਵੱਖ-ਵੱਖ ਵਿਭਾਗਾਂ/ਨਿਗਮਾਂ ਵੱਲੋਂ ਈ-ਐਚ.ਆਰ.ਐਮ.ਐਸ. 2.0 'ਤੇ ਸਿਰਫ ਸਹੀ ਅਤੇ ਸਹੀ ਡਾਟਾ ਹੀ ਹੋਸਟ ਕੀਤਾ ਜਾਵੇ। ਈ-ਐਚ.ਆਰ.ਐਮ.ਐਸ. 2.0 'ਤੇ ਹੋਸਟ ਕੀਤੇ ਗਏ ਡਾਟਾ ਨੂੰ ਦਸਤਾਵੇਜ਼ੀ ਸਬੂਤ ਮੰਨਿਆ ਜਾਵੇਗਾ, ਜਿਸ ਦੀ ਇਕ ਕਾਪੀ ਸਬੰਧਤ ਵਿਭਾਗ/ਨਿਗਮ ਦੇ ਨਾਲ-ਨਾਲ ਮਨੁੱਖੀ ਸਰੋਤ ਵਿਭਾਗ ਦੇ ਰਿਕਾਰਡ ਵਿਚ ਵੀ ਰੱਖੀ ਜਾਵੇਗੀ।

# ਅਜੋਕੇ ਸਮੇਂ 'ਚ ਲੜਕੀਆਂ ਲਈ ਮਾਰਸ਼ਲ ਆਰਟਸ ਦੀ ਟ੍ਰੇਨਿੰਗ ਜ਼ਰੂਰੀ : ਅਨੀਤਾ ਸੋਮ ਪ੍ਰਕਾਸ਼



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**

ਰਿੰਗ ਬੀਸਟ ਬਾਕਸਿੰਗ ਕਲੱਬ ਫਗਵਾੜਾ ਵੱਲੋਂ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜਰੀ ਜੀ ਤੇ ਚਮਕੌਰ ਦੀ ਜੰਗ 'ਚ ਸ਼ਹੀਦ ਹੋਏ ਸਮੂਹ ਸਿੰਘਾਂ-ਸਿੰਘਣੀਆਂ ਦੀ ਸ਼ਹਾਦਤ ਨੂੰ ਸਮਰਪਿਤ ਬਾਕਸਿੰਗ ਅਤੇ ਥਾਈ ਕਿੱਕ ਬਾਕਸਿੰਗ ਦਾ ਦੋ ਰੋਜ਼ਾ ਟ੍ਰੇਨਿੰਗ ਕੈਂਪ ਐਸ.ਡੀ. ਪੁੱਤਰੀ ਪਾਠਸ਼ਾਲਾ ਸੀਨੀਅਰ ਸੈਕੰਡਰੀ ਸਕੂਲ ਹਦੀਆਬਾਦ ਫਗਵਾੜਾ ਵਿਖੇ ਲਗਾਇਆ ਗਿਆ। ਜਸਵੀਰ ਸਿੰਘ ਸ਼ੇਰਗਿੱਲ ਦੇ ਅਸ਼ੀਰਵਾਦ ਅਤੇ ਪ੍ਰਿੰਸੀਪਲ ਰੀਟਾ ਥਾਪਰ ਸਮੇਤ ਸਕੂਲ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਆਯੋਜਿਤ ਕੈਂਪ ਵਿੱਚ ਮੁੱਖ ਮਹਿਮਾਨ ਵਜੋਂ ਸੀਨੀਅਰ ਭਾਜਪਾ ਆਗੂ ਅਤੇ ਸਮਾਜ ਸੇਵਿਕਾ ਅਨੀਤਾ ਸੋਮ ਪ੍ਰਕਾਸ਼ ਨੇ ਸ਼ਿਰਕਤ ਕੀਤੀ। ਜਦਕਿ ਵਿਸ਼ੇਸ਼ ਮਹਿਮਾਨਾਂ ਵਜੋਂ ਸੁਖਵਿੰਦਰ ਸਿੰਘ ਕੰਬੋਜ, ਲਖਵਿੰਦਰ ਸਿੰਘ, ਨਰਿੰਦਰ ਸਿੰਘ ਗੋਲਡੀ, ਯਸ਼ਵੀਰ ਕੋਕਾ ਮੌਜੂਦ ਰਹੇ। ਕੈਂਪ ਦੌਰਾਨ ਕੋਚ ਪ੍ਰਿੰਸ ਕੌਲ ਤੋਂ ਇਲਾਵਾ ਥਾਈ ਕਿੱਕ ਬਾਕਸਿੰਗ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਵਿਜੇ ਕੁਮਾਰ, ਤਾਈ ਕਵਾਂਡੋ ਕੋਚ ਰਾਜੇਸ਼ ਕੁਮਾਰ ਨੇ ਵਿਦਿਆਰਥੀਆਂ ਨੂੰ ਬਾਕਸਿੰਗ ਅਤੇ ਥਾਈ ਕਿੱਕ ਬਾਕਸਿੰਗ ਦੀ ਟਰੇਨਿੰਗ ਦਿੱਤੀ। ਮੁੱਖ ਮਹਿਮਾਨ ਅਨੀਤਾ ਸੋਮ ਪ੍ਰਕਾਸ਼ ਨੇ ਚਾਰੇ ਸਾਹਿਬਜਾਦਿਆਂ ਅਤੇ ਸਮੂਹ ਸ਼ਿੰਘਾਂ-ਸਿੰਘਣੀਆਂ ਦੀ ਸ਼ਹਾਦਤ ਨੂੰ ਪ੍ਰਣਾਮ ਕਰਨ ਉਪਰੰਤ ਰਿੰਗ ਬੀਸਟ ਦੇ ਉਪਰਾਲੇ ਦੀ ਸ਼ਲਾਘਾ ਕੀਤੀ। ਉਹਨਾਂ ਕਿਹਾ ਕਿ ਮਾਰਸ਼ਲ ਆਰਟਸ ਦੀ ਟ੍ਰੇਨਿੰਗ ਖਾਸ ਤੌਰ 'ਤੇ ਲੜਕੀਆਂ ਨੂੰ ਜ਼ਰੂਰ ਲੈਣੀ ਚਾਹੀਦੀ ਹੈ ਤਾਂ ਜੋ ਜ਼ਰੂਰਤ ਸਮੇਂ ਉਹ ਇਸ ਕਲਾ ਨੂੰ ਆਪਣੀ ਆਤਮ ਰੱਖਿਆ ਲਈ ਇਸਤੇਮਾਲ ਕਰ ਸਕਣ। ਰਿੰਗ ਬੀਸਟ ਬਾਕਸਿੰਗ ਕਲੱਬ ਦੇ ਸੰਚਾਲਕ ਅਤੇ ਕੋਚ ਪ੍ਰਿੰਸ ਕੌਲ ਨੇ ਦੱਸਿਆ ਕਿ ਕੈਂਪ ਦੌਰਾਨ ਮੁੱਖ ਮਹਿਮਾਨ ਅਤੇ ਪਤਵੰਤਿਆਂ ਵਲੋਂ ਪਿਛਲੇ ਦਿਨੀਂ ਹੋਈਆਂ ਖੇਡਾਂ ਵਤਨ ਪੰਜਾਬ ਦੀਆਂ ਅਤੇ ਨੌਰਥ ਇੰਡੀਆ ਮਾਰਸ਼ਲ ਆਰਟ ਐਂਡ ਗੇਮਸ 2024 ਵਿੱਚ ਮੱਲਾਂ ਮਾਰਨ ਵਾਲੇ ਖਿਡਾਰੀ ਬਿੰਦੀਆ, ਭਾਰਤੀ, ਮਨਵੀਰ, ਭੂਮਿਕਾ, ਨਿਮਰਤਾ, ਯੁਵਿਕਾ, ਅੰਕਿਤ, ਮੁੰਨੀ ਕੁਮਾਰੀ, ਵੀਰਾ, ਆਨਸੀ, ਨਿਸ਼ੂ ਕੁਮਾਰੀ, ਕਰਨ ਦਾਦਰਾ ਨੂੰ ਟਰਾਫੀਆਂ ਅਤੇ ਸਰਟੀਫਿਕੇਟ ਦੇ ਕੇ ਹੌਸਲਾ ਅਫਜ਼ਾਈ ਵੀ ਕੀਤੀ ਗਈ। ਇਸ ਮੌਕੇ ਭਾਜਪਾ ਆਗੂ ਨਿਤਿਨ ਚੱਢਾ, ਸ਼ਿਲਪਾ ਚੱਢਾ, ਲੈਂਬਰ ਰਾਮ ਤੋਂ ਇਲਾਵਾ ਕੋਚ ਅਤੁਲ ਆਰਯਨ, ਦੀਪਕ ਕੁਮਾਰ ਤੇ ਬੌਬੀ ਨਾਹਰ ਵੀ ਮੌਜੂਦ ਸਨ।

# ਅਜ਼ਾਦ ਕਿਸਾਨ ਕਮੇਟੀ ਦੋਆਬਾ ਪੰਜਾਬ ਵੱਲੋਂ ਪੰਜਾਬ ਬੰਦ ਲਈ ਪੂਰਨ ਸਹਿਯੋਗ ਦੇਣ ਦੀ ਅਪੀਲ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਅਜ਼ਾਦ ਕਿਸਾਨ ਕਮੇਟੀ ਦੋਆਬਾ ਪੰਜਾਬ ਦੇ ਪ੍ਰਧਾਨ ਹਰਪਾਲ ਸਿੰਘ ਸੰਘਾ ਰਾਜਪੁਰ ਭਾਈਆਂ ਨੇ ਬਿਆਨ ਜਾਰੀ ਕਰਦਿਆਂ ਦੱਸਿਆ ਕਿ 30 ਦਸੰਬਰ ਨੂੰ ਸਮੂਹ ਕਿਸਾਨ ਜਥੇਬੰਦੀਆਂ ਵੱਲੋਂ ਪੰਜਾਬ ਬੰਦ ਕੀਤਾ ਜਾ ਰਿਹਾ ਹੈ। ਇਸ ਮੌਕੇ ਅਜ਼ਾਦ ਕਿਸਾਨ ਕਮੇਟੀ ਦੋਆਬਾ ਪੰਜਾਬ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ 30 ਦਸੰਬਰ ਨੂੰ ਸਮੂਹ ਕਿਸਾਨ, ਮਜ਼ਦੂਰ, ਦੁਕਾਨਦਾਰ, ਮੁਲਾਜ਼ਮਾਂ, ਛੋਟੇ ਵਪਾਰੀਆਂ, ਛੋਟੇ ਟਰਾਂਸਪੋਰਟਰਾਂ ਆਦਿ ਵਰਗ ਦਾ ਕਿੱਤਾ ਬਚਾਉਣ ਲਈ ਪਿਛਲੇ ਦਸ ਮਹੀਨਿਆਂ ਤੋਂ ਵੱਧ ਚੱਲ ਰਹੇ ਸ਼ੰਭੂ ਬਾਰਡਰ, ਘਨੌਰੀ ਬਾਰਡਰ, ਰਤਨਪੁਰਾ ਰਾਜਸਥਾਨ ਬਾਰਡਰ ਉੱਤੇ ਦੇਸ਼ ਵਿਆਪੀ ਅੰਦੋਲਨ ਨੂੰ ਹੋਰ ਤੇਜ਼ ਕਰਦਿਆਂ ਦੋਵਾਂ ਫੋਰਮਾਂ ਵੱਲੋਂ 30 ਦਸੰਬਰ ਨੂੰ ਸਵੇਰੇ 8 ਤੋਂ ਸ਼ਾਮ 4 ਵਜੇ ਤੱਕ ਪੂਰਨ ਤੌਰ 'ਤੇ ਪੁਰਹੀਰਾਂ ਬਾਈਪਾਸ ਚੌਂਕ ਚੱਕਾ ਜਾਮ ਕੀਤਾ ਜਾਵੇਗਾ। ਇਸ ਮੌਕੇ ਪ੍ਰਧਾਨ ਹਰਪਾਲ ਸਿੰਘ ਸੰਘਾ ਰਾਜਪੁਰ ਭਾਈਆਂ ਨੇ ਸਮੂਹ ਵਰਗਾਂ ਨੂੰ ਪੰਜਾਬ ਬੰਦ ਕਰਨ ਲਈ ਪੂਰਨ ਸਹਿਯੋਗ ਦੇਣ ਦੀ ਅਪੀਲ ਕੀਤੀ।

# ਆਉਣ ਵਾਲੀਆਂ ਪੀੜ੍ਹੀਆਂ ਲਈ ਸਾਹਿਬਜ਼ਾਦਿਆਂ ਦੀ ਸ਼ਹਾਦਤ ਇੱਕ ਚਾਨਣ ਮੁਨਾਰਾ : ਨਾਗਰਾਜ, ਭੰਡਾਲ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**





ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਸਪੋਰਟਸ ਕਲੱਬ ਅਤੇ ਵੈਲਫ਼ੇਅਰ ਸੋਸਾਇਟੀ ਪੰਜਾਬ ਵੱਲੋਂ ਐਡਵੋਕੇਟ ਗੌਰਵ ਨਾਗਰਾਜ ਪ੍ਰਧਾਨ ਅਤੇ ਨੂਰਮਹਿਲ ਦੇ ਬਲਾਕ ਪ੍ਰਧਾਨ ਰਾਜੂ ਭੰਡਾਲ (ਅਮਰੀਕਾ) ਨੇ ਸ੍ਰੀ ਗੁਰੂ ਗੋਬਿੰਦ ਸਿੰਘ ਦੇ ਮਾਤਾ ਗੁਜਰੀ ਜੀ ਅਤੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਸਬੰਧੀ ਕਿਹਾ ਕਿ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਭਾਰਤ ਦੇਸ਼ ਦੇ ਵਡਮੁੱਲੇ ਇਤਿਹਾਸ ਤੋਂ ਇਲਾਵਾ ਹੋਰ ਕਿਧਰੇ ਨਜ਼ਰ ਨਹੀਂ ਆਉਂਦੀ । ਉਨ੍ਹਾਂ ਕਿਹਾ ਕਿ 7 ਅਤੇ 9 ਸਾਲ ਦੇ ਸਾਹਿਬਜ਼ਾਦਿਆਂ ਨੇ ਸਮੇਂ ਦੀ ਹਕੂਮਤ ਅੱਗੇ ਸੀਨਾ ਤਾਣ ਕੇ ਆਪਣੇ ਉੱਪਰ ਜ਼ੁਲਮ ਅਤੇ ਤਸ਼ੱਦਦ ਪ੍ਰਵਾਨ ਕੀਤਾ ਅਤੇ ਆਪਣੇ ਸਿੱਖ ਧਰਮ ਦੀ ਨੀਂਹ ਵਿਚ ਆਪਣਾ ਖ਼ੂਨ ਦੇ ਕੇ ਇਸ ਨੀਂਹ ਨੂੰ ਮਜ਼ਬੂਤ ਕੀਤਾ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਹਿਬਜ਼ਾਦਿਆਂ ਦੀ ਸ਼ਹਾਦਤ ਇੱਕ ਚਾਨਣ ਮੁਨਾਰਾ ਹੈ ਤੇ ਰਹਿੰਦੀ ਦੁਨੀਆ ਤੱਕ ਪੂਰੀ ਸਿੱਖ ਕੌਮ ਤੇ ਸਿੱਖ ਧਰਮ ਅਤੇ ਪੂਰੇ ਦੇਸ਼ ਦੇ ਬੱਚਿਆਂ ਨੂੰ ਸਾਹਿਬਜ਼ਾਦਿਆਂ ਦੀ ਸ਼ਹਾਦਤ ਹਮੇਸ਼ਾ ਚਾਨਣ ਮੁਨਾਰਾ ਬਣ ਕੇ ਅਗਵਾਈ ਦਿੰਦੀ ਰਹੇਗੀ ਕਿ ਆਪਾਂ ਵੀ ਕਿਸ ਤਰਾਂ ਸਚਾਈ ਦੀ ਰਾਹ 'ਤੇ ਚੱਲਣਾ ਹੈ। ਰਾਜੂ ਭੰਡਾਲ ਨੇ ਕਿਹਾ ਕਿ ਸਕੂਲਾਂ 'ਚ ਵੀ ਬੱਚਿਆਂ ਨੂੰ ਸਾਹਿਬਜ਼ਾਦਿਆਂ ਦੀ ਸ਼ਹਾਦਤ ਬਾਰੇ ਜਾਣੂ ਕਰਵਾਉਣਾ ਚਾਹੀਦਾ ਹੈ।

# ਵੁਡਬਰੀ ਇੰਟਰਨੈਸ਼ਨਲ ਪਬਲਿਕ ਸਕੂਲ ਵੱਲੋਂ ਸਾਹਿਬਜ਼ਾਦਿਆਂ ਨੂੰ ਸ਼ਰਧਾਂਜਲੀ ਭੇਟ

**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)**



ਵੁਡਬਰੀ ਇੰਟਰਨੈਸ਼ਨਲ ਪਬਲਿਕ ਸਕੂਲ ਭੋਗਪੁਰ ਵਿਖੇ ਚੇਅਰਪਰਸਨ ਪਰਮਜੀਤ ਕੌਰ ਦੀ ਅਗਵਾਈ ਹੇਠ ਸ਼ਹੀਦੀ ਹਫਤੇ ਦੌਰਾਨ ਚਾਰ ਸਾਹਿਬਜ਼ਾਦਿਆਂ ਦੀ ਕੁਰਬਾਨੀ ਨੂੰ ਯਾਦ ਕਰਦਿਆਂ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਦੌਰਾਨ ਸਕੂਲ ਦੇ ਬੱਚਿਆਂ ਨੂੰ ਚਾਰ ਸਾਹਿਬਜ਼ਾਦਿਆਂ ਦੇ ਜੀਵਨ ਬਾਰੇ ਉਹਨਾਂ ਵੱਲੋਂ ਦਿੱਤੀ ਗਈ ਧਰਮ ਦੀ ਖਾਤਰ ਕੁਰਬਾਨੀ ਬਾਰੇ ਜਾਣੂ ਕਰਵਾਇਆ ਗਿਆ। ਬੱਚਿਆਂ ਨੂੰ ਦੱਸਿਆ ਗਿਆ ਕਿ ਸਿੱਖ ਧਰਮ ਇਤਿਹਾਸ ਕੁਰਬਾਨੀਆਂ ਨਾਲ ਭਰਿਆ ਹੋਇਆ ਹੈ। ਸਕੂਲ ਦੇ ਬੱਚਿਆਂ ਵੱਲੋਂ ਵੱਖ-ਵੱਖ ਪ੍ਰਤੀਯੋਗਤਾਵਾਂ ਪੇਸ਼ ਕੀਤੀਆਂ ਗਈਆਂ ਜਿਸ ਵਿੱਚ ਕਵਿਤਾਵਾਂ, ਕਹਾਣੀਆਂ, ਸਲੋਗਨ, ਲੇਖ ਆਦਿ ਸ਼ਾਮਿਲ ਸਨ ਜੋ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਬਿਆਨ ਕਰਦੀਆਂ ਸਨ। ਪਰਮਜੀਤ ਕੌਰ ਨੇ ਕਿਹਾ ਕਿ ਸਾਨੂੰ ਛੋਟੀ ਉਮਰ ਤੋਂ ਹੀ ਆਪਣੇ ਬੱਚਿਆਂ ਨੂੰ ਇਤਿਹਾਸ ਨਾਲ ਜੋੜਨਾ ਚਾਹੀਦਾ ਹੈ। ਜਿਸ ਦੀ ਸਿੱਖਿਆ ਨਾਲ ਉਹ ਆਪਣੇ ਜੀਵਨ ਵਿੱਚ ਇੱਕ ਆਦਰਸ਼ ਨਾਗਰਿਕ ਬਣ ਸਕਦੇ ਹਨ। ਇਸ ਮੌਕੇ ਸਮੂਹ ਸਟਾਫ ਅਤੇ ਵਿਦਿਆਰਥੀ ਸ਼ਾਮਲ ਸਨ।

# ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਨਮਿਤ ਸ਼ਰਧਾਂਜਲੀ ਸਮਾਰੋਹ

**ਜਲੰਧਰ (ਸੁਰਿੰਦਰ ਕੁਮਾਰ)**- ਸਥਾਨਕ ਜਲੰਧਰ 'ਚ ਪ੍ਰਵਾਸੀ ਭਾਰਤੀਆਂ ਦੀ ਸਭਾ ਐਨ ਆਰ ਆਈ ਸਭਾ ਪੰਜਾਬ (ਜਲੰਧਰ) ਵਲੋਂ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦੇ ਨਮਿਤ ਸ਼ੋਕ ਸਭਾ ਕਰ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਐਨ ਆਰ ਆਈ ਸਭਾ ਪੰਜਾਬ ਦੇ ਚੇਅਰਮੈਨ ਪ੍ਰਦੀਪ ਕੁਮਾਰ ਆਈ ਏ ਐਸ ਡਵੀਜ਼ਨਲ ਕਮਿਸ਼ਨਰ ਜਲੰਧਰ ਅਤੇ ਐਨ ਆਰ ਆਈ ਸਭਾ ਪੰਜਾਬ ਦੇ ਪ੍ਰਧਾਨ ਪਰਵਿੰਦਰ ਕੌਰ, ਸੀਨੀਅਰ ਮੀਤ ਪ੍ਰਧਾਨ ਸਤਨਾਮ ਸਿੰਘ ਚਾਨਾ ਵਲੋਂ ਆਪਣੇ ਭਾਸ਼ਣ 'ਚ ਡਾ. ਮਨਮੋਹਨ ਸਿੰਘ ਦੀਆਂ ਦੇਸ਼ ਪ੍ਰਤੀ ਕੀਤੀਆਂ ਸੇਵਾਵਾਂ ਨੂੰ ਯਾਦ ਕੀਤਾ ਗਿਆ। ਉਨ੍ਹਾਂ ਭਾਸ਼ਣ ਦੌਰਾਨ ਕਿਹਾ ਕਿ ਡਾ. ਮਨਮੋਹਨ ਸਿੰਘ ਨੇ ਇਕ ਆਮ ਪਰਵਾਰ ਵਿੱਚੋਂ ਉਠ ਕੇ ਆਪਣੀ ਮਿਹਨਤ ਅਤੇ ਲਿਆਕਤ ਨਾਲ ਉੱਚ ਸਥਾਨ ਪ੍ਰਾਪਤ ਕੀਤਾ। ਉਹ ਦੇਸ਼ ਦੇ ਪਹਿਲੇ ਸਿੱਖ ਪ੍ਰਧਾਨ ਮੰਤਰੀ ਬਣੇ, ਜਿਸ ਨਾਲ ਪੰਜਾਬੀਆਂ ਅਤੇ ਖਾਸਕਰ ਸਿੱਖ ਦਸਤਾਰ ਦੀ ਪਛਾਣ ਪੂਰੀ ਦੁਨੀਆ ਵਿੱਚ ਉੱਭਰੀ। ਇਸ ਸਮੇਂ ਜਿਥੇ ਵਡੀ ਗਿਣਤੀ 'ਚ ਐਨ ਆਰ ਆਈ ਸ਼ਾਮਲ ਹੋਏ ਓਥੇ ਉਚੇਚੇ ਤੌਰ 'ਤੇ ਹਰਮਨ ਸਿੰਘ ਕਨਵੀਨਰ ਐਂਟੀ ਡਰੱਗਜ਼ ਮੂਵਮੈਂਟ ਪੰਜਾਬ ਹਾਜ਼ਰ ਹੋਏ।

# ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਤ ਕਬੱਡੀ ਟੂਰਨਾਮੈਂਟ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**

ਨੌਜਵਾਨ ਭਾਰਤ ਸਭਾ ਅਤੇ ਪਿੰਡ ਮੰਡਿਆਲਾ ਦੇ ਸਮੂਹ ਨਗਰ ਦੇ ਸਹਿਯੋਗ ਨਾਲ ਛੋਟੇ ਸਾਹਿਬਜ਼ਾਦਿਆਂ ਦੇ ਸ਼ਹਾਦਤ ਨੂੰ ਸਮਰਪਿਤ ਮੰਡਿਆਲਾ ਵਿਖੇ ਕਬੱਡੀ ਟੂਰਨਾਮੈਂਟ ਕਰਵਾਇਆ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਪੀ ਐੱਸ ਯੂ ਦੇ ਸੂਬਾ ਆਗੂ ਮੰਗਲਜੀਤ ਪੰਡੋਰੀ ਅਤੇ ਨੌਜਵਾਨ ਭਾਰਤ ਸਭਾ ਦੇ ਆਗੂ ਸੁੱਖ ਮੰਡਿਆਲਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਇਤਿਹਾਸ ਵਿੱਚ ਕਿਤੇ ਵੀ ਅਜਿਹੀ ਕੁਰਬਾਨੀ ਸਾਨੂੰ ਦੇਖਣ ਨੂੰ ਨਹੀਂ ਮਿਲਦੀ, ਜਿਸ ਤਰ੍ਹਾਂ ਦੀ ਗੁਰੂ ਗੋਬਿੰਦ ਸਿੰਘ ਤੇ ਉਨ੍ਹਾਂ ਦੇ ਸਾਰੇ ਪਰਵਾਰ ਨੇ ਕੀਤੀ ਹੈ ।ਅਜਿਹੀ ਕੁਰਬਾਨੀ ਸਾਨੂੰ ਹਮੇਸ਼ਾ ਜਬਰ ਜ਼ੁਲਮ ਖ਼ਿਲਾਫ ਲੜਨ ਦੇ ਦ੍ਰਿੜ੍ਹ ਸੰਕਲਪ ਨੂੰ ਬਖਸ਼ਦੀ ਹੈ।ਆਗੂਆਂ ਕਿਹਾ ਕਿ ਜਦੋਂ ਅੱਜ ਪੰਜਾਬ ਦੀ ਜਵਾਨੀ ਨਸ਼ਿਆਂ ਦੀ ਦਲਦਲ 'ਚ ਫਸ ਚੁੱਕੀ ਹੈ ਤਾਂ ਅੱਜ ਜ਼ਰੂਰਤ ਹੈ ਉਨ੍ਹਾਂ ਨੂੰ ਇਸ ਚੋਂ ਕੱਢਣ ਲਈ ਪਿੰਡ 'ਚ ਖੇਡ ਮੈਦਾਨ ਬਣਾਏ ਜਾਣ, ਨੌਜਵਾਨਾਂ ਨੂੰ ਰੁਜ਼ਗਾਰ ਦਿੱਤਾ ਜਾਵੇ ਅਤੇ ਇਤਿਹਾਸਕ ਯਾਦਗਾਰਾਂ ਨੂੰ ਸੰਭਾਲਿਆ ਜਾਵੇ।ਇਸ ਮੌਕੇ ਨੌਜਵਾਨ ਭਾਰਤ ਸਭਾ ਦੇ ਜ਼ਿਲ੍ਹਾ ਪ੍ਰਧਾਨ ਸੋਨੂੰ ਅਰੋੜਾ, ਨਵਜੋਤ ਸਿਆਣੀਵਾਲ, ਸਨੀ ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂ ਕਸ਼ਮੀਰ ਮੰਡਿਆਲਾ, ਕਮਲ ਭਲਵਾਨ, ਲਵਪ੍ਰੀਤ, ਰੋਹਿਤ ਸਿਆਣੀਵਾਲ, ਸ਼ਿਵ ਆਦਿ ਨੇ ਸੰਬੋਧਨ ਕੀਤਾ।

# ਰਾਸ਼ਨ ਕਾਰਡਾਂ ਵਾਲਾ ਪੋਰਟਲ ਬਣਿਆ ਤੋਤੇ ਦਾ ਪਿੰਜਰਾ : ਧੀਮਾਨ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਨੈਸ਼ਨਲ ਫੂਡ ਸਕਿਉਰਟੀ ਐਕਟ 2013 ਦਾ ਨਾ ਲਾਗੂ ਹੋਣਾ ਲੋਕਾਂ ਦੇ ਮੂਲ ਸੰਵਿਧਾਨਕ ਅਧਿਕਾਰਾਂ ਨਾਲ ਵੱਡਾ ਖਿਲਵਾੜ ਹੈ।ਨਿਯਮਾਂ ਅਨੁਸਾਰ ਸਰਕਾਰ ਨੇ ਸਸਤਾ ਅਨਾਜ ਮੁਹੱਈਆ ਕਰਵਾਉਣ ਲਈ ਜਿਥੇ ਕਿ ਗਰੀਬ ਨੂੰ ਲੋੜੀਂਦਾ ਸਾਰੀ ਤਰ੍ਹਾਂ ਦਾ ਭੋਜਨ ਰਿਆਇਤੀ ਰੇਟ 'ਤੇ ਉਪਲਬਧ ਕਰਵਾਉਣ ਲਈ ਫੇਅਰ ਸ਼ਾਪ ਖੋਲ੍ਹਣੀਆਂ ਸਨ।ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਅਤੇ ਮਹਿੰਦਰ ਪਾਲ ਨੇ ਪਿੰਡ ਬਜਰਾਵਰ ਵਿਖੇ ਲੋਕਾਂ ਨੂੰ ਭੋਜਨ ਦੇ ਮੂਲ ਸੰਵਿਧਾਨਕ ਅਧਿਕਾਰਾਂ ਪ੍ਰਤੀ ਐਕਟ ਦੀ ਅਸਲ ਭੂਮਿਕਾ ਪ੍ਰਤੀ ਜਾਗਰੂਕ ਕਰਦਿਆਂ ਦੱਸਿਆ ਕਿ ਨਿਯਮਾਂ ਅਨੁਸਾਰ ਸਰਕਾਰ ਨੇ ਸਸਤੇ ਅਨਾਜ ਦੀਆਂ ਫੇਅਰ ਸ਼ਾਪ ਖੋਲ੍ਹਣੀਆਂ ਸਨ ਤਾਂ ਕਿ ਲੋਕ ਅਪਣੇ ਅਨੁਸਾਰ ਲੋੜੀਂਦਾ ਭੋਜਨ ਖਰੀਦ ਸਕਣ।ਇਹ ਕਿੰਨੀ ਗੈਰ ਸੰਵਿਧਾਨਕ ਗੱਲ ਹੈ ਕਿ ਸਰਕਾਰਾਂ ਇਕੱਲੀ ਕਣਕ ਨੂੰ ਹੀ ਰਾਸ਼ਨ ਕਹਿ ਕੇ ਲੋਕਾਂ ਦੇ ਮੂਲ ਸੰਵਿਧਾਨਕ ਅਧਿਕਾਰਾਂ ਨਾਲ ਖਿਲਵਾੜ ਕਰ ਰਹੀਆਂ ਹਨ।ਕਣਕ ਅਤੇ ਰਾਸ਼ਨ ਦੀ ਪ੍ਰੀਭਾਸ਼ਾ ਵੀ ਅਲੱਗ ਅਲੱਗ ਹੈ।ਧੀਮਾਨ ਨੇ ਦੱਸਿਆ ਕਿ ਸਰਕਾਰ ਸੋਸ਼ਲ ਆਡਿਟ ਦੀਆਂ ਗੱਲਾਂ ਕਰਦੀ ਹੈ, ਪਰ ਲੋਕਾਂ ਨੂੰ ਹਾਲੇ ਤੱਕ ਫੂਡ ਸਕਿਉਰਟੀ ਐਕਟ ਦੀ ਜਾਣਕਾਰੀ ਨਹੀਂ ਤੇ ਉਹ ਸੋਸ਼ਲ ਆਡਿਟ ਕਿਸ ਤਰ੍ਹਾਂ ਕਰਨਗੇ।ਸਭ ਕਾਗਜ਼ੀ ਘੋੜੇ ਦੁੜਾਏ ਜਾ ਰਹੇ ਹਨ।ਕਿੰਨੀ ਮਾੜੀ ਗੱਲ ਹੈ ਕਿ ਰਾਸ਼ਨ ਕਾਰਡ ਵਿਅਕਤੀ ਦੀ ਲੋੜ ਅਨੁਸਾਰ ਨਹੀਂ ਬਣਦੇ, ਇਹ ਸਿਰਫ ਵਿਧਾਇਕਾਂ ਦੀ ਲੋੜ ਅਨੁਸਾਰ ਬਣਦੇ ਹਨ ਤੇ ਲੋਕ ਪ੍ਰਤੀਨਿਧਾਂ ਦੇ ਹੁਕਮਾਂ ਤੋਂ ਬਿਨਾਂ ਨਾ ਤਾਂ ਵਿਭਾਗੀ ਪੋਰਟਲ ਕੰਮ ਕਰਦਾ ਹੈ ਤੇ ਨਾ ਹੀ ਪਰਵਾਰਾਂ ਦੇ ਨਾਂਅ ਦਰਜ ਹੁੰਦੇ ਹਨ।ਕਿੰਨੀ ਸ਼ਰਮ ਦੀ ਗੱਲ ਹੈ ਕਿ ਸਰਕਾਰਾਂ ਗੱਲਾਂ ਆਨਲਾਈਨ ਤੇ ਡਿਜੀਟਲ ਇੰਡੀਆ ਦੀਆਂ ਕਰਦੀਆਂ ਹਨ ਤੇ ਵਿਭਾਗੀ ਪੋਰਟਲ ਨੂੰ ਅਪਣੇ ਮਰਜ਼ੀ ਨਾਲ ਵੋਟਾਂ ਦਾ ਸਵਾਰਥ ਨੂੰ ਵੇਖ ਕੇ ਖੋਲ੍ਹਦੀਆਂ ਹਨ।ਅੱਜ ਪਰਵਾਰਾਂ ਦੇ ਅਜਿਹੇ ਨਵਜੰਮੇ ਬੱਚੇ ਅਤੇ ਵਿਆਹੀਆਂ ਔਰਤਾਂ ਹਨ ਜਿਨ੍ਹਾਂ ਦੇ ਨਾਂਅ ਹੀ ਪਰਵਾਰ ਦੇ ਬਣੇ ਰਾਸ਼ਨ ਕਾਰਡਾਂ ਵਿਚ ਦਰਜ ਨਹੀਂ ਹੁੰਦੇ ਤੇ ਵਿਭਾਗ ਜਵਾਬ ਦਿੰਦਾ ਹੈ ਕਿ ਵਿਭਾਗੀ ਪੋਰਟਲ ਬੰਦ ਹੈ ਤੇ ਜਦੋਂ ਖੁੱਲ੍ਹੇਗਾ ਉਸ ਸਮੇਂ ਨਾਂਅ ਦਰਜ ਕੀਤਾ ਜਾਵੇਗਾ ਜਾਂ ਫਿਰ ਹਲਕੇ ਦੇ ਐਮ ਐਲ ਏ ਕੋਲ ਭੇਜ ਦਿੱਤਾ ਜਾਂਦਾ ਹੈ।ਧੀਮਾਨ ਨੇ ਕਿਹਾ ਕਿ ਅਗਰ ਹਿਮਾਚਲ ਵਿਚ ਸਸਤੇ ਰਾਸ਼ਨ ਦੀਆਂ ਗਰੀਬ ਲੋਕਾਂ ਲਈ ਦੁਕਾਨਾਂ ਹਰ ਰੋਜ਼ ਖੁੱਲ੍ਹ ਸਕਦੀਆਂ ਹਨ ਤੇ ਫਿਰ ਪੰਜਾਬ ਵਿਚ ਕਿਉਂ ਨਹੀਂ। ਇਸ ਮੌਕੇ ਨਰੇਸ਼ ਕੁਮਾਰ, ਰਮਨ ਕੁਮਾਰ, ਸੋਮਲਤਾ ਦੇਵੀ, ਜੋਤੀ, ਆਸ਼ਾ ਰਾਣੀ, ਰਜਨ ਦੇਵੀ, ਕਸ਼ਮੀਰ ਕੌਰ, ਪਿੰਕੀ, ਸੰਦੀਪ ਆਦਿ ਹਾਜ਼ਰ ਸਨ।



# ਕੇਵਲ ਸਿੰਘ ਨੂੰ ਸ਼ਰਧਾਂਜਲੀਆਂ ਭੇਟ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਕੁਲਵਿੰਦਰ ਸਿੰਘ ਦੁਰਗਾਪੁਰੀਆ ਪੱਤਰਕਾਰ ਦੇ ਸਹੁਰੇ ਕੇਵਲ ਸਿੰਘ ( 76) ਰਿਟਾਇਰ ਖਾਧ ਫੂਡ ਸਪਲਾਈ ਨੂੰ ਅੱਜ ਰਾਮ ਲਾਲ ਜੇਈ ਬਿਜਲੀ ਵਿਭਾਗ, ਅਜਮੇਰ ਹਲਵਾਈ, ਰਿੰਕੀ, ਵਿਸ਼ਾਲ ਨੇ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ।ਇਸ ਮੌਕੇ ਸਾਬਕਾ ਇੰਚਾਰਜ ਮੱਖਣ ਲਾਲ ਚੌਹਾਨ ਨੇ ਕਿਹਾ ਕਿ ਕੇਵਲ ਸਿੰਘ 76 ਵਰਿਆਂ ਦੇ ਸਨ ਤੇ ਉਹ ਪੰਜ ਕੁੜੀਆਂ ਦੇ ਪਿਤਾ ਸਨ। ਉਨ੍ਹਾ ਦੇ ਪੁੱਤਰ ਦਾ ਜਵਾਨੀ ਵਿੱਚ ਹਾਦਸੇ ਕਾਰਨ ਦੇਹਾਂਤ ਹੋ ਗਿਆ ਸੀ। ਸਾਰੀ ਉਮਰ ਕੇਵਲ ਸਿੰਘ ਨੇ ਸੰਘਰਸ਼, ਮਿਹਨਤ ਕੀਤੀ, ਇਮਾਨਦਾਰੀ ਦੀ ਜ਼ਿੰਦਗੀ ਬਤੀਤ ਕੀਤੀ। ਇਸ ਮੌਕੇ ਵੱਖ-ਵੱਖ ਰਾਜਨੀਤਕ ਪਾਰਟੀਆਂ ਦੇ ਆਗੂਆਂ ਨੇ ਸ਼ਮੂਲੀਅਤ ਕੀਤੀ। ਕੁਲਵਿੰਦਰ ਸਿੰਘ ਦੁਰਗਾਪੁਰੀਆ, ਰਾਮ ਲਾਲ ਜੇਈ ਬਿਜਲੀ ਵਿਭਾਗ, ਅਜਮੇਰ ਹਲਵਾਈ, ਰਿੰਕੀ, ਵਿਸ਼ਾਲ ਵੱਲੋਂ ਆਏ ਹੋਏ ਰਾਜਨੀਤਿਕ ਆਗੂਆਂ, ਰਿਸ਼ਤੇਦਾਰਾਂ ਅਤੇ ਦੋਸਤਾਂ ਮਿੱਤਰਾਂ ਦਾ ਪਰਵਾਰ ਵਲੋਂ ਧੰਨਵਾਦ ਕੀਤਾ ਗਿਆ। ਇਸ ਮੌਕੇ ਭੱਜੀ ਭਰਾ ਭਜਨ ਸਿੰਘ, ਪੰਮਾ, ਕੁੜੀਆਂ ਛਿੰਦੋ, ਰੱਜੀ, ਨਿੱਕੋ, ਤਸਮੇਸ਼ ਕੌਰ, ਜੀਤੀ ਸੋਨਾ, ਰਾਣੋ, ਪਿੰਡ ਛਦੌੜੀ ਦੇ ਚੌਕੀਦਾਰ ਚਰਨਦਾਸ, ਗੁਰਨਾਮ ਬੰਗੜ, ਸੁਰਜੀਤ ਕਰੀਮਪੁਰੀ ਹਾਜ਼ਰ ਸਨ।

# ਠੱਕਰਵਾਲ ਵਿਖੇ ਗਰਮ ਦੁੱਧ ਦੇ ਲੰਗਰ ਲਗਾਏ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਪਿੰਡ ਠੱਕਰਵਾਲ ਵਿਖੇ ਪ੍ਰਭ ਆਸਰਾ ਸੁਸਾਇਟੀ ਠੱਕਰਵਾਲ ਮੌਜੋਮਜਾਰਾ ਵੱਲੋਂ ਚਾਰੇ ਸਾਹਿਬਜ਼ਾਦੇ ਅਤੇ ਮਾਤਾ ਗੁਜਰ ਕੌਰ ਜੀ ਦੀ ਸ਼ਹਾਦਤ ਨੂੰ ਸਮਰਪਤ ਗਰਮ ਦੁੱਧ ਦੇ ਲੰਗਰ ਲਗਾਏ ਗਏ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਅਰਦਾਸ ਬੇਨਤੀ ਕਰਨ ਉਪਰੰਤ ਗਰਮ ਦੁੱਧ ਦੇ ਲੰਗਰ ਦੀ ਆਰੰਭਤਾ ਕੀਤੀ ਗਈ। ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਮੈਨੇਜਰ ਹਰਦੇਵ ਸਿੰਘ ਮੌਜੋਮਜਾਰਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰੇ ਸਾਹਿਬਜ਼ਾਦੇ ਅਤੇ ਮਾਤਾ ਗੁਜਰ ਕੌਰ ਜੀ ਅਤੇ ਸਮੂਹ ਸ਼ਹੀਦਾਂ ਦੀ ਯਾਦ 'ਚ ਗਰਮ ਦੁੱਧ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਲੋੜਵੰਦ ਬਜ਼ੁਰਗਾਂ ਅਤੇ ਬੀਬੀਆਂ ਨੂੰ ਲੋਈਆਂ ਅਤੇ ਸ਼ਾਲ ਨੰਬਰਦਾਰ ਜਸਵਿੰਦਰ ਸਿੰਘ ਖਹਿਰਾ ਸਰਪੰਚ ਠੱਕਰਵਾਲ ਅਤੇ ਸਰਪੰਚ ਰਣਜਿੰਦਰ ਸਿੰਘ ਮੌਜੋਮਜਾਰਾ ਨੇ ਤਕਸੀਮ ਕੀਤੇ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਸ਼ਹੀਦੀ ਦਿਹਾੜੇ ਮੌਕੇ 70 ਸਾਲ ਤੋਂ ਉਪਰ ਉਮਰ ਵਾਲੇ 150 ਬਜ਼ੁਰਗਾਂ ਅਤੇ ਬੀਬੀਆਂ ਨੂੰ ਲੋਈਆਂ ਅਤੇ ਸ਼ਾਲ ਦਿੱਤੇ ਗਏ। ਉਨ੍ਹਾਂ ਦੱਸਿਆ ਕਿ ਪ੍ਰਵਾਸੀ ਮਜ਼ਦੂਰਾਂ ਦੇ ਬੱਚਿਆਂ ਨੂੰ ਟੋਪੀਆਂ ਅਤੇ ਜੁਰਾਬਾਂ ਵੀ ਦਿੱਤੀਆਂ ਗਈਆਂ। ਇਸ ਮੌਕੇ ਡਾਇਰੈਕਟਰ ਭਜਨ ਸਿੰਘ ਯੋਧਾ ਕਲਸੀ, ਚੇਅਰਮੈਨ ਕੈਪਟਨ ਚਰਨਜੀਤ ਸਿੰਘ ਮਿਨਹਾਸ, ਵਾਈਸ ਚੇਅਰਮੈਨ ਕਰਮਜੀਤ ਸਿੰਘ ਮੰਝ, ਪ੍ਰਧਾਨ ਮੈਨੇਜਰ ਹਰਦੇਵ ਸਿੰਘ, ਵਾਈਸ ਪ੍ਰਧਾਨ ਮਾਸਟਰ ਕਮਲਜੀਤ ਸਿੰਘ, ਪ੍ਰੈਸ ਸਕੱਤਰ ਸਰਬਜੀਤ ਸਿੰਘ ਸਾਬੀ, ਜਰਨੈਲ ਸਿੰਘ, ਦਰਸ਼ਨ ਸਿੰਘ ਰਾਜਾ, ਚਰਨਜੀਤ ਸਿੰਘ ਮੰਝ, ਸੰਜੀਵ ਕੁਮਾਰ, ਮਨਵੀਰ ਸਿੰਘ ਮੰਝ, ਦਲਜੀਤ ਸਿੰਘ ਮੰਝ, ਪੰਡਤ ਰਾਜ ਕੁਮਾਰ ਭਨੋਟ, ਜਸਪ੍ਰੀਤ ਸਿੰਘ ਮੰਝ, ਹੈਰੀ, ਗੈਰੀ, ਵਰਿੰਦਰ ਸਿੰਘ ਢਿੱਲੋ, ਸਨਮ, ਅਰਸ਼, ਸਾਗਰ, ਜਸਵੀਰ ਸਿੰਘ ਸਾਬਕਾ ਸਰਪੰਚ ਮੌਜੋਮਜਾਰਾ, ਨਰਿੰਦਰ ਸਿੰਘ, ਮਨਜੀਤ ਸਿੰਘ ਕਲਸੀ, ਪਰਮਿੰਦਰ ਸਿੰਘ ਕਲਸੀ, ਅਮਨਚੈਨ ਸਿੰਘ ਮੰਝ, ਚਰਨ ਸਿੰਘ ਮੰਝ, ਠੇਕੇਦਾਰ ਰੂਪ ਲਾਲ, ਠੇਕੇਦਾਰ ਚਰਨਜੀਤ ਸਿੰਘ ਚੰਨਾ, ਖੜਕ ਸਿੰਘ ਮੰਝ, ਪਰਮਜੀਤ ਸਿੰਘ ਬਿੱਟੂ ਕਲਸੀ, ਰਾਜੂ ਕਲਸੀ, ਬੀਬੀ ਰੀਟਾ, ਕਮਲਾ ਦੇਵੀ, ਅਮਰਜੀਤ ਕੌਰ, ਦੀਪਕ, ਅਰਮਾਨ ਕਲਸੀ, ਕਰਨ ਭੱਲਾ, ਗੁਰਪਾਲ ਸਿੰਘ, ਰਾਮ ਮੂਰਤੀ, ਜੋਗਾ ਸਿੰਘ, ਕ੍ਰਿਸ਼ਨ ਚੰਦ ਭਨੋਟ, ਜੋਗਿੰਦਰ ਪਾਲ ਆਦਿ ਹਾਜ਼ਰ ਸਨ।



# ਯੋਗ ਦੇ ਅਨੇਕਾਂ ਫਾਇਦੇ, ਬਸ ਜ਼ਰੂਰਤ ਹੈ ਨਿਯਮਿਤ ਅਭਿਆਸ ਦੀ : ਐੱਸ ਡੀ ਐੱਮ



**ਮੋਹਾਲੀ (ਗੁਰਜੀਤ ਬਿੱਲਾ)**

ਐਸ. ਡੀ. ਐਮ. ਮੋਹਾਲੀ ਦਮਨਦੀਪ ਕੌਰ ਨੇ ਦੱਸਿਆ ਕਿ ਸਰੀਰ ਨੂੰ ਤੰਦਰੁਸਤ ਰੱਖਣ ਵਿਚ ਯੋਗਾ ਦਾ ਬਹੁਤ ਵੱਡਾ ਰੋਲ ਹੈ। ਯੋਗ ਅਭਿਆਸ ਕਰਨ ਨਾਲ ਅਸੀਂ ਸਰੀਰਕ ਪੱਖੋਂ ਸਿਹਤਮੰਦ ਤਾਂ ਹੁੰਦੇ ਹੀ ਹਾਂ ਬਲਕਿ ਮਾਨਸਿਕ ਤੌਰ 'ਤੇ ਵੀ ਮਜ਼ਬੂਤ ਬਣਦੇ ਹਾਂ। ਇਸ ਨਾਲ ਮਨ ਵੀ ਸਥਿਰ ਹੁੰਦਾ ਹੈ ਤੇ ਅੰਦਰੋਂ ਮਨ ਨੂੰ ਮਿਲਦੀ ਸ਼ਾਂਤੀ ਦਾ ਸਰੀਰ ਨੂੰ ਤੰਦਰੁਸਤ ਰੱਖਣ ਵਿਚ ਵੱਡਾ ਰੋਲ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਦੇਸ਼ਾਂ 'ਤੇ ਚਲਾਈ ਜਾ ਰਹੀ ਸੀ ਐਮ ਦੀ ਯੋਗਸ਼ਾਲਾ ਤਹਿਤ ਸਮੁੱਚੇ ਜ਼ਿਲ੍ਹੇ ਵਿੱਚ ਮਾਹਿਰ ਟ੍ਰੇਨਰ ਲੋਕਾਂ ਨੂੰ ਯੋਗ ਰਾਹੀਂ ਤੰਦਰੁਸਤ ਜੀਵਨ ਸ਼ੈਲੀ ਨਾਲ ਜੋੜ ਰਹੇ ਹਨ। ਟ੍ਰੇਨਰ ਰੁਪਿੰਦਰ ਕੌਰ ਵੱਲੋਂ ਦੱਸਿਆ ਗਿਆ ਕਿ ਉਹ ਮੋਹਾਲੀ ਸ਼ਹਿਰ ਵਿਖੇ ਸਵੇਰੇ 6.15 ਵਜੇ ਦੁਪਹਿਰ 1.15 ਵਜੇ ਤੱਕ ਰੋਜ਼ਾਨਾ 6 ਯੋਗਸ਼ਲਾਵਾਂ ਲਗਾਉਂਦੀ ਹੈ, ਜਿਸ ਵਿੱਚ ਪਹਿਲੀ ਕਲਾਸ ਸੈਕਟਰ-104, ਮਿਉਂਸਿਪਲ ਹਾਈਟਸ ਐਮਾਰ ਵਿਖੇ ਸਵੇਰੇ 6.15 ਤੋਂ 7.15 ਵਜੇ ਅਤੇ ਦੂਸਰੀ ਕਲਾਸ ਵੇਵ 99 ਸੈਕਟਰ ਵਿਖੇ ਸਵੇਰੇ 7.20 ਤੋਂ 8.20 ਵਜੇ ਤੱਕ, ਤੀਸਰੀ ਕਲਾਸ ਵਨ ਰਾਈਜ਼ 99 ਸੈਕਟਰ ਵਿਖੇ ਸਵੇਰੇ 8.30 ਤੋਂ 9.30 ਵਜੇ ਤੱਕ ਅਤੇ ਚੌਥੀ ਕਲਾਸ ਐਮਾਰ, 105 ਸੈਕਟਰ, ਮੋਹਾਲੀ ਵਿਖੇ ਸਵੇਰੇ 10.00 ਤੋਂ 11.00 ਵਜੇ ਤੱਕ, ਪੰਜਵੀਂ ਕਲਾਸ ਪਿੰਡ ਢੇਲਪੁਰ ਗੁਰੂਦੁਆਰਾ ਸਾਹਿਬ ਵਿਖੇ ਦੁਪਹਿਰ 11.00 ਤੋਂ 12.00 ਵਜੇ ਤੱਕ ਅਤੇ ਛੇਵੀਂ ਅਤੇ ਆਖਰੀ ਕਲਾਸ ਸੈਕਟਰ 85 ਵੇਵ ਵਿਖੇ ਦੁਪਹਿਰ 12.15 ਤੋਂ 1.15 ਵਜੇ ਤੱਕ ਲਾਈ ਜਾਂਦੀ ਹੈ। ਟ੍ਰੇਨਰ ਰੁਪਿੰਦਰ ਕੌਰ ਨੇ ਕਿਹਾ ਕਿ ਯੋਗਾ ਕਰਨ ਨਾਲ ਸਾਡਾ ਸਰੀਰ ਸਾਰਾ ਦਿਨ ਤਰੋ-ਤਾਜ਼ਾ ਰਹਿੰਦਾ ਹੈ। ਉਨ੍ਹਾਂ ਕਿਹਾ ਕਿ ਯੋਗਾ ਅਭਿਆਸ ਨਾਲ ਸਰੀਰ ਅੰਦਰ ਬਿਮਾਰੀਆਂ ਦਾ ਖਾਤਮਾ ਹੁੰਦਾ ਹੈ ਤੇ ਨਵੀਆਂ ਬਿਮਾਰੀਆਂ ਦੇ ਪੈਦਾ ਹੋਣ ਤੋਂ ਵੀ ਛੁਟਕਾਰਾ ਮਿਲਦਾ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹੇ 'ਚ ਚੱਲ ਰਹੀਆਂ ਯੋਗਾ ਕਲਾਸਾਂ ਦਾ ਹਿੱਸਾ ਬਣਨ ਲਈ ਟੋਲ ਫ੍ਰੀ ਨੰ: 7669400500 ਜਾਂ www.cmdiyogshala.punjab.gov.in 'ਤੇ ਜਾ ਕੇ ਜਾਣਕਾਰੀ ਲਈ ਜਾ ਸਕਦੀ ਹੈ। ਇਸ ਦੇ ਨਾਲ-ਨਾਲ ਜੇ ਕੋਈ ਗਰੁੱਪ ਮੁਫ਼ਤ ਯੋਗਾ ਟ੍ਰੇਨਰ ਦੀ ਸਹੂਲਤ ਲੈਣ ਲਈ ਉਪਰੋਕਤ ਫੋਨ ਨੰਬਰ ਅਤੇ ਵੈਬਸਾਈਟ 'ਤੇ ਸੰਪਰਕ ਕਰ ਕੇ ਰਜਿਸਟਰੇਸ਼ਨ ਕਰ ਸਕਦਾ ਹੈ। ਮੁਫ਼ਤ ਟ੍ਰੇਨਰ ਦੀ ਸਹੂਲਤ ਲਈ ਕਿਸੇ ਵੀ ਨਵੇਂ ਗਰੁੱਪ ਕੋਲ ਘੱਟੋ-ਘੱਟ 25 ਮੈਂਬਰ ਹੋਣੇ ਲਾਜ਼ਮੀ ਹਨ।

# ਕਾਮਨ ਇਲੀਜੀਬਿਲਟੀ ਟੈਸਟ (ਸੀ ਈ ਟੀ ਸਟੇਜ 1) ਨੀਤੀ 2022 'ਚ ਸੋਧ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਹਰਿਆਣਾ ਕੈਬਨਿਟ ਮੀਟਿੰਗ ਵਿਚ ਗਰੁੱਪ ਸੀ ਅਤੇ ਡੀ ਅਸਾਮੀਆਂ ਲਈ ਕਾਮਨ ਇਲੀਜੀਬਿਲਟੀ ਟੈਸਟ (ਸੀ ਈ ਟੀ ਸਟੇਜ 1) ਨੀਤੀ, 2022 ਵਿਚ ਸੋਧ ਨੂੰ ਪ੍ਰਵਾਨਗੀ ਦਿੱਤੀ ਗਈ। ਇਸ ਨੀਤੀ ਨੂੰ ਆਮ ਪਾਤਰਤਾ ਪ੍ਰੀਖਿਆ ਰਾਹੀਂ ਗਰੁੱਪ ਸੀ ਅਤੇ ਡੀ ਅਸਾਮੀਆਂ 'ਤੇ ਭਰਤੀ ਲਈ ਨੀਤੀ (ਸੋਧ) ਨਿਯਮ, 2024 ਕਿਹਾ ਜਾਵੇਗਾ।ਸੋਧ ਅਨੁਸਾਰ, ਹਰਿਆਣਾ ਦੇ ਮੂਲ (ਬੋਨਾਫਾਇਡ) ਵਾਸੀਆਂ ਲਈ ਪ੍ਰਦਾਨ ਕੀਤੇ ਗਏ ਸਮਾਜਿਕ ਆਰਥਿਕ ਮਾਪਦੰਡਾਂ ਲਈ 5 ਫੀਸਦੀ ਵੇਟੇਜ ਨੂੰ ਹਟਾ ਦਿੱਤਾ ਗਿਆ ਹੈ। ਉਪਰੋਕਤ ਸੋਧ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਨਿਰਦੇਸ਼ ਅਨੁਸਾਰ ਕੀਤੇ ਗਏ ਹਨ।ਸੂਬਾ ਸਰਕਾਰ ਦੇ ਵਿਭਾਗਾਂ ਜਾਂ ਕਿਸੇ ਬੋਰਡ, ਨਿਗਮ, ਕਾਨੂੰਨੀ ਨਿਕਾਏ ਜਾਂ ਸੂਬਾ ਸਰਕਾਰ ਦੀ ਮਲਕੀਅਤ ਵਾਲੀ ਅਤੇ ਕੰਟ੍ਰੋਲ ਕਿਸੇ ਹੋਰ ਏਜੰਸੀ ਵਿਚ, ਰਾਜ ਐਕਟ ਵੱਲੋਂ ਜਾਂ ਉਸ ਦੇ ਤਹਿਤ ਸਥਾਪਿਤ ਕਿਸੇ ਯੂਨੀਵਰਸਿਟੀ ਤੋਂ ਇਲਾਵਾ, ਆਮ ਪਾਤਰਤਾ ਪ੍ਰੀਖਿਆ ਰਾਹੀਂ ਗਰੁੱਪ ਸੀ ਅਤੇ ਡੀ ਅਸਾਮੀਆਂ 'ਤੇ ਭਰਤੀ ਲਈ ਨੀਤੀ, (ਸੋਧ) ਨਿਯਮ, 2024 ਪੁਲਸ ਸੇਵਾ, ਜੇਲ੍ਹ ਅਤੇ ਹੋਮਗਾਰਡ ਆਦਿ ਦੀਆਂ ਅਸਾਮੀਆਂ ਸਮੇਤ ਗਰੁੱਪ ਸੀ ਅਸਾਮੀਆਂ 'ਤੇ ਸਿੱਧੀ ਭਰਤੀ ਲਈ ਲਾਗੂ ਹੋਵੇਗੀ, ਜਿਸ ਵਿਚ (1) ਸਿੱਖਿਅਕ ਅਸਾਮੀ (2) ਸਾਬਕਾ ਅਗਨੀਵੀਰ ਅਤੇ (3) ਗਰੁੱਪ ਡੀ ਦੀਆਂ ਅਸਾਮੀਆਂ ਸ਼ਾਮਿਲ ਨਹੀਂ ਹੋਣਗੀਆਂ, ਜਿਸ ਲਈ ਘੱਟੋ ਘੱਟ ਵਿੱਦਿਅਕ ਯੋਗਤਾ ਹਰਿਆਣਾ ਗਰੁੱਪ ਡੀ ਕਰਮਚਾਰੀ (ਭਰਤੀ ਅਤੇ ਸੇਵਾ ਦੀ ਸ਼ਰਤਾਂ) ਐਕਟ, 2018 (2018 ਦਾ 5) ਦੇ ਤਹਿਤ ਮੈਟ੍ਰਿਕ ਤੋਂ ਘੱਟ ਹੈ।ਰਾਜ ਸਰਕਾਰ ਨੇ ਆਮ ਜਨਤਾ ਦਾ ਭਰੋਸਾ ਹਾਸਲ ਕਰਨ ਅਤੇ ਬਣਾਏ ਰੱਖਣ ਅਤੇ ਹਰਿਆਣਾ ਵਿਚ ਅਸਾਮੀਆਂ 'ਤੇ ਭਰੋਸਾ ਅਤੇ ਭਰੋਸੇਮੰਦ ਭਰਤੀਆਂ ਯਕੀਨੀ ਕਰਨ ਅਤੇ ਸਿਖਿਅਤ ਅਸਾਮੀਆਂ ਨੂੰ ਛੱਡ ਕੇ ਪੁਲਸ, ਜੇਲ੍ਹ, ਹੋਮਗਾਰਡ ਆਦਿ ਦੀਆਂ ਅਸਾਮੀਆਂ ਸਮੇਤ ਗਰੁੱਪ ਸੀ ਅਤੇ ਡੀ ਦੀ ਸਿੱਧੀ ਭਰਤੀ ਦੀਆਂ ਅਸਾਮੀਆਂ 'ਤੇ ਸਰਕਾਰੀ ਰੁਜ਼ਗਾਰ ਲਈ ਭਰਤੀ ਪ੍ਰਕ੍ਰਿਆ ਨੂੰ ਮਿਆਰੀ ਕਰਨ ਦੇ ਮੰਤਵ ਨਾਲ 5 ਮਈ, 2022 ਨੂੰ ਗਰੁੱਪ ਸੀ ਅਤੇ ਡੀ ਅਸਾਮੀਆਂ ਲਈ ਆਮ ਪਾਤਰਤਾ ਪ੍ਰੀਖਿਆ ਸ਼ੁਰੂ ਕੀਤੀ ਸੀ।

# ਸੱਤ ਰੋਜ਼ਾ ਐੱਨ ਐੱਨ ਐੱਸ ਕੈਂਪ ਦਾ ਸਮਾਪਨ ਸਮਾਰੋਹ



**ਆਦਮਪੁਰ (ਪਰਮਜੀਤ ਸਿੰਘ)**

ਐਨ ਐਸ ਐਸ ਕੈਂਪ ਜੋ ਕਿ ਸਕੂਲ ਆਫ ਐਮੀਨੈਂਸ, ਆਦਮਪੁਰ (ਜਲੰਧਰ) ਵਿਚ ਮਿਤੀ 20 ਦਸੰਬਰ ਤੋਂ ਚੱਲ ਰਿਹਾ ਸੀ, ਦਾ ਸਮਾਪਤੀ ਸਮਾਰੋਹ ਆਯੋਜਿਤ ਕੀਤਾ ਗਿਆ। ਪ੍ਰਿੰਸੀਪਲ ਰਾਮ ਆਸਰਾ ਨੇ ਵਾਲੰਟੀਅਰਜ਼ ਨੂੰ ਸੰਬੋਧਨ ਕੀਤਾ ਅਤੇ ਉਨ੍ਹਾਂ ਨੂੰ ਚੰਗੇ ਆਚਰਣ ਅਤੇ ਮਿਹਨਤ ਦੀ ਮਹੱਤਤਾ ਦੱਸੀ। ਇਸ ਸੱਤ ਰੋਜ਼ਾ ਕੈਂਪ ਵਿੱਚ ਵਾਲੰਟੀਅਰਜ਼ ਨੇ ਅਨੁਸ਼ਾਸਨ, ਸਾਫ ਸਫਾਈ, ਸਿਹਤ ਸੰਭਾਲ, ਨਸ਼ਿਆਂ ਦੇ ਮਾੜੇ ਪ੍ਰਭਾਵਾਂ, ਵਾਤਾਵਰਣ ਦੀ ਸੰਭਾਲ, ਟ੍ਰੈਫਿਕ ਨਿਯਮਾਂ ਦੀ ਮਹੱਤਤਾ, ਕਚਰਾ ਪ੍ਰਬੰਧਨ, ਭਾਈਚਾਰੇ ਦੀ ਮਹੱਤਤਾ, ਨੈਤਿਕ ਕਦਰਾਂ ਕੀਮਤਾਂ ਅਤੇ ਮਾਤਾ ਪਿਤਾ ਦੀ ਸੇਵਾ ਬਾਰੇ ਸਿੱਖਿਆ।

ਵਾਲੰਟੀਅਰਜ਼ ਨੇ ਗਾਜੀਪੁਰ (ਆਦਮਪੁਰ) ਵਿਖੇ ਜਾ ਕੇ ਜੀ ਪੀ ਐਸ ਗਾਜੀਪੁਰ ਅਤੇ ਸੇਵਾ ਕੇਂਦਰ ਆਦਮਪੁਰ ਅਤੇ ਐਸ ਐਸ ਓ ਈ ਆਦਮਪੁਰ ਦੀ ਬਾਹਰੀ ਦੀਵਾਰ ਅਤੇ ਪਿਛਲੀ ਗਰਾਊਂਡ ਦੀ ਸਫਾਈ ਲਈ ਯੋਗਦਾਨ ਪਾਇਆ। ਇਸ ਮੌਕੇ ਜੀਵਨ ਜੋਤੀ, ਰੇਨੂੰ ਬਾਲਾ, ਲਵਨੀਸ਼ ਕੁਮਾਰ ਅਤੇ ਸਮੂਹ ਸਟਾਫ ਹਾਜ਼ਰ ਸੀ।

# 12809 ਏਕੜ ਪੰਚਾਇਤੀ ਜ਼ਮੀਨ ਤੋਂ ਨਾਜਾਇਜ਼ ਕਬਜ਼ੇ ਹਟਾਏ : ਸੌਂਦ

**ਚੰਡੀਗੜ੍ਹ ( ਗੁਰਜੀਤ ਬਿੱਲਾ)**— ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਨੇ ਸਾਲ 2024 ਦੌਰਾਨ ਕਈ ਅਹਿਮ ਪ੍ਰਾਪਤੀਆਂ ਹਾਸਲ ਕੀਤੀਆਂ ਹਨ। ਵਿਭਾਗ ਦੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਸਾਲ 2022 ਵਿੱਚ ਪੰਚਾਇਤੀ ਜ਼ਮੀਨਾਂ ਤੋਂ ਨਾਜਾਇਜ਼ ਕਬਜ਼ੇ ਹਟਾਉਣ ਦੀ ਸ਼ੁਰੂ ਕੀਤੀ ਮੁਹਿੰਮ ਤਹਿਤ ਸਾਲ 2024 ਤੱਕ 12809 ਏਕੜ ਪੰਚਾਇਤੀ ਜ਼ਮੀਨਾਂ ਤੋਂ ਨਾਜਾਇਜ਼ ਕਬਜ਼ੇ ਹਟਾ ਕੇ ਪੰਚਾਇਤਾਂ ਨੂੰ ਹੈਂਡ ਓਵਰ ਕੀਤਾ ਜਾ ਚੁੱਕਾ ਹੈ। ਇਸ ਰਕਬੇ ਦੀ ਬਾਜ਼ਾਰੀ ਕੀਮਤ 3080 ਕਰੋੜ ਰੁਪਏ ਤੋਂ ਵੱਧ ਬਣਦੀ ਹੈ। ਇਸ ਵਿੱਚੋਂ ਕਰੀਬ 6000 ਏਕੜ ਰਕਬੇ ਨੂੰ ਚਕੌਤੇ 'ਤੇ ਦੇਣ ਉਪਰੰਤ ਸਾਲ 2024-25 ਦੌਰਾਨ 10.76 ਕਰੋੜ ਰੁਪਏ ਸਾਲਾਨਾ ਆਮਦਨ ਪ੍ਰਾਪਤ ਹੋਈ ਹੈ।ਇਸ ਤੋਂ ਇਲਾਵਾ ਵਿਭਾਗ ਵੱਲੋਂ ਸ਼ਾਮਲਾਤ ਜ਼ਮੀਨਾਂ ਦੀ ਸਾਲ 2024-25 ਦੌਰਾਨ 1.36 ਲੱਖ ਏਕੜ ਰਕਬੇ ਦੀ ਨਿਲਾਮੀ 469 ਕਰੋੜ ਰੁਪਏ ਵਿੱਚ ਕਰਵਾਈ ਗਈ। ਇਸੇ ਤਰ੍ਹਾਂ 2024-25 ਦੌਰਾਨ ਵਿਭਾਗ ਵੱਲੋਂ ਪਸ਼ੂ ਮੇਲਿਆਂ ਨੂੰ ਈ-ਆਕਸ਼ਨ ਰਾਹੀਂ ਠੇਕੇ 'ਤੇ ਦੇਣ ਉਪਰੰਤ 93.90 ਕਰੋੜ ਰੁਪਏ ਦੀ ਆਮਦਨ ਪ੍ਰਾਪਤ ਹੋਈ ਹੈ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਪਿੰਡਾਂ ਵਿੱਚ ਲਾਇਬ੍ਰੇਰੀਆਂ ਸ਼ੁਰੂ ਕਰਨ ਦੇ ਸੁਪਨੇ ਨੂੰ ਸਾਕਾਰ ਕਰਦਿਆਂ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਨੇ ਸਾਲ 2024 ਦੌਰਾਨ ਪਿੰਡ ਈਸੜੂ (ਖੰਨਾ) ਤੋਂ ਪੇਂਡੂ ਲਾਇਬ੍ਰੇਰੀ ਸਕੀਮ ਦੀ ਸ਼ੁਰੂਆਤ ਕੀਤੀ। ਮੁੱਖ ਮੰਤਰੀ ਨੇ 15 ਅਗਸਤ ਵਾਲੇ ਦਿਨ ਖੁਦ ਇਸ ਲਾਇਬ੍ਰੇਰੀ ਦਾ ਉਦਘਾਟਨ ਕੀਤਾ ਅਤੇ ਸਕੂਲੀ ਬੱਚਿਆਂ ਨਾਲ ਗੱਲਬਾਤ ਵੀ ਕੀਤੀ। ਇਸ ਵੇਲੇ ਪੰਜਾਬ ਭਰ ਵਿੱਚ 114 ਪੇਂਡੂ ਲਾਇਬ੍ਰੇਰੀਆਂ ਕਾਰਜਸ਼ੀਲ ਹਨ ਅਤੇ 179 ਕਾਰਜ ਅਧੀਨ ਹਨ।ਲੋਕਤੰਤਰ ਦੀ ਮਜ਼ਬੂਤੀ ਲਈ ਸਾਲ 2024 ਦੌਰਾਨ ਪੰਚਾਇਤੀ ਚੋਣਾਂ ਕਰਵਾਈਆਂ ਗਈਆਂ। ਸੌਂਦ ਨੇ ਦੱਸਿਆ ਕਿ ਇਨ੍ਹਾਂ ਚੋਣਾਂ ਦੌਰਾਨ 3044 ਪੰਚਾਇਤਾਂ ਸਰਬ ਸੰਮਤੀ ਨਾਲ ਚੁਣੀਆਂ ਗਈਆਂ, ਜਿਨ੍ਹਾਂ ਨੂੰ ਮੁੱਖ ਮੰਤਰੀ ਵੱਲੋਂ ਕੀਤੇ ਐਲਾਨ ਅਨੁਸਾਰ ਭਲਾਈ ਕੰਮਾਂ ਲਈ ਵਿੱਤੀ ਸਹਾਇਤਾ ਦਿੱਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਪਿੰਡਾਂ ਵਿੱਚ ਬਣੇ ਸੈਲਫ ਹੈਲਪ ਗਰੁੱਪਾਂ ਦੀ ਵਿੱਤੀ ਸਹਾਇਤਾ ਲਈ ਵਿਭਾਗ ਨੇ ਬੈਂਕਾਂ ਤੋਂ 94.35 ਕਰੋੜ ਰੁਪਏ ਦਾ ਕਰਜ਼ਾ ਅਜਿਹੇ ਗਰੁੱਪਾਂ ਨੂੰ ਮੁਹੱਈਆਂ ਕਰਵਾਇਆ ਹੈ। ਇਸੇ ਤਰ੍ਹਾਂ ਮਗਨਰੇਗਾ ਸਕੀਮ ਤਹਿਤ ਵਿੱਤੀ ਸਾਲ 2024-25 ਦੌਰਾਨ ਹੁਣ ਤੱਕ 983.98 ਕਰੋੜ ਰੁਪਏ ਖਰਚ ਕਰਦੇ ਹੋਏ 2.15 ਕਰੋੜ ਮਨੁੱਖੀ ਦਿਹਾੜੀਆਂ ਪੈਦਾ ਕੀਤੀਆਂ ਗਈਆਂ ਹਨ। ਵਿੱਤੀ ਸਾਲ 2024-25 ਦੌਰਾਨ ਔਸਤਨ 7.02 ਲੱਖ ਪੇਂਡੂ ਪਰਿਵਾਰਾਂ ਨੂੰ ਰੁਜ਼ਗਾਰ ਮੁਹੱਈਆ ਕਰਵਾਇਆ ਗਿਆ ਹੈ। ਵਿਭਾਗ ਵੱਲੋਂ ਇਸ ਸਾਲ ਕੁੱਲ 95.03 ਲੱਖ ਪੌਦੇ ਲਗਾਏ ਗਏ ਹਨ। ਇਸ ਤੋਂ ਇਲਾਵਾ ਪਿੰਡਾਂ ਵਿੱਚ ਕੁੱਲ 2461 ਖੇਡ ਮੈਦਾਨ ਮੁਕੰਮਲ ਹੋ ਚੁੱਕੇ ਹਨ ਅਤੇ 1623 ਖੇਡ ਮੈਦਾਨਾਂ ਦਾ ਕੰਮ ਚੱਲ ਰਿਹਾ ਹੈ।ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਆਵਾਸ ਯੋਜਨਾ (ਗ੍ਰਾਮੀਣ) ਦੇ ਤਹਿਤ, ਮੌਜੂਦਾ ਵਿੱਤੀ ਸਾਲ ਦੌਰਾਨ ਕੁੱਲ 5166 ਘਰ ਬਣਾਏ ਗਏ ਹਨ, ਜਿਨ੍ਹਾਂ ਦਾ ਕੁੱਲ ਖਰਚ 62 ਕਰੋੜ ਰੁਪਏ ਹੈ। ਉਨ੍ਹਾਂ ਉਮੀਦ ਪ੍ਰਗਟਾਈ ਕਿ ਮੌਜੂਦਾ ਵਿੱਤੀ ਸਾਲ ਦੇ ਅੰਤ ਤੱਕ ਕੁੱਲ 18,000 ਘਰ ਬਣਾਏ ਜਾਣਗੇ ਜਿਨ੍ਹਾਂ ਦਾ ਕੁੱਲ ਖਰਚ 220 ਕਰੋੜ ਰੁਪਏ ਹੋਵੇਗਾ। ਵਿੱਤੀ ਸਾਲ 2025-26 ਵਿੱਚ ਹੋਰ 25,000 ਘਰ ਬਣਾਏ ਜਾਣਗੇ। ਇਸ ਸਕੀਮ ਤਹਿਤ ਨਵੇਂ ਲਾਭਪਾਤਰੀ ਜੋੜਨ ਲਈ 1 ਨਵੰਬਰ 2024 ਤੋਂ ਨਵਾਂ ਸਰਵੇਖਣ ਕੀਤਾ ਜਾ ਰਿਹਾ ਹੈ ਜਿਸ ਲਈ ਹਰ ਪਿੰਡ ਵਿੱਚ ਵੱਖਰਾ ਸਰਵੇਅਰ ਲਗਾਇਆ ਗਿਆ ਹੈ। ਇਸ ਤੋਂ ਇਲਾਵਾ ਪਿੰਡਾਂ ਦੀ ਦਿੱਖ ਸੰਵਾਰਨ ਲਈ ਅਤੇ ਠੋਸ ਤੇ ਤਰਲ ਕੂੜੇ ਦੇ ਪ੍ਰਬੰਧਨ ਲਈ ਵੀ ਕਈ ਸਕੀਮਾਂ ਤਹਿਤ ਕੰਮ ਕੀਤਾ ਜਾ ਰਿਹਾ ਹੈ।

# ਰਜਿੰਦਰ ਬੇਰੀ ਤੇ ਕਾਂਗਰਸੀ ਵਰਕਰਾਂ ਵੱਲੋਂ ਸ਼ਹੀਦ ਊਧਮ ਸਿੰਘ ਨੂੰ ਸ਼ਰਧਾਂਜਲੀਆਂ



**ਜਲੰਧਰ -(ਇਕਬਾਲ ਸਿੰਘ ਉਭੀ)** ਜ਼ਿਲ੍ਹਾ ਕਾਂਗਰਸ ਕਮੇਟੀ ਦੇ ਆਗੂਆਂ ਅਤੇ ਵਰਕਰਾਂ ਵੱਲੋਂ ਜ਼ਿਲ੍ਹਾ ਪ੍ਰਧਾਨ ਰਾਜਿੰਦਰ ਬੇਰੀ ਸਮੇਤ ਸ਼ਹੀਦ ਸਰਦਾਰ ਊਧਮ ਸਿੰਘ ਜੀ ਦੇ ਜਨਮ ਦਿਵਸ ਦੇ ਮੌਕੇ 'ਤੇ ਸ਼ਹੀਦ ਊਧਮ ਸਿੰਘ ਜੀ ਦੀ ਪ੍ਰਤਿੱਮਾ 'ਤੇ ਫੁੱਲ ਮਾਲਾਵਾਂ ਭੇਂਟ ਕੀਤੀਆਂ ਗਈਆਂ ।ਇਸ ਮੌਕੇ ਕਾਂਗਰਸੀ ਪ੍ਰਧਾਨ ਰਾਜਿੰਦਰ ਬੇਰੀ ਨੇ ਕਿਹਾ ਕਿ ਸਾਨੂੰ ਸ਼ਹੀਦਾ ਦੀ ਸੋਚ 'ਤੇ ਪਹਿਰਾ ਦਿੰਦੇ ਹੋਏ ਦੇਸ਼ ਦੀ ਸੇਵਾ ਕਰਨ ਵਿੱਚ ਅਹਿਮ ਰੋਲ ਅਦਾ ਕਰਨਾ ਚਾਹੀਦਾ ਹੈ।

ਇਸ ਮੌਕੇ ਡਾ ਜਸਲੀਨ ਸੇਠੀ, ਪ੍ਰਭ ਦਿਆਲ ਭਗਤ , ਸੁਦੇਸ਼ ਭਗਤ, ਬੱਚਨ ਲਾਲ, ਨਵਦੀਪ ਜਰੇਵਾਲ, ਜਗਦੀਪ ਸਿੰਘ ਸੋਨੂੰ ਸੰਧਰ, ਮਨਮੋਹਨ ਸਿੰਘ ਬਿੱਲਾ, ਅਮਿਤ ਮੱਟੂ, ਪਲਵੀ, ਜਗਮੋਹਨ ਸਿੰਘ ਛਾਬੜਾ, ਮੁਕੇਸ਼ ਗਰੋਵਰ , ਯਸ਼ ਪਹਿਲਵਾਨ, ਨਰਿੰਦਰ ਪਹਿਲਵਾਨ, ਅਰੁਣ ਰਤਨ, ਵਿੱਕੀ, ਯਸ਼ ਪਾਲ ਸਫਰੀ, ਰਵੀ ਬੱਗਾ , ਵਰਿੰਦਰ ਕਾਲੀ ਅਤੇ ਮਿੱਡਾ ਜੀ ਮੌਜੂਦ ਸਨ।

# ਲਾਇਲਪੁਰ ਖ਼ਾਲਸਾ ਕਾਲਜ ਵਿਖੇ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦੀ ਯਾਦ 'ਚ ਸ਼ੋਕਸਭਾ




**ਜਲੰਧਰ (ਐਲਬਰਟ ਸ਼ੈਲੀ)**-ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਵਿਖੇ ਦੇਸ਼ ਦੇ ਸਾਬਕਾ ਪ੍ਰਧਾਨ ਮੰਤਰੀ ਅਤੇ ਉੱਘੇ ਅਰਥ ਸ਼ਾਸ਼ਤਰੀ ਡਾ. ਮਨਮੋਹਨ ਸਿੰਘ ਦੇ ਅਕਾਲ ਚਲਾਣੇ ਸੰਬੰਧੀ ਇਕ ਵਿਸ਼ੇਸ਼ ਸ਼ੋਕ-ਸਭਾ ਰੱਖੀ ਗਈ। ਇਸ ਮੌਕੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਡਾ. ਮਨਮੋਹਨ ਸਿੰਘ ਦੀ ਸ਼ਖ਼ਸੀਅਤ ਦੇ ਅਹਿਮ ਪੱਖਾਂ ਤੋਂ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਦੇਸ਼ ਦੇ ਮੌਜੂਦਾ ਆਰਥਿਕ, ਰਾਜਨੀਤਕ ਤੇ ਕੂਟਨੀਤਕ ਢਾਂਚੇ ਨੂੰ ਉਸਾਰਨ ਵਿਚ ਡਾ. ਮਨਮੋਹਨ ਸਿੰਘ ਨੇ ਮਹੱਤਵਪੂਰਨ ਯੋਗਦਾਨ ਪਾਇਆ ਅਤੇ ਵਿਸ਼ੇਸ਼ ਕਰਕੇ ਰਾਈਟ ਟੂ ਐਜੂਕੇਸ਼ਨ, ਨੈਸ਼ਨਲ ਫੂਡ ਸਕਿਊਰਟੀ ਐਕਟ ਅਤੇ ਮਨਰੇਗਾ ਵਰਗੀਆਂ ਯੋਜਨਾਵਾਂ ਲਾਗੂ ਕੀਤੀਆਂ। ਉਨ੍ਹਾਂ ਇਸ ਮੌਕੇ ਦੱਸਿਆ ਕਿ ਡਾ. ਮਨਮੋਹਨ ਸਿੰਘ ਰਾਜ ਸਭਾ ਵਿਚ ਵਿਰੋਧੀ ਧਿਰ ਦੇ ਨੇਤਾ ਵਜੋਂ ਰਹਿੰਦਿਆਂ 2002 ਵਿਚ ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਵਿਖੇ ਆਏ ਸਨ। ਉਨ੍ਹਾਂ ਨੇ ਕਾਲਜ ਦੁਆਰਾ ਅਕਾਦਮਿਕ ਅਤੇ ਹੋਰ ਖੇਤਰਾਂ ਵਿਚ ਪਾਏ ਯੋਗਦਾਨ ਲਈ ਕਾਲਜ ਦੀ ਸ਼ਲਾਘਾ ਕੀਤੀ ਸੀ। ਡਾ. ਮਨਮੋਹਨ ਸਿੰਘ ਨੇ ਕਾਲਜ ਦੀ ਵਿਜ਼ਿਟਰ ਬੁੱਕ 'ਚ ਲਿਖਿਆ ਸੀ: "ਗੁਣਵੱਤਾ ਵਾਲੀ ਉੱਚ ਸਿੱਖਿਆ ਦੀ ਸਾਡੀ ਰਾਸ਼ਟਰੀ ਆਰਥਿਕਤਾ ਨੂੰ ਬਣਾਉਣ ਵਿਚ ਬਹੁਤ ਮਹੱਤਵਪੂਰਨ ਭੂਮਿਕਾ ਹੈ। ਮੈਨੂੰ ਲਾਇਲਪੁਰ ਖ਼ਾਲਸਾ ਕਾਲਜ ਦੁਆਰਾ ਕੰਪਿਊਟਰ ਅਤੇ ਸੂਚਨਾ ਤਕਨਾਲੋਜੀ ਵਰਗੇ ਵਿਸ਼ਿਆ ਵਿਚ ਸਿੱਖਿਆ ਪ੍ਰਦਾਨ ਕਰਨ ਵਿਚ ਤੇਜ਼ੀ ਨਾਲ ਕੀਤੀਆਂ ਗਈਆਂ ਤਰੱਕੀਆਂ ਬਾਰੇ ਜਾਣ ਕੇ ਬਹੁਤ ਖ਼ੁਸ਼ੀ ਹੋਈ। ਵਿਦਿਆਰਥੀਆਂ ਅਤੇ ਸਟਾਫ਼ ਲਈ ਮੇਰੀਆਂ ਸ਼ੁਭਕਾਮਨਾਵਾਂ (22.06.2002)।" ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਹਾਜ਼ਰ ਸਟਾਫ਼ ਅਤੇ ਵਿਦਿਆਰਥੀਆਂ ਨੂੰ ਡਾ. ਮਨਮੋਹਨ ਸਿੰਘ ਦੀ ਸ਼ਖ਼ਸੀਅਤ ਤੋਂ ਗੁਣ, ਸਰਲਤਾ, ਇਮਾਨਦਾਰੀ, ਸਹਿਜਤਾ ਅਤੇ ਕੰਮ ਪ੍ਰਤੀ ਨਿਸ਼ਠਾ ਗ੍ਰਹਿਣ ਕਰਨ ਲਈ ਕਿਹਾ। ਇਸ ਮੌਕੇ ਡਾ. ਰਾਜੂ ਸ਼ਰਮਾ, ਮੁਖੀ ਫ਼ਿਜ਼ਿਓਥਰੈਪੀ ਵਿਭਾਗ, ਡਾ. ਸੁਰਿੰਦਰ ਪਾਲ ਮੰਡ, ਮੁਖੀ ਪੰਜਾਬੀ ਵਿਭਾਗ, ਪ੍ਰੋ. ਸਤਪਾਲ ਸਿੰਘ, ਸ੍ਰੀ ਕੰਵਰ ਸੁਖਜੀਤ ਸਿੰਘ, ਦਫ਼ਤਰ ਸੁਪਰਡੈਂਟ, ਸ੍ਰੀ ਰਾਣਾ ਰਲਹਣ ਅਕਾਊਂਟਸ ਸੁਪਰਡੈਂਟ, ਸ੍ਰੀ ਜਗਦੀਸ਼ ਸਿੰਘ, ਸ੍ਰੀ ਅਸ਼ਵਨੀ ਕੁਮਾਰ, ਸ੍ਰੀ ਸੁਰਿੰਦਰ ਕੁਮਾਰ ਚਲੋਤਰਾ, ਪੀ.ਏ. ਸ੍ਰੀ ਸਰੂਪ ਲਾਲ ਅਤੇ ਹੋਰ ਸਟਾਫ਼ ਅਤੇ ਨਾਨ-ਟੀਚਿੰਗ ਸਟਾਫ਼ ਵੀ ਹਾਜ਼ਰ ਸੀ।

# ਮਾਤਾ ਗੁਜਰੀ ਤੇ ਛੋਟੇ ਸਾਹਿਬਜ਼ਾਦਿਆਂ ਦੀ ਯਾਦ 'ਚ ਵਿਸ਼ਾਲ ਨਗਰ ਕੀਰਤਨ



**ਐਸ. ਏ. ਐਸ. ਨਗਰ (ਗੁਰਜੀਤ ਬਿੱਲਾ)**-ਇਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਤੋਂ ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦਿਆਂ ਦੀ ਮਿੱਠੀ ਯਾਦ ਵਿੱਚ ਵਿਸ਼ਾਲ ਨਗਰ ਕੀਰਤਨ ਦਾ ਆਯੋਜਨ ਗੁ: ਸ੍ਰੀ ਫਤਹਿਗੜ੍ਹ ਸਾਹਿਬ ਤੱਕ ਕੀਤਾ ਗਿਆ।ਇਹ ਵਿਸ਼ਾਲ ਨਗਰ ਕੀਰਤਨ ਸਵੇਰੇ 10:00 ਵਜੇ ਗੁਰਦੁਆਰਾ ਸਾਹਿਬ ਤੋਂ ਅਰੰਭ ਹੋਇਆ ।ਨਗਰ ਕੀਰਤਨ ਦੀ ਅਗਵਾਈ ਪੰਜ ਪਿਆਰੇ ਕਰ ਰਹੇ ਸਨ।ਨਗਰ ਕੀਰਤਨ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਫੁੱਲਾਂ ਨਾਲ ਬਹੁਤ ਹੀ ਵਧੀਆ ਢੰਗ ਨਾਲ ਸਜਾਈ ਗਈ ਪਾਲਕੀ ਸਾਹਿਬ ਵਿੱਚ ਸੁਸ਼ੋਭਿਤ ਸਨ । ਨਗਰ ਕੀਰਤਨ ਵਿੱਚ ਫੌਜੀ ਬੈਂਡ ਅਤੇ ਹੋਰ ਕਈ ਤਰ੍ਹਾਂ ਦੇ ਬੈਂਡ ਵਾਲੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕਰਨ ਵਾਲੀਆਂ ਧੁੰਨਾਂ ਵਜਾ ਰਹੇ ਸਨ।ਇਸ ਮੌਕੇ ਗੱਤਕਾ ਪਾਰਟੀਆਂ ਵੱਲੋਂ ਗੱਤਕੇ ਦੇ ਜੌਹਰ ਵਿਖਾਏ ਗਏ ।ਇਲਾਕਾ ਵਾਸੀਆਂ ਵੱਲੋਂ ਨਗਰ ਕੀਰਤਨ ਦਾ ਨਿੱਘਾ ਸਵਾਗਤ ਕੀਤਾ ਗਿਆ । ਇਸ ਦੌਰਾਨ ਰਾਗੀ, ਢਾਡੀ, ਕੀਰਤਨੀ ਜੱਥਿਆਂ ਨੇ ਸਿੱਖ ਇਤਿਹਾਸ ਅਤੇ ਸਾਹਿਬਜ਼ਾਦਿਆਂ ਦੀਆਂ ਕੁਰਬਾਨੀਆਂ ਦੇ ਇਤਿਹਾਸ ਦੀਆਂ ਵਾਰਾਂ ਗਾ ਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨ ਦਾ ਉਪਰਾਲਾ ਕੀਤਾ। ਰਸਤੇ ਵਿੱਚ ਸੰਗਤਾਂ ਵੱਲੋਂ ਅਤੁੱਟ ਲੰਗਰ ਵਰਤਾਇਆ ਗਿਆ ।ਇਸ ਵਿਸ਼ਾਲ ਨਗਰ ਕੀਰਤਨ ਵਿੱਚ ਸੰਗਤਾਂ ਨੇ ਸਕੂਟਰਾਂ, ਮੋਟਰ ਸਾਈਕਲਾਂ, ਕਾਰਾਂ, ਜੀਪਾਂ, ਟਰੈਕਟਰਾਂ, ਬੱਸਾਂ ਆਦਿ ਰਾਹੀਂ ਸ਼ਾਮਲ ਹੋ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ।ਇਸ ਮੌਕੇ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਦੇ ਬੁਲਾਰੇ ਨੇ ਦੱਸਿਆ ਕਿ 31 ਦਸੰਬਰ ਨੂੰ ਬਾਬਾ ਮੋਤੀ ਰਾਮ ਜੀ ਮਹਿਰਾ ਅਤੇ ਦੀਵਾਨ ਟੋਡਰ ਮੱਲ ਜੀ ਦੀ ਯਾਦ ਵਿੱਚ ਸਵੇਰੇ 10 ਵਜੇ ਤੋਂ ਲੈ ਕੇ ਰਾਤ 12:00 ਵਜੇ ਤੱਕ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਜਾ ਰਿਹਾ ਹੈ ਜੀ,ਜਿਸ ਵਿੱਚ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਰਾਗੀ ਜੱਥੇ ਅਤੇ ਉੱਚ ਕੋਟੀ ਦੇ ਢਾਡੀ, ਕਵੀਸ਼ਰ, ਸੰਤ ਵਿਦਵਾਨ ਸੰਗਤਾਂ ਨੂੰ ਹਰਿ ਜਸ ਸੁਣਾ ਕੇ ਨਿਹਾਲ ਕਰਨਗੇ ਜੀ ।

# ਸਰਬ ਨੌਜਵਾਨ ਸਭਾ ਨੇ 'ਆਓ ਪੁੰਨ ਕਮਾਈਏ' ਮੁਹਿੰਮ ਤਹਿਤ ਬਜ਼ੁਰਗ ਮਹਿਲਾ ਦੀ ਅੱਖ ਦਾ ਕਰਵਾਇਆ ਅਪ੍ਰੇਸ਼ਨ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਸਮਾਜ ਸੇਵਾ ਨੂੰ ਸਮਰਪਿਤ ਪੰਜਾਬ ਦੀ ਮਾਣਮੱਤੀ ਸੰਸਥਾ ਸਰਬ ਨੌਜਵਾਨ ਸਭਾ (ਰਜਿ.) ਫਗਵਾੜਾ ਅਤੇ ਸਰਬ ਨੌਜਵਾਨ ਵੈਲਫੇਅਰ ਸੁਸਾਇਟੀ ਵਲੋਂ 'ਆਓ ਪੁੰਨ ਕਮਾਈਏ' ਲੜੀਵਾਰ ਮੁਹਿੰਮ ਤਹਿਤ ਸਾਂਝਾ ਉਪਰਾਲਾ ਕਰਦੇ ਹੋਏ ਨਹਿਰੂ ਯੁਵਾ ਕੇਂਦਰ ਕਪੂਰਥਲਾ ਦੇ ਸਹਿਯੋਗ ਨਾਲ ਇਕ ਹੋਰ ਲੋੜਵੰਦ ਬਜ਼ੁਰਗ ਮਹਿਲਾ ਦੀ ਅੱਖ ਦਾ ਫਰੀ ਓਪਰੇਸ਼ਨ ਕਰਵਾਇਆ ਗਿਆ। ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਅਗਵਾਈ ਅਤੇ ਉਦਯੋਗਪਤੀ ਜਤਿੰਦਰ ਸਿੰਘ ਕੁੰਦੀ ਦੇ ਆਰਥਿਕ ਸਹਿਯੋਗ ਸਦਕਾ ਅੱਖਾਂ ਦੇ ਮਾਹਿਰ ਡਾ. ਤੁਸ਼ਾਰ ਅੱਗਰਵਾਲ ਦੀ ਟੀਮ ਨੇ ਮੋਤੀਏ ਦੇ ਸ਼ਿਕਾਰ ਮੁੰਨੀ ਦੇਵੀ ਨਾਂ ਦੀ ਮਹਿਲਾ ਦੀ ਅੱਖ 'ਚ ਲੈਂਜ ਪਾ ਕੇ ਨਵੀਂ ਰੌਸ਼ਨੀ ਦਿੱਤੀ। ਇਸ ਮੌਕੇ ਮਾਰਕੀਟ ਕਮੇਟੀ ਫਗਵਾੜਾ ਦੇ ਚੇਅਰਮੈਨ ਤਵਿੰਦਰ ਰਾਮ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਉਹਨਾਂ ਨੇ ਸਭਾ ਵਲੋਂ ਸਮਾਜ ਸੇਵਾ ਵਿਚ ਪਾਏ ਜਾ ਰਹੇ ਯੋਗਦਾਨ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ 'ਆਓ ਪੁੰਨ ਕਮਾਈਏ' ਲੜੀ ਤਹਿਤ ਅੱਖਾਂ ਦੇ ਮਹਿੰਗੇ ਆਪ੍ਰੇਸ਼ਨ ਬਿਲਕੁਲ ਫਰੀ ਕਰਵਾਉਣਾ ਗਰੀਬ ਪਰਿਵਾਰਾਂ ਨਾਲ ਸਬੰਧਤ ਮਰੀਜ਼ਾਂ ਲਈ ਬਹੁਤ ਹੀ ਲਾਹੇਵੰਦ ਹੈ। ਹਰੇਕ ਸਮਰੱਥ ਵਿਅਕਤੀ ਨੂੰ ਅਜਿਹੇ ਨੇਕ ਕਾਰਜਾਂ ਵਿਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਸਮਾਜ ਸੇਵਕ ਪਰਮਿੰਦਰ ਸਿੰਘ ਕੁੰਦੀ ਤੇ ਰਮਨ ਨਹਿਰਾ ਨੇ ਵੀ ਸਭਾ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ।ਉਹਨਾ ਇਹ ਭਰੋਸਾ ਵੀ ਦਿੱਤਾ ਕਿ ਉਹਨਾਂ ਦਾ ਹਸਪਤਾਲ ਵੱਧ ਤੋਂ ਵੱਧ ਲੋੜਵੰਦਾਂ ਦੀਆਂ ਅੱਖਾਂ ਦਾ ਆਪਰੇਸ਼ਨ ਕਰਵਾਉਣ ਵਿੱਚ ਸਭਾ ਨੂੰ ਸਹਿਯੋਗ ਦਿੰਦਾ ਰਹੇਗਾ। ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਤੇ ਸਮਾਜ ਸੇਵਕ ਜਤਿੰਦਰ ਸਿੰਘ ਕੁੰਦੀ ਨੇ ਸਭਾ ਦੇ ਪ੍ਰੋਜੈਕਟਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਇਸ ਮੌਕੇ ਸਭਾ ਦੇ ਜਨਰਲ ਸਕੱਤਰ ਡਾ.ਵਿਜੇ ਕੁਮਾਰ, ਆਰ.ਪੀ.ਸ਼ਰਮਾ, ਨਰਿੰਦਰ ਸੈਨੀ, ਗੁਰਦੀਪ ਸਿੰਘ ਤੁਲੀ ਕੋਆਰਡੀਨੇਟਰ ਵਪਾਰ ਸੈਲ ਫਗਵਾੜਾ,ਵਿਨੋਦ ਭਾਸਕਰ ਬਲਾਕ ਪ੍ਰਧਾਨ ਆਪ,ਰਾਕੇਸ਼ ਕੋਛੜ,ਪ੍ਰਵਾਸੀ ਭਾਰਤੀ ਮਦਨ ਲਾਲ ਕੋਰੋਟਾਨਿਆ, ਜਗਜੀਤ ਸੇਠ, ਜੀਤ ਰਾਮ, ਅਮਰਿੰਦਰ ਸਿੰਘ, ਵਿਜੇ ਤ੍ਰਿਖਾ ਸ਼ੋਸ਼ਲ ਮੀਡੀਆ ਇੰਚਾਰਜ ਤੇ ਸੁਖਦੇਵ ਸਿੰਘ ਲੱਲ ਆਦਿ ਹਾਜ਼ਰ ਸਨ।

# ਸੀ ਟੀ ਗਰੁੱਪ ਨੇ ਡਾ: ਮਨਮੋਹਨ ਸਿੰਘ ਨੂੰ ਸ਼ਰਧਾਂਜਲੀ ਭੇਟ ਕੀਤੀ




**ਜਲੰਧਰ ( ਸ਼ੈਲੀ ਐਲਬਰਟ)** ਸੀ ਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਨੇ ਡਾ. ਮਨਮੋਹਨ ਸਿੰਘ, ਭਾਰਤ ਦੇ ਸਾਬਕਾ ਪ੍ਰਧਾਨ ਮੰਤਰੀ ਅਤੇ ਦੇਸ਼ ਨੂੰ ਡੂੰਘਾ ਪ੍ਰਭਾਵ ਪਾਉਣ ਵਾਲੇ ਨੇਤਾ ਨੂੰ ਸ਼ਰਧਾਂਜਲੀ ਦੇਣ ਲਈ ਇੱਕ ਦਿਲੀ ਰੈਲੀ ਦਾ ਆਯੋਜਨ ਕੀਤਾ। ਵਿਦਿਆਰਥੀ ਅਤੇ ਫੈਕਲਟੀ ਭਾਰਤ ਦੇ ਸੁਧਾਰ ਮਨੁੱਖ, ਇੱਕ ਵਿਦਵਾਨ ਅਰਥ ਸ਼ਾਸਤਰੀ, ਨਰਮ-ਬੋਲਣ ਵਾਲੇ ਦੂਰਦਰਸ਼ੀ, ਅਤੇ ਇੱਕ ਅੰਤਰ ਦੇ ਨਾਲ ਇੱਕ ਸਿਆਸਤਦਾਨ ਦੀ ਵਿਰਾਸਤ ਦਾ ਸਨਮਾਨ ਕਰਨ ਲਈ ਇਕੱਠੇ ਹੋਏ, ਜਿਸ ਨੇ ਆਪਣੇ ਸ਼ਾਂਤ ਦ੍ਰਿੜ ਇਰਾਦੇ ਨਾਲ ਦੇਸ਼ ਨੂੰ ਨਵਾਂ ਰੂਪ ਦਿੱਤਾ।

ਇਕੱਠ ਨੂੰ ਸੰਬੋਧਨ ਕਰਦਿਆਂ, ਵਿਦਿਆਰਥੀ ਭਲਾਈ ਵਿਭਾਗ ਦੇ ਡੀਨ ਡਾ. ਅਰਜਨ ਸਿੰਘ ਨੇ ਡਾ. ਮਨਮੋਹਨ ਸਿੰਘ ਵਰਗੇ ਆਗੂਆਂ ਨੂੰ ਯਾਦ ਕਰਨ ਦੀ ਮਹੱਤਤਾ ਤੇ ਜ਼ੋਰ ਦਿੱਤਾ, ਜਿਨ੍ਹਾਂ ਦੀ ਆਰਥਿਕ ਸੁਧਾਰਾਂ ਅਤੇ ਸਮਾਵੇਸ਼ੀ ਵਿਕਾਸ ਪ੍ਰਤੀ ਵਚਨਬੱਧਤਾ ਨੇ ਭਾਰਤ ਦੀ ਤਰੱਕੀ ਤੇ ਅਮਿੱਟ ਛਾਪ ਛੱਡੀ ਹੈ। ਉਸਨੇ ਉਜਾਗਰ ਕੀਤਾ ਕਿ ਕਿਵੇਂ ਸਾਬਕਾ ਪ੍ਰਧਾਨ ਮੰਤਰੀ ਦਾ ਜੀਵਨ ਸਮਾਜ ਵਿੱਚ ਅਰਥਪੂਰਨ ਯੋਗਦਾਨ ਪਾਉਣ ਲਈ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਪ੍ਰੇਰਣਾ ਦਾ ਕੰਮ ਕਰਦਾ ਹੈ।ਇਹ ਰੈਲੀ ਇੱਕ ਅਜਿਹੇ ਨੇਤਾ ਲਈ ਸਤਿਕਾਰ ਅਤੇ ਪ੍ਰਸ਼ੰਸਾ ਦਾ ਇੱਕ ਪ੍ਰਭਾਵਸ਼ਾਲੀ ਪ੍ਰਦਰਸ਼ਨ ਸੀ ਜਿਸ ਦੀਆਂ ਕਦਰਾਂ-ਕੀਮਤਾਂ ਅਤੇ ਦ੍ਰਿਸ਼ਟੀ ਰਾਸ਼ਟਰ ਨੂੰ ਸੇਧ ਦਿੰਦੀ ਹੈ।—(ਫੋਟੋ ਨਾਲ ਨੱਥੀ)

# ਕਿਤਾਬਾਂ ਮਨੁੱਖੀ ਜੀਵਨ ਨੂੰ ਸੁਧਾਰਨ 'ਚ ਵਿਸ਼ੇਸ਼ ਯੋਗਦਾਨ ਪਾਉਂਦੀਆਂ ਹਨ : ਤਰਕਸ਼ੀਲ ਸੁਸਾਇਟੀ



**ਬੰਗਾ (ਅਵਤਾਰ ਕਲੇਰ)**-ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਲੋਕਾਂ ਦਾ ਸੋਚਣ ਢੰਗ ਵਿਗਿਆਨਕ ਬਣਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਨਾਟਕ ਮੇਲਿਆਂ ਰਾਹੀਂ, ਸਾਹਿਤ ਰਾਹੀਂ, ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਰਾਹੀਂ ਅਤੇ ਕਦੇ ਮੈਜਿਕ ਟ੍ਰਿੱਕਾਂ ਰਾਹੀਂ ਲੋਕਾਂ ਨੂੰ ਅੰਧਵਿਸ਼ਵਾਸਾਂ, ਵਹਿਮਾਂ ਭਰਮਾਂ,ਜਾਦੂ ਟੂਣਿਆਂ ਅਤੇ ਭੂਤਾਂ ਪਰੇਤਾਂ ਜਿਹੇ ਚੱਕਰਾਂ ਵਿੱਚੋਂ ਬਾਹਰ ਕੱਢਣ ਦੇ ਯਤਨ ਕੀਤੇ ਜਾ ਰਹੇ ਹਨ।ਇਕਾਈ ਬੰਗਾ ਦੇ ਵਿੱਤ ਸਕੱਤਰ ਮਾਸਟਰ ਜਗਦੀਸ਼ ਰਾਏਪੁਰ ਡੱਬਾ ਨੇ ਦੱਸਿਆ ਕਿ ਇਕਾਈ ਬੰਗਾ ਵਲੋਂ ਵੀ ਲੋਕਾਂ ਨੂੰ ਸੁਚੇਤ ਕਰਨ ਅਤੇ ਸਰੀਰਕ, ਮਾਨਸਿਕ ਅਤੇ ਆਰਥਿਕ ਲੁੱਟ ਤੋਂ ਬਚਾਉਣ ਲਈ ਉਪਰਾਲੇ ਕੀਤੇ ਜਾ ਰਹੇ ਹਨ।ਇਕਾਈ ਦਾ ਸਰਗਰਮ ਕਾਰਕੁੰਨ ਸੁਖਵਿੰਦਰ ਲੰਗੇਰੀ ਪਿਛਲੇ ਕਾਫ਼ੀ ਸਮੇਂ ਤੋਂ ਇੱਕ ਚੱਲਦੀ ਫਿਰਦੀ ਤਰਕਸ਼ੀਲ ਸਾਹਿਤ, ਲੋਕਪੱਖੀ ਸਾਹਿਤ ਅਤੇ ਹੋਰ ਸਾਹਿਤਕ ਵੰਨਗੀਆਂ ਦਾ ਬੁੱਕ ਸਟਾਲ ਲੈ ਕੇ ਲੋਕਾਂ ਵਿੱਚ ਜਾ ਰਹੇ ਹਨ।ਉਹ ਮੇਲਿਆਂ ਵਿੱਚ,ਵੱਖ-ਵੱਖ ਪਾਰਟੀਆਂ ਦੀਆਂ ਕਾਨਫਰੰਸਾਂ ਵਿੱਚ, ਮਹਾਨ ਰਹਿਬਰਾਂ ਦੀਆਂ ਜਨ ਸ਼ਤਾਬਦੀਆਂ ਵਿੱਚ, ਸ਼ਰਧਾਂਜਲੀ ਸਮਾਰੋਹਾਂ ਵਿੱਚ ਅਤੇ ਇਲਾਕੇ ਵਿੱਚ ਹੋ ਰਹੇ ਹੋਰ ਸਮਾਰੋਹਾਂ ਵਿੱਚ ਆਪਣੀ ਤਰਕਸ਼ੀਲ ਸਾਹਿਤ ਦੀ ਚੱਲਦੀ ਫਿਰਦੀ ਬੁੱਕ ਸਟਾਲ ਲੈ ਕੇ ਜਾ ਰਹੇ ਹਨ। ਉਹ ਮੈਜਿਕ ਟ੍ਰਿੱਕ ਵੀ ਨਾਲ ਲੈ ਕੇ ਜਾਂਦੇ ਹਨ, ਜਿਨ੍ਹਾਂ ਦੁਆਰਾ ਜਾਦੂ-ਟੂਣਿਆਂ ਪ੍ਰਤੀ ਪਾਏ ਜਾਂਦੇ ਵਹਿਮਾਂ ਭਰਮਾਂ ਤੋਂ ਸੁਚੇਤ ਕਰਦੇ ਹਨ। ਲੋਕਾਂ ਵਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਬੰਗਾ ਵੱਲੋਂ ਇਲਾਕੇ ਦੇ ਲੋਕਾਂ ਨੂੰ ਅਪੀਲ ਹੈ ਕਿ ਆਪਣੀ ਸੋਚ ਨੂੰ ਵਿਗਿਆਨਕ ਬਣਾਉਣ ਲਈ, ਲੁੱਟ-ਖਸੁੱਟ ਤੋਂ ਬਚਣ ਲਈ, ਚੰਗੀਆਂ ਅਗਾਂਹਵਧੂ ਸੇਧ ਦੇਣ ਵਾਲੀਆਂ ਕਿਤਾਬਾਂ ਨਾਲ ਜੁੜਿਆ ਜਾਵੇ।ਚੰਗੀਆਂ ਕਿਤਾਬਾਂ ਜ਼ਿੰਦਗੀ ਸੁਧਾਰ ਦਿੰਦੀਆਂ ਹਨ। ਇਸ ਲਈ ਆਪ ਅਤੇ ਆਪਣੇ ਬੱਚਿਆਂ ਨੂੰ ਚੰਗੀਆਂ ਕਿਤਾਬਾਂ ਪੜ੍ਹਨ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ।

# ਕਾਲਜੀਏਟ ਸਕੂਲ ਦੇ ਵਿਦਿਆਰਥੀਆਂ ਵਿੱਦਿਅਕ ਟੂਰ ਲਗਾਇਆ



**ਮਾਹਿਲਪੁਰ, (ਸ਼ਫ਼ਰੀ)**-ਇੱਥੋਂ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਮਾਹਿਲਪੁਰ ਦੇ ਕੈਂਪਸ ਵਿੱਚ ਚੱਲਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਵਾਹਗਾ ਬਾਰਡਰ ਅਤੇ ਮੇਰਾ ਪਿੰਡ ਅੰਮ੍ਰਿਤਸਰ ਦਾ ਵਿੱਦਿਅਕ ਟੂਰ ਲਗਾਇਆ। ਇਸ ਮੌਕੇ ਵਿਦਿਆਰਥੀਆਂ ਨੂੰ ਰਵਾਨਾ ਕਰਦਿਆਂ ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ ਨੇ ਕਿਹਾ ਕਿ ਪੜ੍ਹਾਈ ਦੇ ਨਾਲ ਨਾਲ ਅਜਿਹੇ ਵਿੱਦਿਅਕ ਟੂਰਾਂ ਨਾਲ ਵਿਦਿਆਰਥੀਆਂ ਦੀ ਸ਼ਖ਼ਸੀਅਤ ਦਾ ਹੋਰ ਵਿਕਾਸ ਹੁੰਦਾ ਹੈ। ਇਸ ਟੂਰ ਦੌਰਾਨ ਵਿਦਿਆਰਥੀਆਂ ਨੇ ਸਾਡਾ ਪਿੰਡ ਅੰਮ੍ਰਿਤਸਰ ਵਿੱਚ ਪੰਜਾਬੀ ਲੋਕਧਾਰਾ, ਸੱਭਿਆਚਾਰ ਅਤੇ ਲੋਕ ਜੀਵਨ ਨਾਲ ਜੁੜੀਆਂ ਵੱਖ ਵੱਖ ਪ੍ਰਦਰਸ਼ਨੀਆਂ ਦਾ ਅਨੰਦ ਮਾਣਿਆ। ਇਸ ਦੌਰਾਨ ਵਿਦਿਆਰਥੀਆਂ ਨੇ ਭਾਰਤ ਪਾਕਿਸਤਾਨ ਦੀ ਸਰਹੱਦ 'ਤੇ ਸਥਿਤ ਵਾਹਗਾ ਬਾਰਡਰ 'ਤੇ ਭਾਰਤੀ ਫੌਜ ਦੀ ਸ਼ਾਨਦਾਰ ਪਰੇਡ ਨੂੰ ਦੇਖਿਆ।

ਟੂਰ ਦੀ ਅਗਵਾਈ ਕਰਨ ਵਾਲੇ ਵੱਖ ਵੱਖ ਵਿਭਾਗਾਂ ਦੇ ਅਧਿਆਪਕ ਨੇ ਦੱਸਿਆ ਕਿ ਕਾਲਜੀਏਟ ਸਕੂਲ ਦੇ ਵਿਦਿਆਰਥੀਆਂ ਨੂੰ ਪੰਜਾਬ ਦੇ ਸੱਭਿਆਚਾਰ, ਇਤਿਹਾਸ ਅਤੇ ਲੋਕ ਜੀਵਨ ਤੋਂ ਜਾਣੂੰ ਕਰਵਾਉਣ ਲਈ ਹਰ ਸਮੈਸਟਰ ਦੌਰਾਨ ਅਜਿਹੇ ਟੂਰਾਂ ਦਾ ਆਯੋਜਨ ਕੀਤਾ ਜਾਂਦਾ ਹੈ।

# ਗੁਰਮਤਿ ਸਮਾਗਮ ਪਹਿਲੀ ਨੂੰ

**ਮੋਹਾਲੀ (ਗੁਰਜੀਤ ਬਿੱਲਾ)**-ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਸੱਚਖੰਡ ਵਾਸੀ ਬ੍ਰਹਮਗਿਆਨੀ ਸੰਤ ਬਾਬਾ ਅਜੀਤ ਸਿੰਘ ਜੀ ਹੰਸਾਲੀ ਵਾਲੇ ਅਤੇ ਕਾਰ ਸੇਵਾ ਦੇ ਪੁੰਜ ਸੱਚਖੰਡ ਵਾਸੀ ਜਥੇਦਾਰ ਬਾਬਾ ਹਰਬੰਸ ਸਿੰਘ ਜੀ ਦੀ ਯਾਦ ਵਿੱਚ ਗੁਰਮੀਤ ਸਮਾਗਮ 1 ਜਨਵਰੀ ਨੂੰ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ।ਗੁ: ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ ਇਸ ਦਿਨ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ ।ਇਸ ਉਪਰੰਤ ਸਾਰਾ ਦਿਨ ਗੁਰਮੀਤ ਸਮਾਗਮ ਹੋਵੇਗਾ।ਇਸ ਗੁਰਮੀਤ ਸਮਾਗਮ ਵਿੱਚ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਹਜ਼ੂਰੀ ਰਾਗੀ ਜੱਥੇ, ਇੰਟਰਨੈਸ਼ਨਲ ਪੰਥਕ ਢਾਡੀ ਜੱਥੇ ਅਤੇ ਉੱਚ ਕੋਟੀ ਦੇ ਪੰਥ ਪ੍ਰਸਿੱਧ ਪ੍ਰਚਾਰਕ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕਰਨਗੇ।

# ਸ਼ਹੀਦੀ ਦਿਹਾੜੇ ਨੂੰ ਸਮਰਪਤ ਦੁੱਧ ਦਾ ਲੰਗਰ ਲਗਾਇਆ



**ਭੁਲੱਥ (ਮਨਪ੍ਰੀਤ ਸਿੰਘ)**-ਸਬ ਡਵੀਜ਼ਨ ਕਸਬਾ ਭੁਲੱਥ 'ਚ ਬਾਜਵਾ ਮਾਰਕੀਟ ਤੇ ਬੱਬਰ ਮਾਰਕੀਟ ਵਲੋਂ ਚਾਰ ਸਾਹਿਬਜ਼ਾਦਿਆਂ, ਮਾਤਾ ਗੁਜਰੀ ਜੀ, ਮੋਤੀ ਰਾਮ ਮਹਿਰਾ ਤੇ ਸਮੂਹ ਸ਼ਹੀਦਾਂ ਸਿੰਘਾਂ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਦੁੱਧ ਤੇ ਮੱਠੀਆਂ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਗੁਰਦੀਪ ਸਿੰਘ, ਅਮਰਜੀਤ ਸਿੰਘ, ਸੋਨੂੰ ਬੱਬਰ, ਬੱਬਲੂ ਬੱਬਰ, ਗੁਰਮੁੱਖ ਸਿੰਘ ਬਾਜਵਾ ਹਾਜ਼ਰ ਸਨ।

# ਸਨੌਰਾ ਸਕੂਲ ਵਿਖੇ ਸ਼ਹੀਦੀ ਹਫਤਾ ਮਨਾਇਆ

**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)**-ਗੁਰੂ ਤੇਗ ਬਹਾਦਰ ਪਬਲਿਕ ਸਕੂਲ ਸਨੌਰਾ ਵਿਖੇ ਅਧਿਆਪਕਾਂ ਅਤੇ ਵਿਦਿਆਰਥੀਆਂ ਦੁਆਰਾ ਸਾਕਾ ਸਰਹਿੰਦ ਨੂੰ ਸਮਰਪਿਤ ਸ਼ਹੀਦੀ ਹਫਤਾ ਮਨਾਇਆ ਗਿਆ, ਜਿਸ ਤਹਿਤ ਰੋਜ਼ਾਨਾ ਇੱਕ ਸਪੈਸ਼ਲ ਅਸੈਂਬਲੀ ਕਰਾ ਕੇ ਬੱਚਿਆਂ ਨੂੰ ਸਾਕਾ ਸਰਹਿੰਦ ਦੇ ਇਤਿਹਾਸ ਬਾਰੇ ਜਾਣੂ ਕਰਵਾਇਆ ਗਿਆ। ਸਾਹਿਬਜ਼ਾਦਾ ਜ਼ੋਰਾਵਰ ਸਿੰਘ, ਸਾਹਿਬਜ਼ਾਦਾ ਫਤਿਹ ਸਿੰਘ ਅਤੇ ਮਾਤਾ ਗੁਜਰ ਕੌਰ ਜੀ ਦੀ ਲਾਸਾਨੀ ਸ਼ਹਾਦਤ ਨੂੰ ਯਾਦ ਕਰਦਿਆਂ ਬੱਚਿਆਂ ਨੂੰ ਗੁਰੂ ਇਤਿਹਾਸ ਨਾਲ ਜੋੜਿਆ ਬੱਚਿਆਂ ਨੇ ਸ਼ਬਦ ਗਾਇਨ ਅਤੇ ਵਾਹਿਗੁਰੂ ਸਿਮਰਨ ਕਰਕੇ ਸ਼ਹੀਦਾਂ ਨੂੰ ਯਾਦ ਕੀਤਾ। ਇਸ ਮੌਕੇ ਚੇਅਰਮੈਨ ਸਰਦਾਰ ਸੁਖਜਿੰਦਰ ਸਿੰਘ ਨੇ ਬੱਚਿਆਂ ਨੂੰ ਸਾਹਿਬਜ਼ਾਦਿਆਂ ਦੇ ਨਕਸ਼ੇ ਕਦਮਾਂ ਤੇ ਚੱਲਣ ਲਈ ਪ੍ਰੇਰਿਆ।

# ਛੋਟੇ ਸਾਹਿਬਜ਼ਾਦਿਆਂ, ਮਾਤਾ ਗੁਜਰੀ ਤੇ ਹੋਰ ਸਿੰਘਾਂ ਦਾ ਸ਼ਹੀਦੀ ਦਿਵਸ ਮਨਾਇਆ

**ਨਵਾਂਸ਼ਹਿਰ(ਮਨੋਜ ਲਾਡੀ)** ਸ਼ਿਵ ਦੁਲਾਰ ਸਿੰਘ ਢਿੱਲੋਂ ਸਕੱਤਰ ਇੰਡੀਅਨ ਰੈੱਡ ਕਰਾਸ ਸੁਸਾਇਟੀ ਪੰਜਾਬ ਸਟੇਟ ਬਰਾਂਚ ਚੰਡੀਗੜ੍ਹ ਦੀ ਅਗਵਾਈ ਹੇਠ ਰੈੱਡ ਕਰਾਸ ਨਸ਼ਾ ਪੀੜਤਾਂ ਲਈ ਏਕੀਕ੍ਰਿਤ ਮੁੜ ਵਸੇਬਾ ਕੇਂਦਰ ਨਵਾਂਸ਼ਹਿਰ ਵਿਖੇ ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਅਤੇ ਹੋਰ ਸਿੰਘਾਂ ਦੀ ਸ਼ਹਾਦਤ ਨੂੰ ਸਮਰਪਿਤ ਸ਼ਹੀਦੀ ਦਿਵਸ ਮਨਾਇਆ।ਇਸ ਮੌਕੇ ਭਾਈ ਗੁਰਮੇਲ ਸਿੰਘ ਕਥਾ ਵਾਚਕ ਨੇ ਸ਼ਹੀਦੀ ਮੌਕੇ ਨੂੰ ਮੁੱਖ ਰੱਖਦੇ ਹੋਏ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਉਨ੍ਹਾਂ ਦੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਦਾ ਸਾਕਾ ਕਵਿਤਾਵਾਂ ਦੇ ਹਵਾਲੇ ਦੇ ਕੇ ਸਾਂਝਾ ਕੀਤਾ।ਇਸ ਉਪਰੰਤ ਉਨ੍ਹਾਂ ਵੱਲੋਂ ਆਨੰਦ ਸਾਹਿਬ ਦੀਆਂ ਛੇ ਪੌੜੀਆਂ ਦਾ ਜਾਪ ਕੀਤਾ। ਇਸ ਮੌਕੇ ਜਸਵਿੰਦਰ ਕੌਰ ਕੌਂਸਲਰ ਅਤੇ ਕਮਲਜੀਤ ਕੌਰ ਕੌਂਸਲਰ ਨੇ ਛੋਟੇ ਸਾਹਿਬਜਾਦਿਆਂ ਅਤੇ ਮਾਤਾ ਗੁਜਰੀ ਜੀ ਨੂੰ ਯਾਦ ਕਰਦਿਆਂ ਸ਼ਬਦ ਗਾਇਨ ਕੀਤਾ। ਸੁਖਵਿੰਦਰ ਸਿੰਘ ਥਾਂਦੀ, ਜਸਪਾਲ ਸਿੰਘ ਰਿੰਦਾ ਪ੍ਰਧਾਨ ਉਪਕਾਰ ਫਾਊਂਡੇਸ਼ਨ, ਜੋਗਾ ਸਿੰਘ ਸਾਦੜਾ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ ਅਤੇ ਨੌਜਵਾਨਾਂ ਨੂੰ ਇਸ ਸ਼ਹਾਦਤ ਤੋਂ ਪ੍ਰੇਰਣਾ ਲੈਂਦੇ ਹੋਏ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਲਈ ਕਿਹਾ ਅਤੇ ਆਪਣੇ ਸੱਭਿਆਚਾਰ ਨਾਲ ਜੁੜਨ ਦੀ ਗੱਲ ਕਹੀ। ਜਸਪ੍ਰੀਤ ਸਿੰਘ ਬੇਦੀ ਨੇ ਵੀ ਕਵਿਤਾ ਰਾਹੀਂ ਸਾਹਿਬਜਾਦਿਆਂ ਦੀ ਸ਼ਹਾਦਤ ਨੂੰ ਯਾਦ ਕੀਤਾ। ਅੰਤ ਵਿਚ ਪ੍ਰੋਜੈਕਟ ਡਾਇਰੈਕਟਰ ਚਮਨ ਸਿੰਘ ਨੇ ਕਿਹਾ ਕਿ ਸਾਨੂੰ ਉਨ੍ਹਾਂ ਸ਼ਹੀਦਾਂ ਨੂੰ ਯਾਦ ਕਰਦਿਆਂ ਆਪਣੀ ਜਿੰਦਗੀ ਵਿਚ ਸੇਧ ਲਿਆਉਣੀ ਚਾਹੀਦੀ ਹੈ। ਉਨ੍ਹਾਂ ਦੀਆਂ ਸਿੱਖਿਆਵਾਂ 'ਤੇ ਅਮਲ ਕਰਨਾ ਚਾਹੀਦਾ ਹੈ, ਤਾਂ ਜੋ ਜਿੰਦਗੀ ਵਿੱਚ ਆਉਣ ਵਾਲੀਆਂ ਮੁਸੀਬਤਾਂ ਦਾ ਸਾਹਮਣਾ ਬਹਾਦਰੀ ਨਾਲ ਕਰ ਸਕੀਏ।ਇਨ੍ਹਾਂ ਸ਼ਹੀਦੀ ਦਿਨਾਂ ਬਾਰੇ ਵੀ ਗਲੀ, ਮੁਹੱਲਿਆਂ ਅਤੇ ਘਰ ਵਿਚ ਬੱਚਿਆਂ, ਨੌਜਵਾਨਾਂ ਨੂੰ ਆਪਣੇ ਇਤਿਹਾਸ ਨਾਲ ਜੋੜਨਾ ਚਾਹੀਦਾ ਹੈ ਤਾਂ ਕਿ ਨੌਜਵਾਨ ਗਲਤ ਸੰਗਤ ਵਿਚ ਨਾ ਫਸ ਸਕਣ।ਅੰਤ ਵਿਚ ਆਨੰਦ ਸਾਹਿਬ ਦੀਆਂ ਛੇ ਪੌੜੀਆਂ ਦਾ ਜਾਪ ਕੀਤਾ ਗਿਆ। ਸੰਗਤ ਵਿਚ ਕੜਾਹ ਪ੍ਰਸ਼ਾਦਿ ਵਰਤਾਇਆ ਗਿਆ ਅਤੇ ਦੁੱਧ ਦਾ ਲੰਗਰ ਵੀ ਵਰਤਾਇਆ ਗਿਆ।ਡਾ. ਹਰਦੇਵ ਸਿੰਘ ਮੈਡੀਕਲ ਅਫਸਰ, ਮਨਜੀਤ ਸਿੰਘ, ਪਰਵੀਨ ਕੁਮਾਰੀ ਅਤੇ ਕੁਮਾਰ ਬੰਗੜ ਦੇ ਸਹਿਯੋਗ ਨਾਲ ਮਰੀਜਾਂ ਦਾ ਬੁਖਾਰ, ਸੂਗਰ ਟੈਸਟ, ਖੰਘ, ਜੁਕਾਮ, ਬਲੱਡ ਪਰੈਸ਼ਰ ਆਦਿ ਦਾ ਚੈੱਕਅੱਪ ਕੀਤਾ ਅਤੇ ਜ਼ਰੂਰਤਮੰਦ ਮਰੀਜ਼ਾਂ ਨੂੰ ਦਵਾਈਆਂ ਵੀ ਦਿੱਤੀਆਂ ਗਈਆਂ। ਕੈਂਪ ਦੌਰਾਨ ਕੁੱਲ 50 ਲੋਕਾਂ ਦਾ ਚੈੱਕ ਕੀਤਾ ਗਿਆ।ਇਸ ਮੌਕੇ ਹਰਿੰਦਰ ਸਿੰਘ, ਪ੍ਰਿੰ. ਜਸਵੀਰ ਸਿੰਘ, ਸੁਰਜੀਤ ਕੌਰ, ਸੀਮਾ ਰਾਣੀ, ਪਰਵਿੰਦਰ ਬਤਰਾ, ਸੁਭਾਸ਼ ਅਰੋੜਾ, ਬਲਜੀਤ ਕੌਰ, ਸੁਰਜੀਤ ਕੌਰ, ਦਿਨੇਸ਼ ਕੁਮਾਰ, ਕਮਲਾ ਰਾਣੀ, ਜਸਵਿੰਦਰ ਕੌਰ ਅਤੇ ਕੇਂਦਰ ਵਿਖੇ ਦਾਖਿਲ ਮਰੀਜ ਹਾਜ਼ਰ ਸਨ।

# ਭਾਜਪਾ ਆਗੂ ਅਰੁਣ ਜੇਤਲੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ



**ਫਗਵਾੜਾ (ਡਾ. ਰਮਨ)** ਦੇਸ਼ ਦੇ ਸਾਬਕਾ ਕੇਂਦਰੀ ਮੰਤਰੀ ਅਤੇ ਸੀਨੀਅਰ ਭਾਜਪਾ ਆਗੂ ਸਵਰਗਵਾਸੀ ਅਰੁਣ ਜੇਤਲੀ ਦੀ ਜਨਮ ਜਯੰਤੀ ਮੌਕੇ ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਨੇ ਦਿੱਲੀ ਵਿਖੇ ਜੇਤਲੀ ਪਾਰਕ ਪੁੱਜ ਕੇ ਉਹਨਾਂ ਦੇ ਬੁੱਤ 'ਤੇ ਆਪਣੀ ਸ਼ਰਧਾ ਦੇ ਫੁੱਲ ਭੇਂਟ ਕੀਤੇ । ਉਹਨਾਂ ਦੇ ਨਾਲ ਫਗਵਾੜਾ ਦੇ ਸਾਬਕਾ ਮੇਅਰ ਅਰੁਣ ਖੋਸਲਾ ਵੀ ਸਨ।ਸੋਮ ਪ੍ਰਕਾਸ਼ ਨੇ ਕਿਹਾ ਕਿ ਅਰੁਣ ਜੇਤਲੀ ਨੇ ਸਾਰੀ ਜ਼ਿਦਗੀ ਦੇਸ਼ ਦੀ ਸੇਵਾ ਨੂੰ ਸਮਰਪਿਤ ਕੀਤੀ। ਭਾਰਤ ਦੇ ਪ੍ਰਸਿੱਧ ਵਕੀਲ, ਅਰਥ ਸ਼ਾਸਤਰੀ, ਕਰਮਯੋਗੀ ਅਤੇ ਮਹਾਨ ਚਿੰਤਕ ਵਜੋਂ ਉਹ ਲੋਕਾਂ ਦੇ ਦਿਲ ਵਿਚ ਹਮੇਸ਼ਾ ਵੱਸਦੇ ਰਹਿਣਗੇ।ਇਸ ਮੌਕੇ ਸਾਬਕਾ ਮੇਅਰ ਅਰੁਣ ਖੋਸਲਾ ਨੇ ਵੀ ਜੇਤਲੀ ਪਰਵਾਰ ਦੇ ਨਾਲ ਪੁਰਾਣੀਆਂ ਯਾਦਾਂ ਸਾਂਝੀਆਂ ਕੀਤੀਆਂ ਪੁਰਾਣੀ ਯਾਦ ਨੂੰ ਤਾਜ਼ਾ ਕਰਦਿਆਂ ਖੋਸਲਾ ਨੇ ਦੱਸਿਆ ਕਿ ਜਦੋਂ ਵੀ ਫਗਵਾੜਾ ਨਾਲ ਸਬੰਧਤ ਕਿਸੇ ਤਰ੍ਹਾਂ ਦੀ ਸਮੱਸਿਆ ਲੈ ਕੇ ਉਹ ਦਿੱਲੀ ਵਿਖੇ ਅਰੁਣ ਜੇਤਲੀ ਨੂੰ ਮਿਲਦੇ ਸੀ ਤਾਂ ਕਦੇ ਵੀ ਉਹਨਾਂ ਨੂੰ ਨਿਰਾਸ਼ ਵਾਪਸ ਨਹੀਂ ਮੁੜਨਾ ਪਿਆ। ਕਿਉਂਕਿ ਸ੍ਰੀ ਜੇਤਲੀ ਜਿੱਥੇ ਖਿੜੇ ਮੱਥੇ ਉਹਨਾਂ ਦਾ ਸਵਾਗਤ ਕਰਦੇ ਉੱਥੇ ਹੀ ਹਰ ਸੰਭਵ ਮੱਦਦ ਵੀ ਕਰਦੇ ਸਨ। ਇਸ ਮੌਕੇ ਮੈਂਬਰ ਪਾਰਲੀਮੈਂਟ ਮਨੋਜ ਤਿਵਾਰੀ, ਕਮਲਜੀਤ ਸਹਿਰਾਵਤ, ਅਰੁਣ ਕੁਮਾਰ ਲੁਧਿਆਣਾ, ਸੁਖਵੰਤ ਸਿੰਘ ਟਿੱਲੂ ਕਿਸਾਨ ਮੋਰਚਾ, ਕਰਨ ਗੋਸਾਂਈ ਸਹਿ ਮੀਡੀਆ ਇੰਚਾਰਜ ਆਦਿ ਵੀ ਹਾਜ਼ਰ ਸਨ।

# 'ਪੰਜਾਬ ਇਲੈਕਸ਼ਨ ਕੁਇੱਜ਼-2025' ਤਹਿਤ ਆਨਲਾਈਨ ਮੁਕਾਬਲੇ 19 ਨੂੰ: ਮਿੱਤਲ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** -ਲੋਕਤੰਤਰ ਵਿੱਚ ਵੱਧ ਤੋਂ ਵੱਧ ਲੋਕਾਂ ਦੀ ਸ਼ਮੂਲੀਅਤ ਨੂੰ ਯਕੀਨੀ ਬਣਾਉਣ ਅਤੇ ਵੋਟ ਦੀ ਮਹੱਤਤਾ ਬਾਰੇ ਜਾਗਰੂਕ ਕਰਨ ਲਈ ਮੁੱਖ ਚੋਣ ਅਫ਼ਸਰ (ਸੀਈਓ)ਪੰਜਾਬ ਵਲੋਂ 'ਰਾਸ਼ਟਰੀ ਵੋਟਰ ਦਿਵਸ' ਨੂੰ ਸਮਰਪਿਤ 'ਪੰਜਾਬ ਇਲੈਕਸ਼ਨ ਕੁਇੱਜ਼-2025' ਕਰਵਾਇਆ ਜਾ ਰਿਹਾ ਹੈ।ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਕੋਮਲ ਮਿੱਤਲ ਨੇ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ 'ਪੰਜਾਬ ਇਲੈਕਸ਼ਨ ਕੁਇੱਜ਼-2025' ਤਹਿਤ ਮੁਕਾਬਲੇ ਆਨਲਾਈਨ ਅਤੇ ਆਫ਼ਲਾਈਨ ਦੋਵੇਂ ਤਰ੍ਹਾਂ ਨਾਲ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਲਈ ਆਨਲਾਈਨ ਰਜਿਸਟ੍ਰੇਸ਼ਨ 28 ਦਸੰਬਰ 2024 ਤੋਂ 17 ਜਨਵਰੀ 2025 ਤੱਕ ਕਰਵਾਈ ਜਾ ਸਕਦੀ ਹੈ। ਆਨਲਾਈਨ ਇਲੈਕਸ਼ਨ ਕੁਇੱਜ਼ ਮੁਕਾਬਲਾ 19 ਜਨਵਰੀ 2025 ਨੂੰ ਅਤੇ ਸੂਬਾ ਪੱਧਰੀ ਆਫ਼ਲਾਈਨ ਮੁਕਾਬਲਾ 24 ਜਨਵਰੀ 2025 ਨੂੰ ਹੋਵੇਗਾ।ਪਹਿਲੇ ਗੇੜ ਵਿੱਚ ਆਨਲਾਈਨ ਮੁਕਾਬਲੇ ਤਹਿਤ ਜ਼ਿਲ੍ਹਾ ਪੱਧਰ 'ਤੇ ਜੇਤੂਆਂ ਦੀ ਪਹਿਚਾਣ ਕੀਤੀ ਜਾਵੇਗੀ ਅਤੇ ਫਾਈਨਲ ਆਫ਼ਲਾਈਨ ਮੁਕਾਬਲਾ 23 ਜ਼ਿਲ੍ਹਿਆਂ ਦੇ ਜੇਤੂਆਂ ਵਿਚਕਾਰ 24 ਜਨਵਰੀ 2025 ਨੂੰ ਲੁਧਿਆਣਾ ਵਿਖੇ ਕਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਪੰਜਾਬ ਇਲੈਕਸ਼ਨ ਕੁਇੱਜ਼-2025 ਲਈ ਆਨਲਾਈਨ ਰਜਿਸਟਰੇਸ਼ਨ https://punjab.indiastatquiz.com/ 'ਤੇ ਕਰਵਾਈ ਜਾ ਸਕਦੀ ਹੈ। ਮੁਕਾਬਲੇ ਵਿੱਚ ਸ਼ਾਮਲ ਹੋਣ ਲਈ ਵੋਟਰ ਸ਼ਨਾਖਤੀ ਕਾਰਡ, ਅਧਾਰ ਕਾਰਡ ਅਤੇ ਸਕੂਲ/ਕਾਲਜ ਵੱਲੋਂ ਜਾਰੀ ਕੀਤਾ ਗਿਆ ਪਹਿਚਾਣ ਪੱਤਰ ਜਮ੍ਹਾ ਕਰਵਾਇਆ ਜਾ ਸਕਦਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਸੂਬਾ ਪੱਧਰ 'ਤੇ ਜੇਤੂਆਂ ਨੂੰ ਸੀਈਓ ਪੰਜਾਬ ਵੱਲੋਂ ਵਿਸ਼ੇਸ਼ ਇਨਾਮਾਂ ਨਾਲ ਸਨਮਾਨਿਤ ਕੀਤਾ ਜਾਵੇਗਾ।ਜ਼ਿਲ੍ਹਾ ਚੋਣ ਅਫ਼ਸਰ ਨੇ ਨੌਜਵਾਨ ਵੋਟਰਾਂ ਨੂੰ 'ਰਾਸ਼ਟਰੀ ਵੋਟਰ ਦਿਵਸ' ਨੂੰ ਸਮਰਪਿਤ ਕਰਵਾਏ ਜਾ ਰਹੇ ਆਨਲਾਈਨ ਕੁਇੱਜ਼ ਮੁਕਾਬਲੇ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਦੀ ਅਪੀਲ ਕੀਤੀ।

# ਆਲ ਇੰਡੀਆ ਜਮਾਤ-ਏ ਸਲਮਾਨੀ ਬਿਰਾਦਰੀ ਨੇ ਸਾਹਿਬਜ਼ਾਦਿਆਂ ਦੀ ਯਾਦ 'ਚ ਲਾਇਆ ਲੰਗਰ



**ਡੇਰਾਬੱਸੀ (ਵਿਨੈ ਕੁਮਾਰ ਜੈਨ)**-ਆਲ ਇੰਡੀਆ ਜਮਾਤ-ਏ-ਸਲਮਾਨੀ ਬਿਰਾਦਰੀ ਵੱਲੋਂ ਡੇਰਾਬੱਸੀ ਦੇ ਗੁਲਾਬਗੜ੍ਹ ਰੋਡ ਂ'ਤੇ ਸ੍ਰੀ ਗੁਰੂ ਗੋਬਿੰਦ ਸਿੰਘ ਦੇ ਮਾਤਾ ਜੀ ਮਾਤਾ ਗੁਜਰੀ ਜੀ ਅਤੇ ਸਾਹਿਬਜ਼ਾਦਿਆਂ ਲਾਸਾਨੀ ਸ਼ਹਾਦਤ ਦੀ ਯਾਦ ਵਿੱਚ ਲਗਾਏ ਲੰਗਰ ਵਿੱਚ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਸ਼ਿਰਕਤ ਕੀਤੀ।ਇਸ ਸਮਾਗਮ ਦਾ ਉਦੇਸ਼ ਪੰਜਾਬ ਦੇ ਨੌਜਵਾਨਾਂ ਵਿੱਚ ਪੰਜਾਬ ਅਤੇ ਪੰਜਾਬੀਅਤ ਪ੍ਰਤੀ ਪਿਆਰ ਅਤੇ ਆਪਸੀ ਭਾਈਚਾਰਕ ਸਾਂਝ ਨੂੰ ਉਤਸ਼ਾਹਿਤ ਕਰਨਾ ਸੀ।ਆਯੋਜਿਤ ਲੰਗਰ ਧਾਰਮਿਕ ਏਕਤਾ ਅਤੇ ਭਾਈਚਾਰੇ ਦਾ ਇੱਕ ਸੁੰਦਰ ਪ੍ਰਦਰਸ਼ਨ ਸੀ ਕਿਉਂਕਿ ਇਸ ਮੌਕੇ ਮੁਸਲਿਮ ਭਾਈਚਾਰੇ ਦੇ ਲੋਕ ਮਾਤਾ ਗੁਜਰ ਕੌਰ ਜੀ ਅਤੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਿਜਦਾ ਕਰਨ ਲਈ ਇਕਜੁੱਟ ਹੋਏ ਸਨ।ਇਸ ਸਮਾਗਮ ਦਾ ਆਯੋਜਨ ਆਲ ਇੰਡੀਆ ਜਮਾਤ-ਏ-ਸਲਮਾਨੀ ਬਿਰਾਦਰੀ ਵੱਲੋਂ ਕੀਤਾ ਗਿਆ ਸੀ, ਜੋ ਵੱਖ-ਵੱਖ ਭਾਈਚਾਰਿਆਂ ਵਿੱਚ ਸ਼ਾਂਤੀ ਅਤੇ ਸਦਭਾਵਨਾ ਨੂੰ ਉਤਸ਼ਾਹਿਤ ਕਰਨ ਲਈ ਕੰਮ ਕਰਦੀ ਹੈ।ਇਹ ਲੰਗਰ ਹਰ ਸਾਲ ਸਿੱਖ ਮੁਸਲਿਮ ਸਾਂਝ ਅਤੇ ਜਮਾਤ-ਏ-ਸਲਮਾਨੀ ਬਿਰਾਦਰੀ ਵੱਲੋਂ ਲਗਾਇਆ ਜਾਂਦਾ ਹੈ। ਸੇਵਾ ਕਰਨ ਵਾਲੇ ਮੁਸਲਿਮ ਭਾਈਚਾਰੇ ਦੇ ਲੋਕਾਂ ਨੇ ਕਿਹਾ ਕਿ ਉਹ ਇੱਥੇ ਸੇਵਾ ਕਰਨ ਅਤੇ ਆਪਸੀ ਏਕਤਾ ਦਾ ਸੁਨੇਹਾ ਲੈ ਕੇ ਆਏ ਹਨ।ਧਰਮ ਜੋੜਦਾ ਹੈ ਅਤੇ ਤੋੜਦਾ ਨਹੀਂ, ਕੋਈ ਫਾਇਦਾ ਨਹੀਂ ਜੇਕਰ ਅਸੀਂ ਮਨੁੱਖ ਬਣ ਕੇ ਮਨੁੱਖ ਨਹੀਂ ਬਣ ਸਕੇ। ਉਨ੍ਹਾਂ ਕਿਹਾ ਕਿ ਅੱਜ ਅਸੀਂ ਸਿੱਖ-ਮੁਸਲਿਮ ਏਕਤਾ ਦੇ ਨਾਂ 'ਤੇ ਮਨੁੱਖਤਾ ਦੀ ਸੇਵਾ ਲਈ ਲੰਗਰ ਲਾਇਆ ਹੈ।ਉਨ੍ਹਾਂ ਕਿਹਾ ਕਿ ਸਾਰੇ ਧਰਮ ਇੱਕ ਦੂਜੇ ਨਾਲ ਜੁੜਨ ਦਾ ਉਪਦੇਸ਼ ਦਿੰਦੇ ਹਨ।ਵਿਧਾਇਕ ਰੰਧਾਵਾ ਨੇ ਇਸ ਲੰਗਰ ਰਾਹੀਂ ਭਾਈਚਾਰੇ ਨੂੰ ਇਕੱਠਾ ਕਰਨ ਦੇ ਯਤਨਾਂ ਲਈ ਪ੍ਰਬੰਧਕਾਂ ਦਾ ਧੰਨਵਾਦ ਵੀ ਕੀਤਾ।

# ਸੰਗਤਪੁਰ ਵਿਖੇ ਲਗਾਇਆ ਦੁੱਧ-ਬਿਸਕੁਟਾਂ ਦਾ ਲੰਗਰ



**ਫਗਵਾੜਾ ( ਡਾ. ਰਮਨ)** ਗੁਰਦੁਆਰਾ ਕੁਟੀਆ ਸਾਹਿਬ ਪਿੰਡ ਸੰਗਤਪੁਰ ਤਹਿਸੀਲ ਫਗਵਾੜਾ ਵਲੋਂ ਸਮੂਹ ਸੰਗਤਾਂ ਦੇ ਸਹਿਯੋਗ ਮਾਤਾ ਗੁਜਰੀ ਜੀ ਅਤੇ ਚਾਰੇ ਸਾਹਿਬਜਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਦੁੱਧ ਅਤੇ ਬਿਸਕੁਟਾਂ ਦਾ ਲੰਗਰ ਸੰਗਤਪੁਰ-ਮੇਹਲੀਆਨਾ ਰੋਡ ਵਿਖੇ ਲਗਾਇਆ ਗਿਆ। ਗੁਰਦੁਆਰਾ ਸਾਹਿਬ ਦੀ ਕਮੇਟੀ ਦੇ ਪ੍ਰਧਾਨ ਸੁਰਜੀਤ ਸਿੰਘ ਨੇ ਕਿਹਾ ਕਿ ਸਾਹਿਬ-ਏ-ਕਮਾਲ ਸਰਬੰਸ ਦਾਨੀ ਦਸ਼ਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜਾਦਿਆਂ ਦੀਆਂ ਅਦੁੱਤੀ ਸ਼ਹਾਦਤਾਂ ਖਾਲਸਾ ਪੰਥ ਦੇ ਸੁਨਹਿਰੀ ਇਤਿਹਾਸ ਦੀ ਮੂੰਹ ਬੋਲਦੀ ਤਸਵੀਰ ਪੇਸ਼ ਕਰਦੀਆਂ ਹਨ। ਉਹਨਾਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਸ਼ਹੀਦਾਂ ਦੇ ਪਾਏ ਪੂਰਨਿਆਂ 'ਤੇ ਚਲਦੇ ਹੋਏ ਦੇਸ਼ ਅਤੇ ਕੌਮ ਦੀ ਤਰੱਕੀ ਲਈ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਇਸ ਮੌਕੇ ਕਰਮ ਸਿੰਘ ਪੰਚ, ਦਰਸ਼ਨ ਸਿੰਘ, ਸੁੱਚਾ ਸਿੰਘ, ਜਰਨੈਲ ਸਿੰਘ, ਜਗਤਾਰ ਸਿੰਘ, ਸੰਤੋਖ ਸਿੰਘ, ਕੇਸਰ ਸਿੰਘ, ਗੁਰਜੀਤ ਸਿੰਘ, ਪਿਆਰਾ ਸਿੰਘ, ਗੁਰਪ੍ਰੀਤ ਸਿੰਘ, ਗੁਰਮਿੰਦਰ ਸਿੰਘ, ਮਨਵੀਰ ਸਿੰਘ ਖਾਲਸਾ, ਰਾਜਿੰਦਰ ਸਿੰਘ, ਗੁਰਸੇਵਕ ਸਿੰਘ, ਸਰਮਵੀਰ ਸਿੰਘ ਹਰਸ਼ ਆਦਿ ਹਾਜਰ ਸਨ।

# ਭਾਰਤੀ ਕਿਸਾਨ ਯੂਨੀਅਨ ਨੇ ਅੱਜ ਦੇ ਬੰਦ ਨੂੰ ਸਫਲ ਬਣਾਉਣ ਲਈ ਕੀਤੀ ਮੀਟਿੰਗ



**ਫਗਵਾੜਾ ( ਡਾ. ਰਮਨ)** ਕਿਸਾਨ ਸੰਗਠਨਾਂ ਵਲੋਂ ਆਪਣੀਆਂ 12 ਮੰਗਾਂ ਨੂੰ ਲੈ ਕੇ ਸ਼ੰਭੂ-ਖਨੌਰੀ ਬਾਰਡਰ ਵਿਖੇ ਲਗਾਏ ਧਰਨੇ ਅਤੇ 33 ਦਿਨਾਂ ਤੋਂ ਮਰਨ ਵਰਤ 'ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਸਮਰਥਨ ਦੇਣ ਲਈ 30 ਦਸੰਬਰ ਦਿਨ ਸੋਮਵਾਰ ਨੂੰ ਸਮੂਹ ਕਿਸਾਨ ਜੱਥੇਬੰਦੀਆਂ ਵਲੋਂ ਭਾਰਤ ਬੰਦ ਦਾ ਐਲਾਨ ਕੀਤਾ ਗਿਆ ਹੈ। ਇਸ ਹੜਤਾਲ ਨੂੰ ਸਫਲ ਬਨਾਉਣ ਲਈ ਭਾਰਤੀ ਕਿਸਾਨ ਯੂਨੀਅਨ (ਦੋਆਬਾ) ਦੀ ਇਕ ਮੀਟਿੰਗ ਜਨਰਲ ਸਕੱਤਰ ਸਤਨਾਮ ਸਿੰਘ ਸਾਹਨੀ ਦੀ ਅਗਵਾਈ ਹੇਠ ਫਗਵਾੜਾ ਵਿਖੇ ਹੋਈ। ਜਿਸ ਵਿਚ ਫਗਵਾੜਾ 'ਚ ਬੰਦ ਦੇ ਸੱਦੇ ਨੂੰ ਸਫਲ ਬਨਾਉਣ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਉਪਰੰਤ ਜਾਣਕਾਰੀ ਦਿੰਦੇ ਹੋਏ ਕਿਸਾਨ ਆਗੂ ਸਤਨਾਮ ਸਿੰਘ ਸਾਹਨੀ, ਕੁਲਵਿੰਦਰ ਸਿੰਘ ਕਾਲਾ ਸਰਪੰਚ ਅਠੌਲੀ, ਸੰਤੋਖ ਸਿੰਘ ਲੱਖਪੁਰ ਸੀਨੀਅਰ ਕਿਸਾਨ ਆਗੂ ਅਤੇ ਪ੍ਰੈਸ ਸਕੱਤਰ ਗੁਰਪਾਲ ਸਿੰਘ ਪਾਲਾ ਮੌਲੀ ਨੇ ਫਗਵਾੜਾ ਦੇ ਸਮੂਹ ਕਾਰੋਬਾਰੀਆਂ, ਦੁਕਾਨਦਾਰਾਂ, ਟਰਾਂਸਪੋਰਟਰਾਂ, ਮੁਲਾਜਮ ਜੱਥੇਬੰਦੀਆਂ. ਵਪਾਰੀਆਂ, ਆੜ੍ਹਤੀਆਂ, ਵਿਦਿਆਰਥੀਆਂ ਅਤੇ ਮਜਦੂਰ ਜੱਥੇਬੰਦੀਆਂ ਨੂੰ ਪੁਰਜੋਰ ਅਪੀਲ ਕੀਤੀ ਕਿ ਅੰਨਦਾਤਾ ਕਿਸਾਨ ਦੇ ਹੱਕ ਦੀ ਆਵਾਜ ਨੂੰ ਸਮਰਥਨ ਦਿੰਦੇ ਬੰਦ ਨੂੰ ਸਫਲ ਬਣਾਇਆ ਜਾਵੇ। ਉਹਨਾਂ ਦੱਸਿਆ ਕਿ ਸੋਮਵਾਰ ਨੂੰ ਸਵੇਰੇ 7 ਵਜੇ ਤੋਂ ਸ਼ਾਮ 4 ਵਜੇ ਤੱਕ ਫਗਵਾੜਾ ਦੇ ਮੇਨ ਜੀਟੀ ਰੋਡ ਸਥਿਤ ਸ਼ੂਗਰ ਮਿਲ ਚੌਕ ਵਿਖੇ ਧਰਨਾ ਲਗਾਇਆ ਜਾਵੇਗਾ। ਹੜਤਾਲ ਦੌਰਾਨ ਸੜਕਾਂ ਜਾਮ ਰਹਿਣਗੀਆਂ ਅਤੇ ਰੇਲ ਗੱਡੀਆਂ ਰੋਕੀਆਂ ਜਾਣਗੀਆਂ। ਲੇਕਿਨ ਲੋਕ ਹਿਤਾਂ ਨੂੰ ਦੇਖਦੇ ਹੋਏ ਐਮਰਜੈਂਸੀ ਸੇਵਾਵਾਂ ਨਿਰਵਿਘਨ ਜਾਰੀ ਰਹਿਣਗੀਆਂ। ਉਹਨਾਂ ਕਿਹਾ ਕਿ ਕਿਸਾਨ ਜੱਥੇਬੰਦੀਆਂ ਦਾ ਇਹ ਬੰਦ ਕੇਂਦਰ ਦੀ ਮੋਦੀ ਸਰਕਾਰ ਨੂੰ ਕਿਸਾਨੀ ਮੰਗਾਂ ਮੰਨਣ ਲਈ ਮਜਬੂਰ ਕਰੇਗਾ।

ਉਹਨਾਂ ਸਮੂਹ ਨੌਜਵਾਨਾਂ ਨੂੰ ਵੀ ਬੰਦ ਵਿਚ ਟਰੈਕਟਰਾਂ ਸਮੇਤ ਸ਼ਾਮਲ ਹੋਣ ਦੀ ਅਪੀਲ ਕੀਤੀ। ਇਸ ਮੌਕੇ ਹਰਵਿੰਦਰ ਸਿੰਘ ਮਾਨਾਂਵਾਲੀ, ਚਰਨਜੀਤ ਸਿੰਘ ਅਠੌਲੀ, ਬਲਜੀਤ ਸਿੰਘ ਹਰਦਾਸਪੁਰ, ਹਰਿੰਦਰ ਸਿੰਘ ਨੰਗਲ ਮਾਝਾ, ਢੱਡਾ ਮਾਨਾਂਵਾਲੀ, ਮੰਗੀ ਸੁੰਨੜਾ ਰਾਜਪੂਤਾਂ, ਸੁਖਵਿੰਦਰ ਸਿੰਘ, ਪਰਮਜੀਤ ਸਿੰਘ ਆਦਿ ਹਾਜਰ ਸਨ।

30-DEC-PAGE-10.qxd 12/29/2024 10:41 PM Page 1



## ਚੇਅਰਮੈਨ ਘੁੱਲੀ ਵੱਲੋਂ ਕਹੇਰੂ 'ਚ ਵਿਕਾਸ ਕਾਰਜਾਂ ਦੀ ਸ਼ੁਰੂਆਤ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਪਿੰਡ ਕਹੇਰੂ ਵਿੱਚ ਗ੍ਰਾਮ ਪੰਚਾਇਤ ਵੱਲੋਂ ਪਿੰਡ ਵਿੱਚ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਦਿਆਂ ਪਿੰਡ ਦੇ ਪਾਰਕ ਅੱਗੇ ਇੰਟਰਲਾਕ ਲਗਾਉਣ ਦਾ ਕੰਮ ਮੁੱਖ ਮੰਤਰੀ ਦਫ਼ਤਰ ਦੇ ਇੰਚਾਰਜ ਅਤੇ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਸ਼ੁਰੂ ਕਰਵਾਇਆ।ਇਸ ਮੌਕੇ ਚੇਅਰਮੈਨ ਘੁੱਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਧੂਰੀ ਹਲਕੇ ਦੇ ਵਿਕਾਸ ਕਾਰਜਾਂ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ ਹੈ, ਜਿਸ ਤਹਿਤ ਸ਼ਹਿਰ ਅਤੇ ਪਿੰਡਾਂ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਚੱਲ ਰਹੇ ਹਨ।ਉਨ੍ਹਾਂ ਕਿਹਾ ਕਿ ਧੂਰੀ ਹਲਕੇ ਦੇ ਪਿੰਡਾਂ ਦੇ ਵਿਕਾਸ ਕਾਰਜਾਂ ਲਈ ਗ੍ਰਾਮ ਪੰਚਾਇਤਾਂ ਨੂੰ ਗ੍ਰਾਂਟਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾ ਰਹੀ।ਇਸ ਮੌਕੇ ਗ੍ਰਾਮ ਪੰਚਾਇਤ ਕਹੇਰੂ ਵੱਲੋਂ ਮੁੱਖ ਮੰਤਰੀ ਦਫ਼ਤਰ ਦੇ ਇੰਚਾਰਜ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਇੰਦਰਪਾਲ ਸਿੰਘ ਗੋਲਡੀ ਕਹੇਰੂ ਮੈਂਬਰ ਜ਼ਿਲ੍ਹਾ ਪਰਿਸ਼ਦ, ਸਰਪੰਚ ਸੰਦੀਪ ਕੌਰ, ਵਰਿੰਦਰ ਸਿੰਘ ਧਾਲੀਵਾਲ ਕਹੇਰੂ, ਪਰਗਟ ਸਿੰਘ ਸਾਬਕਾ ਸਰਪੰਚ, ਨਰਪਿੰਦਰ ਸਿੰਘ ਧਾਲੀਵਾਲ, ਭਿੰਦਾ ਵਿਰਕ, ਨੰਬਰਦਾਰ ਰਜਿੰਦਰ ਸਿੰਘ ਪੇਧਨੀ, ਰਾਜੂ ਲੱਡਾ, ਪੰਚਾਇਤ ਮੈਂਬਰ ਅਤੇ ਪਿੰਡ ਵਾਸੀ ਹਾਜ਼ਰ ਸਨ।

## 15 ਲੋੜਵੰਦ ਪਰਵਾਰਾਂ ਨੂੰ ਵੰਡੇ ਮਹੀਨਾਵਾਰ ਸਹਾਇਤਾ ਰਾਸ਼ੀ ਦੇ ਚੈੱਕ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਉਘੇ ਸਮਾਜ ਸੇਵੀ ਸਰਬੱਤ ਦਾ ਭਲਾ ਚੈਰੀਟੇਬਲ ਦੇ ਬਾਨੀ ਡਾ. ਐਸਪੀ ਸਿੰਘ ਉਬਰਾਏ ਦੀ ਯੋਗ ਅਗਵਾਈ ਵਿੱਚ ਟਰੱਸਟ ਵੱਲੋਂ ਫਿਰੋਜ਼ਪੁਰ ਸ਼ਹਿਰ ਦੇ ਬੱਸ ਸਟੈਂਡ ਅੰਦਰ ਬਣੇ ਕਾਮਰੇਡ ਦਿਆਲ ਸਿੰਘ ਹਾਲ ਵਿੱਚ ਕਰਵਾਏ ਗਏ ਇੱਕ ਸਾਦੇ ਸਮਾਗਮ ਦੌਰਾਨ ਫਿਰੋਜ਼ਪੁਰ ਇਲਾਕੇ ਨਾਲ ਸਬੰਧਤ 15 ਜ਼ਰੂਰਤਮੰਦ, ਵਿਧਵਾਵਾਂ ਤੇ ਅੰਗਹੀਣ ਪਰਿਵਾਰਾਂ ਨੂੰ ਆਰਥਿਕ ਸਹਾਇਤਾ ਰਾਸ਼ੀ ਦੇ ਚੈੱਕ ਵੰਡੇ ਗਏ।ਇਹ ਚੈੱਕ ਸੰਸਥਾ ਦੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਕੌਰ ਛਾਬੜਾ, ਛਾਉਣੀ ਅਤੇ ਸਿਟੀ ਦੇ ਸਰਕਲ ਇੰਚਾਰਜ ਬਲਵਿੰਦਰਪਾਲ ਸ਼ਰਮਾ, ਛਾਉਣੀ ਤੇ ਸਿਟੀ ਦੇ ਇਸਤਰੀ ਵਿੰਗ ਪ੍ਰਧਾਨ ਤਲਵਿੰਦਰ ਕੌਰ ਅਤੇ ਹੋਰ ਮੈਂਬਰਾਂ ਵੱਲੋਂ ਵੰਡੇ ਗਏ।ਪੈਨਸ਼ਨਰਾਂ ਵੱਲੋਂ ਡਾ. ਓਬਰਾਏ ਵੱਲੋਂ ਮਿਲ ਰਹੀ ਆਰਥਿਕ ਮੱਦਦ ਲਈ ਓਬਰਾਏ ਸਾਬ੍ਹ ਦਾ ਧੰਨਵਾਦ ਕੀਤਾ ਗਿਆ।ਟੀਮ ਵੱਲੋਂ ਕੁਝ ਲੋੜਵੰਦਾਂ ਦੇ ਨਵੇਂ ਫਾਰਮ ਵੀ ਭਰੇ ਗਏ।ਮੀਤ ਪ੍ਰਧਾਨ ਦਵਿੰਦਰ ਸਿੰਘ ਛਾਬੜਾ ਤੇ ਰਣਧੀਰ ਜੋਸ਼ੀ ਵੱਲੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸੰਸਥਾ ਦੇ ਬਾਨੀ ਡਾ. ਐਸਪੀ ਸਿੰਘ ਓਬਰਾਏ ਵੱਲੋਂ ਲੰਮੇ ਸਮੇਂ ਤੋਂ ਲੋੜਵੰਦਾਂ ਦੀ ਭਲਾਈ ਦੇ ਕਾਰਜ ਕਿਸੇ ਹੋਰ ਤੋਂ ਮਾਲੀ ਮੱਦਦ ਲਏ ਬਗੈਰ ਆਪਣੇ ਕੋਲੋਂ ਹੀ ਲਗਾਤਾਰ ਆਰਥਿਕ ਸਹਾਇਤਾ ਕੀਤੀ ਜਾ ਰਹੀ ਹੈ ਤੇ ਅਨੇਕਾਂ ਲੋਕ ਭਲਾਈ ਦੇ ਕਾਰਜ ਚੱਲ ਰਹੇ ਹਨ।

## ਰੋਟਾਰੈਕਟ ਸ਼ਾਈਨ ਕਲੱਬ ਸੁਨਾਮ ਨੇ ਮਨਾਇਆ ਸਲਾਨਾ ਸਮਾਰੋਹ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ ਹਾਕਮ ਭੱਟੀ)**-ਰੋਟਾਰੈਕਟ ਸ਼ਾਈਨ ਕਲੱਬ ਸੁਨਾਮ ਦੇ ਪ੍ਰਧਾਨ ਪੰਕਜ ਗੁਜਰਾਂ, ਚੇਅਰਮੈਨ ਵਿਪਨ ਗੋਇਲ ਅਤੇ ਚੇਅਰਮੈਨ ਉਮੇਸ਼ ਸਿੰਗਲਾ, ਸੈਕਟਰੀ ਸਮਿਤ ਗਰਗ ਦੀ ਦੇਖ ਰੇਖ ਵਿਚ ਸਲਾਨਾ ਪਰਵਾਰਕ ਸਮਾਰੋਹ ਦਾ ਪ੍ਰਬੰਧ ਸੁਨਾਮ ਦੇ ਬਠਿੰਡਾ ਰੋਡ ਤੇ ਨਵੇਂ ਬਣੇ ਸਲਰਪ ਰੈਸਟੋਰੈਂਟ ਵਿੱਚ ਕੀਤਾ ਗਿਆ। ਜਿਸ ਵਿੱਚ ਕਲੱਬ ਦੇ ਸਾਰੇ ਮੈਂਬਰਾਂ ਨੇ ਉਹਨਾਂ ਦੇ ਪਰਵਾਰ ਦੇ ਸਾਰੇ ਮੈਂਬਰਾਂ ਨਾਲ ਜੋਸ਼ੋ ਖਰੋਸ਼ ਨਾਲ ਪ੍ਰੋਗਰਾਮ ਵਿੱਚ ਖੇਡਾਂ ਵਿੱਚ ਹਿੱਸਾ ਲਿਆ, ਜਿਸ ਵਿੱਚ ਜੇਤੂ ਜੋੜਿਆਂ ਨੂੰ ਕਲੱਬ ਦੇ ਪ੍ਰਧਾਨ ਦੁਆਰਾ ਤੋਹਫੇ ਦਿੱਤੇ ਗਏ। ਸਭ ਨੇ ਪ੍ਰੋਗਰਾਮ ਵਿੱਚ ਡਾਂਸ ਅਤੇ ਸਲਰਪ ਰੈਸਟੋਰੈਂਟ ਦੇ ਸਨੈਕਸ ਅਤੇ ਭੋਜਨ ਦਾ ਆਨੰਦ ਲਿਆ। ਪ੍ਰੋਗਰਾਮ ਵਿੱਚ ਮੰਚ ਦਾ ਸੰਚਾਲਨ ਦੀਪਕ ਮਿੱਤਲ ਦੁਆਰਾ ਕੀਤਾ ਗਿਆ । ਇਸ ਸੰਬੰਧ ਵਿੱਚ ਅਮਿਤ ਅਰੋੜਾ ਜੋ ਕਿ ਖਾਦ ਅਤੇ ਅਪੂਰਤੀ ਵਿਭਾਗ ਪੰਜਾਬ ਵਿੱਚ ਬਤੌਰ ਇੰਸਪੈਕਟਰ ਚੀਮੇ ਵਿੱਚ ਆਪਣੀਆਂ ਸੇਵਾਵਾਂ ਦੇ ਰਹੇ ਹਨ ਦੀ ਲਿਖੀ ਕਿਤਾਬ ਕੁਆਂਟਮ ਲੀਪ ਆਫ ਫੋਰਮਲ ਵੋਕੇਬਲਰੀ ਨੂੰ ਲਾਂਚ ਕੀਤਾ ਗਿਆ। ਇਹ ਕਿਤਾਬ ਅੰਗਰੇਜ਼ੀ ਪੜ੍ਹਨ ਵਾਲੇ ਬੱਚਿਆਂ ਅਤੇ ਅਧਿਆਪਕਾਂ ਲਈ ਬਹੁਤ ਲਾਭਦਾਇਕ ਹੈ। ਇਸ ਮੌਕੇ ਪੁਨੀਤ, ਵਿਕਾਸ, ਜਿੰਮੀ, ਸਾਹਿਲ, ਦੀਪਕ, ਅਵਿਨਾਸ਼, ਰਾਕੀ, ਜਤਿਨ ਆਪਣੇ ਪਰਵਾਰਾਂ ਸਲਰਪ ਦੇ ਮਾਲਕ ਹਰਦੀਪ ਸਿੰਘ ਦੇ ਨਾਲ ਮੌਜੂਦ ਸਨ।

## ਸ਼੍ਰੋਮਣੀ ਸ਼ਹੀਦ ਬਾਬਾ ਜੀਵਨ ਸਿੰਘ ਦਾ ਸ਼ਹੀਦੀ ਦਿਹਾੜਾ ਮਨਾਇਆ



**ਮਾਨਸਾ (ਆਤਮਾ ਸਿੰਘ ਪਮਾਰ)**-ਬਾਬਾ ਜੀਵਨ ਸਿੰਘ ਲੋਕ ਭਲਾਈ ਟਰੱਸਟ (ਰਜਿ) ਵੱਲੋਂ ਪਿੰਡ ਦੇ ਸਹਿਯੋਗ ਨਾਲ ਸ਼੍ਰੋਮਣੀ ਸ਼ਹੀਦ ਬਾਬਾ ਜੀਵਨ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਗੁਰਦੁਆਰਾ ਸਾਹਿਬ ਰਮਦਿੱਤੇ ਵਾਲਾ ਵਿਖੇ ਪਾਏ ਗਏ।ਇਸ ਸਮੇਂ ਟਰੱਸਟ ਦੇ ਪ੍ਰਧਾਨ ਬਲਤੇਜ ਸਿੰਘ ਅਤੇ ਸਕੱਤਰ ਗੁਰਤੇਜ ਸਿੰਘ ਨੇ ਆਪਣੇ ਪੁਰਖਿਆਂ ਦੀ ਯਾਦ ਨੂੰ ਤਾਜ਼ਾ ਕਰਦਿਆਂ ਉਨ੍ਹਾਂ ਦੀ ਸੋਚ 'ਤੇ ਪਹਿਰਾ ਦੇਣ ਲਈ ਸੰਕਲਪ ਲੈਣ ਬਾਰੇ ਸੰਗਤਾਂ ਨੂੰ ਬੇਨਤੀ ਕੀਤੀ।ਕੀਰਤਨੀ ਜਥੇ ਬਾਬਾ ਰਾਜਵਿੰਦਰ ਸਿੰਘ ਘਰਾਂਗਣੇ ਵਾਲੇ ਅਤੇ ਬਾਬਾ ਕੁਲਦੀਪ ਸਿੰਘ ਰਾਮਦਿੱਤੇ ਵਾਲਿਆਂ ਵੱਲੋਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਜੋੜ ਕੇ ਨਿਹਾਲ ਕੀਤਾ ਅਤੇ ਸ਼੍ਰੋਮਣੀ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੇ ਜੀਵਨ ਅਤੇ ਇਤਿਹਾਸ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ।ਇਸ ਮੌਕੇ ਟਰੱਸਟ ਵੱਲੋਂ ਪਿੰਡ ਦੇ ਗੁਰਦੁਆਰਾ ਸਾਹਿਬ ਦੇ ਹੈਡ ਗ੍ਰੰਥੀ ਸੁਖਵਿੰਦਰ ਸਿੰਘ ਅਤੇ ਬਾਬਾ ਕੁਲਦੀਪ ਸਿੰਘ ਵੱਲੋਂ ਸਿੱਖ ਪੰਥ ਵਿੱਚ ਨਵੇਂ ਬੱਚਿਆਂ ਨੂੰ ਪ੍ਰੇਰਿਤ ਕਰਨ ਲਈ ਵਿਸ਼ੇਸ਼ ਸਨਮਾਨ ਵੀ ਦਿੱਤਾ ਗਿਆ। ਸਮਾਗਮ ਦੌਰਾਨ ਗੁਰਦੁਆਰਾ ਸਾਹਿਬ ਦੇ ਮੁਖੀ ਬਾਬਾ ਸੁਖਵਿੰਦਰ ਸਿੰਘ ਵੱਲੋਂ ਟਰੱਸਟ ਦੇ ਇਸ ਸ਼ੁੱਭ ਕਾਰਜ ਲਈ ਪ੍ਰਸੰਸਾ ਵੀ ਕੀਤੀ ਗਈ। ਪ੍ਰੋਗਰਾਮ ਦੇ ਅਖੀਰ 'ਚ ਬਾਬਾ ਕੁਲਦੀਪ ਸਿੰਘ ਮਾਣਕ ਵਲੋਂ ਹਾਜ਼ਰੀਨ ਸੰਗਤਾਂ ਦਾ ਧੰਨਵਾਦ ਵੀ ਕੀਤਾ ਗਿਆ।ਇਸ ਸਮੇਂ ਗੁਰਚਰਨ ਸਿੰਘ ਝੰਡੂਕੇ, ਗੁਰਮੇਲ ਸਿੰਘ ਗਿੱਲ, ਟਰੱਸਟ ਮੈਂਬਰ ਰਜਿੰਦਰ ਸਿੰਘ ਕਾਲਾ, ਗੁਰਮੇਲ ਸਿੰਘ, ਤਰਨਜੀਤ ਸਿੰਘ, ਪ੍ਰਵੀਨ ਸਿੰਘ, ਬਲਤੇਜ ਸਿੰਘ, ਜਗਵੀਰ ਸਿੰਘ, ਅੰਮ੍ਰਿਤਪਾਲ ਸਿੰਘ, ਸੱਤਪਾਲ ਸਿੰਘ, ਬਲਜੀਤ ਸਿੰਘ, ਅਮਰੀਕ ਸਿੰਘ ਆਦਿ ਹਾਜ਼ਰ ਸਨ ।

## ਮੋਬਾਈਲ ਫੋਨ ਚੋਰੀ ਕਰਨ ਦੇ ਦੋਸ਼ 'ਚ ਤਿੰਨ ਗ੍ਰਿਫਤਾਰ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ਼ਹੀਦੀ ਸਭਾ 'ਚ ਆਏ ਸ਼ਰਧਾਲੂਆਂ ਦੇ ਮੋਬਾਈਲ ਫੋਨ ਚੋਰੀ ਕਰਨ ਦੇ ਦੋਸ਼ ਹੇਠ ਸੀ.ਆਈ.ਏ. ਸਟਾਫ ਸਰਹਿੰਦ ਵੱਲੋਂ ਤਿੰਨ ਨੌਜਵਾਨਾਂ ਨੂੰ ਗ੍ਰਿਫਤਾਰ ਕੀਤਾ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਅਮਨਜੋਤ ਸਿੰਘ ਨਾਮਕ ਵਿਅਕਤੀ ਨੇ ਪੁਲਸ ਨੂੰ ਸੂਚਨਾ ਦਿੱਤੀ ਸੀ ਕਿ ਬਲਜਿੰਦਰ ਸਿੰਘ, ਸ਼ੁਭਮ ਤੇ ਜੰਗੀਰ ਸਿੰਘ ਨਾਮਕ ਨੌਜਵਾਨਾਂ ਨੇ ਸ਼ਹੀਦੀ ਸਭਾ 'ਚ ਆਏ ਸ਼ਰਧਾਲੂਆਂ ਦੇ ਮੋਬਾਈਲ ਫੋਨ ਚੋਰੀ ਕੀਤੇ ਹਨ।ਮੌਕੇ 'ਤੇ ਪੁੱਜੀ ਸੀ.ਆਈ.ਏ. ਦੀ ਟੀਮ ਵੱਲੋਂ ਉਕਤ ਨੌਜਵਾਨਾਂ ਨੂੰ ਕਾਬੂ ਕੀਤਾ ਗਿਆ, ਜਿਨ੍ਹਾਂ ਦੀ ਤਲਾਸ਼ੀ ਦੌਰਾਨ ਜੰਗੀਰ ਸਿੰਘ ਵਾਸੀ ਲੁਧਿਆਣਾ ਦੇ ਕਬਜ਼ੇ 'ਚੋਂ ਇੱਕ ਚੋਰੀਸ਼ੁਦਾ ਰੈਡਮੀ ਮੋਬਾਈਲ ਫੋਨ, ਬਲਜਿੰਦਰ ਸਿੰਘ ਵਾਸੀ ਪਿੰਡ ਈਬਨ ਕਲਾਂ (ਅੰਮ੍ਰਿਤਸਰ) ਦੇ ਕਬਜ਼ੇ 'ਚੋਂ ਇੱਕ ਵੀਵੋ ਮੋਬਾਈਲ ਫੋਨ ਤੇ ਸ਼ੁਭਮ ਵਾਸੀ ਅੰਮ੍ਰਿਤਸਰ ਦੇ ਕਬਜ਼ੇ 'ਚੋਂ ਇੱਕ ਮੋਬਾਈਲ ਫੋਨ ਓਪੋ ਬਰਾਮਦ ਹੋਇਆ।ਇਸ ਸਬੰਧੀ ਥਾਣਾ ਸਰਹਿੰਦ ਵਿਖੇ ਦਰਜ ਕਰਵਾਏ ਗਏ ਮੁਕੱਦਮੇ 'ਚ ਉਕਤ ਤਿੰਨਾਂ ਨੂੰ ਗ੍ਰਿਫਤਾਰ ਕਰਕੇ ਸਹਾਇਕ ਥਾਣੇਦਾਰ ਰੁਪਿੰਦਰ ਸਿੰਘ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

## ਲਟੌਰ ਵਾਸੀਆਂ ਨੇ ਸ਼ਹੀਦੀ ਜੋੜ ਮੇਲ ਮੌਕੇ ਲਗਾਇਆ ਲੰਗਰ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਧੰਨ ਧੰਨ ਬਾਬਾ ਜੋਰਾਵਰ ਸਿੰਘ, ਧੰਨ ਧੰਨ ਬਾਬਾ ਫਤਿਹ ਸਿੰਘ ਤੇ ਮਾਤਾ ਗੁਜਰੀ ਜੀ ਦੀ ਲਸਾਨੀ ਸ਼ਹਾਦਤ ਨੂੰ ਸਮਰਪਤ ਸ਼ਹੀਦੀ ਜੋੜ ਮੇਲ ਦੌਰਾਨ ਸੰਗਤਾਂ ਵੱਲੋਂ ਵੱਡੇ ਪੱਧਰ 'ਤੇ ਲੰਗਰ ਲਗਾਏ ਕੇ ਸੰਗਤਾਂ ਦੀ ਸੇਵਾ ਕੀਤੀ ਗਈ।ਇਸ ਸਹਿਯੋਗ ਲਈ ਅਸੀਂ ਲੰਗਰ ਲਗਾਉਣ ਵਾਲੇ ਸਾਰੇ ਪ੍ਰਬੰਧਕਾਂ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਾਂ।ਇਹ ਪ੍ਰਗਟਾਵਾ ਹਲਕਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਪਿੰਡ ਲਟੌਰ ਵਾਸੀਆਂ ਦੇ ਲੰਗਰ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਸ਼ਹੀਦੀ ਜੋੜ ਮੇਲ ਦੇ ਦੌਰਾਨ 30 ਤੋਂ 40 ਲੱਖ ਦੇ ਕਰੀਬ ਸੰਗਤਾਂ ਨਤਮਸਤਕ ਹੋਣ ਲਈ ਪਹੁੰਚਦੀਆਂ ਹਨ, ਇੰਨੀ ਸੰਗਤ ਨੂੰ ਸੰਭਾਲਣਾ ਇਕੱਲਾ ਪ੍ਰਸ਼ਾਸਨ ਦੇ ਹੱਥ ਨਹੀਂ ਹੁੰਦਾ।ਬਹੁਤ ਸਾਰੇ ਕਾਰਜ ਸੰਗਤ ਦੇ ਸਹਿਯੋਗ ਨਾਲ ਹੀ ਨੇਪਰੇ ਚੜ੍ਹਦੇ ਹਨ।

ਲੰਗਰ ਪ੍ਰਬੰਧਕਾਂ ਵੱਲੋਂ ਉਨ੍ਹਾਂ ਦੀਆਂ ਬੇਨਤੀਆਂ ਨੂੰ ਪ੍ਰਵਾਨ ਕਰਦਿਆਂ ਇਸ ਵਾਰ ਸਿੰਪਲ ਤੇ ਸਾਦੇ ਲੰਗਰ ਲਗਾਏ ਗਏ।ਅਸੀਂ ਸਾਰੇ ਹੀ ਲੰਗਰ ਪ੍ਰਬੰਧਕਾਂ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਾਂ।ਇਸ ਮੌਕੇ ਗਿਆਨ ਸਿੰਘ, ਸਾਬਕਾ ਸਰਪੰਚ ਮਨਜੀਤ ਸਿੰਘ, ਰਣਧੀਰ ਸਿੰਘ ਕੁਕੂ, ਜਰਨੈਲ ਸਿੰਘ, ਹਰਪ੍ਰੀਤ ਸਿੰਘ ਪੰਚ, ਕੁਲਵਿੰਦਰ ਸਿੰਘ, ਸਤਪ੍ਰੀਤ ਸਿੰਘ, ਮਨਦੀਪ ਸਿੰਘ ਪੋਲਾ, ਤਰਸੇਮ ਉੱਪਲ, ਰਾਜੇਸ਼ ਉੱਪਲ, ਜਗਰੂਪ ਸਿੰਘ ਲੰਬੜਦਾਰ, ਪੀ ਏ ਸਤੀਸ਼ ਕੁਮਾਰ ਲਟੌਰ ਤੇ ਹੋਰ ਪਿੰਡ ਲਟੌਰ ਦੇ ਸਾਰੇ ਹੀ ਸੇਵਾਦਾਰ ਹਾਜ਼ਰ ਸਨ।

## ਮਨਮੋਹਨ ਸਿੰਘ ਸਦਕਾ ਭਾਰਤ ਦੀ ਆਰਥਿਕ ਸਥਿਤੀ ਮਜ਼ਬੂਤ ਹੋਈ : ਲੱਕੀ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਵ. ਮਨਮੋਹਨ ਸਿੰਘ ਨੇ ਦੇਸ਼ ਦੀ ਤਰੱਕੀ ਵਿਚ ਅਹਿਮ ਯੋਗਦਾਨ ਪਾਇਆ ਜਿਨ੍ਹਾਂ ਸਦਕਾ ਭਾਰਤ ਦੀ ਆਰਥਿਕ ਸਥਿਤੀ ਮਜ਼ਬੂਤ ਹੋਈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਾਂਗਰਸ ਦੇ ਸੀਨੀਅਰ ਆਗੂ ਨਰਿੰਦਰਪਾਲ ਸਿੰਘ ਲੱਕੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਅੱਜ ਜੋ ਗਰੀਬਾਂ ਨੂੰ ਪਿੰਡਾਂ ਵਿਚ ਮਨਰੇਗਾ ਯੋਜਨਾ ਤਹਿਤ ਰੋਜ਼ਗਾਰ ਮਿਲ ਰਿਹਾ ਹੈ ਉਹ ਸਵ. ਮਨਮੋਹਨ ਸਿੰਘ ਦੀ ਦੇਣ ਹੈ। ਉਨ੍ਹਾਂ ਕਿਹਾ ਕਿ ਸਵ. ਮਨਮੋਹਨ ਸਿੰਘ ਨੇ ਪਿੰਡਾਂ ਵਿਚ ਗਰੀਬਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਇਹ ਉਪਰਾਲਾ ਕੀਤਾ ਜਿਸ ਸਦਕਾ ਅੱਜ ਪੁਰਸ਼ਾਂ ਦੇ ਨਾਲ ਨਾਲ ਔਰਤਾਂ ਨੂੰ ਵੀ ਕੰਮ ਮਿਲ ਰਿਹਾ ਹੈ ਅਤੇ ਉਹ ਆਤਮ ਨਿਰਭਰ ਹੋ ਰਹੀਆਂ ਹਨ। ਨਰਿੰਦਰਪਾਲ ਲੱਕੀ ਨੇ ਕਿਹਾ ਕਿ ਜਿਸ ਸਮੇਂ ਅਮਰੀਕਾ ਵਰਗੇ ਦੇਸ਼ਾਂ ਵਿਚ ਬੈਂਕ ਡੁੱਬ ਰਹੇ ਸਨ ਤਾਂ ਉਸ ਸਮੇਂ ਭਾਰਤ ਦੀ ਆਰਥਿਕ ਸਥਿਤੀ ਨੂੰ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਨੇ ਬਹਾਲ ਰੱਖਿਆ, ਇਸ ਲਈ ਅਜਿਹੇ ਮਹਾਨ ਪੁਰਸ਼ ਦੇ ਚਲੇ ਜਾਣ ਨਾਲ ਸਮੂਹ ਦੇਸ਼ ਵਾਸੀਆਂ ਨੂੰ ਇੱਕ ਵੱਡਾ ਘਾਟਾ ਪਿਆ ਹੈ।

# ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਰਹਿੰਦੀ ਦੁਨੀਆ ਤੱਕ ਯਾਦ ਰੱਖੀ ਜਾਵੇਗੀ : ਮੁੱਖ ਸਕੱਤਰ

**ਕੇ ਏ ਪੀ ਸਿਨਹਾ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਹੋਏ ਨਤਮਸਤਕ**



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਦਸਮਪਿਤਾ ਸਾਹਿਬ-ਏ-ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ, ਬਾਬਾ ਫ਼ਤਹਿ ਸਿੰਘ ਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਦੀ ਮਿਸਾਲ ਦੁਨੀਆ ਦੇ ਕਿਸੇ ਇਤਿਹਾਸ ਵਿੱਚ ਨਹੀਂ ਮਿਲਦੀ ਅਤੇ ਛੋਟੇ ਸਾਹਿਬਜ਼ਾਦਿਆਂ ਵੱਲੋਂ 7 ਤੇ 9 ਸਾਲ ਦੀ ਉਮਰ ਵਿੱਚ ਦਿੱਤੀ ਸ਼ਹਾਦਤ ਰਹਿੰਦੀ ਦੁਨੀਆ ਤੱਕ ਯਾਦ ਰੱਖੀ ਜਾਵੇਗੀ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਮੁੱਖ ਸਕੱਤਰ ਸ੍ਰੀ ਕੇ.ਏ.ਪੀ. ਸਿਨਹਾ ਨੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਮੀਡੀਆ ਨਾਲ ਗੱਲਬਾਤ ਕਰਦਿਆਂ ਕੀਤਾ।

ਮੁੱਖ ਸਕੱਤਰ ਨੇ ਕਿਹਾ ਕਿ ਦੁਨੀਆ ਕਦੇ ਵੀ ਜ਼ੁਲਮ ਕਰਨ ਵਾਲਿਆਂ ਨੂੰ ਯਾਦ ਨਹੀਂ ਕਰਦੀ, ਜਦੋਂ ਕਿ ਜ਼ੁਲਮ ਖਿਲਾਫ ਲੜਨ ਵਾਲਿਆਂ ਨੂੰ ਰਹਿੰਦੀ ਦੁਨੀਆ ਤੱਕ ਯਾਦ ਰੱਖਿਆ ਜਾਂਦਾ ਹੈ।ਉਨ੍ਹਾ ਕਿਹਾ ਕਿ ਛੋਟੇ ਸਾਹਿਬਜ਼ਾਦਿਆਂ ਦੀ ਮਹਾਨ ਸ਼ਹਾਦਤ ਸਾਡੇ ਨੌਜਵਾਨਾਂ ਅੰਦਰ ਜ਼ੁਲਮ ਖਿਲਾਫ ਲੜਨ ਦਾ ਹੌਸਲਾ ਪੈਦਾ ਕਰਦੀ ਹੈ।ਉਨ੍ਹਾ ਕਿਹਾ ਕਿ ਇਹ ਸ਼ਹਾਦਤ ਸਾਨੂੰ ਇਹ ਸਬਕ ਵੀ ਦਿੰਦੀ ਹੈ ਕਿ ਸਾਨੂੰ ਕਿਸੇ 'ਤੇ ਜ਼ੁਲਮ ਨਾ ਕਰਕੇ ਹੱਕ ਸੱਚ ਦੇ ਰਾਹ 'ਤੇ ਤੁਰਨਾ ਚਾਹੀਦਾ ਹੈ।

ਸ੍ਰੀ ਸਿਨਹਾ ਨੇ ਕਿਹਾ ਕਿ ਅੱਜ ਲੋੜ ਹੈ ਕਿ ਅਸੀਂ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਦੁਨੀਆ ਦੇ ਇਤਿਹਾਸ ਦੀ ਇਸ ਲਾਸਾਨੀ ਸ਼ਹਾਦਤ ਬਾਰੇ ਜਾਗਰੂਕ ਕਰੀਏ ਤਾਂ ਜੋ ਸਾਡੀ ਨੌਜਵਾਨ ਪੀੜ੍ਹੀ ਸੂਬੇ ਅੰਦਰੋਂ ਬੁਰਾਈਆਂ ਦਾ ਖਾਤਮਾ ਕਰਕੇ ਸਿਹਤਮੰਦ ਸਮਾਜ ਦੀ ਸਿਰਜਣਾ ਵਿੱਚ ਅਹਿਮ ਯੋਗਦਾਨ ਪਾ ਸਕੇ।ਉਨ੍ਹਾ ਇਸ ਮੌਕੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਦੇ ਲੰਗਰ ਹਾਲ ਵਿੱਚ ਪੰਗਤ 'ਚ ਬੈਠ ਕੇ ਲੰਗਰ ਛਕਿਆ ਤੇ ਗੁਰਦੁਆਰਾ ਸਾਹਿਬ ਦੇ ਮੈਨੇਜਰ ਵੱਲੋਂ ਉਨ੍ਹਾਂ ਨੂੰ ਸਨਮਾਨ ਵਜੋਂ ਧਾਰਮਿਕ ਕਿਤਾਬਾਂ ਭੇਟ ਕੀਤੀਆਂ ਗਈਆਂ।ਇਸ ਮੌਕੇ ਪੱਤਰਕਾਰਾਂ ਵੱਲੋਂ ਫ਼ਤਹਿਗੜ੍ਹ ਸਾਹਿਬ ਦੀਆਂ ਸੜਕਾਂ ਦੀ ਮਾੜੀ ਹਾਲਤ ਬਾਰੇ ਪੁੱਛਣ 'ਤੇ ਉਨ੍ਹਾ ਕਿਹਾ ਕਿ ਜਲਦ ਹੀ ਇਨ੍ਹਾਂ ਸੜਕਾਂ ਦੀ ਨੁਹਾਰ ਬਦਲੀ ਜਾਵੇਗੀ ਤਾਂ ਜੋ ਸੰਗਤ ਨੂੰ ਕੋਈ ਪ੍ਰੇਸ਼ਾਨੀ ਪੇਸ਼ ਨਾ ਆਵੇ।ਇਸ ਮੌਕੇ ਡਿਪਟੀ ਕਮਿਸ਼ਨਰ ਡਾ: ਸੋਨਾ ਥਿੰਦ, ਜ਼ਿਲ੍ਹਾ ਪੁਲਸ ਮੁਖੀ ਡਾ: ਰਵਜੋਤ ਗਰੇਵਾਲ, ਵਧੀਕ ਡਿਪਟੀ ਕਮਿਸ਼ਨਰ ਗੀਤਿਕਾ ਸਿੰਘ, ਐੱਸ.ਡੀ.ਐੱਮ. ਅਰਵਿੰਦ ਕੁਮਾਰ, ਐੱਸ.ਡੀ.ਐੱਮ. ਖਮਾਣੋਂ ਮਨਰੀਤ ਰਾਣਾ, ਡੀ.ਐੱਸ.ਪੀ. ਸੁਖਨਾਜ ਸਿੰਘ, ਕਰਨੈਲ ਸਿੰਘ, ਤਹਿਸੀਲਦਾਰ ਵਿਸ਼ਾਲ ਵਰਮਾ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।

## 71 ਗ੍ਰਾਮ ਹੈਰੋਇਨ, 1 ਪਿਸਟਲ 32 ਬੋਰ ਸਮੇਤ ਮੈਗ਼ਜ਼ੀਨ 4 ਰੌਂਦ ਸਮੇਤ ਦੋ ਗ੍ਰਿਫ਼ਤਾਰ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਜ਼ਿਲ੍ਹਾ ਫ਼ਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਵੱਖ-ਵੱਖ ਥਾਂਵਾਂ ਤੋਂ ਦੋ ਵਿਅਕਤੀਆਂ ਨੂੰ 71 ਗ੍ਰਾਮ ਹੈਰੋਇਨ, 1 ਪਿਸਟਲ 32 ਬੋਰ ਸਮੇਤ ਮੈਗਜ਼ੀਨ 4 ਰੌਂਦ ਜ਼ਿੰਦਾ, ਇੱਕ ਕਾਰ ਤੇ ਇੱਕ ਮੋਟਰਸਾਈਕਲ ਸਮੇਤ ਗ੍ਰਿਫ਼ਤਾਰ ਕਰਕੇ ਉਨ੍ਹਾਂ ਖਿਲਾਫ਼ ਥਾਣਾ ਮਮਦੋਟ ਤੇ ਥਾਣਾ ਮੱਲਾਂਵਾਲਾ ਵਿਖੇ ਐਨਡੀਪੀਐਸ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ।

ਥਾਣਾ ਮਮਦੋਟ ਪੁਲਸ ਦੇ ਇੰਸਪੈਕਟਰ ਮੁੱਖ ਅਫਸਰ ਅਭਿਨਵ ਚੌਹਾਨ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿੱਚ ਟੀ ਪੁਆਇੰਟ ਮਮਦੋਟ ਫ਼ਿਰੋਜ਼ਪੁਰ ਫ਼ਾਜ਼ਿਲਕਾ ਰੋਡ ਪਾਸ ਪੁੱਜੇ ਤਾਂ ਇੱਕ ਮੋਨਾ ਨੌਜਵਾਨ ਰਜਿੰਦਰ ਸਿੰਘ ਪੁੱਤਰ ਅਨੂਪ ਸਿੰਘ ਵਾਸੀ ਪਿੰਡ ਵਾਹਗੇ ਵਾਲਾ ਕਾਰ ਸਵਿਫਟ ਵੀਡੀਆਈ ਨੰਬਰ ਐੱਚਆਰ-16 ਐੱਨ-7588 ਪਾਸ ਖੜਾ ਵਿਖਾਈ ਦਿੱਤਾ, ਜਿਸ ਨੂੰ ਪੁਲਸ ਪਾਰਟੀ ਦੁਆਰਾ ਕਾਬੂ ਕਰਕੇ ਤਲਾਸ਼ੀ ਲਈ ਤਾਂ ਇਸ ਕੋਲੋਂ 51 ਗ੍ਰਾਮ ਹੈਰੋਇਨ, 1 ਪਿਸਟਲ 32 ਬੋਰ ਸਮੇਤ ਮੈਗਜ਼ੀਨ ਅਤੇ 4 ਰੌਂਦ ਜ਼ਿੰਦਾ ਬਰਾਮਦ ਹੋਏ। ਉਧਰ ਥਾਣਾ ਮੱਲਾਂਵਾਲਾ ਪੁਲਸ ਦੇ ਸਹਾਇਕ ਥਾਣੇਦਾਰ ਦਰਸ਼ਨ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿਚ ਮੰਡੀ ਗੋਗੋਆਣੀ ਪਾਸ ਮੌਜੂਦ ਸੀ ਤਾਂ ਇਕ ਨੌਜਵਾਨ ਮਿਲਾਪ ਸਿੰਘ ਪੁੱਤਰ ਬਲਵੀਰ ਸਿੰਘ ਵਾਸੀ ਪਿੰਡ ਮੀਆਂ ਮੋਟਰਸਾਈਕਲ ਡੀਲਕਸ ਨੰਬਰ ਪੀਬੀ-03-ਬੀਐੱਨਐੱਸ-8784 'ਤੇ ਆਉਂਦਾ ਵਿਖਾਈ ਦਿੱਤਾ, ਜੋ ਪੁਲਸ ਪਾਰਟੀ ਵੇਖ ਕੇ ਘਬਰਾ ਗਿਆ ਤੇ ਇਕ ਦਮ ਮੋਟਰਸਾਈਕਲ ਪਿੱਛੇ ਮੋੜ ਕੇ ਭੱਜਣ ਲੱਗਾ, ਜਿਸ ਨੂੰ ਪੁਲਸ ਪਾਰਟੀ ਵੱਲੋਂ ਕਾਬੂ ਕਰਕੇ ਤਲਾਸ਼ੀ ਲਈ ਤਾਂ ਇਸ ਕੋਲੋਂ 20 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਦੋਵਾਂ ਦੋਸ਼ੀਅਨ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

# ਅਨਮੋਲ ਵੈੱਲਫੇਅਰ ਕਲੱਬ ਪਹਿਲੀ ਨੂੰ ਚਾਹ-ਬਿਸਕੁਟ ਤੇ ਜੂਸ ਦਾ ਲੰਗਰ ਲਗਾਏਗਾ : ਰਾਜੇਸ਼ ਅਰੋੜਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਅਨਮੋਲ ਵੈਲਫੇਅਰ ਕਲੱਬ ਮੋਗਾ ਸਿਟੀ ਦੀ ਹੋਟਲ ਫਿਨਲੈਂਡੀਆ ਵਿਖੇ ਪ੍ਰਧਾਨ ਰਾਜੇਸ਼ ਅਰੋੜਾ ਦੀ ਪ੍ਰਧਾਨਗੀ ਹੇਠ ਮੀਟਿੰਗ ਹੋਈ। ਇਸ ਮੀਟਿੰਗ ਵਿੱਚ ਚੇਅਰਮੈਨ ਹਰੀ ਸਿੰਗਲਾ, ਕੈਸ਼ੀਅਰ ਐਡਵੋਕੇਟ ਪ੍ਰਵੀਨ ਸਚਦੇਵਾ, ਸਕੱਤਰ ਵਿਵੇਕ ਮਜੀਠੀਆ, ਅਕਸ਼ੈ ਗੁਲਾਟੀ, ਪ੍ਰਿੰਸ ਗਾਬਾ, ਪ੍ਰਲਾਦ ਕਾਲੜਾ, ਦਵਿੰਦਰ ਰਾਜੂ, ਮੋਹਿਤ ਕੱਚਰ, ਅਮਨ ਮਹਿੰਦੀ, ਅਜੇ ਮੋਂਗਾ, ਪਵਨ ਨੇਸਲੇ, ਅਸ਼ਵਨੀ ਆਹੂਜਾ, ਪੰਡਿਤ ਰਾਹੁਲ ਗੌੜ, ਜਗਜੀਵ ਧੀਰ, ਵਿਸ਼ਾਲ ਢੀਂਗਰਾ, ਅਮਨ ਕਾਲੜਾ, ਗਗਨਦੀਪ ਮਿੱਤਲ, ਗੌਰਵ ਜਿੰਦਲ, ਰਾਘਵ ਗੁਪਤਾ, ਕੁਨਾਲ ਸ਼ਰਮਾ, ਸੋਮਨਾਥ ਕਾਲੜਾ, ਸੰਨੀ ਕਪੂਰ, ਧੀਰਜ ਸੂਦ, ਸੁਸ਼ਾਂਤ ਮਜੀਠੀਆ, ਅਸ਼ੋਕ ਅਰੋੜਾ, ਗੌਰਵ ਮਿੱਤਲ, ਮਾਨਵ ਕਾਲੜਾ, ਦੀਪਕ ਸ਼ਰਮਾ, ਰਾਜੇਸ਼ ਗੁਪਤਾ ਆਦਿ ਅਧਿਕਾਰੀ ਹਾਜ਼ਰ ਸਨ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਰਾਜੇਸ਼ ਅਰੋੜਾ ਨੇ ਕਲੱਬ ਦੇ ਸਮੂਹ ਅਹੁਦੇਦਾਰਾਂ ਨੂੰ ਸਾਲ 2024 ਦਾ ਲੇਖਾ-ਜੋਖਾ ਪੇਸ਼ ਕੀਤਾ, ਜਿਸ ਨੂੰ ਸਮੁੱਚੇ ਹਾਊਸ ਵੱਲੋਂ ਸਰਬਸੰਮਤੀ ਨਾਲ ਪਾਸ ਕੀਤਾ ਗਿਆ। ਉਨ੍ਹਾਂ ਦੱਸਿਆ ਕਿ 1 ਜਨਵਰੀ ਨੂੰ ਨਵੇਂ ਸਾਲ ਦੀ ਆਮਦ ਨੂੰ ਮਨਾਉਣ ਲਈ ਕਲੱਬ ਵੱਲੋਂ ਮੋਗਾ ਦੇ ਮੁੱਖ ਬਜ਼ਾਰ ਸ਼ਿਵਾਲਾ ਸੂਦਾ ਨੇੜੇ ਮੋਗਾ ਰੋਟੀ ਬੈਂਕ ਵਿਖੇ ਚਾਹ, ਬਿਸਕੁਟ ਅਤੇ ਜੂਸ ਦਾ ਲੰਗਰ ਲਗਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਕਲੱਬ ਵੱਲੋਂ 6 ਅਪ੍ਰੈਲ ਨੂੰ ਕੰਨਿਆਦਾਨ ਸਮਾਗਮ ਕਰਵਾਇਆ ਜਾਵੇਗਾ, ਜਿਸ ਵਿੱਚ ਲੋੜਵੰਦ ਪਰਵਾਰਾਂ ਦੀਆਂ ਲੜਕੀਆਂ ਦੇ ਵਿਆਹ ਕੀਤੇ ਜਾਣਗੇ ਅਤੇ ਉਨ੍ਹਾਂ ਨੂੰ ਘਰੇਲੂ ਸਮਾਨ ਦਿੱਤਾ ਜਾਵੇਗਾ। ਉਨ੍ਹਾਂ ਲੋੜਵੰਦ ਪਰਵਾਰਾਂ ਨੂੰ ਅਪੀਲ ਕੀਤੀ ਕਿ ਜੇਕਰ ਕੋਈ ਪਰਿਵਾਰ ਆਪਣੀ ਧੀ ਦਾ ਸਮੂਹਿਕ ਕੰਨਿਆਦਾਨ ਕਰਵਾਉਣਾ ਚਾਹੁੰਦਾ ਹੈ ਤਾਂ ਉਹ ਆਪਣੀ ਅਰਜ਼ੀ ਕਿਸੇ ਵੀ ਮੈਂਬਰ ਨੂੰ ਦੇ ਸਕਦਾ ਹੈ। ਉਨ੍ਹਾਂ ਕਲੱਬ ਵੱਲੋਂ ਸਾਲ 2024 ਵਿੱਚ ਮੇਲਾ ਮਾਈਆ ਨੂੰ ਸਫਲਤਾਪੂਰਵਕ ਕਰਵਾਉਣ ਲਈ ਮੋਗਾ ਸ਼ਹਿਰ ਵਾਸੀਆਂ ਦਾ ਧੰਨਵਾਦ ਕੀਤਾ। ਉਨ੍ਹਾਂ ਦੱਸਿਆ ਕਿ ਮੇਲੇ ਵਿੱਚ ਲੱਕੀ ਡਰਾਅ ਰਾਹੀਂ ਮਾਤਾ ਵੈਸ਼ਨੋ ਦੇਵੀ ਕਟੜਾ ਦੇ ਦਰਸ਼ਨਾਂ ਲਈ ਸ਼ਰਧਾਲੂਆਂ ਲਈ ਵੰਦੇ ਭਾਰਤ ਰੇਲਗੱਡੀ ਦੀਆਂ ਟਿਕਟਾਂ ਕੱਢੀਆਂ ਗਈਆਂ ਸਨ, ਉਕਤ ਸ਼ਰਧਾਲੂਆਂ ਵੱਲੋਂ ਮਾਤਾ ਵੈਸ਼ਨੋ ਦੇਵੀ ਦੇ ਦਰਸ਼ਨ ਕਰਵਾਉਣ ਦਾ ਸਿਲਸਿਲਾ ਵੀ ਜਾਰੀ ਹੈ ਅਤੇ ਇਸ ਕਾਰਨ ਕਲੱਬ ਵੱਲੋਂ ਕੀਤੇ ਜਾ ਰਹੇ ਉਪਰਾਲੇ ਤੇ ਧਾਰਮਿਕ ਸਮਾਗਮ ਦੀ ਸ਼ਲਾਘਾ ਕੀਤੀ।

# ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ 'ਤੇ ਪੁਲਸ ਦਾ ਸਖਤ ਐਕਸ਼ਨ, ਗ਼ਲਤ ਪਾਰਕ ਕੀਤੇ ਵਾਹਨਾਂ ਦੇ ਕੀਤੇ ਚਲਾਨ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**

ਡਾ. ਪ੍ਰਗਿਆ ਜੈਨ ਐਸ.ਐਸ.ਪੀ ਦੀ ਅਗਵਾਈ ਹੇਠ ਫ਼ਰੀਦਕੋਟ ਪੁਲਸ ਵੱਲੋਂ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਰੋਕਣ ਲਈ ਸਖ਼ਤ ਅਭਿਆਨ ਦੀ ਸ਼ੁਰੂਆਤ ਕੀਤੀ ਗਈ ਹੈ।ਇਸ ਦਾ ਮੁੱਖ ਉਦੇਸ਼ ਸੜਕਾਂ 'ਤੇ ਹਾਦਸਿਆਂ ਦੀ ਰੋਕਥਾਮ ਕਰਨਾ ਅਤੇ ਪਬਲਿਕ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਹੈ।ਇਸ ਲਈ ਟ੍ਰੈਫ਼ਿਕ ਪੁਲਸ ਫ਼ਰੀਦਕੋਟ ਵੱਲੋਂ ਸ਼ਹਿਰ ਦੇ ਮੁੱਖ ਮਾਰਗਾਂ, ਬਜ਼ਾਰਾਂ, ਜਨਤਕ ਸਥਾਨਾਂ ਉੱਪਰ ਤਾਇਨਾਤ ਟ੍ਰੈਫਿਕ ਕ੍ਰਮਚਾਰੀਆਂ ਵੱਲੋਂ ਲਗਾਤਾਰ ਨਜ਼ਰ ਰੱਖੀ ਜਾ ਰਹੀ ਹੈ।ਫ਼ਰੀਦਕੋਟ ਪੁਲਸ ਵੱਲੋਂ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ ਕਾਰਵਾਈ ਕਰਦੇ ਹੋਏ ਚਲਾਨ ਜਾਰੀ ਕੀਤੇ ਜਾ ਰਹੇ ਹਨ, ਜਿਨ੍ਹਾਂ ਵਿੱਚ ਗ਼ਲਤ ਪਾਰਕਿੰਗ, ਓਵਰਲੋਡਿੰਗ, ਬਿਨਾਂ ਹੈਲਮਟ, ਸੀਟ ਬੈਲਟ ਨਾ ਲਾਉਣਾ, ਓਵਰਸਪੀਡਿੰਗ, ਕਾਰਾਂ ਦੀਆਂ ਖਿੜਕੀਆਂ 'ਤੇ ਅਣ-ਅਧਿਕਾਰਤ ਕਾਲੀਆਂ ਫਿਲਮਾਂ ਅਤੇ ਕਾਲੀ ਜਾਲੀਆਂ ਅਤੇ ਗੈਰ-ਕਾਨੂੰਨੀ ਪਾਰਕਿੰਗ ਵਾਲੇ ਕੇਸ ਮੁੱਖ ਸ਼ਾਮਲ ਹਨ।ਡਾ. ਪ੍ਰਗਿਆ ਜੈਨ ਐਸ.ਐਸ.ਪੀ ਵੱਲੋਂ ਦੱਸਿਆ ਗਿਆ ਕਿ ਇਸ ਮੁਹਿੰਮ ਦਾ ਮਕਸਦ ਟ੍ਰੈਫਿਕ ਨਿਯਮਾਂ ਦੀ ਸਖਤੀ ਨਾਲ ਪਾਲਣਾ ਯਕੀਨੀ ਬਣਾਉਣਾ ਹੈ ਤਾਂ ਜੁ ਗ਼ਲਤ ਪਾਰਕਿੰਗ, ਓਵਰਲੋਡਿੰਗ, ਖਤਰਨਾਕ ਡ੍ਰਾਈਵਿੰਗ, ਨਸ਼ਾ ਕਰਕੇ ਡ੍ਰਾਈਵਿੰਗ ਤੇ ਹੋਰ ਟ੍ਰੈਫਿਕ ਉਲੰਘਨਾਵਾਂ ਨੂੰ ਰੋਕਿਆ ਜਾ ਸਕੇ।

ਜ਼ਿਲ੍ਹੇ ਦੇ ਵੱਖ-ਵੱਖ ਹਿੱਸਿਆਂ 'ਚ ਟ੍ਰੈਫ਼ਿਕ ਪੁਲਸ ਦੀਆਂ ਟੀਮਾਂ ਵੱਲੋਂ ਟ੍ਰੈਫਿਕ ਨਿਯਮਾਂ ਨੂੰ ਸਖਤੀ ਨਾਲ ਲਾਗੂ ਕਰਨ ਲਈ ਕਾਰਵਾਈ ਕੀਤੀ ਜਾ ਰਹੀ ਹੈ।ਇਸ ਦੇ ਨਾਲ ਹੀ ਗ਼ਲਤ ਪਾਰਕਿੰਗ ਕਰਨ ਵਾਲਿਆਂ ਨੂੰ ਜੁਰਮਾਨੇ ਦੇਣ ਦੇ ਨਾਲ-ਨਾਲ ਵਾਹਨ ਜ਼ਬਤ ਕਰਨ ਦੀ ਕਾਰਵਾਈ ਵੀ ਕੀਤੀ ਜਾ ਸਕਦੀ ਹੈ।ਇਸ ਤੋਂ ਇਲਾਵਾ ਪਬਲਿਕ ਨੂੰ ਟ੍ਰੈਫਿਕ ਨਿਯਮਾਂ ਪ੍ਰਤੀ ਜਾਗਰੂਕ ਕਰਨ ਲਈ ਸਕੂਲਾ, ਕਾਲਜਾਂ, ਪਿੰਡਾ ਤੇ ਸ਼ਹਿਰਾਂ ਵਿੱਚ ਟ੍ਰੈਫਿਕ ਜਾਗਰੂਕਤਾ ਸੈਮੀਨਾਰ ਵੀ ਲਗਾਏ ਜਾ ਰਹੇ ਹਨ।

## ਛੋਟੇ ਸਾਹਿਬਜ਼ਾਦਿਆਂ ਨੂੰ ਸਮਰਪਤ ਨਗਰ ਕੀਰਤਨ ਦਾ ਗਰਗ ਰਾਈਸ ਇੰਡਸਟ੍ਰੀਜ਼ ਵੱਲੋਂ ਸਵਾਗਤ



**ਬਾਘਾਪੁਰਾਣਾ (ਮਨੀ ਸਿੰਗਲਾ)**-ਪਿੰਡ ਕਾਲੇਕੇ ਵਿਖੇ ਗੁਰਦੁਆਰਾ ਕੁਟੀਆ ਸਾਹਿਬ ਦੀ ਪ੍ਰਬੰਧਕ ਕਮੇਟੀ ਵਲੋਂ ਸਮੂਹ ਸ਼ਰਧਾਲੂ ਸੰਗਤਾਂ ਦੇ ਸਹਿਯੋਗ ਨਾਲ ਗੁਰੂ ਗੋਬਿੰਦ ਸਿੰਘ ਦੇ ਛੋਟੇ ਸਾਹਿਬਜ਼ਾਦੇ ਬਾਬਾ ਜੋਰਾਵਰ ਸਿੰਘ, ਬਾਬਾ ਫਤਹਿ ਸਿੰਘ ਤੇ ਮਾਤਾ ਗੁਜਰ ਕੌਰ ਦੀ ਸ਼ਹਾਦਤ ਨੂੰ ਸਮਰਪਿਤ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ, ਜੋ ਗੁਰਦੁਆਰਾ ਸਾਹਿਬ ਤੋਂ ਰਵਾਨਾ ਹੋ ਕੇ ਗੁਰਦੁਆਰਾ ਬਾਬਾ ਜੀਵਨ ਸਿੰਘ ਜੀ, ਗੁਰਦੁਆਰਾ ਸਾਹਿਬ ਬਹਾਦਰ ਪੱਤੀ, ਗੁਰਦੁਆਰਾ ਸਾਹਿਬ ਚੇਤਨ ਪ੍ਰਕਾਸ਼ ਤਪ ਅਸਥਾਨ, ਗੁਰਦੁਆਰਾ ਸਾਹਿਬ ਚੜ੍ਹਤ ਸਿੰਘ, ਗੁਰਦੁਆਰਾ ਸ੍ਰੀ ਹਰਗੋਬਿੰਦਸਰ ਕੋਠੇ ਕਾਲੇਕੇ ਸਮੇਤ ਵੱਖ-ਵੱਖ ਹਿੱਸਿਆਂ ਵਿੱਚ ਹੁੰਦਾ ਹੋਇਆ ਗੁਰਦੁਆਰਾ ਕੁਟੀਆ ਸਾਹਿਬ ਪੁੱਜ ਕੇ ਸਮਾਪਤ ਕੀਤਾ ਗਿਆ।ਇਸ ਦੌਰਾਨ ਕਾਲੇਕੇ ਲਾਗਲੀ ਗਰਗ ਰਾਈਸ ਇੰਡਸਟ੍ਰੀਜ ਵਿਖੇ ਪਹੁੰਚਣ ਤੇ ਮਾਲਕ ਬਲਵਿੰਦਰ ਗਰਗ, ਕ੍ਰਿਸ਼ਨ ਗਰਗ, ਰਣਨਦੀਪ ਗਰਗ (ਕਾਲਾ), ਟੋਨੀ ਗਰਗ, ਪੰਕਜ ਗਰਗ , ਜੋਨੀ ਗਰਗ ਵਲੋਂ ਨਗਰ ਕੀਰਤਨ ਦਾ ਸਵਾਗਤ ਕੀਤਾ ਗਿਆ ਤੇ ਨਾਲ ਸ਼ਾਮਲ ਸਮੂਹ ਸ਼ਰਧਾਲੂ ਸੰਗਤਾਂ ਲਈ ਕੁਲਚੇ-ਛੋਲਿਆ ਦਾ ਲੰਗਰ ਲਾਇਆ ਗਿਆ ਅਤੇ ਕਿਹਾ ਕਿ ਧੰਨ ਹੈ ਉਹ ਮਾਤਾ, ਜਿਸਨੇ ਧਰਮ ਦੀ ਖਾਤਰ ਆਪਣੇ ਜਿਗਰ ਦੇ ਟੋਟਿਆਂ ਅਤੇ ਆਪਣੀ ਸ਼ਹਾਦਤ ਦਿੱਤੀ।ਇਸ ਦੌਰਾਨ ਰਾਗੀ ਭਾਈ ਗੁਰਜੰਟ ਸਿੰਘ ਨੇ ਗੁਰਬਾਣੀ ਦਾ ਕੀਰਤਨ ਕੀਤਾ ਅਤੇ ਅੰਤਰਰਾਸ਼ਟਰੀ ਗੋਲਡ ਮੈਡਲਿਸਟ ਭਾਈ ਵੀਰਭਾਨ ਮੌੜ ਮਾਲਵਾ ਦੇ ਜਥੇ ਵਲੋਂ ਗੁਰੂ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ।

## ਮੁੱਖ ਮੰਤਰੀ ਆਸਟਰੇਲੀਆ ਜਾ ਸਕਦੇ ਨੇ, ਕਿਸਾਨਾਂ ਕੋਲ ਨਹੀਂ : ਦੌਲਤਪੁਰ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਪੰਜਾਬ ਕਾਂਗਰਸ ਦੇ ਮੈਂਬਰ ਅਤੇ ਹਲਕਾ ਧੂਰੀ ਤੋਂ ਸੀਨੀਅਰ ਆਗੂ ਹਰਦੀ ਸਿੰਘ ਦੌਲਤਪੁਰ ਨੇ ਦੇਸ਼ ਦੇ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦੀ ਮੌਤ 'ਤੇ ਅਫ਼ਸੋਸ ਪ੍ਰਗਟ ਕਰਦਿਆਂ ਕਿਹਾ ਕਿ ਡਾ. ਮਨਮੋਹਨ ਸਿੰਘ ਵੱਲੋਂ ਦੇਸ਼ ਦੇ ਆਰਥਿਕ ਅਤੇ ਰਾਜਨੀਤਕ ਵਿਕਾਸ ਵਿੱਚ ਪਾਏ ਯੋਗਦਾਨ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।ਉਨ੍ਹਾਂ ਕਿਸਾਨੀ ਮੰਗਾਂ ਖ਼ਾਤਰ ਮਰਨ ਵਰਤ 'ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਲਗਾਤਾਰ ਵਿਗੜ ਰਹੀ ਸਿਹਤ ਪ੍ਰਤੀ ਚਿੰਤਾ ਪ੍ਰਗਟ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ 'ਤੇ ਨਿਸ਼ਾਨੇ ਸਾਧੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਕੋਲ ਆਸਟਰੇਲੀਆ ਜਾਣ ਦਾ ਸਮਾਂ ਹੈ ਪਰ ਸ਼ੰਭੂ ਤੇ ਖਨੌਰੀ ਬਾਰਡਰ 'ਤੇ ਬੈਠੇ ਕਿਸਾਨਾਂ ਦੀ ਸਾਰ ਲੈਣ ਦਾ ਨਹੀਂ।ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸ਼ੁਰੂ ਤੋਂ ਇਹ ਦਾਅਵਾ ਕਰਦੇ ਰਹੇ ਹਨ ਕਿ 'ਆਪ' ਕਿਸਾਨ ਹਿਤੈਸ਼ੀ ਹੈ ਤੇ ਉਹ ਖ਼ੁਦ ਕਿਸਾਨਾਂ ਦੇ ਹੱਕਾਂ ਦੀ ਲੜਾਈ ਲੜਨਗੇ ਪਰ ਹੁਣ ਕਿਸਾਨੀ ਮਸਲੇ 'ਤੇ ਕਿਤੇ ਨਜ਼ਰ ਨਹੀਂ ਆ ਰਹੇ। ਉਨ੍ਹਾਂ ਕਿਹਾ ਕਿ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਅਗਵਾਈ ਵਾਲੀ ਵਿਸ਼ੇਸ਼ ਸੰਸਦੀ ਕਮੇਟੀ ਦੀਆਂ ਸਿਫ਼ਾਰਸ਼ਾਂ ਲਾਗੂ ਕਰ ਕੇ ਡੱਲੇਵਾਲ ਦੀ ਜਾਨ ਬਚਾਈ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੇ ਪਹਿਲਾਂ ਹੀ ਬਹੁਤ ਸੰਤਾਪ ਭੋਗਿਆ ਹੈ, ਜੇਕਰ ਡੱਲੇਵਾਲ ਨੂੰ ਕੁਝ ਹੋਇਆ ਤਾਂ ਹਾਲਾਤ ਖ਼ਰਾਬ ਹੋ ਸਕਦੇ ਹਨ।

# ਸੰਤ ਮੋਹਨ ਸਿੰਘ ਪਬਲਿਕ ਸਕੂਲ ਤਿਲੋਕੇਵਾਲਾ 'ਚ ਹੋਏ ਸ਼ਹੀਦੀ ਸਮਾਗਮ



**ਸਿਰਸਾ (ਸੁਰਿੰਦਰ ਪਾਲ ਸਿੰਘ)**

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਧੀਨ ਚਲ ਰਹੇ ਸਕੂਲ ਸੰਤ ਮੋਹਨ ਸਿੰਘ ਪਬਲਿਕ ਸਕੂਲ ਤਿਲੋਕੇਵਾਲਾ ਵਿਖੇ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦਿਆਂ ਤੇ ਮਾਤਾ ਗੁਜ਼ਰ ਕੌਰ ਯਾਦਗਾਰੀ ਸਮਾਗਮ ਕਰਾਇਆ ਗਿਆ। ਸਕੂਲ ਦੇ ਪ੍ਰਿੰਸੀਪਲ ਪਰਮਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜਰ ਕੌਰ ਜੀ ਦੀ ਸ਼ਹਾਦਤ ਬਾਰੇ ਵਿਸਥਾਰ ਨਾਲ ਚਾਨਣ ਪਾਇਆ। ਸਕੂਲ ਦੇ ਅਧਿਆਪਕ ਬੀਬਾ ਪਵਨਦੀਪ ਕੌਰ ਸੰਧੂ ਨੇ ਦੱਸਿਆ ਕਿ ਵੀਰ ਬਾਲ ਦਿਵਸ ਮੌਕੇ ਵਿਦਿਆਰਥੀਆਂ ਨੇ ਜਪੁਜੀ ਸਾਹਿਬ ਅਤੇ ਚੌਪਈ ਸਾਹਿਬ ਦੇ ਪਾਠ ਕੀਤੇ ਅਤੇ ਨਾਲ ਹੀ ਕਵਿਤਾਵਾਂ ਅਤੇ ਕਵੀਸ਼ਰੀ ਤੇ ਜ਼ਫ਼ਰਨਾਮਾ ਸੁਣਾ ਕੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦਿਆਂ ਨੂੰ ਪ੍ਰਣਾਮ ਕੀਤਾ। ਇਸ ਸਮੇਂ ਪ੍ਰਿੰਸੀਪਲ ਪਰਮਜੀਤ ਸਿੰਘ ਤੇ ਸਮੂਹ ਸਟਾਫ ਵਲੋਂ ਸਮਾਗਮ ਵਿਚ ਭਾਗ ਲੈਣ ਵਾਲੇ ਸਮੂਹ ਵਿਦਿਆਰੀਆਂ ਦਾ ਸਨਮਾਨ ਕੀਤਾ ਗਿਆ ਅਤੇ ਉਨ੍ਹਾਂ ਨੂੰ ਇਨਾਮ ਦਿੱਤੇ ਗਏ।

# ਡਾ. ਮਨਮੋਹਨ ਸਿੰਘ ਦੀ ਢੁਕਵੀਂ ਯਾਦਗਾਰ ਬਣਾਈ ਜਾਵੇ : ਰੰਧਾਵਾ



**ਸਮਾਣਾ (ਇਕਬਾਲ ਸਿੰਘ ਬੱਲ)**

ਪੰਜਾਬ ਮਹਿਲਾ ਕਾਂਗਰਸ ਦੇ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ ਨੇ ਇੱਕ ਲਿਖਤ ਬਿਆਨ ਰਾਹੀਂ ਕਿਹਾ ਕਿ ਕਾਂਗਰਸ ਪਾਰਟੀ ਨੇ ਭਾਰਤ ਸਰਕਾਰ ਤੋਂ ਦੇਸ਼ ਦੇ ਪਹਿਲੇ ਪ੍ਰਧਾਨ ਮੰਤਰੀਆਂ ਵਾਂਗ ਡਾਕਟਰ ਮਨਮੋਹਨ ਦੀ ਅੰਤਿਮ ਦਾਹ ਸੰਸਕਾਰ ਵਾਲੀ ਜਗ੍ਹਾ 'ਤੇ ਹੀ ਉਨ੍ਹਾਂ ਦਾ ਯਾਦਗਾਰੀ ਸਥਲ ਬਣਾਉਣ ਦੀ ਅਪੀਲ ਕੀਤੀ ਸੀ ਪਰ ਮੋਦੀ ਸਰਕਾਰ ਨੇ ਇਹ ਮੰਗ ਠੁਕਰਾ ਦਿੱਤੀ।ਸੋ ਅੱਜ ਉਨ੍ਹਾਂ ਦਾ ਅੰਤਿਮ ਸੰਸਕਾਰ ਆਮ ਲੋਕਾਂ ਦੀ ਤਰ੍ਹਾਂ ਹੀ ਨਿਗਮ ਬੋਧ ਦੇ ਸਾਂਝੇ ਸ਼ਮਸ਼ਾਨ ਘਾਟ ਵਿਖੇ ਹੋ ਰਿਹਾ ਹੈ।ਬੀਬੀ ਰੰਧਾਵਾ ਨੇ ਕਿਹਾ ਕਿ ਇਹ ਅਤਿਅੰਤ ਨਿੰਦਣਯੋਗ ਹੈ ਕਿ ਕੇਂਦਰ ਸਰਕਾਰ ਨੇ ਡਾ. ਮਨਮੋਹਨ ਸਿੰਘ ਦੇ ਪਰਵਾਰ ਅਤੇ ਕਾਂਗਰਸ ਪਾਰਟੀ ਦੀ ਬੇਨਤੀ ਮੁਤਾਬਕ ਉਨ੍ਹਾਂ ਦਾ ਅੰਤਿਮ ਸੰਸਕਾਰ ਅਜਿਹੇ ਸਥਾਨ 'ਤੇ ਕਰਨ ਦੀ ਮੰਗ ਨੂੰ ਠੁਕਰਾ ਦਿੱਤਾ ਹੈ ਜਿੱਥੇ ਉਨ੍ਹਾਂ ਦੀਆਂ ਬੇਮਿਸਾਲ ਸੇਵਾਵਾਂ ਨੂੰ ਯਾਦ ਕਰਨ ਲਈ ਇਕ ਢੁਕਵੀਂ ਅਤੇ ਇਤਿਹਾਸਕ ਯਾਦਗਾਰ ਬਣਾਈ ਜਾ ਸਕਦੀ ਸੀ। ਇਹ ਸਥਾਨ ਰਾਜ ਘਾਟ ਹੋਣਾ ਚਾਹੀਦਾ ਸੀ। ਇਹ ਪਿਛਲੇ ਸਮੇਂ ਵਿਚ ਚੱਲੀ ਆ ਰਹੀ ਪ੍ਰਥਾ ਅਤੇ ਪਰੰਪਰਾ ਨੂੰ ਧਿਆਨ ਵਿਚ ਰੱਖਦੇ ਹੋਏ ਹੋਣਾ ਚਾਹੀਦਾ ਸੀ। ਪਰ ਇਹ ਸਮਝ ਤੋਂ ਬਾਹਰ ਹੈ ਕਿ ਸਰਕਾਰ ਉਸ ਮਹਾਨ ਆਗੂ ਦਾ ਐਨਾ ਨਿਰਾਦਰ ਕਿਉਂ ਕਰ ਰਹੀ ਹੈ ਜੋ ਸਿੱਖ ਕੌਮ ਵਿਚੋਂ ਇਕੋ-ਇਕ ਪ੍ਰਧਾਨ ਮੰਤਰੀ ਬਣੇ ਸਨ। ਮੈਂ ਇਹ ਵਿਸ਼ਵਾਸ ਕਰਨ ਵਿਚ ਅਸਮਰੱਥ ਹਾਂ ਕਿ ਭਾਜਪਾ ਸਰਕਾਰ ਦਾ ਪੱਖਪਾਤ ਉਸ ਉੱਚੇ ਵਿਸ਼ਵਵਿਆਪੀ ਕੱਦ ਦੀ ਪੂਰੀ ਤਰ੍ਹਾਂ ਅਣਦੇਖੀ ਕਰਨ ਵਿਚ ਇਸ ਹੱਦ ਤੱਕ ਪਹੁੰਚ ਜਾਵੇਗਾ।ਡਾ. ਮਨਮੋਹਨ ਸਿੰਘ ਦੀ ਦੂਰ ਅੰਦੇਸ਼ੀ ਸੋਚ ਨੇ ਭਾਰਤ ਨੂੰ ਆਰਥਿਕ ਸੰਕਟ ਚੋਂ ਕੱਢਿਆ ਸੀ।ਡਾ: ਮਨਮੋਹਨ ਸਿੰਘ ਨੇ ਦੇਸ਼ ਨੂੰ ਮਹਾਨ ਅੰਤਰਰਾਸ਼ਟਰੀ ਉਚਾਈਆਂ 'ਤੇ ਪਹੁੰਚਾਇਆ।ਕਾਂਗਰਸ ਨਾਲ ਸਿਆਸੀ ਮਤਭੇਦਾਂ ਵਾਲੀਆਂ ਪਾਰਟੀਆਂ ਨੂੰ ਵੀ ਡਾ. ਮਨਮੋਹਨ ਸਿੰਘ ਨੇ ਸਭ ਤੋਂ ਉੱਚੇ ਆਦਰ ਵਿਚ ਰੱਖਿਆ ਸੀ। ਅਮਰੀਕਾ ਦੇ ਸਾਬਕਾ ਰਾਸ਼ਟਰਪਤੀ ਓਬਾਮਾ ਨੇ ਕਿਹਾ ਸੀ ਕਿ ਜਦੋਂ ਮਨਮੋਹਨ ਸਿੰਘ ਬੋਲਦੇ ਹਨ ਤਾਂ ਪੂਰੀ ਦੁਨੀਆ ਸੁਣਦੀ ਹੈ।

# ਕਾਮਰੇਡ ਫਕੀਰ ਚੰਦ ਸ਼ਰਮਾ ਨੂੰ ਸ਼ਰਧਾਂਜਲੀ



**ਫਿਰੋਜ਼ਪੁਰ (ਗੁਰਬਚਨ ਸਿੰਘ)**

ਸਵਰਗੀ ਕਾਮਰੇਡ ਫਕੀਰ ਚੰਦ ਸ਼ਰਮਾ ਦੀ ਪੰਦਰਵੀਂ ਬਰਸੀ ਪਿੰਡ ਬਜੀਦਪੁਰ ਵਿਖੇ ਉਨ੍ਹਾਂ ਦੀ ਯਾਦ ਵਿੱਚ ਬਣਾਏ ਗਏ ਯਾਦਗਾਰੀ ਹਾਲ ਵਿੱਚ ਸ਼ਰਧਾ ਦੇ ਫੁੱਲ ਭੇਟ ਕਰ ਕੇ ਮਨਾਈ ਗਈ।ਇਸ ਸ਼ਰਧਾਂਜਲੀ ਸਮਾਗਮ ਵਿੱਚ ਮਜ਼ਦੂਰਾਂ, ਮੁਲਾਜ਼ਮਾਂ, ਪੈਨਸ਼ਨਰਾਂ, ਸਮਾਜ ਸੇਵੀ ਸੰਸਥਾਵਾਂ ਅਤੇ ਪਿੰਡ ਬਜੀਦਪੁਰ ਦੇ ਵਸਨੀਕ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਏ ।ਸ੍ਰੀ ਸੁਖਮਨੀ ਸਾਹਿਬ ਪਾਠ ਦੇ ਭੋਗ ਪਾਏ ਗਏ । ਇਸ ਸਮੇਂ ਜਨਤਕ ਜਥੇਬੰਦੀਆਂ ਦੇ ਵੱਖ ਵੱਖ ਬੁਲਾਰਿਆਂ ਸੁਰਿੰਦਰ ਸਿੰਘ ਕਨਵੀਨਰ ਜਨਤਕ ਜਥੇਬੰਦੀਆਂ ਦਾ ਸਾਂਝਾ ਮੋਰਚਾ, ਪ੍ਰਵੀਨ ਕੁਮਾਰ ਸੈਂਟਰ ਵਾਈਸ ਪ੍ਰਧਾਨ ਐਨ. ਆਰ .ਐਮ. ਯੂ, ਡਾਕਟਰ ਪ੍ਰਦੀਪ ਰਾਣਾ ਸੀਨੀਅਰ ਮੀਤ ਪ੍ਰਧਾਨ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ, ਮਹਿੰਦਰ ਸਿੰਘ ਸਿੰਘ ਧਾਲੀਵਾਲ ਵਿਤ ਸਕੱਤਰ ਆਲ ਇੰਪਲਾਈਜ਼ ਕੋਆਰਡੀਨੇਸ਼ਨ ਕਮੇਟੀ, ਰਾਜੀਵ ਹਾਡਾ ਪ੍ਰਧਾਨ ਜੀ. ਟੀ ਯੂ , ਭੁਪਿੰਦਰ ਸਿੰਘ ਸਰਪੰਚ ਪਿੰਡ ਬਜੀਦਪੁਰ, ਨਰੇਸ਼ ਸੈਣੀ ਜਨਰਲ ਸਕੱਤਰ ਮੁਲਾਜ਼ਮ ਤੇ ਪੈਨਸ਼ਨ ਸਾਂਝਾ ਫਰੰਟ, ਜਗਦੀਪ ਸਿੰਘ ਮਾਂਗਟ ਜਨਰਲ ਸਕੱਤਰ ਪ .ਸ. ਸ .ਫ, ਟਹਿਲ ਸਿੰਘ, ਸਵਰਨ ਸਿੰਘ ਸਾਬਕਾ ਸਰਪੰਚ ਪਿੰਡ ਬਜੀਦਪੁਰ, ਹਰਪਾਲ ਸਿੰਘ, ਸੁਰਜੀਤ ਸਿੰਘ ਪ੍ਰਧਾਨ ਕੋ-ਅਪਰੇਟਿਵ ਸੋਸਾਇਟੀ, ਪ੍ਰਦੀਪ ਧਵਨ ਪੋਸਟ ਇੰਪਲਾਈਜ਼ ਯੂਨੀਅਨ, ਬਲਵੀਰ ਸਿੰਘ ਗੋਖੀਵਾਲਾ ਜੰਗਲਾਤ ਵਰਕਰਜ਼ ਯੂਨੀਅਨ ਸੁਰਜੀਤ ਸਿੰਘ ਪ੍ਰਧਾਨ ਕਿਸਾਨ ਯੂਨੀਅਨ, ਸਰਿੰਦਰ ਸਿੰਘ ਸਿੱਧੂ ਐਡਵੋਕੇਟ ਆਦਿ ਆਗੂਆਂ ਵੱਲੋਂ ਕਾਮਰੇਡ ਫ਼ਕੀਰ ਚੰਦ ਸ਼ਰਮਾ ਵੱਲੋਂ ਮਜ਼ਦੂਰਾਂ, ਮੁਲਾਜ਼ਮਾਂ ਤੇ ਦੱਬੇ ਕੁਚਲੇ ਲੋਕਾਂ ਦੇ ਹਿੱਤਾਂ ਲਈ ਲੜੇ ਸੰਘਰਸ਼ਾਂ 'ਤੇ ਚਾਨਣਾ ਪਾਇਆ ਤੇ ਉਹਨਾਂ ਵੱਲੋਂ ਅਧੂਰੇ ਰਹਿ ਗਏ ਕਾਰਜਾਂ ਨੂੰ ਪੂਰਾ ਕਰਨ ਦਾ ਪ੍ਰਣ ਲਿਆ। ਸਟੇਜ ਦੀ ਕਾਰਵਾਈ ਕਿਸ਼ਨ ਚੰਦ ਜਾਗੋਵਾਲੀਆ ਨੇ ਨਿਭਾਈ। ਇਸ ਸਮੇਂ ਗੁਰਪ੍ਰੀਤ ਸਿੰਘ, ਸਤਿੰਦਰ ਸਿੰਘ, ਮਦਨ ਲਾਲ, ਰਮੇਸ਼ ਕੁਮਾਰ, ਜਗਜੀਤ ਸਿੰਘ, ਰਾਜਬੀਰ ਸਿੰਘ, ਵਿਸ਼ਨੂੰ ਜੀ , ਪ੍ਰਵੀਨ ਸ਼ਰਮਾ, ਮਲ ਜੀ , ਪਦਮ ਕੁਮਾਰ ਆਦਿ ਸ਼ਾਮਿਲ ਹੋਏ।

# ਮੋਗੇ ਦੀ ਕਾਨਫਰੰਸ 'ਚ ਵੱਡੀ ਗਿਣਤੀ 'ਚ ਪਹੁੰਚੇਗੀ ਕਿਰਤੀ ਕਿਸਾਨ ਯੂਨੀਅਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਕਿਰਤੀ ਕਿਸਾਨ ਯੂਨੀਅਨ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਅਹਿਮ ਮੀਟਿੰਗ ਸੂਬਾ ਆਗੂ ਬਲਵਿੰਦਰ ਸਿੰਘ ਥਾਂਦੇਵਾਲਾ ਦੀ ਪ੍ਰਧਾਨਗੀ ਹੇਠ ਸ਼ਹੀਦ ਭਾਈ ਮਹਾਂ ਸਿੰਘ ਦੀਵਾਨ ਹਾਲ ਵਿੱਚ ਹੋਈ।ਜਿਸ ਵਿੱਚ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਮਾਸਟਰ ਜਸਵਿੰਦਰ ਸਿੰਘ ਝਬੇਲਵਾਲੀ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਲੰਡੇ ਰੋਡੇ ਅਤੇ ਜਥੇਦਾਰ ਹਰਪ੍ਰੀਤ ਸਿੰਘ ਝਬੇਲਵਾਲੀ ਨੇ ਕਿਹਾ ਕਿ ਜੋ ਸ਼ੰਭੂ ਖਨੌਰੀ ਬਾਰਡਰਾਂ ਉੱਪਰ ਕਿਸਾਨੀ ਮੰਗਾਂ ਨੂੰ ਲੈ ਕੇ ਮੋਰਚੇ ਚੱਲ ਰਹੇ ਹਨ ਤੇ ਜਗਜੀਤ ਸਿੰਘ ਡੱਲੇਵਾਲ ਦੇ ਮਰਨ ਵਰਤ ਰੱਖਣ ਤੇ ਉਹਨਾਂ ਦੀ ਸਿਹਤ ਦੀ ਸਲਾਮਤੀ ਲਈ 24 ਦਸੰਬਰ ਨੂੰ ਸੰਯੁਕਤ ਮੋਰਚੇ ਵੱਲੋਂ ਫੈਸਲਾ ਕੀਤਾ ਗਿਆ ਕਿ ਇਹਨਾਂ ਮੋਰਚਿਆਂ 'ਤੇ ਡੱਲੇਵਾਲ ਨੂੰ ਲੈ ਕੇ ਸੰਯੁਕਤ ਕਿਸਾਨ ਮੋਰਚੇ ਦਾ ਵਫਦ ਰਾਸ਼ਟਰਪਤੀ ਨੂੰ ਮਿਲਣਗੇ ਤੇ ਰਾਸ਼ਟਰਪਤੀ ਜ਼ਰੀਏ ਕੇਂਦਰ ਸਰਕਾਰ ਨੂੰ ਕਿਸਾਨੀ ਮੰਗਾਂ, ਖੇਤੀ ਨੀਤੀ ਖਰੜੇ ਨੂੰ ਰੱਦ ਕਰਨ ਅਤੇ ਦੋਨਾਂ ਮੋਰਚਿਆਂ ਨੂੰ ਲੈ ਕੇ ਹੱਲ ਕਰਨ ਲਈ ਜ਼ੋਰ ਪਾਉਣਗੇ।ਇਸ ਮੌਕੇ ਸੁਖਪਾਲ ਸਿੰਘ ਰਾਮਗੜ੍ਹ ਚੂੰਘਾਂ, ਜਸਵੀਰ ਸਿੰਘ ਸਰਾਏਨਾਗਾ, ਗੁਰਮੀਤ ਸਿੰਘ ਮਰਾੜ੍ਹ ਕਲਾਂ, ਦਵਿੰਦਰ ਸਿੰਘ ਲਬਾਣਿਆਂ ਵਾਲੀ ਨੇ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਵੱਲੋਂ ਕੀਤੇ ਗਏ ਐਲਾਨ ਜੋ 9 ਜਨਵਰੀ ਨੂੰ ਕੇਂਦਰ ਸਰਕਾਰ ਵੱਲੋਂ ਸੂਬਾ ਸਰਕਾਰ ਨੂੰ ਭੇਜੇ ਗਏ ਖੇਤੀ ਨੀਤੀ ਖਰੜੇ ਨੂੰ ਲਾਗੂ ਕਰਵਾਉਣ ਲਈ ਖਰੜੇ ਦਾ ਵਿਰੋਧ ਕੀਤਾ ਜਾਵੇਗਾ ਤਾਂ ਜੋ ਸੂਬਾ ਸਰਕਾਰ ਇਸ ਨੂੰ ਲਾਗੂ ਨਾ ਕਰ ਸਕੇ, ਹੋਰ ਮੰਗਾਂ ਤੇ ਸੰਘਰਸ਼ ਨੂੰ ਲੈ ਕੇ ਮੋਗਾ ਦੀ ਅਨਾਜ ਮੰਡੀ ਵਿੱਚ ਕੀਤੀ ਜਾ ਰਹੀ ਕਿਸਾਨ ਮਹਾ ਪੰਚਾਇਤ ਵਿੱਚ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਬਲਾਕਾਂ ਪਿੰਡਾਂ ਵਿੱਚ ਵੱਡੀ ਲਾਮਬੰਦੀ ਕੀਤੀ ਜਾਵੇਗੀ।ਕਿਰਤੀ ਕਿਸਾਨ ਵੱਲੋਂ ਵੱਡੀ ਗਿਣਤੀ ਵਿੱਚ ਲੋਕਾਂ ਨੂੰ ਇਸ ਕਾਨਫਰੰਸ ਵਿੱਚ ਸ਼ਮੂਲੀਅਤ ਕਰਵਾਉਣ ਲਈ ਤਿਆਰੀ ਕਰਕੇ ਸ਼ਾਮਲ ਹੋਣ ਲਈ ਜ਼ੋਰ ਦਿੱਤਾ ਜਾਵੇਗਾ।ਇਸ ਮੌਕੇ ਮੈਂਬਰ ਸਰਬਜੀਤ ਸਿੰਘ ਝਬੇਲਵਾਲੀ ,ਜਸਵਿੰਦਰ ਸਿੰਘ ਵੜਿੰਗ, ਜਸਪਾਲ ਸਿੰਘ ਚੱਕ ਗਾਂਧਾ ਸਿੰਘ ਵਾਲਾ ਇਕਬਾਲ ਸਿੰਘ ਢਿੱਲੋਂ ਜੰਡਵਾਲਾ ਚੜ੍ਹਤ ਸਿੰਘ ਨੇਕ ਕਿਹਾ ਕਿ ਕਿਸਾਨਾਂ ਦੀ ਮੰਦਹਾਲੀ ਹਾਲਤ ਹੋਣ ਕਰਕੇ ਧਰਤੀ ਕਿਸਾਨ ਯੂਨੀਅਨ ਵੱਲੋਂ ਕਿਸਾਨਾਂ ਦਾ ਪੂਰੇ ਤੌਰ 'ਤੇ ਕਰਜ਼ਾ ਮਾਫ ਕਰਵਾਉਣ ਲਈ ਵੀ ਜ਼ੋਰ ਦਿੱਤਾ ਜਾਵੇਗਾ। ਉਹਨਾਂ ਕੇਂਦਰ ਸਰਕਾਰ ਵੱਲੋਂ ਭੇਜੇ ਗਏ ਖੇਤੀ ਨੀਤੀ ਖਰੜੇ ਨੂੰ ਨਕਾਰਦਿਆਂ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਉਹਨਾਂ ਚੇਤਾਵਨੀ ਦਿੰਦਿਆਂ ਆਖਿਆ ਕਿ ਜੇਕਰ ਪੰਜਾਬ ਸਰਕਾਰ ਨੇ ਇਸ ਖਰੜੇ ਨੂੰ ਲਾਗੂ ਕਰਨ ਲਈ ਕਦਮ ਚੁੱਕਿਆ ਤਾਂ ਇਸ ਦੇ ਵਿਰੋਧ ਵਿੱਚ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ।ਉਹਨਾਂ ਕਿਹਾ ਕਿ ਕਿਰਤੀ ਕਿਸਾਨ ਯੂਨੀਅਨ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵੱਲੋਂ ਸੰਯੁਕਤ ਕਿਸਾਨ ਮੋਰਚੇ ਦੀ ਹੋ ਰਹੀ ਮੋਗਾ ਮਹਾ ਪੰਚਾਇਤ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਇਆ ਜਾਵੇਗਾ।ਇਸ ਮੌਕੇ ਚਮਕੌਰ ਸਿੰਘ ਤਖਤ ਮਲਾਣਾ, ਫੌਜੀ ਬਲਜੀਤ ਸਿੰਘ ਝਬੇਲਵਾਲੀ, ਲੱਖਾ ਸਿੰਘ ਵੜਿੰਗ, ਜਸਵੰਤ ਸਿੰਘ ਡੋਡਾਂਵਾਲੀ, ਗਗਨਦੀਪ ਸਿੰਘ ਥਾਂਦੇਵਾਲਾ, ਰਣਜੀਤ ਸਿੰਘ ਡੇਅਰੀਵਾਲੇ, ਜਥੇਦਾਰ ਗੁਰਚਰਨ ਸਿੰਘ ਝਬੇਲਵਾਲੀ, ਸੁਖਰਾਜ ਜੰਡ ਵਾਲਾ ਚੜ੍ਹਤ ਸਿੰਘ, ਕੇਵਲ ਸਿੰਘ ਚੱਕ ਗਾਂਧਾਂ ਸਿੰਘ ਵਾਲਾ, ਮੈਂਬਰ ਸ਼ਿੰਦਰਪਾਲ ਸਿੰਘ ਡੋਡਾਂਵਾਲੀ, ਦਰਸ਼ਨ ਸਿੰਘ ਰਾਜਸਥਾਨੀ, ਸੇਵਕ ਸਿੰਘ, ਪ੍ਰਗਟ ਸਿੰਘ ਆਦਿ ਕਿਸਾਨ ਆਗੂ ਹਾਜ਼ਰ ਸਨ।

# ਗੁਰਦੁਆਰਾ ਡੇਰਾ ਸ੍ਰੀ ਗੁਰੂ ਰਵਿਦਾਸ ਵਿਖੇ ਸ਼ਰਧਾਂਜਲੀ ਸਮਾਗਮ



**ਨਾਭਾ (ਵਰਿੰਦਰ ਵਰਮਾ)**-ਸ੍ਰੀ ਗੁਰੂ ਰਵਿਦਾਸ ਸੇਵਾ ਸੋਸਾਇਟੀ (ਰਜਿ:) ਨਾਭਾ ਦੀ ਸਰਪ੍ਰਸਤੀ ਹੇਠ ਸ਼ਹੀਦੀ ਜੋੜ ਮੇਲੇ ਨੂੰ ਮੁੱਖ ਰੱਖ ਕੇ ਗੁਰਦੁਆਰਾ ਡੇਰਾ ਸ੍ਰੀ ਗੁਰੂ ਰਵਿਦਾਸ ਬੌੜਾਂ ਗੇਟ ਨਾਭਾ ਵਿਖੇ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ। 8 ਦਸੰਬਰ ਤੋਂ 28 ਦਸੰਬਰ ਤੱਕ ਸਵੇਰੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਬੀਬੀ ਬਿਮਲ ਕੌਰ, ਮਨਿੰਦਰ ਕੌਰ, ਨਵਕਿਰਨ ਕੌਰ, ਸੁਰਿੰਦਰਪਾਲ ਕੌਰ ਤੂੰਗਾਂ ਵੱਲੋਂ ਕੀਤੇ ਜਾਂਦੇ ਰਹੇ, ਉਪਰੰਤ ਸਫਰ-ਏ-ਸ਼ਹਾਦਤ ਦੇ ਇਤਿਹਾਸ ਬਾਰੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਭਾਈ ਜਤਿੰਦਰ ਸਿੰਘ ਵੱਲੋਂ ਨਿਹਾਲ ਕੀਤਾ ਜਾਂਦਾ ਰਿਹਾ। ਅੱਜ ਆਖਰੀ ਦਿਨ 28 ਦਸੰਬਰ ਨੂੰ ਬਾਬਾ ਰਾਜਵਿੰਦਰ ਸਿੰਘ ਬੁਢਲਾਡਾ ਵਾਲਿਆਂ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਅਵਨੀਤ ਕੌਰ ਪੁੱਤਰੀ ਬਲਕਾਰ ਸਿੰਘ ਰੈਸ਼ਲ, ਹਰੀਦਾਸ ਕਲੋਨੀ ਨਾਭਾ ਵੱਲੋਂ ਚਾਰ ਸਾਹਿਬਜ਼ਾਦਿਆਂ 'ਤੇ ਕਵਿਤਾ ਸੁਣਾਈ ਅਤੇ ਸੋਸਾਇਟੀ ਵੱਲੋਂ ਇਸ ਬੱਚੀ ਨੂੰ ਸਿਰੋਪਾ ਦੇ ਕੇ ਸਨਮਾਨਤ ਕੀਤਾ ਗਿਆ। ਅੰਤ ਵਿੱਚ ਖਾਲਸਾ ਅਕਾਲ ਪੁਰਖ ਕੀ ਫੌਜ ਗਤਕਾ ਅਖਾੜਾ ਧੂਰਾ ਵੱਲੋਂ ਗਤਕੇ ਦੇ ਜੌਹਰ ਅਤੇ ਕੋਰੀਓਗ੍ਰਾਫੀ ਰਾਹੀਂ ਮੋਤੀ ਰਾਮ ਮਹਿਰਾ ਦੀ ਸੇਵਾ, ਮੌਤ ਅਤੇ ਸਾਹਿਬਜ਼ਾਦੇ, ਮਾਤਾ ਗੁਜਰ ਕੌਰ ਅਤੇ ਸਾਹਿਬਜ਼ਾਦਿਆਂ ਦੇ ਸੁਆਲ ਜਵਾਬ ਕੋਰੀਓਗ੍ਰਾਫੀ ਪੇਸ਼ ਕੀਤੀ, ਜੋ ਕਿ ਗੁਰੂ ਘਰ ਦੇ ਵਜ਼ੀਰ ਭਾਈ ਜਤਿੰਦਰ ਸਿੰਘ ਵੱਲੋਂ ਤਿਆਰ ਕਰਵਾਈ ਗਈ। ਇਸ ਮੌਕੇ ਸੁਸਾਇਟੀ ਦੇ ਸਮੂਹ ਮੈਂਬਰ ਰਾਮ ਸਿੰਘ ਮਹਿਮੀ, ਅਮਰ ਸਿੰਘ ਟੋਡਰਵਾਲ, ਰਵਿੰਦਰ ਸਿੰਘ, ਗੁਰਮੁਖ ਸਿੰਘ ਤੂੰਗਾਂ, ਜਸਵੀਰ ਸਿੰਘ ਫੌਜੀ, ਦਲਵੀਰ ਸਿੰਘ ਛੀਟਾਂਵਾਲਾ, ਹੰਸ ਰਾਜ ਮਹਿਮੀ, ਰਾਮਧਨ ਸਿੰਘ, ਗੁਰਜੰਟ ਸਿੰਘ ਜੰਟਾ, ਸੋਹਣ ਸਿੰਘ, ਰਜਿੰਦਰ ਸਿੰਘ ਸਾਧੋਹੇੜੀ, ਸਤਿੰਦਰਪਾਲ ਸਿੰਘ ਰਿੰਕੂ, ਆਤਮਾ ਸਿੰਘ ਰਾਣੀ ਬਾਗ ਆਦਿ ਹਾਜ਼ਰ ਸਨ। ਗੁਰੂ ਦਾ ਲੰਗਰ ਅਤੁੱਟ ਵਰਤਾਇਆ ਗਿਆ।

# ਅੱਜ ਸ਼ੰਭੂ ਬਾਰਡਰ 'ਤੇ ਲੱਗੇ ਮੋਰਚੇ 'ਚ ਕਰਾਂਗੇ ਭਰਵੀਂ ਸ਼ਮੂਲੀਅਤ: ਧਾਰੀਵਾਲ



ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਹਰਿਆਣੇ ਦੇ ਬਾਰਡਰਾਂ 'ਤੇ ਦੋ ਫੋਰਮਾਂ ਦੀ ਅਗਵਾਈ ਹੇਠ ਲੱਗੇ ਕਿਸਾਨ ਮੋਰਚੇ ਚੜ੍ਹਦੀ ਕਲਾ ਨਾਲ ਚੱਲ ਰਹੇ ਹਨ ਅਤੇ ਅੰਦੋਲਨ ਜਿੱਤ ਵੱਲ ਵੱਧਦਾ ਨਜ਼ਰ ਆ ਰਿਹਾ। ਇਹ ਗੱਲ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਕਿਸਾਨ ਆਗੂਆਂ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਹੀ। ਮੋਰਚੇ ਦੀ ਮਜ਼ਬੂਤੀ ਲਈ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਪੱਟੀ ਜ਼ੋਨ ਦੀ ਮੀਟਿੰਗ ਪਿੰਡ ਭੱਗੂਪੁਰ ਦੇ ਗੁਰਦੁਆਰਾ ਸਾਹਿਬ ਵਿਖੇ ਪੱਟੀ ਜ਼ੋਨ ਪ੍ਰਧਾਨ ਗੁਰਭੇਜ ਸਿੰਘ ਧਾਰੀਵਾਲ, ਸਕੱਤਰ ਸਵਰਨ ਸਿੰਘ ਹਰੀਕੇ ਦੀ ਅਗਵਾਈ ਹੇਠ ਹੋਈ। ਮੀਟਿੰਗ ਵਿੱਚ ਪੱਟੀ ਜ਼ੋਨ ਦੇ ਪਿੰਡ ਦੇ ਇਕਾਈ ਪ੍ਰਧਾਨ ਅਤੇ ਸਕੱਤਰਾਂ ਨੇ ਹਿੱਸਾ ਲਿਆ। ਇਕੱਠ ਨੂੰ ਸੰਬੋਧਨ ਕਰਦਿਆਂ ਜ਼ੋਨ ਇੰਚਾਰਜ ਤਰਸੇਮ ਸਿੰਘ ਧਾਰੀਵਾਲ, ਖਜ਼ਾਨਚੀ ਹਰਵਿੰਦਰ ਸਿੰਘ ਆਸਲ, ਗੁਰਜੰਟ ਸਿੰਘ ਭੱਗੂਪੁਰ, ਰੂਪ ਸਿੰਘ ਸੈਦੋਂ, ਨਿਸ਼ਾਨ ਸਿੰਘ ਪੱਟੀ ਨੇ ਕਿਹਾ ਕਿ ਕੇਂਦਰ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਨੂੰ ਲੈ ਕੇ ਦੇਸ਼ ਦਾ ਹਰ ਵਰਗ ਪਹਿਲਾਂ ਗਰਮੀ, ਮੀਂਹ, ਹਨੇਰੀਆਂ ਅਤੇ ਹੁਣ ਠੰਢੀਆਂ ਰਾਤਾਂ ਸੜਕਾਂ 'ਤੇ ਕੱਟਣ ਲਈ ਮਜਬੂਰ ਹੈ। ਦੇਸ਼ ਦਾ ਅੰਨਦਾਤਾ ਮੌਤ ਅਤੇ ਜ਼ਿੰਦਗੀ ਦੀ ਲੜਾਈ ਲੜ ਰਿਹਾ। ਕਈ ਦਿਨਾਂ ਤੋਂ ਕਿਸਾਨ ਲੀਡਰ ਜਗਜੀਤ ਸਿੰਘ ਡੱਲੇਵਾਲ ਮਰਨ ਵਰਤ 'ਤੇ ਬੈਠੇ ਹਨ ਪਰ ਕੇਂਦਰ ਸਰਕਾਰ ਕਾਰਪੋਰੇਟ ਘਰਾਣਿਆਂ ਨੂੰ ਖੁਸ਼ ਰੱਖਣ ਲਈ ਕਿਸਾਨ ਆਗੂਆਂ ਨਾਲ ਗੱਲ ਨਹੀਂ ਕਰ ਰਹੀ ਜਿਸ ਤੋਂ ਪਤਾ ਲੱਗਦਾ ਹੈ ਕਿ ਕਾਰਪੋਰੇਟ ਘਰਾਣਿਆਂ ਦੀ ਮੋਦੀ ਸਰਕਾਰ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਖ਼ਤਮ ਕਰਨਾ ਚਾਹੁੰਦੀ ਹੈ। ਕੇਂਦਰ ਸਰਕਾਰ ਦੇ ਇਸ ਵਤੀਰੇ ਨੂੰ ਦੇਖਦੇ ਹੋਏ ਲੋਕ ਵੱਡੇ ਪੱਧਰ 'ਤੇ ਇਕੱਠੇ ਹੋ ਰਹੇ ਹਨ ਜਿਸ ਦੀ ਉਦਾਹਰਨ ਸੋਸ਼ਲ ਮੀਡੀਆ ਦੀ ਚਰਚਾ ਤੋਂ ਲਈ ਜਾ ਸਕਦੀ ਹੈ।

ਕਿਸਾਨ ਆਗੂਆਂ ਨੇ ਕਿਹਾ ਕਿ ਮੀਟਿੰਗ ਵਿੱਚ ਸ਼ੰਭੂ ਬਾਰਡਰ 'ਤੇ ਲੱਗੇ ਮੋਰਚੇ ਵਿੱਚ ਸ਼ਮੂਲੀਅਤ ਕਰਨ ਲਈ ਰਣਨੀਤੀ ਤਿਆਰ ਕੀਤੀ ਗਈ ਜਿਸ ਦੀਆਂ ਤਿਆਰੀਆਂ ਮੁਕੰਮਲ ਹੋ ਚੁਕੀਆਂ ਹਨ ਅਤੇ 30 ਦਸੰਬਰ ਨੂੰ ਪੱਟੀ ਇਲਾਕੇ ਦੇ ਪਿੰਡ ਆਪਣੇ ਪਰਿਵਾਰਾਂ ਸਮੇਤ ਸ਼ੰਭੂ ਬਾਰਡਰ 'ਤੇ ਲੱਗੇ ਮੋਰਚੇ ਵਿੱਚ ਹਾਜ਼ਰੀ ਭਰਨਗੇ। ਧਾਰੀਵਾਲ ਨੇ ਕਿਹਾ ਕਿ ਲੋਕ ਅੰਦੋਲਨ ਨੂੰ ਜਿੱਤਣ ਦਾ ਮਨ ਬਣਾ ਚੁੱਕੇ ਹਨ ਜਿਸ ਦੀ ਮਸ਼ਾਲ 30 ਦਸੰਬਰ ਨੂੰ ਪੰਜਾਬ ਬੰਦ ਦਾ ਸੱਦਾ ਹੋਵੇਗਾ। ਦੋਨਾਂ ਫੋਰਮਾਂ ਵੱਲੋਂ 30 ਦਸੰਬਰ ਨੂੰ ਪੰਜਾਬ ਬੰਦ ਦੀ ਕਾਲ ਨੂੰ ਲੈ ਕੇ ਪੰਜਾਬ ਦੇ ਹਰ ਤਰ੍ਹਾਂ ਦੇ ਜਥੇਬੰਦਕ ਢਾਂਚੇ ਸੰਪਰਕ ਵਿੱਚ ਆ ਰਹੇ ਹਨ। ਕਿਸਾਨ ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਕਿਸਾਨਾਂ ਦੀਆਂ ਮੰਨੀਆਂ ਹੋਈਆਂ ਮੰਗਾਂ ਤੁਰੰਤ ਲਾਗੂ ਕਰੇ। ਕਿਸਾਨ ਆਗੂਆਂ ਨੇ ਕਿਹਾ ਕਿ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਸਿਹਤ ਬਹੁਤ ਖ਼ਰਾਬ ਹੋ ਚੁੱਕੀ ਹੈ ਜੋ ਚਿੰਤਾ ਦਾ ਵਿਸ਼ਾ ਬਣਿਆ ਹੋਇਆ ਹੈ ਅਤੇ ਜੇਕਰ ਕਿਸਾਨ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਖਾਲੀ ਹੱਥ ਸ਼ਾਂਤਮਈ ਤਰੀਕੇ ਨਾਲ ਦਿੱਲੀ ਕੂਚ ਕਰਦਾ ਹੈ ਤਾਂ ਉਨ੍ਹਾਂ ਤੇ ਅੱਥਰੂ ਗੈਸ, ਰਬੜ ਦੀਆਂ ਗੋਲੀਆਂ, ਕੈਮੀਕਲ ਵਾਲੇ ਪਾਣੀ ਦੀਆਂ ਬੁਛਾਰਾਂ ਮਾਰੀਆਂ ਜਾਂਦੀਆਂ। ਕੇਂਦਰ ਸਰਕਾਰ ਨੇ ਕਿਸਾਨਾਂ ਨੂੰ ਇਸ ਤਰੀਕੇ ਨਾਲ ਰੋਕ ਕੇ ਲੋਕਤੰਤਰ ਦਾ ਘਾਣ ਕੀਤਾ ਹੈ। ਕੇਂਦਰ ਸਰਕਾਰ ਦਾ ਅੜੀਅਲ ਰਵੱਈਆ ਕੇਂਦਰ ਦੀ ਮੋਦੀ ਸਰਕਾਰ ਲਈ ਘਾਤਕ ਸਾਬਤ ਹੋਵੇਗਾ। ਇਸ ਮੀਟਿੰਗ ਵਿੱਚ ਪਿੰਡ ਦੇ ਆਗੂਆਂ ਨੇ ਹਰ ਪਿੰਡ ਤੋਂ ਵੱਡੀ ਗਿਣਤੀ ਵਿੱਚ ਪਹੁੰਚਣ ਦਾ ਵਿਸ਼ਵਾਸ ਦਿਵਾਇਆ। ਇਸ ਮੌਕੇ ਸਾਬ ਸਿੰਘ ਠੱਕਰਪੁਰਾ, ਬਲਵਿੰਦਰ ਸਿੰਘ ਹਰੀਕੇ, ਕਿਰਪਾਲ ਸਿੰਘ ਬੁਰਜ ਪੂਹਲਾ, ਸੁਖਵੰਤ ਸਿੰਘ ਪੱਟੀ, ਸੁਖਚੈਨ ਸਿੰਘ ਪੱਟੀ, ਹੈਪੀ, ਬੱਬਣ ਸਿੰਘ ਬੂਹ ਹਵੇਲੀਆਂ, ਮੁਖਤਿਆਰ ਸਿੰਘ, ਜਰਨੈਲ ਸਿੰਘ ਧਾਰੀਵਾਲ, ਸਕੱਤਰ ਸਿੰਘ ਕੰਡਿਆਲਾ, ਬਲਜਿੰਦਰ ਸਿੰਘ ਧਾਰੀਵਾਲ, ਭੁਪਿੰਦਰ ਸਿੰਘ ਪੱਟੀ, ਸਰਮੁੱਖ ਸਿੰਘ ਪੱਟੀ, ਜਗਵੰਤ ਸਿੰਘ ਠੱਕਰਪੁਰਾ, ਆਤਮਾ ਸਿੰਘ, ਬਗੀਚਾ ਸਿੰਘ ਬੂਹ ਆਦਿ ਆਗੂ ਹਾਜ਼ਰ ਸਨ।

# ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਵੱਲੋਂ ਪੁਲਸ ਦੇ ਪੁਤਲੇ ਫੂਕਣ ਦਾ ਐਲਾਨ

ਕਾਦੀਆਂ/ਧਾਰੀਵਾਲ (ਯਾਦਵਿੰਦਰ ਸਿੰਘ ਮਲਹੋਤਰਾ/ ਮਨਦੀਪ ਸਿੰਘ ਵਿੱਕੀ)




ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਯੂਥ ਵਿੰਗ ਦੇ ਸੂਬਾ ਆਗੂ ਮੇਜਰ ਸਿੰਘ ਕੋਟ ਟੋਡਰ ਮੱਲ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮਾਮਲਾ ਦੋ ਮਹੀਨੇ ਪਹਿਲਾਂ ਇਫਟੂ ਦੇ ਦਫ਼ਤਰ ਸਕੱਤਰ ਜੋਗਿੰਦਰ ਪਾਲ ਘੁਰਾਲਾ ਅਤੇ ਚਾਰ ਹੋਰਨਾਂ 'ਤੇ ਕੁੱਟਮਾਰ ਦਾ ਝੂਠਾ ਕੇਸ ਦਰਜ ਕਰਨ ਦਾ ਹੈ। ਇਸ ਸਬੰਧੀ 11 ਨਵੰਬਰ ਨੂੰ ਥਾਣਾ ਸਿਟੀ ਦੇ ਸਾਹਮਣੇ ਜਨਤਕ ਜਥੇਬੰਦੀਆਂ ਕਿਰਤੀ ਕਿਸਾਨ ਯੂਨੀਅਨ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ, ਵਿਦਿਆਰਥੀ ਜਥੇਬੰਦੀ, ਉਸਾਰੀ ਮਿਸਤਰੀ ਮਜ਼ਦੂਰ ਯੂਨੀਅਨ ਅਤੇ ਇਸਤਰੀ ਜਾਗਰਤੀ ਮੰਚ ਵੱਲੋਂ ਧਰਨਾ ਦੇਣ ਤੋਂ ਪਹਿਲਾਂ ਡੀਐੱਸਪੀ ਸਿਟੀ ਮੋਹਨ ਸਿੰਘ ਅਤੇ ਐੱਸਐੱਚਓ ਗੁਰਮੀਤ ਸਿੰਘ ਨੇ ਜਥੇਬੰਦੀਆਂ ਦੇ ਆਗੂਆਂ ਨੂੰ ਭਰੋਸਾ ਦਿੱਤਾ ਸੀ ਕਿ 15 ਦਿਨਾਂ ਦੇ ਅੰਦਰ-ਅੰਦਰ ਝੂਠਾ ਪਰਚਾ ਰੱਦ ਕਰ ਦਿੱਤਾ ਜਾਵੇਗਾ ਅਤੇ ਮੁਲਜ਼ਮਾਂ ਖਿਲਾਫ ਦਾਜ ਦੀ ਮੰਗ ਦਾ ਕੇਸ ਦਰਜ ਕੀਤਾ ਜਾਵੇਗਾ। ਆਗੂਆਂ ਦੱਸਿਆ ਕਿ ਡੇਢ ਮਹੀਨਾ ਬੀਤ ਜਾਣ 'ਤੇ ਵੀ ਤਾਰਾ ਚੰਦ ਅਤੇ ਉਸਦੇ ਪਰਿਵਾਰ 'ਤੇ ਦਹੇਜ ਦਾ ਪਰਚਾ ਦਰਜ ਨਹੀਂ ਕੀਤਾ ਗਿਆ ਹੈ। ਇਸ ਸਬੰਧੀ ਜਨਤਕ ਜਥੇਬੰਦੀਆਂ ਵਿੱਚ ਰੋਸ ਪਾਇਆ ਜਾ ਰਿਹਾ ਹੈ। ਇਸ ਮਾਮਲੇ ਦੇ ਸੰਬੰਧ ਵਿੱਚ 6 ਜਨਵਰੀ ਤੱਕ ਪੰਜਾਬ ਪੁਲਸ ਦੇ ਪੁਤਲੇ ਸਾੜੇ ਜਾਣਗੇ ਅਤੇ 9 ਜਨਵਰੀ ਨੂੰ ਐੱਸਐੱਸਪੀ ਦਫਤਰ ਗੁਰਦਾਸਪੁਰ ਵਿਖੇ ਜਨਤਕ ਜੱਥੇਬੰਦੀਆਂ ਵੱਲੋਂ ਧਰਨਾ ਦਿੱਤਾ ਜਾਵੇਗਾ। ਇਸ ਮੌਕੇ ਗੁਰਦੀਪ ਸਿੰਘ, ਸੁਖਰਾਜ ਸਿੰਘ, ਸੂਬਾ ਸਿੰਘ ਜਤਿੰਦਰ ਸਿੰਘ, ਹਰਜੀਤ ਕੌਰ, ਪਰਮਜੀਤ ਕੌਰ, ਸਰਬਜੀਤ ਕੌਰ, ਰੁਪਿੰਦਰ ਕੌਰ, ਰਾਜਬੀਰ ਕੌਰ, ਸਲਵਿੰਦਰ ਕੌਰ, ਰੁਪਿੰਦਰ ਕੌਰ, ਪੇਂਡੂ ਮਜ਼ਦੂਰ ਯੂਨੀਅਨ ਦੇ ਮੈਂਬਰ ਹਾਜ਼ਰ ਸਨ।

# ਕਿਸਾਨੀ ਘੋਲ ਨੂੰ ਤਣ ਪੱਤਣ ਲਾਉਣ ਲਈ ਅੱਜ ਦੇ ਬੰਦ ਨੂੰ ਪੂਰਨ ਸਮਰਥਨ ਦਿਓ: ਸੈਦੋ/ਬੋਪਾਰਾਏ



ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਖਨੌਰੀ ਬਾਰਡਰ ਤੇ ਲੰਮੇ ਸਮੇਂ ਤੋਂ ਚਲ ਰਹੇ ਧਰਨੇ ਵਿੱਚ ਆਪਣੀ ਜਾਨ ਦੀ ਬਾਜ਼ੀ ਲਾਈ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦਾ ਮਰਨ ਵਰਤ ਅੱਜ 34ਵੇਂ ਦਿਨ ਵਿੱਚ ਚਲ ਰਿਹਾ ਹੈ। ਡੱਲੇਵਾਲ ਮਾਨਸਿਕ ਤੌਰ ਤੇ ਚੜ੍ਹਦੀ ਕਲਾ ਵਿੱਚ ਹਨ ਹਰ ਦਿਨ ਉਨ੍ਹਾਂ ਦਾ ਸਰੀਰ ਕਮਜ਼ੋਰ ਤੇ ਬਿਮਾਰ ਹੋ ਰਿਹਾ ਹੈ। ਦੇਸ਼ ਵਿਦੇਸ਼ ਵਿੱਚ ਉਨ੍ਹਾਂ ਦੀ ਸਿਹਤ ਲਈ ਅਰਦਾਸ ਬੇਨਤੀ ਹੋ ਰਹੀ ਹੈ ਓਥੇ ਹੀ ਦੂਜੇ ਪਾਸੇ ਸਭ ਜਥੇਬੰਦੀਆਂ ਪੱਬਾਂ ਭਾਰ ਹੋ ਕੇ ਇਸ ਕਿਸਾਨੀ ਘੋਲ ਨੂੰ ਕਾਮਯਾਬ ਕਰਨ ਲਈ ਲੱਗੀਆਂ ਹੋਈਆਂ ਹਨ ਕਿਉਂਕਿ ਕਿਸਾਨ ਦੇਸ਼ ਦੇ ਲੋਕਾਂ ਲਈ ਰੀੜ੍ਹ ਦੀ ਹੱਡੀ ਨੇ ਪਰ ਸਰਕਾਰ ਹਰ ਪਾਸੇ ਨਿੱਜੀਕਰਨ ਵੱਲ ਧਿਆਨ ਦੇ ਰਹੀ ਹੈ। ਜੇਕਰ ਸਰਕਾਰ ਆਪਣੇ ਮਨਸੂਬਿਆਂ ਵਿੱਚ ਕਾਮਯਾਬ ਹੁੰਦੀ ਹੈ ਤਾਂ ਦੇਸ਼ ਦੀ ਜਨਤਾ ਆਉਣ ਵਾਲੇ ਸਮੇਂ ਵਿੱਚ ਪੂੰਜੀਪਤੀਆਂ ਦੀ ਗੁਲਾਮ ਹੋਵੇਗੀ। ਇਸ ਲਈ ਅਸੀਂ ਆਪਣੇ ਹੱਕਾਂ ਲਈ ਬਾਰਡਰ 'ਤੇ ਬੈਠੇ ਕਿਸਾਨਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਸਾਥ ਦੇਵਾਂਗੇ ਤੇ ਪੰਜਾਬ ਬੰਦ ਨੂੰ ਕਾਮਯਾਬ ਕਰਾਂਗੇ ਅਤੇ ਨਾਲ ਹੀ ਕੇਂਦਰ ਸਰਕਾਰ ਨੂੰ ਬੇਨਤੀ ਹੈ ਕਿ ਉਹ ਆਪਣਾ ਅੜੀਅਲ ਰਵੱਈਆ ਛੱਡ ਕੇ ਕਿਸਾਨਾਂ ਦੀਆਂ ਮੰਗਾਂ ਵੱਲ ਤੁਰੰਤ ਧਿਆਨ ਦੇਵੇ ਅਤੇ ਲੰਮੇ ਸਮੇਂ ਤੋਂ ਬੰਦ ਗੱਲਬਾਤ ਨੂੰ ਦੁਬਾਰਾ ਸ਼ੁਰੂ ਕਰਕੇ ਕਿਸਾਨਾਂ ਨੂੰ ਉਨ੍ਹਾਂ ਦੇ ਬਣਦੇ ਹੱਕ ਦੇ ਕੇ ਅੰਦੋਲਨ ਖ਼ਤਮ ਕਰਾਵੇ। ਇਸ ਮੌਕੇ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਦੇ ਬਲਾਕ ਵਲਟੋਹਾ ਦੇ ਪ੍ਰਧਾਨ ਸੁਖਚੈਨ ਸਿੰਘ ਬੋਪਾਰਾਏ ਅਤੇ ਬਲਾਕ ਪੱਟੀ ਦੇ ਪ੍ਰਧਾਨ ਜੈਮਲ ਸਿੰਘ ਸੈਦੋ ਨੇ ਆਮ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਬੰਦ ਵਿੱਚ ਸ਼ਾਮਲ ਹੋ ਕੇ ਕਿਸਾਨਾਂ ਦੇ ਇਸ ਅੰਦੋਲਨ ਵਿੱਚ ਆਪਣਾ ਯੋਗਦਾਨ ਜ਼ਰੂਰ ਪਾਓ।

# ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕੈਂਪ 'ਚ ਨੌਜਵਾਨਾਂ ਵੱਲੋਂ 410 ਯੂਨਿਟ ਖ਼ੂਨਦਾਨ




ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਮਨੁੱਖਤਾ ਦੀ ਸੇਵਾ ਖ਼ੂਨਦਾਨ ਸੁਸਾਇਟੀ ਪੱਟੀ (ਪੰਜਾਬ) ਵੱਲੋਂ ਚਾਰ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਦੇ ਸਬੰਧ 'ਚ ਗੁਰਦੁਆਰਾ ਬੀਬੀ ਰਜਨੀ ਜੀ ਪੱਟੀ ਵਿਖੇ ਖ਼ੂਨਦਾਨ ਕੈਂਪ ਸੁਸਾਇਟੀ ਦੇ ਪ੍ਰਧਾਨ ਮਲਕੀਅਤ ਸਿੰਘ ਬੱਬਲ ਦੀ ਅਗਵਾਈ ਹੇਠ ਲਗਾਇਆ ਗਿਆ। ਕੈਂਪ ਦੌਰਾਨ ਅੰਮ੍ਰਿਤ ਵੇਲੇ ਸਾਹਿਬਜ਼ਾਦਿਆਂ ਦੀ ਅਦੁੱਤੀ ਸ਼ਹਾਦਤ ਨੂੰ ਯਾਦ ਕਰਦਿਆਂ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਆਰੰਭ ਕਰਵਾਏ ਗਏ। ਭੋਗ ਪੈਣ ਉਪਰੰਤ ਜੈਕਾਰਿਆਂ ਦੀ ਗੂੰਜ ਨਾਲ ਖ਼ੂਨਦਾਨ ਕੈਂਪ ਦੀ ਸ਼ੁਰੂਆਤ ਕੀਤੀ ਗਈ ਜਿਸ ਵਿੱਚ ਵੱਧ ਚੜ੍ਹ ਕੇ ਨੌਜਵਾਨਾਂ ਨੇ ਸ਼ਮੂਲੀਅਤ ਕੀਤੀ ਅਤੇ ਕਾਫੀ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਮੌਕੇ ਸੰਸਥਾ ਦੇ ਮੈਂਬਰ ਸੁਖਬੀਰ ਸਿੰਘ ਨੇ ਦੱਸਿਆ ਕਿ ਪੰਜਾਬ ਵਿੱਚ ਬਿਮਾਰੀਆਂ ਨੇ ਵੱਡੇ ਪੱਧਰ ਤੇ ਪੈਰ ਪਸਾਰ ਲਏ ਹਨ ਜਿਸ ਕਾਰਨ ਹਸਪਤਾਲਾਂ ਵਿਚ ਜ਼ਿੰਦਗੀ ਤੇ ਮੌਤ ਦੀ ਲੜਾਈ ਲੜ ਰਹੇ ਲੋਕਾਂ ਨੂੰ ਬਲੱਡ ਦੀ ਜ਼ਰੂਰਤ ਆਮ ਹੀ ਬਣੀ ਰਹਿੰਦੀ ਹੈ ਤੇ ਬਲੱਡ ਲੈਣ ਲਈ ਲੋਕਾਂ ਨੂੰ ਕਾਫੀ ਮੁਸ਼ਕਲ ਆਉਂਦੀ ਹੈ। ਇਸ ਮੁਸ਼ਕਲ ਨੂੰ ਧਿਆਨ ਵਿੱਚ ਰੱਖਦੇ ਹੋਏ ਮਨੁੱਖਤਾ ਦੀ ਸੇਵਾ ਖ਼ੂਨਦਾਨ ਸੁਸਾਇਟੀ ਜਿੱਥੇ ਹਰ ਰੋਜ਼ ਹੀ ਲੋਕਾਂ ਦੀ ਸੇਵਾ ਵਿਚ ਹਾਜ਼ਿਰ ਰਹਿੰਦੀ ਹੈ। ਕੈਂਪ ਵਿਚ ਇਲਾਕੇ ਦੇ ਨੌਜਵਾਨ ਵੀਰਾਂ ਅਤੇ ਭੈਣਾਂ ਵੱਲੋਂ ਉਤਸ਼ਾਹ ਨਾਲ 410 ਯੂਨਿਟ ਖ਼ੂਨਦਾਨ ਕੀਤਾ ਗਿਆ ਹੈ। ਇਸ ਮੌਕੇ ਸੁਸਾਇਟੀ ਮੈਂਬਰ ਜੱਸਾ ਸਿੰਘ ਨੇ ਕਿਹਾ ਕਿ ਇਸ ਸੰਸਥਾ ਵੱਲੋਂ ਕੀਤੇ ਉਪਰਾਲੇ ਸਦਕਾ ਇਲਾਕੇ ਦੇ ਨੌਜਵਾਨ ਚੰਗੇ ਪਾਸੇ ਵੱਲ ਜਾ ਰਹੇ ਹਨ। ਇਸ ਮੌਕੇ ਮਨੁੱਖਤਾ ਦੀ ਸੇਵਾ ਖ਼ੂਨਦਾਨ ਸੁਸਾਇਟੀ ਵੱਲੋਂ ਖ਼ੂਨਦਾਨ ਕਰਨ ਵਾਲੇ ਨੌਜਵਾਨਾ ਨੂੰ ਸਰਟੀਫਿਕੇਟ ਅਤੇ ਸ਼ੀਲਡਾਂ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬਾਬਾ ਗਿਆਨ ਸਿੰਘ ਮਨਿਹਾਲੇ ਵਾਲੇ, ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਤਰਨਤਾਰਨ ਇਕਾਈ ਦੇ ਪ੍ਰਧਾਨ ਪ੍ਰਿੰਸ ਧੁੰਨਾ, ਬਾਬਾ ਦੀਪ ਸਿੰਘ ਚੈਰੀਟੇਬਲ ਟਰੱਸਟ ਪੱਟੀ ਦੇ ਸੇਵਾਦਾਰ ਗੁਰਮੀਤ ਸਿੰਘ ਹੈਪੀ, ਸ਼ਹੀਦ ਕਰਤਾਰ ਸਿੰਘ ਸਰਾਭਾ ਹੈਲਪਿੰਗ ਹੈਂਡ ਸੁਸਾਇਟੀ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਪਨਗੋਟਾ, ਬਾਬਾ ਦੀਪ ਸਿੰਘ ਕੀਰਤਨ ਦਰਬਾਰ ਸੁਸਾਇਟੀ ਪੱਟੀ ਦੇ ਪ੍ਰਧਾਨ ਕੁਲਵਿੰਦਰ ਸਿੰਘ ਬੱਬੂ, ਹੈਲਪਿੰਗ ਹੈਂਡ ਯੂਥ ਕਲੱਬ ਪੱਟੀ ਦੇ ਪ੍ਰਧਾਨ ਗੁਲਸ਼ਨ ਪਾਸੀ, ਭਗਤ ਪੂਰਨ ਸਿੰਘ ਖ਼ੂਨਦਾਨ ਕਮੇਟੀ ਦੇ ਪ੍ਰਧਾਨ ਜਤਿਨ ਸ਼ਰਮਾ, ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਸੁਸਾਇਟੀ ਦੇ ਮੈਂਬਰ ਭਾਈ ਜਗਜੀਤ ਸਿੰਘ ਅਹਿਮਦਪੁਰ, ਬੀਬੀ ਰਜਨੀ ਜੀ ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਲਬੀਰ ਸਿੰਘ ਲੋਹਾਰੀਆ, ਭਾਰਤ ਵਿਕਾਸ ਪ੍ਰੀਸ਼ਦ ਦੇ ਪ੍ਰਧਾਨ ਰੋਹਿਤ ਸ਼ਰਮਾ, ਐਂਟੀ ਡਰੱਗ ਸੁਸਾਇਟੀ ਦੇ ਆਗੂ ਸਤਨਾਮ ਸਿੰਘ ਮਨਾਵਾਂ, ਬਾਬਾ ਦੀਪ ਸਿੰਘ ਖ਼ੂਨਦਾਨ ਅਤੇ ਵੈਲਫੇਅਰ ਸੁਸਾਇਟੀ ਭਿੱਖੀਵਿੰਡ ਦੇ ਅਗੂ ਗੁਰਵਿੰਦਰ ਸਿੰਘ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਕੈਂਪ 'ਚ ਸ਼ਿਰਕਤ ਕਰਨ ਵਾਲੀਆਂ ਸਮੂਹ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਅਤੇ ਪਤਵੰਤਿਆਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਅਮਰ ਸਿੰਘ, ਜੱਸਾ ਸਿੰਘ, ਪਲਵਿੰਦਰ ਸਿੰਘ ਪਿੰਦਰ, ਕੇ. ਪੀ. ਗਿੱਲ, ਗੁਰਦੇਵ ਸਿੰਘ ਖਾਲਸਾ, ਮਾਸਟਰ ਸਰਬਜੀਤ ਸਿੰਘ, ਲਖਵਿੰਦਰ ਸਿੰਘ ਲੱਕੀ, ਸਾਗਰ, ਗੁਰਪਾਲ ਸਿੰਘ ਅਲਗੋਂ, ਵਿਵੇਕ ਕੁਮਾਰ, ਮਲਕੀਤ ਸਿੰਘ, ਰਣਜੀਤ ਸਿੰਘ, ਸਾਹਿਬ ਸਿੰਘ, ਰਾਜਬੀਰ ਸਿੰਘ, ਸੰਦੀਪ ਸਿੰਘ ਚੋਹਲਾ, ਨਿਸ਼ਾਨ ਦੀਪ ਸਿੰਘ, ਹਰਪ੍ਰੀਤ ਸਿੰਘ ਦਸਤਾਰ ਕੋਚ, ਗੁਰਵਿੰਦਰ ਸਿੰਘ ਮਾਸਟਰ, ਭਗਵੰਤ ਸਿੰਘ, ਜੱਗਾ ਪੇਂਟਰ ਪੱਟੀ, ਮਲਕੀਤ ਸਿੰਘ, ਭਗਵੰਤ ਸਿੰਘ, ਮਾਸਟਰ ਗੁਲਬਾਗ ਸਿੰਘ ਗੋਰਾ, ਗਗਨ ਤਰਨਤਾਰਨ, ਜਗਰੂਪ ਸਿੰਘ, ਸੁਖਪਾਲ ਸਿੰਘ, ਗੋਲਡੀ, ਗੁਰਦੇਵ ਗੇਬੀ, ਬੱਬਲੂ ਫੌਜੀ, ਨਵਦੀਪ ਸਿੰਘ, ਰਾਜੂ, ਮਹਾਂਬੀਰ ਸਿੰਘ, ਦਰਸ਼ਨ ਪਟਵਾਰੀ, ਸੰਦੀਪ ਸਿੰਘ, ਅੰਮ੍ਰਿਤ, ਸਮਰੱਥਬੀਰ, ਮਨਿੰਦਰ ਸਿੰਘ, ਸੰਦੀਪ ਸਿੰਘ, ਪ੍ਰਭਜੋਤ ਸਿੰਘ ਅਤੇ ਸੇਰਾ ਆਦਿ ਹਾਜ਼ਰ ਸਨ।

# ਬੋਹੜਾਂ ਵਾਲੇ ਚੌਕ 'ਚ ਲੰਗਰ ਲਗਾਇਆ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਸਥਾਨਕ ਸ਼ਹਿਰ ਅਜਨਾਲਾ ਦੇ ਫਤਿਹਗੜ੍ਹ ਚੂੜੀਆਂ ਰੋਡ ਸਿਵਲ ਹਸਪਤਾਲ ਦੇ ਨਜ਼ਦੀਕ ਬੋਹੜਾਂ ਵਾਲੇ ਚੌਕ ਵਿੱਚ ਵਾਰਡ ਨੰਬਰ 4 ਮੁਹੱਲਾ ਅਦਰਸ਼ ਨਗਰ ਵੱਲੋਂ ਵੱਡੇ ਦਿਨ ਅਤੇ ਪ੍ਰਭੂ ਯਿਸ਼ੂ ਮਸੀਹ ਦੇ ਜਨਮ ਦਿਹਾੜੇ ਨੂੰ ਸਮਰਪਿਤ ਕੇਕ ਕੱਟਿਆ ਗਿਆ ਤੇ ਲੰਗਰ ਭੰਡਾਰਾ ਲਗਾਇਆ ਗਿਆ। ਉਚੇਰੇ ਤੌਰ 'ਤੇ ਵਿਧਾਨ ਸਭਾ ਹਲਕਾ ਵਿਧਾਇਕ ਤੇ ਪੰਜਾਬ ਦੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਦੀ ਨੂੰਹ ਐਡਵੋਕੇਟ ਮੈਡਮ ਅਮਨਦੀਪ ਕੌਰ ਧਾਲੀਵਾਲ ਉਚੇਰੇ ਤੌਰ 'ਤੇ ਪਹੁੰਚੇ। ਲੰਗਰ ਕਮੇਟੀ ਵੱਲੋਂ ਬਾਬਾ ਵਿਜੈ ਸ਼ਾਹ ਰਿੰਕੂ ਵੱਲੋਂ ਆਏ ਹੋਏ ਮਹਿਮਾਨਾਂ ਦਾ ਮਾਣ ਸਨਮਾਨ ਕੀਤਾ ਗਿਆ। ਲੰਗਰ ਭੰਡਾਰਾ ਸਾਰਾ ਦਿਨ ਅਤੁੱਟ ਵਰਤਾਇਆ ਗਿਆ। ਇਸ ਮੌਕੇ ਆਮ ਆਦਮੀ ਪਾਰਟੀ ਸ਼ਹਿਰੀ ਅਜਨਾਲਾ ਦੇ ਪ੍ਰਧਾਨ ਅਮਿਤ ਕੁਮਾਰ ਔਲ, ਕੌਂਸਲਰ ਰਾਜਬੀਰ ਕੌਰ ਚਾਹਲ, ਬਲਜਿੰਦਰ ਸਿੰਘ ਮਾਹਲ, ਵਾਰਡ ਇੰਚਾਰਜ ਅਮਿਤ ਪੁਰੀ, ਸ਼ਿਵਦੀਪ ਸਿੰਘ, ਪ੍ਰਧਾਨ ਰਾਜਬੀਰ ਸਿੰਘ ਰਾਜੂ ਸ਼ਾਹ, ਤਰਸੇਮ ਸ਼ਾਹ ਅਜਨਾਲਾ, ਬਾਬਾ ਦੀਪਕ ਸਾਹ ਹੰਸ, ਤਰਸੇਮ ਸਿੰਘ ਸੇਮਾ, ਬੱਬੂ, ਹਰਪ੍ਰੀਤ ਸਿੰਘ ਹੈਪੀ, ਰਵੀ ਅਜਨਾਲਾ, ਅਰਪਨ ਸ਼ਾਹ, ਸੂਰਜ ਮਸੀਹ, ਸਚਿਨ ਸ਼ਾਹ, ਰੋਹਿਨ ਹੰਸ, ਬਾਊ ਹਲਵਾਈ, ਕਾਲਾ ਮਸੀਹ, ਬਾਬਾ ਸ਼ਮਸ਼ੇਰ ਸਿੰਘ ਸ਼ੇਰਾ, ਰਛਪਾਲ ਸਿੰਘ ਰੰਧਾਵਾ ਰਾਏਪੁਰ, ਸੋਨੂੰ ਮਸੀਹ ਅਜਨਾਲਾ, ਰਾਜੂ ਮਸੀਹ, ਦਵਿੰਦਰ ਸਿੰਘ, ਕਾਕਾ ਮਸੀਹ, ਬੂਟਾ ਮਸੀਹ, ਸੰਦੀਪ ਮਸੀਹ ਅਤੇ ਪ੍ਰੇਮ ਕੁਮਾਰ ਆਦਿ ਹਾਜ਼ਰ ਸਨ।

# ਨਾਗਰਾ ਪੱਤੀ ਸੇਖਵਾਂ 'ਚ ਕਰਵਾਇਆ ਜਾਵੇਗਾ ਧੜੱਲੇ ਨਾਲ ਵਿਕਾਸ: ਕਮਲਜੀਤ ਕੌਰ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਆਮ ਆਦਮੀ ਪਾਰਟੀ ਦੇ ਸੂਬਾ ਕਾਰਜਕਾਰੀ ਪ੍ਰਧਾਨ ਅਤੇ ਹਲਕਾ ਵਿਧਾਇਕ ਬਟਾਲਾ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਦੇ ਯਤਨਾਂ ਸਦਕਾ ਪਿੰਡ ਪੱਤੀ ਸੇਖਵਾਂ ਦੇ ਵਿੱਚ ਧੜੱਲੇ ਨਾਲ ਵਿਕਾਸ ਕਰਵਾਇਆ ਜਾਵੇਗਾ। ਲੋਕਾਂ ਨੂੰ ਪਹਿਲ ਦੇ ਆਧਾਰ 'ਤੇ ਸਰਕਾਰੀ ਸਹੂਲਤਾਂ ਦਾ ਲਾਭ ਤੋਂ ਪਹੁੰਚਾਇਆ ਜਾਵੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪਿੰਡ ਨਾਗਰਾ ਪੱਤੀ ਸੇਖਵਾਂ ਤੋਂ ਸਰਪੰਚ ਕਮਲਜੀਤ ਕੌਰ ਪਤਨੀ ਭਗਵਾਨ ਸਿੰਘ ਪੁੱਤਰ ਸਰਦਾਰਾ ਸਿੰਘ ਦੇ ਵੱਲੋਂ ਕੀਤਾ ਗਿਆ।

ਉਨ੍ਹਾਂ ਦੱਸਿਆ ਕਿ ਪਿੰਡ ਦੇ ਵਿਕਾਸ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ ਅਤੇ ਪਿੰਡ ਵਿੱਚ ਹਰ ਤਰ੍ਹਾਂ ਦੀ ਸਰਕਾਰ ਵੱਲੋਂ ਮਿਲਣ ਵਾਲੀ ਸਹੂਲਤ ਲੋਕਾਂ ਨੂੰ ਦਿਵਾਈ ਜਾਵੇਗੀ।

ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਉਹ ਆਪਣੇ ਪਿੰਡ ਵਾਸੀਆਂ ਅਤੇ ਵੋਟਰਾਂ ਸਪੋਰਟਰਾਂ ਤੇ ਸਮਰਥਕਾਂ ਦੇ ਹਮੇਸ਼ਾ ਹੀ ਸ਼ੁਕਰਗੁਜ਼ਾਰ ਰਹਿਣਗੇ। ਇਸ ਮੌਕੇ ਉਨ੍ਹਾਂ ਦੇ ਨਾਲ ਮੈਂਬਰ ਦਲਬੀਰ ਸਿੰਘ, ਮੈਂਬਰ ਬਲਵੰਤ ਸਿੰਘ, ਮੈਂਬਰ ਕੁਲਦੀਪ ਕੌਰ, ਮੈਂਬਰ ਕਸ਼ਮੀਰ ਸਿੰਘ, ਮੈਂਬਰ ਸੁਰਿੰਦਰ ਕੌਰ ਤੋਂ ਇਲਾਵਾ ਸਾਬਕਾ ਮੈਂਬਰ ਜਸਬੀਰ ਕੌਰ, ਸੁਰਜੀਤ ਸਿੰਘ ਸਾਬਕਾ ਸਰਪੰਚ, ਬਲਜੀਤ ਸਿੰਘ, ਨਿਸ਼ਾਨ ਸਿੰਘ, ਸਤਨਾਮ ਸਿੰਘ, ਸੁਖਵਿੰਦਰ ਸਿੰਘ, ਲਖਵਿੰਦਰ ਸਿੰਘ, ਕੁਲਵੰਤ ਸਿੰਘ, ਨਿਰਮਲ ਸਿੰਘ, ਲਖਵਿੰਦਰ ਸਿੰਘ ਲੱਖਾ, ਜਸਬੀਰ ਸਿੰਘ, ਪਰਮਜੀਤ ਸਿੰਘ, ਜਸਬੀਰ ਸਿੰਘ ਫੌਜੀ, ਸਵਿੰਦਰ ਸਿੰਘ ਲੰਬਰਦਾਰ, ਗੁਰਮੀਤ ਸਿੰਘ, ਦਲਜੀਤ ਸਿੰਘ ਅਤੇ ਦਰਬਾਰਾ ਸਿੰਘ ਆਦਿ ਹਾਜ਼ਰ ਸਨ।

# ਮੁਸਲਿਮ ਜਮਾਤ ਅਹਿਮਦੀਆ ਦਾ 129ਵਾਂ ਸਾਲਾਨਾ ਜਲਸਾ ਸ਼ਾਨੋ-ਸ਼ੌਕਤ ਨਾਲ ਸਮਾਪਤ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਮੁਸਲਿਮ ਜਮਾਤ ਅਹਿਮਦੀਆ ਦੇ ਮੁੱਖ ਕੇਂਦਰ ਕਾਦੀਆਂ ਵਿਖੇ 129ਵਾਂ ਜਲਸਾ ਸਾਲਾਨਾ ਕਾਦੀਆਂ ਦੇ ਤੀਸਰੇ ਦਿਨ ਦਾ ਸਮਾਰੋਹ ਪਵਿੱਤਰ ਕੁਰਾਨ ਦੀ ਤਿਲਾਵਤ ਦੇ ਨਾਲ ਆਰੰਭ ਹੋ ਗਿਆ। ਇਸ ਮੌਕੇ ਵੱਖ-ਵੱਖ ਬੁਲਾਰਿਆਂ ਨੇ ਸੰਬੋਧਨ ਕੀਤਾ। ਇਸ ਤਿੰਨ ਰੋਜ਼ਾ ਜਲਸੇ ਦਾ ਕੇਂਦਰ ਇਮਾਮ ਜਮਾਤ ਅਹਿਮਦੀਆ ਆਲਮਗੀਰ ਹਜ਼ਰਤ ਮਿਰਜ਼ਾ ਮਸਰੂਰ ਅਹਿਮਦ ਸਾਹਿਬ ਦਾ ਸੰਬੋਧਨ ਰਿਹਾ। ਇਮਾਮ ਜਮਾਤ ਅਹਿਮਦੀਆ ਆਲਮਗੀਰ ਦਾ ਇਹ ਸੰਬੋਧਨ ਪੂਰੀ ਦੁਨੀਆ ਵਿੱਚ ਜਮਾਤ ਅਹਿਮਦੀਆ ਦੇ ਸੈਟੇਲਾਈਟ ਚੈਨਲ ਦੁਆਰਾ ਦੇਖਿਆ ਤੇ ਸੁਣਿਆ ਜਾਂਦਾ। ਭਾਰਤ ਦੀਆਂ ਵੱਖ-ਵੱਖ ਭਾਸ਼ਾਵਾਂ ਵਿੱਚ ਅਤੇ ਦੂਸਰੇ ਦੇਸ਼ਾਂ ਦੀਆਂ ਭਾਸ਼ਾਵਾਂ ਵਿੱਚ ਵੀ ਨਾਲ-ਨਾਲ ਟਰਾਂਸਲੇਸ਼ਨ ਦਾ ਪ੍ਰਬੰਧ ਕੀਤਾ ਗਿਆ। ਇਮਾਮ ਜਮਾਤ ਅਹਿਮਦੀਆ ਆਲਮਗੀਰ ਨੇ ਦੁਨੀਆ ਭਰ ਵਿੱਚ ਅਮਨ ਸ਼ਾਂਤੀ ਦੀ ਸਥਾਪਨਾ ਲਈ ਸਾਮੂਹਿਕ ਤੌਰ 'ਤੇ ਵਿਸ਼ੇਸ਼ ਦੁਆ ਕਰਵਾਈ ਗਈ। ਇਮਾਮੇ ਜਮਾਤ ਅਹਿਮਦੀਆ ਆਲਮਗੀਰ ਹਜ਼ਰਤ ਮਿਰਜ਼ਾ ਮਸਰੂਰ ਅਹਿਮਦ ਸਾਹਿਬ ਜਲਸੇ ਦੀ ਵਿਸ਼ੇਸ਼ਤਾ ਅਤੇ ਬਰਕਤ ਦੇ ਹਵਾਲੇ ਨਾਲ ਫਰਮਾਉਂਦੇ ਹਨ ਕਿ ਹਜ਼ਰਤ ਅਕਦਸ ਮਸੀਹ ਮਾਊਦ ਅਲੈਹ ਸਲਾਮ ਨੇ ਇਸ ਜਲਸੇ ਨੂੰ ਖਾਲਸ ਰੂਹਾਨੀ ਜਲਸਾ ਹੋਣ ਦੀ ਦੁਆ ਕੀਤੀ ਹੈ। ਜਿਸ ਵਿੱਚ ਸਾਡੀ ਰੂਹਾਨੀ ਅਤੇ ਗਿਆਨ ਦੀ ਤਰੱਕੀ ਦੀਆਂ ਗੱਲਾਂ ਵੱਲ ਧਿਆਨ ਦਵਾਇਆ ਜਾਂਦਾ ਹੈ ਅਤੇ ਇਸ ਦਾ ਇੱਕ ਵੱਡਾ ਮਕਸਦ ਇਹ ਸੀ ਕਿ ਬਾਨੀ ਜਮਾਤ ਅਹਿਮਦੀਆ ਨੇ ਫਰਮਾਇਆ ਕਿ ਆਪਸ ਵਿੱਚ ਪਿਆਰ ਮੁਹੱਬਤ ਦਾ ਰਿਸ਼ਤਾ ਕਾਇਮ ਕਰਨਾ ਹੈ। ਜਲਸਾ ਸਲਾਨਾ ਕਾਦੀਆਂ ਆਪਸੀ ਏਕਤਾ ਦੀ ਸਿੱਖਿਆ ਦਿੰਦਾ ਹੈ। ਜੋ ਲੋਕ ਇਸ ਜਲਸੇ ਵਿੱਚ ਸ਼ਾਮਿਲ ਹੁੰਦੇ ਹਨ ਉਨ੍ਹਾਂ ਦੇ ਅੰਦਰ ਹਮਦਰਦੀ ਦਾ ਜਜ਼ਬਾ ਪੈਦਾ ਹੁੰਦਾ ਹੈ। ਉਹ ਦੇਸ਼ ਅਤੇ ਕੌਮ ਲਈ ਵਧੀਆ ਇਨਸਾਨ ਬਣਨ ਦੀ ਕੋਸ਼ਿਸ਼ ਕਰਦੇ ਹਨ। ਜਲਸਾ ਸਲਾਨਾ ਕਾਦੀਆਂ ਜਿਸ ਦਾ ਆਗਾਜ਼ 1891 ਈਸਵੀ ਵਿੱਚ ਇਸ ਬਸਤੀ ਕਾਦੀਆਂ ਤੋਂ ਹੋਇਆ ਇਸ ਪਹਿਲੇ ਜਲਸੇ ਵਿੱਚ ਕੇਵਲ 75 ਵਿਅਕਤੀ ਸ਼ਾਮਿਲ ਹੋਏ ਸਨ ਲੇਕਿਨ ਅੱਜ ਦੁਨੀਆ ਦੇ ਵੱਖ-ਵੱਖ ਦੇਸ਼ਾਂ ਵਿੱਚ ਬਕਾਇਦਗੀ ਨਾਲ ਜਲਸਾ ਸਲਾਨਾ ਆਯੋਜਿਤ ਕੀਤਾ ਜਾਂਦਾ ਹੈ ਜਿਸ ਵਿੱਚ ਵੱਡੀ ਗਿਣਤੀ ਵਿੱਚ ਲੋਕ ਸ਼ਾਮਿਲ ਹੁੰਦੇ ਹਨ। ਅੱਜ ਵੀ ਬਾਨੀ ਜਮਾਤ ਅਹਿਮਦੀਆ ਹਜ਼ਰਤ ਮਿਰਜ਼ਾ ਗੁਲਾਮ ਅਹਿਮਦ ਸਾਹਿਬ ਕਾਦੀਆਨੀ ਅਲੈਹ ਸਲਾਮ ਦੀ ਸਿੱਖਿਆਵਾਂ ਦੇ ਪ੍ਰਕਾਸ਼ ਵਿੱਚ ਖਿਲਾਫਤੇ ਅਹਿਮਦੀਆ ਦੇ ਸਾਏ ਹੇਠਾਂ ਕੇਵਲ ਰੂਹਾਨੀ ਮਕਸਦ ਦੇ ਲਈ ਇਹ ਜਲਸਾ ਪੂਰੀ ਦੁਨੀਆ ਦੇ ਵੱਖ-ਵੱਖ ਹਿੱਸਿਆਂ ਵਿੱਚ ਆਯੋਜਿਤ ਹੋ ਰਿਹਾ ਹੈ ਅਤੇ ਜਲਸੇ ਦੀਆਂ ਬਰਕਤਾਂ ਤੋਂ ਇੱਕ ਦੁਨੀਆਂ ਲਾਭ ਉਠਾ ਰਹੀ ਹੈ ਅਤੇ ਰੂਹਾਨੀ ਤਰੱਕੀ ਕਰ ਰਹੀ ਹੈ। ਅੱਜ ਮੁਸਲਿਮ ਜਮਾਤ ਅਹਿਮਦੀਆ ਦਾ 129ਵਾਂ ਜਲਸਾ ਸਾਲਾਨਾ ਕਾਮਯਾਬੀ ਨਾਲ ਦੁਨੀਆ ਭਰ ਲਈ ਅਮਨ ਸ਼ਾਂਤੀ ਦੀ ਸਾਮੂਹਿਕ ਦੁਆ ਦੇ ਨਾਲ ਸਮਾਪਤ ਹੋ ਗਿਆ।

# ਸੰਸਦ ਮੈਂਬਰ ਔਜਲਾ ਨੇ ਪਰਿਵਾਰ ਸਣੇ ਡਾ: ਮਨਮੋਹਨ ਸਿੰਘ ਦੇ ਅੰਤਿਮ ਦਰਸ਼ਨ ਕੀਤੇ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਦੇਸ਼ ਦੇ ਸਾਬਕਾ ਪ੍ਰਧਾਨ ਮੰਤਰੀ ਡਾ: ਮਨਮੋਹਨ ਸਿੰਘ ਦੇ ਅੰਤਿਮ ਦਰਸ਼ਨਾਂ ਲਈ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਪਰਿਵਾਰ ਸਮੇਤ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਔਜਲਾ ਨੇ ਅੰਮ੍ਰਿਤਸਰ ਅਤੇ ਹਿੰਦੂ ਕਾਲਜ ਦੀ ਤਰਫੋਂ ਦਿੱਲੀ ਸਥਿਤ ਆਲ ਇੰਡੀਆ ਕਾਂਗਰਸ ਕਮੇਟੀ ਦੇ ਦਫਤਰ ਵਿੱਚ ਰੱਖੀ ਡਾ. ਮਨਮੋਹਨ ਸਿੰਘ ਦੀ ਮ੍ਰਿਤਕ ਦੇਹ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਦੌਰਾਨ ਸਾਬਕਾ ਵਿਧਾਇਕ ਜੁਗਲ ਕਿਸ਼ੋਰ ਸ਼ਰਮਾ, ਡਾ: ਰਾਜ ਕੁਮਾਰ ਵੇਰਕਾ, ਸੰਸਦ ਮੈਂਬਰ ਔਜਲਾ ਦੀ ਪਤਨੀ ਅਨਦਲੀਬ ਕੌਰ ਔਜਲਾ ਅਤੇ ਉਨ੍ਹਾਂ ਦੇ ਪੁੱਤਰ ਬਾਬਰ ਔਜਲਾ ਹਾਜ਼ਰ ਸਨ। ਸੰਸਦ ਮੈਂਬਰ ਔਜਲਾ ਨੇ ਕਿਹਾ ਕਿ ਡਾ: ਮਨਮੋਹਨ ਸਿੰਘ ਹਮੇਸ਼ਾ ਉਨ੍ਹਾਂ ਲਈ ਮਾਰਗ ਦਰਸ਼ਕ ਰਹੇ ਹਨ। ਉਨ੍ਹਾਂ ਦੀ ਸਰਪ੍ਰਸਤੀ ਹੇਠ ਹੀ ਉਨ੍ਹਾਂ ਨੇ ਰਾਜਨੀਤੀ ਸਿੱਖੀ, ਜਦਕਿ ਡਾ: ਮਨਮੋਹਨ ਸਿੰਘ ਦਾ ਅੰਮ੍ਰਿਤਸਰ ਨਾਲ ਪਿਆਰ ਹਮੇਸ਼ਾ ਉਨ੍ਹਾਂ ਨੂੰ ਪ੍ਰੇਰਿਤ ਕਰਦਾ ਰਿਹਾ ਹੈ। ਗੁਰੂ ਨਗਰੀ ਨਾਲ ਉਨ੍ਹਾਂ ਦਾ ਖਾਸ ਰਿਸ਼ਤਾ ਸੀ ਅਤੇ ਉਹ ਹਮੇਸ਼ਾ ਇਸ ਅਸਥਾਨ ਲਈ ਨਵੀਆਂ ਸਕੀਮਾਂ ਲਿਆਉਣ ਦੀ ਗੱਲ ਕਰਦੇ ਸਨ। ਉਨ੍ਹਾਂ ਨੇ ਹਮੇਸ਼ਾ ਉਨ੍ਹਾਂ ਨੂੰ ਸਾਕਾਰਾਤਮਕ ਸਬਕ ਸਿਖਾਏ ਅਤੇ ਜਦੋਂ ਵੀ ਉਹ ਉਨ੍ਹਾਂ ਨੂੰ ਮਿਲੇ, ਉਨ੍ਹਾਂ ਨੇ ਗੁਰੂ ਨਗਰੀ ਲਈ ਦੁੱਗਣੇ ਉਤਸ਼ਾਹ ਨਾਲ ਕੰਮ ਕਰਨ ਦੀ ਇੱਛਾ ਮਹਿਸੂਸ ਕੀਤੀ। ਐੱਮ. ਪੀ. ਔਜਲਾ ਨੇ ਕਿਹਾ ਕਿ ਡਾ: ਮਨਮੋਹਨ ਸਿੰਘ ਦੇ ਜੀਵਨ ਅਤੇ ਸਾਦਗੀ ਤੋਂ ਕੇਵਲ ਉਹ ਹੀ ਨਹੀਂ ਬਲਕਿ ਉਨ੍ਹਾਂ ਦੇ ਪਰਿਵਾਰ ਦਾ ਹਰ ਮੈਂਬਰ ਪ੍ਰਭਾਵਿਤ ਹੈ ਅਤੇ ਉਨ੍ਹਾਂ ਦੇ ਸਬਕ ਜੀਵਨ ਭਰ ਉਨ੍ਹਾਂ ਦੇ ਨਾਲ ਰਹਿਣਗੇ। ਉਹ ਡਾ: ਸਾਹਿਬ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੇ ਹਨ ਅਤੇ ਅਰਦਾਸ ਕਰਦੇ ਹਨ ਕਿ ਪ੍ਰਮਾਤਮਾ ਉਨ੍ਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਦੇਵੇ।



*ਪਿੰਡ ਬੁਤਾਲਾ ਵਿਖੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਸਮਰਪਿਤ ਦੁੱਧ ਦਾ ਲੰਗਰ ਲਗਾਉਂਦੇ ਹੋਏ ਮਾਹਲਾ ਪਰਿਵਾਰ ਦੇ ਨੌਜਵਾਨ। (ਫੋਟੋ ਤੇ ਵੇਰਵਾ: ਨਿਰਮਲ ਸੰਘਾ ਬੁਤਾਲਾ)*

# ਮੇਰਾ ਮੁੱਢਲਾ ਨਿਸ਼ਾਨਾ ਨੌਜਵਾਨਾਂ ਨੂੰ ਰੰਗਮੰਚ ਨਾਲ ਜੋੜਨਾ: ਕੇਵਲ ਧਾਲੀਵਾਲ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਏਸ਼ੀਆ ਦੀ ਸਭ ਤੋਂ ਵੱਡੀ ਰੰਗਮੰਚ ਸੰਸਥਾ ਨੈਸ਼ਨਲ ਸਕੂਲ ਆਫ਼ ਡਰਾਮਾ ਵੱਲੋਂ ਪੰਜਾਬ ਦੀ ਪ੍ਰਸਿੱਧ ਨਾਟ ਸੰਸਥਾ ਮੰਚ ਰੰਗਮੰਚ (ਰਜਿ.) ਅੰਮ੍ਰਿਤਸਰ ਅਤੇ ਵਿਰਸਾ ਵਿਹਾਰ ਅੰਮ੍ਰਿਤਸਰ ਵੱਲੋਂ ਰਾਸ਼ਟਰਪਤੀ ਐਵਾਰਡ ਨਾਲ ਸਨਮਾਨਿਤ ਸ਼ਖ਼ਸੀਅਤ ਸ਼੍ਰੋਮਣੀ ਨਾਟਕਕਾਰ ਕੇਵਲ ਧਾਲੀਵਾਲ ਦੀ ਯੋਗ ਅਗਵਾਈ ਹੇਠ ਇਕ ਮਹੀਨੇ ਦੀ ਥੀਏਟਰ ਵਰਕਸ਼ਾਪ 15 ਦਸੰਬਰ ਤੋਂ 15 ਜਨਵਰੀ 2025 ਤੱਕ ਵਿਰਸਾ ਵਿਹਾਰ 'ਚ ਚੱਲ ਰਹੀ ਹੈ। ਇਸ ਵਰਕਸ਼ਾਪ ਵਿੱਚ ਨੌਜੁਆਨਾਂ ਨੂੰ ਨੈਸ਼ਨਲ ਸਕੂਲ ਆਫ਼ ਡਰਾਮਾ ਵੱਲੋਂ ਸਿੱਖਿਅਤ ਰੰਗਮੰਚ ਕਲਾ ਦੇ ਮਾਹਿਰ ਕੇਵਲ ਧਾਲੀਵਾਲ, ਪਾਰਥੋ ਬੈਨਰਜੀ, ਪ੍ਰੀਤਪਾਲ ਰੁਪਾਨਾ, ਰਾਜਿੰਦਰ ਰਾਜੂ ਤੇ ਸਰਸ ਕੁਮਾਰ ਵੱਲੋਂ ਨੌਜੁਆਨਾਂ ਨੂੰ ਰੰਗਮੰਚ ਦੀਆਂ ਬਰੀਕੀਆਂ ਸਿਖਾਈਆਂ ਜਾ ਰਹੀਆਂ ਹਨ। ਇਸ ਰੰਗਮੰਚ ਕਾਰਜਸ਼ਾਲਾ ਵਿੱਚ ਪੰਜਾਬ ਤੋਂ ਇਲਾਵਾਂ ਭਾਰਤ ਦੇ ਵੱਖ-ਵੱਖ ਸੂਬਿਆਂ ਤੋਂ 30 ਦੇ ਕਰੀਬ ਵਿਦਿਆਰਥੀ ਰੰਗਮੰਚ ਦੀ ਸਿੱਖਿਆ ਪ੍ਰਾਪਤ ਕਰ ਰਹੇ ਹਨ। ਇਸ ਥੀਏਟਰ ਵਰਕਸ਼ਾਪ ਵਿੱਚ ਰਾਜਸਥਾਨ, ਦਿੱਲੀ, ਮੁੰਬਈ, ਹਿਮਾਚਲ, ਬਿਹਾਰ ਅਤੇ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਵਿਦਿਆਰਥੀ ਆਏ ਹਨ। ਕੇਵਲ ਧਾਲੀਵਾਲ ਨੇ ਦੱਸਿਆ ਕਿ ਮੇਰਾ ਮਕਸਦ ਇਹੀ ਕਿ ਨੌਜਵਾਨ ਪੀੜ੍ਹੀ ਨੂੰ ਰੰਗਮੰਚ ਦੀ ਚੰਗੀ ਸਿੱਖਿਆ ਦਿੱਤੀ ਜਾਵੇ ਤਾਂ ਕਿ ਉਹ ਆਪਣੇ ਖੇਤਰਾਂ ਵਿੱਚ ਕਾਮਯਾਬ ਹੋ ਸਕਣ ਅਤੇ ਰੰਗਮੰਚ ਦੀ ਜੋਤ ਨੂੰ ਕਾਇਮ ਰੱਖਣ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਐਕਟਿੰਗ, ਸਟੇਜ ਕਰਾਫ਼ਟ, ਰੰਗ-ਪ੍ਰਕਾਸ਼ ਤੇ ਰੰਗਮੰਚ ਦੇ ਹੋਰ ਪਹਿਲੂਆਂ ਤੋਂ ਵੀ ਜਾਣੂ ਕਰਵਾਇਆ ਜਾ ਰਿਹਾ ਹੈ।

# ਕੌਮੀ ਖੇਤੀ ਮਾਰਕੀਟਿੰਗ ਨੀਤੀ ਨੂੰ ਰੱਦ ਕਰਾਉਣ ਲਈ ਜਨਤਕ ਜਥੇਬੰਦੀਆਂ ਵੱਲੋਂ ਕਨਵੈਨਸ਼ਨ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)—ਆਰ. ਐੱਮ. ਪੀ. ਆਈ. ਤਹਿਸੀਲ ਅਜਨਾਲਾ ਦੀ ਅਗਵਾਈ 'ਚ ਸੈਂਕੜੇ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ ਤੇ ਔਰਤਾਂ ਦੀਆਂ ਜਨਤਕ ਜਥੇਬੰਦੀਆਂ ਵੱਲੋਂ ਕੌਮੀ ਖੇਤੀ ਮਾਰਕੀਟਿੰਗ ਨੀਤੀ ਨੂੰ ਰੱਦ ਕਰਾਉਣ ਅਤੇ ਸੰਯੁਕਤ ਕਿਸਾਨ ਮੋਰਚੇ ਦੀਆਂ ਮੰਗਾਂ ਮਨਵਾਉਣ ਲਈ ਅਜਨਾਲਾ ਵਿਖੇ ਭਰਵੀਂ ਕਨਵੈਨਸ਼ਨ ਕੀਤੀ ਗਈ ਜਿਸ ਦੀ ਪ੍ਰਧਾਨਗੀ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਤਰਸੇਮ ਸਿੰਘ ਕਾਮਲਪੁਰਾ, ਚਰਨ ਸਿੰਘ ਭਿੰਡੀ ਔਲਖ, ਪ੍ਰੋਫੈਸਰ ਮਾਲਕ ਸਿੰਘ ਗੁਰਾਲਾ, ਬੂਰਾ ਸਿੰਘ ਖਾਨਵਾਲ, ਜੱਗਾ ਸਿੰਘ ਡੱਲਾ, ਬੀਬੀ ਅਜੀਤ ਕੌਰ ਨੇ ਕੀਤੀ। ਖਚਾਖਚ ਭਰੇ ਸਮਾਗਮ ਨੂੰ ਸੰਬੋਧਨ ਕਰਦਿਆਂ ਜਮਹੂਰੀ ਕਿਸਾਨ ਸਭਾ ਦੇ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ, ਕਿਸਾਨ ਸਭਾ ਦੇ ਸੀਨੀਅਰ ਆਗੂ ਵਿਰਸਾ ਸਿੰਘ ਟਪਿਆਲਾ, ਦੇਸ਼ ਸਿੰਘ ਭਿੰਡੀ ਔਲਖ ਤੇ ਬਲਕਾਰ ਸਿੰਘ ਗੁੱਲਗੜ੍ਹ ਨੇ ਦੱਸਿਆ ਕਿ ਦਿੱਲੀ ਮੋਰਚੇ 'ਚ ਜਿਹੜੇ ਕਾਲੇ ਕਾਨੂੰਨ ਰੱਦ ਕਰਵਾਏ ਸਨ ਉਨ੍ਹਾਂ ਦਾ ਰੂਪ ਬਦਲ ਕੇ ਕਿਸਾਨਾਂ, ਮਜ਼ਦੂਰਾਂ, ਦੁਕਾਨਦਾਰਾਂ, ਛੋਟੇ ਕਾਰੋਬਾਰੀਆਂ ਦੇ ਵਿਰੋਧੀ ਅਤੇ ਦੇਸ਼ਧ੍ਰੋਹੀ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਇਹ ਜਿਹੜੀ ਨਵੀਂ ਕੌਮੀ ਖੇਤੀ ਮਾਰਕੀਟਿੰਗ ਨੀਤੀ ਲਿਆਂਦੀ ਗਈ ਹੈ ਇਹ ਕਾਰਪੋਰੇਟਾਂ ਤੇ ਵਿਦੇਸ਼ੀ ਸਰਮਾਏਦਾਰੀ ਮੁਲਕਾਂ ਦੇ ਪੱਖ ਵਿੱਚ ਹੈ। ਇਸ ਸਮੇਂ ਇਕੱਠ 'ਚ ਬੋਲਦਿਆਂ ਦਿਹਾਤੀ ਮਜ਼ਦੂਰ ਸਭਾ ਦੇ ਪ੍ਰਧਾਨ ਸੁਰਜੀਤ ਸਿੰਘ ਦੁਹਰਾਏ ਨੇ ਡੂੰਘੀ ਚਿੰਤਾ ਪ੍ਰਗਟ ਕੀਤੀ ਕਿ ਸਰਕਾਰੀ ਮੰਡੀਆਂ ਟੁੱਟਣ ਨਾਲ ਸਾਰੇ ਦੇਸ਼ ਦੇ ਕਰੋੜਾਂ ਖੇਤ ਮਜ਼ਦੂਰਾਂ ਦਾ ਰੁਜ਼ਗਾਰ ਵੀ ਪ੍ਰਭਾਵਿਤ ਹੋਵੇਗਾ। ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਆਗੂਆਂ ਜੱਗਾ ਸਿੰਘ ਡੱਲਾ, ਗਾਇਕ ਗੁਰਪਾਲ ਗਿੱਲ ਸੈਦਪੁਰ, ਸ਼ਮਸ਼ੇਰ ਸਿੰਘ ਡੱਲਾ ਤੇ ਜਸਪ੍ਰੀਤ ਸਿੰਘ ਅਜਨਾਲਾ ਨੇ ਦੱਸਿਆ ਕਿ ਇਹ ਨੀਤੀ ਨਾਲ ਜਿਹੜੀਆਂ ਫਸਲਾਂ ਤੇ ਐੱਮਐੱਸਪੀ ਮਿਲਦੀ ਹੈ ਉਹ ਖੁੱਸ ਜਾਵੇਗੀ! ਅਜਿਹਾ ਹੋਣ ਨਾਲ ਨੌਜਵਾਨਾਂ ਦਾ ਖੇਤੀ ਵੱਲ ਰੁਝਾਨ ਬਿਲਕੁਲ ਖ਼ਤਮ ਹੋ ਜਾਵੇਗਾ! ਇਸ ਮੌਕੇ ਔਰਤ ਮੁਕਤੀ ਮੋਰਚੇ ਵੱਲੋਂ ਅਜੀਤ ਕੌਰ ਕੋਟ ਰਜ਼ਾਦਾ ਤੇ ਸਰਬਜੀਤ ਕੌਰ ਜਸਰਾਉਰ ਹੁਣਾਂ ਨੇ ਇਸ ਮੌਕੇ ਡਾਢੀ ਚਿੰਤਾ ਪ੍ਰਗਟ ਕੀਤੀ ਕਿ ਖੇਤੀ ਧੰਦੇ ਵਿੱਚ ਕੰਮ ਕਰਦੀਆਂ ਕਰੋੜਾਂ ਔਰਤਾਂ ਕੋਲੋਂ ਵੀ ਅਜਿਹਾ ਰੁਜ਼ਗਾਰ ਖੁੱਸ ਜਾਵੇਗਾ ਅਤੇ ਉਹ ਘਰੇਲੂ ਮੰਦਵਾੜੇ ਦਾ ਸ਼ਿਕਾਰ ਹੋਣਗੀਆ!

ਕਨਵੈਨਸ਼ਨ ਵਿੱਚ ਫੈਸਲਾ ਕੀਤਾ ਗਿਆ ਕਿ ਸੰਯੁਕਤ ਕਿਸਾਨ ਮੋਰਚਾ ਵੱਲੋਂ ਜਿਹੜੀ 9 ਜਨਵਰੀ ਨੂੰ ਉਕਤ ਮੰਗਾਂ ਮਨਵਾਉਣ ਲਈ ਮਹਾਂ ਪੰਚਾਇਤ ਆਯੋਜਿਤ ਕੀਤੀ ਜਾ ਰਹੀ ਹੈ ਉਸ ਵਿੱਚ ਪਾਕਿ ਭਾਰਤ ਦੇ ਸਰਹੱਦੀ ਖੇਤਰ 'ਚੋਂ ਸੈਂਕੜੇ ਲੋਕ ਵਹੀਰਾਂ ਘੱਤ ਕੇ ਮੋਗਾ ਪਹੁੰਚਣਗੇ! ਇਸ ਸਮੇਂ ਇਹ ਵੀ ਫ਼ੈਸਲਾ ਕੀਤਾ ਕਿ ਵੱਡੀ ਗਿਣਤੀ ਵਿੱਚ ਕਿਸਾਨ, ਮਜ਼ਦੂਰ ਨੌਜਵਾਨ ਤੇ ਹੋਰ ਮਿਹਨਤਕਸ਼ ਲੋਕ ਜਿਹੜੀ ਅਟਾਰੀ ਵਾਹਗਾ ਬਾਰਡਰ ਵਿਖੇ 31 ਦਸੰਬਰ ਨੂੰ ਰਾਜਸੀ ਚੇਤਨਾ ਕਾਨਫਰੰਸ ਕੀਤੀ ਜਾ ਰਹੀ ਹੈ ਉਸ ਵਿੱਚ ਵੱਡੀ ਗਿਣਤੀ ਵਿਚ ਸ਼ਮੂਲੀਅਤ ਕੀਤੀ ਜਾਵੇਗੀ!

ਇਹ ਵੀ ਫ਼ੈਸਲਾ ਲਿਆ ਗਿਆ ਕਿ 2 ਜਨਵਰੀ ਨੂੰ ਬਾਬਾ ਸਾਹਿਬ ਅੰਬੇਡਕਰ ਦੇ ਜਮੂਹਰੀਅਤ, ਧਰਮਨਿਰਪੱਖ ਤੇ ਜਾਤਪਾਤ ਨੂੰ ਰਹਿਤ ਸਮਾਜ ਸਿਰਜਣ ਦੀ ਵਿਚਾਰਧਾਰਾ ਨੂੰ ਦਲਿਤ ਗਰੀਬਾਂ ਤੇ ਆਮ ਲੋਕਾਂ ਵਿੱਚ ਪਹੁੰਚਾਉਣ ਲਈ ਬਲਾਕਾਂ ਦੇ ਪਿੰਡਾਂ ਵਿੱਚ ਮੀਟਿੰਗਾਂ ਕੀਤੀਆਂ ਜਾਣਗੀਆਂ। ਇਸ ਮੌਕੇ ਉਕਤ ਸਮੂਹ ਆਗੂਆਂ ਨੇ ਮਰਨ ਵਰਤ 'ਤੇ ਬੈਠੇ ਜਗਜੀਤ ਸਿੰਘ ਡੱਲੇਵਾਲ ਦੀ ਦਿਨ-ਬ-ਦਿਨ ਡਿਗ ਰਹੀ ਸਿਹਤ ਬਾਰੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਉਨ੍ਹਾਂ ਕੇਂਦਰ ਦੀ ਮੋਦੀ ਸਰਕਾਰ ਦੀ ਮੰਗਾਂ ਨਾ ਮੰਨਣ ਸਬੰਧੀ ਹੱਠ ਧਰਮੀ ਦੀ ਸਖ਼ਤ ਨਿੰਦਿਆ ਕਰਦਿਆਂ ਕਿਹਾ ਕਿ ਡੱਲੇਵਾਲ ਦੀ ਕੀਮਤੀ ਜਾਨ ਬਚਾਉਣ ਲਈ ਕੇਂਦਰ ਸਰਕਾਰ ਤੁਰੰਤ ਮੰਗਾਂ ਮੰਨੇ ਉਕਤ ਆਗੂਆਂ ਨੇ ਦੱਸਿਆ ਕਿ ਖੇਤੀ ਕਿੱਤਾ ਸੂਬੇ ਦਾ ਵਿਸ਼ਾ ਹੈ।

ਇਸ ਲਈ ਪੰਜਾਬ ਸਰਕਾਰ ਨੂੰ ਵੀ ਪਹਿਲ ਕਦਮੀ ਕਰਕੇ ਮੰਗਾਂ ਦਾ ਨਿਪਟਾਰਾ ਕਰਨ ਚਾਹੀਦਾ ਹੈ! ਇਸ ਸਮੇਂ ਹੋਰਨਾਂ ਤੋਂ ਇਲਾਵਾ ਬਲਬੀਰ ਸਿੰਘ ਕੱਕੜ, ਸੁਰਜੀਤ ਸਿੰਘ ਭੂਰੇ ਗਿੱਲ, ਬਲਤੇਜ ਸਿੰਘ ਦਿਆਲਪੁਰਾ, ਜਥੇਦਾਰ ਸਤਬੀਰ ਸਿੰਘ ਹਾਸ਼ਮਪੁਰ, ਮੁਖਤਾਰ ਸਿੰਘ ਡੱਲਾ, ਸਰਪੰਚ ਸੋਨੂੰ ਸਿੰਘ ਡੱਲਾ, ਸਰਪੰਚ ਇੰਦਰਜੀਤ ਸਿੰਘ ਅਨੈਤਪੁਰਾ, ਸਰਪੰਚ ਬਲਦੇਵ ਸਿੰਘ ਰਾਏਪੁਰ, ਜੰਗਬਹਾਦਰ ਸਿੰਘ ਮਟੀਆਂ, ਬਲਕਾਰ ਸਿੰਘ ਜੋਸ਼, ਬਿਕਰਮਜੀਤ ਸਿੰਘ ਕੋਹਾਲੀ, ਕਰਨੈਲ ਸਿੰਘ ਭਿੰਡੀ ਸੈਦਾਂ, ਪ੍ਰੀਤਮ ਸਿੰਘ ਟਨਾਣਾ ਆਦਿ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ!

## ਸਾਹਿਬਜ਼ਾਦਿਆਂ ਦੀਆਂ ਲਾਸਾਨੀ ਸ਼ਹੀਦੀਆਂ ਦੀ ਉਦਾਹਰਣ ਵਿਸ਼ਵ ਇਤਿਹਾਸ 'ਚ ਕਿਤੇ ਨਹੀਂ ਮਿਲਦੀ : ਸਾਧਵੀ ਨਾਯਨਾ ਭਾਰਤੀ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਦਿਵਯ ਜਯੋਤੀ ਜਾਗਰਤੀ ਸੰਸਥਾਨ ਦੁਆਰਾ ਤਰਨ ਤਾਰਨ ਆਸ਼ਰਮ ਅੰਦਰ ਚਾਰ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਤਿਸੰਗ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਪ੍ਰੋਗਰਾਮ ਦੇ ਦੌਰਾਨ ਪ੍ਰਵਚਨ ਕਰਦਿਆਂ ਸਾਧਵੀ ਨਾਯਨਾ ਭਾਰਤੀ ਨੇ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦਿਆਂ ਨੇ ਜੋ ਅਮਰ ਅਤੇ ਲਾਸਾਨੀ ਸ਼ਹੀਦੀਆਂ ਪ੍ਰਾਪਤ ਕੀਤੀਆਂ ਉਹਨਾਂ ਦੀ ਉਦਾਹਰਣ ਵਿਸ਼ਵ ਭਰ ਦੇ ਸਮੁੱਚੇ ਇਤਿਹਾਸ ਵਿੱਚ ਕਿਧਰੇ ਵੀ ਦੇਖਣ ਨੂੰ ਨਹੀਂ ਮਿਲਦੀ। ਸਾਕਾ ਚਮਕੌਰ ਸਾਹਿਬ ਦੀ ਵਿਲੱਖਣ ਜੰਗ ਵਿੱਚ ਸਾਹਿਬਜ਼ਾਦਾ ਅਜੀਤ ਸਿੰਘ ਅਤੇ ਜੁਝਾਰ ਸਿੰਘ ਨੇ ਅਮਰ ਅਤੇ ਲਾਸਾਨੀ ਸ਼ਹੀਦੀਆਂ ਪ੍ਰਾਪਤ ਕੀਤੀਆਂ। ਸਾਹਿਬਜ਼ਾਦਾ ਅਜੀਤ ਸਿੰਘ ਅਤੇ ਜੁਝਾਰ ਸਿੰਘ ਸਮੇਤ 40 ਸਿੰਘਾਂ ਨੇ ਦੁਸ਼ਮਣਾਂ ਦੀਆਂ ਲੱਖਾਂ ਦੀ ਗਿਣਤੀ 'ਚ ਫੌਜਾਂ ਨਾਲ ਯੁੱਧ ਕਰਕੇ ਉਨ੍ਹਾਂ ਨੂੰ ਲੋਹੇ ਦੇ ਚਣੇ ਚਬਾ ਦਿੱਤੇ। ਇਸੇ ਤਰ੍ਹਾਂ ਸਰਹੰਦ ਦੀ ਕੰਧ ਵਿੱਚ ਦੋ ਨਿੱਕੀਆਂ ਜਿਹੀਆਂ ਮਾਸੂਮ ਜਿੰਦੜੀਆਂ ਨੇ ਬੇਮਿਸਾਲ ਵੱਡਾ ਸਾਕਾ ਕਰਕੇ ਇਤਿਹਾਸ ਵਿੱਚ ਇੱਕ ਅਨੋਖਾ ਮੀਲ ਪੱਥਰ ਸਥਾਪਿਤ ਕਰ ਦਿੱਤਾ। ਸਾਹਿਬਜ਼ਾਦਿਆਂ ਨੇ ਮੌਤ ਦੇ ਡਰ ਅਤੇ ਜ਼ਿੰਦਗੀ ਦੇ ਸੁੱਖਾਂ ਦੇ ਲਾਲਚ ਨੂੰ ਤਿਆਗਦੇ ਹੋਏ ਅਡੋਲ ਰਹਿ ਕੇ ਜਿਸ ਤਰ੍ਹਾਂ ਕੁਰਬਾਨੀਆਂ ਦਿੱਤੀਆਂ, ਦੁਨੀਆ ਦੇ ਇਤਿਹਾਸ ਵਿੱਚ ਇਸ ਵਰਗੀ ਕੋਈ ਹੋਰ ਉਦਾਹਰਣ ਮਿਲਣੀ ਅਸੰਭਵ ਹੈ। ਪ੍ਰੋਗਰਾਮ ਦੇ ਦੌਰਾਨ ਗੁਰਮੁਖ ਭੈਣ ਸਾਧਵੀ ਛਿਪਰਾ ਭਾਰਤੀ, ਸਾਧਵੀ ਪਰਮਜੀਤ ਭਾਰਤੀ ਨੇ ਸੁੰਦਰ ਸ਼ਬਦਾਂ ਦਾ ਗੁਣਗਾਨ ਕੀਤਾ।

# ਲੇਖਕ ਅਦਾਕਾਰ ਕਲਾ ਮੰਚ ਵੱਲੋਂ ਬਾਬਾ ਬਕਾਲਾ ਸਾਹਿਬ ਵਿਖੇ ਵਿਸ਼ਾਲ ਕਵੀ ਦਰਬਾਰ ਆਯੋਜਿਤ



ਬਾਬਾ ਬਕਾਲਾ ਸਾਹਿਬ (ਨਿਰਮਲ ਸਿੰਘ ਸੰਘਾ)-ਬਾਬਾ ਮੱਖਣ ਸ਼ਾਹ ਲੁਬਾਣਾ ਸਰਾਂ, ਬਾਬਾ ਬਕਾਲਾ ਸਾਹਿਬ ਵਿਖੇ ਲੇਖਕ ਅਦਾਕਾਰ ਕਲਾ ਮੰਚ ਖਡੂਰ ਸਾਹਿਬ ਵੱਲੋਂ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਸਹਿਯੋਗ ਨਾਲ ਇਕ ਵਿਸ਼ਾਲ ਸਾਹਿਤਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਪ੍ਰਧਾਨਗੀ ਮੰਡਲ ਵਿੱਚ ਸਾਬਕਾ ਵਿਧਾਇਕ ਜਥੇਦਾਰ ਬਲਜੀਤ ਸਿੰਘ ਜਲਾਲ ਉਸਮਾ, ਮੈਨੇਜਰ ਭਾਈ ਗੁਰਪ੍ਰੀਤ ਸਿੰਘ ਮੱਲੇਵਾਲ, ਪੰਜਾਬੀ ਜ਼ੁਬਾਨ ਦੇ ਨਾਮਵਰ ਗਾਇਕ ਦਲਵਿੰਦਰ ਦਿਆਲਪੁਰੀ, ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਕੱਤਰ ਦੀਪ ਦਵਿੰਦਰ ਸਿੰਘ, ਕਾਰਜਕਾਰਨੀ ਮੈਂਬਰ ਮਾ: ਮਨਜੀਤ ਸਿੰਘ ਵੱਸੀ, ਅਮਰੀਕ ਸਿੰਘ ਕੰਗ ਸਾ: ਸਰਪੰਚ ਗਿੱਲ ਕਲੇਰ, ਫੀਲਡ ਪੱਤਰਕਾਰ ਐਸੋਸੀਏਸ਼ਨ ਦੇ ਸਰਪ੍ਰਸਤ ਹਰਜੀਪ੍ਰੀਤ ਸਿੰਘ ਕੰਗ, ਸੁਖਦੇਵ ਸਿੰਘ ਭੁੱਲਰ ਸਾ: ਮੈਨੇਜਰ ਪੰਜਾਬ ਸਕੂਲ ਸਿੱਖਿਆ ਬੋਰਡ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਸਰਪ੍ਰਸਤ ਪ੍ਰਿੰ. ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ ਆਦਿ ਸੁਸ਼ੋਭਿਤ ਹੋਏ। ਇਸ ਮੌਕੇ ਲੇਖਕ ਅਦਾਕਾਰ ਕਲਾ ਮੰਚ ਖਡੂਰ ਸਾਹਿਬ ਵੱਲੋਂ ਸਕੱਤਰ ਸਿੰਘ ਪੁਰੇਵਾਲ ਦੇ ਪਿਤਾ ਮੁਖਤਾਰ ਸਿੰਘ ਕੰਗ ਯਾਦਗਾਰੀ ਐਵਾਰਡ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ, ਉੱਘੇ ਲੇਖਕ ਅਤੇ ਪੱਤਰਕਾਰ ਸ਼ੇਲਿੰਦਰਜੀਤ ਸਿੰਘ ਰਾਜਨ ਨੂੰ ਦਿੱਤਾ ਗਿਆ, ਜਦਕਿ ਜਦਕਿ ਮਾਤਾ ਕੁਲਵੰਤ ਕੌਰ ਯਾਦਗਾਰੀ ਐਵਾਰਡ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਪ੍ਰਧਾਨ (ਮਹਿਲਾ ਵਿੰਗ) ਮੈਡਮ ਸੁਖਵੰਤ ਕੌਰ ਵੱਸੀ ਨੂੰ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਲੇਖਕ ਅਦਾਕਾਰ ਕਲਾ ਮੰਚ ਖਡੂਰ ਸਾਹਿਬ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਮੱਲੇਵਾਲ, ਸਕੱਤਰ ਸਿੰਘ ਪੁਰੇਵਾਲ, ਸੁਲੱਖਣ ਸਿੰਘ ਦਿਓਲ ਅਤੇ ਲਖਵਿੰਦਰ ਸਿੰਘ ਉਪਲ ਨੇ ਮੰਚ ਦੀਆਂ ਪ੍ਰਾਪਤੀਆਂ ਤੇ ਇਕ ਝਾਤ ਪਾਈ। ਮੰਚ ਸੰਚਾਲਨ ਸੁਲੱਖਣ ਸਿੰਘ ਦਿਓਲ ਨੇ ਬਾਖ਼ੂਬੀ ਨਿਭਾਏ। ਉਪਰੰਤ ਨਾਮਵਰ ਗਾਇਕ ਦਲਵਿੰਦਰ ਦਿਆਲਪੁਰੀ, ਮੱਖਣ ਭੈਣੀਵਾਲਾ, ਸਤਨਾਮ ਸਿੰਘ ਸੱਤਾ ਜਸਪਾਲ, ਸੁਖਦੇਵ ਸਿੰਘ ਗੰਡਵਾਂ, ਅਜੀਤ ਸਿੰਘ ਸਠਿਆਲਵੀ, ਲਖਵਿੰਦਰ ਸਿੰਘ ਉਪਲ, ਮਲੂਕ ਸਿੰਘ ਧਿਆਨਪੁਰੀ ਨੇ ਗਾਇਕੀ ਦੇ ਜੌਹਰ ਦਿਖਾਏ। ਉਪਰੰਤ ਹੋਏ ਕਵੀ ਦਰਬਾਰ ਵਿੱਚ ਸ਼ਾਇਰ ਵਿਸ਼ਾਲ, ਬਖਤੌਰ ਧਾਲੀਵਾਲ, ਦਿਲਰਾਜ ਸਿੰਘ ਦਰਦੀ, ਸਰਬਜੀਤ ਸਿੰਘ ਪੱਡਾ, ਨਵਦੀਪ ਸਿੰਘ ਬਦੇਸ਼ਾ, ਸਤਰਾਜ ਜਲਾਲਾਂਬਾਦੀ, ਜਸਪਾਲ ਸਿੰਘ ਧੂਲਕਾ, ਗੁਰਿੰਦਰ ਸਿੰਘ ਤਿੰਮੋਵਾਲ, ਹਰਮੇਸ਼ ਕੌਰ ਜੋਧੇ, ਜਤਿੰਦਰਪਾਲ ਕੌਰ ਭਿੰਡਰ, ਰਾਜਵਿੰਦਰ ਕੌਰ ਰਾਜ, ਸੁਰਿੰਦਰ ਖਿਲਚੀਆਂ, ਹਰਵਿੰਦਰਜੀਤ ਕੌਰ ਬਾਠ, ਰਮਨਦੀਪ ਕੌਰ ਦਿਓਲ, ਸੁਖਵਿੰਦਰ ਕੌਰ ਟੌਂਗ, ਮਾ: ਕ੍ਰਿਪਾਲ ਸਿੰਘ ਵੇਰਕਾ, ਬਲਵਿੰਦਰ ਸਿੰਘ ਸੇਖੋਂ, ਨਰਿੰਦਰ ਸਿੰਘ ਬੱਲ ਸਰਪੰਚ ਢੱਡੇ, ਸਕੱਤਰ ਸਿੰਘ ਪੁਰੇਵਾਲ, ਪ੍ਰਭਸਿਮਰਨ ਸਿੰਘ, ਗੁਰਪ੍ਰੀਤ ਸਿੰਘ ਉੱਪਲ, ਜਗੀਰ ਸਿੰਘ ਸਫਰੀ, ਨਿਰਮਲ ਸਿੰਘ ਸੰਘਾ, ਕਰਨੈਲ ਸਿੰਘ ਗੱਗੜਭਾਣਾ, ਅਰਜਨ ਸਿੰਘ ਸਰਾਂ, ਬਲਵਿੰਦਰ ਸਿੰਘ ਅਠੌਲਾ, ਲੱਖਾ ਸਿੰਘ ਅਜ਼ਾਦ, ਅੰਗਰੇਜ ਸਿੰਘ, ਸਿਮਨਰਜੀਤ ਸਿੰਘ ਗਿੱਲ, ਸਰਬਜੀਤ ਕੌਰ ਉੱਪਲ, ਹਰਸਿਮਰਤਪਾਲ ਸਿੰਘ ਕੰਗ, ਗੁਲੂ ਨੂਰਪੁਰੀ, ਸੁਬੇਗ ਸਿੰਘ ਮੀਆਂਵਿੰਡ, ਲਖਵਿੰਦਰ ਕੌਰ, ਸਰਪੰਚ ਦਲਬੀਰ ਸਿੰਘ, ਜਸਬੀਰ ਸਿੰਘ ਖੱਬੇ, ਅਮਨਦੀਪ ਕੌਰ, ਰਵੇਲ ਸਿੰਘ, ਸੁਮਨਦੀਪ ਕੌਰ, ਰਣਜੀਤ ਕੌਰ, ਹਰਦੀਪ ਸਿੰਘ, ਮੰਗਦੀਪ ਸਿੰਘ, ਦਿਲਪ੍ਰੀਤ ਸਿੰਘ, ਸੰਤੋਖ ਸਿੰਘ ਆਦਿ ਨੇ ਕਾਵਿ ਕਿਰਤਾਂ ਰਾਹੀਂ ਪੰਜਾਬੀ ਮਾਂ ਬੋਲੀ ਨੂੰ ਯਾਦ ਕੀਤਾ।

# ਬ੍ਰਹਮਗਿਆਨੀ ਸੰਤ ਬਾਬਾ ਮੋਹਨ ਸਿੰਘ ਨਾਮਧਾਰੀ ਤੇ ਸੰਤ ਬਾਬਾ ਤੇਜਾ ਸਿੰਘ ਨਕੌੜੇ ਵਾਲਿਆਂ ਦੀ ਬਰਸੀ ਮਨਾਈ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਕਸਬਾ ਡੇਰਾ ਬਾਬਾ ਨਾਨਕ ਦੇ ਬਾਜ਼ਾਰ ਤਾਰਾ ਚੰਦ ਵਿਖੇ ਹਰ ਸਾਲ ਦੀ ਤਰ੍ਹਾਂ ਬ੍ਰਹਮਗਿਆਨੀ ਸੰਤ ਬਾਬਾ ਮੋਹਨ ਸਿੰਘ ਨਾਮਧਾਰੀ ਪਿੰਡ ਭਾਗੋ ਵਾਲਿਆਂ ਦੀ 51ਵੀਂ ਅਤੇ ਬ੍ਰਹਮਗਿਆਨੀ ਸੰਤ ਬਾਬਾ ਤੇਜਾ ਸਿੰਘ ਨਕੌੜੇ ਵਾਲਿਆਂ ਦੀ 24ਵੀਂ ਬਰਸੀ ਨਗਰ ਕੌਂਸਲ ਡੇਰਾ ਬਾਬਾ ਨਾਨਕ ਦੇ ਸਾਬਕਾ ਕੌਂਸਲਰ ਮਾਸਟਰ ਨਰਿੰਦਰ ਸਿੰਘ ਦੇ ਗ੍ਰਹਿ ਵਿਖੇ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਈ ਗਈ। ਇਸ ਮੌਕੇ ਧਾਰਮਿਕ ਸਮਾਗਮ ਦੌਰਾਨ ਪਹਿਲਾ ਤੋਂ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਭਾਈ ਗੁਰਮੀਤ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਦੇ ਕੀਰਤਨੀ ਜਥੇ ਵੱਲੋਂ ਇਲਾਹੀ ਗੁਰਬਾਣੀ ਦਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਬਾਬਾ ਜੀ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਸੰਗਤਾਂ ਲਈ ਗੁਰੂ ਦਾ ਅਤੁੱਟ ਲੰਗਰ ਵੀ ਲਗਾਇਆਂ ਗਿਆ। ਇਸ ਮੌਕੇ ਮਾਸਟਰ ਨਰਿੰਦਰ ਸਿੰਘ ਖੁਸ਼ਹਾਲਪੁਰ, ਮਾਸਟਰ ਸਰਬਜੀਤ ਸਿੰਘ ਮੁੱਖ ਸੇਵਾਦਾਰ ਭਾਗੋਵਾਲ, ਅਮਰੀਕ ਸਿੰਘ ਸ਼ਾਹਪੁਰ ਮੈਂਬਰ ਐੱਸਜੀਪੀਸੀ, ਚੇਅਰਮੈਨ ਬਾਬਾ ਸੁਖਦੀਪ ਸਿੰਘ ਬੇਦੀ, ਜਥੇਦਾਰ ਅਮਰੀਕ ਸਿੰਘ ਖਲੀਲਪੁਰ, ਚੇਅਰਮੈਨ ਗੁਰਪ੍ਰਤਾਪ ਸਿੰਘ ਖੁਸਹਾਲਪੁਰ, ਚੇਅਰਮੈਨ ਕੰਵਲਜੀਤ ਸਿੰਘ ਖੁਸ਼ਹਾਲਪੁਰ, ਸੁਰਜੀਤ ਸਿੰਘ ਖੁਸ਼ਹਾਲਪੁਰ, ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ, ਹਰਜੀਤ ਸਿੰਘ ਠੇਠਰਕੇ, ਚੇਅਰਮੈਨ ਹਰਦੀਪ ਸਿੰਘ ਤਲਵੰਡੀ, ਚੇਅਰਮੈਨ ਲਾਡੀ ਸਮਰਾਏ, ਮਾਸਟਰ ਮਨਜੀਤ ਸਿੰਘ, ਪਰਮਜੀਤ ਸਿੰਘ ਚੰਡੀਗੜ੍ਹ, ਗੁਰਪ੍ਰੀਤ ਸਿੰਘ, ਗੁਰਮਿੰਦਰ ਸਿੰਘ, ਹਰਵਿੰਦਰ ਸਿੰਘ ਬੇਦੀ, ਸੁਰਜੀਤ ਸਿੰਘ ਬੇਦੀ, ਅਸ਼ੋਕ ਸ਼ਰਮਾ ਪ੍ਰਧਾਨ ਆੜ੍ਹਤੀ ਐਸੋਸੀਏਸ਼ਨ, ਬਲਵਿੰਦਰ ਸਿੰਘ ਬਿੱਲੂ, ਲਖਵਿੰਦਰ ਸਿੰਘ ਸਮਰਾਏ, ਧੰਨਰਾਜ ਸਿੰਘ ਬਾਜਵਾ, ਸੇਵਾ ਸਿੰਘ ਘੁੰਮਣ, ਅਮਰੀਕ ਸਿੰਘ ਘੁੰਮਣ, ਸੁਧੀਰ ਬੇਦੀ, ਰਜਤ ਮਰਵਾਹਾ, ਸ਼ਹਿਰੀ ਬੇਦੀ, ਹੀਰਾ ਲਾਲ ਜੰਡਿਆਲ, ਪੱਪਾ ਰੰਧਾਵਾ, ਤਰਲੋਚਨ ਸਿੰਘ ਐੱਮਸੀ, ਡਾ. ਅਸ਼ੋਕ ਸੋਨੀ, ਪਵਨ ਕੁਮਾਰ ਪੰਮਾ, ਮਨਦੀਪ ਸਿੰਘ ਲਾਡਾ, ਜਰਨੈਲ ਸਿੰਘ ਠੇਠਰਕੇ, ਰਾਮ ਲਾਲ ਸ਼ਰਮਾ ਪ੍ਰਧਾਨ ਬ੍ਰਾਹਮਣ ਸਭਾ, ਮਾਸਟਰ ਪਲਵਿੰਦਰ ਸਿੰਘ, ਸਤਨਾਮ ਸਿੰਘ ਫੌਜੀ, ਹਰਭਜਨ ਸਿੰਘ ਲੁਕਮਾਨੀਆ, ਸ਼ੇਰ ਅਮਰਜੀਤ ਸਿੰਘ, ਚੰਦਾ ਸਿੰਘ ਹਰੂਵਾਲ, ਮਾਸਟਰ ਚਰਨਜੀਤ ਸਿੰਘ ਬੇਦੀ, ਮਾਸਟਰ ਮਨਿੰਦਰ ਬੇਦੀ, ਸੰਜੀਵ ਵਰਮਾ, ਹੈੱਡਮਾਸਟਰ ਅਰਵਿੰਦਰ ਪਾਲ ਸਿੰਘ, ਮਾਸਟਰ ਜੁਗਲ ਕਿਸ਼ੋਰ, ਅੰਮ੍ਰਿਤ ਪਾਲ ਸਿੰਘ, ਨਵਪ੍ਰੀਤ ਸਿੰਘ, ਪ੍ਰਭਜੋਤ ਸਿੰਘ, ਸਾਬਕਾ ਸਰਪੰਚ ਜਤਿੰਦਰ ਪਾਲ ਕੌਰ, ਬੀਬੀ ਜਪ ਸਨੇਹ ਕੌਰ, ਮਨਜੀਤ ਕੌਰ, ਗੁਰਪ੍ਰੀਤ ਕੌਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

**ਜਨਮ ਦਿਨ ਮੁਬਾਰਕ**



ਉਦੇ ਸਹਿਰਾਜ ਸਿੰਘ ਗੁਰਾਇਆ

# ਸੂਬੇ ਦੇ ਬਿਜਲੀ ਖੇਤਰ 'ਚ ਬੇਮਿਸਾਲ ਵਿਕਾਸ ਦਾ ਸਾਲ ਰਿਹਾ 2024

**ਚੰਡੀਗੜ੍ਹ, (ਗੁਰਜੀਤ ਬਿੱਲਾ)**

ਸਾਲ 2024 ਦੀ ਸ਼ੁਰੂਆਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਜੀ.ਵੀ.ਕੇ ਪਾਵਰ ਤੋਂ ਗੋਇੰਦਵਾਲ ਪਾਵਰ ਪਲਾਂਟ ਨੂੰ 1080 ਕਰੋੜ ਰੁਪਏ ਦੀ ਲਾਗਤ ਨਾਲ ਖਰੀਦਣ ਦੇ ਇਤਿਹਾਸਕ ਕਦਮ ਨਾਲ ਹੋਈ। ਭਾਰਤ ਵਿੱਚ ਇੱਕ ਸੂਬ ਸਰਕਾਰ ਦੁਆਰਾ ਇੱਕ ਪ੍ਰਾਈਵੇਟ ਪਾਵਰ ਪਲਾਂਟ ਖਰੀਦਣ ਦੀ ਇਹ ਪਹਿਲੀ ਘਟਨਾ ਹੈ। ਸ੍ਰੀ ਗੁਰੂ ਅਮਰਦਾਸ ਜੀ ਦੇ ਨਾਮ 'ਤੇ ਰੱਖੇ ਗਏ ਇਸ ਥਰਮਲ ਪਲਾਂਟ ਦਾ ਲੋਡ ਫੈਕਟਰ ਇਸ ਸਾਲ ਦੌਰਾਨ 35 ਪ੍ਰਤੀਸ਼ਤ ਤੋਂ ਵਧਾ ਕੇ 77 ਪ੍ਰਤੀਸ਼ਤ ਕਰ ਦਿੱਤਾ ਗਿਆ, ਜਿਸ ਨਾਲ ਇਸ ਦੀ ਬਿਜਲੀ ਉਤਪਾਦਨ ਸਮਰੱਥਾ ਦੁੱਗਣੀ ਹੋ ਗਈ। ਇਹ 540 ਮੈਗਾਵਾਟ ਥਰਮਲ ਪਲਾਂਟ 2 ਕਰੋੜ ਪ੍ਰਤੀ ਮੈਗਾਵਾਟ ਦੀ ਕਿਫ਼ਾਇਤੀ ਦਰ 'ਤੇ ਪ੍ਰਾਪਤ ਕੀਤਾ ਗਿਆ, ਜਿਸ ਨਾਲ ਰਾਜ ਨੂੰ ਸਾਲਾਨਾ 350 ਕਰੋੜ ਰੁਪਏ ਤੋਂ ਵੱਧ ਦੀ ਬੱਚਤ ਹੋਣ ਦਾ ਅਨੁਮਾਨ ਹੈ।ਇਹ ਪ੍ਰਗਟਾਵਾ ਪੰਜਾਬ ਦੇ ਬਿਜਲੀ ਅਤੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਅੱਜ ਇਥੇ ਜਾਰੀ ਪ੍ਰੈਸ ਬਿਆਨ ਰਾਹੀਂ ਸੂਬੇ ਦੇ ਬਿਜਲੀ ਵਿਭਾਗ ਦੀ ਸਾਲ ਦੇ ਅੰਤ ਦੀ ਰਿਪੋਰਟ ਪੇਸ਼ ਕਰਦਿਆਂ ਬਿਜਲੀ ਖੇਤਰ ਵਿੱਚ ਕ੍ਰਾਂਤੀ ਲਿਆਉਣ ਵਿੱਚ ਪੰਜਾਬ ਸਰਕਾਰ ਵੱਲੋਂ ਨਿਭਾਈ ਗਈ ਅਹਿਮ ਭੂਮਿਕਾ ਬਾਰੇ ਚਾਨਣਾ ਪਾਉਂਦਿਆਂ ਕੀਤਾ। ਉਨ੍ਹਾਂ ਕਿਹਾ ਕਿ ਦਸੰਬਰ 2022 ਤੋਂ ਸ਼ੁਰੂ ਕੀਤੀ ਗਈ ਪਛਵਾੜਾ ਕੋਲਾ ਖਾਨ ਸੂਬੇ ਦੇ ਥਰਮਲ ਪਲਾਂਟਾਂ ਨੂੰ ਕੋਲੇ ਦੀ ਸਪਲਾਈ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਰਹੀ ਹੈ। ਉਨ੍ਹਾਂ ਕਿਹਾ ਕਿ 1 ਅਪ੍ਰੈਲ, 2024 ਤੋਂ 1277 ਰੇਕਾਂ ਰਾਹੀਂ ਇਸ ਖਾਣ ਤੋਂ ਕੁੱਲ 50.84 ਲੱਖ ਮੀਟ੍ਰਿਕ ਟਨ ਕੋਲੇ ਦੀ ਪ੍ਰਾਪਤੀ ਹੋਈ, ਜਿਸ ਦੀ ਲਾਗਤ ਕੋਲ ਇੰਡੀਆ ਲਿਮਟਿਡ ਨਾਲੋਂ 11 ਕਰੋੜ ਪ੍ਰਤੀ 1 ਲੱਖ ਮੀਟ੍ਰਿਕ ਟਨ ਸਸਤਾ ਹੈ। ਇਸ ਦੇ ਨਤੀਜੇ ਵਜੋਂ ਸੂਬੇ ਨੂੰ ਇਸ ਵਿੱਤੀ ਸਾਲ ਦੌਰਾਨ 593 ਰੁਪਏ ਦੀ ਬੱਚਤ ਹੋਈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਠੋਸ ਯਤਨਾਂ ਨਾਲ ਦਸੰਬਰ 2022 ਵਿੱਚ ਸ਼ੁਰੂ ਹੋਈ ਇਸ ਖਾਣ ਤੋਂ ਹੁਣ ਤੱਕ 93.87 ਲੱਖ ਮੀਟ੍ਰਿਕ ਟਨ ਕੋਲਾ ਪ੍ਰਾਪਤ ਕੀਤਾ ਗਿਆ ਹੈ ਜਿਸ ਨਾਲ ਕੁੱਲ 1000 ਕਰੋੜ ਰੁਪਏ ਦੀ ਬੱਚਤ ਹੋਈ ਹੈ।ਟਿਕਾਊ ਊਰਜਾ ਪ੍ਰਤੀ ਆਪਣੀ ਵਚਨਬੱਧਤਾ ਦੇ ਅਨੁਸਾਰ, ਪੰਜਾਬ ਸਰਕਾਰ ਨੇ ਸਾਫ਼ ਊਰਜਾ ਵਿੱਚ ਮਹੱਤਵਪੂਰਨ ਨਿਵੇਸ਼ ਕੀਤਾ ਹੈ। 1 ਅਪ੍ਰੈਲ ਤੋਂ 30 ਨਵੰਬਰ 2024 ਤੱਕ, ਵਿਭਾਗ ਨੇ 2.52 ਅਤੇ ਰੁ. 2.53 ਪ੍ਰਤੀ ਯੂਨਿਟ ਰੁਪਏ ਦੀਆਂ ਔਸਤ ਦਰਾਂ 'ਤੇ 1454 ਮੈਗਾਵਾਟ ਸੂਰਜੀ ਊਰਜਾ ਲਈ ਖਰੀਦ ਸਮਝੌਤੇ 'ਤੇ ਹਸਤਾਖਰ ਕੀਤੇ। ਮਾਰਚ 2022 ਵਿੱਚ ਸੱਤਾ ਸੰਭਾਲਣ ਤੋਂ ਬਾਅਦ ਸਰਕਾਰ ਨੇ 3704 ਮੈਗਾਵਾਟ ਸੂਰਜੀ ਊਰਜਾ ਲਈ ਸਮਝੌਤੇ ਕੀਤੇ ਹਨ, ਜਿਨ੍ਹਾਂ ਦੀ ਔਸਤ ਦਰਾ 2.33 ਰੁਪਏ ਤੋਂ 2.76 ਰੁਪਏ ਪ੍ਰਤੀ ਯੂਨਿਟ ਹੈ , ਕਹਿੰਦਿਆਂ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਕਿਹਾ ਕਿ ਇਸ ਤੋਂ ਇਲਾਵਾ ਰਾਜ ਭਰ ਵਿੱਚ 430 ਮੈਗਾਵਾਟ ਰੂਫ਼ਟਾਪ ਸੋਲਰ ਗਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ 900 ਮੈਗਾਵਾਟ ਹਾਈਬ੍ਰਿਡ ਪਾਵਰ (ਸੂਰਜੀ ਅਤੇ ਪੌਣ ਊਰਜਾ) ਲਈ ਵੀ 3.22 ਰੁਪਏ ਤੋਂ 3.28 ਰੁਪਏ ਪ੍ਰਤੀ ਯੂਨਿਟ ਔਸਤ ਦਰ ਨਾਲ ਸਮਝੌਤੇ ਸਹੀਬੱਧ ਕੀਤੇ ਹਨ।ਬਿਜਲੀ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਕਿਹਾ ਕਿ ਇਨ੍ਹਾਂ ਪਹਿਲਕਦਮੀਆਂ ਸਦਕਾ ਹੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸੂਬੇ ਦੇ ਘਰੇਲੂ ਖਪਤਕਾਰਾਂ ਨੂੰ ਹਰ ਦੋ ਮਹੀਨਿਆਂ ਲਈ 600 ਯੂਨਿਟ ਮੁਫ਼ਤ ਬਿਜਲੀ (ਜਾਂ 300 ਯੂਨਿਟ ਪ੍ਰਤੀ ਮਹੀਨਾ) ਸਫਲਤਾਪੂਰਵਕ ਮੁਹੱਈਆ ਕਰਵਾਈ ਹੈ। ਉਨ੍ਹਾਂ ਦੱਸਿਆ ਕਿ ਸੂਬੇ ਦੇ 90 ਫੀਸਦੀ ਘਰੇਲੂ ਖਪਤਕਾਰਾਂ ਨੂੰ ਜ਼ੀਰੋ ਬਿਜਲੀ ਬਿੱਲ ਪ੍ਰਾਪਤ ਹੋਏ ਹਨ। ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਕਿਹਾ ਕਿ ਨੈਸ਼ਨਲ ਗਰਿੱਡ ਤੋਂ ਬਿਜਲੀ ਪ੍ਰਾਪਤ ਕਰਨ ਲਈ ਸਾਲ 2024 ਵਿੱਚ ਟਰਾਂਸਮਿਸ਼ਨ ਸਮਰੱਥਾ ਨੂੰ 9000 ਮੈਗਾਵਾਟ ਤੋਂ ਵਧਾ ਕੇ 9800 ਮੈਗਾਵਾਟ ਕੀਤਾ ਗਿਆ, ਜੋ ਕਿ 2022 ਵਿੱਚ 7100 ਮੈਗਾਵਾਟ ਦੀ ਸਮਰੱਥਾ ਦੇ ਮੁਕਾਬਲੇ ਇੱਕ ਮਹੱਤਵਪੂਰਨ ਵਾਧਾ ਹੈ। ਸੂਬਾ ਸਰਕਾਰ ਵੱਲੋਂ 5 ਨਵੇਂ 66 ਕੇਵੀ ਸਬ-ਸਟੇਸ਼ਨ ਚਾਲੂ ਕੀਤੇ ਗਏ ਅਤੇ 14 ਪਾਵਰ ਟਰਾਂਸਫਾਰਮਰਾਂ ਦੀ ਸਮਰੱਥਾ ਦਾ ਵਿਸਤਾਰ ਕਰਕੇ 66 ਕੇਵੀ ਟਰਾਂਸਮਿਸ਼ਨ ਵਿੱਚ 780 ਮੈਗਾਵਾਟ ਦਾ ਵਾਧਾ ਕੀਤਾ ਗਿਆ। ਇਸ ਦੇ ਨਾਲ ਹੀ 27 ਕਿਲੋਮੀਟਰ ਲੰਬੀਆਂ 66 ਕੇਵੀ ਟਰਾਂਸਮਿਸ਼ਨ ਲਾਈਨਾਂ ਨੂੰ ਜੋੜਿਆ ਗਿਆ ਅਤੇ 400 ਕੇਵੀ, 220 ਕੇਵੀ ਜਾਂ 132 ਕੇਵੀ ਦੇ 28 ਪਾਵਰ ਟਰਾਂਸਫਾਰਮਰਾਂ ਦੀ ਸਮਰੱਥਾ ਵਧਾਈ ਗਈ ਜਾਂ ਨਵੇਂ ਟਰਾਂਸਫਾਰਮਰ ਲਗਾਏ ਗਏ, ਜਿਸ ਨਾਲ ਇਸ ਟਰਾਂਸਮਿਸ਼ਨ ਸਮਰੱਥਾ ਵਿੱਚ ਕੁੱਲ 2591 ਐਮ ਵੀ ਏ ਦਾ ਵਾਧਾ ਹੋਇਆ। ਉਨ੍ਹਾਂ ਦੱਸਿਆ ਕਿ 400 ਕੇਵੀ, 220 ਕੇਵੀ ਜਾਂ 132 ਕੇਵੀ ਸਬ-ਸਟੇਸ਼ਨਾਂ ਨਾਲ 131 ਸਰਕਟ ਕਿਲੋਮੀਟਰ ਟਰਾਂਸਮਿਸ਼ਨ ਲਾਈਨਾਂ ਨੂੰ ਜੋੜਿਆ ਗਿਆ ਹੈ। ਉਨ੍ਹਾਂ ਕਿਹਾ ਕਿ ਰੋਪੜ ਵਿੱਚ ਇੱਕ ਨਵਾਂ 400 ਕੇਵੀ ਸਬ-ਸਟੇਸ਼ਨ ਚਾਲੂ ਕੀਤਾ ਗਿਆ ਹੈ ਅਤੇ ਗੁਰਦਾਸਪੁਰ ਵਿੱਚ 132 ਕੇਵੀ ਸਬ-ਸਟੇਸ਼ਨ ਨੂੰ 220 ਕੇਵੀ ਸਮਰੱਥਾ ਤੱਕ ਅੱਪਗਰੇਡ ਕੀਤਾ ਗਿਆ ਹੈ।ਬਿਜਲੀ ਮੰਤਰੀ ਨੇ ਕਿਹਾ ਕਿ ਬਿਜਲੀ ਵਿਭਾਗ ਦੇ ਇਨ੍ਹਾਂ ਯਤਨਾਂ ਦਾ ਹੀ ਫਲ ਹੈ ਕਿ 29 ਜੂਨ, 2024 ਨੂੰ 16058 ਮੈਗਾਵਾਟ ਦੀ ਬਿਜਲੀ ਦੀ ਵੱਧ ਤੋਂ ਵੱਧ ਮੰਗ ਪੂਰੀ ਕੀਤੀ ਅਤੇ ਉਦਯੋਗਿਕ, ਰਿਹਾਇਸ਼ੀ ਜਾਂ ਵਪਾਰਕ ਖੇਤਰਾਂ ਤੇ ਬਿਜਲੀ ਕੱਟ ਲਗਾਏ ਬਿਨਾਂ ਹੀ ਖੇਤੀਬਾੜੀ ਖੇਤਰ ਨੂੰ 8 ਘੰਟੇ ਤੋਂ ਵੱਧ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਈ ਗਈ।ਬਿਜਲੀ ਮੰਤਰੀ ਨੇ ਵਿਭਾਗ ਦੀਆਂ ਪ੍ਰਾਪਤੀਆਂ 'ਤੇ ਮਾਣ ਪ੍ਰਗਟ ਕਰਦਿਆਂ 1 ਅਪ੍ਰੈਲ 2024 ਤੋਂ ਹੁਣ ਤੱਕ ਪੀ.ਐੱਸ.ਪੀ.ਸੀ.ਐੱਲ. ਅਤੇ ਪੀ.ਐੱਸ.ਟੀ.ਸੀ.ਐੱਲ. ਵਿੱਚ 1351 ਨੌਜਵਾਨਾਂ ਦੀ ਭਰਤੀ ਦਾ ਜ਼ਿਕਰ ਕੀਤਾ। ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਬਿਜਲੀ ਵਿਭਾਗ ਦੀ ਮਨੁੱਖੀ ਸ਼ਕਤੀ ਨੂੰ ਮਜ਼ਬੂਤ ਕਰਨ ਲਈ ਇਸ ਦੇ ਵਿਕਾਸਸ਼ੀਲ ਬੁਨਿਆਦੀ ਢਾਂਚੇ ਦੀ ਬਿਹਤਰ ਵਰਤੋਂ ਯਕੀਨੀ ਬਣਾਉਣ ਲਈ ਵਿਭਾਗ ਵੱਲੋਂ ਮਾਰਚ 2022 ਤੋਂ ਲੈ ਕੇ ਹੁਣ ਤੱਕ ਪੀ.ਐੱਸ.ਪੀ.ਸੀ.ਐੱਲ. ਅਤੇ ਪੀ.ਐੱਸ.ਟੀ.ਸੀ.ਐੱਲ. ਵਿੱਚ ਕੁੱਲ 6498 ਅਸਾਮੀਆਂ ਵਿਰੁੱਧ ਭਰਤੀਆਂ ਕੀਤੀਆਂ ਗਈਆਂ ।ਬਿਜਲੀ ਮੰਤਰੀ ਨੇ ਕਿਹਾ ਕਿ ਬਿਜਲੀ ਵੰਡ ਢਾਂਚੇ ਵਿੱਚ ਹੋਰ ਸੁਧਾਰ ਕਰਨ ਲਈ ਰੀਵੈਮਪਡ ਡਿਸਟ੍ਰੀਬਿਊਸ਼ਨ ਸੈਕਟਰ ਸਕੀਮ (ਆਰ.ਡੀ.ਐਸ,ਐਸ) ਤਹਿਤ 9,563 ਕਰੋੜ ਰੁਪਏ ਮਨਜ਼ੂਰ ਕੀਤੇ ਗਏ ਹਨ, ਜਿਸ ਵਿੱਚੋਂ 60 ਫੀਸਦੀ ਗ੍ਰਾਂਟ ਭਾਰਤ ਸਰਕਾਰ ਤੋਂ ਪ੍ਰਾਪਤ ਕੀਤੀ ਜਾਵੇਗੀ। ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਬਿਜਲੀ ਵਿਭਾਗ ਪੰਜਾਬ ਦੇ ਲੋਕਾਂ ਨੂੰ ਬਿਹਤਰ ਅਤੇ ਨਿਰਵਿਘਨ ਬਿਜਲੀ ਸਪਲਾਈ ਨੂੰ ਯਕੀਨੀ ਬਣਾਉਂਦੇ ਹੋਏ ਸਾਲ 2025 ਵਿੱਚ ਵੀ ਨਵੇਂ ਮੀਲ ਪੱਥਰ ਸਥਾਪਤ ਕਰਦਾ ਰਹੇਗਾ।

# ਮਨੁੱਖਾ ਜੂਨ



'ਅਵੱਲ ਅੱਲਾ ਨੂਰ ਉਪਾਇਆ, ਕੁਦਰਤ ਦੇ ਸਭ ਬੰਦੇ।।

ਏਕ ਨੂਰ ਤੇ ਸਭ ਜੱਗ ਉਪਜਿਆ, ਕੌਣ ਭਲੇ ਕੋ ਮੰਦੇ।।'

ਮਨੁੱਖ ਜੀਵਨ ਵੇਦਾਂ ਵਿੱਚ ਚਾਰ ਭਾਗਾਂ ਵਿੱਚ ਵੰਡਿਆ ਹੈ। ਬਾਲ ਅਵਸਥਾ ਦੇ ਇੱਕ ਤੋਂ 25 ਸਾਲ, ਜਵਾਨੀ ਅਵਸਥਾ 25 ਸਾਲ ਤੋਂ 50 ਸਾਲ, ਗ੍ਰਹਿ ਅਵਸਥਾ 50 ਤੋਂ 75 ਸਾਲ ਤੇ ਬਿਰਧ ਅਵਸਥਾ 75 ਤੋਂ 100 ਸਾਲ ਹੁੰਦੀ ਹੈ। ਮਨੋਵਿਗਿਆਨੀਆਂ ਨੇ ਇਸ ਤਰ੍ਹਾਂ ਵੰਡਿਆ ਹੈ: ਅਵਸਥਾ ਇੱਕ ਤੋਂ ਛੇ ਸਾਲ, ਕਿਸ਼ੋਰ ਅਵਸਥਾ 7—14 ਸਾਲ, ਜਵਾਨੀ ਅਵਸਥਾ 15 ਸਾਲ ਤੇ 60 ਸਾਲ, ਬੁਢਾਪਾ 60 ਸਾਲ ਤੋਂ ਉੱਪਰ ਮੰਨੀ ਗਈ ਹੈ। ਗੁਰੂ ਤੇਗ ਬਹਾਦਰ ਜੀ ਨੇ ਆਪਣੇ ਸ਼ਲੋਕ ਵਿੱਚ ਲਿਖਿਆ ਹੈ: ਬਾਲ, ਜੁਆਨੀ ਔਰ ਬਿਰਧਪਨ ਤੀਨ ਅਵਸਥਾ ਜਾਨ।।'



ਡਾ. ਨਵਪ੍ਰੀਤ ਕੌਰ
ਸੰਪਰਕ : 82839-59199

ਪ੍ਰਮਾਤਮਾ ਵੱਲੋਂ ਮਾਪਿਆਂ ਨੂੰ ਬੱਚਾ ਇੱਕ ਅਮੁੱਲ ਦਾਤ ਦੇ ਰੂਪ ਵਿੱਚ ਮਿਲਦਾ ਹੈ। ਜਦੋਂ ਬੱਚਾ ਮਾਤ ਲੋਕ ਵਿੱਚ ਆਉਂਦਾ ਹੈ ਤਾਂ ਮਾਪਿਆਂ ਨੂੰ ਬਹੁਤ ਖੁਸ਼ੀ ਹੁੰਦੀ ਹੈ। ਉਹ ਇਹ ਖੁਸ਼ੀ ਭਾਈਚਾਰੇ ਤੇ ਰਿਸ਼ਤੇਦਾਰ ਨਾਲ ਸਾਂਝੀ ਕਰਦੇ ਹਨ। ਵਧਾਈਆਂ ਮਿਲਣ 'ਤੇ ਉਹ ਅੰਨ, ਧਨ ਤੇ ਕੱਪੜੇ ਦਾਨ ਕਰਦੇ ਹਨ। ਮਠਿਆਈਆਂ ਵੰਡੀਆਂ ਜਾਂਦੀਆਂ ਤੇ ਸੁੱਖਾਂ ਲਾਹੀਆਂ ਜਾਂਦੀਆਂ ਹਨ। ਬੱਚਾ ਮਾਂ ਨੂੰ ਇਸ਼ਾਰੇ ਨਾਲ ਗੱਲ ਸਮਝਾਉਂਦਾ ਹੈ। ਮਾਂ-ਬਾਪ ਦੀ ਪਛਾਣ ਕਰਦਾ ਹੈ। ਫਿਰ ਉਸ ਨੂੰ ਹੋਰ ਚੀਜ਼ਾਂ ਖਾਣ ਦੀ ਲਾਲਸਾ ਹੋ ਜਾਂਦੀ ਹੈ। ਬਾਲਕਾਂ ਦੇ ਵਿੱਚ ਖੇਡਣ ਲੱਗਦਾ ਹੈ।

ਦੂਜੀ ਅਵਸਥਾ ਵਿੱਚ ਉਹ ਮਾਤ ਲੋਕ ਦੀ ਮਾਇਆ ਦੇ ਮੋਹ ਵਿੱਚ ਪੈ ਜਾਂਦਾ ਹੈ। ਰੱਬ ਨੂੰ ਵਿਸਾਰ ਦਿੰਦਾ ਹੈ। ਦਾੜ੍ਹੀ-ਮੁੱਛਾਂ ਫੁੱਟ ਆਉਂਦੀਆਂ ਹਨ ਤੇ ਜੁਆਨੀ ਚੜ੍ਹ ਜਾਂਦੀ ਹੈ। ਅੱਖਾਂ ਹੋਰ ਹੋ ਜਾਂਦੀਆਂ ਹਨ। ਕਾਮ, ਕਰੋਧ, ਮੋਹ, ਲੋਭ ਤੇ ਹੰਕਾਰ ਪੰਜ ਡਾਕੂ ਉਸ ਦੇ ਸੁੰਨੇ ਘਰ ਨੂੰ ਲੁੱਟਣ ਲੱਗਦੇ ਹਨ। ਕਈ ਬੰਦੇ ਮੰਦੇ ਕੰਮ ਕਰਨ ਲੱਗ ਜਾਂਦੇ ਹਨ। ਉਹ ਚੋਰੀ, ਝੂਠ, ਬਦਫੈਲੀ ਤਾ ਕਰਦੇ ਹਨ, ਨਸ਼ੇ ਖਾ ਕੇ ਸਰੀਰ ਗੁਆ ਲੈਂਦੇ ਹਨ। ਬਾਕੀ ਲੋਕ ਅਧਿਆਤਮਕ ਜੀਵਨ ਗੁਜ਼ਾਰਦੇ ਹਨ। ਉਹ ਆਪਣਾ ਭਵਿੱਖ ਸੁਹੇਲਾ ਕਰ ਲੈਂਦੇ ਹਨ।

ਆਤਮਾ ਨੇ ਇਕ ਦਿਨ ਸਰੀਰ ਵਿੱਚੋਂ ਨਿਕਲ ਕੇ ਉੱਡ ਜਾਣਾ ਹੈ ਤੇ ਪ੍ਰਮਾਤਮਾ ਨਾਲ ਮਿਲ ਜਾਣਾ ਹੈ। ਭਾਵੇਂ ਕਈ ਮਨੁੱਖ ਮੰਦੇ ਕੰਮ ਕਰਕੇ ਬੁਢਾਪੇ ਵਿੱਚ ਰੱਬ ਦਾ ਉਲ੍ਹਾਂਭਾ ਲਾਹੁਣ ਲਈ ਮਾਲਾ ਫੇਰਨ ਦਾ ਦਿਖਾਵਾ ਕਰਦੇ ਹਨ, ਪਰ ਉਨ੍ਹਾ ਦੀ ਆਤਮਾ ਅਪਵਿੱਤਰ ਹੋ ਚੁੱਕੀ ਹੁੰਦੀ ਹੈ ਤੇ ਭਟਕਦੀ ਰਹਿੰਦੀ ਹੈ। ਰਾਹੂ-ਕੇਤੂ ਰੱਬ ਕੋਲ ਜਾ ਕੇ ਮਨੁੱਖ ਦੇ ਚੰਗੇ-ਮੰਦੇ ਕੰਮਾਂ ਦਾ ਲੇਖਾ-ਜੋਖਾ ਦਿੰਦੇ ਹਨ। ਧਰਮ ਰਾਜ ਕੰਮਾਂ ਅਨੁਸਾਰ ਮਨੁੱਖ ਨੂੰ ਨਰਕ ਤੇ ਸਵਰਗ ਵਿੱਚ ਭੇਜ਼ ਦਿੰਦਾ ਹੈ। ਮੰਦੇ ਲੋਕਾਂ ਦੀ ਆਤਮਾ ਚੌਰਾਸੀ ਲੱਖ 'ਚ ਪੈ ਜਾਂਦੀ ਹੈ ਤੇ ਚੰਗੇ ਮਨੁੱਖਾਂ ਦੀ ਆਤਮਾ ਚੌਰਾਸੀ ਲੱਖ ਜੂਨੀਆਂ ਵਿੱਚੋਂ ਮੁਕਤ ਹੋ ਜਾਂਦੀ ਹੈ। ਇਸ ਲਈ ਨਾਮ ਜਪਣਾ, ਕਮਾਈ ਦਾ ਦਸਵਾਂ ਹਿੱਸਾ ਦਾਨ ਕਰਨਾ, ਭਲਾਈ ਕਰਨਾ ਜਿਹੇ ਜ਼ਿੰਦਗੀ ਦੇ ਚੰਗੇ ਅਸੂਲਾਂ ਅਪਣਾਉਣਾ ਤੇ ਹਰ ਸਮੇਂ ਪ੍ਰਮਾਤਮਾ ਨੂੰ ਅੰਗ-ਸੰਗ ਸਮਝਣਾ ਚਾਹੀਦਾ ਹੈ ਤੇ ਰੱਬ ਦੀਆਂ ਦੇਣਾਂ ਪ੍ਰਤੀ ਸ਼ੁਕਰਗੁਜ਼ਾਰ ਹੋਣਾ ਤੇ ਉਸ ਦਾ ਦਿੱਤਾ ਭਾਣਾ ਦੁੱਖ-ਸੁੱਖ ਸਿਰਮੱਥੇ ਮੰਨਣਾ ਹੀ ਮਨੁੱਖ ਦੇ ਫਰਜ਼ ਬਣਦੇ ਹਨ। 'ਫਰੀਦਾ ਮਾਨਸ ਜਨਮ ਦੁਰੱਲਭ ਹੈ, ਹੋਤ ਨਾ ਬਾਰੋ ਬਾਰ।।' ਇਸ ਤਰ੍ਹਾਂ ਮਨੁੱਖਾ ਜਨਮ ਅਨਮੋਲ ਹੁੰਦਾ ਹੈ। ਇਸ ਦੀ ਕੀਮਤ ਸਮਝਦੇ ਹੋਏ ਇਸ ਨੂੰ ਚੰਗੇ ਪਾਸੇ ਨਾਲ ਜੋੜਨਾ ਚਾਹੀਦਾ ਹੈ।

## ਪਟੌਦੀ-ਹੇਲੀ ਮੰਡੀ ਤੇ ਫਰੂਖਨਗਰ ਸੰਭਾਵਿਤ ਖੇਤਰ 'ਚ ਸੋਧ ਕਰਨ ਨੂੰ ਪ੍ਰਵਾਨਗੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਹਰਿਆਣਾ ਕੈਬਨਿਟ ਮੀਟਿੰਗ ਵਿਚ ਟਾਊਨ ਐਂਡ ਕੰਟਰੀ ਪਲਾਨਿੰਗ ਵਿਭਾਗ ਵੱਲੋਂ ਜ਼ਿਲ੍ਹਾ ਗੁਰੂਗ੍ਰਾਮ ਦੇ ਪਟੌਦੀ-ਹੇਲੀ ਮੰਡੀ ਅਤੇ ਫਰੂਖਨਗਰ ਸੰਭਾਵਿਤ ਖੇਤਰ ਵਿਚ ਸੋਧ ਕਰਨ ਨੂੰ ਪ੍ਰਵਾਨਗੀ ਦਿੱਤੀ ਗਈ।ਪਟੌਦੀ-ਹੇਲੀ ਮੰਡੀ ਅਤੇ ਫਰੂਖਨਗਰ (ਜ਼ਿਲ੍ਹਾ ਗੁਰੂਗ੍ਰਾਮ) ਦੇ ਖੇਤਰ ਮੌਜੂਦਾ ਵਿਚ ਹਰਿਆਣਾ ਵਿਕਾਸ ਅਤੇ ਸ਼ਹਿਰੀ ਖੇਤਰਾਂ ਦੇ ਵਿਨਿਯਮਨ ਨਿਯਮ, 1976 ਦੀ ਅਨੁਸੂਚੀ ਅਨੁਸਾਰ ਘੱਟ ਸਮਰੱਥਾ ਵਾਲੇ ਖੇਤਰ ਦੇ ਤਹਿਤ ਆਉਂਦੇ ਹਨ। ਜਿਸ ਵਿਚ ਵੱਖ-ਵੱਖ ਸੰਭਾਵਿਤ ਖੇਤਰ ਨਿਰਧਾਰਤ ਕੀਤੇ ਗਏ ਹਨ ਜੋ ਘੱਟ, ਮੱਧਮ, ਉੱਚ ਅਤੇ ਅਤਿ ਸੰਭਾਵਿਤ ਖੇਤਰ ਹਨ। ਇਸ ਤਰ੍ਹਾਂ ਇਹ ਵੇਖਿਆ ਗਿਆ ਹੈ ਕਿ ਇਹ ਖੇਤਰ ਹੁਣ ਕਾਲੋਨੀਆਂ ਦੇ ਵਿਕਾਸ ਅਤੇ ਸੰਸਥਾਨਾਂ, ਸਨਅਤਾਂ, ਗੋਦਾਮਾਂ ਆਦਿ ਵਰਗੀਆਂ ਹੋਰ ਗਤੀਵਿਧੀਆਂ ਲਈ ਬਹੁਤ ਸੰਭਾਵਿਤ ਹੋ ਗਏ ਹਨ। ਇਸ ਲਈ ਇਹ ਪ੍ਰਸਤਾਵ ਹੈ ਕਿ ਪਟੌਦੀ-ਹੇਲੀ ਮੰਡੀ ਅਤੇ ਫਰੂਖਨਗਰ ਦੇ ਖੇਤਰਾਂ ਨੂੰ ਘੱਟ ਸਮਰੱਥਾ ਵਾਲੇ ਖੇਤਰ ਤੋਂ ਮਧਮ ਸਮਰੱਥਾ ਵਾਲੇ ਖੇਤਰ ਵਿਚ ਅਪਗ੍ਰੇਡ ਕੀਤਾ ਜਾ ਸਕਦਾ ਹੈ। ਇਸ ਨਾਲ ਰਾਜ ਦੇ ਖਜ਼ਾਨੇ ਵਿਚ ਮਾਲੀਆ ਵਿਚ ਵਾਧਾ ਹੋਵੇਗਾ।

## ਢਿਲਵਾਂ ਟੋਲ ਪਲਾਜ਼ਾ 'ਤੇ ਧਰਨਾ ਅੱਜ

**ਕਪੂਰਥਲਾ (ਮਨਜੀਤ ਮਾਨ)**-ਕਿਸਾਨ ਮਜ਼ਦੂਰ ਮੋਰਚਾ ਅਤੇ ਸੰਯੁਕਤ ਕਿਸਾਨ ਮੋਰਚਾ (ਗੈਰ ਸਿਆਸੀ) ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ 30 ਦਸੰਬਰ ਨੂੰ ਪੰਜਾਬ ਬੰਦ ਦੀ ਦਿੱਤੀ ਕਾਲ ਦਾ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੋਆਬਾ ਜ਼ੋਨ ਸਮਰਥਨ ਕਰਦੀ ਹੈ। ਇਹਨਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੋਆਬਾ ਜ਼ੋਨ ਦੇ ਪ੍ਰਧਾਨ ਪ੍ਰਧਾਨ ਬਾਈ ਨਛੱਤਰ ਸਿੰਘ, ਜਨਰਲ ਸਕੱਤਰ ਮਨਪ੍ਰੀਤ ਸਿੰਘ ਮੰਨਾ ਨੇ ਕਿਹਾ ਕਿ ਪੰਜਾਬ ਬੰਦ ਦੇ ਸੱਦੇ ਨੂੰ ਪੂਰਨ ਤੌਰ 'ਤੇ ਕਾਮਯਾਬ ਬਣਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਟੋਲ ਪਲਾਜ਼ਾ ਢਿਲਵਾਂ ਵਿਖੇ ਸਵੇਰੇ 7 ਵਜੇ ਤੋਂ ਸ਼ਾਮ 4 ਵਜੇ ਤੱਕ ਆਵਾਜਾਈ ਬੰਦ ਕਰਕੇ ਧਰਨਾ ਦਿੱਤਾ ਜਾਵੇਗਾ।

## ਸੇਂਟ ਜੋਸਫ ਦੇ ਸ਼੍ਰੇਅਸ ਨੇ ਸਟੇਟ ਤਾਈਕਵਾਂਡੋ 'ਚ ਜਿੱਤੇ ਮੈਡਲ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**



ਪੰਜਾਬ ਸਰਕਾਰ ਵੱਲੋਂ ਕਰਵਾਈਆਂ ਗਈਆਂ ਖੇਡਾਂ ਵਤਨ ਪੰਜਾਬ ਦੀਆਂ (ਸੀਜ਼ਨ 3) 2024-25 ਵਿੱਚ ਫਰੀਦਕੋਟ ਵਿਖੇ ਹੋਏ ਸਟੇਟ ਦਾ ਤਾਇਕਵਾਂਡੋ ਚੈਂਪੀਅਨਸ਼ਿਪ ਵਿੱਚ ਹੁਸ਼ਿਆਰਪੁਰ ਦੇ ਸੇਂਟ ਜੋਸਫ ਕਾਨਵੈਂਟ ਸਕੂਲ ਦੇ ਨੌਵੀਂ ਜਮਾਤ ਦੇ ਵਿਦਿਆਰਥੀ ਸ਼੍ਰੇਅਸ ਕੁਮਾਰ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਕਾਂਸੀ ਦਾ ਤਗਮਾ ਜਿੱਤ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ। ਖਿਡਾਰੀ ਨੇ ਵਧੀਆ ਖੇਡ ਦਾ ਪ੍ਰਦਰਸ਼ਨ ਕੀਤਾ ਤੇ ਵੱਖ-ਵੱਖ ਜ਼ਿਲ੍ਹਿਆਂ ਨੂੰ ਤਾਇਕਵਾਂਡੋ ਫਾਈਟਾਂ ਵਿੱਚ ਹਰਾਇਆ। ਇਸ ਜਿੱਤ ਦੇ ਖਿਡਾਰੀ ਨੂੰ ਸਰਕਾਰ ਵੱਲੋਂ ਮੈਡਲ, ਸਰਟੀਫਿਕੇਟ ਅਤੇ ਨਗਦ ਇਨਾਮ ਦਿੱਤਾ ਗਿਆ। ਜ਼ਿਕਰਯੋਗ ਹੈ ਕਿ ਸ਼੍ਰੇਅਸ ਕੁਮਾਰ ਨੇ ਅੰਮ੍ਰਿਤਸਰ ਵਿੱਚ ਹੋਈ 27ਵੀਂ ਪੰਜਾਬ ਸਟੇਟ ਸੀਨੀਅਰ ਤਾਇਕਵਾਂਡੋ ਮੁਕਾਬਲਿਆਂ ਵਿੱਚ ਹੁਸ਼ਿਆਰਪੁਰ ਜ਼ਿਲ੍ਹੇ ਦੀ ਧਾਕ ਜਮਾਂਉਂਦੇ ਹੋਏ ਗੋਲਡ ਮੈਡਲ ਹਾਸਲ ਕੀਤਾ। ਸਟੇਟ ਤਾਇਕਵਾਂਡੋ ਸੈਕਟਰੀ ਜਸਪਾਲ ਸਿੰਘ ਦੁਆਰਾ ਦੱਸਿਆ ਗਿਆ ਇਹ ਖਿਡਾਰੀ 28 ਜਨਵਰੀ ਤੋਂ 14 ਫਰਵਰੀ 2025 ਵਿੱਚ ਉੱਤਰਾਖੰਡ ਵਿੱਚ ਹੋਣ ਜਾ ਰਹੀਆਂ 38ਵੀਂ ਨੈਸ਼ਨਲ ਗੇਮ ਦੀ ਸਿਲੈਕਸ਼ਨ ਲਈ ਟਰਾਇਲ ਵਿੱਚ ਭਾਗ ਲਵੇਗਾ। ਇਸ ਮੌਕੇ ਇਸ ਖਿਡਾਰੀ ਨੂੰ ਜ਼ਿਲ੍ਹਾ ਖੇਡ ਅਫਸਰ ਗੁਰਪ੍ਰੀਤ ਸਿੰਘ ਬਾਜਵਾ, ਸਕੂਲ ਪ੍ਰਿੰਸੀਪਲ ਸਿਸਟਰ ਸੁਧਾ ਅਤੇ ਸਪੋਰਟਸ ਕੋਆਰਡੀਨੇਟਰ ਜਗਜੀਤ ਸਿੰਘ ਵੱਲੋਂ ਸਨਮਾਨਤ ਕੀਤਾ ਗਿਆ।

## ਲਖਵੀਰ ਕੋਟਲੀ ਯੂਥ ਕਾਂਗਰਸ ਜ਼ਿਲ੍ਹਾ ਦਿਹਾਤੀ ਦੇ ਪ੍ਰਧਾਨ ਨਿਯੁਕਤ



**ਜਲੰਧਰ (ਇਕਬਾਲ ਸਿੰਘ ਉਭੀ)**-ਸੂਬੇ ਵਿੱਚ ਕਾਂਗਰਸ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਆਲ ਇੰਡੀਆ ਕਾਂਗਰਸ ਕਮੇਟੀ ਦੇ ਪ੍ਰਧਾਨ ਮਲਿਕਅਰਜੁਨ ਖੜਗੇ, ਸਾਬਕਾ ਪ੍ਰਧਾਨ ਸੋਨੀਆ ਗਾਂਧੀ, ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੰਜਾਬ ਯੂਥ ਕਾਂਗਰਸ ਪੰਜਾਬ ਦੇ ਇੰਚਾਰਜ ਰਿਸ਼ਨਦਰ ਸਿੰਘ ਮਾਹਰ ਅਤੇ ਪੰਜਾਬ ਪ੍ਰਧਾਨ ਮੋਹਿਤ ਮਹਿੰਦਰਾ ਨੇ ਨਿਯੁਕਤੀ ਪੱਤਰ ਜਾਰੀ ਕਰਦਿਆਂ ਨੌਜਵਾਨ ਆਗੂ ਲਖਵੀਰ ਸਿੰਘ ਕੋਟਲੀ ਨੂੰ ਜ਼ਿਲ੍ਹਾ ਜਲੰਧਰ ਦਿਹਾਤੀ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ।ਇਸ ਮੌਕੇ ਕੋਟਲੀ ਨੇ ਆਲ ਇੰਡੀਆ ਕਾਂਗਰਸ ਕਮੇਟੀ ਦੇ ਇੰਚਾਰਜ ਕ੍ਰਿਸ਼ਨਾ ਅਲਵਹਰੁ, ਪ੍ਰਧਾਨ ਉਦੇ ਭਾਨੂ ਚਿੱਬ ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਮੋਹਿਤ ਮਹਿੰਦਰਾ, ਇੰਚਾਰਜ ਰਿਸ਼ਨਦਰ ਸਿੰਘ ਮਾਹਰ ਅਤੇ ਜਨਰਲ ਸਕੱਤਰ ਦੀਪਕ ਖੋਸਲਾ ਸਮੇਤ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕੀਤਾ। ਇਸ ਮੌਕੇ ਕੋਟਲੀ ਨੇ ਕਿਹਾ ਮੈਂ ਦਿਹਾਤੀ ਇਲਾਕੇ ਵਿੱਚ ਯੂਥ ਕਾਂਗਰਸ ਪਾਰਟੀ ਦੀ ਸਾਖ ਨੂੰ ਹੋਰ ਮਜ਼ਬੂਤ ਕਰਨ ਲਈ ਦਿਨ ਰਾਤ ਮਿਹਨਤ ਕਰਾਂਗਾ ਤਾਂ ਕਿ 2027 ਦੀਆਂ ਚੋਣਾਂ ਵਿੱਚ ਪੰਜਾਬ ਕਾਂਗਰਸ ਦੀ ਅਗਵਾਈ ਵਿੱਚ ਸਰਕਾਰ ਬਣਾਉਣ ਲਈ ਯੂਥ ਵਿੰਗ ਅਹਿਮ ਭੂਮਿਕਾ ਨਿਭਾ ਸਕੇ। ਜ਼ਿਕਰਯੋਗ ਹੈ ਕਿ ਲਖਵੀਰ ਸਿੰਘ ਗੈਰੀ ਕੋਟਲੀ ਸੁਖਵਿੰਦਰ ਸਿੰਘ ਕੋਟਲੀ ਵਿਧਾਇਕ ਆਦਮਪੁਰ ਦੇ ਪੁੱਤਰ ਹਨ।

# ਰੋਡਵੇਜ਼, ਪਨਬਸ ਤੇ ਪੀ ਆਰ ਟੀ ਸੀ ਬੱਸ ਮੁਲਾਜ਼ਮ ਯੂਨੀਅਨ ਵੱਲੋਂ ਬੰਦ ਦੀ ਹਮਾਇਤ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਕਿਸਾਨ ਯੂਨੀਅਨਾਂ ਵੱਲੋਂ 30 ਦਸੰਬਰ ਦੇ ਦਿੱਤੇ ਪੰਜਾਬ ਬੰਦ ਦੀ ਪੰਜਾਬ ਰੋਡਵੇਜ਼, ਪਨਬਸ ਅਤੇ ਪੀ ਆਰ ਟੀ ਸੀ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਵੱਲੋਂ ਹਮਾਇਤ ਕੀਤੀ ਗਈ। ਪੰਜਾਬ ਰੋਡਵੇਜ਼, ਪਨਬਸ ਅਤੇ ਪੀ ਆਰ ਟੀ ਸੀ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਰਜਿ: 25/11 ਵੱਲੋਂ ਸਾਂਝੇ ਤੌਰ 'ਤੇ ਪ੍ਰੈਸ ਬਿਆਨ ਜਾਰੀ ਕਰਦਿਆਂ ਸੰਸਥਾਪਕ ਕਮਲ ਕੁਮਾਰ, ਚੇਅਰਮੈਨ ਬਲਵਿੰਦਰ ਸਿੰਘ ਰਾਠ, ਸੂਬਾ ਪ੍ਰਧਾਨ ਰੇਸ਼ਮ ਸਿੰਘ ਗਿੱਲ, ਸੀ.ਮੀਤ ਪ੍ਰਧਾਨ ਹਰਕੇਸ਼ ਕੁਮਾਰ ਵਿੱਕੀ, ਗੁਰਪ੍ਰੀਤ ਸਿੰਘ ਪੰਨੂ ਜਨਰਲ ਸਕੱਤਰ ਸ਼ਮਸ਼ੇਰ ਸਿੰਘ ਢਿੱਲੋਂ, ਜੁਆਇੰਟ ਸਕੱਤਰ ਜਗਤਾਰ ਸਿੰਘ ਨੇ ਦੱਸਿਆ ਕਿ ਕਿਸਾਨ ਜਥੇਬੰਦੀਆਂ ਵੱਲੋਂ ਜੋ 30 ਦਸੰਬਰ ਨੂੰ ਪੰਜਾਬ ਬੰਦ ਕਰਨ ਸਮੇਤ ਧਰਨੇ-ਪ੍ਰਦਰਸ਼ਨ ਕੀਤੇ ਜਾਣਗੇ, ਉਸ ਵਿੱਚ ਪੰਜਾਬ ਰੋਡਵੇਜ਼, ਪਨਬੱਸ ਅਤੇ ਪੀ ਆਰ ਟੀ ਸੀ ਕੰਟਰੈਕਟ ਵਰਕਰਜ਼ ਯੂਨੀਅਨ ਵੱਲੋਂ ਡਟ ਕੇ ਹਮਾਇਤ ਕਰਨ ਦਾ ਫੈਸਲਾ ਕੀਤਾ ਗਿਆ। ਉਨ੍ਹਾਂ ਕਿਹਾ ਕਿ ਕਿਸਾਨਾਂ ਵਲੋਂ ਰੱਖੇ ਸਮੇਂ ਮੁਤਾਬਿਕ ਸਵੇਰੇ 7 ਵਜੇ ਤੋਂ ਸ਼ਾਮ 4 ਵਜੇ ਦੌਰਾਨ ਬੇਸ਼ੱਕ ਪੂਰੇ ਦਿਨ ਦੀ ਹੜਤਾਲ ਸੰਭਵ ਵੀ ਨਹੀਂ ਹੈ ਅਤੇ ਉਹ ਲੋਕਾਂ ਨੂੰ ਵੀ ਤੰਗ ਨਹੀਂ ਕਰਨਾ ਚਾਹੁੰਦੇ, ਇਸ ਲਈ ਕਿਸਾਨੀ ਸੰਘਰਸ਼ ਦੀ ਹਮਾਇਤ ਵਿੱਚ ਪੂਰੇ ਪੰਜਾਬ ਅੰਦਰ ਸਵੇਰੇ 10 ਵਜੇ ਤੋਂ ਦੁਪਹਿਰ ਬਾਅਦ 2 ਵਜੇ ਤੱਕ ਮੁਕੰਮਲ ਤੌਰ 'ਤੇ ਬੱਸਾਂ ਦਾ ਚੱਕਾ ਜਾਮ ਕਰਨਗੇ ਅਤੇ ਕਿਸਾਨ ਜਥੇਬੰਦੀਆਂ ਦੇ ਜਿਥੇ ਵੀ ਧਰਨੇ-ਪ੍ਰਦਰਸ਼ਨ ਹੋਣਗੇ, ਉਸ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।



ਬਲਜਿੰਦਰ ਸਿੰਘ ਸੀ.ਮੀਤ ਪ੍ਰਧਾਨ ਗੁਰਪ੍ਰੀਤ ਸਿੰਘ, ਕੈਸ਼ੀਅਰ ਬਲਜੀਤ ਸਿੰਘ ਕੈਸ਼ੀਅਰ ਰਮਨਦੀਪ ਸਿੰਘ ਨੇ ਦੱਸਿਆ ਕਿ ਜਿੱਥੇ ਕੇਂਦਰ ਸਰਕਾਰ ਕਿਸਾਨਾਂ ਦੇ ਨਾਲ ਨਾਲ ਹਰ ਵਰਗ ਨਾਲ ਧੱਕੇ ਕਰ ਰਹੀ ਹੈ, ਉਥੇ ਹੀ ਪੰਜਾਬ ਸਰਕਾਰ ਵੱਲੋਂ ਸਾਰੇ ਵਿਭਾਗਾਂ ਦਾ ਨਿੱਜੀਕਰਨ ਕੀਤਾ ਜਾ ਰਿਹਾ ਅਤੇ ਹਰ ਵਰਗ ਦੀਆਂ ਮੰਗਾਂ ਨੂੰ ਨਜ਼ਰਅੰਦਾਜ਼ ਕੀਤਾ ਜਾ ਰਿਹਾ, ਜਿਸ ਦੇ ਚੱਲਦਿਆਂ ਟਰਾਂਸਪੋਰਟ ਕਾਮਿਆਂ ਵਲੋਂ ਪੰਜਾਬ ਸਰਕਾਰ ਖ਼ਿਲਾਫ਼ 6-7-8 ਜਨਵਰੀ ਨੂੰ ਹੜਤਾਲ ਕਰਕੇ ਤਿੱਖੇ ਪ੍ਰੋਗਰਾਮ ਉਲੀਕੇ ਗਏ ਹਨ। ਉਨ੍ਹਾਂ ਨੇ ਲੋਕਾਂ ਨੂੰ ਲਾਮਬੰਦ ਹੋ ਕੇ ਕੇਂਦਰ ਸਰਕਾਰ ਅਤੇ ਸੂਬਾ ਸਰਕਾਰ ਖ਼ਿਲਾਫ਼ ਸੰਘਰਸ਼ ਤੇਜ਼ ਕਰਨ ਦੀ ਅਪੀਲ ਕੀਤੀ। ਸੂਬਾ ਜਰਨਲ ਸਕੱਤਰ ਸ਼ਮਸ਼ੇਰ, ਜੁਆਇੰਟ ਸਕੱਤਰ ਜੋਧ ਸਿੰਘ, ਰੋਹੀ ਰਾਮ, ਜਗਜੀਤ ਸਿੰਘ ਲਿਬੜਾ, ਜਤਿੰਦਰ ਸਿੰਘ, ਜਲੋਰ ਸਿੰਘ ਨੇ ਕਿਹਾ ਕਿ ਜਗਜੀਤ ਸਿੰਘ ਡੱਲੇਵਾਲ ਦੀ ਸਿਹਤ ਕਾਫੀ ਨਾਜ਼ੁਕ ਸਥਿਤੀ ਵਿੱਚ ਹੈ। ਇਸ ਲਈ ਜਲਦੀ ਕਿਸਾਨਾਂ ਦੇ ਮਸਲੇ ਹੱਲ ਕੀਤੇ ਜਾਣ ਨਹੀ ਤਾਂ ਕਿਸਾਨ ਯੂਨੀਅਨ ਵੱਲੋਂ ਜਿੰਨੇ ਵੀ ਪ੍ਰੋਗਰਾਮ ਉਲੀਕੇ ਜਾਣਗੇ ਪੰਜਾਬ ਰੋਡਵੇਜ਼, ਪਨਬੱਸ, ਪੀ ਆਰ ਟੀ ਸੀ ਕੰਟਰੈਕਟ ਵਰਕਰਜ਼ ਯੂਨੀਅਨ ਸਾਰੇ ਪ੍ਰੋਗਰਾਮ ਵਿਚ ਸ਼ਾਮਲ ਹੋਣ ਲਈ ਤਿਆਰ ਹੈ ਅਤੇ ਤਿੱਖੇ ਸੰਘਰਸ਼ ਕਰਨ ਲਈ ਪੂਰਾ ਪੰਜਾਬ ਅਤੇ ਭਾਰਤ ਮਜਬੂਰ ਹੋਵੇਗਾ।

# ਵਿਸ਼ਵਾਸ ਫਾਊਂਡੇਸ਼ਨ ਨੇ ਲੋੜਵੰਦਾਂ ਨੂੰ 150 ਕੰਬਲ ਵੰਡੇ



**ਮੋਹਾਲੀ (ਗੁਰਜੀਤ ਬਿੱਲਾ)**

ਪਿਛਲੇ ਸਾਲਾਂ ਦੀ ਤਰ੍ਹਾਂ ਇਸ ਸਾਲ ਵੀ ਵਧਦੀ ਠੰਢ ਨੂੰ ਵੇਖਦੇ ਹੋਏ ਅਤੇ ਮਾਨਵਤਾ ਦੀ ਸੇਵਾ ਦੀ ਭਾਵਨਾ ਅਤੇ ਸਮਰਪਣ ਅਤੇ ਸਹਿਯੋਗ ਦੇ ਉਦੇਸ਼ ਨਾਲ ਵਿਸ਼ਵਾਸ ਫਾਊਂਡੇਸ਼ਨ ਵੱਲੋਂ ਗੁਰੂਦੇਵ ਸ੍ਰੀ ਸਵਾਮੀ ਵਿਸ਼ਵਾਸ ਦੇ ਆਸ਼ੀਰਵਾਦ ਨਾਲ ਮੋਹਾਲੀ ਵਿਖੇ ਠੰਢ ਤੋਂ ਬਚਾਅ ਲਈ 150 ਗਰਮ ਕੰਬਲ ਵੰਡੇ ਗਏ। ਇਹ ਕੰਬਲ ਵਿਸ਼ਵਾਸ ਮੈਡੀਟੇਸ਼ਨ ਸੈਂਟਰ ਸੈਕਟਰ 66 ਮੋਹਾਲੀ ਦੇ ਆਲੇ-ਦੁਆਲੇ ਤਰਪਾਲਾਂ ਨਾਲ ਬਣੀਆਂ ਝੁੱਗੀਆਂ ਵਿੱਚ ਰਹਿੰਦੇ ਲੋੜਵੰਦ ਪਰਵਾਰਾਂ ਨੂੰ ਵੰਡੇ ਗਏ। ਕੰਬਲ ਮਿਲਦੇ ਹੀ ਸਾਰਿਆਂ ਦੇ ਚਿਹਰਿਆਂ 'ਤੇ ਰਾਹਤ ਅਤੇ ਖੁਸ਼ੀ ਨਜ਼ਰ ਆ ਰਹੀ ਸੀ। ਇਹ ਨੇਕ ਕਾਰਜ ਵਿਸ਼ਵਾਸ ਫਾਊਂਡੇਸ਼ਨ ਦੀ ਪ੍ਰਧਾਨ ਸਾਧਵੀ ਨੀਲਿਮਾ ਵਿਸ਼ਵਾਸ ਦੇ ਨਿਰਦੇਸ਼ਨ ਹੇਠ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਸੰਸਥਾ ਵੱਲੋਂ ਹਰ ਸਾਲ ਲੋੜਵੰਦਾਂ ਨੂੰ 1500 ਕੰਬਲ ਵੰਡੇ ਜਾਂਦੇ ਹਨ ਅਤੇ ਇਸ ਸਾਲ ਵੀ 1000 ਕੰਬਲ ਲੋੜਵੰਦਾਂ ਨੂੰ ਵੰਡੇ ਗਏ ਹਨ। ਲੋੜਵੰਦਾਂ ਦੀ ਮਦਦ ਕਰਕੇ ਹੀ ਆਪਣੀ ਖੁਸ਼ੀ ਪ੍ਰਾਪਤ ਕਰਨਾ ਸਾਡਾ ਪਰਮ ਧਰਮ ਹੋਣਾ ਚਾਹੀਦਾ ਹੈ।ਵਿਸ਼ਵਾਸ ਫਾਊਂਡੇਸ਼ਨ ਹਮੇਸ਼ਾ ਨਿਰਸਵਾਰਥ ਭਾਵਨਾ ਨਾਲ ਕੰਮ ਕਰਦੀ ਹੈ।ਇਸ ਮੌਕੇ ਵਿਸ਼ਵਾਸ ਫਾਊਂਡੇਸ਼ਨ ਦੇ ਬਹੁਤ ਸਾਰੇ ਪੈਰੋਕਾਰ ਮੌਜੂਦ ਸਨ।

## ਕੇਂਦਰੀ ਗ੍ਰਹਿ ਮੰਤਰੀ ਵੱਲੋਂ ਡਾ. ਅੰਬੇਡਕਰ 'ਤੇ ਕੀਤੀ ਟਿੱਪਣੀ ਦੀ ਸ੍ਰੀ ਗੁਰੂ ਰਵਿਦਾਸ ਸਭਾ ਵੱਲੋਂ ਨਿੰਦਾ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਡਾਕਟਰ ਭੀਮ ਰਾਓ ਅੰਬੇਡਕਰ 'ਤੇ ਕੀਤੀ ਟਿੱਪਣੀ ਦੇ ਸੰਬੰਧ ਵਿੱਚ ਅੱਜ ਸ੍ਰੀ ਗੁਰੂ ਰਵਿਦਾਸ ਸਭਾ ਸ੍ਰੀ ਅਨੰਦਪੁਰ ਸਾਹਿਬ ਦੀ ਅਹਿਮ ਬੈਠਕ ਕੀਤੀ ਗਈ ਜਿਸ ਵਿੱਚ ਕੀਤੀ ਟਿੱਪਣੀ ਦੀ ਸਖਤ ਸ਼ਬਦਾਂ ਵਿੱਚ ਨਿੰਦਿਆ ਕੀਤੀ ਗਈ। ਇਸ ਮੌਕੇ ਗਿਆਨੀ ਰਾਮ ਪ੍ਰਕਾਸ਼, ਸੂਰਤ ਸਿੰਘ ਸਾਬਕਾ ਚੇਅਰਮੈਨ, ਸੁਖਦੇਵ ਸਿੰਘ, ਸਵਰਨ ਸਿੰਘ ਲੋਦੀਪੁਰ ਸਾਬਕਾ ਡੀ ਈ ਓ ਅਤੇ ਕੁਲਦੀਪ ਸਿੰਘ ਬੰਗਾ ਨੇ ਕਿਹਾ ਕਿ ਅਮਿਤ ਸ਼ਾਹ ਵੱਲੋਂ ਡਾਕਟਰ ਭੀਮ ਰਾਓ ਅੰਬੇਡਕਰ 'ਤੇ ਕੀਤੀ ਟਿੱਪਣੀ ਤੋਂ ਸਪੱਸ਼ਟ ਹੁੰਦਾ ਹੈ ਕਿ ਉਹਨਾਂ ਦੇ ਮਨ ਵਿੱਚ ਕਿੰਨੀ ਘਿਰਣਾ ਹੈ। ਉਹਨਾਂ ਦੀ ਟਿੱਪਣੀ ਦੇ ਕਾਰਨ ਲੋਕਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚੀ ਹੈ। ਉਹਨਾਂ ਨੇ ਇਸ ਮੌਕੇ ਕਿਹਾ ਕਿ ਅਸੀਂ ਤਾਂ ਕਹਿੰਦੇ ਹਾਂ ਕਿ ਨਾ ਸਾਨੂੰ ਸਵਰਗ ਅਮਿਤ ਸ਼ਾਹ ਦਿਵਾ ਸਕਦਾ ਹੈ ਅਤੇ ਨਾ ਹੀ ਸਾਨੂੰ ਲੋਕ ਸਭਾ। ਜੇਕਰ ਸਾਨੂੰ ਸਵਰਗ ਦਿਵਾਇਆ ਹੈ ਤਾਂ ਡਾਕਟਰ ਭੀਮ ਰਾਓ ਅੰਬਡਕਰ ਜੀ ਨੇ ਦਿਵਾਇਆ ਹੈ। ਉਹਨਾਂ ਦੀ ਬਦੌਲਤ ਹੀ ਅਸੀਂ ਪੜ੍ਹ ਸਕੇ ਹਾਂ। ਉਹਨਾਂ ਦੀ ਬਦੌਲਤ ਹੀ ਅਸੀਂ ਸਾਰੇ ਧਰਾਂ ਨੂੰ ਮੰਨ ਰਹੇ ਹਾਂ ਅਤੇ ਉਨਾਂ ਦੀ ਬਦੌਲਤ ਹੀ ਅਸੀਂ ਮਨਪਸੰਦ ਕਿੱਤਾ ਕਰ ਸਕਦੇ ਹਾਂ। ਉਹਨਾਂ ਕਿਹਾ ਕਿ ਜੇਕਰ ਅੰਬੇਡਕਰ ਨਾ ਹੁੰਦੇ ਤਾਂ ਸਾਡੀਆਂ ਇਸਤਰੀਆਂ, ਘੱਟ ਗਿਣਤੀ ਲੋਕਾਂ, ਦਲਿਤਾਂ ਦਾ ਅਜੇ ਵੀ ਉਹੀ ਹਾਲ ਹੋਣਾ ਸੀ ਜੋ 1947 ਤੋਂ ਪਹਿਲਾ ਸੀ। ਇਸ ਮੌਕੇ ਉਪਰੋਕਤ ਤੋਂ ਇਲਾਵਾ ਕੈਪਟਨ ਦਲਜੀਤ ਸਿੰਘ, ਸਰੂਪ ਸਿੰਘ ਖਮੇੜਾ, ਕਰਮ ਸਿੰਘ, ਪਰਮਜੀਤ ਸਿੰਘ ਮਹਰੋਲੀ, ਹਰਵਿੰਦਰ ਸਿੰਘ, ਕਰਨੈਲ ਸਿੰਘ, ਪਰਮਜੀਤ ਸਿੰਘ ਬੈਂਸ, ਜਗਰੂਪ ਸਿੰਘ ਬੈਂਸ, ਅਜੇ ਖੋਸਲਾ, ਹਰਦੀਪ ਕੁਮਾਰ, ਸੰਜੀਵਨ ਸੋਨੂ, ਗੁਰਦਿਆਲ ਸਿੰਘ, ਧਰਮਪਾਲ, ਪ੍ਰਧਾਨ ਕਰਨੈਲ ਸਿੰਘ, ਰਜਿੰਦਰ ਸਿੰਘ, ਹਰੀ ਰਾਮ, ਮਹਿੰਦਰ ਸਿੰਘ, ਅਮਰੀਕ ਸਿੰਘ, ਗੋਲਡੀ ਬੈਂਸ, ਮਹਿੰਦਰ ਸਿੰਘ ਭਸੀਨ ਆਦਿ ਹਾਜ਼ਰ ਸਨ।

## ਮਹੰਤ ਗੰਗਾ ਗਿਰੀ ਦੀ ਸਾਲਾਨਾ ਬਰਸੀ ਮੌਕੇ ਲਗਾਇਆ ਚਾਹ, ਪਕੌੜਿਆਂ ਦਾ ਲੰਗਰ

**ਫਗਵਾੜਾ (ਡਾ. ਰਮਨ)**

ਸਾਈਂ ਦਾਸ ਸ਼ਿਵਾਲਾ ਸਤ ਨਾਰਾਇਣ ਮੰਦਰ ਸ਼ੂਗਰ ਮਿਲ ਚੌਂਕ ਫਗਵਾੜਾ ਵਿਖੇ ਮਹੰਤ ਗੰਗਾ ਗਿਰੀ ਜੀ ਦੀ ਸਲਾਨਾ ਬਰਸੀ ਸ਼ਰਧਾ ਪੂਰਵਕ ਮਨਾਈ ਗਈ। ਇਸ ਮੌਕੇ ਮੌਕੇ ਚਾਹ ਪਕੌੜੇ ਦਾ ਲੰਗਰ ਵੀ ਲਗਾਇਆ ਗਿਆ। ਜਿਸ ਦੀ ਆਰੰਭਤਾ ਮੁੱਖ ਸੇਵਾਦਾਰ ਮਹੰਤ ਪੁਰਸ਼ੋਤਮ ਗਿਰੀ ਵਲੋਂ ਕਰਵਾਈ ਗਈ। ਇਸ ਮੌਕੇ ਉਹਨਾਂ ਦੱਸਿਆ ਕਿ ਮਹੰਤ ਗੰਗਾ ਗਿਰੀ ਜੀ ਹਮੇਸ਼ਾ ਪ੍ਰਮਾਤਮਾ ਦੀ ਭਗਤੀ ਵਿਚ ਲੀਨ ਰਹਿੰਦਿਆਂ ਦੀਨ-ਦੁਖੀਆਂ ਦੀ ਸੇਵਾ ਸਹਾਇਤਾ ਲਈ ਤਤਪਰ ਰਹਿੰਦੇ ਸਨ। ਉਹਨਾਂ ਦਾ ਵਿਸ਼ਵਾਸ ਸੀ ਕਿ ਲੋੜਵੰਦਾਂ ਦੀ ਸੇਵਾ ਹੀ ਪ੍ਰਮਾਤਮਾ ਦੀ ਅਸਲ ਭਗਤੀ ਹੈ। ਪ੍ਰਮਾਤਮਾ ਕਿਸੇ ਵੀ ਰੂਪ ਵਿਚ ਪ੍ਰਗਟ ਹੋ ਕੇ ਪ੍ਰੀਖਿਆ ਲੈਣ ਵਿਚ ਸਮਰੱਥ ਹੈ। ਉਹਨਾਂ ਮਹੰਤ ਗੰਗਾ ਗਿਰੀ ਜੀ ਦੇ ਪਾਏ ਪੂਰਨਿਆਂ 'ਤੇ ਚੱਲਣ ਲਈ ਪ੍ਰੇਰਿਆ ਅਤੇ ਕਿਹਾ ਕਿ ਪ੍ਰਮਾਤਮਾ ਦੀ ਬਖਸ਼ੀ ਇਨਸਾਨੀ ਜ਼ਿੰਦਗੀ ਨੂੰ ਹਮੇਸ਼ਾ ਸੱਚ ਦੇ ਰਾਹ 'ਤੇ ਚਲਦਿਆਂ ਦੀਨ-ਦੁਖੀਆਂ ਦੀ ਸੇਵਾ ਵਿਚ ਲਗਾਉਣਾ ਚਾਹੀਦਾ ਹੈ ਤਾਂ ਹੀ ਮੋਕਸ਼ ਦੀ ਪ੍ਰਾਪਤੀ ਹੋ ਸਕਦੀ ਹੈ। ਸੇਵਾਦਾਰਾਂ ਵਲੋਂ ਬੜੀ ਹੀ ਸ਼ਰਧਾ ਤੇ ਪ੍ਰੇਮ ਭਾਵਨਾ ਨਾਲ ਬਰੈੱਡ ਪਕੌੜੇ ਅਤੇ ਚਾਹ ਦੇ ਲੰਗਰ ਦੀ ਸੇਵਾ ਵਰਤਾਈ ਗਈ। ਵੱਡੀ ਗਿਣਤੀ ਵਿਚ ਸੰਗਤਾਂ ਨੇ ਨਤਮਸਤਕ ਹੋ ਕੇ ਭਗਵਾਨ ਭੋਲੇ ਨਾਥ ਅਤੇ ਮੰਹਤ ਗੰਗਾ ਗਿਰੀ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਬੇਅੰਤ ਸਿੰਘ ਪਾਣੀਪਤ, ਪੰਡਿਤ ਚਰਨਜੀਤ ਸ਼ਰਮਾ, ਰਿੰਪਲ ਕੁਮਾਰ ਸਰਪੰਚ ਵਜੀਦੋਵਾਲ, ਪਵਨ ਕੁਮਾਰ ਭਾਰਦਵਾਜ, ਲਾਲੀ ਫਗਵਾੜਾ, ਹਰਜਿੰਦਰ ਸਿੰਘ, ਸੰਜੀਵ ਕੁਮਾਰ, ਯਸ਼ਪਾਲ, ਹਰਪ੍ਰੀਤ ਸਿੰਘ ਆਦਿ ਹਾਜ਼ਰ ਸਨ।





## ਮੋਦੀ ਸਰਕਾਰ ਨੇ ਡਾ. ਮਨਮੋਹਨ ਸਿੰਘ ਨੂੰ ਉਸ ਸਨਮਾਨ ਤੋਂ ਵਾਂਝਾ ਕੀਤਾ, ਜਿਸ ਦੇ ਉਹ ਹੱਕਦਾਰ ਸਨ : ਧਾਲੀਵਾਲ

**ਫਗਵਾੜਾ (ਡਾ. ਰਮਨ)**

ਜ਼ਿਲ੍ਹਾ ਕਪੂਰਥਲਾ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਫਗਵਾੜਾ ਦੇ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਮੋਦੀ ਸਰਕਾਰ ਵੱਲੋਂ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦੇ ਅੰਤਿਮ ਸੰਸਕਾਰ ਨੂੰ ਅਧਿਕਾਰਤ ਸਮਾਧ ਦੀ ਬਜਾਏ ਨਿਗਮਬੋਧ ਘਾਟ ਵਿਖੇ ਕਰਵਾਏ ਜਾਣ ਨੂੰ ਅਪਮਾਨਜਨਕ ਦੱਸਿਆ ਹੈ। ਅੱਜ ਇੱਥੇ ਗੱਲਬਾਤ ਦੌਰਾਨ ਧਾਲੀਵਾਲ ਨੇ ਕਿਹਾ ਕਿ ਸਾਬਕਾ ਪ੍ਰਧਾਨ ਮੰਤਰੀਆਂ ਦੇ ਮਾਣ-ਸਨਮਾਨ ਦਾ ਸਤਿਕਾਰ ਕਰਦੇ ਹੋਏ ਉਨ੍ਹਾਂ ਦੇ ਅੰਤਿਮ ਸੰਸਕਾਰ ਅਧਿਕਾਰਤ ਸਮਾਧਾਂ 'ਤੇ ਕਰਨ ਦੀ ਪਰੰਪਰਾ ਰਹੀ ਹੈ। ਪਰ ਮੋਦੀ ਸਰਕਾਰ ਨੇ ਡਾ. ਮਨਮੋਹਨ ਸਿੰਘ ਨੂੰ ਉਸ ਸਨਮਾਨ ਤੋਂ ਵਾਂਝਾ ਕਰ ਦਿੱਤਾ, ਜਿਸ ਦੇ ਉਹ ਹੱਕਦਾਰ ਸਨ। ਉਹਨਾਂ ਕਿਹਾ ਕਿ 1991 ਵਿਚ ਜਦੋਂ ਦੇਸ਼ ਦਾ ਸੋਨਾ ਵਿਦੇਸ਼ਾਂ ਵਿਚ ਗਹਿਣੇ ਪਿਆ ਸੀ ਤਾਂ ਡਾ. ਮਨਮੋਹਨ ਸਿੰਘ ਹੀ ਸਨ, ਜਿਨ੍ਹਾਂ ਨੇ ਆਰਥਿਕ ਉਦਾਰੀਕਰਨ ਦੀ ਨੀਤੀ ਬਣਾਈ ਅਤੇ ਭਾਰਤ ਨੂੰ ਉਸ ਬੁਲੰਦੀ 'ਤੇ ਲਿਜਾਣ ਦੀ ਨੀਂਹ ਰੱਖੀ, ਜਿੱਥੇ ਤਿੰਨ ਦਹਾਕਿਆਂ ਬਾਅਦ ਅੱਜ ਦੇਸ਼ ਖੜ੍ਹਾ ਹੈ। ਨਾਗਰਿਕਾਂ ਨੂੰ ਰਾਈਟ ਟੂ ਇਨਫਾਰਮੇਸ਼ਨ, ਕਾਮਿਆਂ ਨੂੰ ਰੁਜ਼ਗਾਰ ਗਾਰੰਟੀ ਵਜੋਂ ਮਨਰੇਗਾ ਸਕੀਮ, ਗਰੀਬਾਂ ਨੂੰ ਰਾਈਟ ਟੂ ਫੂਡ ਅਤੇ ਸਿੱਖਿਆ ਦਾ ਅਧਿਕਾਰ ਵਰਗੀਆਂ ਲੋਕ ਪੱਖੀ ਪਾਲਸੀਆਂ ਡਾ. ਮਨਮੋਹਨ ਸਿੰਘ ਦੀ ਦੂਰਅੰਦੇਸ਼ੀ ਸੋਚ ਦੀ ਵਡਮੁੱਲੀ ਦੇਣ ਹਨ। ਜਿਸ ਦੇ ਲਈ ਉਹਨਾਂ ਨੂੰ ਹਮੇਸ਼ਾ ਯਾਦ ਕੀਤਾ ਜਾਵੇਗਾ। ਧਾਲੀਵਾਲ ਨੇ ਕਿਹਾ ਕਿ 2004 ਤੋਂ 2014 ਤੱਕ ਡਾ. ਮਨਮੋਹਨ ਸਿੰਘ ਨੇ ਜਿਸ ਲੋਕਸ਼ਾਹੀ ਦੀ ਪਹਿਰੇਦਾਰੀ ਕੀਤੀ, ਮੋਦੀ ਸਰਕਾਰ ਉਸ ਦਾ ਘਾਣ ਕਰ ਰਹੀ ਹੈ। ਉਹਨਾਂ ਤਲਖ ਲਹਿਜੇ ਵਿਚ ਕਿਹਾ ਕਿ ਡਾ. ਮਨਮੋਹਨ ਸਿੰਘ ਸਿੱਖ ਕੌਮ ਵਿੱਚੋਂ ਆਉਣ ਵਾਲੇ ਇੱਕੋ ਇੱਕ ਪ੍ਰਧਾਨ ਮੰਤਰੀ ਹਨ। ਮੋਦੀ ਸਰਕਾਰ ਨੂੰ ਡਾ. ਸਿੰਘ ਪ੍ਰਤੀ ਉਦਾਰਵਾਦੀ ਰਵੱਈਆ ਦਿਖਾਉਣਾ ਚਾਹੀਦਾ ਸੀ ਪਰ ਅਫਸੋਸ ਦੀ ਗੱਲ ਹੈ ਕਿ ਅਜਿਹਾ ਨਹੀਂ ਕੀਤਾ ਗਿਆ। ਉਹਨਾਂ ਕਿਹਾ ਕਿ ਲਗਾਤਾਰ 10 ਸਾਲ ਪ੍ਰਧਾਨ ਮੰਤਰੀ ਵਜੋਂ ਦੇਸ਼ ਦੀ ਸੇਵਾ ਕਰਨ ਵਾਲੇ ਮਹਾਨ ਅਰਥ ਸ਼ਾਸਤਰੀ, ਰਿਜ਼ਰਵ ਬੈਂਕ ਦੇ ਸਾਬਕਾ ਗਵਰਨਰ ਅਤੇ ਸਾਬਕਾ ਪ੍ਰਧਾਨ ਮੰਤਰੀ ਦੇ ਇਸ ਅਪਮਾਨ ਨੂੰ ਦੇਸ਼ ਦੇ ਲੋਕ ਕਦੇ ਵੀ ਸਹਿਣ ਨਹੀਂ ਕਰਨਗੇ।ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਦੱਸਿਆ ਕਿ ਸੋਮਵਾਰ ਨੂੰ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਕਾਂਗਰਸ ਪਾਰਟੀ ਵੱਲੋਂ ਸ਼ਰਧਾਂਜਲੀ ਸਮਾਗਮ ਕਰਵਾਇਆ ਜਾ ਰਿਹਾ ਹੈ। ਜਿਸ ਵਿੱਚ ਕਾਂਗਰਸੀ ਵਰਕਰ ਦੇਸ਼ ਦੇ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੇ। ਧਾਲੀਵਾਲ ਨੇ ਕਾਂਗਰਸ ਪਾਰਟੀ ਦੇ ਸਮੂਹ ਸੈੱਲਾਂ ਦੇ ਅਹੁਦੇਦਾਰਾਂ, ਵਰਕਰਾਂ, ਸਰਪੰਚਾਂ ਅਤੇ ਨਗਰ ਕੌਂਸਲਰਾਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਉਹ 30 ਦਸੰਬਰ ਦਿਨ ਸੋਮਵਾਰ ਨੂੰ ਦੁਪਹਿਰ 12 ਵਜੇ ਉਨ੍ਹਾਂ ਦੇ ਨਿਵਾਸ ਸਥਾਨ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਫਗਵਾੜਾ ਵਿਖੇ ਆਪਣੇ ਪਿਆਰੇ ਨੇਤਾ ਡਾ. ਮਨਮੋਹਨ ਸਿੰਘ ਨੂੰ ਸ਼ਰਧਾਂਜਲੀ ਦੇਣ ਲਈ ਜ਼ਰੂਰ ਪਹੁੰਚਣ।

# ਕੁਲਦੀਪ ਸਿੰਘ ਛੀਨਾ ਤੇ ਬਾਲ ਕ੍ਰਿਸ਼ਨ ਪੁਰੀ ਦੀ ਯਾਦ 'ਚ ਸਾਹਿਤਕ ਸਮਾਰੋਹ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**

ਜਨਵਾਦੀ ਚੇਤਨਾ ਮੰਚ (ਰਜਿ:) ਧਾਰੀਵਾਲ ਵੱਲੋਂ ਬੇਬੇ ਨਾਨਕੀ ਖਾਲਸਾ ਕਾਲਜ ਫਾਰ ਵੋਮੈਨ ਧਾਰੀਵਾਲ ਵਿਖੇ ਸਾਥੀ ਕੁਲਦੀਪ ਸਿੰਘ ਛੀਨਾ ਅਤੇ ਬਾਲ ਕ੍ਰਿਸ਼ਨ ਪੁਰੀ ਦੀ ਯਾਦ ਨੂੰ ਸਮਰਪਿਤ ਸਾਹਿਤਕ ਸਮਾਰੋਹ ਕਰਵਾਇਆ ਗਿਆ।ਸਮਾਗਮ ਦੀ ਪ੍ਰਧਾਨਗੀ ਉੱਘੇ ਅਰਥ ਸ਼ਾਸਤਰੀ ਡਾ. ਸਰਬਜੀਤ ਸਿੰਘ ਛੀਨਾ, ਡਾ. ਅਨੂਪ ਸਿੰਘ, ਤਰਸੇਮ ਸਿੰਘ ਭੰਗੂ, ਡਾ. ਰਛਪਾਲ ਸਿੰਘ, ਡਾ. ਸੁਰਿੰਦਰ ਸਿੰਘ ਸ਼ਾਂਤ, ਵਰਗਿਸ ਸਲਾਮਤ, ਵਿਜੇ ਅਗਨੀਹੋਤਰੀ, ਡਾ. ਕਸ਼ਮੀਰ ਸਿੰਘ, ਕੁਲਦੀਪ ਪੁਰੋਵਾਲ ਨੇ ਕੀਤੀ।ਸਮਾਰੋਹ ਦੇ ਪਹਿਲੇ ਪੜਾਅ ਵਿੱਚ ਲੇਖਕ ਵਰਗਿਸ ਸਲਾਮਤ ਦੇ ਕਹਾਣੀ ਸੰਗ੍ਰਹਿ ਪੁਸਤਕ 'ਤੰਦ ਤੇ ਤਾਣੀ' ਉਪਰ ਗੋਸ਼ਟੀ ਹੋਈ।ਇਸ ਪੁਸਤਕ 'ਤੇ ਤਰਸੇਮ ਸਿੰਘ ਭੰਗੂ ਨੇ ਪਰਚਾ ਪੜ੍ਹਿਆ ਜਿਸ 'ਤੇ ਵਿਚਾਰ ਚਰਚਾ ਵਿੱਚ ਡਾ. ਅਨੂਪ ਸਿੰਘ, ਡਾ. ਸੁਰਿੰਦਰ ਸ਼ਾਂਤ, ਡਾ. ਸਤਿੰਦਰ ਸਿੰਘ, ਪਵਨ ਕੁਮਾਰ, ਦਲਬੀਰ ਮਸੀਹ ਚੌਧਰੀ, ਬਲਵਿੰਦਰ ਸਿੰਘ ਗੰਭੀਰ ਆਦਿ ਵਿਦਵਾਨਾਂ ਨੇ ਹਿੱਸਾ ਲੈਂਦਿਆਂ ਤੰਦ ਤੇ ਤਾਣੀ ਪੁਸਤਕ ਵਿਚਲੀਆਂ ਕਹਾਣੀਆਂ ਨੂੰ ਸਮਾਜ ਦੇ ਮੱਧ ਵਰਗ ਦੇ ਲੋਕਾਂ ਲਈ ਮਾਰਗ ਦਰਸ਼ਕ ਦੱਸਿਆ।ਦੂਜੇ ਪੜਾਅ ਵਿੱਚ ਅਧਿਆਪਕ ਆਗੂ ਕੁਲਦੀਪ ਪੁਰੋਵਾਲ ਅਤੇ ਦਿਲਦਾਰ ਭੰਡਾਰ ਵੱਲੋਂ ਅਤੀਤ ਦੀ ਸਿਮਰਤੀ ਸਾਥੀ ਕੁਲਦੀਪ ਸਿੰਘ ਛੀਨਾ ਅਤੇ ਬਾਲ ਕ੍ਰਿਸ਼ਨ ਪੁਰੀ ਦੀਆਂ ਯਾਦਾਂ ਤਾਜ਼ਾ ਕਰਦੇ ਹੋਏ ਉਨ੍ਹਾਂ ਦੇ ਜੀਵਨ 'ਤੇ ਚਾਨਣਾ ਪਾਉਂਦਿਆਂ ਉਨ੍ਹਾਂ ਦੇ ਜਜ਼ਬੇ, ਹੱਕ ਸੱਚ 'ਤੇ ਪਹਿਰਾ ਦੇਣ ਅਤੇ ਕੀਤੇ ਗਏ ਸਮਾਜਿਕ ਅਤੇ ਜਥੇਬੰਦਕ ਕਾਰਜਾਂ ਬਾਰੇ ਜਾਣਕਾਰੀ ਦਿੱਤੀ।ਤੀਜੇ ਪੜਾਅ ਵਿੱਚ ਕਵੀ ਦਰਬਾਰ ਵਿੱਚ ਵਿਜੇ ਅਗਨੀਹੋਤਰੀ, ਸੁਭਾਸ਼ ਦੀਵਾਨਾ, ਪਵਨ ਕੁਮਾਰ ਬਟਾਲਾ, ਰਮੇਸ਼ ਜਾਨੂੰ, ਸੁੱਚਾ ਸਿੰਘ ਪਸਨਾਵਾਲ, ਕੁਲਜੀਤ ਸਿੰਘ ਰੰਧਾਵਾ, ਚੰਨ ਬੋਲੇਵਾਲੀਆ, ਸਵਰਨ ਪਸਨਾਵਾਲ, ਪ੍ਰੇਮ ਸਿੰਘਪੁਰੀਆ, ਜਗਨ ਨਾਥ ਉਦੋਕੇ ਨਿਮਾਣਾ, ਜੁਝਾਰ ਸਿੰਘ, ਬਲਵਿੰਦਰ ਗੰਭੀਰ, ਸੁਖਵਿੰਦਰ ਰੰਧਾਵਾ, ਅਮਰੀਕ ਲੇਹਲ, ਪਰਮ ਪੇਜੀ ਬਟਾਲਾ, ਡਾ. ਰਛਪਾਲ ਸਿੰਘ, ਕੁਲਦੀਪ ਸਿੰਘ ਘਾਂਗਲਾ, ਵਰਗਿਸ ਸਲਾਮਤ, ਜਸਬੀਰ ਸਿੰਘ ਖੁੰਡਾ, ਰਣਜੀਤ ਸਿੰਘ ਗਿੱਲ ਨੇ ਆਪੋ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ।ਮੰਚ ਸੰਚਾਲਨ ਦੀ ਭੂਮਿਕਾ ਸੁਖਵਿੰਦਰ ਸਿੰਘ ਰੰਧਾਵਾ ਨੇ ਬਾਖੂਬੀ ਨਿਭਾਈ।ਸਮਾਰੋਹ ਵਿੱਚ ਬੀਪੀਈਓ ਨੀਰਜ ਕੁਮਾਰ ਖੁੰਡਾ, ਅਧਿਆਪਕ ਆਗੂ ਅਸ਼ਵਨੀ ਫੱਜੂਪੁਰ, ਨੰਬਰਦਾਰ ਕੀਮਤੀ ਲਾਲ ਭਗਤ ਫੱਜੂਪੁਰ, ਡਾ. ਡੇਵਿਡ ਤੇਜਾ, ਪ੍ਰਿੰ. ਬਲਦੇਵ ਸਿੰਘ, ਦਲਬੀਰ ਸਿੰਘ ਚਾਹਲ, ਸ਼ਾਮ ਸਿੰਘ ਸਫਰੀ, ਪਰਮਜੀਤ ਸਿੰਘ ਥੇਹ ਤਿੱਖਾ, ਬਲਰਾਜ ਸਿੰਘ ਛੀਨਾ, ਤਰਸੇਮ ਸਿੰਘ ਤਰਾਨਾ, ਰਵੀ ਭਗਤ ਬਿਧੀਪੁਰ, ਰੇਖਾ ਵਰਗਿਸ, ਪਰਮਿੰਦਰ ਕੌਰ, ਕੰਸ ਰਾਜ, ਮੇਜਰ ਸਿੰਘ ਰਾਹੀ, ਜਗਜੀਤ ਸਿੰਘ ਸਤਕੋਹਾ, ਅਮਨਦੀਪ ਵਿਲਖੂ, ਮਾਸਟਰ ਨਰਿੰਦਰ ਕੁਮਾਰ ਅਤੇ ਜਗਰੂਪ ਸਿੰਘ ਕਲੇਰ ਸ਼ਾਮਲ ਸਨ।





# ਪ੍ਰਧਾਨ ਮੰਤਰੀ ਦੇ 'ਮਨ ਕੀ ਬਾਤ' ਪ੍ਰੋਗਰਾਮ ਤੋਂ ਸਾਨੂੰ ਬਹੁਤ ਕੁਝ ਸਿੱਖਣ ਨੂੰ ਮਿਲਦਾ : ਸੈਣੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**



ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਕੁਰੂਕਸ਼ੇਤਰ ਵਿਚ ਮਲੇਰੀਆ ਰੋਕਥਾਮ 'ਤੇ ਕੀਤੇ ਗਏ ਕੰਮ ਨੂੰ ਪੂਰੇ ਦੇਸ਼ ਦੇ ਲੋਕਾਂ ਨੂੰ ਮਨ ਕੀ ਬਾਤ ਪ੍ਰੋਗ੍ਰਾਮ ਵਿਚ ਸੁਣਾਇਆ। ਪ੍ਰਧਾਨ ਮੰਤਰੀ ਨੇ ਪੂਰੇ ਦੇਸ਼ ਨੂੰ ਦੱਸਿਆ ਕਿ ਕੁਰੂਕਸ਼ੇਤਰ ਨੇ ਮਲੇਰੀਆ ਨੂੰ ਲੈ ਕੇ ਮਾਡਲ ਪੇਸ਼ ਕੀਤਾ ਗਿਆ ਹੈ। ਇੱਥੇ ਸਿਹਤ ਵਿਭਾਗ ਹਰਿਆਣਾ ਦੀ ਟੀਮ ਨੇ ਮੱਛਰਾਂ ਦੀ ਰੋਕਥਾਮ ਲਈ ਵਿਸ਼ੇਸ਼ ਮੁਹਿੰਮ ਚਲਾ ਕੇ ਕਾਮਯਾਬੀ ਹਾਸਲ ਕੀਤੀ ਅਤੇ ਲੋਕਾਂ ਨੂੰ ਰੇਡੀਓ ਤੇ ਹੋਰ ਸਰੋਤਾਂ ਨਾਲ ਸੰਦੇਸ਼ ਦੇ ਕੇ ਜਾਗਰੂਕ ਕਰਦੇ ਹੋਏ ਮਲੇਰੀਆ 'ਤੇ ਰੋਕ ਲਗਾਉਣ ਦਾ ਕੰਮ ਕੀਤਾ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨੇ ਮਨ ਕੀ ਬਾਤ ਪ੍ਰੋਗ੍ਰਾਮ ਵਿਚ ਹਰਿਆਣਾ ਸੂਬੇ ਦੀ ਤਾਰੀਫ਼ ਕੀਤੀ ਅਤੇ ਭਾਰਤ ਵਿਚ ਮਲੇਰੀਆ ਦੀ ਰੋਕਥਾਮ ਲਈ ਚੁੱਕੇ ਜਾ ਰਹੇ ਕਦਮਾਂ ਦੀ ਵਿਸ਼ਵ ਸਿਹਤ ਸੰਗਠਨ ਨੇ ਵੀ ਸ਼ਲਾਘਾ ਕੀਤੀ।ਮੁੱਖ ਮੰਤਰੀ ਨਾਇਬ ਸਿੰਘ ਸੈਣੀ ਸੈਕਟਰ 9 ਪੰਚਕੂਲਾ ਵਿਚ ਅੱਜ ਕਾਰਕੁਨਾਂ ਵਿਚਕਾਰ ਪੁੱਜ ਕੇ ਪ੍ਰਧਾਨ ਮੰਤਰੀ ਦੇ ਮਨ ਕੀ ਬਾਤ ਪ੍ਰੋਗ੍ਰਾਮ ਨੂੰ ਸੁਣਿਆ। ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨੇ 14 ਜਨਵਰੀ ਤੋਂ ਪ੍ਰਯਾਗਰਾਜ ਵਿਚ ਸ਼ੁਰੂ ਹੋਣ ਵਾਲੇ ਮਹਾਕੁੰਭ ਬਾਰੇ ਜਾਣੂੰ ਕਰਵਾਇਆ ਹੈ। ਇਹ ਸਾਡੇ ਸੱਭਿਆਚਾਰ ਅਤੇ ਸੰਸਕਾਰਾਂ ਨਾਲ ਜੁੜਿਆ ਹੋਇਆ ਅਹਿਮ ਮੁੱਦਾ ਹੈ। ਮਹਾਕੁੰਭ ਵਿਚ ਦੇਸ਼-ਵਿਦੇਸ਼ ਤੋਂ ਲੱਖਾਂ ਦੀ ਗਿਣਤੀ ਵਿਚ ਸ਼ਰਧਾਲੂ ਆਉਂਦੇ ਹਨ।ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਦੇ ਮਨ ਕੀ ਬਾਤ ਪ੍ਰੋਗ੍ਰਾਮ ਤੋਂ ਸਾਨੂੰ ਬਹੁਤ ਕੁਝ ਸਿੱਖਣ ਨੂੰ ਮਿਲਦਾ ਹੈ, ਇਹ ਪ੍ਰੋਗ੍ਰਾਮ ਪ੍ਰੇਰਣਾਦਾਇਕ ਵੀ ਹੈ। ਇਸ ਪ੍ਰੋਗ੍ਰਾਮ ਨਾਲ ਖੇਡ, ਖੇਤੀ, ਸਿਹਤ ਤੇ ਰੁਜ਼ਗਾਰ ਸਮੇਤ ਅਨੇਕ ਖੇਤਰਾਂ ਦੀ ਅਹਿਮ ਜਾਣਕਾਰੀ ਪ੍ਰਾਪਤ ਹੁੰਦੀ ਹੈ। ਕਿਸਾਨਾਂ ਵੱਲੋਂ ਕਿਸਾਨ ਉਤਪਾਦਕ ਸੰਗਠਨ ਬਣਾ ਕੇ ਸਮੂਹਿਕ ਕੰਮਾਂ ਨੂੰ ਪ੍ਰੋਤਸਾਹਨ ਦਿੱਤਾ ਜਾ ਰਿਹਾ ਹੈ। ਇਸ ਤੋਂ ਇਲਾਵਾ, ਨਵੀਂ-ਨਵੀਂ ਇਨੋਵੇਸ਼ਨ ਦੀ ਵੀ ਜਾਣਕਾਰੀ ਮਿਲਦੀ ਹੈ, ਜਿਨ੍ਹਾਂ ਨੂੰ ਅਸੀਂ ਅਪਨਾ ਕੇ ਅੱਗੇ ਵਧ ਸਕਦੇ ਹਾਂ।ਮੁੱਖ ਮੰਤਰੀ ਨੇ ਕਿਹਾ ਕਿ ਅਜਿਹੇ ਲੋਕਾਂ ਦੇ ਸ਼ਲਾਘਾਯੋਗ ਕੰਮਾਂ ਨੂੰ ਉਜਾਗਰ ਕਰਨ ਨਾਲ ਹੋਰ ਲੋਕਾਂ ਨੂੰ ਵੀ ਪ੍ਰੇਰਣਾ ਮਿਲਦੀ ਹੈ। ਉਨ੍ਹਾਂ ਕਿਹਾ ਕਿ ਫਿਟ ਇੰਡੀਆ ਪ੍ਰੋਗ੍ਰਾਮ ਵੀ ਦੇਸ਼ ਵਿਚ ਕਾਫੀ ਹਰਮਨਪਿਆਰਾ ਰਿਹਾ। ਦੇਸ਼ ਦੇ ਅਨੇਕ ਲੋਕਾਂ ਨੂੰ ਇਸ ਦਾ ਫਾਇਦਾ ਮਿਲਿਆ।ਮੁੱਖ ਮੰਤਰੀ ਸੈਣੀ ਨੇ ਪੰਚਕੂਲਾ ਸਥਿਤ ਸੰਤ ਨਿਰੰਕਾਰੀ ਭਵਨ ਵਿਚ ਪੁੱਜ ਕੇ ਚੱਲ ਰਹੇ ਸਤਸੰਗ ਵਿਚ ਹਿੱਸਾ ਲਿਆ। ਉਨ੍ਹਾਂ ਕਿਹਾ ਕਿ ਸੰਤ ਨਿਰੰਕਾਰੀ ਮੰਡਲ ਵੱਲੋਂ ਅਨੇਕ ਸਮਾਜਿਕ ਕੰਮਾਂ ਵਿਚ ਵਧ-ਚੜ੍ਹ ਕੇ ਹਿੱਸਾ ਲਿਆ ਜਾਂਦਾ ਹੈ। ਪਿਛਲੇ ਦਿਨਾਂ ਸੰਤ ਨਿਰੰਕਾਰੀ ਅਧਿਆਤਮਕ ਥਾਂ ਸਮਾਲਖਾ ਵਿਚ ਆਯੋਜਿਤ ਪ੍ਰਧਾਨ ਮੰਤਰੀ ਦੀ ਮੁਹਿੰਮ ਦੇ ਇਕ ਦਰੱਖਤ ਮਾਂ ਦੇ ਨਾਂਅ ਪ੍ਰੋਗ੍ਰਾਮ ਵਿਚ ਸ਼ਾਮਲ ਹੋਣ ਦਾ ਮੌਕਾ ਮਿਲਿਆ, ਜਿਸ ਵਿਚ ਕਰੀਬ 30,000 ਪੌਦੇ ਲਗਾਏ ਗਏ । ਉਨ੍ਹਾਂ ਕਿਹਾ ਕਿ ਸਤਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਦੀ ਅਗਵਾਈ ਹੇਠ ਖੂਨਦਾਨ ਕੈਂਪ, ਸਵੱਛਤਾ ਪ੍ਰੋਗ੍ਰਾਮਾਂ ਵਿਚ ਵੀ ਵੱਧ-ਚੜ੍ਹ ਦੇ ਹਿੱਸਾ ਲਿਆ ਜਾਂਦਾ ਹੈ। ਇਸ ਤਰ੍ਹਾਂ ਇਹ ਮੰਡਲ ਸਮਾਜਿਕ ਕੰਮ ਕਰਕੇ ਸਮਾਜ ਨੂੰ ਲਾਭ ਪਹੁੰਚਾਉਣ ਦਾ ਕੰਮ ਕਰ ਰਹੇ ਹਨ।ਇਸ ਮੌਕੇ ਸਾਬਕਾ ਵਿਧਾਨ ਸਭਾ ਸਪੀਕਰ ਗਿਆਨਚੰਦ ਗੁਪਤਾ ਸਮੇਤ ਹੋਰ ਮੰਨ-ਪ੍ਰਮੰਨੇ ਵਿਅਕਤੀ ਹਾਜ਼ਰ ਰਹੇ।